ਮੰਗਲਵਾਰ, 25 ਅਗਸਤ, 2026
9 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 84

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 25 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਵਾਅਦਾ-ਖ਼ਿਲਾਫ਼ੀ ਤੋਂ ਨਰਾਜ਼ 'ਕਾਕਰੋਚਾਂ' ਵੱਲੋਂ 5 ਨੂੰ ਦਿੱਲੀ 'ਚ ਪੁਰਅਮਨ ਮਾਰਚ

## ਸਰਕਾਰ ਸਾਡੇ ਨਾਲ ਵੀ ਨੋਇਡਾ ਦੇ ਮਜ਼ਦੂਰਾਂ ਵਾਲਾ ਸਲੂਕ ਕਰਨ ਦੀ ਕੋਸ਼ਿਸ਼ 'ਚ : ਦੀਪਕੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਕਰੋਚ ਜਨਤਾ ਪਾਰਟੀ 5 ਸਤੰਬਰ ਨੂੰ ਦਿੱਲੀ ਵਿੱਚ ਸ਼ਾਂਤਮਈ ਵਿਰੋਧ ਮਾਰਚ ਕਰੇਗੀ। ਪਾਰਟੀ ਦਾ ਦੋਸ਼ ਹੈ ਕਿ ਕੇਂਦਰ ਸਰਕਾਰ ਨੇ 25 ਜੁਲਾਈ ਨੂੰ ਨੌਜਵਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਜਿਸ ਦੇ ਆਧਾਰ 'ਤੇ ਜੰਤਰ-ਮੰਤਰ ਵਿਰੋਧ ਪ੍ਰਦਰਸ਼ਨ ਨੂੰ ਰੱਦ ਕਰ ਦਿੱਤਾ ਗਿਆ ਸੀ।

ਇਹ ਮਾਰਚ ਇੰਡੀਆ ਗੇਟ ਤੋਂ ਸ਼ੁਰੂ ਹੋਵੇਗਾ ਅਤੇ ਨਵੀਂ ਦਿੱਲੀ ਪੁਲਸ ਹੈੱਡਕੁਆਰਟਰ ਤੱਕ ਜਾਰੀ ਰਹੇਗਾ। ਇਸ ਦੀ ਅਗਵਾਈ ਨੀਟ ਪੇਪਰ ਲੀਕ ਤੋਂ ਬਾਅਦ ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਵਾਰ ਤੇ ਸੰਸਦ ਵੱਲ ਮਾਰਚ ਦੌਰਾਨ ਪੁਲਸ ਤਸ਼ੱਦਦ ਨਾਲ ਜ਼ਖਮੀ ਹੋਣ ਵਾਲੇ ਕਰਨਗੇ।

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਆਪਣੀ ਰਾਸ਼ਟਰੀ ਐਗਜ਼ੈਕਟਿਵ ਦੀ ਮੀਟਿੰਗ ਤੋਂ ਬਾਅਦ ਕੇਂਦਰ ਸਰਕਾਰ 'ਤੇ ਨੌਜਵਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਅਸਫਲ ਰਹਿਣ ਦਾ ਦੋਸ਼ ਲਗਾਇਆ ਹੈ। ਸੀ ਜੇ ਪੀ ਦੇ ਨੇਤਾ ਆਸ਼ੂਤੋਸ਼ ਰੰਕਾ ਅਤੇ ਸੌਰਵ ਦਾਸ ਨੇ 25 ਜੁਲਾਈ ਨੂੰ ਕੇਂਦਰੀ ਮੰਤਰੀ ਜੇ ਪੀ ਨੱਢਾ ਨਾਲ ਮੁਲਾਕਾਤ ਕੀਤੀ ਸੀ, ਜਿਸ ਵਿੱਚ ਤਿੰਨ ਮੰਗਾਂ 'ਤੇ ਸਹਿਮਤੀ ਬਣੀ ਸੀ। ਸੀ ਜੇ ਪੀ ਨੇ ਕੇਂਦਰ ਸਰਕਾਰ ਨੇ ਐੱਫ ਆਈ ਆਰਜ਼ ਦੀ ਸੂਚੀ ਪ੍ਰਦਾਨ ਕਰਨ ਦਾ ਵਚਨ ਪੂਰਾ ਨਹੀਂ ਕੀਤਾ। ਪਾਰਟੀ ਇਸ ਨੂੰ ਅੰਦੋਲਨ ਖਤਮ ਕਰਨ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਤੋਂ ਪਿੱਛੇ ਹਟਣ ਦੇ ਸੰਕੇਤ ਵਜੋਂ ਦੇਖਦੀ ਹੈ।

ਸੀ ਜੇ ਪੀ ਆਗੂਆਂ ਸੌਰਵ ਦਾਸ ਅਤੇ ਰਤਨਾ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਅੰਦੋਲਨ ਖਤਮ ਹੋਣ ਤੋਂ ਬਾਅਦ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ, ਸਾਰੀਆਂ ਐੱਫ ਆਈ ਆਰਜ਼ ਵਾਪਸ ਲੈਣੀਆਂ ਚਾਹੀਦੀਆਂ ਹਨ ਅਤੇ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਕਾਰਵਾਈ ਬੰਦ ਕਰਨੀ ਚਾਹੀਦੀ ਹੈ।

ਇਸੇ ਦੌਰਾਨ ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਨੋਇਡਾ ਵਿੱਚ ਪ੍ਰਦਰਸ਼ਨਕਾਰੀ ਮਜ਼ਦੂਰਾਂ 'ਤੇ ਕੀਤੀ ਗਈ ਕਾਰਵਾਈ ਬਾਰੇ ਇੱਕ ਖਬਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਸਰਕਾਰ ਨੂੰ ਆਪਣੇ ਅਧਿਕਾਰਾਂ ਲਈ ਲੜਨ ਵਾਲੇ ਲੋਕਾਂ ਵਿਰੁੱਧ ਕਾਨੂੰਨ ਦੀ ਦੁਰਵਰਤੋਂ ਬੰਦ ਕਰਨੀ ਚਾਹੀਦੀ ਹੈ।

ਅਖਬਾਰ ਦੀ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਸ ਸਾਲ ਅਪ੍ਰੈਲ ਵਿੱਚ ਹਫਤੇ ਭਰ ਚੱਲੇ ਅੰਦੋਲਨ ਦੌਰਾਨ ਪੁਲਸ ਵੱਲੋਂ ਨੋਇਡਾ ਦੀ ਨਿੱਜੀ ਫਰਮ ਦੇ ਹਿਰਾਸਤ ਵਿੱਚ ਲਏ ਗਏ ਲੱਗਭੱਗ 200 ਵਰਕਰਾਂ ਨੂੰ ਅਦਾਲਤ ਵੱਲੋਂ ਜ਼ਮਾਨਤ ਦੇਣ ਅਤੇ ਪੁਲਸ ਤੋਂ ਪੁੱਛਗਿੱਛ ਕਰਨ ਤੋਂ ਪਹਿਲਾਂ ਔਸਤਨ 53 ਦਿਨ ਜੇਲ੍ਹ ਵਿੱਚ ਬਿਤਾਉਣੇ ਪਏ।

ਦੀਪਕੇ ਨੇ ਕਿਹਾ ਹੈ ਕਿ ਜੋ ਨੋਇਡਾ ਦੇ ਮਜ਼ਦੂਰਾਂ ਨਾਲ ਕੀਤਾ ਗਿਆ, ਉਹੀ ਹੁਣ ਵਿਦਿਆਰਥੀਆਂ ਨਾਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਦੀਪਕੇ ਨੇ ਜੰਤਰ-ਮੰਤਰ ਦੇ ਉਨ੍ਹਾਂ ਪ੍ਰਦਰਸ਼ਨਕਾਰੀਆਂ ਦੀ ਹਾਲਤ 'ਤੇ ਵੀ ਚਿੰਤਾ ਜ਼ਾਹਰ ਕੀਤੀ ਹੈ, ਜਿਨ੍ਹਾਂ ਨੂੰ • ਬਾਕੀ ਸਫਾ 2 'ਤੇ

# ਰੁਜ਼ਗਾਰ, ਖੇਤੀਬਾੜੀ ਤੇ ਮਨਰੇਗਾ ਨੂੰ ਬਚਾਉਣ ਲਈ ਨੇਤਾ ਨਹੀਂ, ਨੀਤੀ ਬਦਲਣਾ ਜ਼ਰੂਰੀ : ਧਾਲੀਵਾਲ/ਅਰਸ਼ੀ

## ਕਾਮਰੇਡ ਜੰਗੀਰ ਸਿੰਘ ਜੋਗਾ ਦੇ ਆਦੇਸ਼ਾਂ 'ਤੇ ਪਹਿਰਾ ਦੇਣ ਦਾ ਹੋਕਾ, ਦਿੱਲੀ ਰੈਲੀ 'ਚ ਪੁੱਜਣ ਦੀ ਅਪੀਲ

**ਜੋਗਾ/ਮਾਨਸਾ (ਆਤਮਾ ਸਿੰਘ ਪਮਾਰ)**



ਕੌਮੀ ਅਜ਼ਾਦੀ ਦੇ ਪ੍ਰਵਾਨੇ, ਮੁਜ਼ਾਰਾ ਲਹਿਰ ਦੇ ਮੋਢੀ, ਸੁਤੰਤਰਤਾ ਸੰਗਰਾਮੀ, ਦੇਸ਼ ਭਗਤ ਤੇ ਮਹਾਨ ਕਮਿਊਨਿਸਟ ਆਗੂ ਸਾਬਕਾ ਵਿਧਾਇਕ ਕਾਮਰੇਡ ਜੰਗੀਰ ਸਿੰਘ ਜੋਗਾ ਦੀ 24ਵੀਂ ਬਰਸੀ ਜੋਗਾ ਵਿਖੇ ਸਾਬਕਾ ਨਗਰ ਪੰਚਾਇਤ ਪ੍ਰਧਾਨ ਗੁਰਮੀਤ ਸਿੰਘ ਜੋਗਾ ਤੇ ਬ੍ਰਾਂਚ ਸਕੱਤਰ ਸੁਖਰਾਜ ਸਿੰਘ ਜੋਗਾ ਦੀ ਯੋਗ ਅਗਵਾਈ ਹੇਠ ਪਾਰਟੀ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ ਗਈ।

ਝੰਡੇ ਦੀ ਰਸਮ ਬਜ਼ੁਰਗ ਕਮਿਊਨਿਸਟ ਆਗੂ ਮਲਕੀਤ ਸਿੰਘ ਤੇ ਸਾਥੀਆਂ ਵੱਲੋਂ ਇਨਕਲਾਬੀ ਨਾਅਰਿਆਂ ਦੀ ਗੂੰਜ ਦੌਰਾਨ ਕੀਤੀ ਗਈ।ਬਰਸੀ ਸਮਾਗਮ ਮੌਕੇ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਵੱਲੋਂ ਅਜੋਕੇ ਦੌਰ 'ਚ ਗੰਧਲੀ ਰਾਜਨੀਤੀ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਇਸ ਸਮੇਂ ਦੇਸ਼ ਗੰਭੀਰ ਸੰਕਟ ਦੇ ਦੌਰ 'ਚੋਂ ਗੁਜ਼ਰ ਰਿਹਾ ਹੈ, ਦੇਸ਼ ਦੇ ਹਾਕਮ ਦੇਸ਼ ਅਤੇ ਸੰਵਿਧਾਨ ਵਿਰੋਧੀ ਤਾਕਤਾਂ ਤੋਂ ਇਲਾਵਾ ਪੂੰਜੀਪਤੀਆਂ ਦਾ ਗਠਜੋੜ ਦੇਸ਼ ਨੂੰ ਟੁਕੜੇ-ਟੁਕੜੇ ਕਰ ਕੇ ਆਰਥਿਕ, ਸਮਾਜਿਕ ਅਤੇ ਰਾਜਨੀਤਕ ਤੌਰ 'ਤੇ ਕਮਜ਼ੋਰ ਕਰ ਰਿਹਾ ਹੈ।ਉਹਨਾਂ ਰੁਜ਼ਗਾਰ, ਖੇਤੀਬਾੜੀ, ਮਨਰੇਗਾ ਸਮੇਤ ਲੋਕ ਹਿੱਤ ਕਾਨੂੰਨਾਂ ਦੇ ਬਚਾਅ ਲਈ ਨੇਤਾ ਨਹੀਂ, ਸਗੋਂ ਨੀਤੀ ਬਦਲਣਾ ਦਾ ਸੱਦਾ ਦਿੱਤਾ ਇਸ ਮੌਕੇ ਉਨ੍ਹਾ ਪੰਜਾਬ ਚ ਅਖੌਤੀ ਇਨਕਲਾਬੀ ਸਰਕਾਰ ਦੀ ਧੱਕੇਸ਼ਾਹੀ ਖ਼ਿਲਾਫ਼ ਪੂਰੇ ਅਵਾਮ ਨੂੰ ਕਾਮਰੇਡ ਜੋਗਾ ਦੇ ਆਦੇਸ਼ਾਂ 'ਤੇ ਪਹਿਰਾ ਦੇਣ ਦੀ ਅਪੀਲ ਵੀ ਕੀਤੀ ।ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਦੌਰਾਨ ਦੇਸ਼ ਅਨੇਕਾਂ ਹਮਲਿਆਂ ਤੇ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ, ਜਿੱਥੇ ਆਰਥਿਕ ਮੰਦਹਾਲੀ ਦੇਸ਼ ਨੂੰ ਕੰਗਾਲੀ ਵੱਲ ਧੱਕ ਰਹੀ ਹੈ, ਉਥੇ 65 ਪ੍ਰਤੀਸ਼ਤ ਨੌਜਵਾਨਾਂ ਦੀ ਅਬਾਦੀ ਵਾਲੇ ਦੇਸ਼ ਦਾ ਭਵਿੱਖ ਹਨੇਰੇ ਵੱਲ ਜਾ ਰਿਹਾ ਹੈ।ਕਿਸਾਨ, ਮਜ਼ਦੂਰ ਕਰਜ਼ ਦੇ ਬੋਝ ਨੂੰ ਸਹਿਣ ਤੋਂ ਅਸਮਰੱਥ ਹੋ ਕੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਨਸ਼ਿਆਂ ਵੱਲ ਤੋਰਿਆ ਜਾ ਰਿਹਾ ਹੈ। ਲੋਕ ਹਿੱਤ ਚ ਬਣੇ ਕਾਨੂੰਨਾਂ ਨੂੰ ਖਤਮ ਕਰਕੇ • ਬਾਕੀ ਸਫਾ 2 'ਤੇ

# ਭਾਰਤੀ ਪ੍ਰਾਈਮ ਟਾਈਮ ਸ਼ੋਅ ਰਾਤ ਵਧਣ ਦੇ ਨਾਲ ਹੋਰ ਝੱਲ ਖਿਲਾਰਨ ਲੱਗ ਜਾਂਦੇ ਹਨ : ਗੋਰ

## ਅਮਰੀਕੀ ਰਾਜਦੂਤ ਦਾ ਇੰਕਸ਼ਾਫ : ਭਾਰਤ ਨੇ ਟਰੰਪ-ਮੋਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਸਵਾਲ-ਜਵਾਬ ਦਾ ਪ੍ਰੋਗਰਾਮ ਨਾ ਰੱਖਣ ਲਈ ਜ਼ੋਰ ਪਾਇਆ ਸੀ



**ਨਵੀਂ ਦਿੱਲੀ (ਨ ਜ਼ ਸ)**

ਭਾਰਤ ਦੇ ਟੈਲੀਵਿਜ਼ਨ ਨਿਊਜ਼ ਚੈਨਲਾਂ ਨੇ ਅਮਰੀਕੀ ਰਾਜਦੂਤ ਸਰਜੀਓ ਗੋਰ ਦੇ ਇਸ ਐਲਾਨ ਨਾਲ ਕੌਮਾਂਤਰੀ 'ਪ੍ਰਸਿੱਧੀ' ਪ੍ਰਾਪਤ ਕਰ ਲਈ ਹੈ ਕਿ ਭਾਰਤੀ ਚੈਨਲਾਂ ਵਿੱਚ ਰਿਪੋਰਟ ਕੀਤੀਆਂ ਜਾਣ ਵਾਲੀਆਂ ਕੁਝ ਚੀਜ਼ਾਂ ਅਮਰੀਕਾ ਦੀਆਂ ਜਾਅਲੀ ਖਬਰਾਂ ਦੀ ਸਮੱਸਿਆ ਨੂੰ ਪਛਾੜ ਦਿੰਦੀਆਂ ਹਨ।

ਗੋਰ ਨੇ ਨਵੀਂ ਦਿੱਲੀ ਵਿੱਚ ਇੱਕ ਵਿੱਤੀ ਅਖਬਾਰ ਵੱਲੋਂ ਆਯੋਜਤ ਸਮਾਗਮ ਵਿੱਚ ਕਿਹਾ, "ਮੈਨੂੰ ਘਰ ਵਾਪਸ ਆ ਕੇ ਭਾਰਤੀ ਟੀ ਵੀ ਨਿਊਜ਼ ਸ਼ੋਅ ਦੇਖਣਾ ਬਹੁਤ ਪਸੰਦ ਹੈ। ਜਿਵੇਂ-ਜਿਵੇਂ • ਬਾਕੀ ਸਫਾ 2 'ਤੇ

### ... ਜਦੋਂ ਗੋਰ ਨੇ ਰਿਪਬਲਿਕ ਟੀ ਵੀ ਦੇ ਸ਼ੋਅ 'ਤੇ ਲਗਾਮ ਲੁਆਈ

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਕੋ-ਕਨਵੀਨਰ ਸੌਰਵ ਦਾਸ ਨੇ ਕਿਹਾ ਹੈ ਕਿ ਸਰਕਾਰ ਦੱਸੇ ਕਿ ਕੀ ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਰਿਪਬਲਿਕ ਟੀ ਵੀ ਦੇ ਐਡੀਟਰ-ਇਨ-ਚੀਫ ਅਰਨਬ ਗੋਸਵਾਮੀ ਨੂੰ ਇੱਕ ਪ੍ਰਾਈਮ-ਟਾਈਮ ਸ਼ੋਅ 'ਤੇ ਲਗਾਮ ਲਗਾਉਣ ਲਈ ਇੱਕ ਸੀਨੀਅਰ ਮੰਤਰੀ ਨੂੰ ਫੋਨ ਕੀਤਾ ਸੀ, ਜਿਸ • ਬਾਕੀ ਸਫਾ 2 'ਤੇ

# ਮਾਨ ਵੱਲੋਂ 500 ਤੋਂ ਵੀ ਵੱਧ ਆਧੁਨਿਕ ਪੇਂਡੂ ਖੇਡ ਮੈਦਾਨਾਂ ਦਾ ਤੋਹਫ਼ਾ

**ਪਾਤੜਾਂ (ਭੁਪਿੰਦਰਜੀਤ ਸਿੰਘ ਮੌਲਵੀਵਾਲਾ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਪਟਿਆਲਾ ਜ਼ਿਲ੍ਹੇ ਦੇ ਪਿੰਡ ਦੇਧਨਾ ਤੋਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਥਾਪਤ ਕੀਤੇ ਗਏ 509 ਤੋਂ ਵੱਧ ਆਧੁਨਿਕ 'ਪੇਂਡੂ ਖੇਡ ਮੈਦਾਨਾਂ' ਦਾ ਉਦਘਾਟਨ ਕਰਕੇ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਹੁਲਾਰਾ ਦੇਣ ਵੱਲ ਵੱਡਾ ਕਦਮ ਚੁੱਕਿਆ ਹੈ। ਇਸ ਦੇ ਨਾਲ ਹੀ ਹੁਣ ਤੱਕ ਨੌਜਵਾਨਾਂ ਨੂੰ ਸਮਰਪਿਤ ਕੀਤੇ ਗਏ ਖੇਡ ਮੈਦਾਨਾਂ ਦੀ ਕੁੱਲ ਗਿਣਤੀ 734 ਹੋ ਗਈ ਹੈ। ਉਨ੍ਹਾ ਕਿਹਾ ਕਿ ਇਹ ਪਹਿਲਕਦਮੀ ਪਿੰਡਾਂ ਦੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਖੇਡ ਸਹੂਲਤਾਂ ਪ੍ਰਦਾਨ ਕਰੇਗੀ ਅਤੇ 'ਨਸ਼ਿਆਂ ਤੋਂ ਦੂਰ ਰਹਿਣ ਤੇ ਖੇਡਾਂ ਨਾਲ ਜੁੜਨ' ਦੇ ਸੁਨੇਹੇ ਨੂੰ ਉਤਸ਼ਾਹਤ ਕਰਦਿਆਂ ਨਸ਼ਿਆਂ ਵਿਰੁੱਧ ਸਰਕਾਰ ਦੀ ਲੜਾਈ ਨੂੰ ਹੋਰ ਮਜ਼ਬੂਤ ਕਰੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਇਸ ਸਾਲ ਪੰਜਾਬ ਭਰ ਵਿੱਚ 1,744 ਕਰੋੜ ਰੁਪਏ ਦੇ ਖੇਡ ਬਜਟ ਨਾਲ 3100 ਪੇਂਡੂ ਖੇਡ ਮੈਦਾਨ ਵਿਕਸਤ ਕਰ ਰਹੀ ਹੈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਇਨ੍ਹਾਂ ਮੈਦਾਨਾਂ ਲਈ 1,500 ਕਰੋੜ ਰੁਪਏ ਰੱਖੇ ਹਨ। ਇਸ ਦੇ ਨਾਲ ਖਿਡਾਰੀਆਂ ਨੂੰ ਤਿਆਰੀ ਵਾਸਤੇ ਵਿੱਤੀ ਸਹਾਇਤਾ ਪ੍ਰਦਾਨ ਕਰਨ ਤੋਂ ਇਲਾਵਾ ਪਿੰਡਾਂ ਵਿੱਚ 6000 ਜਿੰਮਾਂ ਦੀ ਸਥਾਪਨਾ ਦਾ ਕੰਮ ਵੀ ਜੰਗੀ ਪੱਧਰ 'ਤੇ ਜਾਰੀ ਹੈ।ਉਨ੍ਹਾ ਦੱਸਿਆ ਕਿ ਪੇਂਡੂ ਖੇਡ ਮੈਦਾਨਾਂ ਵਿੱਚ ਵਾਲੀਬਾਲ, ਫੁੱਟਬਾਲ, ਕ੍ਰਿਕਟ ਅਤੇ ਹੋਰ ਪ੍ਰਸਿੱਧ ਰਵਾਇਤੀ ਖੇਡਾਂ ਲਈ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸੂਬਾ ਸਰਕਾਰ ਬੱਚਿਆਂ ਅਤੇ ਬਜ਼ੁਰਗਾਂ ਲਈ ਵੀ ਵੱਖ-ਵੱਖ ਖੇਡ ਅਤੇ ਮਨੋਰੰਜਕ ਗਤੀਵਿਧੀਆਂ ਕਰਵਾਏਗੀ, ਤਾਂ ਜੋ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਹਰੇਕ ਵਿਅਕਤੀ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣ ਸਕਣ।ਇਹ ਮੈਦਾਨ ਪਿੰਡਾਂ ਵਿੱਚ ਆਪਸੀ ਸਦਭਾਵਨਾ ਅਤੇ ਏਕਤਾ ਦੇ ਪ੍ਰਤੀਕ ਬਣਨਗੇ।

# ਅਭੀ ਹਮ ਇੰਡੀਆ ਹੋ ਗਿਆ, ਧੰਨਵਾਦ ਸਭੀ ਕੋ



**ਨਵੀਂ ਦਿੱਲੀ :** ਅਰੁਣਾਚਲ ਪ੍ਰਦੇਸ਼ ਦੀ ਨਿੱਕੀ ਕੁੜੀ ਟਿੰਕਲ ਗੋਗੋ, ਜਿਸ ਨੇ ਹਾਲ ਹੀ ਵਿੱਚ ਮੁੱਖ ਭੂਮੀ ਭਾਰਤ ਦੇ ਲੋਕਾਂ ਨੂੰ ਉੱਤਰ-ਪੂਰਬੀ ਲੋਕਾਂ ਨੂੰ 'ਚੀਨੀ' ਨਾ ਕਹਿਣ ਦੀ ਬੇਨਤੀ ਕੀਤੀ ਸੀ, ਨੇ ਇੱਕ ਨਵਾਂ ਵੀਡੀਓ ਸਾਂਝਾ ਕਰਕੇ ਕਿਹਾ ਹੈ, 'ਅਭੀ ਹਮ ਇੰਡੀਆ ਹੋ ਗਿਆ। ਧੰਨਵਾਦ, ਧੰਨਵਾਦ ਸਭੀ ਕੋ।' ਪਹਿਲਾਂ ਉਸ ਨੇ ਪੋਸਟ ਕੀਤਾ ਸੀ, 'ਆਪ ਲੋਗੋਂ ਕੇ ਹਮੇਂ ਚੀਨੀ ਬੋਲਨੇ ਸੇ ਹਮ ਲੋਗ ਬਹੁਤ ਗੁੱਸਾ ਹੋਤੇ ਹੈਂ, ਬਹੁਤ ਦੁਖੀ ਹੋਤੇ ਹੈਂ। ਕ੍ਰਿਪਾ ਕਰਕੇ ਹਮਕੋ ਐਸੇ ਨਾ ਬੋਲੋ, ਹਮਕੋ ਇੰਡੀਆ ਬੋਲੋ।' ਨਵੀਂ ਕਲਿੱਪ ਵਿੱਚ ਉਹ ਖੁਸ਼ੀ ਨਾਲ ਕਹਿ ਰਹੀ ਹੈ, 'ਅਭੀ ਹਮ ਇੰਡੀਆ ਹੋ ਗਿਆ। ਧੰਨਵਾਦ, ਧੰਨਵਾਦ ਸਭੀ ਕੋ।' ਉਸ ਨੂੰ ਖੁਸ਼ੀ ਨਾਲ ਛਾਲ ਮਾਰਦੇ ਹੋਏ ਵੀ ਦੇਖਿਆ ਜਾ ਸਕਦਾ ਹੈ।

ਇੱਕ ਯੂਜ਼ਰ ਨੇ ਲਿਖਿਆ, 'ਉੱਤਰ-ਪੂਰਬੀ ਭਾਰਤ ਦੇ ਲੋਕ ਵੱਖਰੇ ਦਿਖਾਈ ਦੇ ਸਕਦੇ ਹਨ ਅਤੇ ਉਨ੍ਹਾਂ ਦੀਆਂ ਭਾਸ਼ਾਵਾਂ ਅਤੇ ਸੱਭਿਆਚਾਰ ਵੱਖੋ-ਵੱਖਰੇ ਹੋ ਸਕਦੇ ਹਨ, ਪਰ ਉਹ ਭਾਰਤ ਦੇ ਕਿਸੇ ਵੀ ਹੋਰ ਹਿੱਸੇ ਦੇ ਲੋਕਾਂ ਵਾਂਗ ਹੀ ਭਾਰਤੀ ਹਨ।' ਇੱਕ ਹੋਰ ਯੂਜ਼ਰ ਨੇ ਪ੍ਰਤੀਕਿਰਿਆ ਦਿੱਤੀ, 'ਹੁਣ ਪੂਰਾ ਦੇਸ਼ ਜਾਣਦਾ ਹੈ ਕਿ ਤੁਸੀਂ ਇੱਕ ਭਾਰਤੀ ਹੋ।'

## 11 ਨੂੰ ਬੈਂਕ ਹੜਤਾਲ

**ਨਵੀਂ ਦਿੱਲੀ :** ਯੂਨਾਈਟਿਡ ਫੋਰਮ ਆਫ ਬੈਂਕ ਯੂਨੀਅਨਜ਼ (ਯੂ ਐੱਫ ਬੀ ਯੂ) ਨੇ ਹਫਤੇ ਵਿੱਚ 5 ਦਿਨ ਬੈਂਕ ਖੋਲ੍ਹਣ ਦੀ ਮੰਗ ਨੂੰ ਲਾਗੂ ਕਰਨ ਵਿੱਚ ਹੋ ਰਹੀ ਦੇਰੀ, ਕੰਮ ਦੇ ਆਧਾਰ ਉੱਤੇ ਇਨਸੈਂਟਿਵ (ਬੋਨਸ) ਦੇਣ ਦੀ ਯੋਜਨਾ ਨੂੰ ਲੈ ਕੇ ਮੱਤਭੇਦਾਂ ਅਤੇ ਪੈਨਸ਼ਨ ਨਾਲ ਜੁੜੀਆਂ ਸਮੱਸਿਆਵਾਂ ਸਮੇਤ ਕਈ ਮੰਗਾਂ ਨੂੰ ਲੈ ਕੇ 11 ਸਤੰਬਰ ਨੂੰ ਦੇਸ਼ਵਿਆਪੀ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ। ਯੂ ਐੱਫ ਬੀ ਯੂ, ਜੋ ਕਿ ਬੈਂਕ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਨੌਂ ਯੂਨੀਅਨਾਂ ਦਾ ਇੱਕ ਸੰਗਠਨ ਹੈ, ਨੇ 28 ਸਤੰਬਰ ਤੋਂ ਤਿੰਨ ਦਿਨਾਂ ਦੀ ਦੇਸ਼ਵਿਆਪੀ ਹੜਤਾਲ ਅਤੇ ਮੰਗਾਂ ਵੱਲ ਧਿਆਨ ਨਾ ਦੇਣ ਦੀ ਸੂਰਤ ਵਿੱਚ 26 ਅਕਤੂਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾਣ ਦਾ ਫੈਸਲਾ ਵੀ ਕੀਤਾ ਹੈ।

## ਧੁਨੰਤਰਾਂ ਦੇ ਪਿੰਡਾਂ 'ਚ ਲੋਕ ਮਿਲਣੀਆਂ

**ਚੰਡੀਗੜ੍ਹ :** ਮੁੱਖ ਮੰਤਰੀ ਭਗਵੰਤ ਮਾਨ ਹੁਣ ਲੋਕ ਮਿਲਣੀ ਦੇ ਪ੍ਰੋਗਰਾਮ ਸਿਆਸੀ ਧੁਨੰਤਰਾਂ ਦੇ ਪਿੰਡਾਂ 'ਚ ਕਰਨ ਜਾ ਰਹੇ ਹਨ। ਉਹ 26 ਅਗਸਤ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੇ ਹਲਕੇ ਮਜੀਠਾ 'ਚ ਲੋਕ ਮਿਲਣੀ ਦਾ ਪ੍ਰੋਗਰਾਮ ਕਰਨਗੇ। ਉਸ ਤੋਂ ਬਾਅਦ 27 ਅਗਸਤ ਨੂੰ ਕਰਤਾਰਪੁਰ ਅਤੇ 28 ਅਗਸਤ ਨੂੰ ਮੁਹਾਲੀ ਜਾਂ ਖਰੜ 'ਚ ਲੋਕ ਮਿਲਣੀ ਕਰਨਗੇ। ਬਾਦਲ ਪਰਵਾਰ ਦੇ ਪੁਰਖਿਆਂ ਦੇ ਪਿੰਡ ਘੁੱਦਾ, ਜੋ ਕਿ ਹਲਕਾ ਬਠਿੰਡਾ ਦਿਹਾਤੀ 'ਚ ਪੈਂਦਾ ਹੈ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਪੁਰਖਿਆਂ ਦੇ ਪਿੰਡ ਮਹਿਰਾਜ, ਜੋ ਹਲਕਾ ਰਾਮਪੁਰਾ ਫੂਲ 'ਚ ਪੈਂਦਾ ਹੈ, 'ਚ ਵੀ ਮੁੱਖ ਮੰਤਰੀ ਲੋਕ ਮਿਲਣੀ ਪ੍ਰੋਗਰਾਮ ਕਰਨ ਦੀ ਵਿਉਂਤ ਘੜ ਰਹੇ ਹਨ।

## ਜੈਸ਼ੰਕਰ ਦੀ ਪੁਤਿਨ ਨਾਲ ਮੁਲਾਕਾਤ



**ਮਾਸਕੋ :** ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਸੋਮਵਾਰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਾਤ ਕਰਕੇ ਦੁਵੱਲੇ ਅਤੇ ਆਲਮੀ ਮਾਮਲਿਆਂ 'ਤੇ ਚਰਚਾ ਕੀਤੀ। ਇਹ ਮੁਲਾਕਾਤ ਪੁਤਿਨ ਦੇ 12-13 ਸਤੰਬਰ ਨੂੰ ਬ੍ਰਿਕਸ ਨੇਤਾਵਾਂ ਦੇ ਸੰਮੇਲਨ ਲਈ ਨਵੀਂ ਦਿੱਲੀ ਦੇ ਸੰਭਾਵਤ ਦੌਰੇ ਤੋਂ ਪਹਿਲਾਂ ਹੋਈ ਹੈ।

# ਦਿੱਲੀ ਰੈਲੀ 'ਚ ਫ਼ਾਜ਼ਿਲਕਾ ਤੋਂ ਵੱਡੀ ਗਿਣਤੀ 'ਚ ਸਾਥੀ ਹਿੱਸਾ ਲੈਣਗੇ : ਢੰਡੀਆਂ

## 'ਬਨੇਗਾ' ਪਾਸ ਕਰਾਉਣ ਲਈ ਨੌਜਵਾਨ ਭਰਵੀਂ ਸ਼ਮੂਲੀਅਤ ਕਰਨਗੇ : ਢਾਬਾਂ, ਝੰਗੜਭੈਣੀ



**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਜੰਗੀਰ ਕੌਰ, ਜੀਤ ਕੁਮਾਰ)**

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿਖੇ ਦੇਸ਼-ਵਿਆਪੀ ਵਿਸ਼ਾਲ ਰੈਲੀ 'ਬਦਲਾਅ ਜ਼ਰੂਰੀ ਹੈ' ਦੇ ਨਾਂਅ 'ਤੇ ਕੀਤੀ ਜਾ ਰਹੀ ਹੈ। ਰੈਲੀ ਦੀ ਕਾਮਯਾਬੀ ਲਈ ਜ਼ਿਲ੍ਹਾ ਫ਼ਾਜ਼ਿਲਕਾ ਦੇ ਬਲਾਕ ਜਲਾਲਾਬਾਦ ਵਿਖੇ ਜਨਰਲ ਬਾਡੀ ਦੀ ਮੀਟਿੰਗ ਸਥਾਨਕ ਸੁਤੰਤਰ ਭਵਨ ਵਿਖੇ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਰਮੇਸ਼ ਪੀਰ ਮੁਹੰਮਦ ਨੇ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਸੁਰਿੰਦਰ ਢੰਡੀਆਂ ਅਤੇ ਸੀ ਪੀ ਆਈ ਦੇ ਸੀਨੀਅਰ ਆਗੂ ਹੰਸ ਰਾਜ ਗੋਲਡਨ ਨੇ ਕਿਹਾ ਕਿ ਇਸ ਰੈਲੀ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਵਿੱਚੋਂ ਵੱਡੀ ਗਿਣਤੀ ਵਿੱਚ ਸਾਥੀ ਹਿੱਸਾ ਲੈਣਗੇ। ਉਹਨਾਂ ਕਿਹਾ ਕਿ ਦੇਸ਼ ਭਰ ਵਿੱਚ ਦੇਸ਼ ਦੀ ਸੱਤਾ 'ਤੇ ਬਿਰਾਜਮਾਨ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਤੋਂ ਹਰ ਵਰਗ ਦੁਖੀ ਹੋ ਚੁੱਕਿਆ ਹੈ। ਮਹਿੰਗਾਈ ਲਗਾਤਾਰ ਬੇਰੋਕ ਵਧਦੀ ਜਾ ਰਹੀ ਹੈ। ਆਰਥਿਕ ਪਾੜਾ ਲਗਾਤਾਰ ਵਧ ਰਿਹਾ ਹੈ। ਗਰੀਬ ਦਿਨੋਂ-ਦਿਨ ਗਰੀਬ ਅਤੇ ਕਾਰਪੋਰੇਟ ਘਰਾਣੇ ਅਮੀਰ ਹੁੰਦੇ ਜਾ ਰਹੇ ਹਨ। ਮੋਦੀ ਸਰਕਾਰ ਦੀ ਨਜ਼ਰ ਵਿੱਚ ਭਾਰਤ ਤਰੱਕੀ ਕਰ ਰਿਹਾ ਹੈ, ਪ੍ਰੰਤੂ ਜ਼ਮੀਨੀ ਹਕੀਕਤ ਵਿੱਚ ਆਮ ਲੋਕਾਂ ਦਾ ਮਹਿੰਗਾਈ ਨਾਲ ਕਚੂੰਬਰ ਕੱਢਿਆ ਜਾ ਰਿਹਾ ਹੈ। ਦੇਸ਼ ਦੇ ਹਾਕਮਾਂ ਨੂੰ ਇਹ ਦੱਸਣ ਲਈ ਕਿ ਉਹ ਲੋਕ ਹਿੱਤਾਂ ਲਈ ਕਾਨੂੰਨ ਬਣਾਉਣ ਦੀ ਆਵਾਜ਼ ਬੁਲੰਦ ਕਰਨ ਲਈ ਇਹ ਰੈਲੀ ਕੀਤੀ ਜਾ ਰਹੀ ਹੈ।

ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਅਤੇ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਬੇਗ ਝੰਗੜ ਭੈਣੀ ਨੇ ਕਿਹਾ ਕਿ ਦੇਸ਼ ਦੀ ਪਾਰਲੀਮੈਂਟ ਵਿੱਚ ਦੇਸ਼ ਦੇ ਨੌਜਵਾਨਾਂ ਲਈ ਰੁਜ਼ਗਾਰ ਦੀ ਗਾਰੰਟੀ ਕਰਦਾ 'ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ' (ਬਨੇਗਾ) ਨੂੰ ਪਾਸ ਕਰਵਾਉਣ ਲਈ ਦੇਸ਼ ਦੇ ਨੌਜਵਾਨਾਂ ਨੂੰ ਇਸ ਰੈਲੀ ਵਿੱਚ ਪਹੁੰਚਣ ਲਈ ਪ੍ਰੇਰਿਤ ਕਰ ਰਹੇ ਹਨ। ਉਹਨਾਂ ਕਿਹਾ ਕਿ ਜ਼ਿਲ੍ਹਾ ਫ਼ਾਜ਼ਿਲਕਾ ਤੋਂ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਸ਼ਮੂਲੀਅਤ ਕਰਨਗੇ। ਸੀ ਪੀ ਆਈ ਬਲਾਕ ਜਲਾਲਾਬਾਦ ਦੇ ਸਕੱਤਰ ਛਿੰਦਰ ਮਹਾਲਮ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ ਨੇ ਕਿਹਾ ਕਿ ਪੂਰਾ ਦੇਸ਼ ਮੋਦੀ ਦੀ ਹਕੂਮਤ ਤੋਂ ਤੰਗ ਆ ਕੇ ਜ਼ਮੀਨੀ ਪੱਧਰ 'ਤੇ ਬਦਲਾਅ ਚਾਹੁੰਦਾ ਹੈ, ਇਸ ਲਈ ਸੀ ਪੀ ਆਈ ਵੱਲੋਂ ਦੇਸ਼-ਵਿਆਪੀ 'ਬਦਲਾਅ ਜ਼ਰੂਰੀ ਹੈ' ਰੈਲੀ ਕੀਤੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜੀਤ ਕੌਰ ਢੰਡੀਆਂ, ਜੰਮੂ ਰਾਮ ਬੰਨਵਾਲਾ, ਹਰਭਜਨ ਛੱਪੜੀ ਵਾਲਾ, ਗੁਰਦਿਆਲ ਢਾਬਾਂ, ਬਲਵੀਰ ਕਾਠਗੜ੍ਹ, ਬਲਵੰਤ ਚੌਹਾਣਾ, ਤੇਜਾ ਸਿੰਘ ਅਮੀਰ ਖਾਸ, ਸੋਨੂੰ ਧੁਨਕੀਆਂ, ਸੰਦੀਪ ਜੋਧਾ, ਸਤੀਸ਼ ਛੱਪੜੀ ਵਾਲਾ, ਕੁਲਦੀਪ ਬੱਖੂ ਸ਼ਾਹ ਤੇ ਰਾਜਵਿੰਦਰ ਨਿਉਲਾ ਆਦਿ ਸ਼ਾਮਲ ਸਨ।

# ਦਿੱਲੀ ਰੈਲੀ ਲਈ ਭਾਰੀ ਉਤਸ਼ਾਹ : ਭਾਟੀਆ



**ਲੁਧਿਆਣਾ (ਨ ਜ਼ ਸ)**-ਸੀ ਪੀ ਆਈ ਦੀ ਪਹਿਲੀ ਸਤੰਬਰ ਦੀ ਦਿੱਲੀ ਰੈਲੀ ਲਈ ਲੁਧਿਆਣਾ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਮੀਟਿੰਗਾਂ ਦਾ ਸਿਲਸਿਲਾ ਚੱਲ ਰਿਹਾ ਹੈ।ਇਸੇ ਲੜੀ ਹੇਠ ਲੁਧਿਆਣਾ ਦੇ ਸ਼ਾਮ ਨਗਰ ਵਿਖੇ ਉਸਾਰੀ ਮਜ਼ਦੂਰਾਂ ਦੀ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਉਸਾਰੀ ਮਜ਼ਦੂਰਾਂ ਨੇ ਹਿੱਸਾ ਲਿਆ।ਇਸੇ ਤਰ੍ਹਾਂ ਦੀ ਇੱਕ ਮੀਟਿੰਗ ਹੌਜ਼ਰੀ ਯੂਨੀਅਨ ਦੇ ਵਰਕਰਾਂ ਦੀ ਸ਼ਿਵਪੁਰੀ ਵਿੱਚ ਕੀਤੀ ਗਈ, ਜਿਸ ਵਿੱਚ ਵਰਕਰਾਂ ਨੇ ਦਿੱਲੀ ਜਾਣ ਲਈ ਪੂਰਾ ਉਤਸਾਹ ਦਿਖਾਇਆ। ਇਸ ਤੋਂ ਬਾਅਦ ਰੇਹੜੀ ਫੜ੍ਹੀ ਵਾਲਿਆਂ ਦੀ ਇੱਕ ਮੀਟਿੰਗ ਕੀਤੀ ਗਈ ਅਤੇ ਦਿੱਲੀ ਜਾਣ ਬਾਰੇ ਸਾਰਾ ਪ੍ਰੋਗਰਾਮ ਵਿਚਾਰਿਆ ਗਿਆ। ਇਸ ਤੋਂ ਇਲਾਵਾ ਲੁਧਿਆਣਾ ਦੀਆਂ ਇਲਾਕਾਵਾਈਜ਼ ਮੀਟਿੰਗਾਂ ਦੀ ਲੜੀ ਹੇਠ ਹੈਬੋਵਾਲ ਬ੍ਰਾਂਚ ਦੀ ਮੀਟਿੰਗ ਰਿਸ਼ੀ ਨਗਰ ਵਿਖੇ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਹਿੱਸਾ ਲਿਆ ਅਤੇ ਦਿੱਲੀ ਜਾਣ ਬਾਰੇ ਆਪਣੀ ਸਹਿਮਤੀ ਪ੍ਰਗਟਾਈ।ਪਾਰਟੀ ਦੇ ਲੁਧਿਆਣਾ ਸ਼ਹਿਰੀ ਦੇ ਸਕੱਤਰ ਐੱਮ ਐੱਸ ਭਾਟੀਆ ਨੇ ਦੱਸਿਆ ਕਿ ਇਸ ਸੰਬੰਧ ਵਿੱਚ ਮੰਗਲਵਾਰ ਪਾਰਟੀ ਦੀ ਜ਼ਿਲ੍ਹਾ ਐਗਜ਼ੈਕਟਿਵ ਦੀ ਮੀਟਿੰਗ • ਬਾਕੀ ਸਫਾ 2 'ਤੇ

# ਰੈਲੀ ਮੌਕੇ ਮੈਡੀਕਲ ਕੈਂਪ ਲਗਾਉਣ ਲਈ ਮੀਟਿੰਗ



**ਨਵੀਂ ਦਿੱਲੀ :** ਸੀ ਪੀ ਆਈ ਵੱਲੋ ਰਾਮ ਲੀਲ੍ਹਾ ਗਰਾਊਂਡ ਵਿਖੇ ਕੀਤੀ ਜਾ ਰਹੀ ਰੈਲੀ ਦੇ ਮੌਕੇ 'ਤੇ ਮੈਡੀਕਲ ਕੈਂਪ ਲਗਾਉਣ ਬਾਰੇ ਚਰਚਾ ਕੀਤੀ ਗਈ। ਮੀਟਿੰਗ ਵਿੱਚ ਡਾਕਟਰ ਅਰੁਣ ਮਿੱਤਰਾ, ਡਾ ਨੀਲਿਮਾ ਪਾਠਕ, ਡਾ. ਅਨਿਲ ਪਾਠਕ, ਡਾ. ਅਰਮ ਅਤੇ ਡਾ. ਕੇਹਰ ਸਿੰਘ ਤੋਂ ਇਲਾਵਾ ਅਮਰਜੀਤ ਕੌਰ, ਸੰਦੋਸ਼ ਕੁਮਾਰ ਐੱਮ ਪੀ, ਦਿੱਲੀ ਦੇ ਸੀ ਪੀ ਆਈ ਦੇ ਸੂਬਾ ਸਕੱਤਰ ਦਿਨੇਸ਼ ਵਾਰਸਨੇਅ ਸ਼ਾਮਿਲ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮੈਡੀਕਲ ਕੈਂਪ 31 ਅਗਸਤ ਨੂੰ ਦੁਪਹਿਰ ਤੋਂ ਪਹਿਲਾਂ ਸ਼ੁਰੂ ਕਰ ਦਿੱਤਾ ਜਾਏਗਾ ਤੇ ਪਹਿਲੀ ਤਰੀਕ ਨੂੰ ਰੈਲੀ ਖਤਮ ਹੋਣ ਤੱਕ ਜਾਰੀ ਰਹੇਗਾ। ਇਹਨਾਂ ਡਾਕਟਰਾਂ ਤੋਂ ਇਲਾਵਾ ਇਸ ਵਿੱਚ ਹੋਰ ਸੂਬਿਆਂ ਦੇ ਵੀ ਡਾਕਟਰ ਸ਼ਾਮਿਲ ਹੋਣਗੇ, ਜਿਨਾਂ ਵਿੱਚ ਪੰਜਾਬ ਤੋਂ ਡਾਕਟਰ ਇੰਦਰਵੀਰ ਗਿੱਲ, ਡਾਕਟਰ ਜਸਵਿੰਦਰ ਸਿੰਘ ਮਲੌਦ ਤੇ ਪੈਰਾ ਮੈਡੀਕਲ ਸਟਾਫ ਆਨੋਦ ਕੁਮਾਰ ਤੇ ਸੰਜੀਤ ਕੁਮਾਰ ਵੀ ਸ਼ਾਮਲ ਹੋਣਗੇ।

# ਸੈਨੇਟ ਚੋਣਾਂ 'ਚ ਗੌੜ ਤੇ ਡਾ. ਸਿਰਸਾ ਸ਼ਾਨ ਨਾਲ ਜਿੱਤਣਗੇ



**ਬੁਡਲਾਡਾ (ਅਸ਼ੋਕ ਲਾਕੜਾ)**

20 ਸਤੰਬਰ ਨੂੰ ਪੰਜਾਬ ਯੂਨੀਵਰਸਿਟੀ ਦੀਆਂ ਸੈਨੇਟ ਚੋਣਾਂ ਦੀ ਤਿਆਰੀ ਸੰਬੰਧੀ ਪਹਿਲੀ ਮੀਟਿੰਗ ਲੈਕਚਰਾਰ ਰਾਵਿੰਦਰ ਕੁਮਾਰ ਮੁਗਲਾਨੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਉਚੇਚੇ ਤੌਰ 'ਤੇ ਸ਼ਾਮਲ ਹੋਏ। ਹਾਜ਼ਰ ਸਾਥੀਆਂ ਨੇ ਫੈਸਲਾ ਕੀਤਾ ਕਿ ਪਹਿਲੀ ਤਰਜੀਹੀ ਵੋਟ ਸੀਰੀਅਲ ਨੰਬਰ 29 'ਤੇ ਐੱਨ ਕੇ ਗੌੜ ਤੇ ਦੂਸਰੀ ਤਰਜੀਹੀ ਵੋਟ ਸੀਰੀਅਲ ਨੰਬਰ 47 ਡਾਕਟਰ ਸੁਖਦੇਵ ਸਿੰਘ ਸਿਰਸਾ ਨੂੰ ਪਾਈ ਜਾਵੇਗੀ। ਮੀਟਿੰਗ ਨੇ ਫੈਸਲਾ ਕੀਤਾ ਕਿ ਆਰੰਭ ਵਿੱਚ ਪਹਿਲਾਂ ਸਾਰੇ ਵੋਟਰਾਂ ਦੀ ਪਹਿਚਾਣ ਕੀਤੀ ਜਾਵੇਗੀ, ਦੂਸਰੇ ਦੌਰ ਵਿੱਚ ਵੋਟਰਾਂ ਨੂੰ ਆਪਣੇ ਉਮੀਦਵਾਰਾਂ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਰਾਵਿੰਦਰ ਕੁਮਾਰ ਨੇ ਦੱਸਿਆ ਕਿ ਪਿਛਲੀਆਂ ਸੈਨੇਟ ਚੋਣਾਂ ਵਿੱਚ ਜ਼ਿਲ੍ਹਾ ਮਾਨਸਾ ਤੇ ਵਿਸ਼ੇਸ਼ ਕਰਕੇ ਤਹਿਸੀਲ ਬੁਢਲਾਡਾ ਵਿੱਚ ਸਭ ਤੋਂ ਵੱਧ ਵੋਟਾਂ ਗੌੜ ਨੂੰ ਪਈਆਂ ਸਨ, ਇਸ ਵਾਰ ਫੇਰ ਇਤਿਹਾਸ ਦੁਹਰਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਤਿਆਰੀ ਕਮੇਟੀ ਦੇ ਕਨਵੀਨਰ ਲੈਕਚਰਾਰ ਰਾਵਿੰਦਰ ਮਿਗਲਾਨੀ • ਬਾਕੀ ਸਫਾ 2 'ਤੇ

# ਚੰਡੀਗੜ੍ਹ 'ਚ ਫੜੇ ਤਿੰਨ ਨੌਜਵਾਨਾਂ ਦੀ ਪਛਾਣ ਜ਼ਾਹਰ

**ਚੰਡੀਗੜ੍ਹ :** ਪੁਲਸ ਨੇ ਐਤਵਾਰ ਰਾਤ ਸੈਕਟਰ 43 ਸਥਿਤ ਬੱਸ ਅੱਡੇ ਦੇ ਨੇੜਿਓਂ ਟਿਫਨ ਬੰਬ ਬਰਾਮਦ ਕਰਨ ਤੋਂ ਬਾਅਦ ਤਿੰਨ ਨੌਜਵਾਨਾਂ ਨੂੰ ਕਾਬੂ ਕੀਤਾ, ਜਿਨ੍ਹਾਂ ਤੋਂ 5 ਕਿੱਲੋ ਜੈਲੇਟਿਨ ਸਟਿਕ ਵਿਸਫੋਟਕ, ਇੱਕ ਪਿਸਤੌਲ ਅਤੇ ਪੰਜ ਜ਼ਿੰਦਾ ਕਾਰਤੂਸ ਬਰਾਮਦ ਹੋਏ ਹਨ। ਫੜੇ ਜਾਣ ਵਾਲਿਆਂ ਦੀ ਪਛਾਣ 19 ਸਾਲਾ ਲਵਪ੍ਰੀਤ ਸਿੰਘ ਵਾਸੀ ਪਿੰਡ ਸਰਹਾਲੀ (ਜ਼ਿਲ੍ਹਾ ਤਰਨ ਤਾਰਨ), 21 ਸਾਲਾ ਜਸ਼ਨਪ੍ਰੀਤ ਸਿੰਘ ਵਾਸੀ ਪਿੰਡ ਦਿਓਬਥ (ਜ਼ਿਲ੍ਹਾ ਤਰਨ ਤਾਰਨ) ਅਤੇ 19 ਸਾਲਾ ਪ੍ਰਭਪ੍ਰੀਤ ਸਿੰਘ ਵਾਸੀ ਪਿੰਡ ਤਰਸਿੱਕਾ (ਜ਼ਿਲ੍ਹਾ ਅੰਮ੍ਰਿਤਸਰ) ਵਜੋਂ ਹੋਈ ਹੈ। ਮੁਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਤਿੰਨੋਂ ਨੌਜਵਾਨ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਨਾਲ ਜੁੜੇ ਹੋਏ ਹਨ ਅਤੇ ਵਿਦੇਸ਼ ਵਿੱਚ ਬੈਠੇ ਸਤਨਾਮ ਸੱਤਾ ਨੌਸ਼ਹਿਰਾ ਦੇ ਸੰਪਰਕ ਵਿੱਚ ਸਨ, ਉਸ ਦੇ ਕਹਿਣ 'ਤੇ ਤਿੰਨਾਂ ਨੌਜਵਾਨਾਂ ਨੇ ਚੰਡੀਗੜ੍ਹ ਵਿੱਚ ਟਿਫਨ ਬੰਬ ਨਾਲ ਵੱਡੀ ਵਾਰਦਾਤ ਨੂੰ ਅੰਜਾਮ ਦੇਣਾ ਸੀ।

## ਅੱਜ-ਨਾਮਾ

ਭਾਜਪਾ ਲੀਡਰਾਂ ਫੇਰ ਬੱਸ ਆਖ ਧਰਿਆ,
ਕਿਸੇ ਦੇ ਨਾਲ ਨਹੀਂ ਹੱਥ ਮਿਲਾਵਣਾ ਜੀ।
ਆਉਂਦੀ ਆ ਚੋਣ ਪੰਜਾਬ ਅਸੈਂਬਲੀ ਦੀ,
ਮੰਗਣ ਨੂੰ ਵੋਟਾਂ ਇਕੱਲੇ ਆ ਜਾਵਣਾ ਜੀ।
ਜਿਹੜੇ ਲੋਕਾਂ ਦੀ ਨਜ਼ਰ ਵਿੱਚ ਹੈਨ ਮਾੜੇ,
ਰਾਗ ਉਨ੍ਹਾਂ ਦਾ ਮੁਸ਼ਕਲ ਹੈ ਗਾਵਣਾ ਜੀ।
ਲੋਕਾਂ ਕਰਨੀ ਪਰਵਾਨ ਨਹੀਂ ਸਾਂਝ ਕੀਤੀ,
ਪਾਈ ਜੇ ਸਾਂਝ ਤਾਂ ਪੈਣਾ ਪਛਤਾਵਣਾ ਜੀ।
ਅਕਾਲੀ ਅਜੇ ਵੀ ਟੁੱਟਣ ਨਾ ਆਸ ਦਿੰਦੇ,
ਔਸੀਆਂ ਅਜੇ ਤੱਕ ਸੁਣੀਂਦੇ ਪਾਂਵਦੇ ਈ।
ਸੁਵੱਲੀ ਅੱਖ ਫਿਰ ਕਰਨਗੇ ਸ਼ਾਹ-ਮੋਦੀ,
ਦਿੱਲੀ ਦੇ ਵੱਲ ਉਹ ਫੋਨ ਘੁੰਮਾਂਵਦੇ ਈ।

-ਤੀਸ ਮਾਰ ਖਾਂ

# ਮੁਹਾਲੀ ਬਣੇਗਾ ਆਈ ਟੀ ਹੱਬ : ਭਗਵੰਤ ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਇੱਥੇ 'ਨੈਸਕੌਮ (ਨੈਸ਼ਨਲ ਐਸੋਸੀਏਸ਼ਨ ਆਫ਼ ਸਾਫਟਵੇਅਰ ਐਂਡ ਸਰਵਿਸਿਜ਼ ਕੰਪਨੀਜ਼) ਦੇ ਵਫ਼ਦ ਨਾਲ ਅਹਿਮ ਮੀਟਿੰਗ ਕਰਨ ਤੋਂ ਬਾਅਦ ਕਿਹਾ ਕਿ ਪੰਜਾਬ ਤੇਜ਼ੀ ਨਾਲ ਪ੍ਰਮੁੱਖ ਆਈ ਟੀ ਹੱਬ ਵਜੋਂ ਉਭਰ ਰਿਹਾ ਹੈ, ਜਿਸ ਤਹਿਤ ਮੁਹਾਲੀ ਏ ਆਈ, ਡਿਜੀਟਲ ਇਨੋਵੇਸ਼ਨ ਅਤੇ ਗਲੋਬਲ ਕੈਪੇਬਿਲਟੀ ਸੈਂਟਰਾਂ ਲਈ ਮੋਹਰੀ ਕੇਂਦਰ ਬਣਨ ਲਈ ਤਿਆਰ ਹੈ। ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ, ਮਜ਼ਬੂਤ ਹੁਨਰਮੰਦ ਪ੍ਰਤਿਭਾ ਪੂਲ, ਘੱਟ ਕਾਰੋਬਾਰੀ ਲਾਗਤਾਂ, 'ਇਨਵੈਸਟ ਪੰਜਾਬ' ਅਤੇ ਨਵੀਂ ਜੀ ਸੀ ਸੀ ਨੀਤੀ 2026 ਤਕਨਾਲੋਜੀ ਕੰਪਨੀਆਂ ਅਤੇ ਨਵੇਂ ਨਿਵੇਸ਼ ਲਈ ਮਜ਼ਬੂਤ ਈਕੋ-ਸਿਸਟਮ ਤਿਆਰ ਕਰ ਰਹੀ ਹੈ। ਉਨ੍ਹਾ ਕਿਹਾ ਕਿ ਸਰਕਾਰ ਪੰਜਾਬ ਵਿੱਚ ਹੋਰ ਨਿਵੇਸ਼ ਲਿਆਉਣ ਅਤੇ ਆਪਣੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ 'ਤੇ ਧਿਆਨ ਕੇਂਦਰਤ ਕਰ ਰਹੀ ਹੈ।

ਉਹਨਾ ਨੈਸਕੌਮ ਨੂੰ ਮੁਹਾਲੀ ਵਿੱਚ ਅਤਿ-ਆਧੁਨਿਕ ਸਟਾਰਟਅੱਪ ਇਨਕਿਊਬੇਟਰ ਵਿੱਚ ਪੰਜਾਬ ਨਾਲ ਭਾਈਵਾਲੀ ਕਰਨ ਅਤੇ ਸੂਬੇ ਦੇ ਸਟਾਰਟਅੱਪ ਅਤੇ ਇਨੋਵੇਸ਼ਨ ਈਕੋ ਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਮੁੱਖ ਮੰਤਰੀ ਨੇ ਆਖਿਆ, 'ਪੰਜਾਬ ਨੇ ਸੂਬੇ ਦੇ ਖੇਤੀਬਾੜੀ ਖੇਤਰ ਵਿੱਚ ਏ ਆਈ ਨੂੰ ਸ਼ਾਮਲ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਆਈ ਆਈ ਟੀ ਰੋਪੜ ਅਤੇ ਕੇਂਦਰੀ ਖੇਤੀਬਾੜੀ ਮੰਤਰਾਲੇ ਨਾਲ ਹੱਥ ਮਿਲਾਇਆ ਹੈ। ਇਹ ਸਹਿਯੋਗ ਕਿਸਾਨਾਂ ਦੀ ਪੈਦਾਵਾਰ ਵਧਾਉਣ ਅਤੇ ਸਥਿਰਤਾ ਨੂੰ ਉਤਸ਼ਾਹਤ ਕਰਨ ਲਈ ਸਮਾਰਟ ਫਾਰਮਿੰਗ ਮਾਡਲਾਂ ਅਤੇ ਭਵਿੱਖਬਾਣੀ ਵਿਸ਼ਲੇਸ਼ਣ ਨੂੰ ਏਕੀਕ੍ਰਿਤ ਕਰਨ ਵੱਲ ਕੰਮ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਬਹੁ-ਕੌਮੀ ਕਾਰਪੋਰੇਸ਼ਨਾਂ ਪੰਜਾਬ ਭਰ ਵਿੱਚ ਖ਼ਾਸ ਕਰ ਕੇ ਮੁਹਾਲੀ ਵਿੱਚ ਨਿਵੇਸ਼ ਲਈ ਭਾਰੀ ਦਿਲਚਸਪੀ ਦਿਖਾ ਰਹੀਆਂ ਹਨ।

# ਧਰਮਵੀਰ ਗਾਂਧੀ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ : ਬਾਲੀ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਤੇ ਪੰਜਾਬ ਸਰਕਾਰ ਦੇ ਸੱਭਿਆਚਾਰਕ ਮਾਮਲੇ ਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਾਂਗਰਸ ਐੱਮ ਪੀ ਡਾ. ਧਰਮਵੀਰ ਗਾਂਧੀ ਵੱਲੋਂ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਸਬੰਧੀ ਦਿੱਤੇ ਬਿਆਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਗਾਂਧੀ ਦੀਆਂ ਇਨ੍ਹਾਂ ਟਿੱਪਣੀਆਂ ਨਾਲ ਪੰਜਾਬੀਆਂ ਅਤੇ ਰਾਜ ਭਰ ਦੇ ਵੱਖ-ਵੱਖ ਧਰਮਾਂ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਗੰਭੀਰ ਠੇਸ ਪਹੁੰਚੀ ਹੈ। ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਧਾਰਮਿਕ ਪ੍ਰੋਗਰਾਮਾਂ ਨੂੰ ਗਾਂਧੀ ਵੱਲੋਂ 'ਧਾਰਮਿਕ ਅਡੰਬਰ' ਕਰਾਰ ਦਿੱਤੇ ਜਾਣ 'ਤੇ ਬਾਲੀ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਪੰਜਾਬ ਦੇ ਮਹਾਨ ਰੂਹਾਨੀ ਅਤੇ ਸੱਭਿਆਚਾਰਕ ਵਿਰਸੇ ਦੇ ਸਨਮਾਨ ਵਿੱਚ ਅਤੇ ਧਾਰਮਿਕ ਸ਼ਖਸੀਅਤਾਂ ਦੇ ਮਹਾਨ ਵਿਚਾਰਾਂ ਤੇ ਸਿੱਖਿਆਵਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਉਲੀਕੇ ਜਾਂਦੇ ਹਨ। ਉਨ੍ਹਾ ਕਿਹਾ ਕਿ ਅਜਿਹੇ ਪ੍ਰੋਗਰਾਮਾਂ 'ਤੇ ਸਵਾਲ ਚੁੱਕਣਾ ਜਾਂ ਇਹ ਸੁਝਾਅ ਦੇਣਾ ਕਿ ਮੰਦਰ ਨਹੀਂ ਬਣਾਏ ਜਾਣੇ ਚਾਹੀਦੇ, ਕਰੋੜਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਬਰਾਬਰ ਹੈ।ਬਾਲੀ ਨੇ ਗਾਂਧੀ ਦੇ ਬਿਆਨਾਂ 'ਤੇ ਕਾਂਗਰਸੀ ਆਗੂਆਂ ਦੀ ਚੁੱਪੀ 'ਤੇ ਸਵਾਲ ਚੁੱਕੇ ਅਤੇ ਦੋਸ਼ ਲਾਇਆ ਕਿ ਅਜਿਹੇ ਬਿਆਨ ਪੰਜਾਬ ਨੂੰ ਧਾਰਮਿਕ ਲੀਹਾਂ 'ਤੇ ਵੰਡਣ ਦੀ ਕਾਂਗਰਸ ਪਾਰਟੀ ਦੀ ਕੋਸ਼ਿਸ਼ ਨੂੰ ਦਰਸਾਉਂਦੇ ਹਨ।

## ਜਨ-ਸੰਪਰਕ ਮੁਹਿੰਮ ਨੂੰ ਲੋਕਾਂ ਦਾ ਮਿਲ ਰਿਹੈ ਭਰਵਾਂ ਹੁੰਗਾਰਾ : ਰਣਜੋਧ ਹਡਾਣਾ



**ਸਨੌਰ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਹਲਕਾ ਸਨੌਰ 'ਚ ਜਨ ਸੰਪਰਕ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ ਤੇ ਪਿੰਡਾਂ 'ਚ ਆਮ ਆਦਮੀ ਪਾਰਟੀ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੀਤੇ ਦਿਨੀਂ ਪਿੰਡ ਸੁਨਿਆਰਹੇੜੀ, ਜਲਾਲਪੁਰ, ਮਾਡਲ ਟਾਊਨ ਰਾਏਪੁਰ ਤੇ ਰਾਏਪੁਰ ਮੰਡਲਾਂ ਵਿਖੇ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਕੀਤੇ ਗਏ।ਇਨ੍ਹਾਂ ਪਿੰਡਾਂ 'ਚ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬਿਨਾਂ ਕਿਸੇ ਪੱਖਪਾਤ ਦੇ ਹਰੇਕ ਪਿੰਡ ਤੇ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ।ਲੋਕਾਂ ਦਾ ਇਹ ਉਤਸ਼ਾਹ ਸਾਬਿਤ ਕਰਦਾ ਹੈ ਕਿ ਉਹ ਰਵਾਇਤੀ ਸਿਆਸਤ ਨੂੰ ਪੂਰੀ ਤਰ੍ਹਾਂ ਨਕਾਰ ਕੇ ਕੇਵਲ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ੍ਹੇ ਹਨ।ਹਡਾਣਾ ਨੇ ਕਿਹਾ ਕਿ ਸਾਡਾ ਮੁੱਖ ਟੀਚਾ ਹਲਕੇ ਦੇ ਹਰੇਕ ਪਿੰਡ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਕਰਨਾ ਹੈ।ਇਸ ਮੌਕੇ ਇਕੱਠੇ ਹੋਏ ਪਿੰਡ ਵਾਸੀਆਂ ਤੇ ਮੋਹਤਬਰਾਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਜ਼ਮੀਨੀ ਪੱਧਰ 'ਤੇ ਲੋਕ-ਸੇਵਾ ਦੀ ਸ਼ਲਾਘਾ ਕਰਦਿਆਂ ਪੂਰਨ ਸਮਰਥਨ ਦਾ ਭਰੋਸਾ ਦਿੱਤਾ।ਇਸ ਪ੍ਰੋਗਰਾਮ ਦੌਰਾਨ ਹੈਪੀ ਪਹਾੜੀਪੁਰ ਚੇਅਰਮੈਨ, ਜਗਪ੍ਰੀਤ ਰਹਿਲ ਚੇਅਰਮੈਨ, ਰਾਮ ਇੰਦਰ ਸਿੰਘ ਜਮਨਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਮੈਂਬਰ ਬਲਾਕ ਸੰਮਤੀ, ਰਾਜਾ ਧੰਜੂ ਬਲਾਕ ਪ੍ਰਧਾਨ, ਪ੍ਰਿੰਸੀਪਲ ਕਰਮ ਸਿੰਘ, 'ਆਪ' ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਤੇ ਚਾਰੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

## ਸਾਬਕਾ ਪ੍ਰਧਾਨ ਰਾਕੇਸ਼ ਗੋਇਲ ਦੇ ਪਿਤਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਦੇ ਸਾਬਕਾ ਪ੍ਰਧਾਨ ਰਾਕੇਸ਼ ਕੁਮਾਰ ਗੋਇਲ ਤੇ ਮਾਸਟਰ ਅਨਿਲ ਕੁਮਾਰ ਦੇ ਪਿਤਾ ਵੇਦ ਪ੍ਰਕਾਸ਼, ਜੋ ਕਿ ਬੀਤੇ ਦਿਨੀਂ ਸੰਖੇਪ ਬਿਮਾਰੀ ਦੇ ਚਲਦਿਆਂ ਇਸ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਦੀ ਮੌਤ 'ਤੇ ਵੱਖ-ਵੱਖ ਸਿਆਸੀ, ਧਾਰਮਿਕ ਤੇ ਵਪਾਰੀ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਗੱਲਬਾਤ ਕਰਦਿਆਂ ਆੜ੍ਹਤੀਆ ਯੂਨੀਅਨ ਭਗਤਾ ਦੇ ਮੁੱਖ ਆਗੂ ਵਿਜੈ ਕੁਮਾਰ ਪੱਪੂ ਪ੍ਰਧਾਨ ਵੱਲੋਂ ਮਾਂ-ਪਿਉ ਦੀ ਕਮੀ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਦੇ ਹੋਏ ਸਮੂਹ ਗੋਇਲ ਪਰਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਗਈ ਹੈ। ਇਸ ਮੌਕੇ ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਜਗਸੀਰ ਸਿੰਘ ਪੰਨੂ ਪ੍ਰਧਾਨ ਨਗਰ ਪੰਚਾਇਤ ਭਗਤਾ, ਬੂਟਾ ਸਿੰਘ ਸਿੱਧੂ ਸੀਨੀਅਰ ਕਾਂਗਰਸੀ ਆਗੂ, ਬੂਟਾ ਸਿੰਘ ਜਲਾਲ ਚੇਅਰਮੈਨ ਮਾਰਕੀਟ ਕਮੇਟੀ ਭਗਤਾ, ਲਖਵੀਰ ਸਿੰਘ ਸਿੱਧੂ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਭਗਤਾ, ਡਾ. ਬਲਜੀਤ ਸਿੰਘ, ਡਾ. ਪ੍ਰਨੀਤ ਕੌਰ, ਡਾ. ਅਜੀਤ ਸਿੰਘ (ਗੁਰੂ ਨਾਨਕ ਚੈਰੀਟੇਬਲ ਹਸਪਤਾਲ ਭਗਤਾ) ਸਮੇਤ ਸ਼ਹਿਰ ਦੀ ਸਮੂਹ ਮੈਡੀਕਲ ਸਟੋਰ ਯੂਨੀਅਨ, ਯੂਥ ਵਪਾਰ ਵਿੰਗ ਦੇ ਪ੍ਰਧਾਨ ਸ਼ੈਕੀ ਗੋਇਲ, ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਗਗਨਦੀਪ ਗਰੇਵਾਲ, ਕੌਂਸਲਰ ਮਨਜੀਤ ਸਿੰਘ ਧੁੰਨਾ, ਅੱਚਲ ਕੁਮਾਰ (ਪ੍ਰਕਾਸ਼ ਬੁੱਕ ਡਿੱਪੂ), ਜੈ ਪਾਲ ਡੋਡ, ਬਵਲੇਸ਼ ਕੁਮਾਰ ਭਾਜਪਾ ਆਗੂ, ਸੁਨੀਲ ਕੁਮਾਰ ਗੋਗੀ ਭਦੌੜੀਆ, ਜਗਸੀਰ ਸਿੰਘ ਪੱਪੂ ਗੰਗਾਨਗਰੀਆ ਭਾਜਪਾ ਆਗੂ, ਨਛੱਤਰ ਸਿੰਘ ਸਿੱਧੂ ਸਮਾਜਸੇਵੀ ਸਮੇਤ ਸਮੂਹ ਭਗਤਾ ਇਲਾਕੇ ਦੇ ਪਤਵੰਤਿਆਂ ਵੱਲੋਂ ਗੋਇਲ ਪਰਵਾਰ ਨਾਲ ਦੁੱਖ ਪ੍ਰਗਟ ਕੀਤਾ ਗਿਆ ਹੈ। ਸਵ. ਵੇਦ ਪ੍ਰਕਾਸ਼ ਨਮਿਤ ਅੰਤਿਮ ਅਰਦਾਸ 30 ਅਗਸਤ ਨੂੰ ਅਗਰਵਾਲ ਧਰਮਸ਼ਾਲਾ ਭਗਤਾ ਭਾਈਕਾ (ਬਠਿੰਡਾ) ਵਿਖੇ ਹੋਵੇਗੀ।

## ਹਰਿੰਦਰ ਚੰਦੂਮਾਜਰਾ ਵੱਲੋਂ ਸਮਾਗਮ ਦੀਆਂ ਤਿਆਰੀਆਂ ਲਈ ਹਲਕੇ ਦਾ ਦੌਰਾ



**ਸਨੌਰ/ਪਟਿਆਲਾ (ਥਿੰਦ)**-ਸ੍ਰੀ ਗੁਰੂ ਰਵਿਦਾਸ ਜੀ ਦੀ 650 ਸਾਲਾ ਸ਼ਤਾਬਦੀ ਸਮਾਗਮ, ਜੋ 30 ਅਗਸਤ ਨੂੰ ਗੁਰਦੁਆਰਾ ਸਾਹਿਬ ਭੁਨਰਹੇੜੀ ਵਿਖੇ ਕਰਵਾਇਆ ਜਾ ਰਿਹਾ ਹੈ, ਇਸ ਸਮਾਗਮ ਲਈ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ ਭੁਨਰਹੇੜੀ, ਮਹਿਮੂਦਪੁਰ ਜੱਟਾਂ, ਬੋਸਰ ਕਲਾਂ, ਬੋਲੜ ਕਲਾਂ, ਗਨੌਰ, ਕਰਨਪੁਰ, ਬਲੱਮਗੜ੍ਹ ਆਦਿ ਦਰਜਨਾਂ ਪਿੰਡਾਂ 'ਚ ਮੀਟਿੰਗਾਂ ਕੀਤੀਆਂ।ਚੰਦੂਮਾਜਰਾ ਨੇ ਇਨ੍ਹਾਂ ਪਿੰਡਾਂ 'ਚ ਮੀਟਿੰਗਾਂ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਸਾਡੀ ਜ਼ਿੰਦਗੀ ਲਈ ਇਹ ਖਾਸ ਪਲ ਨੇ, ਜਿਨਾਂ 'ਚ ਗੁਰੂ ਸਾਹਿਬਾਨਾਂ ਦੀਆਂ ਸ਼ਤਾਬਦੀਆਂ ਆ ਰਹੀਆਂ ਹਨ।ਗੁਰੂ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਵੀ ਸਾਡੀ ਜ਼ਿੰਦਗੀ ਦੇ ਇਨ੍ਹਾਂ ਪਲਾਂ 'ਚ ਆਈ ਹੈ।ਉਨ੍ਹਾਂ 30 ਅਗਸਤ ਨੂੰ ਗੁਰਦੁਆਰਾ ਸਾਹਿਬ ਭੁੰਨਰਹੇੜੀ ਵਿਖੇ, ਜੋ ਗੁਰੂ ਰਵਿਦਾਸ ਜੀ ਦੀ ਜਨਮ ਸ਼ਤਾਬਦੀ ਮਨਾਈ ਜਾ ਰਹੀ ਹੈ, ਉਸ ਲਈ ਸਮੂਹ ਸੰਗਤਾਂ ਨੂੰ ਇਸ ਸ਼ਤਾਬਦੀ ਸਮਾਗਮ 'ਚ ਹਿੱਸਾ ਲੈਣ ਲਈ ਅਪੀਲ ਕੀਤੀ।ਇਸ ਮੌਕੇ ਬਲਾਕ ਸੰਮਤੀ ਮੈਂਬਰ ਪ੍ਰਗਟ ਸਿੰਘ ਬੋਲੜ, ਹਰਫੂਲ ਸਿੰਘ ਬੋਸਰ, ਜਸਪ੍ਰੀਤ ਸਿੰਘ ਬੋਸਰ, ਸਰਕਲ ਪ੍ਰਧਾਨ ਜਸਵੀਰ ਸਿੰਘ ਲਲੀਨਾ, ਗੁਰਧਿਆਨ ਸਿੰਘ ਬੋਸਰ ਕਲਾਂ, ਅਮਰੀਕ ਸਿੰਘ ਸਾਬਕਾ ਸਰਪੰਚ ਬੋਸਰ ਕਲਾਂ, ਆਕਾਸ਼ਦੀਪ ਸਿੰਘ ਨੌਰੰਗਵਾਲ, ਬਹਾਦਰ ਸਿੰਘ, ਹਰਮੇਲ ਸਿੰਘ, ਜੰਗ ਸਿੰਘ, ਦੀਦਾਰ ਸਿੰਘ, ਸੂਬੇਦਾਰ ਦਰਸ਼ਨ ਸਿੰਘ ਤੇ ਗੁਰਮੁੱਖ ਸਿੰਘ ਸੁਹਾਗਹੇੜੀ ਆਦਿ ਹਾਜ਼ਰ ਸਨ।

## ਸਰਬੱਤ ਦਾ ਭਲਾ ਟਰੱਸਟ ਨੇ ਲੋੜਵੰਦਾਂ ਨੂੰ ਦਿੱਤੇ ਮਹੀਨਾਵਾਰ ਚੈੱਕ



**ਮੱਖੂ (ਰਛਪਾਲ ਸਿੰਘ ਸੰਧੂ)**-ਪੂਰੀ ਦੁਨੀਆ 'ਚ ਸੇਵੀਅਰ ਸਿੰਘ ਵਜੋਂ ਜਾਣੇ ਜਾਂਦੇ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਟੀਮ ਵੱਲੋ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਬਾਠਾਂ ਵਾਲਾ ਮੱਖੂ ਵਿਖੇ ਕਰਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਮੱਖੂ ਇਲਾਕੇ ਨਾਲ ਸਬੰਧਤ ਕੰਮ ਕਰਨ ਤੋਂ ਅਸਮਰਥ ਵਿਅਕਤੀਆਂ ਨੂੰ ਮਹੀਨਾਵਾਰ ਚੈੱਕ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਜੀ ਬਾਠਾਂ ਵਾਲਾ ਦੇ ਮੈਨੇਜਰ ਇਕਬਾਲ ਸਿੰਘ, ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਮਹਾਂਵੀਰ ਸਿੰਘ ਅਤੇ ਮਨਪ੍ਰੀਤ ਸਿੰਘ ਵੱਲੋਂ ਵੰਡੇ ਗਏ।ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਦੱਸਿਆ ਕਿ ਸੰਸਥਾ ਦੇ ਬਾਨੀ ਡਾ ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾ ਦੀ ਭਲਾਈ ਦੇ ਕਾਰਜ ਬਿਨਾਂ ਕਿਸੇ ਤੋਂ ਮੱਦਦ ਲਏ ਬਗੈਰ ਆਪਣੀ ਕਿਰਤ ਕਮਾਈ 'ਚੋਂ ਲਗਾਤਾਰ ਆਰਥਿਕ ਸਹਾਇਤਾ ਨਾਲ ਕੀਤੀ ਜਾ ਰਹੀ ਹੈ।

## ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ 15 ਤੋਂ ਸੂਬਾ ਪੱਧਰੀ ਸੰਘਰਸ਼ ਦਾ ਐਲਾਨ



**ਮਾਨਸਾ (ਆਤਮਾ ਸਿੰਘ ਪਮਾਰ)**-'ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ' ਦੀ ਜਿਲ੍ਹਾ ਇਕਾਈ ਮਾਨਸਾ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਸਬੰਧ 'ਚ ਕਿਰਤ ਵਿਭਾਗ ਫੇਸ 10 ਮੋਹਾਲੀ ਵਿਖੇ ਇਕੱਤਰ ਹੋਏ।ਆਗੂਆਂ ਨੇ ਦੱਸਿਆ ਕਿ ਵਿਭਾਗ ਨੂੰ ਪਹਿਲਾਂ ਦਿੱਤੇ ਗਏ ਮੰਗ ਪੱਤਰਾਂ 'ਤੇ ਤੱਕ ਕੋਈ ਵੀ ਕਾਰਵਾਈ ਨਹੀਂ ਹੋਈ, ਜਿਸ ਕਾਰਨ ਮੁਲਾਜ਼ਮਾਂ 'ਚ ਭਾਰੀ ਰੋਸ ਪਾਇਆ ਜਾ ਰਹਾ ਹੈ।ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਹੋਈਆਂ ਪਿਛਲੀਆਂ ਮੀਟਿੰਗਾਂ ਦਾ ਵੀ ਹੁਣ ਤੱਕ ਕੋਈ ਸਾਰਥਿਕ ਸਿੱਟਾ ਨਹੀਂ ਨਿਕਲਿਆ ਹੈ।ਟਾਲ-ਮਟੋਲ ਦੀ ਨੀਤੀ ਤੋਂ ਸਾਫ਼ ਜਾਪਦਾ ਹੈ ਕਿ ਪੰਜਾਬ ਸਰਕਾਰ ਤੇ ਨਿੱਜੀ ਕੰਪਨੀਆਂ ਆਪਸ ਚ ਮਿਲੀਆਂ ਹੋਈਆਂ ਹਨ, ਜਿਸ ਕਾਰਨ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦਾ ਸ਼ੋਸ਼ਣ ਹੋ ਰਿਹਾ ਹੈ।ਜਥੇਬੰਦੀ ਵੱਲੋਂ ਵਿਭਾਗ ਤੇ ਸਰਕਾਰ ਨੂੰ ਸਪੱਸ਼ਟ ਸ਼ਬਦਾਂ 'ਚ ਚਿਤਾਵਨੀ ਦਿੱਤੀ ਕਿ ਜੇਕਰ ਦਿੱਤੇ ਗਏ ਮੰਗ ਪੱਤਰ 'ਤੇ ਤੁਰੰਤ ਕੋਈ ਕਾਰਵਾਈ ਨਾ ਕੀਤੀ ਗਈ ਤਾਂ 15 ਸਤੰਬਰ ਤੋਂ ਪੂਰੇ ਸੂਬੇ ਪੱਧਰ 'ਤੇ ਇੱਕ ਵਿਸ਼ਾਲ ਸੰਘਰਸ਼ ਵਿੱਢਿਆ ਜਾਵੇਗਾ। ਸੰਘਰਸ਼ ਦੇ ਪਹਿਲੇ ਪੜਾਅ ਤਹਿਤ ਫੇਸ 10 ਸਥਿਤ ਕਿਰਤੀ ਭਵਨ, ਮੋਹਾਲੀ ਵਿਖੇ ਵੱਡੇ ਪੱਧਰ 'ਤੇ ਰੋਸ ਮਾਰਚ ਕੀਤਾ ਜਾਵੇਗਾ।

## ਸਰਕਾਰੀ ਕਾਲਜ 'ਚ ਵੋਟ ਰਜਿਸਟ੍ਰੇਸ਼ਨ ਤੇ ਟ੍ਰੇਨਿੰਗ ਕੈਂਪ ਲਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ ਕਾਲਜ ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਦੀ ਅਗਵਾਈ ਤੇ ਕਾਲਜ ਵੋਟ ਕਮੇਟੀ ਦੇ ਯਤਨਾਂ ਸਦਕਾ ਕਾਲਜ ਵਿੱਚ ਵਿਦਿਆਰਥੀਆਂ ਦੀ ਵੋਟ ਦੀ ਰਜਿਸਟ੍ਰੇਸ਼ਨ ਤੇ ਟਰੇਨਿੰਗ ਕੈਂਪ ਲਾਇਆ ਗਿਆ।ਕੈਂਪ ਵਿੱਚ ਸਰਬਜੀਤ ਸਿੰਘ ਭੁੱਲਰ, ਮੀਡੀਆ ਜ਼ੋਨਲ ਸੈਕਟਰੀ ਮੁੱਖ ਮਹਿਮਾਨ ਵਜੋਂ ਪਹੁੰਚੇ।ਉਨ੍ਹਾਂ ਵਿਦਿਆਰਥੀਆਂ ਨੂੰ ਵੋਟਾਂ ਅਪਲਾਈ ਕਰਨ, ਵੋਟਾਂ ਦੇ ਮਹੱਤਵ ਤੇ ਵੋਟ ਦੇ ਸਹੀ ਇਸਤੇਮਾਲ ਬਾਰੇ ਜਾਗਰੂਕ ਕੀਤਾ।ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਨੇ ਆਏ ਹੋਏ ਮਹਿਮਾਨ ਦਾ ਧੰਨਵਾਦ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਇਸ ਤਰਾਂ ਦੇ ਕੈਂਪ ਲਾਉਣ ਲਈ ਵਚਨਬੱਧਤਾ ਪ੍ਰਗਟਾਈ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਹਰਦਵਿੰਦਰ ਸਿੰਘ ਬਰਾੜ ਤੇ ਕਾਲਜ ਸੁਪਰਡੈਂਟ ਦੌਲਧ ਸਿੰਘ ਬਰਾੜ ਨੇ ਵੋਟ ਕਮੇਟੀ ਦੁਆਰਾ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵਿਦਿਆਰਥੀਆਂ ਦੀ ਸਹੂਲਤ ਲਈ ਅਜਿਹੇ ਕੈਂਪ ਲਗਾਉਣ ਲਈ ਉਤਸ਼ਾਹਤ ਕੀਤਾ।ਕੈਂਪ ਵਿੱਚ ਪ੍ਰੋ. ਰਾਜਵੀਰ ਕੌਰ ਤੇ ਪ੍ਰੋ. ਗੀਸ਼ੂ ਛਾਬੜਾ ਨੇ ਵਿਦਿਆਰਥੀਆਂ ਦੀ ਨਵੀਂ ਵੋਟ ਦੀ ਰਜਿਸਟ੍ਰੇਸ਼ਨ ਕੀਤੀ ਅਤੇ ਨਾਲ ਹੀ ਵੋਟ ਅਪਲਾਈ ਕਰਨ ਦੀ ਟ੍ਰੇਨਿੰਗ ਵੀ ਦਿੱਤੀ।ਆਖਰ 'ਚ ਕਾਲਜ ਨੋਡਲ ਅਫਸਰ ਡਾ. ਜੋਬਨਜੀਤ ਸਿੰਘ ਖਹਿਰਾ ਨੇ ਕਾਲਜ ਪ੍ਰਸ਼ਾਸਨ ਤੇ ਵੋਟ ਕਮੇਟੀ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਸਦਕਾ ਇਸ ਵੋਟ ਰਜਿਸਟ੍ਰੇਸ਼ਨ ਕੈਂਪ ਦਾ ਸਫ਼ਲ ਆਯੋਜਨ ਕੀਤਾ ਜਾ ਸਕਿਆ।

## ਹੈਰੋਇਨ ਸਣੇ ਗ੍ਰਿਫ਼ਤਾਰ, ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਰਾਜ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਇਲਾਕੇ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੁਰੱਸਤਾ ਪਿੰਡ ਢੰਡੀ ਖੁਰਦ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਇਕ ਨੌਜਵਾਨ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾ ਤੇ ਕਾਬੂ ਕਰਕੇ ਉਸਦੇ ਕਬਜ਼ੇ 'ਚੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਪੁਲਸ ਨੇ ਬਲਵਿੰਦਰ ਸਿੰਘ ਉਰਫ ਬਿੱਟੂ ਪੁਤਰ ਅਮਰ ਸਿੰਘ ਵਾਸੀ ਦੁੱਲੇਕੇ ਨੱਥੂ ਵਾਲਾ (ਥਾਣਾ ਗੁਰੂਹਰਸਹਾਏ) ਨੂੰ ਹੈਰੋਇਨ ਸਣੇ ਗ੍ਰਿਫ਼ਤਾਰ ਕਰਕੇ ਥਾਣਾ ਸਦਰ ਜਲਾਲਾਬਾਦ ਵਿਖੇ ਧਾਰਾ 21/61/85 ਐਨ.ਡੀ.ਪੀ.ਐਸ. ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।-

## ਸੰਗਤ ਗੋਹਾਨਾ ਆਸ਼ਰਮ ਤੋਂ ਵਾਪਸ ਪਰਤੀ



**ਜਲਾਲਾਬਾਦ (ਜੀਤ ਕੁਮਾਰ)**-ਸੰਗਤ ਐਤਵਾਰ ਨੂੰ ਗੋਹਾਨਾ ਦੇ ਰਾਮ ਸ਼ਰਣਮ ਆਸ਼ਰਮ ਦੀ ਤਿੰਨ ਦਿਨਾਂ ਦੀ ਧਾਰਮਿਕ ਯਾਤਰਾ ਤੋਂ ਬਾਅਦ ਵਾਪਸ ਆਈ ਹੈ। ਆਸ਼ਰਮ ਵਿੱਚ ਦੋ ਦਿਨ ਦੇ ਠਹਿਰਾਅ ਦੌਰਾਨ ਸ਼ਰਧਾਲੂਆਂ ਨੇ ਭਗਵਾਨ ਰਾਮ (ਰਾਮ ਨਾਮ) ਦੇ ਨਾਮ ਦੇ ਜਾਪ ਦੇ ਨਾਲ-ਨਾਲ ਸਫ਼ਾਈ, ਭਾਈਚਾਰਕ ਰਸੋਈ (ਭੰਡਾਰਾ) ਤੇ ਸੇਵਾ ਦੇ ਹੋਰ ਰੂਪਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵਾਪਸ ਆਉਣ ਵਾਲੇ ਸ਼ਰਧਾਲੂਆਂ ਦੇ ਚਿਹਰਿਆਂ 'ਤੇ ਅਧਿਆਤਮਿਕ ਅਨੰਦ ਤੇ ਸੰਤੁਸ਼ਟੀ ਚਮਕਦੀ ਸੀ। ਰਾਮ ਸ਼ਰਣਮ ਜਲਾਲਾਬਾਦ ਦੇ ਇੰਚਾਰਜ ਅਸ਼ੋਕ ਅਨੇਜਾ ਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਸ਼ਸ਼ੀ ਅਨੇਜਾ ਨੇ ਦੱਸਿਆ ਕਿ ਜਲਾਲਾਬਾਦ ਦੀ ਸੰਗਤ ਹਰ ਮਹੀਨੇ ਇੱਕ ਬੱਸ ਰਾਹੀਂ ਗੋਹਾਨਾ ਆਸ਼ਰਮ ਦੀ ਯਾਤਰਾ ਕਰਦੀ ਹੈ ਤਾਂ ਜੁ ਸਤਿਸੰਗ (ਅਧਿਆਤਮਿਕ ਇਕੱਠ), ਜਾਪ ਤੇ ਸੇਵਾ ਗਤੀਵਿਧੀਆਂ ਦਾ ਪੂਰਾ ਲਾਭ ਉਠਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਗੋਹਾਨਾ ਆਸ਼ਰਮ ਵਿੱਚ ਸ਼ਰਧਾ ਦੇ ਫ਼ਰਜ਼ ਨਿਭਾਉਣ, ਸਤਿਸੰਗ ਵਿੱਚ ਸ਼ਾਮਲ ਹੋਣ ਅਤੇ ਰਾਮ ਨਾਮ ਦਾ ਜਾਪ ਕਰਨ ਵਿੱਚ ਇੱਕ ਅਨੋਖਾ ਆਨੰਦ ਹੁੰਦਾ ਹੈ, ਜੋ ਵੀ ਇੱਥੇ ਆਉਂਦਾ ਹੈ, ਉਹ ਇਸ ਅਧਿਆਤਮਿਕ ਮਾਹੌਲ ਦਾ ਖੁਦ ਅਨੁਭਵ ਕਰਦਾ ਹੈ। ਆਸ਼ਰਮ ਵਿੱਚ ਆਪਣੇ ਠਹਿਰਾਅ ਦੌਰਾਨ, ਜਲਾਲਾਬਾਦ ਦੀ ਸੰਗਤ ਨੇ ਸ਼ਰਧਾ ਨਾਲ ਰਾਮ ਨਾਮ ਦਾ ਜਾਪ ਕੀਤਾ ਅਤੇ ਭੰਡਾਰਾ ਸੇਵਾ ਵਿੱਚ ਯੋਗਦਾਨ ਪਾਇਆ।

## ਸਿੰਘ ਸਾਹਿਬ ਸ਼੍ਰੋਮਣੀ ਕਮੇਟੀ ਦੀਆਂ ਰੁਕੀਆਂ ਚੋਣਾਂ ਕਰਾਉਣ ਦਾ ਉੱਦਮ ਕਰਨ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸੈਂਟਰ ਤੇ ਪੰਜਾਬ ਦੀਆਂ ਸਰਕਾਰਾਂ ਤਾਂ ਲੰਮੇ ਸਮੇਂ ਤੋਂ ਸਾਡੀ ਸਿੱਖ ਪਾਰਲੀਮੈਂਟ ਐਸ.ਜੀ.ਪੀ.ਸੀ ਵਿਚ ਅਤੇ ਉਸ ਨਾਲ ਸੰਬੰਧਤ ਵਿੱਦਿਅਕ ਤੇ ਸਿਹਤ ਸੰਸਥਾਵਾਂ ਵਿਚ ਨਿਰੰਤਰ ਦਖਲਅੰਦਾਜ਼ੀ ਕਰਦੀ ਆ ਰਹੀ ਹੈ।ਬਾਦਲ ਦਲੀਆਂ ਦਾ ਇਸ ਵਿਸ਼ੇ 'ਤੇ ਬੁਰਾ ਹਾਲ ਹੈ।ਉਹ ਆਪਣੇ ਸਿਆਸੀ ਤੇ ਮਾਲੀ ਫਾਇਦਿਆਂ ਲਈ ਖੁਦ ਹੀ ਸਰਕਾਰਾਂ ਨੂੰ ਅਜਿਹੀ ਦਖਲਅੰਦਾਜ਼ੀ ਕਰਨ ਤੋਂ ਨਹੀਂ ਰੋਕਦੇ, ਕਿਉਂਕਿ ਉਹ ਕਮਜ਼ੋਰ ਹੋ ਚੁੱਕੇ ਹਨ।ਇਹੀ ਵਜ੍ਹਾ ਹੈ ਕਿ ਬੀਤੇ 15 ਸਾਲਾਂ ਤੋਂ ਐਸ.ਜੀ.ਪੀ.ਸੀ ਦੀਆਂ ਜਨਰਲ ਚੋਣਾਂ ਹੀ ਨਹੀਂ ਕਰਾ ਸਕੇ ਅਤੇ ਨਾ ਹੀ ਇਸ ਲਈ ਸਰਕਾਰ ਨੂੰ ਮਜਬੂਰ ਕਰਦੇ ਹਨ ਕਿਉਂਕਿ ਗੁਲਾਮੀ ਇਨ੍ਹਾਂ ਦੇ ਖੂਨ ਵਿਚ ਘਰ ਕਰ ਚੁੱਕੀ ਹੈ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਐਸ.ਜੀ.ਪੀ.ਸੀ ਦੀ ਧਾਰਮਿਕ ਸੰਸਥਾ ਵਿੱਚ ਸੈਂਟਰ ਸਰਕਾਰ ਦੀ ਵਧਦੀ ਦਖਲਅੰਦਾਜ਼ੀ ਉਤੇ ਪ੍ਰਗਟਾਈ ਗਹਿਰੀ ਚਿੰਤਾ ਦੀ ਗੱਲ ਕਰਦੇ ਹੋਏ ਤੇ ਜਥੇਦਾਰ ਨੂੰ ਸਿੱਖ ਕੌਮ ਦੀ ਪਾਰਲੀਮੈਂਟ ਐਸ.ਜੀ.ਪੀ.ਸੀ ਦੀਆਂ 15 ਸਾਲ ਤੋਂ ਰੋਕੀਆਂ ਜਨਰਲ ਚੋਣਾਂ ਨੂੰ ਕਰਾਉਣ ਲਈ ਸਭ ਉੱਦਮ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਨ੍ਹਾਂ ਬਾਦਲ ਦਲੀਆਂ ਵੱਲੋਂ ਪੰਜਾਬ ਦੇ ਦਰਿਆਵਾਂ ਦੇ ਕੀਮਤੀ ਪਾਣੀਆਂ ਨੂੰ ਜਬਰੀ ਲੁਟਾਉਣ 'ਚ ਮੋਹਰੀ ਭੂਮਿਕਾ ਨਿਭਾਈ ਗਈ।ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਹਰ ਤਰ੍ਹਾਂ ਦੇ ਕੌਮੀ, ਸਮਾਜਿਕ ਢੰਗ ਅਪਣਾ ਕੇ ਐਸ.ਜੀ.ਪੀ.ਸੀ ਦੀਆਂ 15 ਸਾਲਾਂ ਤੋਂ ਰੁਕੀਆਂ ਚੋਣਾਂ ਕਰਾਉਣ ਦੀ ਜਿੱਥੇ ਜ਼ਿੰਮੇਵਾਰੀ ਨਿਭਾਉਣਗੇ, ਉਥੇ ਖੇਰੂੰ-ਖੇਰੂੰ ਹੋਈਆਂ ਸਭ ਪੰਥਕ ਧਿਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੀਰੀ ਪੀਰੀ ਦੇ ਮਹਾਨ ਸਿਧਾਂਤ ਹੇਠ ਇਕੱਤਰ ਕਰਕੇ 2027 ਦੀਆਂ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਅਤੇ ਸਿੱਖ ਕੌਮ ਦੀਆਂ ਵਿਰੋਧੀ ਤਾਕਤਾਂ ਬੀਜੇਪੀ-ਆਰ.ਐਸ.ਐਸ, ਕਾਂਗਰਸ ਤੇ ਆਮ ਆਦਮੀ ਪਾਰਟੀ ਨੂੰ ਪੰਜਾਬ ਦੀ ਪਵਿੱਤਰ ਧਰਤੀ ਤੋਂ ਸਿਆਸੀ ਤੌਰ 'ਤੇ ਖਦੇੜਦੇ ਵੱਡੀ ਕੌਮੀ ਜ਼ਿੰਮੇਵਾਰੀ ਨਿਭਾਉਣਗੇ।

## ਸੰਧਵਾਂ ਨੇ ਦੋ ਸੜਕ ਪ੍ਰੋਜੈਕਟਾਂ ਦੇ ਰੱਖੇ ਨੀਂਹ ਪੱਥਰ



**ਫਰੀਦਕੋਟ (ਬੇਦੀ, ਗਿੱਲ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਖੁਸ਼ੀ ਵਾਲਾ ਡੇਰਾ ਪਿੰਡ ਵਾੜਦ ਜਟਾਣਾ ਵਿਖੇ ਲਿੰਕ ਸੜਕ ਵਾੜਾਦਰਾਕਾ-ਦੁਆਰੇਆਣਾ ਤੋਂ ਕੋਟਕਪੂਰਾ-ਜਲਾਲੇਆਣਾ ਰੋਡ ਨੂੰ ਅਪਗ੍ਰੇਡ ਕਰਨ ਤੇ ਪਿੰਡ ਖਾਰਾ ਵਿਖੇ ਲਿੰਕ ਸੜਕ ਖਾਰਾ ਤੋਂ ਠਾੜ੍ਹਾ ਦੀ ਨਵੀਂ ਉਸਾਰੀ ਦੇ ਕੰਮਾਂ ਦੇ ਨੀਂਹ ਪੱਥਰ ਰੱਖੇ।ਦੋਵੇਂ ਸੜਕ ਪ੍ਰੋਜੈਕਟਾਂ ਦੀ ਉਸਾਰੀ/ਅਪਗ੍ਰੇਡੇਸ਼ਨ ਦੀ ਕੁੱਲ ਅੰਦਾਜ਼ਨ ਲਾਗਤ 614.85 ਲੱਖ ਹੋਵੇਗੀ।ਇਸ ਮੌਕੇ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਦੱਸਿਆ ਕਿ ਵਾੜਾਦਰਾਕਾ-ਦੁਆਰੇਆਣਾ ਤੋਂ ਕੋਟਕਪੂਰਾ-ਜਲਾਲੇਆਣਾ ਰੋਡ ਨੂੰ 519.70 ਲੱਖ ਰੁਪਏ ਦੀ ਲਾਗਤ ਨਾਲ 10 ਫੁੱਟ ਤੋਂ ਵਧਾ ਕੇ 18 ਫੁੱਟ ਚੌੜਾ ਕੀਤਾ ਜਾਵੇਗਾ ਤੇ ਇਸ ਦੀ ਅਗਲੇ ਪੰਜ ਸਾਲਾਂ ਲਈ ਸਾਂਭ-ਸੰਭਾਲ ਵਾਸਤੇ ਕਰੀਬ 36 ਲੱਖ ਰੁਪਏ ਰੱਖੇ ਗਏ ਹਨ।ਇਸੇ ਤਰ੍ਹਾਂ 2.70 ਕਿਲੋਮੀਟਰ ਲੰਬੀ ਲਿੰਕ ਸੜਕ ਖਾਰਾ ਤੋਂ ਠਾੜ੍ਹਾ ਦੀ ਨਵੀਂ ਉਸਾਰੀ 'ਤੇ 95.15 ਲੱਖ ਰੁਪਏ ਖ਼ਰਚ ਕੀਤੇ ਜਾਣਗੇ ਤੇ ਇਸ ਦੀ ਸਾਂਭ-ਸੰਭਾਲ ਲਈ 9.39 ਲੱਖ ਰੁਪਏ ਦੀ ਰਕਮ ਵੀ ਰੱਖੀ ਗਈ ਹੈ।ਸਪੀਕਰ ਨੇ ਕਿਹਾ ਕਿ ਸੜਕਾਂ ਦੇ ਨਿਰਮਾਣ ਕਾਰਜਾਂ ਵਿੱਚ ਗੁਣਵੱਤਾ ਦੇ ਮਾਪਦੰਡਾਂ ਨੂੰ ਯਕੀਨੀ ਬਣਾਇਆ ਜਾਵੇਗਾ ਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਸਮੇਂ ਸਿਰ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਲਈ ਵਿਕਾਸ ਕਾਰਜਾਂ ਦੀ ਲੜੀ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗੀ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਕੋਟਕਪੂਰਾ ਗੁਰਮੀਤ ਸਿੰਘ ਆਰੇਵਾਲਾ, ਸਮੂਹ ਗ੍ਰਾਮ ਪੰਚਾਇਤਾਂ ਵਾੜਾਦਰਾਕਾ, ਦੁਆਰੇਆਣਾ, ਜਲਾਲੇਆਣਾ, ਖਾਰਾ ਤੇ ਠਾੜ੍ਹਾ, ਪੰਜਾਬ ਮੰਡੀ ਬੋਰਡ ਦੇ ਅਧਿਕਾਰੀ ਤੇ ਕਰਮਚਾਰੀ, ਪਿੰਡਾਂ ਦੇ ਪਤਵੰਤੇ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਪੁਲ ਦੀ ਰੇਲਿੰਗ ਨੂੰ ਰਾਜਨੀਤਕ ਮੁੱਦਾ ਨਾ ਬਣਾਇਆ ਜਾਵੇ : ਕੰਵਲਜੀਤ ਖੰਨਾ



**ਜਗਰਾਉਂ (ਅਮਿਤ ਖੰਨਾ)**-ਸਥਾਨਕ ਸ਼ਹਿਰ ਦੇ ਝਾਂਸੀ ਰਾਣੀ ਚੌਕ ਨੇੜੇ ਸਥਿਤ ਰੇਲਵੇ ਪੁਲ ਦੀ ਸੁਰੱਖਿਆ ਰੇਲਿੰਗ ਦਾ ਮਾਮਲਾ ਹੁਣ ਗੰਭੀਰ ਰੂਪ ਧਾਰਨ ਕਰਦਾ ਜਾ ਰਿਹਾ ਹੈ।ਸੜਕ ਨਿਰਮਾਣ ਦੇ ਕੰਮ ਦੌਰਾਨ ਕਰੀਬ ਚਾਰ ਮਹੀਨੇ ਪਹਿਲਾਂ ਪੁੱਟੀ ਗਈ ਰੇਲਿੰਗ ਅਜੇ ਤੱਕ ਦੁਬਾਰਾ ਨਹੀਂ ਲੱਗੀ, ਜਿਸ ਕਾਰਨ ਰਾਹਗੀਰਾਂ ਤੇ ਵਾਹਨ ਚਾਲਕਾਂ ਦੀ ਸੁਰੱਖਿਆ ਨੂੰ ਲੈ ਕੇ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ।ਕਾਮਰੇਡ ਕੰਵਲਜੀਤ ਖੰਨਾ ਨੇ ਦੋਸ਼ ਲਗਾਇਆ ਕਿ ਰੇਲਿੰਗ ਲਗਾਉਣ ਲਈ ਲੋੜੀਂਦਾ ਸਾਮਾਨ ਆ ਜਾਣ ਦੇ ਬਾਵਜੂਦ ਇਸ ਨੂੰ ਅਜੇ ਤੱਕ ਨਹੀਂ ਲਗਾਇਆ ਗਿਆ।ਉਨ੍ਹਾਂ ਕਿਹਾ ਕਿ ਪੁਲ 'ਤੇ ਰੋਜ਼ਾਨਾ ਹਾਦਸੇ ਵਾਪਰਨ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ ਅਤੇ ਕਈ ਵਾਹਨ ਚਾਲਕ ਗਲਤ ਦਿਸ਼ਾ ਤੋਂ ਮੁੜਦੇ ਹਨ, ਜਿਸ ਕਾਰਨ ਹਾਦਸੇ ਦਾ ਖਤਰਾ ਹੋਰ ਵੀ ਵੱਧ ਜਾਂਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ ਦੀ ਸੁਰੱਖਿਆ ਨਾਲ ਜੁੜੇ ਇਸ ਮਾਮਲੇ ਨੂੰ ਰਾਜਨੀਤਕ ਰੰਗ ਨਹੀਂ ਦਿੱਤਾ ਜਾਣਾ ਚਾਹੀਦਾ।ਪੁਲ ਦੀ ਰੇਲਿੰਗ ਲੋਕਾਂ ਦੀ ਸੁਰੱਖਿਆ ਲਈ ਹੈ, ਇਸ ਨੂੰ ਰਾਜਨੀਤਕ ਮੁੱਦਾ ਬਣਾਉਣਾ ਬਿਲਕੁਲ ਗਲਤ ਹੈ।ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਪੀ.ਡਬਲਯੂ.ਡੀ. ਵਿਭਾਗ ਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਦਾਅਵਾ ਕੀਤਾ ਕਿ ਜੇਕਰ ਕਿਸੇ ਰਾਜਨੀਤਕ ਦਬਾਅ ਕਾਰਨ ਰੇਲਿੰਗ ਲਗਾਉਣ ਵਿੱਚ ਦੇਰੀ ਹੋ ਰਹੀ ਹੈ ਤਾਂ ਇਹ ਬਹੁਤ ਹੀ ਚਿੰਤਾਜਨਕ ਗੱਲ ਹੈ।ਉਨ੍ਹਾਂ ਮੰਗ ਕੀਤੀ ਕਿ ਪ੍ਰਸ਼ਾਸਨ ਤੁਰੰਤ ਸਥਿਤੀ ਸਪੱਸ਼ਟ ਕਰੇ ਤੇ ਰੇਲਿੰਗ ਲਗਾਉਣ ਦਾ ਕੰਮ ਬਿਨਾਂ ਕਿਸੇ ਹੋਰ ਦੇਰੀ ਦੇ ਪੂਰਾ ਕੀਤਾ ਜਾਵੇ।ਖੰਨਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਆਉਣ ਵਾਲੇ ਦੋ ਦਿਨਾਂ ਦੇ ਅੰਦਰ ਰੇਲਿੰਗ ਨਾ ਲਗਾਈ ਗਈ ਤਾਂ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਾ ਪਵੇਗਾ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਕਿਸੇ ਵੀ ਅਣਸੁਖਾਵੀਂ ਘਟਨਾ ਦੀ ਸਥਿਤੀ ਵਿੱਚ ਜ਼ਿੰਮੇਵਾਰੀ ਤੈਅ ਕਰਨ ਦਾ ਮਾਮਲਾ ਗੰਭੀਰ ਹੋਵੇਗਾ ਤੇ ਇਸ ਲਈ ਪ੍ਰਸ਼ਾਸਨ ਨੂੰ ਹੁਣੇ ਤੋਂ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਇਲਾਕਾ ਨਿਵਾਸੀਆਂ ਦਾ ਵੀ ਕਹਿਣਾ ਹੈ ਕਿ ਪੁਲ 'ਤੇ ਸੁਰੱਖਿਆ ਰੇਲਿੰਗ ਜਲਦ ਲਗਾਈ ਜਾਣੀ ਚਾਹੀਦੀ ਹੈ ਤਾਂ ਜੋ ਕਿਸੇ ਵੱਡੇ ਹਾਦਸੇ ਤੋਂ ਪਹਿਲਾਂ ਹੀ ਸਥਿਤੀ ਨੂੰ ਕਾਬੂ ਕੀਤਾ ਜਾ ਸਕੇ।ਹੁਣ ਸਭ ਦੀਆਂ ਨਜ਼ਰਾਂ ਪ੍ਰਸ਼ਾਸਨ ਤੇ ਸੰਬੰਧਤ ਵਿਭਾਗ ਦੀ ਕਾਰਵਾਈ 'ਤੇ ਟਿਕੀਆਂ ਹੋਈਆਂ ਹਨ ਕਿ ਆਖ਼ਰ ਲੋਕਾਂ ਦੀ ਸੁਰੱਖਿਆ ਲਈ ਇਹ ਰੇਲਿੰਗ ਕਦੋਂ ਲਗਾਈ ਜਾਂਦੀ ਹੈ।ਕੰਵਲਜੀਤ ਖੰਨਾ ਨੇ ਕਿਹਾ ਕਿ ਜੇਕਰ ਸਮੇਂ ਸਿਰ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਸਥਾਨਕ ਲੋਕਾਂ ਨੂੰ ਮਜਬੂਰਨ ਸੰਘਰਸ਼ ਦਾ ਰਾਹ ਅਪਣਾਉਣਾ ਪੈ ਸਕਦਾ ਹੈ।

## ਤਰਕਸ਼ੀਲ ਸੁਸਾਇਟੀ ਤੇ ਜਮਹੂਰੀ ਅਧਿਕਾਰ ਸਭਾ ਵੱਲੋਂ ਪੰਜਾਬ ਬੰਦ ਦਾ ਸਮਰਥਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਤਰਕਸ਼ੀਲ ਸੁਸਾਇਟੀ ਤੇ ਜਮਹੂਰੀ ਅਧਿਕਾਰ ਸਭਾ ਦੀ ਆਗੂਆਂ ਗਗਨ ਰਾਮਪੁਰਾ ਤੇ ਅਵਤਾਰ ਸਿੰਘ ਨੇ ਪ੍ਰੈੱਸ ਨੂੰ ਜਾਰੀ ਆਪਣੇ ਬਿਆਨਾਂ ਵਿੱਚ 27 ਅਗਸਤ ਦੇ ਪੰਜਾਬ ਬੰਦ ਦਾ ਪੂਰਨ ਸਮਰਥਨ ਕਰਦੇ ਹੋਏ 27 ਦੇ ਪ੍ਰਦਰਸ਼ਨ ਵਿੱਚ ਭਾਗ ਲੈਣ ਦਾ ਫੈਸਲਾ ਕੀਤਾ ਹੈ।ਸਰਕਾਰ 'ਤੇ ਵਧ ਰਿਹਾ ਕਰਜ਼ਾ ਕਾਰਪੋਰੇਟ ਪੱਖੀ ਨੀਤੀਆਂ ਤੇ ਲੋਕਾਂ ਦੇ ਹਿੱਤਾਂ ਦੀ ਅਣਦੇਖੀ ਦਾ ਨਤੀਜਾ ਹੈ।17 ਜੁਲਾਈ 2020 ਦੇ ਪੱਤਰ ਰਾਹੀਂ ਤਨਖ਼ਾਹਾਂ ਵਿੱਚ ਕੀਤੀ ਗਈ ਭਾਰੀ ਕਟੌਤੀ ਨੇ ਮੁਲਾਜ਼ਮਾਂ ਲਈ ਸਧਾਰਨ ਜੀਵਨ ਜਿਊਣਾ ਵੀ ਮੁਸ਼ਕਲ ਬਣਾ ਦਿੱਤਾ ਹੈ।ਇਹ ਕਾਰਵਾਈ ਨੋਟੀਫਾਈ ਕੀਤੇ ਤਨਖ਼ਾਹ ਸਕੇਲਾਂ ਦੇ ਵਿਰੁੱਧ ਵੀ ਹੈ।ਅਦਾਲਤੀ ਫ਼ੈਸਲਿਆਂ ਅਨੁਸਾਰ ਪੁਰਾਣੇ ਨੋਟੀਫਿਕੇਸ਼ਨ ਦੀਆਂ ਸ਼ਰਤਾਂ ਨੂੰ ਸਿਰਫ਼ ਨਵੇਂ ਨੋਟੀਫਿਕੇਸ਼ਨ ਰਾਹੀਂ ਹੀ ਬਦਲਿਆ ਜਾ ਸਕਦਾ ਹੈ।ਇਸ ਲਈ 17 ਜੁਲਾਈ 2020 ਦਾ ਪੱਤਰ ਨਾ ਸਿਰਫ ਮੁਲਾਜ਼ਮ ਵਿਰੋਧੀ ਹੈ, ਬਲਕਿ ਗੈਰ-ਕਾਨੂੰਨੀ ਵੀ ਹੈ।ਸਰਕਾਰ ਮੁਲਾਜ਼ਮਾਂ ਦਾ ਬਣਦਾ ਮਹਿੰਗਾਈ ਪੱਤਾ ਨਾ ਜਾਰੀ ਕਰਕੇ ਅਦਾਲਤ ਦੀ ਵੀ ਸ਼ਰੇਆਮ ਤੌਹੀਨ ਕਰ ਰਹੀ ਹੈ।

## ਬੂਟਾ ਜਲਾਲ ਮਾਰਕੀਟ ਕਮੇਟੀ ਭਗਤਾ ਦੇ ਚੇਅਰਮੈਨ ਐਲਾਨੇ

### ਹਲਕਾ ਰਾਮਪੁਰਾ ਫੂਲ 'ਚ ਖੁਸ਼ੀ ਦੀ ਲਹਿਰ, ਅੱਧੀ ਰਾਤ ਤੱਕ ਚੱਲੇ ਪਟਾਕੇ



**ਬਠਿੰਡਾ (ਰਾਜੀਵ ਗੋਇਲ)**-ਆਮ ਆਦਮੀ ਪਾਰਟੀ ਵੱਲੋਂ ਬੀਤੇ ਦਿਨੀਂ ਕੀਤੀਆਂ ਗਈਆਂ ਨਿਯੁਕਤੀਆਂ ਤਹਿਤ ਪਾਰਟੀ ਦੇ ਸਭ ਤੋਂ ਪੁਰਾਣੇ ਭੁਮੱਕੜ ਵਜੋਂ ਜਾਣੇ ਜਾਂਦੇ ਤੇ ਕਲੀਆਂ ਦੇ ਬਾਦਸ਼ਾਹ ਕੁਲਦੀਪ ਮਾਣਕ ਦੇ ਜੱਦੀ ਪਿੰਡ ਦੇ ਵਸਨੀਕ ਬੂਟਾ ਸਿੰਘ ਜਲਾਲ ਨੂੰ ਮਾਰਕੀਟ ਕਮੇਟੀ ਭਗਤਾ ਭਾਈਕਾ ਦਾ ਚੇਅਰਮੈਨ ਐਲਾਨਿਆ ਗਿਆ ਹੈ, ਜਿਉਂ ਹੀ ਪਾਰਟੀ ਵੱਲੋਂ ਕੀਤੀ ਗਈ ਨਿਯੁਕਤੀ ਦੀ ਇਹ ਖਬਰ ਹਲਕਾ ਰਾਮਪੁਰਾ ਫੂਲ ਦੇ ਵੋਟਰਾਂ ਦੇ ਕੰਨੀ ਪਈ, ਤਿਉਂ ਹੀ ਵੋਟਰਾਂ 'ਚ ਇੱਕ ਅਨੋਖੀ ਖੁਸ਼ੀ ਦੇਖਣ ਨੂੰ ਮਿਲੀ ਅਤੇ ਪਿੰਡਾਂ ਦੇ ਲੋਕਾਂ ਵੱਲੋਂ ਆਪ ਮੁਹਾਰੇ ਪਟਾਕੇ ਚਲਾ ਕੇ ਅਤੇ ਲੱਡੂ ਵੰਡ ਕੇ ਆਪਣੀ ਖੁਸ਼ੀ ਜ਼ਾਹਰ ਕੀਤੀ ਗਈ। ਇਸੇ ਤਰ੍ਹਾਂ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਵੀ ਭਗਤਾ ਭਾਈਕਾ ਦੇ ਮੁੱਖ ਚੌਕ ਵਿਖੇ ਚੇਅਰਮੈਨ ਬੂਟਾ ਸਿੰਘ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ ਅਤੇ ਲੱਡੂ ਵੰਡੇ ਗਏ। ਚੇਅਰਮੈਨ ਬੂਟਾ ਸਿੰਘ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ ਤੇ ਗੱਲਬਾਤ ਕਰਦਿਆਂ ਚੇਅਰਮੈਨ ਬੂਟਾ ਸਿੰਘ ਨੇ ਜਿੱਥੇ ਅਹੁਦਾ ਨਿਵਾਜ਼ੇ ਜਾਣ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪਾਰਟੀ ਦੇ ਸੂਬਾ ਇੰਚਾਰਜ ਅਮਨ ਅਰੋੜਾ ਦਾ ਧੰਨਵਾਦ ਕੀਤਾ ਹੈ, ਉੱਥੇ ਹੀ ਉਨ੍ਹਾਂ ਵੱਲੋਂ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦਾ ਵੀ ਵਿਸ਼ੇਸ਼ ਜ਼ਿਕਰ ਕੀਤਾ ਗਿਆ ਹੈ ਅਤੇ ਵਾਅਦਾ ਕੀਤਾ ਗਿਆ ਹੈ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ੁੰਮੇਵਾਰੀ ਨੂੰ ਪੂਰੀ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਐਡਵੋਕੇਟ ਵਿਰਕ ਦਾ ਬਾਰ ਐਸੋਸੀਏਸ਼ਨ ਵੱਲੋਂ ਨਿੱਘਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਸਟੇਟ ਫੋਰੈਸਟ ਡਿਵੈਲਪਮੈਂਟ ਕਾਰਪੋਰੇਸ਼ਨ ਪੰਜਾਬ ਦੇ ਡਾਇਰੈਕਟਰ ਨਿਯੁਕਤ ਹੋਣ ਉਪਰੰਤ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ ਬਾਰ ਐਸੋਸੀਏਸ਼ਨ ਦੇ ਦਫ਼ਤਰ ਵਿਖੇ ਪਹੁੰਚੇ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਸਮੂਹ ਵਕੀਲ ਭਾਈਚਾਰੇ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਮੁਬਾਰਕਬਾਦ ਦਿੱਤੀ ਗਈ।ਬਾਰ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ ਦਾ ਮੂੰਹ ਮਿੱਠਾ ਕਰਾ ਕੇ ਉਨ੍ਹਾਂ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਸਾਥੀ ਵਕੀਲਾਂ ਨੇ ਆਸ ਪ੍ਰਗਟਾਈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਤਨਦੇਹੀ ਤੇ ਸਮਰੱਥਾ ਨਾਲ ਨਿਭਾਉਂਦੇ ਹੋਏ ਸੰਸਥਾ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਣਗੇ।ਜ਼ਿਕਰਯੋਗ ਹੈ ਕਿ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ ਬਾਰ ਐਸੋਸੀਏਸ਼ਨ ਸਮਾਣਾ ਦੇ ਸਰਗਰਮ ਮੈਂਬਰ ਹਨ ਤੇ ਪਿਛਲੇ ਕਾਫ਼ੀ ਸਮੇਂ ਤੋਂ ਸਮਾਜਿਕ ਤੇ ਰਾਜਨੀਤਕ ਖੇਤਰ ਨਾਲ ਵੀ ਜੁੜੇ ਹੋਏ ਹਨ।ਉਨ੍ਹਾਂ ਦੀ ਪੰਜਾਬ ਸਟੇਟ ਫੋਰੈਸਟ ਡਿਵੈਲਪਮੈਂਟ ਕਾਰਪੋਰੇਸ਼ਨ ਦੇ ਡਾਇਰੈਕਟਰ ਵਜੋਂ ਨਿਯੁਕਤੀ ਨੂੰ ਉਨ੍ਹਾਂ ਦੇ ਸਾਥੀਆਂ ਅਤੇ ਸਮਰਥਕਾਂ ਵੱਲੋਂ ਮਾਣ ਵਾਲੀ ਗੱਲ ਦੱਸਿਆ ਗਿਆ।ਸਵਾਗਤ ਸਮਾਗਮ ਦੌਰਾਨ ਬਾਰ ਐਸੋਸੀਏਸ਼ਨ ਦੇ ਮੌਜੂਦਾ ਤੇ ਸਾਬਕਾ ਅਹੁਦੇਦਾਰਾਂ ਸਮੇਤ ਕਈ ਵਕੀਲ ਹਾਜ਼ਰ ਰਹੇ।

## ਐੱਨ ਐੱਸ ਏ ਅਧੀਨ ਬੰਦ ਰਹੇ ਗੁਰਮੀਤ ਸਿੰਘ ਬੁੱਕਣਵਾਲਾ ਦੇ ਪਿਤਾ ਦਾ ਦੇਹਾਂਤ

■ **29 ਨੂੰ ਪਿੰਡ ਬੁੱਕਣ ਵਾਲਾ ਵਿਖੇ ਕੀਤਾ ਜਾਵੇਗਾ ਸਸਕਾਰ**



**ਮੋਗਾ (ਇਕਬਾਲ ਸਿੰਘ ਖਹਿਰਾ)**

ਅਕਾਲੀ ਦਲ-ਵਾਰਿਸ ਪੰਜਾਬ ਦੇ ਹਲਕਾ ਮੋਗਾ ਤੋਂ ਉਮੀਦਵਾਰ ਗੁਰਮੀਤ ਸਿੰਘ ਬੁੱਕਣਵਾਲਾ ਦੇ ਪਿਤਾ ਬਲਵਿੰਦਰ ਸਿੰਘ ਲੰਘੀ ਰਾਤ ਅਕਾਲ ਚਲਾਣਾ ਕਰ ਗਏ।ਉਹ 73 ਸਾਲਾਂ ਦੇ ਸਨ ਤੇ ਪਿਛਲੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ।ਉਨ੍ਹਾਂ ਦਾ ਅੰਤਮ ਸੰਸਕਾਰ 29 ਅਗਸਤ ਨੂੰ ਜ਼ਿਲ੍ਹਾ ਮੋਗਾ ਅਧੀਨ ਪੈਂਦੇ ਉਨ੍ਹਾਂ ਦੇ ਜੱਦੀ ਪਿੰਡ ਬੁੱਕਣਵਾਲਾ ਵਿਖੇ ਕੀਤਾ ਜਾਵੇਗਾ। ਉਹ ਆਪਣੇ ਪਿੱਛੇ ਪਰਿਵਾਰ ਵਿੱਚ ਪਤਨੀ ਸਵਰਨਜੀਤ ਕੌਰ, ਬੇਟਾ ਗੁਰਮੀਤ ਸਿੰਘ ਤੇ ਧੀ ਰਵਨੀਤ ਕੌਰ ਛੱਡ ਗਏ ਹਨ।ਬਲਵਿੰਦਰ ਸਿੰਘ ਦੀ ਮੌਤ ਦੀ ਖ਼ਬਰ ਮਿਲਦਿਆਂ ਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ, ਹਲਕਾ ਇੰਚਾਰਜ ਧਰਮਕੋਟ ਜਸਵਿੰਦਰ ਸਿੰਘ ਸਿੱਧੂ, ਸੀਨੀਅਰ ਆਗੂ ਦਵਿੰਦਰ ਸਿੰਘ ਰਣੀਆਂ, ਅਮਰਜੀਤ ਸਿੰਘ ਲੰਢੇਕੇ, ਸੁਖਰਾਜ ਸਿੰਘ ਨਿਆਮੀਵਾਲਾ, ਜ਼ਿਲ੍ਹਾ ਯੂਥ ਪ੍ਰਧਾਨ ਸਤਨਾਮ ਸਿੰਘ ਲੋਪੋ ਸਮੇਤ ਕਈ ਸੀਨੀਅਰ ਆਗੂ ਗੁਰਮੀਤ ਸਿੰਘ ਬੁੱਕਣਵਾਲਾ ਦੇ ਘਰ ਪਰਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਪਹੁੰਚੇ।ਜ਼ਿਕਰਯੋਗ ਹੈ ਕਿ ਗੁਰਮੀਤ ਸਿੰਘ ਬੁੱਕਣਵਾਲਾ ਇਸ ਵੇਲੇ ਬਠਿੰਡਾ ਦੀ ਜੇਲ੍ਹ ਵਿੱਚ ਬੰਦ ਹਨ ਤੇ ਉਨ੍ਹਾਂ ਨੂੰ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਪ੍ਰਧਾਨ ਤੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਮ੍ਰਿਤਪਾਲ ਸਿੰਘ ਦੇ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਹ ਪਹਿਲਾਂ ਡਿਬਰੂਗੜ੍ਹ ਜੇਲ੍ਹ ਵਿੱਚ ਐੱਨ.ਐੱਸ.ਏ. ਅਧੀਨ ਬੰਦ ਰਹੇ ਹਨ।ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਉਹ ਗੁਰਮੀਤ ਸਿੰਘ ਬੁੱਕਣਵਾਲਾ ਨੂੰ ਜੇਲ੍ਹ ਵਿੱਚੋਂ ਪੈਰੋਲ 'ਤੇ ਬਾਹਰ ਲਿਆਉਣ ਲਈ ਕਾਨੂੰਨੀ ਚਾਰਾਜੋਈ ਸ਼ੁਰੂ ਕਰ ਰਹੇ ਹਨ ਤਾਂ ਜੋ ਉਹ ਆਪਣੇ ਪਿਤਾ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋ ਸਕਣ।

## ਸਾਹਿਤ ਸਭਾਵਾਂ ਲੇਖਕਾਂ ਲਈ ਕਾਲਜ ਤੇ ਯੂਨੀਵਰਸਿਟੀਆਂ ਵਾਂਗ : ਢਿੱਲੋਂ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮਾਸਿਕ ਇਕੱਤਰਤਾ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਹਾਜ਼ਰ ਲੇਖਕਾਂ ਦਾ ਸਵਾਗਤ ਕਰਦਿਆਂ ਗੁਰਸੇਵਕ ਸਿੰਘ ਢਿੱਲੋਂ ਨੇ ਕਿਹਾ ਲੇਖਕਾਂ ਨੂੰ ਸਾਹਿਤ ਸਭਾਵਾਂ ਦੀਆਂ ਮਾਸਿਕ ਮੀਟਿੰਗਾਂ ਵਿੱਚ ਅਵੱਸ਼ ਜਾਣਾ ਚਾਹੀਦਾ ਹੈ।ਸਾਹਿਤ ਸਭਾਵਾਂ ਲੇਖਕਾਂ ਲਈ ਕਾਲਜ ਤੇ ਯੂਨੀਵਰਸਿਟੀਆਂ ਵਾਂਗ ਹੁੰਦੇ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਵਿੱਚ ਨਵੇਂ ਤੇ ਪੁਰਾਣੇ ਲੇਖਕ ਹੁੰਦੇ ਹਨ।ਪੁਰਾਣੇ ਲੇਖਕ ਨਵਿਆਂ ਲਈ ਚਾਨਣ ਮੁਨਾਰਾ ਹੁੰਦੇ ਹਨ।ਉਨ੍ਹਾਂ ਨੂੰ ਸਿੱਖਣ ਨੂੰ ਬਹੁਤ ਕੁਝ ਮਿਲਦਾ ਹੈ।ਉਨ੍ਹਾਂ ਕਿਹਾ ਕਿ ਲੇਖਕ ਜਦੋਂ ਆਲੋਚਕਾਂ ਦੀ ਕੁਠਾਲੀ ਵਿਚੋਂ ਤਪ ਕੇ ਨਿਕਲਦਾ ਹੈ ਤਾਂ ਉਸ ਦੀ ਰਚਨਾ ਵਿਚ ਪਰਪੱਕਤਾ ਆਉਂਦੀ ਹੈ। ਇਸ ਤੋਂ ਪਹਿਲਾਂ ਮੀਟਿੰਗ ਦੀ ਆਰੰਭਤਾ ਵੇਲੇ ਉੱਘੇ ਲੇਖਕ ਪੱਤਰਕਾਰ ਸੰਘਰਸ਼ਸ਼ੀਲ ਯੋਧੇ ਧਰਮਪਾਲ ਉਪਾਸ਼ਕ ਦੇ ਸਦੀਵੀ ਵਿਛੋੜੇ ਤੇ ਸਭਾ ਵੱਲੋਂ ਸ਼ੋਕ ਮਤਾ ਪਾਇਆ ਗਿਆ।ਰਚਨਾਵਾਂ ਦੇ ਦੌਰ ਵਿੱਚ ਉੱਘੇ ਗਜ਼ਲਗੋ ਸਰਦਾਰ ਪੰਛੀ, ਅਮਰਜੀਤ ਕੌਰ ਮੋਰਿੰਡਾ, ਜੋਰਾਵਰ ਪੰਛੀ, ਮੀਤ ਪਾਣੀਪਤ, ਬਲਵੰਤ ਸਿੰਘ ਵਿਰਕ ਤੇ ਗੁਰਸੇਵਕ ਸਿੰਘ ਢਿੱਲੋਂ ਨੇ ਗ਼ਜ਼ਲ, ਬੁੱਧ ਸਿੰਘ ਨੀਲੋਂ ਨੇ ਸਾਹਿਤ ਦੇ ਪਟਵਾਰੀ (ਵਿਅੰਗ), ਇੰਦਰਜੀਤ ਕੌਰ ਲੋਟੇ, ਮਨਜੀਤ ਸਿੰਘ ਰਾਹੀ ਤੇ ਜਗਦੇਵ ਸਿੰਘ ਮਕਸੂਦੜਾ ਨੇ ਕਵਿਤਾ, ਗੀਤਕਾਰ ਪੱਪੂ ਬਲਵੀਰ, ਹਰਬੰਸ ਸਿੰਘ ਰਾਏ, ਜਸਵੀਰ ਸਿੰਘ ਝੱਜ ਤੇ ਜਗਵੀਰ ਸਿੰਘ ਵਿੱਕੀ ਨੇ ਗੀਤ ਪੇਸ਼ ਕੀਤੇ। ਪੜ੍ਹੀਆਂ ਸੁਣੀਆਂ ਰਚਨਾਵਾਂ ਤੇ ਗੁਰਸੇਵਕ ਸਿੰਘ ਢਿੱਲੋਂ, ਬੁੱਧ ਸਿੰਘ ਨੀਲੋਂ, ਜਸਵੀਰ ਸਿੰਘ ਝੱਜ ਤੇ ਹਾਜ਼ਰ ਸਮੂਹ ਲੇਖਕਾਂ ਵੱਲੋਂ, ਗੰਭੀਰ ਚਿੰਤਨ, ਮਿਆਰੀ ਤੇ ਪ੍ਰਭਾਵਸ਼ਾਲੀ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਦੀ ਕਾਰਵਾਈ ਸਭਾ ਦੇ ਜਨਰਲ ਸਕੱਤਰ ਜਗਵੀਰ ਸਿੰਘ ਵਿੱਕੀ ਨੇ ਬਹੁਤ ਖ਼ੂਬਸੂਰਤ ਅੰਦਾਜ਼ ਵਿੱਚ ਚਲਾਈ।ਗੁਰਸੇਵਕ ਸਿੰਘ ਢਿੱਲੋਂ ਨੇ ਦੂਰੋਂ ਨੇੜਿਓ ਆਏ ਹੋਏ ਸ਼ਾਇਰਾਂ ਦਾ ਧੰਨਵਾਦ ਕੀਤਾ।

## ਲੱਧੂਵਾਲਾ ਹਿਠਾੜ 'ਚ ਕ੍ਰਿਕਟ ਕੱਪ ਕਰਾਇਆ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ/ਬਲਵਿੰਦਰ ਸਿੰਘ)**-ਪਿੰਡ ਲੱਧੂ ਵਾਲਾ ਹਿਠਾੜ ਵਿਖੇ ਕਰਾਏ ਗਏ ਸ਼ਾਨਦਾਰ ਨਿਰੋਲ ਕ੍ਰਿਕਟ ਕੱਪ ਵਿੱਚ ਸਾਬਕਾ ਵਿਧਾਇਕ ਰਮਿੰਦਰ ਆਵਲਾ ਦੇ ਬੇਟੇ ਜਤਿਨ ਆਂਵਲਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਦਿਆਂ ਹੌਸਲਾ ਅਫ਼ਜ਼ਾਈ ਕੀਤੀ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਜਤਿਨ ਆਂਵਲਾ ਵੱਲੋਂ ਕ੍ਰਿਕਟ ਕੱਪ ਦੀ ਪ੍ਰਬੰਧਕ ਕਮੇਟੀ ਨੂੰ 11 ਹਜਾਰ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਵਰਕ ਅਤੇ ਸਕਾਰਾਤਮਕ ਸੋਚ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਕ੍ਰਿਕਟ ਕੱਪ ਦੇ ਸਫ਼ਲ ਆਯੋਜਨ ਲਈ ਸਮੂਹ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਅਜਿਹੇ ਖੇਡ ਸਮਾਗਮ ਕਰਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਗੁਰਜੀਤ ਤੂਤ ਦੇ ਪਰਵਾਰ ਨੂੰ ਮਿਲੇ ਮੁੱਖ ਮੰਤਰੀ, ਪਤਨੀ ਨੂੰ ਸਰਕਾਰੀ ਨੌਕਰੀ ਤੇ ਯਾਦ 'ਚ ਸਟੇਡੀਅਮ ਬਣਾਉਣ ਦਾ ਐਲਾਨ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪਿੰਡ ਤੂਤ ਦੇ ਕੌਮਾਂਤਰੀ ਕਬੱਡੀ ਖਿਡਾਰੀ ਗੁਰਜੀਤ ਸਿੰਘ ਤੂਤ ਬੀਤੇ ਦਿਨੀਂ ਜ਼ਿੰਦਗੀ ਦੀ ਜੰਗ ਹਾਰ ਗਿਆ ਸੀ।ਮੁੱਖ ਮੰਤਰੀ ਭਗਵੰਤ ਮਾਨ ਨੇ ਵਿਸ਼ੇਸ਼ ਤੌਰ 'ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹੋਣਹਾਰ ਕਬੱਡੀ ਖਿਡਾਰੀ ਗੁਰਜੀਤ ਸਿੰਘ ਤੂਤ ਦੇ ਬੇਵਕਤੀ ਵਿਛੋੜੇ ਦਾ ਦੁੱਖ ਸ਼ਬਦਾਂ ਵਿੱਚ ਬਿਆਨ ਕਰਨਾ ਬਹੁਤ ਔਖਾ ਹੈ। ਦੁੱਖ ਦੀ ਇਸ ਘੜੀ ਵਿੱਚ ਉਨ੍ਹਾਂ ਪਰਵਾਰ ਨਾਲ ਹਮਦਰਦੀ ਪ੍ਰਗਟਾਈ ਤੇ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਗੁਰਜੀਤ ਦੀ ਖੇਡ ਤੇ ਯਾਦ ਨੂੰ ਸਦੀਵੀ ਬਣਾਉਣ ਲਈ ਫ਼ਿਰੋਜ਼ਪੁਰ ਦੇ ਪਿੰਡ ਤੂਤ ਵਿਖੇ ਇੱਕ ਸ਼ਾਨਦਾਰ ਖੇਡ ਸਟੇਡੀਅਮ ਬਣਾਇਆ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦੀ ਪਤਨੀ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ।

## 2.59 ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਹਾਈ ਪਾਵਰ ਕਮੇਟੀ ਬਣਾਈ

### ਹਾਈ ਪਾਵਰ ਕਮੇਟੀ ਦੀ ਜਥੇਬੰਦੀ ਦੇ ਆਗੂਆਂ ਨਾਲ ਮੀਟਿੰਗ ਅੱਜ

**ਧੂਰੀ (ਸੁਖਦੇਵ ਧੂਰੀ)**-ਪੰਜਾਬ ਪੈਨਸ਼ਨਰ ਜਾਇੰਟ ਫਰੰਟ ਦੇ ਇੱਕ ਵਫਦ ਦੀ ਮੀਟਿੰਗ ਕੈਬਨਟ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਦੇ ਦਫਤਰ ਸਿਵਲ ਸਕੱਤਰੇਤ ਪੰਜਾਬ ਚੰਡੀਗੜ੍ਹ ਵਿਖੇ ਹੋਈ।ਵਫਦ ਵੱਲੋਂ 12 ਅਗਸਤ 2026 ਦੀ ਮੀਟਿੰਗ ਵਿੱਚ, ਜੋ ਪੱਤਰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਦਿੱਤਾ ਗਿਆ ਸੀ, ਉਸ 'ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ।ਵਫਦ ਵੱਲੋਂ ਮੰਗ ਪੱਤਰ ਦੇ ਪਹਿਲੇ ਹੀ ਪੁਆਇੰਟ 2.59 ਦੇ ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਵਿੱਤ ਮੰਤਰੀ ਸਾਹਿਬ ਨੂੰ ਕਿਹਾ ਗਿਆ ਤਾਂ ਉਨ੍ਹਾਂ ਦੱਸਿਆ ਕਿ 2.59 ਦੇ ਗੁਣਾਂਕ ਨੂੰ ਲਾਗੂ ਕਰਨ ਲਈ ਪਹਿਲਾਂ ਹੀ ਇੱਕ ਹਾਈ ਪਾਵਰ ਕਮੇਟੀ ਦਾ ਗਠਨ ਕੀਤਾ ਜਾ ਚੁੱਕਾ ਹੈ, ਜਿਸ ਵਿੱਚ ਸ੍ਰੀ ਅਲੋਕ ਸ਼ੇਖਰ ਆਈਏਐੱਸ ਇਸ ਕਮੇਟੀ ਦੇ ਮੁਖੀ ਹੋਣਗੇ ਤੇ ਅਰਵਿੰਦ ਕੁਮਾਰ ਆਈਏਐੱਸ, ਐੱਮ ਕੇ ਸ਼ੌਕਤ ਅਹਿਮਦ ਪਰੇ ਸਪੈਸ਼ਲ ਸਕੱਤਰ, ਰਾਕੇਸ਼ ਕੁਮਾਰ ਆਈਏਐੱਸ, ਅਮਨਦੀਪ ਮਹਿਤਾ ਲਾ ਆਫਿਸਰ ਮੈਂਬਰ ਬਣਾਏ ਗਏ।ਇਸ ਕਮੇਟੀ ਦੀ ਮੀਟਿੰਗ 25 ਅਗਸਤ 2026 ਨੂੰ ਮਿੰਨੀ ਸਕੱਤਰੇਤ ਚੰਡੀਗੜ੍ਹ ਵਿਖੇ 11 ਵਜੇ ਨਿਸ਼ਚਿਤ ਕੀਤੀ ਗਈ ਹੈ, ਜਿਸ ਵਿੱਚ ਪੈਨਸ਼ਨਰਜ਼ ਜਾਇੰਟ ਫਰੰਟ ਦੇ ਆਗੂਆਂ ਨੂੰ ਵੀ ਸੱਦਾ ਦਿੱਤਾ ਗਿਆ ਹੈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ 2.59 ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਗੱਲਬਾਤ ਹੋਵੇਗੀ।ਇਸ ਵਫਦ ਵਿੱਚ ਸ੍ਰੀ ਕਰਮ ਸਿੰਘ ਧਨੋਆ ਕਨਵੀਨਰ, ਅਵਿਨਾਸ਼ ਸ਼ਰਮਾ ਕਨਵੀਨਰ, ਸੁਖਵਿੰਦਰ ਸਿੰਘ ਕਨਵੀਨਰ, ਬਲਵੀਰ ਸਿੰਘ ਸੈਣੀ, ਗੁਰਦੀਪ ਸਿੰਘ ਵਾਲੀਆ, ਗੁਰਮੀਤ ਸਿੰਘ, ਰਾਕੇਸ਼ ਕੁਮਾਰ ਸ਼ਰਮਾ, ਦੇਵ ਰਾਜ ਤੇ ਨਾਹਰ ਸਿੰਘ ਆਦਿ ਸ਼ਾਮਲ ਹੋਏ।

# ਸਫਾ 1 ਦੇ ਬਾਕੀ...

### ਭਾਰਤੀ ਪ੍ਰਾਈਮ ਟਾਈਮ...

ਸਮਾਂ ਲੰਘਦਾ ਹੈ, ਪ੍ਰਾਈਮ ਟਾਈਮ ਸ਼ੋਅ ਓਨੇ ਹੀ ਝੱਲੇ ਹੁੰਦੇ ਜਾਂਦੇ ਹਨ। ਸ਼ਾਮ 6 ਵਜੇ ਸ਼ੋਅ 'ਤੇ ਅੱਠ ਲੋਕ ਬਹਿਸ ਕਰਦੇ ਹਨ। ਰਾਤ 10 ਵਜੇ 12 ਲੋਕ ਹੁੰਦੇ ਹਨ, ਜੋ ਸਾਰੇ ਇੱਕੋ ਸਮੇਂ ਗੱਲ ਕਰ ਰਹੇ ਹੁੰਦੇ ਹਨ ਅਤੇ ਤੁਸੀਂ ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਅਸਲ ਵਿੱਚ ਸੁਣ ਨਹੀਂ ਸਕਦੇ।"

ਗੋਰ ਨੇ ਕਿਹਾ ਕਿ ਉਹ ਸ਼ੁਰੂ ਵਿੱਚ ਮੰਨਦਾ ਸੀ ਕਿ ਅਮਰੀਕਾ ਵਿੱਚ ਗਲਤ ਜਾਣਕਾਰੀ ਪਰੋਸਣ ਦੀ ਗੰਭੀਰ ਸਮੱਸਿਆ ਹੈ, ਪਰ ਭਾਰਤੀ ਟੈਲੀਵਿਜ਼ਨ ਨੇ ਉਸ ਨੂੰ ਹੈਰਾਨ ਕਰ ਦਿੱਤਾ। ਇੱਥੇ ਰਿਪੋਰਟ ਕੀਤੀਆਂ ਜਾਣ ਵਾਲੀਆਂ ਕੁਝ ਚੀਜ਼ਾਂ ਬਿਲਕੁਲ ਵੀ ਨਿਸ਼ਾਨ ਦੇ ਨੇੜੇ ਨਹੀਂ ਹੁੰਦੀਆਂ।

ਰਾਜਦੂਤ ਗੋਰ ਨੇ ਫਰਾਂਸ ਵਿੱਚ 17 ਜੂਨ ਨੂੰ ਜੀ-7 ਸੰਮੇਲਨ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਮੁਲਾਕਾਤ ਦੇ ਪਰਦੇ ਪਿੱਛੇ ਦੀਆਂ ਗੱਲਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਬਿਨਾਂ ਕਿਸੇ ਸਵਾਲ ਦੇ ਮੀਡੀਆ ਦੀ ਪਹੁੰਚ ਦੀ ਮੰਗ ਕੀਤੀ ਸੀ। ਗੋਰ ਨੇ ਕਿਹਾ ਕਿ ਮੁਲਾਕਾਤ ਤੋਂ ਪਹਿਲਾਂ ਇਸ ਬਾਰੇ ਟਰੰਪ ਨਾਲ ਬੇਨਤੀ ਸਾਂਝੀ ਕੀਤੀ ਗਈ ਸੀ, ਜਿਸ 'ਤੇ ਉਨ੍ਹਾ ਨੇ ਕਿਹਾ ਸੀ 'ਜ਼ਰੂਰ, ਕੋਈ ਸਮੱਸਿਆ ਨਹੀਂ', ਪਰ ਮੋਦੀ ਅਤੇ ਟਰੰਪ ਦੀ ਸ਼ੁਰੂਆਤੀ ਮੀਡੀਆ ਬ੍ਰੀਫਿੰਗ ਖਤਮ ਹੋਣ ਤੋਂ ਤੁਰੰਤ ਬਾਅਦ ਯੋਜਨਾ ਬਦਲ ਗਈ, ਜਦੋਂ ਅਮਰੀਕੀ ਰਾਸ਼ਟਰਪਤੀ ਕੈਮਰਿਆਂ ਵੱਲ ਮੁੜੇ ਅਤੇ ਪੁੱਛਿਆ : ਕੋਈ ਸਵਾਲ ? ਅਤੇ ਇਸ ਨੇ ਸਭ ਕੁਝ ਖੋਲ੍ਹ ਦਿੱਤਾ ਤੇ ਗੱਲਬਾਤ ਆਖਰਕਾਰ 45 ਮਿੰਟ ਦੇ ਪ੍ਰੈੱਸ ਸੈਸ਼ਨ ਤੱਕ ਫੈਲ ਗਈ। ਗੋਰ ਨੇ ਯਾਦ ਕਰਦਿਆਂ ਕਿਹਾ ਕਿ ਟਰੰਪ ਨੇ ਉਸ ਨੂੰ ਪੁੱਛਿਆ ਸੀ ਕਿ ਭਾਰਤੀ ਪੱਖ ਮੀਟਿੰਗ ਦੌਰਾਨ ਕੀ ਉਠਾ ਸਕਦਾ ਹੈ ਅਤੇ ਕੀ ਉਨ੍ਹਾਂ ਕੋਲ ਕੋਈ ਖਾਸ ਬੇਨਤੀਆਂ ਹਨ। ਗੋਰ ਨੇ ਕਿਹਾ ਕਿ ਉਸ ਨੇ ਟਰੰਪ ਨੂੰ ਦੱਸਿਆ ਕਿ ਵਿਦੇਸ਼ ਮੰਤਰਾਲਾ ਮੀਡੀਆ ਦੀ ਮੌਜੂਦਗੀ ਚਾਹੁੰਦਾ ਹੈ, ਪਰ ਕੋਈ ਸਵਾਲ ਨਾ ਕਰਨਾ ਪਸੰਦ ਕਰਦਾ ਹੈ। ਸੋਸ਼ਲ ਮੀਡੀਆ 'ਤੇ ਕਈ ਉਪਭੋਗਤਾਵਾਂ ਨੇ ਗੋਰ ਦੀਆਂ ਟਿੱਪਣੀਆਂ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਇੱਕ ਨੇ ਕਿਹਾ ਕਿ ਭਾਰਤੀ ਲੋਕਤੰਤਰ ਦਾ ਚੌਥਾ ਥੰਮ੍ਹ ਸਸਤਾ ਕੌਮਾਂਤਰੀ ਮਨੋਰੰਜਨ ਬਣ ਗਿਆ ਹੈ। ਇਸੇ ਦੌਰਾਨ ਸਰਕਾਰੀ ਸੂਤਰਾਂ ਨੇ ਸੋਮਵਾਰ ਕਿਹਾ ਕਿ ਨੇਤਾਵਾਂ ਦੇ ਜਨਤਕ ਰੂਪ ਵਿੱਚ ਪੇਸ਼ ਹੋਣ ਦੇ ਪ੍ਰਬੰਧਾਂ ਬਾਰੇ ਚਰਚਾ ਕਰਨਾ ਆਮ ਹੈ। ਗੋਰ ਦੇ ਬਿਆਨ ਦਾ ਜਵਾਬ ਦਿੰਦੇ ਹੋਏ ਸੂਤਰਾਂ ਨੇ ਕਿਹਾ ਕਿ ਅਜਿਹੇ ਸਲਾਹ-ਮਸ਼ਵਰੇ ਵੀ ਵੀ ਆਈ ਪੀ ਦੌਰਿਆਂ ਤੋਂ ਪਹਿਲਾਂ ਅਪਣਾਏ ਜਾਣ ਵਾਲੇ ਮਿਆਰੀ ਪ੍ਰੋਟੋਕੋਲ ਦਾ ਹਿੱਸਾ ਹਨ। ਸੂਤਰ ਨੇ ਦੱਸਿਆ ਕਿ ਟਰੰਪ ਨੂੰ ਮਿਲਣ ਵਾਲੇ ਵਿਦੇਸ਼ੀ ਵਫਦ ਉਨ੍ਹਾ ਦੇ ਅਣਕਿਆਸੇ ਵਿਹਾਰ ਪ੍ਰਤੀ ਸਾਵਧਾਨ ਰਹਿੰਦੇ ਹਨ। ਇਸ ਦੀ ਮਿਸਾਲ ਦੱਖਣੀ ਅਫਰੀਕਾ ਅਤੇ ਯੂਕਰੇਨ ਦੇ ਰਾਸ਼ਟਰਪਤੀਆਂ ਨਾਲ ਉਨ੍ਹਾ ਦਾ ਵਿਹਾਰ ਹੈ। ਇਸ ਤਰ੍ਹਾਂ ਭਾਰਤ ਵੱਲੋਂ ਸਾਵਧਾਨੀ ਵਾਲਾ ਰਵੱਈਆ ਅਪਣਾਇਆ ਗਿਆ ਸੀ।

### ਵਾਅਦਾ-ਖਿਲਾਫੀ ਤੋਂ ...

ਦਿੱਲੀ ਪੁਲਸ ਦੀਆਂ ਪੈਲੇਟ ਗੰਨਾਂ ਦੀਆਂ ਗੋਲੀਆਂ ਲੱਗੀਆਂ। ਪੀੜਤਾਂ ਵਿੱਚੋਂ ਇੱਕ ਵਿਕਾਸ ਦੇ ਸਰੀਰ ਵਿੱਚ ਅਜੇ ਵੀ 25-30 ਗੋਲੀਆਂ ਫਸੀਆਂ ਹੋਈਆਂ ਹਨ, ਜਿਸ ਨਾਲ ਇਨਫੈਕਸ਼ਨ ਦਾ ਖਤਰਾ ਹੈ ਅਤੇ ਸਫਦਰਜੰਗ ਹਸਪਤਾਲ ਨੇ ਉਸ ਨੂੰ ਜ਼ਖਮ ਆਪਣੇ ਆਪ ਠੀਕ ਹੋਣ ਦੀ ਗੱਲ ਕਹੀ ਹੈ। ਉਸ ਨੇ ਕਿਹਾ ਕਿ ਇਹ ਰਾਜ ਦੀ ਉਦਾਸੀਨਤਾ ਹੈ। ਪ੍ਰਦਰਸ਼ਨਕਾਰੀਆਂ ਵਿਰੁੱਧ ਪੈਲੇਟ ਗੰਨਾਂ ਦੀ ਵਰਤੋਂ ਇਸ ਤਰ੍ਹਾਂ ਕੀਤੀ ਗਈ, ਜਿਵੇਂ ਉਹ ਅਪਰਾਧੀ ਹੋਣ ਅਤੇ ਜ਼ਖਮੀਆਂ ਨੂੰ ਬਾਅਦ ਵਿੱਚ ਢੁਕਵੀਂ ਸਰਕਾਰੀ ਸਹਾਇਤਾ ਤੋਂ ਬਿਨਾਂ ਆਪਣੇ ਜ਼ਖਮਾਂ ਦਾ ਇਲਾਜ ਕਰਨ ਲਈ ਛੱਡ ਦਿੱਤਾ ਗਿਆ। ਦੀਪਕੇ ਨੇ ਜ਼ਖਮੀਆਂ ਦੀ ਮਦਦ ਕਰਨ ਲਈ ਤਿਆਰ ਡਾਕਟਰਾਂ ਨੂੰ ਅੱਗੇ ਆਉਣ ਦੀ ਅਪੀਲ ਵੀ ਕੀਤੀ ਹੈ।

### ਰੁਜ਼ਗਾਰ, ਖੇਤੀਬਾੜੀ ਤੇ ...

ਕੇਵਲ ਸਰਮਾਏਦਾਰੀ ਦੇ ਹੱਕ ਦੇ ਕਾਨੂੰਨ ਬਣਾਏ ਜਾ ਰਹੇ।ਲੋਕਤੰਤਰ ਤੇ ਧਰਮ ਨਿਰਪੱਖਤਾ ਨੂੰ ਬਚਾਉਣ ਲਈ ਦੇਸ਼ 'ਚ ਵੱਡੀ ਤਬਦੀਲੀ ਸਮੇਂ ਦੀ ਵੱਡੀ ਲੋੜ ਹੈ ।ਇਸ ਲਈ ਇੱਕ ਸਤੰਬਰ ਨੂੰ 'ਦਿੱਲੀ ਚੱਲੋ' ਦੇ ਨਾਅਰੇ ਹੇਠ 'ਬਦਲਾਅ ਜ਼ਰੂਰੀ ਹੈ' ਰੈਲੀ ਚ ਕਾਫ਼ਲੇ ਬੰਨ੍ਹ ਤੁਰੋ।ਸੀ ਪੀ ਆਈ ਐਮ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਕੁਰਬਾਨੀਆਂ ਪੰਜਾਬੀਆਂ ਨੇ ਕੀਤੀਆਂ, ਪ੍ਰੰਤੂ ਅੱਜ ਫਾਸ਼ੀਵਾਦੀ ਤਾਕਤਾਂ, ਜੋ ਅੰਗਰੇਜ਼ ਹਕੂਮਤ ਦੀ ਦਲਾਲੀ ਕਰਨ 'ਤੇ ਤਨਖਾਹਾਂ ਲੈਂਦੀਆਂ ਰਹੀਆਂ, ਅੱਜ ਇਮਾਨਦਾਰੀ ਦੇ ਸਰਟੀਫਿਕੇਟ ਵੰਡ ਰਹੀਆਂ ਹਨ।ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ ਨੇ ਇੱਕ ਸਤੰਬਰ ਦੀ 'ਦਿੱਲੀ ਚੱਲੋ ਬਦਲਾਅ ਜ਼ਰੂਰੀ ਹੈ' ਰੈਲੀ ਚ ਘੱਟੋ-ਘੱਟ ਇੱਕ ਹਜ਼ਾਰ ਸਾਥੀਆਂ ਨੂੰ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ । ਇਸ ਮੌਕੇ ਹਾਜ਼ਰ ਸਾਥੀਆਂ ਨੇ ਜੋਗਾ ਤੋਂ ਵੱਡੇ ਕਾਫਲੇ ਨਾਲ ਸ਼ਾਮਲ ਹੋਣ ਦਾ ਵਿਸ਼ਵਾਸ ਵੀ ਦਿਵਾਇਆ। ਉੱਘੇ ਕਾਂਗਰਸੀ ਆਗੂਆਂ ਬਲਕੌਰ ਸਿੰਘ ਸਿੱਧੂ ਮੂਸੇਵਾਲਾ, ਅਮਨ ਸਿੰਗਲਾ ਢੈਪਈ, ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ, ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਸਵਰਨਜੀਤ ਸਿੰਘ ਦਲਿਓ, ਕਹਾਣੀਕਾਰ ਦਰਸ਼ਨ ਜੋਗਾ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ।ਉੱਘੇ ਰੰਗਕਰਮੀ ਮੇਘ ਰਾਜ ਰੱਲਾ ਦੀ ਨਾਟਕ ਟੀਮ ਵੱਲੋਂ ਜੋਗਾ ਦੀ ਸੰਘਰਸ਼ਮਈ ਜ਼ਿੰਦਗੀ 'ਤੇ ਅਧਾਰਤ ਨਾਟਕ ਤੇ ਕੋਰਿਓਗ੍ਰਾਫੀਆਂ ਵੀ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਕਰਨੈਲ ਸਿੰਘ ਭੀਖੀ ਜ਼ਿਲ੍ਹਾ ਆਗੂ ਏਟਕ, ਸੁਖਦੇਵ ਰਿਖੀ, ਮਲਕੀਤ ਸਿੰਘ ਜੋਗਾ, ਹਰਵਿੰਦਰ ਭਾਰਦਵਾਜ, ਸਾਬਕਾ ਸਰਪੰਚ ਚਰਨਜੀਤ ਮਾਖਾ, ਐਡਵੋਕੇਟ ਸੰਪੂਰਨ ਸਿੰਘ ਛਾਜਲੀ, ਹਰਦੇਵ ਸਿੰਘ ਬਖ਼ਸ਼ੀਵਾਲਾ, ਬੀਰਇੰਦਰ ਧਾਲੀਵਾਲ, ਡਾ. ਮਨਜੀਤ ਰਾਣਾ, ਮੌਜੂਦਾ ਤੇ ਸਾਬਕਾ ਨਗਰ ਕੌਂਸਲਰਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਨਿਵਾਸੀ, ਆਮ ਲੋਕ ਅਤੇ ਆਗੂ ਵੀ ਹਾਜ਼ਰ ਸਨ।

### ... ਜਦੋਂ ਗੋਰ ਨੇ..

ਵਿੱਚ ਸੀ ਜੇ ਪੀ ਦੇ 'ਡੀਪ ਸਟੇਟ ਅਮਰੀਕਾ' ਨਾਲ ਸੰਬੰਧਾਂ ਦਾ ਦੋਸ਼ ਲਗਾਇਆ ਗਿਆ ਸੀ। ਦਾਸ ਨੇ ਦਾਅਵਾ ਕੀਤਾ ਕਿ ਸ਼ੋਅ ਅਤੇ ਇਸ ਦੀਆਂ ਕਲਿੱਪਾਂ ਅਗਲੀ ਸਵੇਰ ਤੱਕ ਮਿਟਾ ਦਿੱਤੀਆਂ ਗਈਆਂ ਸਨ। ਦਾਸ ਨੇ ਸਰਕਾਰ ਨੂੰ ਸਪੱਸ਼ਟ ਕਰਨ ਲਈ ਕਿਹਾ ਹੈ ਕਿ ਕੀ ਕਥਿਤ ਕਾਲ ਹੋਈ ਸੀ ਅਤੇ, ਜੇ ਅਜਿਹਾ ਹੈ, ਤਾਂ ਗੋਰ ਨੇ ਕਿਸ ਮੰਤਰੀ ਨਾਲ ਗੱਲ ਕੀਤੀ ਸੀ। ਦਾਸ ਨੇ ਗੋਸਵਾਮੀ ਨੂੰ ਵੀ ਇਹ ਚੁਣੌਤੀ ਦਿੱਤੀ ਹੈ ਕਿ ਉਹ ਇਸ ਗੱਲ ਦਾ ਜਵਾਬ ਦੇਵੇ ਕਿ ਕੀ ਉਸ ਨੂੰ 'ਅਮਰੀਕਾ ਵੱਲੋਂ ਕੰਟਰੋਲ' ਕੀਤਾ ਜਾ ਰਿਹਾ ਹੈ। ਦੇਸ਼ ਜਾਨਣਾ ਚਾਹੁੰਦਾ ਹੈ!

### ਦਿੱਲੀ ਰੈਲੀ ਲਈ...

ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋ ਰਹੀ ਹੈ. ਇਸੇ ਤਰ੍ਹਾਂ ਬਾਅਦ ਦੁਪਹਿਰ ਲੁਧਿਆਣਾ ਏਟਕ ਦੀ ਮੀਟਿੰਗ ਵੀ ਇਸ ਸੰਬੰਧ ਵਿੱਚ ਹੋ ਰਹੀ ਹੈ। ਮਜ਼ਦੂਰਾਂ ਤੇ ਲੋਕਾਂ ਨਾਲ ਮੀਟਿੰਗਾਂ ਵਿੱਚ ਉਨ੍ਹਾ ਤੋਂ ਇਲਾਵਾ ਕਾਮੇਸ਼ਵਰ ਯਾਦਵ, ਲੱਡੂ ਸ਼ਾਹ, ਸੁਖਵਿੰਦਰ ਸੁੱਖੀ, ਰਾਮ ਪ੍ਰਤਾਪ, ਡਾਕਟਰ ਵਿਨੋਦ, ਗੁੱਡੂ, ਅਲਮਾਸ ਅਤੇ ਜਗਮੋਹਨ ਸ਼ਰਮਾ ਹਾਜ਼ਰ ਸਨ। ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਬਦਲਾਅ ਰੈਲੀ ਸੰਬੰਧੀ ਬੈਨਰ ਅਤੇ ਫਲੈਕਸ ਹੋਰਡਿੰਗ ਲਗਾਈਆਂ ਗਈਆਂ ਹਨ।

### ਸੈਨੇਟ ਚੋਣਾਂ 'ਚ ...

ਤੇ ਮਾਸਟਰ ਤਜਿੰਦਰ ਕੁਮਾਰ ਹੋਣਗੇ। ਇਸ ਮੌਕੇ ਪਰਗਟ ਸਿੰਘ ਚਹਿਲ ਪ੍ਰਧਾਨ ਪੈਨਸ਼ਨਰਜ਼ ਐਸੋਸੀਏਸ਼ਨ ਵੈੱਲਫੇਅਰ ਬੁਢਲਾਡਾ, ਜਗਮੇਲ ਸਿੰਘ ਭੰਗੂ ਡੀ ਪੀ ਈ, ਵਿਸ਼ਾਲ ਬਾਂਸਲ ਸਾਇੰਸ ਮਾਸਟਰ, ਪਰਮਜੀਤ ਸੈਣੀ ਪੰਜਾਬੀ ਮਾਸਟਰ, ਮਾਸਟਰ ਲਾਭ ਸਿੰਘ, ਜਗਸੀਰ ਸਿੰਘ ਐੱਮ ਸੀ, ਤਜਿੰਦਰ ਕੁਮਾਰ ਮਾਸਟਰ, ਵੇਦ ਪਰਕਾਸ਼, ਰਘੂਨਾਥ ਨਾਥ ਸਿੰਗਲਾ, ਰਾਮ ਗੋਪਾਲ ਤੇ ਚਿਮਨ ਲਾਲ ਕਾਕਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਡਾ. ਦੀਪਕ ਪੁਰੀ 'ਮੋਸਟ ਇਨੋਵੇਟਿਵ ਕਾਰਡੀਓਵੈਸਕੁਲਰ ਤੇ ਥੋਰੈਸਿਕ ਸਰਜਨ ਆਫ਼ ਦਿ ਡੈਕੇਡ' ਐਵਾਰਡ ਨਾਲ ਸਨਮਾਨਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਕਾਰਡੀਓਮਰਸ਼ਨ ਦੇ ਸੰਸਥਾਪਕ ਅਤੇ ਗਲੋਬਲ ਚੇਅਰਮੈਨ ਡਾ. ਦੀਪਕ ਪੁਰੀ ਨੂੰ ਨਵੀਂ ਦਿੱਲੀ ਵਿਖੇ 'ਨੈਸ਼ਨਲ ਲੀਡਰਜ਼ ਸਮਿਟ ਐਂਡ ਐਵਾਰਡਜ਼ 2026' ਦੌਰਾਨ 'ਮੋਸਟ ਇਨੋਵੇਟਿਵ ਕਾਰਡੀਓਵੈਸਕੁਲਰ ਅਤੇ ਥੋਰੈਸਿਕ ਸਰਜਨ ਆਫ਼ ਦਿ ਡੈਕੇਡ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਮੱਧ ਪ੍ਰਦੇਸ਼ ਤੋਂ ਰਾਜ ਸਭਾ ਮੈਂਬਰ ਮਾਇਆ ਨਰੋਲੀਆ ਅਤੇ ਬਾਲੀਵੁੱਡ ਅਦਾਕਾਰਾ ਰਕੁਲ ਪ੍ਰੀਤ ਸਿੰਘ ਨੇ ਡਾ. ਪੁਰੀ ਨੂੰ ਇਹ ਪੁਰਸਕਾਰ ਭੇਂਟ ਕੀਤਾ। ਇਸ ਇਨਾਮ ਵੰਡ ਸਮਾਰੋਹ ਵਿੱਚ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਆ ਪਟੇਲ, ਗਾਇਕ, ਅਦਾਕਾਰ ਤੇ ਸਿਆਸੀ ਆਗੂ ਮਨੋਜ ਤਿਵਾਰੀ ਅਤੇ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਆਸ਼ੀਸ਼ ਸੂਦ ਸਮੇਤ ਕਈ ਨਾਮਵਰ ਮੁੱਖ ਮਹਿਮਾਨ ਮੌਜੂਦ ਸਨ। ਇਹ ਮਾਨਤਾ ਕਾਰਡੀਓਵੈਸਕੁਲਰ ਅਤੇ ਥੋਰੈਸਿਕ ਸਰਜਰੀ ਵਿੱਚ ਡਾ. ਪੁਰੀ ਦੇ ਤਿੰਨ ਦਹਾਕਿਆਂ ਦੇ ਯੋਗਦਾਨ ਅਤੇ ਵਿਸ਼ੇਸ਼ ਤੌਰ 'ਤੇ ਗੰਭੀਰ ਕਾਰਡੀਓਵੈਸਕੁਲਰ ਅਤੇ ਥੋਰੈਸਿਕ ਬਿਮਾਰੀਆਂ ਦੇ ਪ੍ਰਬੰਧਨ ਲਈ ਇੱਕ ਏਕੀਕ੍ਰਿਤ, ਵਿਆਪਕ ਅਤੇ ਕਿਫ਼ਾਇਤੀ ਦ੍ਰਿਸ਼ਟੀਕੋਣ ਨੂੰ ਉਤਸ਼ਾਹਿਤ ਕਰਨ ਲਈ 2011 ਵਿੱਚ 'ਕਾਰਡੀਓਮਰਸ਼ਨ' ਦੀ ਸ਼ੁਰੂਆਤ ਤੋਂ




ਬਾਅਦ ਕੀਤੇ ਗਏ ਇਨੋਵੇਟਿਵ ਕੰਮਾਂ ਲਈ ਦਿੱਤੀ ਗਈ ਹੈ। ਡਾ. ਪੁਰੀ ਨੇ ਕਿਹਾ ਕਿ ਗੰਭੀਰ ਕਾਰਡੀਓਵੈਸਕੁਲਰ ਅਤੇ ਥੋਰੈਸਿਕ ਬਿਮਾਰੀਆਂ ਤੋਂ ਪੀੜਤ ਕਈ ਮਰੀਜ਼ ਨਾ ਕੇਵਲ ਆਪਣੀ ਬਿਮਾਰੀ ਦੀ ਗੰਭੀਰਤਾ ਕਾਰਨ ਦੁੱਖ ਭੋਗਦੇ ਹਨ, ਸਗੋਂ ਇਸ ਲਈ ਵੀ ਭੋਗਦੇ ਹਨ ਕਿਉਂਕਿ ਇਲਾਜ ਅਕਸਰ ਇੱਕ-ਦੂਜੇ ਨਾਲ ਆਪਸੀ ਤਾਲਮੇਲ ਤੋਂ ਬਿਨਾਂ ਕਈ ਵਿਭਾਗਾਂ ਅਤੇ ਸੰਸਥਾਵਾਂ ਵਿੱਚ ਵੰਡਿਆ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਾਂਚਾਂ ਦੀ ਦੁਹਰਾਈ ਹੋ ਸਕਦੀ ਹੈ, ਫੈਸਲੇ ਮਰੀਜ਼-ਕੇਂਦਰਿਤ ਹੋਣ ਦੀ ਬਜਾਏ ਪ੍ਰਕਿਰਿਆ-ਸੰਚਾਲਿਤ ਹੋ ਸਕਦੇ ਹਨ, ਅਤੇ ਕਈ ਵਾਰ ਮਹਿੰਗੀਆਂ ਤਕਨਾਲੋਜੀਆਂ ਦੀ ਵਰਤੋਂ ਕੀਤੀ ਜਾ ਸਕਦੀ ਹੈ ਜਿੱਥੇ ਸਰਲ ਅਤੇ ਬਰਾਬਰ ਪ੍ਰਭਾਵਸ਼ਾਲੀ ਜਾਂ ਬਿਹਤਰ ਵਿਕਲਪ ਉਪਲਬਧ ਹੁੰਦੇ ਹਨ। ਡਾ. ਪੁਰੀ ਨੇ ਦੱਸਿਆ ਕਿ ਵਿਸ਼ਵਵਿਆਪੀ ਸਿਹਤ ਸੰਭਾਲ ਦਾ ਭਵਿੱਖ ਵਿਆਪਕ, ਏਕੀਕ੍ਰਿਤ ਅਤੇ ਲਾਗਤ-ਪ੍ਰਭਾਵਸ਼ਾਲੀ ਪ੍ਰਬੰਧਨ ਵਿੱਚ ਨਿਹਿਤ ਹੈ। ਇਨੋਵੇਸ਼ਨ ਨੂੰ ਕੇਵਲ ਇਲਾਜ ਨੂੰ ਤਕਨੀਕੀ ਤੌਰ 'ਤੇ ਵਧੇਰੇ ਜਟਿਲ ਨਹੀਂ ਬਣਾਉਣਾ ਚਾਹੀਦਾ; ਸਗੋਂ ਇਸ ਨੂੰ ਇਲਾਜ ਨੂੰ ਵਧੇਰੇ ਸੁਰੱਖਿਅਤ, ਵਧੇਰੇ ਪਹੁੰਚਯੋਗ, ਵਧੇਰੇ ਕਿਫ਼ਾਇਤੀ ਅਤੇ ਬਿਹਤਰ ਲੰਬੇ ਸਮੇਂ ਦੇ ਨਤੀਜੇ ਦੇਣ ਦੇ ਸਮਰੱਥ ਬਣਾਉਣਾ ਚਾਹੀਦਾ ਹੈ।

## ਆਪ 'ਚ ਸ਼ਾਮਿਲ ਹੋਏ ਭਾਜਪਾਈਆਂ ਨੂੰ ਸ਼ੈਰੀ ਕਲਸੀ ਨੇ ਕਿਹਾ 'ਜੀ ਆਇਆਂ ਨੂੰ'

**ਬਟਾਲਾ, (ਤਰਲੋਕ ਬੱਗਾ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਬਟਾਲਾ ਵਾਸੀਆਂ ਦੇ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਨੂੰ ਵੇਖਦਿਆਂ ਰਵਾਇਤੀ ਪਾਰਟੀਆਂ ਦੇ ਪਰਿਵਾਰ ਦਿਨੋ ਦਿਨ ਆਮ



ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ, ਜਿਸ ਦੇ ਚੱਲਦਿਆਂ ਕਈ ਪਰਿਵਾਰ ਭਾਜਪਾ ਨੂੰ ਅਲਵਿਦਾ ਕਹਿ ਕੇ ਆਪ ਵਿੱਚ ਸ਼ਾਮਿਲ ਹੋਏ, ਜਿਨ੍ਹਾਂ ਦਾ ਵਿਧਾਇਕ ਸ਼ੈਰੀ ਕਲਸੀ ਨੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਜੀ ਆਇਆ ਨੂੰ ਕਿਹਾ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਆਪਣੇ ਮਹਿਜ਼ ਸਾਢੇ 4 ਸਾਲ ਦੇ ਕਾਰਜਕਾਲ ਦੌਰਾਨ ਹਰੇਕ ਵਰਗ ਦੀ ਭਲਾਈ ਲਈ ਵਿਸ਼ੇਸ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਮਿਥੇ ਸਮੇਂ ਤੋਂ ਪਹਿਲਾਂ ਪੂਰਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ, ਸਿੱਖਿਆ, ਸਿਹਤ, ਬਿਜਲੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਲੋਕ ਹਿੱਤ ਲਈ ਵੱਡੇ ਕਾਰਜ ਕੀਤੇ ਹਨ ਅਤੇ ਲੋਕਹਿੱਤ ਲਈ ਕਾਰਜ ਹੋਰ ਤੇਜ਼ੀ ਨਾਲ ਕੀਤੇ ਜਾ ਰਹੇ ਹਨ।ਉਨ੍ਹਾਂ ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਹਲਕੇ ਨੂੰ ਵਿਕਾਸ ਪੱਖੋ ਨਮੂਨੇ ਦਾ ਹਲਕਾ ਬਣਾਇਆ ਜਾ ਰਿਹਾ ਹੈ ਅਤੇ ਕੀਤੇ ਵਿਕਾਸ ਕਾਰਜ ਨਜ਼ਰ ਆ ਰਹੇ ਹਨ।ਉਨ੍ਹਾਂ ਕਿਹਾ ਕਿ ਵੱਖ-ਵੱਖ ਵਿਭਾਗਾਂ ਤੇ ਕਾਰਪੋਰੇਸ਼ਨ ਬਟਾਲਾ ਵਲੋਂ ਸ਼ਹਿਰ ਵਿੱਚ ਵਿਕਾਸ ਕੰਮ ਕਰਵਾਏ ਜਾ ਰਹੇ ਹਨ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਸੁੰਦਰੀਕਰਨ ਲਈ ਵਿਸ਼ੇਸ਼ ਯਤਨ ਜਾਰੀ ਹਨ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਨੇ ਆਪ ਪਾਰਟੀ ਨਾਲ ਜੁੜਨ ਦਾ ਫੈਸਲਾ ਕੀਤਾ ਹੈ।

## 'ਆਪ' ਨੂੰ ਛੱਡ ਕੇ ਕਈ ਪਰਿਵਾਰਾਂ ਵੱਲੋਂ ਕਾਂਗਰਸ 'ਚ ਸ਼ਮੂਲੀਅਤ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪਿੰਡ ਖਾਨਵਾਲ ਤੋਂ ਤਾਰਾ ਸਿੰਘ ਖਾਨਵਾਲ ਦੀ ਅਗਵਾਈ ਵਿੱਚ ਕਈ ਪਰਿਵਾਰਾਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖਦਿਆਂ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਹਲਕਾ ਅਜਨਾਲਾ ਤੋਂ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਦੀ ਅਗਵਾਈ ਵਿੱਚ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਕਾਂਗਰਸ ਪਾਰਟੀ ਵਿੱਚ ਸਵਾਗਤ ਕੀਤਾ ਗਿਆ।ਸੁਖਜਿੰਦਰ ਸਿੰਘ ਔਜਲਾ ਨੇ ਕਿਹਾ ਕਿ ਕਾਂਗਰਸ ਦੀਆਂ ਲੋਕ ਪੱਖੀ ਨੀਤੀਆਂ ਅਤੇ ਪਾਰਟੀ ਦੀ ਮਜ਼ਬੂਤ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਕਾਂਗਰਸ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡ ਖਾਨਵਾਲ ਦੇ ਸਰਦਾਰ ਤਾਰਾ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣਾ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਦਾ ਸੰਕੇਤ ਹੈ।ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਹਰ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ।ਔਜਲਾ ਨੇ ਇਸ ਮੌਕੇ ਪਿੰਡ ਵਾਸੀਆਂ ਵੱਲੋਂ ਦਿੱਤੇ ਪਿਆਰ, ਸਤਿਕਾਰ ਅਤੇ ਮਾਣ-ਸਨਮਾਨ ਲਈ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਭਰੋਸਾ ਕਾਂਗਰਸ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਲੋਕਾਂ ਨਾਲ ਮਿਲ ਕੇ ਇਲਾਕੇ ਦੇ ਵਿਕਾਸ ਅਤੇ ਲੋਕ ਹਿੱਤ ਦੇ ਮੁੱਦਿਆਂ ਲਈ



ਲਗਾਤਾਰ ਆਵਾਜ਼ ਬੁਲੰਦ ਕੀਤੀ ਜਾਵੇਗੀ।ਇਸ ਮੌਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਭਾਗ ਸਿੰਘ ਪ੍ਰਧਾਨ, ਮੰਗਾ ਸਿੰਘ, ਕੰਵਲ ਸਿੰਘ, ਰਾਜੂ ਸਿੰਘ, ਲੱਭਾ ਸਿੰਘ, ਛਿੰਦਰ ਸਿੰਘ, ਜੱਸਾ ਸਿੰਘ, ਬੱਗਾ ਸਿੰਘ, ਮਹਿੰਦਰ ਸਿੰਘ, ਸੁਖਵਾਜ ਸਿੰਘ, ਨਿਸ਼ਾਨ ਸਿੰਘ, ਸੁਖਦੇਵ ਸਿੰਘ, ਕੁਲਵੰਤ ਸਿੰਘ, ਜੱਸਾ ਸਿੰਘ, ਰੂਪ ਸਿੰਘ, ਬਿੱਲਾ, ਫੁੰਮਣ ਸਿੰਘ, ਮਹਿੰਗਾ ਸਿੰਘ ਅਤੇ ਹੋਰ ਮੌਜੂਦ ਸਨ।

## ਮੇਅਰ ਬਾਜਵਾ ਨੇ ਗੁ. ਸ੍ਰੀ ਕੰਧ ਸਾਹਿਬ ਨੂੰ ਜਾਣ ਵਾਲੀਆਂ ਗਲੀਆਂ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਵੱਲੋਂ ਗੁਰਦੁਆਰਾ ਸ੍ਰੀ ਕੰਧ ਸਾਹਿਬ ਨੂੰ ਜਾਣ ਵਾਲੀਆਂ ਸਾਰੀਆਂ ਗਲੀਆਂ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਚੇਅਰਮੈਨ ਜਗਜੀਤ ਸਿੰਘ ਅਤੇ ਸੀਨੀਅਰ ਆਗੂ ਪ੍ਰਦੀਪ ਕੁਮਾਰ ਆਦਿ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ



ਵਿੱਚ ਵਿਆਹ ਪੁਰਬ ਸਮਾਗਮਾਂ ਨੂੰ ਲੈ ਕੇ ਸਮੂਹ ਵਿਭਾਗਾਂ ਨੂੰ ਬਟਾਲਾ ਸ਼ਹਿਰ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਲਈ ਹਦਾਇਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਉਨ੍ਹਾਂ ਵੱਲੋਂ ਆਪਣੀ ਟੀਮ ਨਾਲ ਗੁਰਦੁਆਰਾ ਸ੍ਰੀ ਕੰਧ ਸਾਹਿਬ ਨੂੰ ਜਾਣ ਵਾਲੀਆਂ ਸਾਰੀਆਂ ਗਲੀਆਂ ਦੇ ਵਿਕਾਸ ਜਾਇਜ਼ਾ ਲਿਆ ਗਿਆ ਹੈ, ਤਾਂ ਜੋ ਵਿਆਹ ਪੁਰਬ ਸਮਾਗਮਾਂ ਤੋਂ ਪਹਿਲਾਂ ਪਹਿਲਾਂ ਵਿਕਾਸ ਕੰਮ ਮੁਕੰਮਲ ਕੀਤੇ ਜਾ ਸਕਣ।ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਕਾਰਪੋਰੇਸ਼ਨ ਵੱਲੋਂ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਕੰਮ ਕਰਵਾਏ ਜਾਣਗੇ ਤਾਂ ਜੋ ਦੇਸ਼ ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

## ਕੋਟਲਾ ਭਰਾਵਾਂ ਵੱਲੋਂ ਨਵਾਬਪੁਰਾ ਤੇ ਜਲਾਲ 'ਚ ਮੀਟਿੰਗਾਂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ ਕੀਤੀ ਜਾ ਰਹੀ ਸਿਆਸੀ ਕਾਨਫਰੰਸ ਨੂੰ ਕਾਮਯਾਬ ਕਰਨ ਲਈ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਕੋਟਲਾ ਵੱਲੋਂ ਹਲਕੇ ਦੇ ਪਿੰਡ ਕੋਹਾਟਵਿੰਡ, ਨਵਾਬਪੁਰਾ ਦੇ ਸੁਖਚੈਨ ਸਿੰਘ ਦੇ ਅਤੇ ਜਲਾਲ ਵਿਚ ਗਿਆਨ ਸਿੰਘ ਦੇ ਗ੍ਰਹਿ ਵਿਖੇ ਪ੍ਰਭਾਵਸ਼ਾਲੀ ਮੀਟਿੰਗਾਂ ਨੂੰ ਸੰਬੋਧਨ ਕੀਤਾ ਗਿਆ। ਇਨ੍ਹਾਂ ਮੀਟਿੰਗਾਂ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੇ ਸਕੱਤਰ ਜਤਿੰਦਰ ਸਿੰਘ ਮਹਿਤਾ ਅਤੇ ਜੁਗਰਾਜ ਸਿੰਘ ਉਦੋ ਨੰਗਲ ਜਿਲਾ ਯੂਥ ਪ੍ਰਧਾਨ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਮੀਟਿੰਗਾਂ ਦੌਰਾਨ ਰਵੱਡੀ ਗਿਣਤੀ ਵਿੱਚ ਸ਼ਾਮਿਲ ਆਗੂਆਂ ਨੇ ਕੋਟਲਾ ਭਰਾਵਾਂ ਨੂੰ ਭਰਾਵਾਂ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਉਹ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਲੈ ਕੇ ਬਾਬਾ ਬਕਾਲਾ ਸਾਹਿਬ ਦੀ ਕਾਨਫਰੰਸ ਵਿੱਚ ਪਹੁੰਚਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਮਹਿਤਾ ਸਕੱਤਰ ਅਕਾਲੀ ਦਲ ਵਾਰਸ ਪੰਜਾਬ, ਜ਼ਿਲ੍ਹਾ ਯੂਥ ਪ੍ਰਧਾਨ ਜੁਗਰਾਜ ਸਿੰਘ ਉਦੋ ਨੰਗਲ, ਦਲਜੀਤ ਸਿੰਘ ਕੋਹਾਟਵਿੰਡ, ਬਲਜਿੰਦਰ ਸਿੰਘ ਕੁਹਾਟਵਿੰਡ, ਜਰਨੈਲ ਸਿੰਘ ਕੋਹਾਟਵਿੰਡ,



ਸੁਖਜਿੰਦਰ ਸਿੰਘ ਠਾਣੇਦਾਰ, ਦਲਜੀਤ ਸਿੰਘ, ਨਿੰਦਰ ਸਿੰਘ ਕੁਹਾਟਵਿੰਡ, ਅੰਮ੍ਰਿਤਪਾਲ ਸਿੰਘ, ਮੇਜਰ ਸਿੰਘ, ਜਰਨੈਲ ਸਿੰਘ ਨੰਗਲੀ, ਸਰਕਲ ਪ੍ਰਧਾਨ ਸਕੱਤਰ ਸਿੰਘ ਉਸਮਾ, ਜਰਮਨਜੀਤ ਸਿੰਘ ਜਲਾਲ, ਜਸਵਿੰਦਰ ਸਿੰਘ, ਜੋਗਾ ਸਿੰਘ, ਗੁਰਮੀਤ ਸਿੰਘ, ਇਕਬਾਲ ਸਿੰਘ ਉਸਮਾ, ਗੁਰਜੀਤ ਸਿੰਘ ਮੋੜ, ਗੁਰਨਾਮ ਸਿੰਘ ਰਸੂਲਪੁਰ, ਅਮਰੀਕ ਸਿੰਘ ਮਹਿਸਮਪੁਰ, ਸੋਢੀ ਮਹਿਸਮਪੁਰ, ਸਾਹਿਬ ਸਿੰਘ ਮਹਿਸਮਪੁਰ, ਮਨਧੀਰ ਸਿੰਘ ਰਸੂਲਪੁਰ, ਧਿਆਨ ਸਿੰਘ ਛੀਨਾ, ਬਾਬਾ ਅਵਤਾਰ ਸਿੰਘ ਛੀਨਾ ਅਤੇ ਹੋਰ ਆਗੂ ਵੀ ਹਾਜ਼ਰ ਸਨ ।

## ਸਕੂਲਾਂ ਤੇ ਨਰਸਰੀਆਂ 'ਚ ਜਾ ਕੇ ਡੇਂਗੂ ਦੇ ਲਾਰਵੇ ਸਬੰਧੀ ਕੀਤੀ ਜਾਂਚ

**ਬਟਾਲਾ (ਤਰਲੋਕ ਬੱਗਾ)**-ਬਟਾਲਾ ਅਰਬਨ ਵਿਖੇ ਡੇਂਗੂ ਦੇ ਕੇਸ ਜ਼ਿਆਦਾ ਆਉਣ ਕਰਕੇ ਡਾ. ਨਰੇਸ਼ ਪ੍ਰਭਾਕਰ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾਕਟਰ ਮਨਿੰਦਰਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ [illegible]



[illegible]

## ਐੱਸ ਐੱਸ ਪੀ ਵੱਲੋਂ ਮਜੀਠਾ ਦੇ ਦੁਕਾਨਦਾਰਾਂ ਨਾਲ ਮੀਟਿੰਗ

### ਨੌਜਵਾਨਾਂ ਨੂੰ ਬਚਾਉਣ ਤੇ ਸੋਸ਼ਲ ਮੀਡੀਆ ਦੀ ਦੁਰਵਰਤੋਂ ਨੂੰ ਰੋਕਣ 'ਤੇ ਦਿੱਤਾ ਜ਼ੋਰ

**ਮਜੀਠਾ (ਸੋਹਿਮ ਆਨੰਦ)**-ਕਸਬਾ ਮਜੀਠਾ ਦੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਭੈੜੀ ਸੰਗਤ ਤੋਂ ਬਚਾਉਣ ਲਈ ਪੁਲਸ ਪ੍ਰਸ਼ਾਸਨ ਵੱਲੋਂ ਇੱਕ ਅਹਿਮ ਕਦਮ ਚੁੱਕਿਆ ਗਿਆ।ਪੁਲਸ [illegible]



[illegible] ਪੋਸਟਾਂ ਨੂੰ ਦੇਖ ਕੇ ਗੁੰਮਰਾਹ ਹੋ ਰਹੇ ਹਨ।ਇੰਸਟਾਗ੍ਰਾਮ, ਫੇਸਬੁੱਕ ਅਤੇ ਵਟਸਐਪ ਵਰਗੇ ਪਲੇਟਫਾਰਮਾਂ ਤੇ ਗਲਤ ਕੰਟੈਂਟ ਸ਼ੇਅਰ ਕਰਨਾ, ਫਰਜ਼ੀ ਪ੍ਰੋਫਾਈਲ ਬਣਾਉਣਾ ਅਤੇ ਧਮਕੀਆਂ ਭਰੇ [illegible]

## ਵਧ ਰਹੀ ਮਹਿੰਗਾਈ ਨੇ ਗ੍ਰਹਿਣੀਆਂ ਦੀ ਰਸੋਈ ਦਾ ਬਜਟ ਵਿਗਾੜਿਆ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਅੰਦਰ ਦਿਨੋਂ-ਦਿਨ ਵਧ ਰਹੀ ਮਹਿੰਗਾਈ ਨੇ ਹਰ ਵਿਅਕਤੀ ਦਾ ਬਜਟ ਖ਼ਰਾਬ ਕਰਕੇ ਰੱਖ ਦਿੱਤਾ ਹੈ ਅਤੇ ਹਰ ਚੀਜ਼ ਦੇ ਭਾਅ ਅਸਮਾਨੀ ਚੜ੍ਹ ਜਾਣ ਨਾਲ ਲੋਕ ਸਰਕਾਰਾਂ ਨੂੰ ਕੋਸ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨਿਰਮਲ ਕੌਰ, ਅਨੀਤਾ ਦੇਵੀ, ਪੁਸ਼ਪਾ ਦੇਵੀ, ਬਲਜਿੰਦਰ ਕੌਰ, ਸੰਗੀਤਾ ਸ਼ਰਮਾ, ਅਮਨਦੀਪ ਕੌਰ, ਅਮਨਜੀਤ ਕੌਰ, ਦਲਬੀਰ ਕੌਰ, ਪਰਮਜੀਤ ਕੌਰ ਤੋਂ ਇਲਾਵਾ ਪ੍ਰੀਤਮ ਸਿੰਘ ਕਾਟਲ, ਸੋਮ ਰਾਜ, ਪੁਸ਼ਪਿੰਦਰ ਸਿੰਘ, ਵਰਿਆਮ ਸਿੰਘ ਆਦਿ ਨੇ ਦੱਸਿਆ ਕਿ ਪਿਛਲੇ ਮਹੀਨੇ ਤੋਂ ਲੈ ਕੇ ਹੁਣ ਤੱਕ ਖੰਡ, ਸਬਜ਼ੀਆਂ ਦਾਲਾਂ ਅਤੇ ਹੋਰ ਸਾਮਾਨ ਸੀਮਤ ਰੇਟਾਂ 'ਤੇ ਮਿਲਦਾ ਸੀ, ਜਿਸ ਦਾ ਰੇਟ ਹੁਣ ਡੇਢ ਗੁਣਾ ਵਧਣ ਨਾਲ ਲੋਕਾਂ ਦੇ ਘਰਾਂ ਦਾ ਸਾਰਾ ਬਜਟ ਪਚੀਦਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਘਰ ਦੀਆਂ ਛੋਟੀਆਂ-ਛੋਟੀਆਂ ਚੀਜ਼ਾਂ ਰਸੋਈ ਵਿਚ ਵਰਤਣ ਵਾਲੀਆਂ ਕਾਫ਼ੀ ਮਹਿੰਗਾਈਆਂ ਹੋ ਚੁੱਕੀਆਂ ਹਨ ਜਿਨ੍ਹਾਂ ਨੂੰ ਖਰੀਦਣ ਤੋਂ ਲੋਕ ਅਸਮਰਥ ਹੋ ਚੁਕੇ ਹਨ। ਉਨ੍ਹਾਂ ਕਿਹਾ ਖੰਡ ਦੀਆਂ ਵਧਦੀਆਂ ਜਾ ਰਹੀਆਂ ਕੀਮਤਾਂ ਨੇ ਸਾਰਿਆਂ ਨੂੰ ਹੈਰਾਨ ਕਰਕੇ ਰੱਖ ਦਿੱਤਾ ਹੈ ਅਤੇ ਹਰ ਪਾਸੇ ਹੁਣ ਖੰਡ ਦੀ ਚਰਚਾ ਛਿੜੀ ਹੋਈ ਹੈ। ਉਨ੍ਹਾਂ ਕਿਹਾ ਕਿ ਅੱਜ ਤੋਂ 15 ਦਿਨ ਪਹਿਲਾਂ ਖੰਡ ਦੀ ਕੀਮਤ 50 ਰੁਪਏ ਦੇ ਕਰੀਬ ਸੀ ਜੋ ਵਧ ਕੇ ਇਸ ਸਮੇਂ 70 ਰੁਪਏ ਦੇ ਕਰੀਬ ਹੋ ਚੁੱਕੀ ਹੈ। ਉਨ੍ਹਾਂ ਕਿਹਾ ਇਸੇ ਤਰ੍ਹਾਂ ਪਿਆਜ਼ ਵੀ 100 ਰੁਪਏ ਦੇ 2 ਕਿਲੋ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਗ਼ਰੀਬ ਵਿਅਕਤੀ ਲਈ ਵਧ ਰਹੀ ਮਹਿੰਗਾਈ ਵਿੱਚ ਦੋ ਸਮੇਂ ਦੀ ਰੋਟੀ ਖ਼ਾਣੀ ਵੀ ਮੁਸ਼ਕਿਲ ਹੋ ਚੁੱਕੀ ਹੈ। ਉਨ੍ਹਾਂ ਕਿਹਾ ਇਕ ਪਾਸੇ ਸਰਕਾਰਾਂ ਲੋਕਾਂ ਨੂੰ ਮੁਫ਼ਤ ਵੀ ਬਿਜਲੀ, ਰਾਸ਼ਨ, ਕਣਕ, ਕਿਰਾਏ ਅਤੇ ਹੋਰ ਸਮਾਨ ਦੇ ਕੇ ਵਾਹ-ਵਾਹ ਖੱਟ ਰਹੀ ਹੈ ਉਥੇ ਹੀ ਦੂਸਰੇ ਪਾਸੇ ਚੀਜ਼ਾਂ ਦੀਆਂ ਵਧ ਰਹੀਆਂ ਕੀਮਤਾਂ ਨੇ ਲੋਕਾਂ ਦਾ ਹਾਲ [illegible]

## ਰਿਲਾਇੰਸ ਟਰੈਂਡ ਦੇ ਸ਼ੋਅਰੂਮ ਬਾਹਰੋਂ ਮੋਟਰਸਾਈਕਲ ਚੋਰੀ

**ਬਟਾਲਾ (ਤਰਲੋਕ ਬੱਗਾ)** ਬਟਾਲਾ-ਜਲੰਧਰ ਰੋਡ 'ਤੇ ਸ਼ਿਵ ਆਡੀਟੋਰੀਅਮ ਦੇ ਸਾਹਮਣੇ ਰਿਲਾਇੰਸ ਟਰੈਂਡ ਦੇ ਸ਼ੋਅਰੂਮ ਦੇ ਬਾਹਰ ਪਾਰਕਿੰਗ ਵਿਚ ਖੜਾ ਸਪਲੈਂਡਰ ਮੋਟਰਸਾਈਕਲ ਚੋਰੀ ਹੋ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਰਮੇਸ਼ ਕੁਮਾਰ ਪੁੱਤਰ ਗਿਆਨ ਚੰਦ ਵਾਸੀ ਕਾਦੀਆਂ ਨੇ ਦੱਸਿਆ ਕਿ ਉਹ ਸਾਮਾਨ ਲੈਣ ਲਈ ਸ਼ੋਅਰੂਮ ਦੇ ਅੰਦਰ ਗਏ ਸਨ ਅਤੇ ਪੰਦਰਾਂ ਕੁ ਮਿੰਟ ਬਾਅਦ ਬਾਹਰ ਆਏ ਤਾਂ ਉਨ੍ਹਾਂ ਦੇਖਿਆ ਕਿ ਉਨ੍ਹਾਂ ਦਾ ਮੋਟਰਸਾਈਕਲ [illegible]

## ਬਾਬਾ ਬੁੱਢਾ ਕਾਲਜ ਬੀੜ ਸਾਹਿਬ ਦਾ ਬੀ ਏ/ਬੀ ਕਾਮ/ਬੀ ਸੀ ਏ ਦਾ ਨਤੀਜਾ ਸ਼ਾਨਦਾਰ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਸੇਵਾ ਦੇ ਪੁੰਜ ਸੰਤ ਬਾਬਾ ਖੜਕ ਸਿੰਘ ਵੱਲੋਂ ਸਥਾਪਿਤ ਅਤੇ ਸੰਤ ਬਾਬਾ ਸੰਤੋਖ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਬੀੜ ਸਾਹਿਬ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ



ਵੱਲੋਂ ਐਲਾਨਿਆ ਗਿਆ ਬੀਏ ਸਮੈਸਟਰ ਦੂਜਾ, ਬੀ.ਕਾਮ ਸਮੈਸਟਰ ਦੂਜਾ ਅਤੇ ਬੀਸੀਏ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ।ਇਨ੍ਹਾਂ ਨਤੀਜਿਆਂ ਵਿੱਚ ਬੀਏ ਸਮੈਸਟਰ ਦੂਜੇ ਦੀ ਪਾਸ ਪ੍ਰਤੀਸ਼ਤ 98% ਰਹੀ, ਜਦੋਂਕਿ ਬੀ.ਕਾਮ ਸਮੈਸਟਰ ਦੂਜਾ ਅਤੇ ਬੀਸੀਏ ਸਮੈਸਟਰ ਦੂਜਾ ਦੀ ਪਾਸ ਪ੍ਰਤੀਸ਼ਤ 100 ਫੀਸਦੀ ਰਹੀ। ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ ਨੇ ਦੱਸਿਆ ਕਿ ਬੀਏ ਸਮੈਸਟਰ ਦੂਜੇ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ 76% ਅੰਕ ਲੈ ਕੇ ਪਹਿਲਾ ਸਥਾਨ, ਜਦੋਂ ਕਿ ਸਰਬਜੀਤ ਕੌਰ ਅਤੇ ਅਮਨਪ੍ਰੀਤ ਕੌਰ ਨੇ [illegible] ਦੂਸਰਾ ਸਥਾਨ ਹਾਸਲ ਕ[illegible] ਬੀ.ਕਾਮ ਸਮੈਸਟਰ ਦੂਜੇ ਦ[illegible] ਕੋਮਲਪ੍ਰੀਤ ਕੌਰ ਨੇ 74% ਨਾ[illegible] ਅਤੇ ਸਮਰੀਨ ਕੌਰ ਅਤੇ ਹਰ[illegible] ਅੰਕਾਂ ਨਾ[illegible] ਦੂਸਰਾ [illegible] ਕੀਤਾ।[illegible] ਦੂਜੇ ਦੀ [illegible] ਕੋਮਲਪ੍ਰੀ[illegible] ਨਾਲ ਪ[illegible] ਕੌਰ ਨੇ [illegible] ਅਤੇ ਅ[illegible] 67% ਅੰਕਾਂ ਨਾਲ ਤੀਜਾ [illegible] ਕੀਤਾ।ਇਸ ਮੌਕੇ ਕਾਲਜ [illegible] ਕਰਨਜੀਤ ਸਿੰਘ ਬੇਦੀ ਨੇ [illegible] ਵਿਦਿਆਰਥੀਆਂ ਨੂੰ ਵਧ[illegible] ਉਨ੍ਹਾਂ ਦਾ ਮੂੰਹ ਮਿੱਠਾ ਕ[illegible] ਕਿਹਾ ਕਿ ਵਿਦਿਆਰਥੀ[illegible] ਕੋਰਸਾਂ ਵਿੱਚ ਚੰਗੇ ਨੰਬਰ ਲੈ[illegible] ਆਪਣੇ ਮਾਪਿਆਂ ਦਾ ਨ[illegible] ਹੈ।ਇਸ ਮੌਕੇ ਡਾ. ਅਮਰ[illegible] ਸੁਰਿੰਦਰ ਸਿੰਘ, ਪ੍ਰੋ. ਇੰਦਰ[illegible] ਸੁਖਪਾਲ ਕੌਰ, ਪ੍ਰੋ. ਹਰਪ੍ਰੀਤ [illegible] ਕੌਰ ਸਮੇਤ ਸਮੂਹ ਸਟਾਫ ਹਾ[illegible]

## ਅਗਾਂਹਵਧੂ ਸਾਹਿਤ ਦਾ ਚਾਨਣ ਬਿਖੇਰਦਾ ਤਿੰਨ ਰੋਜ਼ਾ ਪੁਸਤਕ ਮੇਲਾ ਸਮਾਪਤ

### ਡੇਰਾਵਾਦ ਤੇ ਬਾਬਾਵਾਦ ਵਿਗਿਆਨਕ ਚੇਤਨਾ ਲਈ ਵੱਡਾ ਖਤਰਾ: ਪ੍ਰੋ. ਗੌਹਰ ਰਜ਼ਾ

**ਬਰਨਾਲਾ: (ਨ ਜ਼ ਸ)** [illegible]



[illegible]

## 27 ਦੇ ਪੰਜਾਬ ਮਹਾਂ-ਬੰਦ ਨੂੰ ਕਾਮਯਾਬ ਕਰਨ ਲਈ ਪਾਵਰਕਾਮ ਦੀਆਂ ਸਮੂਹ ਜਥੇਬੰਦੀਆਂ ਦੀ ਮੀਟਿੰਗ ਅੱਜ

**ਗੁਰਦਾਸਪੁਰ, (ਜਨਕ ਮਹਾਜਨ)**-[illegible]



[illegible] ਰਿਹਾ ਹੈ 1967 ਤੋਂ ਲੈ ਕੇ ਕੇਂਦਰੀ ਪੈਟਰਨ ਤੇ ਮਿਲਦਾ ਆ ਰਿਹਾ ਮਹਿੰਗਾਈ ਭਤਾ ਬੰਦ ਕਰਵਾਉਣ ਲਈ ਪੰਜਾਬ ਦੀ ਸਰਕਾਰ ਨੇ ਅੱਡੀ ਚੋਟੀ ਦਾ ਜ਼ੋਰ ਲਗਾਇਆ ਹੋਇਆ ਹੈ। ਮਾਨਯੋਗ ਹਾਈਕੋਰਟ ਦੇ ਹੁਕਮਾਂ ਨੂੰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ। ਮਹਿੰਗਾਈ ਭਤੇ ਦੀਆਂ 6 ਕਿਸ਼ਤਾਂ ਸਰਕਾਰ ਨੇ ਰੋਕੀਆਂ ਹੋਈਆਂ ਹਨ, ਦਹਾਕਿਆਂ ਤੋਂ ਮਿਲਦੇ ਭੱਤੇ ਬੰਦ ਕਰ ਦਿੱਤੇ ਗਏ ਹਨ, ਪੁਰਾਣੀ ਪੈਨਸ਼ਨ ਸਕੀਮ ਮੰਨ ਕੇ ਵੀ ਲਾਗੂ ਨਹੀਂ ਕੀਤੀ, ਸਗੋਂ ਮੁਲਾਜ਼ਮ ਵਿਰੋਧੀ ਪੱਤਰ ਲਾਗੂ ਕੀਤੇ ਜਾ ਰਹੇ ਹਨ। ਨਵੀਂ ਭਰਤੀ ਨਿਗੂਣੀਆਂ ਤਨਖਾਹਾਂ 'ਤੇ ਕੀਤੀ ਜਾ ਰਹੀ ਹੈ। ਪੰਜਾਬ ਦੇ ਮੁਲਾਜ਼ਮਾਂ ਵੱਲੋਂ ਲਗਾਤਾਰ ਆਪਣੇ ਮਸਲਿਆਂ ਨੂੰ ਹੱਲ ਕਰਾਉਣ ਲਈ ਸਾਂਝੇ ਸੰਘਰਸ਼ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਮੰਗਾਂ ਦਾਂ ਨਿਪਟਾਰਾ ਕਰਨ ਦੀ ਬਜਾਏ ਡੰਡੇ ਦੇ ਜ਼ੋਰ ਨਾਲ ਸੰਘਰਸ਼ ਨੂੰ ਦਬਾਉਣ ਵਾਲੇ ਪਾਸੇ ਤੁਰੀ ਜਾਂਦੀ ਹੈ ਜਿਸ ਕਾਰਨ ਮਜਬੂਰ ਹੋ ਕੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ 27 ਅਗਸਤ ਨੂੰ ਮਹਾਂ ਬੰਦ ਕੀਤਾ ਜਾ ਰਿਹਾ ਹੈ ਜਿਸ ਵਿਚ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਵੱਲੋਂ ਪੂਰਨ ਤੌਰ 'ਤੇ ਸਮਰਥਨ ਕੀਤਾ ਜਾਵੇਗਾ ਅਤੇ ਫੀਲਡ ਅਤੇ ਦਫਤਰਾਂ ਵਿਚ ਜਥੇਬੰਦੀਆਂ ਵਲੋਂ ਤਿਆਰੀ ਕੀਤੀ ਜਾ ਰਹੀ ਹੈ।

## ਬਾਬਾ ਕੜ੍ਹੀ ਸ਼ਾਹ ਦਾ ਸਾਲਾਨਾ ਸੱਭਿਆਚਾਰਕ ਮੇਲਾ ਕਰਵਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸਥਾਨਕ ਨਗਰ ਚੇਤਨਪੁਰਾ ਅਤੇ ਪਿੰਡ ਮੱਜੂਪੁਰਾ [illegible] ਸ਼ਾਹ ਦੀ ਮਜ਼ਾਰ ਤੇ ਸਲਾਨਾ ਸੱਭਿਆਚਾਰਕ ਮੇਲਾ [illegible] ਕਿ ਦੋਵਾਂ ਪਿੰਡਾਂ ਦੇ ਵਸਨੀਕਾਂ ਖਾਸ ਕਰ



ਐੱਨ.ਆਰ.ਆਈਜ਼ ਵੱਲੋਂ ਇਸ ਮੇਲੇ ਲਈ ਬਹੁਤ ਵੱਡਾ ਸਹਿਯੋਗ ਦਿੱਤਾ ਗਿਆ।ਮੇਲੇ ਸਮੇਂ ਬੀਤੀ ਰਾਤ ਨੂੰ ਪ੍ਰਸਿੱਧ ਕਵਾਲਾਂ ਵੱਲੋਂ ਕਵਾਲੀਆਂ ਪੇਸ਼ ਕਰਕੇ ਪੀਰਾਂ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।ਦੁਪਹਿਰੇ ਖੁੱਲੇ ਪੰਡਾਲ ਵਿੱਚ ਇੱਕ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਸਮੇਂ ਸਭ ਤੋਂ ਪਹਿਲਾਂ ਲੋਕ ਗਾਇਕ ਲਵੀ ਮਾਨ-ਰੋਜ਼ੀ ਮਾਨ ਵੱਲੋਂ ਆਪਣਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਜੋੜੀ ਵੱਲੋਂ ਤਕਰੀਬਨ ਇਕ ਘੰਟਾ ਪਹੁੰਚੇ ਹੋਏ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ ਗਿਆ।ਫਿਰ ਵਾਰੀ ਆਈ ਪੰਜਾਬ ਦੇ ਮਸ਼ਹੂਰ ਲੋਕ ਗਾਇਕ ਹਰਪ੍ਰੀਤ ਢਿੱਲੋਂ-ਮੈਡਮ ਸਿਮ ਕੌਰ ਦੀ ਜਿਨਾਂ ਵੱਲੋਂ ਆਪਣੇ ਨਵੇਂ ਪੁਰਾਣੇ ਗੀਤਾਂ ਨਾਲ ਤਕਰੀਬਨ ਡੇਢ ਘੰਟਾ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ ਗਿਆ।ਉਨ੍ਹਾਂ ਦੀ ਗਾਇਕੀ ਦਾ ਜਾਦੂ ਸਿਰ ਚੜ੍ਹ ਬੋਲਿਆ ਅਤੇ ਅੱਤ ਦੀ ਗਰਮੀ ਵਿੱਚ ਵੀ ਸਰੋਤਿਆਂ ਨੂੰ ਗਰਮੀ ਦਾ ਅਹਿਸਾਸ ਨਹੀਂ ਹੋਇਆ। ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ ਮੱਝੂਪੁਰੀਆ, ਹਰਪਾਲ ਮੱਜੂਪੁਰਾ, ਅਮਰਜੀਤ ਸਿੰਘ ਮੱਜੂਪੁਰਾ, ਮਨਿੰਦਰ ਸਿੰਘ, ਮੋਹਿਤ ਪੰਨੂ, ਪ੍ਰਿੰਸ ਮਜੂਪੁਰਾ, ਨਰਿੰਦਰ ਸਿੰਘ, ਸੁਖਮੀਤ ਸਿੰਘ ਚੇਤਨਪੁਰਾ ਬਲਾਕ ਸੰਮਤੀ ਮੈਂਬਰ, ਪ੍ਰਭਦੀਪ ਸਿੰਘ ਲਾਡਾ ਚੇਤਨਪੁਰਾ, ਡਾ: ਇਕਬਾਲ ਸਿੰਘ ਪਠਾਣ ਨੰਗਲ, ਕਸ਼ਮੀਰ ਸਿੰਘ ਚੇਤਨਪੁਰਾ, ਗੁਰਜੀਤ ਸਿੰਘ ਬਿੱਟੂ ਸਾਬਕਾ ਬਲਾਕ ਸੰਬਕੀ ਮੈਂਬਰ ਆਦਿ ਦੇ ਸੁਚੱਜੇ ਪ੍ਰਬੰਧਾ ਹੇਠ ਇਹ ਮੇਲਾ ਸਫਲਤਾਪੂਰਨ ਸੰਪੰਨ ਹੋ ਗਿਆ। ਪਿੰਡ ਚੇਤਨਪੁਰਾ ਦੇ ਨੌਜਵਾਨਾਂ ਬਿੰਦਰ ਭੰਗੂ, ਰੋਬਨਦੀਪ ਸਿੰਘ, ਸੋਨੂ, ਪਰਵੀਨ ਸਿੰਘ, ਸ਼ੁਭਦੀਪ ਸਿੰਘ, ਸਰਵਣ ਸਿੰਘ, ਬਲਵੰਤ ਸਿੰਘ, ਅਰਸ਼ਦੀਪ ਸਿੰਘ, ਸੰਦੀਪ ਸਿੰਘ, ਗਗਨਦੀਪ ਸਿੰਘ ਅਤੇ ਦਿਲਸ਼ੇਰ ਸਿੰਘ ਫੌਜੀ ਆਦਿ ਵੱਲੋਂ ਇਸ ਸਮੇਂ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਲੰਗਰ ਸਾਰਾ ਦਿਨ ਅਟੁੱਟ ਵਰਤਿਆ।

## ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੀਆਂ ਖਿਡਾਰਨਾਂ ਨੇ ਜ਼ਿਲ੍ਹਾ ਪੱਧਰੀ ਫੁੱਟਬਾਲ ਮੁਕਾਬਲਿਆਂ 'ਚ ਗੱਡੇ ਝੰਡੇ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਦੇ ਫੁੱਟਬਾਲ ਮੁਕਾਬਲਿਆਂ ਵਿੱਚ ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੀਆਂ ਖਿਡਾਰਨਾਂ ਨੇ ਲਾਜਵਾਬ ਪ੍ਰਦਰਸ਼ਨ ਕਰਦਿਆਂ ਜਿੱਤ ਦੇ ਝੰਡੇ ਗੱਡੇ ਹਨ। ਦੱਸਣਯੋਗ ਹੈ ਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਉਮਰ ਵਰਗ 17 ਤੇ 19 ਵਿੱਚ ਭਾਗ ਲੈਂਦਿਆਂ ਖਿਡਾਰਨਾਂ ਨੇ ਪਹਿਲਾ ਤੇ ਦੂਸਰਾ ਸਥਾਨ ਪ੍ਰਾਪਤ ਕੀਤਾ ਹੈ। ਜਾਣਕਾਰੀ ਅਨੁਸਾਰ ਉਮਰ ਵਰਗ 17 ਦੀਆਂ ਖਿਡਾਰਨਾਂ ਨੇ ਜੋਨ ਸਭਰਾ ਅਤੇ ਖਡੂਰ ਸਾਹਿਬ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਉਪਰੰਤ ਜੋਨ ਪੱਟੀ ਨਾਲ ਹੋਏ ਫਾਈਨਲ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਉਮਰ ਵਰਗ 19 ਦੀਆਂ ਲੜਕੀਆਂ ਨੇ ਜੋਨ ਝਬਾਲ ਦੇ ਸਕੂਲ ਬੀੜ ਬਾਬਾ ਬੁੱਢਾ ਸਾਹਿਬ ਨਾਲ ਫਾਈਨਲ ਮੈਚ ਖੇਡ ਕੇ ਪਹਿਲਾ ਸਥਾਨ ਹਾਸਲ ਕਰ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਪ[illegible] ਸਨਮਾਨਿਤ ਕ[illegible] ਗੱਲਬਾਤ ਕਰਦਿਆਂ ਪ੍ਰਿੰਸੀਪਲ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਉਨ੍ਹਾਂ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਆਪਣੀ ਕਾਬਲੀਅਤ



ਦਾ ਲੋਹਾ ਮਨਵਾ ਰਹੇ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸਫਲਤਾ ਪਿੱਛੇ ਸਕੂਲ ਦੇ ਡੀਪੀਈ ਦੀ ਅਣਥੱਕ ਮਿਹਨਤ ਤੇ ਯੋਗ ਅਗਵਾਈ ਹੈ।ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਡਿਜੀਟਲ ਹੋ ਰਹੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨਾ ਬੇਹੱਦ ਅਹਿਮ ਹੈ ਤੇ ਸਾਨੂੰ ਸਭ ਨੂੰ ਇਸ ਨੇਕ ਕਾਰਜ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਆ।ਇਸ ਮੌਕੇ ਚੇਅਰਮੈਨ ਮੈਡਮ ਲਖਬੀਰ ਕੌਰ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰ ਕੇ ਉੱਚੇ ਮੁਕਾਮ [illegible] ਸਕੂਲ ਦੇ [illegible] ਸਨ।

## ਵਿਆਹ ਪੁਰਬ ਸਬੰਧੀ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਮੀਟਿੰਗ ਅੱਜ

**ਧਾਰੀਵਾਲ, (ਮਨਦੀਪ ਵਿੱਕੀ)**-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਸਾਲਾਨਾ ਜੋੜ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ 18 ਸਤੰਬਰ ਦਿਨ ਸ਼ੁੱਕਰਵਾਰ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਬਟਾਲਾ ਵਿਖੇ ਬਹੁਤ ਹੀ ਸ਼ਰਧਾ ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਉਕਤ ਜਾਣਕਾਰੀ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ



ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਦੱਸਿਆ ।ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਅਤੇ ਵਿਆਹ ਪੁਰਬ ਨੂੰ ਸਮਰਪਿਤ ਸਜਾਏ ਜਾਣ ਵਾਲੇ ਮਹਾਨ ਨਗਰ ਕੀਰਤਨ ਤੇ ਗੁਰਮਤਿ ਸਮਾਗਮਾਂ ਨੂੰ ਸੁਚੱਜੇ ਢੰਗ ਨਾਲ ਮਨਾਉਣ ਵਾਸਤੇ ਇਲਾਕੇ ਦੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੇਵਾ ਸਭਾ ਸੁਸਾਇਟੀਆਂ, ਵੱਖ-ਵੱਖ ਧਾਰਮਿਕ ਰਾਜਨੀਤਕ ਸਮਾਜਿਕ ਜਥੇਬੰਦੀਆਂ ਅਤੇ ਇਲਾਕੇ ਦੇ ਮੋਹਤਬਰਾਂ ਦੀ ਜ਼ਰੂਰੀ ਮੀਟਿੰਗ ਅੱਜ 25 ਅਗਸਤ ਦਿਨ ਮੰਗਲਵਾਰ ਨੂੰ ਬਾਅਦ ਦੁਪਹਿਰ 3 ਵਜੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਬਟਾਲਾ ਵਿਖੇ ਰੱਖੀ ਗਈ ਹੈ। ਜਥੇਦਾਰ ਗੋਰਾ ਨੇ ਸਮੂਹ ਸੰਗਤਾਂ ਨੂੰ ਵਿਆਹ ਪੁਰਬ ਦੇ ਸਬੰਧ ਵਿੱਚ ਆਪਣੇ ਵੱਡਮੁਲੇ ਵਿਚਾਰ ਦੇਣ ਲਈ ਆਪਣੇ ਰੁਝੇਵਿਆਂ ਭਰੇ ਸਮੇਂ ਵਿੱਚੋ ਸਮਾਂ ਕੱਢ ਕੇ ਮੀਟਿੰਗ ਵਿੱਚ ਪਹੁੰਚਣ ਦੀ ਬੇਨਤੀ ਕੀਤੀ।ਇਸ ਮੌਕੇ ਜਗਦੀਪ ਸਿੰਘ ਧਾਰੋਵਾਲੀ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਤਿੰਦਰ ਪਾਲ ਸਿੰਘ ਭਾਟੀਆ ਐਡੀਸ਼ਨਲ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਠਠੀਆਂ ਸਾਹਿਬ, ਗੁਰਮੁੱਖ ਸਿੰਘ ਬਸਰਾਵਾਂ, ਅਮਨਦੀਪ ਸਿੰਘ ਕਾਦੀਆਂ, ਕੁਲਦੀਪ ਸਿੰਘ ਸੰਗਰਾਵਾਂ, ਹਰਪ੍ਰੀਤ ਸਿੰਘ ਅਤੇ ਸਿਮਰਤਪਾਲ ਸਿੰਘ ਭਾਟੀਆ ਹਾਜ਼ਰ ਸਨ।

## ਫੂਡ ਸਪਲਾਈ ਵਿਭਾਗ ਪੰਜਾਬ ਦੀ ਸਾਈਟ ਬੰਦ ਹੋਣ ਕਾਰਨ ਲੋਕ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਇਕ ਪਾਸੇ ਪੰਜਾਬ ਅੰਦਰ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਵਾਂ ਮੁਹੱਈਆ ਕਰਵਾਉਣ ਲਈ ਵੱਡੇ ਪੱਧਰ 'ਤੇ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਪਰ ਦੂਜੇ ਪਾਸੇ ਫੂਡ ਸਪਲਾਈ ਵਿਭਾਗ ਪੰਜਾਬ ਦੀ ਸਾਈਟ 11 ਅਗਸਤ ਤੋਂ ਬੰਦ ਹੋਣ ਕਾਰਨ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਪੁਰਾਣੇ ਰਾਸ਼ਨ ਕਾਰਡਾਂ ਵਿੱਚ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਂਅ ਦਰਜ ਕਰਵਾਉਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਪੂਰੇ ਪੰਜਾਬ ਅੰਦਰ ਇਹ ਸਾਈਟ ਬੰਦ ਹੋਣ ਨਾਲ ਹੋਰ ਵੀ ਕਈ ਲੋਕ ਆਪਣਾ ਨਾਂਅ ਰਾਸ਼ਨ ਕਾਰਡ ਵਿਚ ਦਰਜ ਕਰਵਾਉਣ ਤੋਂ ਅਸਮਰਥ ਹਨ। ਜ਼ਿਕਰਯੋਗ ਹੈ ਕਿ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਮੁਫਤ ਰਾਸ਼ਨ ਦੇ ਨਾਲ ਨਾਲ ਆਪਣੀ ਰਸੋਈ ਸਕੀਮ ਵੀ ਲਾਗੂ ਕੀਤੀ ਗਈ ਹੈ ਜਿਸ ਦਾ ਲੋਕਾਂ ਨੂੰ ਭਰਪੂਰ ਫਾਇਦਾ ਮਿਲੇਗਾ ਪਰ ਫੂਡ ਸਪਲਾਈ ਵਿਭਾਗ ਦੀ ਸਾਈਟ ਹੁਣ ਬੰਦ ਹੋਣ ਕਰਕੇ ਕਈ ਨਵੇਂ ਲੋਕ ਇਸ ਸਕੀਮ ਤੋਂ ਵੀ ਵਾਂਝੇ ਰਹਿ ਜਾਣਗੇ। ਉਨ੍ਹਾਂ ਕਿਹਾ ਲੋਕ ਆਪਣਾ ਕੰਮ ਕਰਵਾਉਣ ਲਈ ਦਰ-ਦਰ ਦੀਆਂ ਠੋਕਰਾਂ ਖਾਣ ਨੂੰ ਮਜਬੂਰ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਮਾਮਲੇ ਵਿਚ ਪਹਿਲ ਦੇ ਅਧਾਰ 'ਤੇ ਵਿਭਾਗ ਨੂੰ ਖਾਸ ਹਦਾਇਤਾਂ ਕਰਨੀਆਂ ਚਾਹੀਦੀਆਂ ਹਨ ਕਿ ਵਿਭਾਗ ਦੀ ਬੰਦ ਪਈ ਸਾਈਟ ਨੂੰ ਦੁਬਾਰਾ ਚਾਲੂ ਕੀਤਾ ਜਾਵੇ ਤਾਂ ਜੋ ਰਾਸ਼ਨ ਬਣਾਉਣ ਅਤੇ ਰਾਸ਼ਨ ਕਾਰਡ ਵਿਚ ਆਪਣਾ ਨਾਂਅ ਦਰਜ ਕਰਵਾਉਣ ਵਾਲੇ ਲੋਕ ਆਪਣਾ ਕੰਮ ਕਰਵਾ ਸਕਣ।

## ਮੋਦੀ ਤੇ ਯੋਗੀ ਅਦਿੱਤਿਆਨਾਥ ਸਰਕਾਰ ਦਾ ਪੁਤਲਾ ਫੂਕਿਆ




**ਪਠਾਨਕੋਟ (ਦਵਿੰਦਰ ਸਿੰਘ)**-ਮੇਰਠ, ਦਿੱਲੀ, ਰਾਜਸਥਾਨ ਸਮੇਤ ਹੋਰ ਸੂਬਿਆਂ ਵਿੱਚ ਭਾਜਪਾ ਦੀਆਂ ਡਬਲ ਇੰਜਨ ਸਰਕਾਰਾਂ ਦਾ ਦਲਿਤ ਵਿਰੋਧੀ ਰਵੱਈਆ ਅਤੇ ਪੁਲਸ ਦੇ ਬਰਬਰਤਾ ਪੂਰਨ ਤਸ਼ਦਦ ਨੇ ਸੰਵੇਦਨਸ਼ੀਲ ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ।ਰੋਸ ਵੱਜੋਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਨੇ ਪਠਾਨਕੋਟ ਵਿਖੇ ਮੋਦੀ ਤੇ ਯੋਗੀ ਅਦਿਤਿਆਨਾਥ ਸਰਕਾਰ ਦਾ ਪੁਤਲਾ ਫੂਕਿਆ।ਪੁਤਲਾ ਫੂਕਣ ਉਪਰੰਤ ਪ੍ਰੈਸ ਬਿਆਨ ਵਿੱਚ ਆਰ ਐੱਮ ਪੀ ਆਈ ਦੇ ਆਗੂ ਕਾਮਰੇਡ ਸ਼ਿਵ ਕੁਮਾਰ ਅਤੇ ਬਲਵੰਤ ਸਿੰਘ ਘੋਹ ਨੇ ਸਾਂਝੇ ਤੌਰ ਤੇ ਕਿਹਾ ਕਿ ਜਿਸ ਤਰੀਕੇ ਦਾ ਵਿਵਹਾਰ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਮੇਰਠ ਦੇ ਐੱਸ ਐੱਸ ਪੀ ਅਵਿਨਾਸ਼ ਪਾਂਡੇ ਨੇ ਪਹਿਲਾਂ ਸਮਾਜਿਕ ਕਾਰਕੁੰਨ ਵਕੀਲ ਰਵੀ ਗੌਤਮ ਨਾਲ ਬਦਤਮੀਜ਼ੀ ਕੀਤੀ ਅਤੇ ਹੁਣ 19 ਅਗਸਤ ਭਾਰਤੀ ਕਿਸਾਨ ਯੂਨੀਅਨ (ਬੀ ਆਰ ਅੰਬੇਦਕਰ) ਦੇ ਆਗੂਆਂ ਦਿਗਵਿਜੇ ਸਿੰਘ ਭਾਟੀ ਤੇ ਰੋਹਿਤ ਜਾਟਵ ਨਾਲ ਆਪਣੇ ਦਫ਼ਤਰ ਵਿੱਚ ਕੁਟਮਾਰ ਕੀਤੀ ਤੇ ਕਿਸੇ ਹੋਰ ਜਗਾ ਲਿਜਾਕੇ ਆਪਣੇ ਜੂਨੀਅਰ ਪੁਲਸ ਅਧਿਕਾਰੀਆਂ ਤੋਂ ਵਾਰ-ਵਾਰ ਤਸੱਦਦ ਕੀਤਾ ਜਿਸ ਕਾਰਨ ਦਿਗਵਿਜੇ ਸਿੰਘ ਭਾਟੀ ਦੀ ਰੋਸ਼ਨੀ ਵੀ ਘੱਟ ਗਈ ਹੈ।ਸੋਸ਼ਲ ਮੀਡੀਆ ਤੇ ਉਸ ਦਾ ਚਿਹਰਾ ਦੇਖਣ ਤੇ ਹੱਡਬੀਤੀ ਸੁਣਨਾ ਔਖਾ ਲੱਗ ਰਿਹਾ।ਇਸ ਤੋਂ ਪਹਿਲਾਂ ਜੰਤਰ-ਮੰਤਰ ਵਿਦਿਆਰਥੀਆਂ ਦੇ ਅਮਨਪੂਰਵਕ ਪ੍ਰਦਰਸ਼ਨ ਦੌਰਾਨ ਦਿੱਲੀ ਪੁਲਸ ਦੀ ਬਰਬਰਤਾ ਅਤੇ ਰਾਜਸਥਾਨ ਵਿੱਚ ਇੱਕ ਪੇਂਡੂ ਸਕੂਲ ਦੀ ਹਾਲਤ ਦੇਖਣ ਗਏ ਸੀਜੇਪੀ ਦੇ ਵਰਕਰਾਂ ਉੱਪਰ ਸਰਕਾਰ ਦੀ ਸਹਿ ਪ੍ਰਾਪਤ ਗੁੰਡਾਗਰਦੀ ਦਾ ਖੁਲੇਆਮ ਪ੍ਰਗਟਾਵਾ ਹੋਇਆ ਪਰ ਕਿਸੇ ਦੋਸ਼ੀ ਖਿਲਾਫ ਕੋਈ ਕਾਰਵਾਈ ਅਮਲ ਵਿਚ ਨਹੀਂ ਆਈ।

## ਦਸਮੇਸ਼ ਕਾਲਜ ਮਹਿਤਾ ਚੌਕ ਦਾ ਬੀ. ਕਾਮ. ਭਾਗ-ਦੂਸਰਾ ਦਾ ਨਤੀਜਾ ਰਿਹਾ ਸ਼ਾਨਦਾਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਬੀ. ਕਾਮ. ਭਾਗ ਦੂਸਰਾ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਦਸਮੇਸ਼ ਕਾਲਜ ਫ਼ਾਰ ਵਿਮਨ ਦੀਆਂ ਵਿਦਿਆਰਥਣਾਂ ਦੇ ਨਤੀਜੇ ਉਨ੍ਹਾਂ ਦੀ ਮਿਹਨਤ ਸਦਕਾ ਸੌ ਫੀਸਦੀ ਰਹੇ।ਕਾਲਜ ਦੀ



ਨਵਨੀਤ ਕੌਰ ਨੇ 71% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ ਨੇ, 70% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਜਸਪ੍ਰੀਤ ਕੌਰ ਨੇ 69% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਬਾਕੀ ਵਿਦਿਆਰਥਣਾਂ ਨੇ ਵਧੀਆ ਅੰਕ ਹਾਸਿਲ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਮੂਹ ਸਟਾਫ ਅਤੇ ਮਾਪਿਆਂ ਦੁਆਰਾ ਇਸ ਸ਼ਾਨਦਾਰ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਵਿਦਿਆਰਥਣਾਂ ਦੁਆਰਾ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ।ਇਸ ਮੌਕੇ ਸਫ਼ਲ ਵਿਦਿਆਰਥੀਆਂ ਨੇ ਆਪਣੀ ਸਫਲਤਾ ਦਾ ਸਿਹਰਾ ਕਾਲਜ ਦੇ ਅਧਿਆਪਕਾਂ, ਮਾਪਿਆਂ ਅਤੇ ਕਾਲਜ ਵੱਲੋਂ ਮਿਲੇ ਉਚੀ ਅਕਾਦਮਿਕ ਮਾਹੌਲ ਨੂੰ ਦਿੱਤਾ। ਦਸਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਡਾਇਰੈਕਟਰ ਮੈਡਮ ਹਰਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਰਵਿੰਦਰ ਕੌਰ ਅਤੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

## ਸੀਪੀਆਈ ਬ੍ਰਾਂਚ ਲੈਹਰਕਾ ਵੱਲੋਂ ਮਹਿੰਗਾਈ, ਭ੍ਰਿਸ਼ਟਾਚਾਰ ਤੇ ਲੋਕਾਂ ਸਮੱਸਿਆਵਾਂ 'ਤੇ ਗੰਭੀਰ ਚਰਚਾ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**- ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਬ੍ਰਾਂਚ ਲੈਹਰਕਾ ਦੀ ਇੱਕ ਅਹਿਮ ਮੀਟਿੰਗ ਚਵਿੰਡਾ ਦੇਵੀ ਸਥਿਤ ਸੀਪੀਆਈ ਦਫ਼ਤਰ ਵਿਖੇ ਕਾਮਰੇਡ ਜਗਦੀਸ਼ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਦੇਸ਼ ਅਤੇ ਪੰਜਾਬ ਦੇ ਮੌਜੂਦਾ ਹਾਲਾਤ, ਲਗਾਤਾਰ ਵੱਧ ਰਹੀ ਮਹਿੰਗਾਈ, ਭ੍ਰਿਸ਼ਟਾਚਾਰ, ਬਿਜਲੀ ਦੇ ਬਿੱਲਾਂ ਅਤੇ ਇਲਾਕੇ ਦੀਆਂ ਬੁਨਿਆਦੀ ਸਮੱਸਿਆਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਮਜੀਠਾ ਦੇ ਸੈਕਟਰੀ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਪਾਰਟੀ ਵੱਲੋਂ 'ਪਿੰਡ ਵਿੱਚ ਬਦਲਾਅ ਜ਼ਰੂਰੀ' ਮੁਹਿੰਮ ਤਹਿਤ ਲਗਾਤਾਰ ਪਿੰਡ ਪੱਧਰ 'ਤੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਦਾ ਮਕਸਦ ਆਮ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਅਤੇ ਮੌਜੂਦਾ ਲੋਕ ਮਸਲਿਆਂ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿਖੇ ਹੋਣ ਵਾਲੇ ਵਿਸ਼ਾਲ ਇਕੱਠ ਲਈ ਵੀ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਕਾਮਰੇਡ ਦੁਧਾਲਾ ਨੇ ਕਿਹਾ ਕਿ ਦੇਸ਼ ਵਿੱਚ ਮਹਿੰਗਾਈ ਲਗਾਤਾਰ ਆਮ ਲੋਕਾਂ ਦੀਆਂ ਮੁਸ਼ਕਲਾਂ ਵਧਾ ਰਹੀ ਹੈ।ਉਨ੍ਹਾਂ ਕੇਂਦਰ ਸਰਕਾਰ ਦੀਆਂ ਖੇਤੀਬਾੜੀ ਅਤੇ ਈਥੇਨਾਲ ਨਾਲ ਸਬੰਧਤ ਨੀਤੀਆਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਕਿਸਾਨਾਂ ਅਤੇ ਆਮ ਖਪਤਕਾਰਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ।ਉਨ੍ਹਾਂ ਕਿਹਾ ਕਿ ਮਹਿੰਗਾਈ ਦੇ ਮੁੱਦੇ 'ਤੇ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਗੰਭੀਰਤਾ ਨਾਲ ਕਦਮ ਚੁੱਕਣ ਦੀ ਲੋੜ ਹੈ।ਇਸ ਮੌਕੇ ਸੀਪੀਆਈ ਦੇ ਸਹਾਇਕ ਸੈਕਟਰੀ ਮਜੀਠਾ ਕਾਮਰੇਡ ਮੱਖਣ ਲੈਹਰਕਾ ਨੇ ਕਥਿਤ ਭ੍ਰਿਸ਼ਟਾਚਾਰ ਦਾ ਮੁੱਦਾ ਉਠਾਉਂਦਿਆਂ ਆਪਣੇ ਪਿੰਡ ਨਾਲ ਸਬੰਧਤ ਇੱਕ ਮਾਮਲਾ ਸਾਂਝਾ ਕੀਤਾ।ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਮਜ਼ਦੂਰ ਪਰਿਵਾਰਾਂ ਤੋਂ ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਅਤੇ ਥਾਂਵਾਂ ਨੂੰ ਉਨ੍ਹਾਂ ਦੇ ਨਾਮ ਕਰਨ ਦੇ



ਨਾਂ 'ਤੇ 100-100 ਰੁਪਏ ਲਏ ਗਏ।ਉਨ੍ਹਾਂ ਕਿਹਾ ਕਿ ਮਾਮਲੇ ਸਬੰਧੀ ਤਹਿਸੀਲਦਾਰ ਮਜੀਠਾ ਨੂੰ ਦਰਖ਼ਾਸਤ ਦਿੱਤੀ ਗਈ, ਪਰ ਉਨ੍ਹਾਂ ਮੁਤਾਬਕ ਅਜੇ ਤੱਕ ਕੋਈ ਢੁੱਕਵੀਂ ਸੁਣਵਾਈ ਨਹੀਂ ਹੋਈ। ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਸਰਕਾਰੀ ਅਧਿਕਾਰੀਆਂ ਵੱਲੋਂ ਤੁਰੰਤ ਨਿਪਟਾਰਾ ਕੀਤਾ ਜਾਵੇ।ਕਾਮਰੇਡ ਰਮੇਸ਼ ਕੁਮਾਰ ਲੈਹਰਕਾ ਨੇ ਬਿਜਲੀ ਦੇ ਬਿੱਲਾਂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਚੁੱਕਦਿਆਂ ਕਿਹਾ ਕਿ ਪਿਛਲੇ ਕਈ ਮਹੀਨਿਆਂ ਤੋਂ ਕਈ ਖਪਤਕਾਰਾਂ ਨੂੰ ਬਿਜਲੀ ਦੇ ਬਿੱਲ ਨਹੀਂ ਮਿਲ ਰਹੇ।ਉਨ੍ਹਾਂ ਕਿਹਾ ਕਿ ਜੇਕਰ ਲੰਬੇ ਸਮੇਂ ਬਾਅਦ ਇਕੱਠੇ ਬਿੱਲ ਭੇਜੇ ਗਏ ਤਾਂ ਆਮ ਪਰਿਵਾਰਾਂ 'ਤੇ ਇੱਕੋ ਵਾਰ ਵੱਡਾ ਵਿੱਤੀ ਬੋਝ ਪੈ ਸਕਦਾ ਹੈ।ਉਨ੍ਹਾਂ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਖਪਤਕਾਰਾਂ ਨੂੰ ਨਿਯਮਤ ਤੌਰ 'ਤੇ ਬਿੱਲ ਭੇਜਣ ਦੀ ਵਿਵਸਥਾ ਯਕੀਨੀ ਬਣਾਈ ਜਾਵੇ।ਮੀਟਿੰਗ ਦੌਰਾਨ ਚਵਿੰਡਾ ਦੇਵੀ ਦੀਆਂ ਸਥਾਨਕ ਸਮੱਸਿਆਵਾਂ ਵੀ ਪ੍ਰਮੁੱਖਤਾ ਨਾਲ ਵਿਚਾਰੀਆਂ ਗਈਆਂ।ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਸੀਪੀਆਈ ਦਫ਼ਤਰ ਨੂੰ ਜਾਂਦੀ ਸੜਕ ਦੀ ਖਸਤਾ ਹਾਲਤ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਭੋਏ ਵਾਲੇ ਮੋੜ ਤੋਂ ਸਵਰਨਜੀਤ ਸਿੰਘ ਕੁਰਾਲੀਆਂ ਦੇ ਘਰ ਵਾਲੇ ਮੋੜ ਤੱਕ ਸੜਕ ਬੇਹੱਦ ਮਾੜੀ ਹਾਲਤ ਵਿੱਚ ਹੈ।ਉਨ੍ਹਾਂ ਸਬੰਧਤ ਵਿਭਾਗ ਤੋਂ ਸੜਕ ਦੀ ਜਲਦ ਮੁਰੰਮਤ ਕਰਵਾਉਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੇ ਚਵਿੰਡਾ ਦੇਵੀ ਪਹੁੰਚਣ ਤੋਂ ਪਹਿਲਾਂ ਉਮੀਦ ਹੈ ਕਿ ਪ੍ਰਸ਼ਾਸਨ ਇਸ ਸੜਕ ਦੀ ਹਾਲਤ ਵੱਲ ਵੀ ਧਿਆਨ ਦੇਵੇਗਾ ਅਤੇ ਲੋਕਾਂ ਨੂੰ ਰਾਹਤ ਮਿਲੇਗੀ।ਇਸ ਮੌਕੇ ਕਾਮਰੇਡ ਹਰਵਿੰਦਰ ਸਿੰਘ, ਹੀਰਾ, ਸ਼ਾਮ ਸਿੰਘ ਅਤੇ ਸੋਨੇ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਲੋਕਾਂ ਨਾਲ ਜੁੜੇ ਵੱਖ-ਵੱਖ ਮਸਲੇ ਉਠਾਏ।ਆਗੂਆਂ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਪੱਧਰ 'ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਆਵਾਜ਼ ਬੁਲੰਦ ਕਰਨਾ ਪਾਰਟੀ ਦੀ ਮੁੱਖ ਤਰਜੀਹ ਹੈ।ਅਖੀਰ ਵਿੱਚ ਮੀਟਿੰਗ ਦੇ ਪ੍ਰਧਾਨ ਕਾਮਰੇਡ ਜਗਦੀਸ਼ ਸਿੰਘ ਨੇ ਮੀਟਿੰਗ ਵਿੱਚ ਪਹੁੰਚੇ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕ ਮਸਲਿਆਂ ਨੂੰ ਲਗਾਤਾਰ ਉਠਾਉਣ ਦਾ ਸੱਦਾ ਦਿੱਤਾ।

# ਗੁੰਡਾ ਰਾਜ

ਰਾਜਸਥਾਨ ਦੇ ਰਾਮਪੁਰਾ-ਕੰਵਰਪੁਰਾ ਪਿੰਡ ਵਿੱਚ ਸਕੂਲ ਦੀ ਮਾੜੀ ਹਾਲਤ ਸਰਕਾਰ ਸਾਹਮਣੇ ਲਿਆਉਣ ਪੁੱਜੇ ਕਾਕਰੋਚ ਜਨਤਾ ਪਾਰਟੀ ਦੇ ਵਰਕਰਾਂ 'ਤੇ ਗੁੰਡਿਆਂ ਦੇ ਹਮਲੇ ਦਾ ਬਚਾਅ ਕਰਦਿਆਂ ਸੂਬਾਈ ਸਿੱਖਿਆ ਮੰਤਰੀ ਨੇ ਕਿਹਾ ਕਿ ਉਹ ਸਕੂਲ ਦੀ ਨਿਗਰਾਨੀ ਦੀ ਆੜ ਵਿੱਚ ਬੱਚਿਆਂ ਦੀ ਸਿੱਖਿਆ ਵਿੱਚ ਵਿਘਨ ਪਾਉਣ ਲਈ ਸੀ ਜੇ ਪੀ ਮੈਂਬਰਾਂ 'ਤੇ ਗੁੱਸੇ ਸਨ। ਉਨ੍ਹਾ ਨੇ ਹੋਰ ਵੀ ਅੱਗੇ ਵਧ ਕੇ ਉਨ੍ਹਾਂ ਨੂੰ ਵਧਾਈ ਦਿੱਤੀ। ਪੱਛਮੀ ਬੰਗਾਲ ਵਿੱਚ ਗੁੰਡਿਆਂ ਨੇ ਪਿਛਲੇ ਹਫਤੇ ਲਗਾਤਾਰ ਤਿੰਨ ਦਿਨ ਜਾਧਵਪੁਰ ਯੂਨੀਵਰਸਿਟੀ 'ਤੇ ਹਮਲਾ ਕੀਤਾ। ਇੱਕ ਦਾਅਵਾ ਇਹ ਹੈ ਕਿ ਉਹ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਵਿਦਿਆਰਥੀ ਜਥੇਬੰਦੀ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ ਬੀ ਵੀ ਪੀ) ਨਾਲ ਜੁੜੇ ਹੋਏ ਸਨ। ਪੁਣੇ ਵਿੱਚ ਰਾਹੁਲ ਗਾਂਧੀ ਦੇ ਪ੍ਰੋਗਰਾਮ ਤੋਂ ਪਹਿਲਾਂ ਗੁੰਡਿਆਂ ਨੇ ਇੱਕ ਕੁੜੀਆਂ ਦੇ ਹੋਸਟਲ 'ਤੇ ਹਮਲਾ ਕੀਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਕਮਰਿਆਂ ਵਿੱਚ ਬੰਦ ਕਰ ਦਿੱਤਾ ਅਤੇ ਡਰਾਇਆ-ਧਮਕਾਇਆ। ਦੱਸਿਆ ਜਾ ਰਿਹਾ ਹੈ ਕਿ ਉਹ ਗੁੰਡੇ ਨਹੀਂ, ਸਗੋਂ ਏ ਬੀ ਵੀ ਪੀ ਦੇ ਮੈਂਬਰ ਸਨ।

ਯੂ ਪੀ ਵਿੱਚ ਕਾਂਵੜੀਆਂ ਨੇ ਰਾਹਗੀਰਾਂ, ਵਾਹਨਾਂ ਅਤੇ ਪੁਲਸ ਅਧਿਕਾਰੀਆਂ 'ਤੇ ਹਮਲਾ ਕਰ ਦਿੱਤਾ। ਇਨ੍ਹਾਂ ਕਾਂਵੜੀਆਂ 'ਤੇ ਮੁੱਖ ਮੰਤਰੀ ਆਦਿੱਤਿਆਨਾਥ ਯੋਗੀ ਫੁੱਲ ਵਰ੍ਹਾਉਂਦੇ ਹਨ। ਕੀ ਇਨ੍ਹਾਂ ਕਾਂਵੜੀਆਂ ਨੂੰ ਸ਼ਰਧਾਲੂ ਕਿਹਾ ਜਾਣਾ ਚਾਹੀਦਾ ਹੈ ਜਾਂ ਗੁੰਡੇ?

ਭਾਵੇਂ ਪਿਛਲੇ 13 ਸਾਲਾਂ ਤੋਂ ਗੁੰਡੇ ਭਾਰਤ 'ਤੇ ਵੱਖ-ਵੱਖ ਰੂਪਾਂ ਵਿੱਚ ਰਾਜ ਕਰ ਰਹੇ ਹਨ, ਪਰ ਇਸ 15 ਅਗਸਤ ਤੋਂ, ਜਦੋਂ ਨਰਿੰਦਰ ਮੋਦੀ ਨੇ 'ਦਿਮਾਗੀ ਨਕਸਲੀਆਂ' ਦੀ ਪਛਾਣ ਕਰਨ ਅਤੇ ਉਨ੍ਹਾਂ ਨਾਲ ਨਜਿੱਠਣ ਦਾ ਸੱਦਾ ਦਿੱਤਾ ਹੈ, ਉਦੋਂ ਤੋਂ ਅਜਿਹੇ ਹਮਲੇ ਵਧ ਗਏ ਹਨ।

ਨਾਗਰਿਕਤਾ ਸੋਧ ਕਾਨੂੰਨ ਦੇ ਖਿਲਾਫ ਸ਼ਾਹੀਨ ਬਾਗ ਦੇ ਵਿਰੋਧ ਪ੍ਰਦਰਸ਼ਨ 'ਤੇ ਵੀ ਗੁੰਡਿਆਂ ਨੇ ਹਮਲਾ ਕੀਤਾ ਸੀ। ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਵੀ ਗੁੰਡਿਆਂ ਨੇ ਕਈ ਵਾਰ ਹਮਲਾ ਕੀਤਾ ਸੀ। ਉਨ੍ਹਾਂ ਹਮਲਿਆਂ ਨੂੰ ਜਨਤਕ ਗੁੱਸੇ ਦੇ ਪ੍ਰਗਟਾਵੇ ਵਜੋਂ ਦਰਸਾਇਆ ਗਿਆ ਸੀ। 2020 ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ 'ਤੇ ਗੁੰਡਿਆਂ ਨੇ ਹਮਲਾ ਕੀਤਾ ਸੀ। ਇਸ ਨੂੰ ਵੀ ਰਾਸ਼ਟਰਵਾਦੀ ਗੁੱਸੇ ਦੇ ਪ੍ਰਗਟਾਵੇ ਵਜੋਂ ਦਰਸਾਇਆ ਗਿਆ ਸੀ। ਇੰਝ ਲਗਦਾ ਹੈ ਜਿਵੇਂ ਭਾਰਤ 'ਤੇ ਪਿਛਲੇ 13 ਸਾਲਾਂ ਤੋਂ ਗੁੰਡਿਆਂ ਦਾ ਰਾਜ ਹੈ। ਭਾਜਪਾ ਲੋਕਾਂ ਅਤੇ ਗੁੰਡਿਆਂ ਵਿਚਲਾ ਫਰਕ ਮਿਟਾ ਰਹੀ ਹੈ।

ਭਾਰਤ ਦੀ ਹਿੰਦੂ ਆਬਾਦੀ ਦੇ ਇੱਕ ਵੱਡੇ ਹਿੱਸੇ ਦੇ ਗੈਂਗਸਟਰੀਕਰਨ ਦੀ ਇਸ ਮੁਹਿੰਮ ਦੀ ਅਗਵਾਈ ਕਰਨ ਵਾਲੇ ਦੇਸ਼ 'ਤੇ ਸ਼ਾਸਨ ਕਰ ਰਹੇ ਹਨ। ਉਹ ਮੰਤਰੀ, ਸੰਸਦ ਮੈਂਬਰ, ਵਿਧਾਇਕ ਅਤੇ ਆਰ ਐੱਸ ਐੱਸ ਅਧਿਕਾਰੀ, ਬਜਰੰਗ ਦਲ, ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਭਾਜਪਾ ਆਗੂ ਹਨ। ਉਹ ਟੀ ਵੀ ਸਟੂਡੀਓ ਵਿੱਚ ਬੈਠੇ ਹਨ, ਉਹ ਅਖਬਾਰਾਂ ਦੇ ਸੰਪਾਦਕ ਅਤੇ ਪੱਤਰਕਾਰ ਹਨ, ਉਹ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰ ਅਤੇ ਅਧਿਆਪਕ ਵੀ ਹਨ। ਵਾਈਸ-ਚਾਂਸਲਰ ਖੁੱਲ੍ਹੇਆਮ 'ਸ਼ਹਿਰੀ ਨਕਸਲੀ' ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਖਾਤਮੇ ਲਈ ਉਕਸਾਉਂਦੇ ਹਨ। ਇਹ ਲੋਕ ਕਦੇ ਵੀ ਸੜਕਾਂ 'ਤੇ ਨਹੀਂ ਉਤਰਦੇ ਅਤੇ ਗੁੰਡਾਗਰਦੀ ਵਿੱਚ ਸ਼ਾਮਲ ਨਹੀਂ ਹੁੰਦੇ। ਉਹ ਕਿਸੇ 'ਤੇ ਹਮਲਾ ਨਹੀਂ ਕਰਦੇ। ਉਹ ਸ਼ਾਖਾਵਾਂ ਚਲਾਉਂਦੇ ਹਨ। ਉਹ ਵਿੱਦਿਅਕ ਸੰਸਥਾਵਾਂ ਚਲਾਉਂਦੇ ਹਨ। ਉਹ ਲੇਖ ਲਿਖਦੇ ਹਨ, ਭਾਸ਼ਣ ਦਿੰਦੇ ਹਨ ਅਤੇ ਫਿਲਮਾਂ ਬਣਾਉਂਦੇ ਹਨ। ਉਹ ਕਾਨੂੰਨ ਬਣਾਉਂਦੇ ਹਨ। ਫਿਰ ਗੁੰਡੇ ਖੁਦ ਉਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਲਈ ਤਿਆਰ ਹੋ ਜਾਂਦੇ ਹਨ! ਗਊ ਹੱਤਿਆ ਵਿਰੁੱਧ ਕਾਨੂੰਨ ਪਾਸ ਕੀਤੇ ਜਾਂਦੇ ਹਨ ਅਤੇ ਇਸ ਦੀ ਆੜ ਹੇਠ ਗਊ ਰੱਖਿਅਕ ਸੜਕਾਂ 'ਤੇ ਉਤਰਦੇ ਹਨ; ਉਹ 'ਲਵ ਜੇਹਾਦ' ਵਿਰੁੱਧ ਕਾਨੂੰਨ ਬਣਾਉਂਦੇ ਹਨ ਅਤੇ ਫਿਰ ਗੁੰਡੇ ਉਨ੍ਹਾਂ ਜੋੜਿਆਂ 'ਤੇ ਹਮਲਾ ਕਰਦੇ ਹਨ, ਜੋ ਅੰਤਰ-ਧਰਮ ਵਿਆਹ ਕਰਦੇ ਹਨ; ਉਹ ਧਰਮ ਪਰਿਵਰਤਨ ਵਿਰੁੱਧ ਕਾਨੂੰਨ ਬਣਾਉਂਦੇ ਹਨ ਅਤੇ ਫਿਰ ਧਾਰਮਿਕ ਰੱਖਿਅਕ ਈਸਾਈਆਂ 'ਤੇ ਹਮਲਾ ਕਰਨ ਲਈ ਸਰਗਰਮ ਹੋ ਜਾਂਦੇ ਹਨ। ਇਸ ਦਿਮਾਗੀ ਗੁੰਡਾਗਰਦੀ ਦਾ ਇਲਾਜ ਕੌਣ ਅਤੇ ਕਿਵੇਂ ਕਰੇਗਾ?

## ਜੰਗਲ

ਜੰਗਲ ਬੇਲੇ ਕਿਉਂ ਉਜਾੜੇ,
ਸਾਥੋਂ ਦੱਸ ਕੀ ਮੰਗਣ ਸਾਰੇ।
ਆਪਣਾ ਢਿੱਡ ਇਹ ਆਪੇ ਭਰਦੇ,
ਸਾਡਾ ਵੀ ਤਾਂ ਭਰਨ ਵਿਚਾਰੇ।
ਜਿਹੜਾ ਇੱਕ ਇੱਕ ਸਾਹ ਅਸੀਂ ਲੈਂਦੇ,
ਜੰਗਲ ਹੀ ਤਾਂ ਪੂਰਾ ਕਰਦੇ।
ਸਬਰ ਸੰਤੋਖ ਨਾਲ ਜਿਉਣ ਵਾਲੇ ਇਹ,
ਬੇਸਬਰਿਆਂ ਦਾ ਲਾਲਚ ਭਰਦੇ।
ਦੁੱਖ-ਸੁੱਖ ਦੇ ਇਹ ਪੱਕੇ ਸਾਥੀ,
ਛੱਡਣ ਪੱਲਾ ਨਾ ਅੱਧ ਵਿਚਕਾਰੇ।
ਕਿਉਂ ਅਖੌਤੀ ਵਿਕਾਸ ਦੀ ਖਾਤਰ,
ਮਨੁੱਖ ਚਲਾਉਂਦਾ ਇਨ੍ਹਾਂ 'ਤੇ ਆਰੇ।
ਛੇੜਖਾਨੀਆਂ ਖੁਦ ਹੈ ਕਰਦਾ,
ਫਿਰ ਕਹਿੰਦਾ ਹੈ ਰੱਬ ਮੈਨੂੰ ਮਾਰੇ।
ਲਾਲਚ ਛੱਡ ਕੇ ਨਾ ਸੰਭਲਿਆ ਤਾਂ,
ਤੰਦ ਜੀਵਨ ਦੀ ਟੁੱਟ ਜੂ ਅੱਧ-ਵਿਚਕਾਰੇ।

-ਰਜਵਿੰਦਰ ਪਾਲ ਸ਼ਰਮਾ, 7087-67969

# ਸਿੱਖਿਆ ਬਿੱਲ 2025 : ਦਾਅਵੇ ਵੱਡੇ, ਬਦਲਾਅ ਕਿੰਨਾ?



ਡਾ. ਅਮਨਪ੍ਰੀਤ ਸਿੰਘ ਬਰਾੜ

ਭਾਰਤ ਨੂੰ 2047 ਤੱਕ ਵਿਕਸਤ ਦੇਸ਼ ਬਣਾਉਣ ਲਈ ਕੇਂਦਰ ਸਰਕਾਰ ਨੇ 2020 ਵਿੱਚ ਇੱਕ ਅਗਲੀ ਪੀੜ੍ਹੀ ਦੀ ਤਰੱਕੀ ਲਈ ਸੁਪਨਾ ਦਿਖਾਇਆ ਸੀ। ਇਸ ਦੇ ਤਹਿਤ ਨਵੀਂ ਸਿੱਖਿਆ ਨੀਤੀ ਲਿਆਂਦੀ। ਇਸ ਨੂੰ 34 ਸਾਲ ਬਾਅਦ ਲਿਆਂਦੇ ਵੱਡਾ ਬਦਲਾਵ ਦੇ ਰੂਪ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਵਿਕਸਿਤ ਭਾਰਤ ਸਿੱਖਿਆ ਅਧੀਸ਼ਨ ਬਿੱਲ (ਵੀ ਬੀ ਐੱਸ ਏ) ਕੇਂਦਰ ਸਰਕਾਰ ਨੇ 2025 ਵਿੱਚ ਲੋਕ ਸਭਾ ਵਿੱਚ ਪੇਸ਼ ਕੀਤਾ, ਜਿਸ 'ਤੇ ਵਿਰੋਧੀ ਧਿਰ ਦੇ ਤਿੱਖੇ ਹਮਲੇ ਤੋਂ ਬਾਅਦ ਇਸ ਨੂੰ ਸੰਯੁਕਤ ਸੰਸਦੀ ਕਮੇਟੀ ਕੋਲ ਭੇਜ ਦਿੱਤਾ। ਅੱਜ ਇਸ 'ਤੇ ਵਿਸਥਾਰ-ਪੂਰਵਕ ਚਰਚਾ ਕਰਦੇ ਹਾਂ ਕਿ ਇਸ ਬਿੱਲ ਦਾ ਵਿਰੋਧ ਕਿਉਂ ਹੋ ਰਿਹਾ ਹੈ। ਇਸ ਬਿੱਲ 'ਤੇ ਇਲਜ਼ਾਮ ਹਨ ਕਿ ਇਸ ਨਾਲ ਸੂਬਿਆਂ ਦੇ ਅਧਿਕਾਰਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ, ਨਾਲ ਹੀ ਯੂਨੀਵਰਸਿਟੀਆਂ ਦੀ ਖੁਦਮੁਖਤਿਆਰੀ ਨੂੰ ਖਤਮ ਕਰਦਾ ਹੈ, ਹਾਲਾਂਕਿ ਐੱਨ.ਈ.ਪੀ. 2020 ਤਹਿਤ ਹਾਇਰ ਐਜੂਕੇਸ਼ਨ ਵਿੱਚ ਖੁਦਮੁਖਤਿਆਰੀ ਹੋਰ ਕਰਨ ਦੀ ਗੱਲ ਕਹੀ ਗਈ ਹੈ। ਇਸ ਬਿੱਲ ਨਾਲ ਕੇਂਦਰ ਦੀ ਵਿਚਾਰਧਾਰਾ ਨੂੰ ਹੀ ਸਾਰੇ ਦੇਸ਼ 'ਤੇ ਥੋਪਿਆ ਜਾਵੇਗਾ, ਜਦਕਿ ਸਾਡੇ ਦੇਸ਼ ਵਿੱਚ ਵੱਖ-ਵੱਖ ਸਭਿਆਤਾਵਾਂ ਅਤੇ ਭਾਸ਼ਾਵਾਂ ਹਨ, ਜਿਸ ਨਾਲ ਬੱਚੇ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿੰਦੇ ਹਨ, ਪਰ ਇਸ ਬਿੱਲ ਨਾਲ ਸੋਚ ਅਤੇ ਵਿਚਾਰਧਾਰਾ 'ਤੇ ਕੇਂਦਰ ਦੀ ਸੋਚ ਬਣ ਜਾਵੇਗੀ।

ਸੰਘੀ ਢਾਂਚੇ 'ਤੇ ਸਵਾਲ : ਸੰਵਿਧਾਨ ਅਨੁਸਾਰ ਸਾਡਾ ਦੇਸ਼ ਇੱਕ ਲੋਕਤੰਤਰ ਦੀ ਸਭ ਤੋਂ ਵੱਡੀ ਮਿਸਾਲ ਹੈ। ਜਿਸ ਮੁਤਾਬਕ ਦੇਸ਼ ਅਤੇ ਸੂਬਿਆਂ ਵਿੱਚ ਲੋਕਾਂ ਦੇ ਚੁਣੇ ਹੋਏ ਨੁਮਾਇੰਦੇ ਸਰਕਾਰ ਚਲਾਉਂਦੇ ਹਨ। ਸੰਵਿਧਾਨ ਮੁਤਾਬਕ ਸਿੱਖਿਆ ਪਹਿਲਾਂ ਸੂਬਿਆਂ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਸੀ, ਜਿਸ ਨੂੰ 1976 ਦੀ 42ਵੀਂ ਸੋਧ ਨਾਲ ਕੰਕਰੈਂਟ ਲਿਸਟ ਵਿੱਚ ਪਾ ਦਿੱਤਾ ਗਿਆ ਹੈ, ਯਾਨੀ ਹੁਣ ਇਹ ਦੋਨਾਂ ਕੇਂਦਰ ਅਤੇ ਸੂਬੇ ਦੇ ਅਧਿਕਾਰ ਖੇਤਰ ਵਿੱਚ ਆ ਗਈ। ਇਥੇ ਇਹ ਹੁੰਦਾ ਹੈ ਕਿ ਜੇ ਸੂਬੇ ਅਤੇ ਕੇਂਦਰ ਦੇ ਵਿਚਕਾਰ ਕਿਸੇ ਨੀਤੀ ਨੂੰ ਲਾਗੂ ਕਰਨ ਲਈ ਸਹਿਮਤੀ ਨਾ ਬਣੇ ਤਾਂ ਕੇਂਦਰ ਦਾ ਫੈਸਲਾ ਲਾਗੂ ਹੋਵੇਗਾ, ਪਰ ਇਥੇ ਵੀ ਬੀ ਐੱਸ ਏ ਬਿੱਲ 2025 ਲਾਗੂ ਕਰਨ ਲਈ ਕੇਂਦਰ ਨੇ ਸੂਬਾ ਸਰਕਾਰਾਂ ਨੂੰ ਨਾਲ ਲੈਣਾ ਜ਼ਰੂਰੀ ਤਾਂ ਕੀ ਸਮਝਣਾ ਸੀ, ਉਹਨਾਂ ਨੂੰ ਦੱਸਿਆ ਵੀ ਨਹੀਂ ਗਿਆ। ਇਹ ਬਿੱਲ ਕੇਂਦਰ ਅਤੇ ਸੂਬੇ ਦੀਆਂ ਯੂਨੀਵਰਸਿਟੀਆਂ ਚਾਹੇ ਸਰਕਾਰੀ ਜਾਂ ਪ੍ਰਾਈਵੇਟ ਜਾਂ ਫਿਰ ਕੋਈ ਹੋਰ ਸਿੱਖਿਅਕ ਅਦਾਰੇ ਜਿਹੜੇ ਰਾਸ਼ਟਰੀ ਪੱਧਰ ਦੇ ਹਨ, ਉਹਨਾਂ 'ਤੇ ਲਾਗੂ ਹੋਵੇਗਾ। ਇਥੇ ਇੱਕ ਗੱਲ ਤਾਂ ਸਿੱਧੀ ਹੈ ਕਿ ਕੇਂਦਰ ਹਰ ਚੀਜ਼ ਆਪਣੇ ਹੱਥ ਵਿੱਚ ਕਰਨਾ ਚਾਹੁੰਦਾ ਹੈ ਅਤੇ ਸੂਬੇ ਸਿਰਫ ਇੱਕ ਤਰ੍ਹਾਂ ਦੀ ਰਬੜ ਸਟੈਂਪ ਹੀ ਬਣ ਕਿ ਰਹਿ ਜਾਣ।

ਯੂ ਜੀ ਸੀ ਅਤੇ ਹੋਰ ਸੰਸਥਾਵਾਂ ਭੰਗ:ਇਸ ਬਿੱਲ ਤਹਿਤ ਯੂ ਜੀ ਸੀ, (ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ 1956), ਏ ਆਈ ਸੀ ਟੀ ਈ (ਆਲ ਇੰਡੀਆਂ ਕੌਂਸਲ ਆਫ ਟੀਚਰ ਐਜੂਕੇਸ਼ਨ 1987), ਐੱਨ ਸੀ ਟੀ ਈ (ਨੈਸ਼ਨਲ ਕੌਂਸਲ ਫਾਰ ਟੀਚਰ ਐਜੂਕੇਸ਼ਨ 1983) ਨੂੰ ਭੰਗ ਕਰਕੇ ਤਿੰਨ ਨਵੀਆਂ ਕੌਂਸਲਾਂ ਬਣਾਈਆਂ ਗਈਆਂ ਹਨ। ਇਹਨਾਂ ਦਾ ਵੇਰਵਾ ਇਸ ਤਰ੍ਹਾਂ ਹੈ:-

1.ਵਿਕਸਤ ਭਾਰਤ ਸਿੱਖਿਆ ਵਿਨਿਯਮਨ ਪਰੀਸ਼ਦ: ਇਹ ਇੱਕ ਰੈਗੂਲੇਟਰੀ ਕੌਂਸਲ ਹੋਊਗੀ, ਜੋ ਨਿਰਧਾਰਤ ਨਿਯਮਾਂ ਨੂੰ ਉੱਚ ਸਿੱਖਿਆ ਅਦਾਰਿਆਂ ਵੱਲੋਂ ਪੂਰਾ ਕਰਵਾਏਗੀ ਅਤੇ ਕਮਿਸ਼ਨ ਦੇ ਨਾਲ ਤਾਲਮੇਲ ਦਾ ਕੰਮ ਕਰੇਗੀ।

2. ਵਿਕਸਤ ਭਾਰਤ ਸਿੱਖਿਆ ਗੁਣਵਤਾ ਪਰੀਸ਼ਦ : ਇਹ ਕੌਂਸਲ ਉੱਚ ਸਿੱਖਿਆ ਅਦਾਰਿਆਂ ਨੂੰ ਮਾਨਤਾ ਦੇਣ ਦਾ ਕੰਮ ਸੰਭਾਲੇਗੀ।

3.ਵਿਕਸਤ ਭਾਰਤ ਸਿੱਖਿਆਂ ਮਾਨਕ ਪਰੀਸ਼ਦ: ਇਹ ਕੌਂਸਲ ਘੱਟੋ-ਘੱਟ ਨਿਯਮ ਕੀ ਹੋਣਗੇ, ਉਹਨਾਂ ਨੂੰ ਨਿਰਧਾਰਤ ਕਰੂਗੀ।

ਕੰਮ ਉਹ ਹੀ ਹੈ, ਪਰ ਅਸਲ ਵਿੱਚ ਵਿਕੇਂਦਰੀਕਰਨ ਤੋਂ ਕੇਂਦਰੀਕਰਨ ਕਰ ਦਿੱਤਾ ਗਿਆ ਹੈ। ਇਥੇ ਇਹ ਗੱਲ ਧਿਆਨ ਯੋਗ ਹੈ ਕਿ ਹਾਲ ਦੀ ਘੜੀ ਮੈਡੀਕਲ, ਕਾਨੂੰਨ ਅਤੇ ਆਰਕੀਟੈਕਚਰ ਵਰਗੀਆਂ ਸੰਸਥਾਵਾਂ ਪਹਿਲਾਂ ਦੀ ਤਰ੍ਹਾਂ ਚੱਲਣਗੀਆਂ, ਪਰ ਇਹਨਾਂ ਨੂੰ ਹੁਣ ਸਿਰਫ ਅਕੈਡਮਿਕ ਕੰਮ ਹੀ ਕਰਨਾ ਹੋਵੇਗਾ, ਬਾਕੀ ਕੰਮ ਉਪਰੋਕਤ ਸੰਸਥਾਵਾਂ ਹੀ ਕਰਨਗੀਆਂ। ਇਹਨਾਂ ਤਿੰਨਾਂ ਸੰਸਥਾਵਾਂ ਨੂੰ ਚਲਾਉਣ ਲਈ ਹਰ ਸੰਸਥਾ ਵਿੱਚ 14 ਮੈਂਬਰ ਹੋਣਗੇ ਅਤੇ ਉਹਨਾਂ ਵਿੱਚੋਂ ਇੱਕ ਪ੍ਰਧਾਨ ਹੋਊਗਾ। ਇਸ ਵਿੱਚ ਮੈਂਬਰ ਜੋ ਹਨ ਉਹ ਲੋਕ ਉੱਘੇ ਵਿਅਕਤੀ (ਪਰਸਨ ਆਫ ਐਮੀਨੈਂਸ) ਜਿਹਨਾਂ ਦਾ ਤਜਰਬਾ ਪ੍ਰੋਫੈਸਰ ਦੇ ਦਸ ਸਾਲ ਦੇ ਬਰਾਬਰ ਹੋਊਗਾ ਜਾਂ ਫਿਰ ਸਿੱਖਿਆ ਜਾਂ ਰਿਸਰਚ ਦੀਆਂ ਮਹਾਨ ਹਸਤੀਆਂ ਹੋਣਗੀਆਂ। ਇਹਨਾਂ ਵਿੱਚ ਇੱਕ ਨਾਮਜ਼ਦ ਕੇਂਦਰ ਦੇ ਉੱਚ ਸਿੱਖਿਆ ਵਿਭਾਗ ਦਾ ਹੋਊਗਾ ਅਤੇ ਦੋ ਦੂਜੀਆਂ ਕੌਂਸਲਾਂ ਦੇ ਮੈਂਬਰ ਹੋਣਗੇ।

ਇਸ ਦੇ ਨਾਲ ਹਾਇਰ ਐਜੂਕੇਸ਼ਨ ਕਮਿਸ਼ਨ ਦੇ ਵਿੱਚ ਇੱਕ ਚੇਅਰਪ੍ਰਸਨ ਅਤੇ 12 ਮੈਂਬਰ ਹੋਣਗੇ। ਚੇਅਰਪ੍ਰਸਨ ਉੱਘੇ ਵਿਅਕਤੀ ਨੂੰ ਆਰਜ਼ੀ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਤਿੰਨਾਂ ਕੌਂਸਲਾਂ ਦੇ ਪ੍ਰਧਾਨ ਵੀ ਮੈਂਬਰ ਹੋਣਗੇ। ਇਸ ਦੇ ਨਾਲ ਸੈਕਟਰੀ ਹਾਇਰ ਐਜੂਕੇਸ਼ਨ, ਪੰਜ ਉੱਘੇ ਮਾਹਰ ਅਤੇ ਦੋ ਉੱਘੇ ਸਿੱਖਿਆ ਸ਼ਾਸਤਰੀ ਸੂਬੇ ਦੀ ਹਾਇਰ ਐਜੂਕੇਸ਼ਨ ਇੰਸਟੀਚਿਊਟ ਵਿੱਚੋਂ ਹੋਣਗੇ। ਇਹਨਾਂ ਨੂੰ ਰਾਸ਼ਟਰਪਤੀ ਵੱਲੋਂ ਕੇਂਦਰ ਸਰਕਾਰ ਦੀ ਸਿਫਾਰਿਸ਼ 'ਤੇ ਲਾਇਆ ਜਾਵੇਗਾ।

ਉੱਚ ਸਿੱਖਿਆ ਅਦਾਰਿਆਂ 'ਤੇ ਜੁਰਮਾਨਾ : ਰੈਗੂਲੇਟਰੀ ਕੌਂਸਲ ਉਹਨਾਂ ਉੱਚ ਸਿੱਖਿਆ ਅਦਾਰਿਆਂ 'ਤੇ ਜੁਰਮਾਨਾ ਲਾ ਸਕਦੀ ਹੈ, ਜੋ ਇਸ ਐਕਟ ਤੇ ਇਹਨਾਂ ਵੱਲੋਂ ਬਣਾਏ ਕਾਨੂੰਨਾਂ ਦੀ ਉਲੰਘਣਾ ਕਰਨਗੇ। ਇਹ ਜੁਰਮਾਨਾ 10 ਲੱਖ ਤੋਂ 70 ਲੱਖ ਤੱਕ ਹੋ ਸਕਦਾ ਹੈ। ਇਸ ਤੋਂ ਇਲਾਵਾ ਕੇਂਦਰ ਜਾਂ ਸੂਬਾ ਸਰਕਾਰ ਨੂੰ ਕਹਿ ਕੇ ਜੇ ਕੋਈ ਗਲਤੀ ਕਰਦਾ ਹੈ ਤਾਂ ਉਸ ਨੂੰ ਕੱਢਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਕਿਹੜੇ ਉੱਚ ਸਿੱਖਿਆ ਅਦਾਰੇ ਦੀ ਖੁਦਮੁਖਤਿਆਰੀ ਘਟਾਉਣੀ, ਵਧਾਉਣੀ ਹੈ, ਉਹ ਵੀ ਕੌਂਸਲ ਤਹਿ ਕਰੇਗੀ। ਗ੍ਰਾਂਟ ਰੋਕਣ ਦੀ ਸਿਫ਼ਾਰਸ਼ ਕੀਤੀ ਜਾ ਸਕਦੀ ਹੈ, ਡਿਗਰੀ ਦੇਣ ਦੇ ਤਰੀਕੇ ਨੂੰ ਬਦਲਿਆ ਜਾ ਸਕਦਾ ਹੈ। ਜੇ ਕੋਈ ਯੂਨੀਵਰਸਿਟੀ ਮਾਨਤਾ ਤੋਂ ਬਿਨਾਂ ਚਲਦੀ ਹੈ ਤਾਂ ਉਸ ਨੂੰ ਘੱਟੋ-ਘੱਟ 2 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਜੇ ਕਿਸੇ ਨੂੰ ਕਮਿਸ਼ਨ ਜਾਂ ਕੌਂਸਲ ਦਾ ਫੈਸਲਾ ਨਾ-ਮਨਜ਼ੂਰ ਹੈ ਤਾਂ ਕੇਂਦਰ ਸਰਕਾਰ ਕੋਲ ਗੁਹਾਰ ਲਾ ਸਕਦਾ ਹੈ। ਯਾਨੀ ਮਾਣਯੋਗ ਅਦਾਲਤ ਕੋਲ ਜਾਣ ਦਾ ਅਧਿਕਾਰ ਖਤਮ ਕਰ ਦਿੱਤਾ ਹੈ।

ਇਸ ਬਿੱਲ 'ਤੇ ਇਤਰਾਜ਼ ਕਿਉਂ : ਪਹਿਲਾਂ ਯੂ ਜੀ ਸੀ ਅਤੇ ਦੂਜੀਆਂ ਸੰਸਥਾਵਾਂ ਕੋਲ ਗ੍ਰਾਂਟ ਦੇਣ ਦਾ ਅਧਿਕਾਰ ਸੀ ਅਤੇ ਮਾਲੀਆ ਵੀ ਸੀ, ਪਰ ਨਵੀਂ ਵਿਵਸਥਾ ਵਿੱਚ ਕਮਿਸ਼ਨ ਜਾਂ ਕੌਂਸਲ ਕਿਸੇ ਕੋਲ ਵੀ ਕੋਈ ਅਧਿਕਾਰ ਨਹੀਂ, ਯੂਨੀਵਰਸਿਟੀਆਂ ਨੂੰ ਆਉਣ ਵਾਲਾ ਪੈਸਾ ਹੁਣ ਸਿੱਧਾ ਕੇਂਦਰ ਸਰਕਾਰ ਦੇ ਹੱਥ ਵਿੱਚ ਹੋਵੇਗਾ। ਇਸ ਦਾ ਫਰਕ ਨਜ਼ਰ ਆਏਗਾ, ਸੂਬੇ ਦੀਆਂ ਯੂਨੀਵਰਸਿਟੀਆਂ 'ਤੇ ਜੋ ਪਹਿਲਾਂ ਹੀ ਪੈਸੇ ਦੀ ਘਾਟ ਨਾਲ ਜੂਝ ਰਹੀਆਂ ਹਨ। ਇਸ ਪਿੱਛੇ ਤਰਕ ਹੈ ਕਿ ਯੂਨੀਵਰਸਿਟੀ ਵਿੱਚ ਨਿਯੁਕਤੀਆਂ ਵੀ ਆਉਣ ਵਾਲੇ ਸਮੇਂ ਵਿੱਚ ਕੇਂਦਰ ਦੇ ਹੱਥ ਵਿੱਚ ਜਾਣਗੀਆਂ। ਜਦੋਂ ਕੌਂਸਲਾਂ ਨੇ ਨਿਯਮ ਬਣਾਉਣੇ ਹਨ ਸਾਲ 2025 ਦੀ ਸ਼ੁਰੂਆਤ ਵਿੱਚ ਯੂ ਜੀ ਸੀ ਨੇ ਵੀ ਨਿਯੁਕਤੀਆਂ ਤੇ ਖਰੜਾ ਲਿਆਂਦਾ ਸੀ, ਜਿਸ ਵਿੱਚ ਸਾਰੀਆਂ ਨਿਯੁਕਤੀ ਸਿੱਧੇ ਅਤੇ ਅਸਿੱਧੇ ਤੌਰ 'ਤੇ ਕੇਂਦਰ ਨੇ ਆਪਣੇ ਹੱਥ ਵਿੱਚ ਲੈ ਲਈਆਂ ਸਨ ਅਤੇ ਜੇ ਸੂਬੇ ਵਿੱਚ ਕੇਂਦਰ ਦੀ ਸਰਕਾਰ ਵਾਲੀ ਪਾਰਟੀ ਦੀ ਸਰਕਾਰ ਨਹੀਂ ਤਾਂ ਕੇਂਦਰ ਨੇ ਪੈਸੇ ਵੱਲੋਂ ਹੱਥ ਘੁੱਟ ਲੈਣਾ ਹੈ। ਦੂਜੇ ਪਾਸੇ ਸੂਬੇ ਨੇ ਪੈਸਾ ਇਸ ਲਈ ਨਹੀਂ ਦੇਣਾ, ਕਿਉਂਕਿ ਵੀ ਸੀ ਤੋਂ ਲੈ ਕੇ ਸਾਰੀ ਭਰਤੀ ਹੀ ਕੇਂਦਰ ਦੇ ਇਸ਼ਾਰੇ 'ਤੇ ਹੋਣੀ ਹੈ।

ਇਥੇ ਸਭ ਤੋਂ ਵੱਧ ਫਾਇਦਾ ਹੋਣਾ ਹੈ ਪ੍ਰਾਈਵੇਟ ਯੂਨੀਵਰਸਿਟੀਆਂ ਦਾ, ਜਿਹੜੀਆਂ ਕਾਰਪੋਰੇਟਾਂ ਵੱਲੋਂ ਚਲਾਈਆਂ ਜਾ ਰਹੀਆਂ ਹਨ ਜਾਂ ਫਿਰ ਸਿਆਸਤਦਾਨਾਂ ਦੀਆਂ ਹਨ। ਖਾਸ ਕਰਕੇ ਉਹ ਸਿਆਸਤਦਾਨਾਂ ਦੀਆਂ ਯੂਨੀਵਰਸਿਟੀਆਂ, ਜਿਹੜੇ ਸੱਤਾ ਧਿਰ ਦੇ ਨਾਲ ਹੋਣਗੇ। ਇਸ ਦੇ ਨਾਲ ਰਿਸਰਚ ਕਿੰਨੀ ਵਧੀਆ ਹੋਊਗੀ, ਇਹ ਤਾਂ ਸਮਾਂ ਦੱਸੇਗਾ, ਕਿਉਂਕਿ ਹਾਲ ਹੀ ਵਿੱਚ ਹੋਈ ਏ ਆਈ ਸਮਿਟ ਵਿੱਚ ਜੋ ਗਲਗੋਟੀਆਂ ਯੂਨੀਵਰਸਿਟੀਆਂ ਨੇ ਸਰਕਾਰ ਤੇ ਦੇਸ਼ ਦਾ ਦੁਨੀਆ ਭਰ ਵਿੱਚ ਜਲੂਸ ਕੱਢਿਆ, ਉਸ ਬਾਰੇ ਸਾਰੇ ਜਾਣਦੇ ਹਨ। ਹੋਣਾ ਤਾਂ ਇਹ ਚਾਹੀਦਾ ਸੀ ਕਿ ਇਹਨਾਂ 'ਤੇ ਦੇਸ਼ ਨੂੰ ਭੰਡਣ ਕਾਰਨ ਸਖਤ ਸਜ਼ਾ ਹੁੰਦੀ ਤੇ ਯੂਨੀਵਰਸਿਟੀ ਬੰਦ ਕਰਾਈ ਜਾਂਦੀ, ਪਰ ਅਫਸੋਸ ਇੱਕ ਛੋਟੇ ਜਿਹੇ ਮਾਫੀਨਾਮੇ 'ਤੇ ਹੀ ਮਾਮਲਾ ਰਫਾ-ਦਫਾ ਕਰ ਦਿੱਤਾ ਗਿਆ।

ਯੂਨੀਵਰਸਿਟੀਆਂ ਦੀ ਖੁਦਮੁਖਤਿਆਰੀ ਦੇ ਖੋਰੇ ਨਾਲ ਗੱਲ ਕੇਂਦਰ ਦੀ ਚੱਲੇਗੀ, ਕੀ ਪੜ੍ਹਾਉਣਾ, ਕਿਸ ਤਰ੍ਹਾਂ ਪੜ੍ਹਾਉਣਾ ਇਹ ਸਭ ਉਤੋਂ ਹੀ ਆਏਗਾ। ਬਸ ਖੁਦਮੁਖਤਿਆਰੀ ਦਾ ਤਾਂ ਜਾਮਾ ਹੀ ਰਹਿ ਜਾਏਗਾ। ਯਾਨੀ ਨੌਜਵਾਨਾਂ ਦੀ ਸੋਚ ਨੂੰ ਕਿੱਧਰ ਮੋੜਨਾ ਹੈ, ਉਸ ਵੱਲ ਵੱਡਾ ਕਦਮ। ਹੌਲੀ-ਹੌਲੀ ਸਰਕਾਰੀ ਯੂਨੀਵਰਸਿਟੀਆਂ ਵਿੱਚ ਪੈਰ ਪਿੱਛੇ ਖਿੱਚ ਕੇ ਸਰਕਾਰ ਇਹਨਾਂ ਨੂੰ ਪ੍ਰਾਈਵੇਟ ਜਾਂ ਵਿਦੇਸ਼ੀ ਯੂਨੀਵਰਸਿਟੀਆਂ ਦੇ ਹੱਥ ਫੜਾਏਗੀ। ਇਹ ਸਭ ਨਵਾਂ ਨਹੀਂ ਪਹਿਲਾਂ ਵੀ ਕਰਨ ਦੀ ਕੋਸ਼ਿਸ਼ ਕੀਤੀ ਜਾ ਚੁੱਕੀ ਹੈ, ਪਰ ਰੋਕ ਲੱਗ ਜਾਂਦੀ ਹੈ। ਜਦੋਂ ਸੂਬੇ ਦੀ ਸਰਕਾਰ ਅਤੇ ਲੋਕ ਅੜਿੱਕਾ ਡਾਹ ਦਿੰਦੇ ਹਨ। ਹੁਣ ਸੂਬੇ ਤੋਂ ਹੀ ਕੇਂਦਰੀਕਰਨ ਗਿਆ ਤਾਂ ਇਹ ਸਭ ਸੌਖਾ ਹੋਵੇਗਾ। ਅੱਜ ਸਰਕਾਰੀ ਯੂਨੀਵਰਸਿਟੀਆਂ ਵਿੱਚ ਟੀਚਰਾਂ ਤੇ ਹੇਠਲਿਆਂ ਦੀ ਐਸੋਸੀਏਸ਼ਨਾਂ ਬਣੀਆਂ ਹਨ ਤਾਂ ਉਹ ਇੱਕਠੇ ਹੋ ਕੇ ਰੌਲਾ ਪਾ ਕੇ ਆਪਣੇ ਹੱਕ ਲੈ ਲੈਂਦੇ ਹਨ, ਪਰ ਪ੍ਰਾਈਵੇਟ ਵਿੱਚ ਇਸ ਤਰ੍ਹਾਂ ਦੀਆਂ ਕੋਈ ਐਸੋਸੀਏਸ਼ਨਾਂ ਨਹੀਂ ਹਨ, ਇਸ ਲਈ ਉਹ ਸ਼ੋਸ਼ਣ ਦਾ ਸ਼ਿਕਾਰ ਹਨ। ਆਉਣ ਵਾਲੇ ਸਮੇਂ ਵਿੱਚ ਨਿੱਜੀਕਰਨ ਨੇ ਸਿੱਖਿਆ ਖੇਤਰ ਨੂੰ ਆਪਣੀ ਜਕੜ ਵਿੱਚ ਲੈ ਲੈਣਾ ਹੈ। ਛੋਟੇ-ਛੋਟੇ ਪ੍ਰਾਈਵੇਟ ਕਾਲਜ, ਯੂਨੀਵਰਸਿਟੀਆਂ, ਵੱਡੇ ਕਾਰਪੋਰੇਟਾਂ ਨੇ ਖਰੀਦ ਲੈਣੀਆਂ ਹਨ। ਗੁਣਵੱਤਾ ਦੇ ਨਾਂਅ 'ਤੇ ਫੀਸਾਂ ਵਧ ਜਾਣੀਆਂ ਹਨ ਅਤੇ ਪੜ੍ਹਾਈ ਆਮ ਇਨਸਾਨ ਦੇ ਵੱਸ ਤੋਂ ਬਾਹਰ ਦੀ ਗੱਲ ਹੋ ਜਾਣੀ ਹੈ। ਇਹ ਬਿੱਲ ਸਾਨੂੰ ਸਿੱਖਿਆ ਦੇ ਨਿੱਜੀਕਰਨ ਅਤੇ ਕੇਂਦਰੀਕਰਨ ਵੱਲ ਧੱਕਦਾ ਹੈ।

# ਸੰਪਰਕ : 96537-90000

# ਫਿਲਹਾਲ ਅਸੀਂ ਪੁਲਾੜ ਦੇ ਹਨੇਰੇ 'ਚ ਹੀ ਹਾਂ

ਸੰਜੀਵ ਝਾਂਜੀ ਜਗਰਾਉਂ

ਪੁਲਾੜ ਕੀ ਹੈ? ਆਮ ਬੋਲ-ਚਾਲ ਦੀ ਭਾਸ਼ਾ ਵਿੱਚ ਅਸੀਂ ਕਹਿ ਦਿੰਦੇ ਹਾਂ ਕਿ ਜਿਹੜਾ ਉੱਪਰ ਵੱਲ ਦੇਖਿਆਂ ਸਾਨੂੰ ਅਸਮਾਨ ਦਿਖਦਾ ਹੈ ਜਾਂ ਇਹਦੇ ਵਰਗਾ ਜੋ ਕੁਝ ਵੀ ਉੱਪਰ ਹੈ, ਉਹ ਸਭ ਪੁਲਾੜ ਦਾ ਹਿੱਸਾ ਹੈ, ਪਰ ਪੁਲਾੜ ਸਾਡੀ ਇਸ ਕਲਪਨਾ ਤੋਂ ਬਹੁਤ ਦੂਰ ਦੀ ਚੀਜ਼ ਹੈ। ਸਾਡੀ ਸੋਚ ਸ਼ਕਤੀ ਤੋਂ ਵੀ ਪਰ੍ਹੇ। ਤੁਸੀਂ ਸਾਫ਼ ਦਿਨ ਜਾਂ ਰਾਤ ਵਿੱਚ ਅਸਮਾਨ ਦੇ ਤਾਰਿਆਂ ਨੂੰ ਤੇ ਹੋਰ ਪੁਲਾੜੀ ਚੀਜ਼ਾਂ ਨੂੰ ਦੇਖਣ ਦੀ ਕੋਸ਼ਿਸ਼ ਕਰੋ ਤੇ ਉਸ ਤੋਂ ਬਾਅਦ ਕਲਪਨਾ ਕਰੋ ਕਿ ਇਸ ਤੋਂ ਪਰ੍ਹੇ ਵੀ ਬਹੁਤ ਕੁਝ ਹੈ।ਏਦਾਂ ਦਾ ਹੀ ਉਹ ਸਾਰਾ ਕੁਝ ਵੀ ਪੁਲਾੜ ਦਾ ਹੀ ਹਿੱਸਾ ਹੈ। ਉਸ ਤੋਂ ਬਾਅਦ ਤੁਸੀਂ ਆਪਣੀ ਕਲਪਨਾ ਤੋਂ ਵੀ ਪਰ੍ਹੇ, ਜੋ ਉਹ ਲਗਾਤਾਰ ਫੈਲ ਰਿਹਾ ਹੈ, ਉਹ ਵੀ ਪੁਲਾੜ ਦਾ ਹਿੱਸਾ ਹੈ।

ਅਸਲ ਵਿੱਚ ਪੁਲਾੜ ਰਹੱਸਾਂ ਨਾਲ ਭਰਿਆ ਹੋਇਆ ਹੈ। ਪੁਲਾੜ ਦਾ ਸਿਰਫ਼ ਪੰਜ ਫੀਸਦੀ ਹਿੱਸਾ ਹੀ ਆਮ ਪਦਾਰਥਾਂ ਤੋਂ ਬਣਿਆ ਹੋਇਆ ਹੈ। ਬਾਕੀ 95 ਫੀਸਦੀ ਹਿੱਸਾ ਡਾਰਕ ਮੈਟਰ ਅਤੇ ਡਾਰਕ ਐਨਰਜੀ ਤੋਂ ਬਣਿਆ ਹੋਇਆ ਹੈ। ਇਸ ਤੋਂ ਬਿਨਾਂ ਬਲੈਕ ਹੋਲ ਤੇ ਏਲੀਅਨ, ਜਿਨ੍ਹਾਂ ਬਾਰੇ ਅਕਸਰ ਅਸੀਂ ਸੋਚਦੇ ਰਹਿੰਦੇ ਹਾਂ, ਕਿ ਇਹ ਦੂਜੇ ਗ੍ਰਹਿ ਦੇ ਵਾਸੀ ਹਨ, ਉਹਨਾਂ ਤੋਂ ਵੀ ਬਣਿਆ ਹੋ ਸਕਦਾ ਹੈ। ਆਓ, ਪੁਲਾੜ 'ਤੇ ਇੱਕ ਸਰਸਰੀ ਨਜ਼ਰ ਮਾਰੀਏ।

ਸਾਡੀ ਧਰਤੀ ਵੀ ਪੁਲਾੜ ਦਾ ਹੀ ਹਿੱਸਾ ਹੈ। ਧਰਤੀ, ਇਸ ਦਾ ਉਪ ਗ੍ਰਹਿ ਚੰਦਰਮਾ ਅਤੇ ਇਸ ਦੇ ਨਾਲ ਦੇ ਦੂਜੇ ਗ੍ਰਹਿ, ਸੂਰਜ ਦੇ ਆਲੇ-ਦੁਆਲੇ ਚੱਕਰ ਕੱਢਦੇ ਹਨ ਅਤੇ ਇਸ ਸਾਰੇ ਨੂੰ ਅਸੀਂ ਸੂਰਜੀ ਪਰਿਵਾਰ ਕਹਿੰਦੇ ਹਾਂ। ਇਹ ਪੁਲਾੜ ਦਾ ਇੱਕ ਰੇਤ ਦੇ ਬਰਾਬਰ ਕਣ ਜਿੱਡਾ ਹਿੱਸਾ ਹੀ ਬਣਾਉਂਦੇ ਹਨ, ਸ਼ਾਇਦ ਉਸ ਤੋਂ ਵੀ ਛੋਟਾ। ਅਜਿਹੇ ਕਰੋੜਾਂ ਸੂਰਜੀ ਪਰਿਵਾਰ ਸਿਰਫ਼ ਸਾਡੀ ਹੀ ਗਲੈਕਸੀ ਦੇ ਵਿੱਚ ਹਨ ਅਤੇ ਅਜਿਹੀਆਂ ਕਰੋੜਾਂ ਹੀ ਗਲੈਕਸੀਆਂ ਇਸ ਬ੍ਰਹਿਮੰਡ ਵਿੱਚ ਵਿਚਰ ਰਹੀਆਂ ਹਨ, ਜਿਹੜੀਆਂ ਲਗਾਤਾਰ ਇੱਕ-ਦੂਜੇ ਤੋਂ ਦੂਰ ਜਾ ਰਹੀਆਂ ਹਨ, ਭਾਵ ਬ੍ਰਹਿਮੰਡ ਫੈਲ ਰਿਹਾ ਹੈ। ਫੈਲ ਕਿਹੜੀ ਚੀਜ਼ ਵਿੱਚ ਰਿਹਾ ਹੈ, ਇਸ ਬਾਰੇ ਕਿਸੇ ਨੂੰ ਕੋਈ ਨਹੀਂ ਪਤਾ? ਕਿੱਥੋਂ ਤੱਕ ਫੈਲ ਰਿਹਾ ਹੈ, ਇਹਦੇ ਬਾਰੇ ਵੀ ਕਿਸੇ ਨੂੰ ਕੋਈ ਨਹੀਂ ਪਤਾ? ਨਾ ਸਾਨੂੰ, ਨਾ ਤੁਹਾਨੂੰ, ਨਾ ਸਾਡੀ ਸਾਇੰਸ ਨੂੰ ਅਤੇ ਨਾ ਹੀ ਸਾਡੇ ਵਿਗਿਆਨੀਆਂ ਨੂੰ।

ਇਸ ਬ੍ਰਹਿਮੰਡ ਵਿੱਚ ਬਹੁਤ ਕੁਝ ਅਜੀਬੋ-ਗਰੀਬ ਹੈ। ਸਭ ਤੋਂ ਪਹਿਲਾਂ ਅਸੀਂ ਬਲੈਕ ਹੋਲ ਦੀ ਗੱਲ ਕਰਦੇ ਹਾਂ। ਬਲੈਕ ਹੋਲ ਗੁਰਤਾ ਖਿੱਚ ਸ਼ਕਤੀ ਦਾ ਉਹ ਕੇਂਦਰ ਹੁੰਦਾ ਹੈ, ਜਿਸ ਵਿੱਚ ਗਈ ਚੀਜ਼ ਕਦੇ ਵਾਪਸ ਨਹੀਂ ਆਉਂਦੀ। ਇਸ ਦੀ ਖਿੱਚ ਸ਼ਕਤੀ ਏਨੀ ਜ਼ਿਆਦਾ ਹੁੰਦੀ ਹੈ ਕਿ ਇਸ ਵਿੱਚ ਗਿਆ ਪ੍ਰਕਾਸ਼ ਵੀ ਵਾਪਸ ਨਹੀਂ ਆ ਸਕਦਾ। ਪ੍ਰਕਾਸ਼ ਜਿਸ ਦਾ ਪੁੰਜ ਵੀ ਨਹੀਂ ਹੁੰਦਾ (ਫ਼ੋਟੋਨ ਦਾ ਰੈਸਟ ਪੁੰਜ ਜ਼ੀਰੋ ਹੁੰਦਾ ਹੈ) ਉਹ ਵੀ ਇਸ ਵਿੱਚ ਸਮਾਅ ਜਾਂਦਾ ਹੈ ਅਤੇ ਇਸ ਵਿੱਚ ਸਾਇੰਸ ਦੇ ਸਾਰੇ ਨਿਯਮ ਕੰਮ ਕਰਨਾ ਬੰਦ ਕਰ ਦਿੰਦੇ ਹਨ। ਦੂਜੇ ਸ਼ਬਦਾਂ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਅੱਜ ਦੀ ਸਾਇੰਸ ਇੱਥੇ ਆ ਕੇ ਫੇਲ੍ਹ ਹੋ ਜਾਂਦੀ ਹੈ। (ਬਲੈਕ ਹੋਲ ਤੇ ਵਿਗਿਆਨ ਦੇ ਨਿਯਮ ਕੰਮ ਕਰਦੇ ਹਨ, ਪਰ ਇਸ ਦੇ ਕੇਂਦਰ ਵਿੱਚ ਸਾਡਾ ਮੌਜੂਦਾ ਗਿਆਨ ਅਧੂਰਾ ਹੋ ਜਾਂਦਾ ਹੈ। ਆਇਨਸਟਾਈਨ ਦੀ ਜਨਰਲ ਰਿਲੇਟੀਵਿਟੀ ਦਾ ਸਿਧਾਂਤ ਬਲੈਕ ਹੋਲ ਦੀ ਗਰੈਵਿਟੀ ਅਤੇ ਇਸ ਦੇ ਬਾਹਰਲੇ ਘੇਰੇ ਨੂੰ ਸਮਝਾਉਂਦਾ ਹੈ।) ਆਉਣ ਵਾਲੇ ਸਮੇਂ ਵਿੱਚ ਸ਼ਾਇਦ ਸਾਇੰਸ ਹੋਰ ਤਰੱਕੀ ਕਰ ਜਾਵੇ, ਹੋਰ ਖੋਜਾਂ ਹੋ ਜਾਣ ਤਾਂ ਸ਼ਾਇਦ ਕੁਝ ਲੱਭਿਆ ਜਾ ਸਕੇ, ਪਰ ਫਿਲਹਾਲ ਬਲੈਕ ਹੋਲ ਅਜਿਹੀ ਚੀਜ਼ ਹੈ, ਜਿਸ ਬਾਰੇ ਸਾਨੂੰ ਸਿਰਫ ਇਹੀ ਜਾਣਕਾਰੀ ਹੈ ਕਿ ਇਹ ਹਰ ਇੱਕ ਚੀਜ਼, ਚਾਹੇ ਉਹ ਕੋਈ ਤਾਰਾ ਹੋਵੇ, ਚਾਹੇ ਕੋਈ ਗ੍ਰਹਿ ਹੋਵੇ, ਇਥੋਂ ਤੱਕ ਕਿ ਚਾਹੇ ਪ੍ਰਕਾਸ਼ ਹੋਵੇ, ਜੋ ਇਸ ਦੀ ਖਿੱਚ ਸ਼ਕਤੀ ਦੇ ਅੰਦਰ ਆ ਗਿਆ, ਉਹ ਇਸ ਵਿੱਚ ਹੀ ਸਮਾਅ ਜਾਂਦਾ ਹੈ।

ਸਾਡੇ ਪੁਲਾੜ ਦਾ 95 ਫੀਸਦੀ ਹਿੱਸਾ ਡਾਰਕ ਮੈਟਰ ਅਤੇ ਡਾਰਕ ਐਨਰਜੀ ਤੋਂ ਬਣਿਆ ਹੋਇਆ ਹੈ। ਮੰਨਿਆ ਜਾਂਦਾ ਹੈ ਕਿ ਪੁਲਾੜ ਦਾ 27 ਫੀਸਦੀ ਹਿੱਸਾ ਡਾਰਕ ਮੈਟਰ ਅਤੇ 68 ਫੀਸਦੀ ਹਿੱਸਾ ਡਾਰਕ ਐਨਰਜੀ ਹੈ। ਇਹ ਇੱਕ ਅਜਿਹੀਆਂ ਚੀਜ਼ਾਂ ਹਨ, ਜਿਹੜੀਆਂ ਨਾ ਤਾਂ ਦੇਖੀਆਂ ਜਾ ਸਕਦੀਆਂ ਹਨ ਤੇ ਨਾ ਹੀ ਇਹਨਾਂ ਨੂੰ ਛੂਹਿਆ ਜਾ ਸਕਦਾ ਹੈ, ਪਰ ਫਿਰ ਵੀ ਇਹ ਪੂਰੇ ਬ੍ਰਹਮੰਡ ਨੂੰ ਚਲਾ ਰਹੀਆਂ ਹਨ।

ਏਲੀਅਨ ਕੀ ਹਨ? ਪਤਾ ਨਹੀਂ। ਜਿਵੇਂ ਕਿ ਆਪਾਂ ਪਹਿਲਾਂ ਵੀ ਗੱਲ ਕੀਤੀ ਹੈ ਕਿ ਸਾਡੇ ਸਾਡੀ ਗਲੈਕਸੀ ਵਿੱਚ ਹੀ ਕਰੋੜਾਂ ਸੂਰਜੀ ਪਰਿਵਾਰ ਹਨ। ਇਸ ਦਾ ਮਤਲਬ ਹੈ ਕਿ ਕਰੋੜਾਂ ਹੀ ਗ੍ਰਹਿ ਵੀ ਹਨ। ਹੋ ਸਕਦਾ ਹੈ ਕਿਸੇ ਗ੍ਰਹਿ ਦੇ ਉੱਤੇ ਜੀਵਨ ਜਿਉਣ ਦੀਆਂ ਹਾਲਤਾਂ ਹੋਣ, ਜਿੱਥੇ ਜੀਵਨ ਪਨਪ ਵੀ ਰਿਹਾ ਹੋਵੇ, ਪਰ ਫਿਲਹਾਲ ਅਜੇ ਤੱਕ ਸਾਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ। ਜੇ ਇਹਨਾਂ ਵਿੱਚੋਂ ਕਿਸੇ ਗ੍ਰਹਿ 'ਤੇ ਜੀਵਨ ਹੋਵੇ, ਉਥੇ ਮਨੁੱਖ ਪ੍ਰਜਾਤੀ ਹੋਵੇ ਤਾਂ ਉਥੋਂ ਦੇ ਜੀਵਾਂ ਨੂੰ ਅਸੀਂ ਏਲੀਅਨ ਹੀ ਕਹਾਂਗੇ।

ਇਸ ਬ੍ਰਹਿਮੰਡ ਵਿੱਚ ਸਾਨੂੰ ਸਭ ਤੋਂ ਉਲਝਾਉਣ ਵਾਲੀ ਜਿਹੜੀ ਚੀਜ਼ ਹੈ, ਉਹ ਸਮਾਂ ਹੈ। ਅਸੀਂ ਅਕਸਰ ਦੇਖਦੇ ਹਾਂ ਕਿ ਸਮਾਂ ਇੱਕਸਾਰ ਗਤੀ ਨਾਲ ਚਲਦਾ ਹੈ, ਸਾਡੀ ਧਰਤੀ 'ਤੇ ਪਰ ਹਰ ਕਿਤੇ ਇਹ ਇੱਕੋ ਸਪੀਡ ਨਾਲ ਨਹੀਂ ਚੱਲਦਾ। ਜੇਕਰ ਕੋਈ ਚੀਜ਼ ਪ੍ਰਕਾਸ਼ ਦੀ ਗਤੀ ਨਾਲ ਭਾਵ 3 ਲੱਖ ਕਿਲੋਮੀਟਰ ਪ੍ਰਤੀ ਸੈਕਿੰਡ ਦੀ ਰਫਤਾਰ ਨਾਲ ਚੱਲ ਰਹੀ ਹੋਵੇ ਜਾਂ ਅਸੀਂ ਬਲੈਕ ਹੋਲ ਦੇ ਨੇੜੇ ਹੋਈਏ ਤਾਂ ਉਥੇ ਸਮਾਂ ਬਹੁਤ ਹੌਲੀ-ਹੌਲੀ ਚੱਲੇਗਾ। ਭਾਵ ਜੇਕਰ ਧਰਤੀ 'ਤੇ ਇੱਕ ਸਾਲ ਬੀਤਦਾ ਹੈ ਤਾਂ ਹੋ ਸਕਦਾ ਹੈ ਉਥੇ ਇਕ-ਦੋ ਘੰਟੇ ਹੀ ਬੀਤੇ ਹੋਣ। ਇਹ ਜਿਹੜੀਆਂ ਚੀਜ਼ਾਂ ਹਨ, ਇਹ ਸਾਡੇ ਬ੍ਰਹਿਮੰਡ ਨੂੰ, ਸਾਡੇ ਯੂਨੀਵਰਸ ਨੂੰ ਬਹੁਤ ਗੁੰਝਲਦਾਰ ਬਣਾਉਂਦੀਆਂ ਹਨ ਤੇ ਸਾਡੀ ਸਾਇੰਸ 'ਤੇ ਵੀ ਸਵਾਲੀਆ ਨਿਸ਼ਾਨ ਲਗਾਉਂਦੀਆਂ ਹਨ, ਕਿਉਂਕਿ ਪੁਲਾੜ ਵਿੱਚ ਬਹੁਤ ਸਾਰੀਆਂ ਅਜਿਹੀਆਂ ਥਾਵਾਂ ਹਨ, ਜਿੱਥੇ ਸਾਇੰਸ ਦੇ ਨਿਯਮ ਕੰਮ ਨਹੀਂ ਕਰਦੇ। ਹੋ ਸਕਦਾ ਹੈ ਆਉਣ ਵਾਲੇ ਸਮੇਂ ਵਿੱਚ ਹੋਰ ਖੋਜਾਂ ਹੋ ਜਾਣ, ਹੋਰ ਨਿਯਮ ਲੱਭੇ ਜਾ ਸਕਣ 'ਤੇ ਪੁਲਾੜ ਵਿਗਿਆਨ ਦੀ ਇਹ ਗੁੱਥੀ ਸਾਡੇ ਤੋਂ ਕੁਝ ਸੁਲਝ ਜਾਵੇ। ਫਿਲਹਾਲ ਅਸੀਂ ਪੁਲਾੜ ਦੇ ਹਨੇਰੇ ਵਿੱਚ ਹੀ ਹਾਂ।

ਸੰਪਰਕ : 80049-10000

# ਮਹਿੰਗਾਈ ਨੇ ਆਮ ਆਦਮੀ ਦਾ ਕੱਢਿਆ ਕਚੂੰਮਰ

ਡਾ. ਕ੍ਰਿਸ਼ਨ ਲਾਲ

ਅਜੋਕੇ ਦੌਰ ਵਿੱਚ ਬੇਲਗਾਮ ਵਧ ਰਹੀ ਮਹਿੰਗਾਈ ਨੇ ਆਮ ਨਾਗਰਿਕ, ਮੱਧ ਵਰਗੀ ਅਤੇ ਗਰੀਬ ਵਰਗ ਦੀ ਆਰਥਿਕ ਕਮਰ ਪੂਰੀ ਤਰ੍ਹਾਂ ਤੋੜ ਕੇ ਰੱਖ ਦਿੱਤੀ ਹੈ। ਰੋਜ਼ਾਨਾ ਵਰਤੋਂ ਦੀਆਂ ਵਸਤਾਂ ਦੇ ਭਾਅ ਵਿੱਚ ਹਰ ਨਵੇਂ ਦਿਨ ਅਜਿਹਾ ਉਛਾਲ ਆਉਂਦਾ ਹੈ, ਜੋ ਪਰਵਾਰ ਦੇ ਪੂਰੇ ਮਹੀਨੇ ਦੇ ਬਜਟ ਨੂੰ ਤਹਿਸ-ਨਹਿਸ ਕਰ ਦਿੰਦਾ ਹੈ। ਆਮਦਨ ਦੇ ਸੀਮਤ ਸਾਧਨਾਂ ਅਤੇ ਲਗਾਤਾਰ ਵਧਦੇ ਖ਼ਰਚਿਆਂ ਕਾਰਨ ਮਹੀਨੇ ਦੇ ਪਹਿਲੇ ਦਸ ਦਿਨਾਂ ਵਿੱਚ ਹੀ ਕਮਾਈ ਮੁੱਕ ਜਾਂਦੀ ਹੈ, ਜਿਸ ਤੋਂ ਬਾਅਦ ਬਾਕੀ ਰਹਿੰਦੇ ਵੀਹ ਦਿਨ ਘਰ ਦਾ ਗੁਜ਼ਾਰਾ ਚਲਾਉਣਾ ਇੱਕ ਦਰਦਨਾਕ ਜੱਦੋ-ਜਹਿਦ ਬਣ ਜਾਂਦਾ ਹੈ।

ਰਸੋਈ ਦੇ ਬਜਟ ਵਿੱਚ ਪਿਛਲੇ ਚਾਰ-ਪੰਜ ਸਾਲਾਂ ਦੌਰਾਨ ਸਭ ਤੋਂ ਵੱਡਾ ਉਛਾਲ ਆਇਆ ਹੈ, ਜਿਸ ਕਾਰਨ ਖਾਣ-ਪੀਣ ਦੀਆਂ ਵਸਤਾਂ 25% ਤੋਂ 70% ਤੱਕ ਮਹਿੰਗੀਆਂ ਹੋ ਚੁੱਕੀਆਂ ਹਨ। ਕਣਕ ਦਾ ਆਟਾ, ਜੋ ਪਹਿਲਾਂ 240 ਤੋਂ 270 ਰੁਪਏ ਪ੍ਰਤੀ 10 ਕਿੱਲੋ ਮਿਲਦਾ ਸੀ, ਹੁਣ 360 ਤੋਂ 420 ਰੁਪਏ ਤੱਕ ਪਹੁੰਚ ਗਿਆ ਹੈ। ਮੱਕੀ ਦਾ ਆਟਾ 36 ਤੋਂ ਵਧ ਕੇ 40 ਰੁਪਏ ਅਤੇ ਚੌਲ ਦਾ ਆਟਾ 38 ਤੋਂ ਵਧ ਕੇ 42 ਰੁਪਏ ਪ੍ਰਤੀ ਕਿੱਲੋ ਹੋ ਗਿਆ ਹੈ। ਖਾਣ ਵਾਲੇ ਤੇਲ ਦੀਆਂ ਕੀਮਤਾਂ 95-110 ਤੋਂ ਵਧ ਕੇ 140-165 ਰੁਪਏ ਪ੍ਰਤੀ ਲੀਟਰ ਹੋ ਗਈਆਂ ਹਨ, ਜਦਕਿ ਚੌਲ 60-70 ਤੋਂ ਵਧ ਕੇ 90-120 ਰੁਪਏ ਅਤੇ ਚੌਲ ਕਣਕੀ 25 ਤੋਂ ਵਧ ਕੇ 29 ਰੁਪਏ ਪ੍ਰਤੀ ਕਿੱਲੋ ਵਿਕ ਰਹੇ ਹਨ। ਖੰਡ ਲਗਭਗ 40% ਵਾਧੇ ਨਾਲ 48 ਤੋਂ 67 ਰੁਪਏ, ਗੁੜ 50 ਤੋਂ 65 ਰੁਪਏ, ਚਾਹ ਪੱਤੀ 460-520 ਰੁਪਏ ਅਤੇ ਜ਼ੀਰਾ 180-220 ਤੋਂ ਛਾਲ ਮਾਰ ਕੇ 300-380 ਰੁਪਏ ਪ੍ਰਤੀ ਕਿੱਲੋ ਤੱਕ ਪਹੁੰਚ ਚੁੱਕਾ ਹੈ। ਪ੍ਰੋਟੀਨ ਦਾ ਸਭ ਤੋਂ ਵੱਡਾ ਅਤੇ ਸਸਤਾ ਸਰੋਤ ਮੰਨੀਆਂ ਜਾਂਦੀਆਂ ਦਾਲਾਂ ਆਮ ਪਰਿਵਾਰਾਂ ਦੀ ਪਹੁੰਚ ਤੋਂ ਬਾਹਰ ਹੋਣ ਕਾਰਨ ਥਾਲੀ ਵਿੱਚੋਂ ਪੌਸ਼ਟਿਕਤਾ ਅਲੋਪ ਹੋ ਰਹੀ ਹੈ।

ਸਬਜ਼ੀ ਮੰਡੀ ਦਾ ਹਾਲ ਵੀ ਬੇਹੱਦ ਖ਼ਰਾਬ ਹੈ, ਜਿੱਥੇ ਆਲੂ, ਪਿਆਜ਼, ਟਮਾਟਰ, ਲਸਣ ਅਤੇ ਅਦਰਕ ਵਰਗੀਆਂ ਮੁੱਢਲੀਆਂ ਵਸਤਾਂ ਦੇ ਰੇਟ ਆਸਮਾਨ ਛੂਹ ਰਹੇ ਹਨ ਅਤੇ ਲੋਕ ਕਿੱਲੋਆਂ ਦੀ ਥਾਂ ਪਾਈਆ ਦੇ ਹਿਸਾਬ ਨਾਲ ਗਿਣ-ਮਿਣ ਕੇ ਖ਼ਰੀਦਦਾਰੀ ਕਰਨ ਲਈ ਮਜਬੂਰ ਹਨ। ਦੂਜੇ ਪਾਸੇ, ਰਸੋਈ ਗੈਸ (ਐੱਲ ਪੀ ਜੀ) ਦੇ ਸਿਲੰਡਰਾਂ ਦੀਆਂ ਕੀਮਤਾਂ ਵਧਣ ਕਾਰਨ ਉਜਵਲਾ ਯੋਜਨਾ ਦੇ ਸਿਲੰਡਰ ਘਰਾਂ ਵਿੱਚ ਸਿਰਫ਼ ਸ਼ੋਅਪੀਸ ਬਣ ਕੇ ਰਹਿ ਗਏ ਹਨ। ਗਰੀਬ ਪਰਿਵਾਰਾਂ ਦੀਆਂ ਔਰਤਾਂ ਮਜਬੂਰ ਹੋ ਕੇ ਮੁੜ ਮਿੱਟੀ ਦੇ ਚੁੱਲ੍ਹਿਆਂ, ਲੱਕੜ ਅਤੇ ਪਾਥੀਆਂ ਵੱਲ ਪਰਤ ਰਹੀਆਂ ਹਨ, ਜਿਸ ਨਾਲ ਘਰੇਲੂ ਪ੍ਰਦੂਸ਼ਣ ਵਧ ਰਿਹਾ ਹੈ ਅਤੇ ਉਹ ਸਾਹ ਤੇ ਅੱਖਾਂ ਦੀਆਂ ਗੰਭੀਰ ਬਿਮਾਰੀਆਂ ਦੀ ਲਪੇਟ ਵਿੱਚ ਆ ਰਹੀਆਂ ਹਨ।

ਆਪਣੀ ਛੱਤ ਬਣਾਉਣ ਦਾ ਸੁਪਨਾ ਵੀ ਮਹਿੰਗਾਈ ਦੀ ਭੇਟ ਚੜ੍ਹ ਗਿਆ ਹੈ, ਕਿਉਂਕਿ ਮਕਾਨ ਉਸਾਰੀ ਸਮੱਗਰੀ ਦੀ ਲਾਗਤ ਵਿੱਚ 40% ਤੋਂ 60% ਤੱਕ ਦਾ ਵਾਧਾ ਹੋਇਆ ਹੈ। ਸੀਮਿੰਟ ਦੀ ਬੋਰੀ, ਜੋ ਪਹਿਲਾਂ 260 ਤੋਂ 290 ਵਿੱਚ ਆਉਂਦੀ ਸੀ, ਹੁਣ 370 ਤੋਂ 430 ਰੁਪਏ ਵਿੱਚ ਮਿਲਦੀ ਹੈ। ਸਰੀਏ (ਲੋਹੇ) ਦੇ ਭਾਅ 40-45 ਤੋਂ ਵਧ ਕੇ 60-70 ਰੁਪਏ ਪ੍ਰਤੀ ਕਿੱਲੋ, ਰੇਤਾ-ਬਜਰੀ 22-28 ਤੋਂ ਵਧ ਕੇ 38-50 ਰੁਪਏ ਪ੍ਰਤੀ ਫੁੱਟ ਅਤੇ ਇੱਕ ਹਜ਼ਾਰ ਇੱਟਾਂ ਦੀ ਕੀਮਤ 4,500-5,200 ਤੋਂ ਵਧ ਕੇ 6,500-8,000 ਰੁਪਏ ਤੱਕ ਪਹੁੰਚ ਗਈ ਹੈ, ਜਿਸ ਕਾਰਨ ਆਮ ਆਦਮੀ ਲਈ ਘਰ ਦੀ ਉਸਾਰੀ ਕਰਨਾ ਅਸੰਭਵ ਹੋ ਗਿਆ ਹੈ।



ਕਿਸਾਨਾਂ ਲਈ ਫ਼ਸਲ ਪਾਲਣ ਦਾ ਖ਼ਰਚਾ ਵੀ ਅਸਹਿਣਯੋਗ ਹੱਦ ਤੱਕ ਵਧ ਗਿਆ ਹੈ। ਡੀ ਏ ਪੀ ਖਾਦ ਦੀ ਸਬਸਿਡੀ ਵਾਲੀ ਬੋਰੀ 1,000-1,100 ਤੋਂ ਵਧ ਕੇ ਲਗਭਗ 1,350 ਰੁਪਏ ਹੋ ਚੁੱਕੀ ਹੈ ਅਤੇ ਕੀਟਨਾਸ਼ਕ-ਨਦੀਨਨਾਸ਼ਕ ਦਵਾਈਆਂ ਦਾ ਪ੍ਰਤੀ ਏਕੜ ਖ਼ਰਚਾ 600-800 ਤੋਂ ਵਧ ਕੇ 1,000-1,400 ਰੁਪਏ ਤੱਕ ਪਹੁੰਚ ਗਿਆ ਹੈ। ਡੀਜ਼ਲ ਮਹਿੰਗਾ ਹੋਣ ਕਾਰਨ ਟਰੈਕਟਰ ਰਾਹੀਂ ਖੇਤ ਦੀ ਵਹਾਈ-ਬਿਜਾਈ 350-400 ਤੋਂ ਵਧ ਕੇ 500-600 ਰੁਪਏ ਪ੍ਰਤੀ ਘੰਟਾ ਅਤੇ ਮਜ਼ਦੂਰਾਂ ਦੀ ਦਿਹਾੜੀ 300-350 ਤੋਂ ਵਧ ਕੇ 450-550 ਰੁਪਏ ਪ੍ਰਤੀ ਦਿਨ ਹੋ ਗਈ ਹੈ। ਇਸ ਤੋਂ ਇਲਾਵਾ ਪਸ਼ੂਆਂ ਦਾ ਚਾਰਾ 10.34% ਅਤੇ ਪੋਲਟਰੀ ਫੀਡ 8.70% ਤੱਕ ਮਹਿੰਗੀ ਹੋ ਚੁੱਕੀ ਹੈ, ਜਿਸ ਨੇ ਖੇਤੀ ਅਤੇ ਪਸ਼ੂ ਪਾਲਣ ਨੂੰ ਘਾਟੇ ਦਾ ਸੌਦਾ ਬਣਾ ਦਿੱਤਾ ਹੈ।

ਟਰਾਂਸਪੋਰਟ ਅਤੇ ਸੰਚਾਰ ਦੇ ਵਧਦੇ ਖ਼ਰਚਿਆਂ ਨੇ ਆਮ ਲੋਕਾਂ ਦਾ ਲੱਕ ਹੋਰ ਤੋੜ ਦਿੱਤਾ ਹੈ। ਪੈਟਰੋਲ ਅਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ ਨੇ ਮਾਲ-ਢੁਆਈ ਮਹਿੰਗੀ ਕਰਕੇ ਹਰ ਨਿੱਕੀ-ਮੋਟੀ ਵਸਤੂ ਦੇ ਭਾਅ ਵਧਾ ਦਿੱਤੇ ਹਨ। ਰੋਜ਼ਾਨਾ ਵਰਤੋਂ ਵਾਲਾ 100-110 ਸੀ ਸੀ ਦਾ ਮੋਟਰਸਾਈਕਲ, ਜੋ ਪਹਿਲਾਂ 50,000 ਤੋਂ 58,000 ਰੁਪਏ ਵਿੱਚ ਮਿਲਦਾ ਸੀ, ਹੁਣ 72,000 ਤੋਂ 85,000 ਰੁਪਏ ਦਾ ਹੋ ਗਿਆ ਹੈ। ਲੋਕਲ ਬੱਸਾਂ ਅਤੇ ਆਟੋ ਦਾ ਕਿਰਾਇਆ 10-15 ਤੋਂ ਵਧ ਕੇ 20-30 ਰੁਪਏ ਹੋ ਚੁੱਕਾ ਹੈ ਅਤੇ ਮੋਬਾਈਲ ਦਾ 84 ਦਿਨਾਂ ਵਾਲਾ ਰੀਚਾਰਜ ਪਲਾਨ 399-555 ਤੋਂ ਵਧ ਕੇ 799-999 ਰੁਪਏ ਤੱਕ ਪਹੁੰਚ ਗਿਆ ਹੈ, ਜੋ ਕਿ ਲਗਭਗ ਦੁੱਗਣਾ ਵਾਧਾ ਹੈ।

ਸਿੱਖਿਆ ਅਤੇ ਸਿਹਤ ਸੇਵਾਵਾਂ ਤੇ ਹੋਣ ਵਾਲਾ ਖ਼ਰਚਾ ਵੀ 50% ਤੋਂ 80% ਤੱਕ ਵਧ ਚੁੱਕਾ ਹੈ। ਪ੍ਰਾਈਵੇਟ ਸਕੂਲਾਂ ਦੀ ਮਹੀਨਾਵਾਰ ਫੀਸ 1,500-2,500 ਤੋਂ ਵਧ ਕੇ 2,500-4,500 ਰੁਪਏ ਤੋਂ ਪਾਰ ਹੋ ਗਈ ਹੈ ਅਤੇ ਸਾਲਾਨਾ ਕਿਤਾਬਾਂ-ਕਾਪੀਆਂ ਦਾ ਸੈੱਟ 2,000-3,000 ਦੀ ਥਾਂ 3,500-5,500 ਰੁਪਏ ਵਿੱਚ ਆਉਂਦਾ ਹੈ। ਸਰਕਾਰੀ ਹਸਪਤਾਲਾਂ ਵਿੱਚ ਸਹੂਲਤਾਂ ਦੀ ਘਾਟ ਕਾਰਨ ਲੋਕ ਨਿੱਜੀ ਹਸਪਤਾਲਾਂ ਵੱਲ ਜਾਣ ਲਈ ਮਜਬੂਰ ਹਨ, ਜਿੱਥੇ ਡਾਕਟਰਾਂ ਦੀ ਓ ਪੀ ਡੀ ਫੀਸ 200-300 ਤੋਂ ਵਧ ਕੇ 400-600 ਰੁਪਏ ਹੋ ਗਈ ਹੈ ਅਤੇ ਸ਼ੂਗਰ ਜਾਂ ਬੀ ਪੀ ਵਰਗੀਆਂ ਬਿਮਾਰੀਆਂ ਦੀਆਂ ਰੋਜ਼ਾਨਾ ਦਵਾਈਆਂ ਦਾ ਮਹੀਨਾਵਾਰ ਖ਼ਰਚਾ 800-1,000 ਤੋਂ ਵਧ ਕੇ 1,300-1,700 ਰੁਪਏ ਹੋ ਗਿਆ ਹੈ, ਜੋ ਪਰਿਵਾਰਾਂ ਦੀ ਜਮ੍ਹਾਂ-ਪੂੰਜੀ ਨੂੰ ਖ਼ਤਮ ਕਰ ਰਿਹਾ ਹੈ।

ਇਸ ਸਾਰੇ ਸੰਕਟ ਵਿਚਕਾਰ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਵਸਤਾਂ ਦੇ ਰੇਟ ਵਧਣ ਦੇ ਬਾਵਜੂਦ ਆਮ ਆਦਮੀ ਦੀ ਆਮਦਨ ਬਿਲਕੁਲ ਸਥਿਰ ਖੜ੍ਹੀ ਹੈ। ਮੁਲਾਜ਼ਮਾਂ ਦੀਆਂ ਤਨਖ਼ਾਹਾਂ ਅਤੇ ਮਜ਼ਦੂਰਾਂ ਦੀ ਦਿਹਾੜੀ ਵਿੱਚ ਮਹਿੰਗਾਈ ਦੇ ਮੁਕਾਬਲੇ ਕੋਈ ਵਾਧਾ ਨਹੀਂ ਹੋਇਆ, ਜਿਸ ਨਾਲ ਜਨਤਾ ਦੀ ਖ਼ਰੀਦ ਸ਼ਕਤੀ ਘਟ ਗਈ ਹੈ। ਇਸ ਦਾ ਸਿੱਧਾ ਅਸਰ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਤੇ ਪਿਆ ਹੈ, ਜਿਨ੍ਹਾਂ ਦੀ ਵਿਕਰੀ ਘਟਣ ਕਾਰਨ ਦੁਕਾਨਾਂ ਦੇ ਕਿਰਾਏ ਅਤੇ ਕਮਰਸ਼ੀਅਲ ਬਿਜਲੀ ਦੇ ਬਿੱਲ ਕੱਢਣੇ ਵੀ ਔਖੇ ਹੋ ਗਏ ਹਨ। ਲਗਾਤਾਰ ਵਧਦੇ ਖ਼ਰਚਿਆਂ ਕਾਰਨ ਲੋਕ ਕ੍ਰੈਡਿਟ ਕਾਰਡਾਂ ਅਤੇ ਨਿੱਜੀ ਸ਼ਾਹੂਕਾਰਾਂ ਤੋਂ ਮੋਟੇ ਵਿਆਜ 'ਤੇ ਕਰਜ਼ਾ ਚੁੱਕਣ ਲਈ ਮਜਬੂਰ ਹਨ, ਜਿਸ ਨੇ ਪਰਿਵਾਰਾਂ ਵਿੱਚ ਮਾਨਸਿਕ ਤਣਾਅ ਅਤੇ ਘਰੇਲੂ ਕਲੇਸ਼ ਨੂੰ ਵਧਾ ਦਿੱਤਾ ਹੈ।

ਇਸ ਗੰਭੀਰ ਸੰਕਟ ਵਿੱਚੋਂ ਨਿਕਲਣ ਲਈ ਸਰਕਾਰ ਨੂੰ ਤੁਰੰਤ ਖਾਣ-ਪੀਣ ਅਤੇ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਵਸਤਾਂ ਉਤੋਂ ਜੀ ਐਸ ਟੀ ਦੀਆਂ ਦਰਾਂ ਘਟਾਉਣੀਆਂ ਚਾਹੀਦੀਆਂ ਹਨ ਅਤੇ ਜਮ੍ਹਾਂਖੋਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਜਨਤਕ ਵੰਡ ਪ੍ਰਣਾਲੀ (ਡਿਪੂਆਂ) ਰਾਹੀਂ ਸਸਤੇ ਭਾਅ 'ਤੇ ਮਿਆਰੀ ਰਾਸ਼ਨ, ਦਾਲਾਂ ਅਤੇ ਤੇਲ ਮੁਹੱਈਆ ਕਰਵਾਉਣਾ ਅਤੇ ਰੋਜ਼ਗਾਰ ਦੇ ਪੱਕੇ ਮੌਕੇ ਪੈਦਾ ਕਰਨਾ ਲਾਜ਼ਮੀ ਹੈ, ਤਾਂ ਜੋ ਆਮ ਨਾਗਰਿਕ ਨੂੰ ਇਸ ਆਰਥਿਕ ਦਮਘੋਟੂ ਮਾਹੌਲ ਵਿੱਚੋਂ ਕੱਢ ਕੇ ਇੱਕ ਸਨਮਾਨਜਨਕ ਜੀਵਨ ਦਿੱਤਾ ਜਾ ਸਕੇ।

# ਸੰਪਰਕ : 62831-16797

# ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਦਫਤਰਾਂ ਅੱਗੇ ਧਰਨਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜ਼ਿਲ੍ਹਾ ਸ਼ਾਖਾ ਵੱਲੋਂ ਸਿੱਖਿਆ ਵਿਭਾਗ ਵਿਚਲੇ ਚੌਥਾ ਦਰਜਾ ਮੁਲਾਜ਼ਮਾਂ ਦੀਆਂ ਲੰਬਿਤ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਸਿੱਖਿਆ ਅਫਸਰ (ਸੀਨੀਅਰ ਸੈਕੰਡਰੀ, ਪ੍ਰਾਇਮਰੀ) ਦਫਤਰਾਂ ਅੱਗੇ ਰੋਸ ਧਰਨਾ ਦੇਣ ਉਪਰੰਤ ਰੈਲੀ ਕੀਤੀ ਗਈ।ਇਸ ਮੌਕੇ ਮੁਲਾਜ਼ਮ ਆਗੂ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਇੰਦਰ ਪਾਲ ਵਾਲਿਆ ਨੇ ਕਿਹਾ ਕਿ ਸਰਕਾਰ ਸਕੂਲਾਂ ਵਿੱਚ ਵੱਖ-ਵੱਖ ਅਹੁਦਿਆਂ 'ਤੇ (ਮੇਲ-ਫੀਮੇਲ) ਲੰਮੇ ਸਮੇਂ ਤੋਂ ਕੰਮ ਕਰ ਰਹੇ ਪਾਰਟ ਟਾਇਮ ਕਾਮਿਆਂ ਦੀਆਂ ਸੇਵਾਵਾਂ ਦੀਆਂ ਨਿਯਮਤ ਨਿਯੁਕਤੀਆਂ ਨਹੀਂ ਕੀਤੀਆਂ ਜਾ ਰਹੀਆਂ, ਮਿੱਡ-ਡੇ ਮੀਲ ਕਾਮਿਆਂ ਨੂੰ ਉਜ਼ਰਤਾਂ ਤੇ ਸਮੇਂ ਸਿਰ ਜਾਰੀ ਨਹੀਂ ਕੀਤੀਆਂ ਜਾਂਦੀਆਂ, ਖਾਣਾ ਬਣਾਉਣ ਤੋਂ ਇਲਾਵਾ ਸਕੂਲ ਮੁਖੀ ਇਨ੍ਹਾਂ ਪਾਸੋਂ ਵੱਧ ਕੰਮ ਲੈਂਦੇ ਹਨ ਤੇ ਬਗਾਰਾਂ ਵੀ ਕਰਵਾਉਂਦੇ ਹਨ। ਉਨ੍ਹਾਂ ਮੰਗ ਕੀਤੀ ਕਿ ਮਿੱਡ-ਡੇ ਮੀਲ ਪਾਸੇ ਕੰਮ ਉਨ੍ਹਾਂ ਦੇ ਅਹੁਦੇ ਦਾ ਲਿਆ ਜਾਵੇ, ਘੱਟੋ-ਘੱਟ ਤਨਖਾਹ, ਕਿਰਤ ਕਮਿਸ਼ਨਰ ਵੱਲੋਂ ਨਿਸ਼ਚਿਤ ਕੀਤੀਆਂ ਉਜ਼ਰਤਾਂ ਅਨੁਸਾਰ ਦਿੱਤੀਆਂ ਜਾਣ, ਕੰਮ ਦਾ ਸਮਾਂ ਨਿਸ਼ਚਿਤ ਕੀਤਾ ਜਾਵੇ, ਬਗਾਰ ਪ੍ਰਥਾ ਦਾ ਖਾਤਮਾ ਕੀਤਾ ਜਾਵੇ ਤੇ ਹੋਰ ਬਣਦੀਆਂ ਸਹੂਲਤਾਂ ਖਾਣਾ ਬਣਾਉਣ ਸਮੇਂ ਦੁਰਘਟਨਾ ਸਮੇਂ ਮੁਆਵਜ਼ਾ ਦਿੱਤਾ ਜਾਵੇ।ਇਸੇ ਤਰ੍ਹਾਂ ਮੰਗ ਕੀਤੀ ਗਈ ਕਿ ਇਨ੍ਹਾਂ ਨੂੰ ਨਿਯਮਤ ਕੀਤਾ ਜਾਵੇ, ਕਿਉਂ ਜੋ ਮਿੱਡ-ਡੇ ਮੀਲ ਦਾ ਕੰਮ ਨਿੱਤ ਦਿਨ ਦਾ ਹੈ, ਪ੍ਰੰਤੂ ਇਨ੍ਹਾਂ ਨੂੰ ਤਿੰਨ-ਤਿੰਨ ਹਜ਼ਾਰ ਰੁਪਏ ਤਨਖਾਹ ਪ੍ਰਤੀ ਮਹੀਨਾ ਦਿੱਤੀ ਜਾਂਦੀ ਹੈ, ਜੋ 3-3 ਮਹੀਨਿਆਂ ਤੋਂ ਤਨਖਾਹਾਂ ਨਸੀਬ ਨਹੀਂ ਹੋਈਆਂ।ਮੰਗ ਕੀਤੀ ਕਿ ਸਰਕਾਰੀ ਸਕੂਲਾਂ ਵਿੱਚ ਸਫਾਈ ਸੇਵਕ 3000 ਰੁਪਏ ਤੇ ਚੌਕੀਦਾਰ 5000 ਰੁਪਏ ਪ੍ਰਤੀ ਮਹੀਨਾ ਰੱਖਣ ਤੇ ਕੰਮ ਦਾ ਸਮਾਂ ਨਿਸ਼ਚਿਤ ਨਾ ਕਰਨਾ ਇਨ੍ਹਾਂ ਕਾਮਿਆਂ ਦਾ ਆਰਥਿਕ ਸ਼ੋਸ਼ਣ ਹੈ।ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਨੂੰ ਪੂਰੀਆਂ ਉਜ਼ਰਤਾਂ ਦਿੱਤੀਆਂ ਜਾਣ, ਕੰਮ ਦਾ ਸਮਾਂ ਨਿਸ਼ਚਿਤ ਕੀਤਾ ਜਾਵੇ, ਇਨ੍ਹਾਂ ਨੂੰ ਘੱਟੋ-ਘੱਟ ਉਜ਼ਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ, ਹਫਤਾਵਾਰੀ ਰੈਸਟ, ਤਿਉਹਾਰੀ ਛੁੱਟੀਆਂ ਵੀ ਦਿੱਤੀਆਂ ਜਾਣ ਤੇ ਹੋਰ ਬਣਦੀਆਂ ਸਹੂਲਤਾਂ ਕਿਰਤ ਕਾਨੂੰਨਾਂ ਅਨੁਸਾਰ ਦਿੱਤੀਆਂ ਜਾਣ, ਵਿੱਦਿਅਕ ਯੋਗਤਾ ਰੱਖਦੇ ਦਰਜਾ ਚਾਰ ਕਰਮਚਾਰੀਆਂ ਨੂੰ ਪਦ ਉੱਨਤੀ ਕੀਤੀ ਜਾਵੇ, ਸਕੂਲਾਂ ਵਿੱਚ ਚੌਥਾ ਦਰਜਾ ਕਰਮਚਾਰੀਆਂ ਦੀਆਂ ਘਾਟ ਪੂਰੀ ਕੀਤੀ ਜਾਵੇ, ਵਰਦੀਆਂ ਦਿੱਤੀਆਂ ਜਾਣ ਆਦਿ ਇੱਕ ਦਰਜਨ ਮੰਗਾਂ ਨੂੰ ਲੈ ਕੇ ਰੈਲੀ ਕੀਤੀ ਗਈ। ਇਨ੍ਹਾਂ ਆਗੂਆਂ ਨੇ ਐਲਾਨ ਕੀਤਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 27 ਅਗਸਤ ਦੇ ਮਹਾਂ ਹੜਤਾਲ ਵਿੱਚ ਸਰਕਾਰੀ ਤੇ ਅਰਧ-ਸਰਕਾਰੀ ਅਦਾਰਿਆਂ ਦਾ ਚੌਥਾ ਦਰਜਾ ਕਰਮਚਾਰੀ ਵੱਧ ਚੜ੍ਹ ਕੇ ਹਿੱਸਾ ਲਵੇਗਾ।ਧਰਨੇ 'ਤੇ ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਦਰਸ਼ਨ ਸਿੰਘ ਲੁਬਾਣਾ, ਰਾਮ ਪ੍ਰਸਾਦ ਸਹੋਤਾ, ਰਾਮ ਲਾਲ ਰਾਮਾ ਸ਼ਹਿਰੀ ਪ੍ਰਧਾਨ, ਸ਼ਿਵ ਚਰਨ ਪ੍ਰਧਾਨ ਪੈਨਸ਼ਨਰ, ਚਰਨਜੀਤ ਸਿੰਘ ਮਰਦਾਪੁਰ, ਸਤਨਰਾਇਣ ਗੋਨੀ, ਸਤਨਾਮ ਸਿੰਘ ਘਨੌਰ, ਇੰਦਰਪਾਲ ਵਾਲੀਆ, ਪ੍ਰੇਮ ਚਾਵਲਾ, ਤਰਲੋਚਨ ਮਾੜੂ, ਹਰਬੰਸ ਵਰਮਾ, ਪ੍ਰਕਾਸ਼ ਲੁਬਾਣਾ, ਗੁਰਿੰਦਰ ਉਰਫ ਗੁਰੀ, ਰਾਜੇਸ਼ ਕੁਮਾਰ, ਬਲਵਿੰਦਰ ਸਿੰਘ ਪਾਤੜਾਂ, ਰਾਮ ਕੈਲਾਸ਼, ਧਰਮਿੰਦਰ ਸਿੰਘ, ਧਰਮਿੰਦਰ ਕੁਮਾਰ, ਮਾਤਾ ਕੁਸ਼ੱਲਿਆ, ਗੋਲਡੀ ਮਰਦਾਹੇੜੀ, ਮਨਪ੍ਰੀਤ ਕੌਰ, ਹਰਬੰਸ ਕੌਰ, ਰਾਮ ਜੋਧਾ, ਭੋਲੀ ਆਦਿ ਆਗੂ ਸ਼ਾਮਲ ਸਨ।

# ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਖ਼ਿਲਾਫ਼ 27 ਨੂੰ ਕੰਮਕਾਰ ਰਹੇਗਾ ਠੱਪ

**ਤਹਿਸੀਲ ਤੇ ਜ਼ਿਲ੍ਹਾ ਪੱਧਰ 'ਤੇ ਰੋਸ ਰੈਲੀਆਂ ਕਰਕੇ ਫੂਕੇ ਜਾਣਗੇ ਮੁੱਖ ਮੰਤਰੀ ਦੇ ਪੁਤਲੇ**



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**
ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਲਗਭਗ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਪ੍ਰਤੀ ਅਪਣਾਏ ਗਏ ਕਥਿਤ ਵਿਰੋਧੀ ਵਤੀਰੇ ਖ਼ਿਲਾਫ਼ ਸਾਂਝੀ ਤਾਲਮੇਲ ਕਮੇਟੀ ਨੇ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ।ਸਰਕਾਰ ਨੂੰ ਸਬਕ ਸਿਖਾਉਣ ਲਈ 27 ਅਗਸਤ ਨੂੰ ਪੰਜਾਬ ਦੇ ਸਮੂਹ ਸਰਕਾਰੀ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਸਾਰਾ ਸਰਕਾਰੀ ਕੰਮ-ਕਾਰ ਬਿਲਕੁਲ ਠੱਪ ਰੱਖਣਗੇ।ਇਸ ਐਕਸ਼ਨ ਪ੍ਰੋਗਰਾਮ ਨੂੰ ਜ਼ਿਲ੍ਹਾ ਫ਼ਰੀਦਕੋਟ ਵਿੱਚ ਸਫ਼ਲ ਬਣਾਉਣ ਲਈ ਸਥਾਨਕ ਪੈਨਸ਼ਨਰ ਭਵਨ ਵਿਖੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਅਹਿਮ ਤਿਆਰੀ ਮੀਟਿੰਗ ਹੋਈ।ਮੀਟਿੰਗ ਵਿੱਚ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਮੁਲਾਜ਼ਮ ਆਗੂ ਜਤਿੰਦਰ ਕੁਮਾਰ, ਹਰਪ੍ਰੀਤ ਸਿੰਘ ਸਰਾਂ (ਬਿਜਲੀ ਬੋਰਡ), ਬਲਬੀਰ ਸਿੰਘ ਸਿਬੀਆਂ, ਬਲਕਾਰ ਸਿੰਘ ਸਹੋਤਾ, ਬਿਕਰਮਜੀਤ ਸਿੰਘ ਢਿੱਲੋਂ (ਪ੍ਰਧਾਨ), ਰਵਿੰਦਰ ਪਾਲ ਸਿੰਘ ਘਾਲੀ, ਬਖ਼ਸ਼ੀਸ਼ ਸਿੰਘ, ਸਰਬਜੀਤ ਸਿੰਘ (ਮਨਿਸਟਰੀਅਲ ਸਟਾਫ਼), ਸੁਖਮੰਦਰ ਸਿੰਘ ਗਿੱਲ (ਪੀ.ਆਰ.ਟੀ.ਸੀ.), ਅਧਿਆਪਕ ਆਗੂ ਸੁਖਵਿੰਦਰ ਸਿੰਘ ਸੁੱਖੀ, ਧਰਮਿੰਦਰ ਸਿੰਘ, ਨਵਪ੍ਰੀਤ ਸਿੰਘ, ਪ੍ਰੀਤ ਭਗਵਾਨ ਸਿੰਘ, ਗਗਨ ਪਾਹਵਾ, ਜੀਤੇਂਦਰ ਕੁਮਾਰ ਹੰਸ, ਨਰਿੰਦਰ ਕੁਮਾਰ, ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਇੰਦਰਜੀਤ ਸਿੰਘ ਖੀਵਾ, ਅਮਰੀਕ ਸਿੰਘ ਸੰਧੂ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਕੁਲਵੰਤ ਸਿੰਘ ਚਾਨੀ, ਵੀਰ ਇੰਦਰਜੀਤ ਸਿੰਘ ਪੁਰੀ, ਇੰਦਰਜੀਤ ਸਿੰਘ ਗਿੱਲ, ਗੁਰਮੀਤ ਸਿੰਘ ਜੈਤੋ, ਕੁਲਵਿੰਦਰ ਸਿੰਘ ਮੌੜ, ਅਮਰਜੀਤ ਸਿੰਘ ਵਾਲੀਆ, ਬਲਵਿੰਦਰ ਰਾਮ ਸ਼ਰਮਾ, ਹਰਜਿੰਦਰ ਸਿੰਘ ਧਾਲੀਵਾਲ (ਸੇਵਾ ਮੁਕਤ ਡੀ.ਐੱਸ.ਪੀ.), ਆਸ਼ਾ ਵਰਕਰ ਆਗੂ ਅਮਰਜੀਤ ਕੌਰ ਰਣ ਸਿੰਘ ਵਾਲਾ, ਸਰਬਜੀਤ ਕੌਰ ਮਚਾਕੀ ਤੇ ਮਿੱਡ-ਡੇ ਮੀਲ ਵਰਕਰ ਆਗੂ ਲਖਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਨੁਮਾਇੰਦੇ ਸ਼ਾਮਲ ਹੋਏ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 27 ਅਗਸਤ ਨੂੰ ਫ਼ਰੀਦਕੋਟ ਵਿਖੇ ਸਵੇਰੇ 10:00 ਵਜੇ ਡਿਪਟੀ ਕਮਿਸ਼ਨਰ ਦਫ਼ਤਰ (ਮਿੰਨੀ ਸਕੱਤਰੇਤ) ਸਾਹਮਣੇ।ਜੈਤੋ ਵਿਖੇ ਸਵੇਰੇ 9:30 ਵਜੇ ਤਹਿਸੀਲ ਪ੍ਰਬੰਧਕੀ ਕੰਪਲੈਕਸ ਸਾਹਮਣੇ ਤੇ ਕੋਟਕਪੂਰਾ ਸਵੇਰੇ 10:30 ਵਜੇ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਵਿਖੇ।ਇਨ੍ਹਾਂ ਥਾਵਾਂ 'ਤੇ ਭਰਵੇਂ ਰੋਸ ਧਰਨੇ ਦੇਣ ਤੇ ਰੋਸ ਮਾਰਚ ਕਰਨ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ।ਆਗੂਆਂ ਨੇ ਸਮੂਹ ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਸਾਥੀਆਂ ਸਮੇਤ ਇਨ੍ਹਾਂ ਐਕਸ਼ਨਾਂ ਵਿੱਚ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਣ।

# ਐੱਨ ਐੱਚ ਐੱਮ ਮੁਲਾਜ਼ਮਾਂ ਤੇ ਆਸ਼ਾ ਵਰਕਰਾਂ ਵੱਲੋਂ ਸਿਵਲ ਸਰਜਨ ਦਫ਼ਤਰ ਅੱਗੇ ਧਰਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਐੱਨ.ਐੱਚ.ਐੱਮ. ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਫ਼ਿਰੋਜ਼ਪੁਰ ਵਿਖੇ ਐੱਨ.ਐੱਚ.ਐੱਮ. ਮੁਲਾਜ਼ਮਾਂ ਵੱਲੋਂ ਸਿਵਲ ਸਰਜਨ ਦਫ਼ਤਰ ਦੇ ਬਾਹਰ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਰੋਸ ਧਰਨਾ ਦੇ ਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਐੱਨ.ਐੱਚ.ਐੱਮ. ਮੁਲਾਜ਼ਮ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਤੇ ਭਰੋਸਿਆਂ ਦੇ ਬਾਵਜੂਦ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੀਤਾ ਜਾ ਰਿਹਾ। ਯੂਨੀਅਨ ਆਗੂ ਜਗਦੀਪ ਸਿੰਘ ਨੇ ਕਿਹਾ ਕਿ ਬਰਾਬਰ ਕੰਮ ਲਈ ਬਰਾਬਰ ਤਨਖ਼ਾਹ, ਲੌਇਲਟੀ ਬੋਨਸ, ਤਨਖ਼ਾਹਾਂ ਵਿੱਚ ਵਾਧਾ ਤੇ ਐੱਨ.ਐੱਚ.ਐੱਮ. ਮੁਲਾਜ਼ਮਾਂ ਨੂੰ ਬਣਦਾ ਹੱਕ ਦੇਣ ਸਮੇਤ ਹੋਰ ਮੰਗਾਂ ਨੂੰ ਲੈ ਕੇ ਸਰਕਾਰ ਦੀ ਟਾਲਮਟੋਲ ਵਾਲੀ ਨੀਤੀ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਸ਼ਾ ਵਰਕਰ ਯੂਨੀਅਨ ਦੇ ਪ੍ਰਧਾਨ ਰਾਜਵੰਤ ਕੌਰ ਨੇ ਕਿਹਾ ਕਿ ਸਰਕਾਰ ਨੂੰ ਸਾਡੀ ਤਨਖ਼ਾਹ ਘੱਟੋ ਘੱਟ 26000 ਕਰਨੀ ਚਾਹੀਦੀ ਹੈ ਤੇ ਨਾਲ ਹੀ ਸਾਰੇ ਭੱਤੇ ਵੀ ਬਹਾਲ ਕਰਨੇ ਚਾਹੀਦੇ ਹਨ। ਹਰਜਿੰਦਰ ਸਿੰਘ ਆਗੂ ਨੇ ਕਿਹਾ ਕਿ ਅੱਜ ਦਾ ਪਿੱਟ ਸਿਆਪਾ ਸਰਕਾਰ ਨੂੰ ਇਹ ਸਪੱਸ਼ਟ ਸੁਨੇਹਾ ਹੈ ਕਿ ਐੱਨ.ਐੱਚ.ਐੱਮ. ਮੁਲਾਜ਼ਮ ਆਪਣੀਆਂ ਮੰਗਾਂ ਤੋਂ ਪਿੱਛੇ ਹਟਣ ਵਾਲੇ ਨਹੀਂ ਹਨ। ਜੇਕਰ ਸਰਕਾਰ ਨੇ ਤੁਰੰਤ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀ ਹੋਵੇਗੀ। ਯੂਨੀਅਨ ਵੱਲੋਂ ਐਲਾਨੇ ਅਗਲੇ ਸੰਘਰਸ਼ੀ ਪ੍ਰੋਗਰਾਮਾਂ ਤਹਿਤ 25 ਅਗਸਤ ਨੂੰ ਸੂਬਾ ਐੱਨ.ਐੱਚ.ਐੱਮ. ਮੁਲਾਜ਼ਮਾਂ ਵੱਲੋਂ ਆਪਣੇ-ਆਪਣੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ, 26 ਅਗਸਤ ਨੂੰ ਸਿਵਲ ਸਰਜਨ ਦਫ਼ਤਰ ਤੋਂ ਲੈ ਕੇ ਆਪਣੇ ਜ਼ਿਲ੍ਹੇ ਦੇ ਕਿਸੇ ਮੁੱਖ ਰੋਡ ਤੱਕ ਰੋਸ ਮਾਰਚ ਕਰਕੇ ਇੱਕ ਘੰਟੇ ਲਈ ਚੱਕਾ ਜਾਮ ਤੇ 27 ਅਗਸਤ ਨੂੰ ਸਾਥੀਆਂ ਨਾਲ ਪੰਜਾਬ ਬੰਦ ਦਾ ਸਹਿਯੋਗ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਤੋਂ ਇਲਾਵਾ 28 ਅਗਸਤ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਧਰਨਾ ਦੇ ਕੇ ਨਾਅਰੇਬਾਜ਼ੀ ਕੀਤੀ ਜਾਵੇਗੀ। ਐੱਨ.ਐੱਚ.ਐੱਮ. ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹੁਣ ਵੀ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ। ਇਸ ਮੌਕੇ ਐੱਨ.ਐੱਚ.ਐੱਮ. ਯੂਨੀਅਨ ਤੋਂ ਹਰਜਿੰਦਰ ਸਿੰਘ, ਰਿਕੂ ਕੰਬੋਜ, ਸੁਰਿੰਦਰ ਕੰਬੋਜ, ਸੁਮਿਤ ਕੁਮਾਰ, ਮੁਕੇਸ਼ ਕੁਮਾਰ, ਅਜੇ, ਕੰਵਲਜੀਤ ਸਿੰਘ, ਨੇਹਾ, ਸੰਗੀਤਾ, ਨੀਰਜ ਕੌਰ, ਕ੍ਰਿਸ਼ਨ ਕੁਮਾਰ, ਪੈਰਾਮੈਡੀਕਲ ਯੂਨੀਅਨ ਫਿਰੋਜ਼ਪੁਰ ਤੋਂ ਜਸਵਿੰਦਰ ਸਿੰਘ ਕੌੜਾ, ਨਰਿੰਦਰ ਸ਼ਰਮਾ, ਗੁਰਮੇਲ ਸਿੰਘ, ਕਰਨਜੀਤ ਸਿੰਘ, ਆਸ਼ਾ ਵਰਕਰ ਰਾਜਵੰਤ ਕੌਰ, ਪਰਮਜੀਤ ਕੌਰ, ਇੰਦਰਜੀਤ ਕੌਰ, ਵੀਰਪਾਲ ਕੌਰ, ਰਮਨਦੀਪ ਕੌਰ, ਕਰਨਦੀਪ ਕੌਰ ਆਦਿ ਹਾਜ਼ਰ ਸਨ।

## ਕਾਤਰਾਂ

### ਮੁੱਖ ਮੰਤਰੀ ਦੀ ਭੈਣ ਦੇ ਸਹੁਰੇ ਦੀ ਮੌਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਮਾਨ ਦੀ ਭੈਣ ਮਨਪ੍ਰੀਤ ਕੌਰ ਦੇ ਸਹੁਰੇ ਅਜੀਤ ਸਿੰਘ ਦੀ ਇੱਥੇ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ ਮੌਤ ਹੋ ਗਈ।ਉਹ 78 ਸਾਲਾਂ ਦੇ ਸਨ ਤੇ ਬਿਮਾਰ ਹੋਣ ਕਾਰਨ ਪਿਛਲੇ ਦਿਨਾਂ ਤੋਂ ਪਟਿਆਲਾ ਵਿਖੇ ਜੇਰੇ ਇਲਾਜ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਜ਼ਿਲ੍ਹਾ ਸੰਗਰੂਰ ਦੇ ਕਸਬਾ ਭਵਾਨੀਗੜ੍ਹ ਨੇੜਲੇ ਪਿੰਡ ਰਾਮਪੁਰਾ ਵਿਖੇ ਕੀਤਾ ਜਾਵੇਗਾ।

### 21 ਗ੍ਰਾਮ ਹੈਰੋਇਨ ਸਮੇਤ ਕਾਬੂ

**ਮਲੋਟ (ਰਜਿੰਦਰ ਜੁਨੇਜਾ)**-ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਲੰਬੀ ਪੁਲਸ ਨੂੰ ਉਸ ਸਮੇਂ ਸਫਲਤਾ ਮਿਲੀ, ਜਦੋਂ ਇੱਕ ਵਿਅਕਤੀ ਨੂੰ 21 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ।ਐੱਸ.ਐੱਚ.ਓ. ਲੰਬੀ ਇੰਸਪੈਕਟਰ ਜਸਵੀਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਇਸ ਦੌਰਾਨ ਪੁਲਸ ਨੇ ਇੱਕ ਵਿਅਕਤੀ ਨੂੰ ਸ਼ੱਕੀ ਹਾਲਤ ਵਿੱਚ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ।ਮੁਲਜ਼ਮ ਦੀ ਪਛਾਣ ਰਸ਼ਪਾਲ ਸਿੰਘ ਉਰਫ਼ ਰਿਸ਼ੂ ਪੁੱਤਰ ਕਾਲਾ ਸਿੰਘ, ਵਾਸੀ ਪਿੰਡ ਅਬੁਲ ਖੁਰਾਣਾ ਵਜੋਂ ਹੋਈ।ਤਲਾਸ਼ੀ ਦੌਰਾਨ ਪੁਲਸ ਨੇ ਉਸ ਕੋਲੋਂ 21 ਗ੍ਰਾਮ ਹੈਰੋਇਨ ਬਰਾਮਦ ਕੀਤੀ।ਪੁਲਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਉਸ ਵਿਰੁੱਧ ਥਾਣਾ ਲੰਬੀ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਨਸ਼ੀਲੀਆਂ ਗੋਲੀਆਂ ਸਮੇਤ ਔਰਤ ਗ੍ਰਿਫ਼ਤਾਰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਥਾਣਾ ਠੁੱਲੀਵਾਲ ਪੁਲਸ ਨੇ ਪਿੰਡ ਠੀਕਰੀਵਾਲ ਦੀ ਸੜਕ 'ਤੇ ਨਾਕਾਬੰਦੀ ਦੌਰਾਨ ਇੱਕ ਔਰਤ ਨੂੰ ਪਾਬੰਦੀਸ਼ੁਦਾ 150 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਇਸ ਸਬੰਧੀ ਥਾਣਾ ਠੁੱਲੀਵਾਲ ਦੇ ਜਾਂਚ ਅਧਿਕਾਰੀ ਏਐੱਸਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਪਿੰਡ ਠੀਕਰੀਵਾਲ ਤੋਂ ਪਿੰਡ ਵੱਲ ਜਾਂਦੀ ਸੜਕ 'ਤੇ ਨਾਕਾ ਲਗਾ ਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਚੈਕਿੰਗ ਦੌਰਾਨ ਉਕਤ ਔਰਤ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਲਈ ਗਈ, ਜਿਸ ਦੌਰਾਨ ਉਸ ਕੋਲੋਂ 150 ਪਾਬੰਦੀਸ਼ੁਦਾ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।ਪੁਲਸ ਨੇ ਮੁਲਜ਼ਮ ਔਰਤ ਨੂੰ ਗ੍ਰਿਫ਼ਤਾਰ ਕਰਕੇ ਉਸ ਖ਼ਿਲਾਫ਼ ਬਣਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

### ਰਾਜਪਾਲ ਬੀ ਐਸ ਐਫ ਦੇ ਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਨ ਪਹੁੰਚੇ

**ਫ਼ਾਜ਼ਿਲਕਾ (ਨਿਸ਼ਾ ਸਰਮਾ)**-ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਦੇ ਪਿੰਡ ਮੌਜ਼ਮ ਵਿਖੇ ਬੀ.ਐਸ.ਐਫ. ਦੇ ਜਵਾਨਾਂ ਦੀ ਹੌਸਲਾ-ਅਫ਼ਜ਼ਾਈ ਕਰਨ ਪਹੁੰਚੇ।ਇਸ ਦੌਰਾਨ ਉਨ੍ਹਾਂ ਬੀ.ਐਸ.ਐਫ. ਦੇ ਜਵਾਨਾਂ ਨੂੰ ਰੱਖੜੀ ਦੀਆਂ ਵਧਾਈਆਂ ਵੀ ਦਿੱਤੀਆਂ। ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਾਨੂੰ ਆਪਣੇ ਬਹਾਦਰ ਜਵਾਨਾਂ 'ਤੇ ਮਾਣ ਹੈ, ਜੋ ਸਾਡੇ ਦੇਸ਼ ਦੀ ਰੱਖਿਆ ਲਈ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਸਰਹੱਦਾਂ 'ਤੇ ਤਾਇਨਾਤ ਹਨ।ਉਨ੍ਹਾਂ ਕਿਹਾ ਕਿ ਸਾਡੇ ਇਨ੍ਹਾਂ ਬਹਾਦਰ ਜਵਾਨਾਂ ਦੀ ਬਦੌਲਤ ਹੀ ਅਸੀਂ ਆਜ਼ਾਦ ਫ਼ਿਜ਼ਾ ਦਾ ਆਨੰਦ ਮਾਣ ਰਹੇ ਹਾਂ।ਉਨ੍ਹਾਂ ਬੀ.ਐਸ.ਐਫ. ਦੇ ਜਵਾਨਾਂ ਨੂੰ ਰੱਖੜੀ ਦੀ ਵਧਾਈ ਦਿੰਦਿਆਂ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣਾਂ ਅਤੇ ਭਰਾਵਾਂ ਦੇ ਪਿਆਰ ਤੇ ਖੁਸ਼ੀ ਦਾ ਪ੍ਰਤੀਕ ਹੈ।ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਤੇ ਐਸ.ਐਸ.ਪੀ. ਸ੍ਰੀ ਗਗਨਜੀਤ ਸਿੰਘ ਵੀ ਮੌਜੂਦ ਸਨ।

# ਵੱਖ-ਵੱਖ ਵਿਭਾਗਾਂ ਵੱਲੋਂ ਮੁਕੰਮਲ ਹੜਤਾਲ, ਦਫ਼ਤਰਾਂ 'ਚ ਕੰਮ-ਕਾਜ ਪੂਰੀ ਤਰ੍ਹਾਂ ਠੱਪ, ਪੁਤਲਾ ਫੂਕ ਰੈਲੀ ਅੱਜ



**ਮਾਨਸਾ (ਆਤਮਾ ਸਿੰਘ ਪਮਾਰ)**
ਮਾਨਸਾ ਜ਼ਿਲ੍ਹੇ 'ਚ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਸੱਦੇ 'ਤੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਵੱਲੋਂ ਮੁਕੰਮਲ ਹੜਤਾਲ ਕੀਤੀ ਗਈ, ਜਿਸ ਕਾਰਨ ਸਰਕਾਰੀ ਦਫ਼ਤਰਾਂ 'ਚ ਕੰਮਕਾਜ ਪੂਰੀ ਤਰ੍ਹਾਂ ਠੱਪ ਰਿਹਾ ਤੇ ਆਪਣੇ ਕੰਮਾਂ ਲਈ ਆਏ ਲੋਕ ਪ੍ਰਭਵਿਤ ਹੋਏ ਅਤੇ ਉਹ ਸਰਕਾਰ ਨੂੰ ਕੋਸਦੇ ਵੀ ਦਿਖਾਈ ਦਿੱਤੇ।

ਹੜਤਾਲ ਦੀ ਅਗਵਾਈ ਪ੍ਰਤਾਪ ਸਿੰਘ ਖੁਡਾਲ ਜ਼ਿਲ੍ਹਾ ਪ੍ਰਧਾਨ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਮਾਨਸਾ ਹਰਪ੍ਰੀਤ ਸਿੰਘ, ਜਸਵੰਤ ਮੌਜੋ, ਸੰਦੀਪ ਵਾਲੀਆ, ਸਿਹਤ ਵਿਭਾਗ ਤੇ ਸੁਖਵਿੰਦਰ ਸਿੰਘ ਆਗੂ, ਜਲ ਸਪਲਾਈ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਹੜਤਾਲ ਦੌਰਾਨ ਮੁਲਾਜ਼ਮ ਆਗੂਆਂ ਦੀਆਂ ਵਿਸ਼ੇਸ਼ ਟੀਮਾਂ ਨੇ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਦਫ਼ਤਰਾਂ 'ਚ ਜਾ ਕੇ ਸਾਥੀਆਂ ਦੀ ਹੌਸਲਾ ਅਫਜ਼ਾਈ ਕੀਤੀ।ਸਾਰੇ ਦਫਤਰਾਂ 'ਚ ਮੁਲਾਜ਼ਮ ਹੜਤਾਲ 'ਤੇ ਸਨ ਤੇ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਜਾ ਰਹੀ ਸੀ।ਆਗੂਆਂ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਦੱਸਿਆ ਕਿ 25 ਅਗਸਤ ਸਥਾਨਕ ਬਾਲ ਭਵਨ ਵਿਖੇ ਇੱਕ ਰੋਸ ਰੈਲੀ ਕੀਤੀ ਜਾਵੇਗੀ।

ਰੈਲੀ ਦੌਰਾਨ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਰੋਸ ਪ੍ਰਗਟਾਉਂਦੇ ਹੋਏ ਪੰਜਾਬ ਸਰਕਾਰ ਤੇ ਅਰਵਿੰਦ ਕੇਜਰੀਵਾਲ ਦਾ ਪੁਤਲਾ ਵੀ ਫੂਕਿਆ ਜਾਵੇਗਾ।ਪ੍ਰਦਰਸ਼ਨ ਉਪਰੰਤ ਇੱਕ ਮੀਟਿੰਗ ਕੀਤੀ ਜਾਵੇਗੀ, ਜਿਸ 'ਚ 27 ਅਗਸਤ ਦੇ 'ਮਹਾਂ ਬੰਦ' ਦੀਆਂ ਤਿਆਰੀਆਂ ਤੇ ਰਣਨੀਤੀ ਸੰਬੰਧੀ ਚਰਚਾ ਕੀਤੀ ਜਾਵੇਗੀ।ਇਸ ਮੌਕੇ ਲੱਖਾ ਸਿੰਘ, ਪ੍ਰਦੀਪ ਸਿੰਘ, ਜਗਵਿੰਦਰ ਸਿੰਘ, ਰਵਿੰਦਰ ਸਿੰਘ, ਦੀਪਕ ਕੁਮਾਰ, ਮਨਜੀਤ ਸਿੰਘ, ਮੁਕੇਸ਼ ਕੁਮਾਰ, ਜਾਦਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਮਨਦੀਪ ਕੌਰ, ਹਰਬੰਸ ਕੌਰ, ਕਰਮਜੀਤ ਕੌਰ, ਗੁਰਜੀਤ ਕੌਰ, ਪ੍ਰਵਿੰਦਰ ਕੌਰ, ਅਮਨਦੀਪ ਕੌਰ, ਚੰਚਲ ਰਾਣੀ, ਕਿਰਨਪਾਲ ਕੌਰ, ਪੂਜਾ ਰਾਣੀ, ਸੰਦੀਪ ਕੌਰ ਤੇ ਜਸਪ੍ਰੀਤ ਕੌਰ ਅਦਿ ਹਾਜ਼ਰ ਸਨ।

# 35 ਲੱਖ ਦੀ ਧੋਖਾਧੜੀ ਦੇ ਦੋਸ਼ 'ਚ ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਜਵੈਲਰ ਨਾਲ ਹੋਈ 35 ਲੱਖ ਰੁਪਏ ਦੀ ਕਥਿਤ ਧੋਖਾਧੜੀ ਦੇ ਮਾਮਲੇ ਵਿੱਚ ਫਤਹਿਗੜ੍ਹ ਸਾਹਿਬ ਪੁਲਸ ਵੱਲੋਂ ਦੋ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਕਮਲ ਸੂਦ ਨਾਮਕ ਵਿਅਕਤੀ ਨੇ ਦੱਸਿਆ ਕਿ ਉਹ ਸਰਹਿੰਦ ਵਿਖੇ ਜਿਊਲਰ ਦੀ ਦੁਕਾਨ ਕਰਦਾ ਹੈ।ਬੀਤੇ ਮਾਰਚ ਮਹੀਨੇ ਉਸ ਨੇ ਆਪਣੇ ਪੁਰਾਣੇ ਵੈਂਡਰ ਮੁਰਤਜ਼ਾ ਸਬੀਰ ਹੁਸੈਨ ਵੋਹਰਾ ਉਰਫ਼ ਮੁਸਤਫ਼ਾ ਮੈਸਰਜ਼ ਗਲੋਬਲ ਗੋਲਡ ਕਾਰਪੋਰੇਸ਼ਨ, ਮੁੰਬਈ (ਮਹਾਰਾਸ਼ਟਰ) ਨਾਲ ਇੱਕ ਸੌਦਾ ਕੀਤਾ, ਜੋ ਕਿ 35,00,000/- ਵਿੱਚ ਤੈਅ ਹੋਇਆ ਸੀ, ਜਿਸ ਦੀ ਅਦਾਇਗੀ ਕਰਨ ਲਈ ਉਕਤ ਵਪਾਰੀ ਨੇ ਉਸ ਨੂੰ ਅਸ਼ੋਕ ਭਾਈ ਨਾਮਕ ਵਿਅਕਤੀ ਦਾ ਫੋਨ ਨੰਬਰ ਦਿੱਤਾ, ਜਿਸ ਨਾਲ ਗੱਲਬਾਤ ਕਰਨ ਤੋਂ ਬਾਅਦ ਅਗਲੇ ਦਿਨ ਉਕਤ ਅਸ਼ੋਕ ਭਾਈ ਸਰਹਿੰਦ ਵਿਖੇ ਆ ਕੇ ਉਸ ਤੋਂ 35,00,000/- ਲੱਖ ਰੁਪਏ ਲੈ ਗਿਆ, ਪਰ ਪੇਮੈਂਟ ਹਾਸਲ ਕਰਨ ਤੋਂ ਬਾਅਦ ਉਕਤ ਵਿਅਕਤੀ ਨੇ ਆਪਣਾ ਫੋਨ ਬੰਦ ਕਰ ਲਿਆ।ਇਸ ਤੋਂ ਬਾਅਦ ਜਦੋਂ ਉਸ ਨੇ ਮੁਸਤਫ਼ਾ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਇਹ ਕਹਿ ਦਿੱਤਾ ਕਿ ਉਸ ਕੋਲ ਤਾਂ ਪੇਮੈਂਟ ਆਈ ਹੀ ਨਹੀਂ।ਦਰਖ਼ਾਸਤ ਕਰਤਾ ਨੇ ਦੋਸ਼ ਲਾਏ ਕਿ ਉਕਤ ਮੁਸਤਫ਼ਾ ਨਾਮਕ ਕਾਰੋਬਾਰੀ ਨੇ ਅਸ਼ੋਕ ਭਾਈ ਨਾਲ ਮਿਲ ਕੇ ਉਸ ਨਾਲ 35,00,000/- ਰੁਪਏ ਦੀ ਧੋਖਾਧੜੀ ਕੀਤੀ ਹੈ।ਦਰਖ਼ਾਸਤ ਦੀ ਪੜਤਾਲ ਉਪਰੰਤ ਕਮਲ ਸੂਦ ਦੇ ਬਿਆਨਾਂ 'ਤੇ ਮੁਰਤਜ਼ਾ ਸਬੀਰ ਹੁਸੈਨ ਵੋਹਰਾ ਉਰਫ਼ ਮੁਸਤਫ਼ਾ ਤੇ ਅਸ਼ੋਕ ਭਾਈ ਵਿਰੁੱਧ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਸਰਹਿੰਦ ਮੰਡੀ ਪੁਲਸ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਜੰਗਲਾਤ ਵਿਭਾਗ ਫ਼ੀਲਡ ਵਰਕਰ ਯੂਨੀਅਨ ਨੇ ਮੰਤਰੀ ਨੂੰ ਸੌਂਪਿਆ ਮੰਗ ਪੱਤਰ

**ਮੰਤਰੀ ਕਟਾਰੂਚੱਕ ਨੇ ਮੰਗਾਂ ਜਲਦ ਪੂਰਾ ਕਰਨ ਦਾ ਦਿੱਤਾ ਭਰੋਸਾ**



**ਰਾਏਕੋਟ (ਸੰਤੋਖ ਗਿੱਲ)**-ਜੰਗਲਾਤ ਵਿਭਾਗ ਫ਼ੀਲਡ ਵਰਕਰ ਯੂਨੀਅਨ (ਸੀਟੂ) ਦੇ ਇੱਕ ਵਫ਼ਦ ਨੇ ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਜੰਗਲਾਤ ਕਾਮਿਆਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਤੇ ਦਰਪੇਸ਼ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਵਫ਼ਦ ਵੱਲੋਂ ਮੰਤਰੀ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।ਮੀਟਿੰਗ ਦੌਰਾਨ ਮੰਤਰੀ ਨੇ ਜਥੇਬੰਦੀ ਦੇ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਜੰਗਲਾਤ ਵਿਭਾਗ ਵਿੱਚ ਕੰਮ ਕਰ ਰਹੇ ਕਾਮਿਆਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਹੱਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੱਚੇ ਕਾਮਿਆਂ ਨੂੰ ਰੈਗੂਲਰ ਕਰਨ, ਸੀਨੀਅਰਤਾ ਸੂਚੀ ਦੀਆਂ ਤਰੁੱਟੀਆਂ ਦੂਰ ਕਰਨ ਤੇ ਬਕਾਇਆ ਤਨਖ਼ਾਹਾਂ ਜਾਰੀ ਕਰਨ ਸਬੰਧੀ ਲੋੜੀਂਦੇ ਕਦਮ ਚੁੱਕੇ ਜਾਣਗੇ।ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਦਲਜੀਤ ਕੁਮਾਰ ਗੋਰਾ ਤੇ ਸੂਬਾਈ ਸਕੱਤਰ ਅਮਰ ਨਾਥ ਕੂੰਮਕਲਾਂ ਨੇ ਦੱਸਿਆ ਕਿ ਮੰਤਰੀ ਨਾਲ ਮੀਟਿੰਗ ਸੁਖਾਵੇਂ ਮਾਹੌਲ ਵਿੱਚ ਹੋਈ।ਉਨ੍ਹਾਂ ਕਿਹਾ ਕਿ ਮੰਤਰੀ ਨੇ ਜੰਗਲਾਤ ਵਿਭਾਗ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਹਜ਼ਾਰਾਂ ਕੱਚੇ ਕਾਮਿਆਂ ਨੂੰ ਰੈਗੂਲਰ ਕਰਨ ਦਾ ਭਰੋਸਾ ਦਿੱਤਾ ਹੈ।ਆਗੂਆਂ ਅਨੁਸਾਰ ਸੀਨੀਅਰਤਾ ਸੂਚੀ ਦੀਆਂ ਤਰੁੱਟੀਆਂ ਦੂਰ ਕਰਨ ਲਈ ਮੰਤਰੀ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਇਸ ਤੋਂ ਇਲਾਵਾ ਕਾਮਿਆਂ ਦੀਆਂ ਰਹਿੰਦੀਆਂ ਤਨਖ਼ਾਹਾਂ ਦਾ ਭੁਗਤਾਨ ਕਰਨ ਲਈ ਵੀ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਕਰਨ ਲਈ ਕਿਹਾ ਗਿਆ ਹੈ।ਯੂਨੀਅਨ ਆਗੂਆਂ ਨੇ ਕਿਹਾ ਕਿ ਜੰਗਲਾਤ ਕਾਮੇ ਵਿਭਾਗ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਅ ਰਹੇ ਹਨ ਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕਰਨ ਦੀ ਮੰਗ ਕੀਤੀ ਹੈ।ਇਸ ਮੌਕੇ ਸੀਟੂ ਆਗੂ ਵਿਨੋਦ ਕੁਮਾਰ ਪਠਾਨਕੋਟ, ਬਲਵੰਤ ਸਿੰਘ ਪਠਾਨਕੋਟ, ਨਾਇਬ ਸਿੰਘ ਲੋਚਮਾ ਪਟਿਆਲਾ ਤੇ ਗੁਰਦਰਸ਼ਨ ਸਿੰਘ ਰਾਜਪੁਰਾ ਸਮੇਤ ਹੋਰ ਆਗੂ ਹਾਜ਼ਰ ਸਨ।

# ਸ਼ੱਕੀ ਹਾਲਾਤ 'ਚ ਲਾਪਤਾ ਤਿੰਨ ਵਿਦਿਆਰਥਣਾਂ ਮੁੰਬਈ ਤੋਂ ਬਰਾਮਦ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**
ਫ਼ਰੀਦਕੋਟ ਪੁਲਸ ਦੀ ਇਕ ਵਿਸ਼ੇਸ਼ ਟੀਮ ਨੇ 10 ਅਗਸਤ ਨੂੰ ਲਾਪਤਾ ਹੋਣ ਤੋਂ ਕਰੀਬ ਦੋ ਹਫ਼ਤੇ ਬਾਅਦ ਮੁੰਬਈ ਤੋਂ ਤਿੰਨ ਨਾਬਾਲਗ ਸਕੂਲੀ ਵਿਦਿਆਰਥਣਾਂ ਨੂੰ ਸਫ਼ਲਤਾਪੂਰਵਕ ਲੱਭ ਲਿਆ ਹੈ।ਲੜਕੀਆਂ ਨੂੰ ਇਸ ਸਮੇਂ ਪੁਲਸ ਸੁਰੱਖਿਆ ਹੇਠ ਪੰਜਾਬ ਵਾਪਸ ਲਿਆਂਦਾ ਜਾ ਰਿਹਾ ਹੈ।ਲਾਪਤਾ ਲੜਕੀਆਂ (ਜੋ ਕਿ ਇਕ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਹਨ) ਫ਼ਰੀਦਕੋਟ ਦੀ ਜੋਤ ਰਾਮ ਕਲੋਨੀ ਦੀਆਂ ਰਹਿਣ ਵਾਲੀਆਂ ਹਨ।ਸਥਾਨਕ ਪੁਲਸ ਸਟੇਸ਼ਨ ਵਿੱਚ ਉਨ੍ਹਾਂ ਦੇ ਮਾਪਿਆਂ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਅਨੁਸਾਰ ਤਿੰਨੋਂ 10 ਅਗਸਤ ਨੂੰ ਸਵੇਰੇ 7:30 ਵਜੇ ਇਕੱਠੀਆਂ ਸਕੂਲ ਲਈ ਘਰੋਂ ਨਿਕਲੀਆਂ ਸਨ, ਪਰ ਘਰ ਵਾਪਸ ਨਹੀਂ ਪਰਤੀਆਂ, ਜਿਸ ਕਾਰਨ ਪੁਲਸ ਵੱਲੋਂ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ ਸੀ। ਤਕਨੀਕੀ ਵਿਸ਼ਲੇਸ਼ਣ ਤੋਂ ਮੁੰਬਈ ਵੱਲ ਇਸ਼ਾਰਾ ਮਿਲਣ ਤੋਂ ਬਾਅਦ ਤਿੰਨ ਦਿਨ ਪਹਿਲਾਂ ਇਕ ਪੁਲਸ ਟੀਮ ਮੁੰਬਈ ਭੇਜੀ ਗਈ ਸੀ।ਜਾਂਚਕਰਤਾਵਾਂ ਨੇ ਲੜਕੀਆਂ ਦੇ ਫੇਸਬੁੱਕ ਤੇ ਇੰਸਟਾਗ੍ਰਾਮ ਖਾਤਿਆਂ ਨਾਲ ਜੁੜੇ ਸਰਗਰਮ ਡਿਜੀਟਲ ਫੁੱਟਪ੍ਰਿੰਟਸ ਤੇ ਟਿਕਾਣਿਆਂ ਨੂੰ ਟਰੈਕ ਕਰ ਕੇ ਇਸ ਕੇਸ ਨੂੰ ਹੱਲ ਕਰ ਲਿਆ। ਇਨ੍ਹਾਂ ਸੋਸ਼ਲ ਮੀਡੀਆ ਸੁਰਾਗਾਂ ਦੀ ਪਾਲਣਾ ਕਰਦੇ ਹੋਏ ਟੀਮ ਨੇ ਮੁੰਬਈ ਵਿੱਚ ਇਕ ਕਿਰਾਏ ਦੇ ਕਮਰੇ ਵਿੱਚ ਉਨ੍ਹਾਂ ਦੇ ਸਥਾਨ ਦਾ ਪਤਾ ਲਾਇਆ ਤੇ ਉਨ੍ਹਾਂ ਨੂੰ ਸੁਰੱਖਿਅਤ ਲੱਭ ਲਿਆ।ਘਟਨਾਕ੍ਰਮ ਦੀ ਪੁਸ਼ਟੀ ਕਰਦਿਆਂ ਇੱਕ ਪੁਲਸ ਅਧਿਕਾਰੀ ਨੇ ਕਿਹਾ ਕਿ ਤਿੰਨੋਂ ਲੜਕੀਆਂ ਸੁਰੱਖਿਅਤ ਹਨ।

# ਨੇਹਾ ਦੇ ਸਸਕਾਰ ਮੌਕੇ ਮੁਲਜ਼ਮਾਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**
ਨੇਹਾ ਭਗਰੀਆ (ਪੁੱਤਰੀ ਸ੍ਰੀ ਮੋਤੀ ਲਾਲ), ਜੋ ਜਲੰਧਰ ਦੇ ਇਲਾਕੇ ਕਰਤਾਰਪੁਰ ਸਾਹਿਬ ਵਿਖੇ ਵਿਆਹੀ ਹੋਈ ਸੀ, ਦੀ ਕਥਿਤ ਤੌਰ 'ਤੇ ਸਹੁਰੇ ਪਰਿਵਾਰ ਵੱਲੋਂ ਜ਼ਹਿਰੀਲਾ ਪਦਾਰਥ ਦੇ ਕੇ ਕੀਤੀ ਗਈ ਹੱਤਿਆ ਤੋਂ ਬਾਅਦ ਉਸ ਦੀ ਮ੍ਰਿਤਕ ਦੇਹ ਦਾ ਰਾਮ ਬਾਗ ਵਿਖੇ ਧਾਰਮਿਕ ਰਸਮਾਂ ਅਨੁਸਾਰ ਅੰਤਮ ਸਸਕਾਰ ਕਰ ਦਿੱਤਾ ਗਿਆ।ਇਸ ਮੰਦਭਾਗੀ ਘਟਨਾ ਨਾਲ ਸ਼ਹਿਰ ਵਿੱਚ ਸੋਗ ਦੀ ਲਹਿਰ ਛਾ ਗਈ ਹੈ।

ਨੇਹਾ ਦੇ ਅੰਤਮ ਸੰਸਕਾਰ ਮੌਕੇ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਕ ਧਿਰਾਂ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਹਮਦਰਦੀ ਪ੍ਰਗਟਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਰਾਈਸਿਲਾ ਕੰਪਨੀ ਦੇ ਨਿਰਮਾਤਾ ਡਾ. ਏ.ਆਰ. ਸ਼ਰਮਾ, ਆਲ ਇੰਡੀਆ ਐਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ, ਕੌਂਸਲਰ ਸੰਦੀਪ ਬਾਂਸਲ, ਪੁਸ਼ਪਿੰਦਰ ਸ਼ਰਮਾ, ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਪ੍ਰਧਾਨ ਬਲਵਿੰਦਰ ਸਿੰਘ ਬਿੱਲੂ ਤੇ ਆਮ ਆਦਮੀ ਪਾਰਟੀ ਦੇ ਆਗੂ ਰੂਬਲ ਬਾਜਵਾ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀਆਂ ਨੇ ਸ਼ਿਰਕਤ ਕੀਤੀ।ਮੁੱਖ ਮੰਤਰੀ ਭਗਵੰਤ ਮਾਨ ਦੇ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਸਪੱਸ਼ਟ ਕੀਤਾ ਕਿ ਇਸ ਸਬੰਧੀ ਉੱਚ ਪ੍ਰਿਲਿਸ ਅਧਿਕਾਰੀਆ ਨਾਲ ਗੱਲ ਹੋ ਚੁੱਕੀ ਹੈ ਤੇ ਮੁਲਜ਼ਮਾਂ ਨਾਲ ਕੋਈ ਢਿੱਲ ਨਹੀਂ ਵਰਤੀ ਜਾਵੇਗੀ, ਸਗੋਂ ਪੁਲਸ ਨੂੰ ਤੁਰੰਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ 'ਚ ਪੀੜਤ ਪਰਵਾਰ ਨਾਲ ਖੜੀ ਹੈ।

ਹਾਲਾਂਕਿ ਨੇਹਾ ਦੀ ਮੌਤ ਤੋਂ ਬਾਅਦ ਪੁਲਿਸ ਨੇ ਮ੍ਰਿਤਕਾ ਦੇ ਪਤੀ ਤੇ ਹੋਰਨਾਂ ਦੇ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ, ਪਰ ਅਜੇ ਤੱਕ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾ ਹੋਣ ਕਾਰਨ ਪੀੜਤ ਪਰਵਾਰ ਅਤੇ ਸ਼ਹਿਰ ਨਿਵਾਸੀਆਂ ਵਿੱਚ ਭਾਰੀ ਰੋਸ ਹੈ। ਨੇਹਾ ਦੇ ਭਰਾ ਅਮਰੀਸ਼ ਕੁਮਾਰ ਨੇ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਕਾਤਲਾਂ ਨੂੰ ਜਲਦ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਉਹ ਧੂਰੀ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਕਰਤਾਰਪੁਰ ਸਾਹਿਬ ਜਾ ਕੇ ਪੁਲਸ ਪ੍ਰਸ਼ਾਸਨ ਦੇ ਖ਼ਿਲਾਫ਼ ਵੱਡੇ ਪੱਧਰ 'ਤੇ ਧਰਨਾ ਦੇਣਗੇ। ਉਸ ਨੇ ਖ਼ਦਸ਼ਾ ਜ਼ਾਹਿਰ ਕੀਤਾ ਕਿ ਨੇਹਾ ਦੇ ਪਤੀ ਦਾ ਵਿਦੇਸ਼ੀ ਵੀਜ਼ਾ ਲੱਗਿਆ ਹੋਇਆ ਹੈ, ਜਿਸ ਕਾਰਨ ਉਹ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਵਿਦੇਸ਼ ਫ਼ਰਾਰ ਹੋ ਸਕਦਾ ਹੈ।

# 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 75 ਲੱਖ ਔਰਤਾਂ ਨੂੰ ਸਰਕਾਰ ਵੱਲੋਂ ਕਰੋੜਾਂ ਦੀ ਰਾਸ਼ੀ ਜਾਰੀ : ਚੇਅਰਮੈਨ ਪਨਸਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਮਾਜਿਕ ਤੇ ਆਰਥਿਕ ਸਸ਼ਕਤੀਕਰਨ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਪੰਜਾਬ ਮੋਹਰੀ ਭੂਮਿਕਾ ਨਿਭਾਅ ਰਿਹਾ ਹੈ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਨਸਪ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਇਸ ਦਾ ਪ੍ਰਗਟਾਵਾ ਕੀਤਾ। ਚੇਅਰਮੈਨ ਬਰਾੜ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਯੋਜਨਾ ਤਹਿਤ ਸੂਬੇ ਭਰ ਦੀਆਂ 75 ਲੱਖ ਤੋਂ ਵੱਧ ਯੋਗ ਔਰਤਾਂ ਨੂੰ ਹਰ ਮਹੀਨੇ 1000 ਤੋਂ 1500 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਪਿੰਡ-ਪਿੰਡ ਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਮਹਿਲਾਵਾਂ ਤੱਕ ਇਸ ਸਕੀਮ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਇਆ ਜਾ ਰਿਹਾ ਹੈ, ਜਿਸ ਸਦਕਾ ਹਲਕਾ ਸਨੌਰ ਇਸ ਯੋਜਨਾ ਦੇ ਲਾਭਪਾਤਰੀਆਂ ਨੂੰ ਲਾਭ ਪਹੁੰਚਾਉਣ ਵਿੱਚ ਪੰਜਾਬ ਵਿੱਚ ਦੂਜੇ ਨੰਬਰ 'ਤੇ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਗਿਆ ਹੈ।ਉਨ੍ਹਾਂ ਆਖਿਆ ਕਿ ਮਾਨ ਸਰਕਾਰ ਦਾ ਮੁੱਖ ਮਨੋਰਥ ਔਰਤਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾ ਕੇ ਸਮਾਜ ਵਿੱਚ ਉਨ੍ਹਾਂ ਦਾ ਮਾਣ-ਸਨਮਾਨ ਹੋਰ ਵਧਾਉਣਾ ਹੈ ਤੇ ਇਸ ਨੇਕ ਕਾਰਜ ਲਈ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ।

# 'ਅਣਡਿੱਠਾ ਅਣਸੁਣਿਆ ਜਸਵਿੰਦਰ ਭੱਲਾ' ਪੁਸਤਕ 'ਤੇ ਚਰਚਾ

**ਚੇਤੇ 'ਚੋਂ ਕਦੇ ਨਹੀਂ ਜਾਣਾ ਸਾਡਾ ਭੱਲਾ : ਪ੍ਰਭਜੋਤ ਸੰਧੂ ਸਿਡਨੀ**





**ਲੁਧਿਆਣਾ (ਪੱਤਰ ਪ੍ਰੇਰਕ)**
ਸਵ: ਡਾ. ਜਸਵਿੰਦਰ ਭੱਲਾ ਦੀ ਪਹਿਲੀ ਬਰਸੀ ਮੌਕੇ ਸੰਗੀਆਂ-ਸਾਥੀਆਂ ਵੱਲੋਂ ਉਨ੍ਹਾਂ ਦੀ ਕਰਮ ਭੂਮੀ ਨੂੰ ਸਿਜਦਾ ਕਰਕੇ ਚੇਤੇ ਕੀਤਾ ਗਿਆ। ਯੂਨੀਵਰਸਿਟੀ ਵਿੱਚ ਹੋਈ ਮੀਟਿੰਗ ਵਿੱਚ ਆਸਟ੍ਰੇਲੀਆ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਭੱਲਾ ਦੇ ਨੇੜਲੇ ਸਾਥੀ ਪ੍ਰਭਜੋਤ ਸਿੰਘ ਸੰਧੂ ਸਿਡਨੀ ਨੇ ਭਾਵੁਕ ਹੁੰਦਿਆਂ ਕਿਹਾ ਕਿ ਸਾਡਾ ਭੱਲਾ ਇਸ ਯੂਨੀਵਰਸਿਟੀ ਦੇ ਨਾਲ-ਨਾਲ ਦੁਨੀਆ ਭਰ ਦੇ ਪੰਜਾਬੀਆਂ ਦਾ ਹਰਮਨਪਿਆਰਾ ਕਲਾਕਾਰ ਸੀ, ਜੋ ਹਮੇਸ਼ਾ ਚੇਤਿਆਂ 'ਚ ਵਸਿਆ ਰਹੇਗਾ।

ਸ੍ਰੀ ਸੰਧੂ ਨੇ ਕਿਹਾ ਕਿ ਕੱਲ੍ਹ ਦੀਆਂ ਗੱਲਾਂ ਲੱਗਦੀਆਂ ਹਨ, ਜਦੋਂ ਅਸੀਂ ਏਥੇ ਪੜ੍ਹਦੇ ਹੁੰਦੇ ਸਾਂ ਤੇ ਇਸ ਮਿੱਟੀ ਦੀ ਖੁਸ਼ਬੂ ਅੱਜ ਤੱਕ ਮਹਿਸੂਸ ਕਰ ਰਹੇ ਹਾਂ, ਜਿਸ ਨੇ ਜਸਵਿੰਦਰ ਭੱਲਾ ਵਰਗੇ ਕਲਾਕਾਰ ਪੈਦਾ ਕੀਤੇ। ਰੰਗਕਰਮੀ ਨਿਰਮਲ ਜੌੜਾ ਨੇ ਕਿਹਾ ਕਿ ਭੱਲਾ ਜੀ ਜ਼ਿੰਦਗੀ ਸ਼ਾਹ ਅਸਵਾਰ ਸਨ। ਇਸ ਮੌਕੇ ਨਿਰਮਲ ਜੌੜਾ ਨੇ ਵਿਦਿਆਰਥੀ ਦੇ ਤੌਰ 'ਤੇ ਡਾ. ਭੱਲਾ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ। ਸ਼ਾਇਰ ਸਤੀਸ਼ ਗੁਲਾਟੀ ਨੇ ਚੇਤਨਾ ਪ੍ਰਕਾਸ਼ਨ ਵੱਲੋਂ ਡਾ. ਭੱਲਾ ਦੇ ਜੀਵਨ ਬਾਰੇ ਬਾਲ ਮੁਕੰਦ ਸ਼ਰਮਾ ਤੇ ਪਾਲੀ ਭੁਪਿੰਦਰ ਸਿੰਘ ਦੀ ਲਿਖੀ ਪੁਸਤਕ 'ਅਣਡਿੱਠਾ ਅਣਸੁਣਿਆ ਜਸਵਿੰਦਰ ਭੱਲਾ' ਬਾਰੇ ਜਾਣਕਾਰੀ ਦਿੱਤੀ। ਸਤੀਸ਼ ਗੁਲਾਟੀ ਨੇ ਦੱਸਿਆ ਕਿ ਇਸ ਪੁਸਤਕ ਵਿੱਚ ਜਸਵਿੰਦਰ ਭੱਲਾ ਦੀ ਜੀਵਨ ਯਾਤਰਾ ਦੇ ਨਾਲ ਉਨ੍ਹਾਂ ਦੇ ਮਿੱਤਰਾਂ ਦੇ ਪ੍ਰਭਾਵ ਵੀ ਦਰਜ ਹਨ। ਸੱਭਿਆਚਾਰ ਸੱਥ ਪੰਜਾਬ ਦੇ ਚੇਅਰਮੈਨ ਜਸਮੇਰ ਸਿੰਘ ਢੱਟ ਨੇ ਕਿਹਾ ਕਿ ਵਰਲਡ ਪੰਜਾਬਣ ਪ੍ਰੋਗਰਾਮ ਦੀ ਸਫ਼ਲਤਾ ਵਿੱਚ ਭੱਲਾ ਦਾ ਅਹਿਮ ਯੋਗਦਾਨ ਰਿਹਾ। ਸਿੱਖਿਆ ਸ਼ਾਸ਼ਤਰੀ ਜਸਵਿੰਦਰ ਸਿੰਘ ਵਿਰਕ ਨੇ ਵੀ ਵਿਚਾਰ ਪ੍ਰਗਟ ਕੀਤੇ।

# ਨਚੀਕੇਤਨ ਮਾਡਲ ਸਕੂਲ ਵਿਖੇ 'ਵਿਰਸੇ ਦੇ ਰੰਗ' ਧੂਮਧਾਮ ਨਾਲ ਮਨਾਇਆ




**ਸਿਰਸਾ (ਜਗਤਾਰ ਸਮਾਲਸਰ)**
ਨਚੀਕੇਤਨ ਮਾਡਲ ਸਕੂਲ ਏਲਨਾਬਾਦ ਵਿਖੇ ਹਰਿਆਲੀ ਤੀਜ ਦੇ ਸਬੰਧ ਵਿੱਚ 'ਵਿਰਸੇ ਦੇ ਰੰਗ' ਤਹਿਤ ਇੱਕ ਸ਼ਾਨਦਾਰ ਪ੍ਰੋਗਰਾਮ ਕੀਤਾ ਗਿਆ। ਪ੍ਰੋਗਰਾਮ ਵਿੱਚ ਪੰਜਾਬੀ ਲੋਕ ਸੱਭਿਆਚਾਰ, ਪ੍ਰੰਪਰਾਵਾਂ, ਗੀਤਾਂ, ਸੰਗੀਤ ਤੇ ਮਹਿਲਾ ਸਸ਼ਕਤੀਕਰਨ ਦੀ ਇੱਕ ਸੁੰਦਰ ਝਲਕ ਦਿਖਾਈ ਗਈ।ਲੋਕ ਪੰਚਾਇਤ ਸਿਰਸਾ ਦੀ ਮੁੱਖ ਮੈਂਬਰ ਗੁਰਦੇਵ ਕੌਰ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਆਧੁਨਿਕ ਜੀਵਨ ਸ਼ੈਲੀ ਦੇ ਨਾਲ-ਨਾਲ ਸਾਨੂੰ ਆਪਣੇ ਲੋਕ ਸੱਭਿਆਚਾਰ, ਪ੍ਰੰਪਰਾਵਾਂ ਤੇ ਵਿਰਾਸਤ ਦੀ ਵੀ ਸੰਭਾਲ ਕਰਨੀ ਚਾਹੀਦੀ ਹੈ।

'ਵਿਰਸੇ ਦੇ ਰੰਗ' ਨੇ ਹਾਜ਼ਰ ਹਰ ਕਿਸੇ ਨੂੰ ਆਪਣੀਆਂ ਜੜ੍ਹਾਂ ਤੇ ਪੰਜਾਬੀ ਸੱਭਿਆਚਾਰ ਨਾਲ ਜੁੜਨ ਦਾ ਇੱਕ ਸ਼ਾਨਦਾਰ ਮੌਕਾ ਪ੍ਰਦਾਨ ਕੀਤਾ ਹੈ।ਉਨ੍ਹਾਂ ਇਸ ਸ਼ਾਨਦਾਰ ਸਮਾਗਮ ਲਈ ਨਚੀਕੇਤਨ ਮਾਡਲ ਸਕੂਲ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।'ਵਿਰਸੇ ਦੇ ਰੰਗ' ਪ੍ਰੋਗਰਾਮ ਵਿੱਚ ਰਵਾਇਤੀ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਤੀਜ ਲੋਕ ਗੀਤ, ਸੱਭਿਆਚਾਰਕ ਪ੍ਰਦਰਸ਼ਨ, ਰਵਾਇਤੀ ਪੁਸ਼ਾਕਾਂ ਤੇ ਔਰਤਾਂ ਦੀ ਹਿੱਸੇਦਾਰੀ ਵਾਲੇ ਪ੍ਰੋਗਰਾਮ ਪੇਸ਼ ਕੀਤੇ ਗਏ।ਪ੍ਰਬੰਧਕੀ ਟੀਮ ਵਿੱਚ ਰਜਨੀ ਕੌਰ, ਰਵਨੀਤ ਕੌਰ, ਅਵਨੀਤ ਕੌਰ, ਵੰਚਿਤ ਕੌਰ, ਬਲਵੀਰ ਕੌਰ ਤੇ ਜਸਵੀਰ ਕੌਰ ਨੇ ਸਰਗਰਮ ਭੂਮਿਕਾ ਨਿਭਾਈ।ਸਮਾਗਮ ਦੇ ਜੱਜ ਜਸਵੀਰ ਕੌਰ ਰੰਧਾਵਾ (ਸੇਵਾਮੁਕਤ ਪੰਜਾਬੀ ਲੈਕਚਰਾਰ), ਜਸਵੀਰ ਕੌਰ ਵਿਰਕ ਤੇ ਰਵਨੀਤ ਕੌਰ ਮਾਨ ਸਨ।ਇਹ ਸਮਾਗਮ ਸੱਭਿਆਚਾਰਕ ਏਕਤਾ, ਔਰਤਾਂ ਦੀ ਹਿੱਸੇਦਾਰੀ ਤੇ ਪੰਜਾਬੀ ਵਿਰਾਸਤ ਦੀ ਸੰਭਾਲ ਦੀ ਇੱਕ ਚਮਕਦਾਰ ਉਦਾਹਰਨ ਹੋ ਨਿਬੜਿਆ।

# ਤੀਜ ਦੇ ਰੰਗਾਂ ਨਾਲ ਰੰਗਿਆ ਦੇਸ਼ ਭਗਤ ਗਲੋਬਲ ਸਕੂਲ

**ਤੀਜ ਦੀਆਂ ਰੌਣਕਾਂ ਨੇ ਵਿਦਿਆਰਥੀਆਂ 'ਚ ਭਰਿਆ ਉਤਸ਼ਾਹ : ਪ੍ਰਿੰਸੀਪਲ ਜਿੰਦਲ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ ਤੀਜ ਦਾ ਤਿਉਹਾਰ ਬੜੇ ਹੀ ਉਤਸ਼ਾਹ, ਖੁਸ਼ੀ ਤੇ ਰਵਾਇਤੀ ਰੰਗਾਂ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦਾ ਸਮੁੱਚਾ ਮਾਹੌਲ ਪੰਜਾਬੀ ਲੋਕ-ਰੰਗ, ਸੱਭਿਆਚਾਰਕ ਪ੍ਰੰਪਰਾਵਾਂ ਤੇ ਤਿਉਹਾਰ ਦੀਆਂ ਰੌਣਕਾਂ ਨਾਲ ਸਰਾਬੋਰ ਨਜ਼ਰ ਆਇਆ।ਤੀਜ ਪੰਜਾਬੀ ਸੱਭਿਆਚਾਰ ਦਾ ਇੱਕ ਮਹੱਤਵਪੂਰਨ ਤਿਉਹਾਰ ਹੈ, ਜੋ ਖੁਸ਼ਹਾਲੀ, ਉਮੰਗ, ਆਪਸੀ ਪਿਆਰ ਤੇ ਪੰਜਾਬੀ ਲੋਕ-ਵਿਰਸੇ ਦੀ ਸੁੰਦਰਤਾ ਦਾ ਪ੍ਰਤੀਕ ਹੈ।

ਇਸ ਸਮਾਗਮ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਅਮੀਰ ਸੱਭਿਆਚਾਰ ਤੇ ਵਿਰਾਸਤ ਨਾਲ ਜੋੜਨ ਦੇ ਨਾਲ-ਨਾਲ ਰਵਾਇਤੀ ਪਹਿਰਾਵੇ, ਲੋਕ-ਗੀਤਾਂ, ਗਿੱਧੇ ਤੇ ਪੰਜਾਬੀ ਸੱਭਿਆਚਾਰਕ ਪ੍ਰੰਪਰਾਵਾਂ ਪ੍ਰਤੀ ਜਾਗਰੂਕ ਕੀਤਾ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਰਵਾਇਤੀ ਪੰਜਾਬੀ ਪਹਿਰਾਵੇ ਪਹਿਨ ਕੇ ਤੀਜ ਦੀਆਂ ਰੌਣਕਾਂ ਨੂੰ ਹੋਰ ਵੀ ਵਧਾ ਦਿੱਤਾ।ਰੰਗ-ਬਿਰੰਗੇ ਸੂਟ, ਫੁਲਕਾਰੀਆਂ, ਪਰਾਂਦੇ, ਗਹਿਣੇ ਤੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਵਾਇਤੀ ਪਹਿਰਾਵਿਆਂ ਨੇ ਸਮਾਗਮ ਨੂੰ ਵਿਸ਼ੇਸ਼ ਆਕਰਸ਼ਣ ਪ੍ਰਦਾਨ ਕੀਤਾ।ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ-ਗੀਤਾਂ ਤੇ ਗਿੱਧੇ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ ਤੇ ਪੂਰਾ ਮਾਹੌਲ ਤਾੜੀਆਂ ਤੇ ਖੁਸ਼ੀ ਦੀਆਂ ਆਵਾਜ਼ਾਂ ਨਾਲ ਗੂੰਜ ਉੱਠਿਆ।ਤੀਜ ਸਮਾਗਮ ਦੌਰਾਨ ਵਿਦਿਆਰਥੀਆਂ ਦੀ ਪ੍ਰਤਿਭਾ, ਰਚਨਾਤਮਕਤਾ ਤੇ ਰਵਾਇਤੀ ਪਹਿਰਾਵੇ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ।ਜੂਨੀਅਰ ਵਰਗ ਵਿੱਚ ਨੁਜਾਇਰਾ ਨੂੰ ਜੂਨੀਅਰ ਮਿਸ ਤੀਜ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ।ਸਭ ਤੋਂ ਵੱਧ ਟੇਲੈਂਟਡ ਦਾ ਖਿਤਾਬ ਗੁਰਸੀਰਤ ਕੌਰ ਤੇ ਗੁਰਗੀਤ ਕੌਰ ਨੂੰ ਜੂਨੀਅਰ ਵੈੱਲ ਡ੍ਰੈੱਸਡ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ।ਇਸੇ ਤਰ੍ਹਾਂ ਸੀਨੀਅਰ ਵਰਗ 'ਚ ਜਸ਼ਨਦੀਪ ਕੌਰ ਨੂੰ ਸੀਨੀਅਰ ਮਿਸ ਤੀਜ ਤੇ ਹੁਸਨਪ੍ਰੀਤ ਕੌਰ ਨੂੰ ਸੀਨੀਅਰ ਵੈੱਲ ਡ੍ਰੈੱਸਡ ਅਤੇ ਸਭ ਤੋਂ ਵੱਧ ਟੇਲੈਂਟਡ ਪ੍ਰਿਅੰਕਾ ਨੂੰ ਖਿਤਾਬ ਨਾਲ ਨਿਵਾਜਿਆ ਗਿਆ।

ਇਸ ਮੌਕੇ ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਨੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਤੀਜ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਅਜਿਹੀਆਂ ਸੱਭਿਆਚਾਰਕ ਗਤੀਵਿਧੀਆਂ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਹੱਤਵਪੂਰਨ ਦੱਸਿਆ।

ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਦੇਸ਼ ਭਗਤ ਗਲੋਬਲ ਸਕੂਲ ਵਿਖੇ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਭਾਰਤੀ ਤੇ ਪੰਜਾਬੀ ਸੱਭਿਆਚਾਰ ਦੀਆਂ ਅਮੀਰ ਪ੍ਰੰਪਰਾਵਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਂਦੇ ਹਨ।ਉਨ੍ਹਾਂ ਤੀਜ ਸਮਾਗਮ ਦੀ ਸਫਲਤਾ ਲਈ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਵੀ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਪ੍ਰਸੰਸਾ ਕੀਤੀ।ਸਮਾਗਮ ਦਾ ਸਮਾਪਨ ਖੁਸ਼ੀ, ਉਤਸ਼ਾਹ ਤੇ ਪੰਜਾਬੀ ਸੱਭਿਆਚਾਰ ਪ੍ਰਤੀ ਮਾਣ ਦੀ ਭਾਵਨਾ ਨਾਲ ਹੋਇਆ।

# ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਆਧਾਰ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**
ਖੇਡਾਂ ਕੇਵਲ ਮਨੋਰੰਜਨ ਦਾ ਸਾਧਨ ਨਹੀਂ ਹਨ, ਸਗੋਂ ਇਹ ਨੌਜਵਾਨਾਂ ਦੇ ਸਰਵਪੱਖੀ ਵਿਕਾਸ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਜਦੋਂ ਕੋਈ ਨੌਜਵਾਨ ਮੈਦਾਨ ਵਿੱਚ ਉਤਰਦਾ ਹੈ ਤਾਂ ਉਸ ਅੰਦਰ ਸਖ਼ਤ ਮਿਹਨਤ, ਅਨੁਸ਼ਾਸਨ, ਟੀਮ ਭਾਵਨਾ ਤੇ ਆਤਮ-ਵਿਸ਼ਵਾਸ ਵਰਗੇ ਮਹੱਤਵਪੂਰਨ ਗੁਣ ਪੈਦਾ ਹੁੰਦੇ ਹਨ।ਇਹ ਗੁਣ ਅੱਗੇ ਚੱਲ ਕੇ ਉਨ੍ਹਾਂ ਨੂੰ ਜ਼ਿੰਦਗੀ ਦੇ ਹਰ ਖੇਤਰ ਵਿੱਚ ਸਫ਼ਲ ਬਣਾਉਣ ਵਿੱਚ ਸਹਾਈ ਹੁੰਦੇ ਹਨ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਨੇ ਕੀਤਾ।ਯਾਦ ਯੂਥ ਕਲੱਬ, ਅਮਾਮਗੜ੍ਹ ਵੱਲੋਂ ਦਾਣਾ ਮੰਡੀ ਵਿਖੇ ਪਹਿਲੇ ਵਾਲੀਬਾਲ ਸਮੈਸ਼ਿੰਗ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ।ਟੂਰਨਾਮੈਂਟ ਵਿੱਚ ਹਰਚੰਦ ਸਿੰਘ ਬਰਸਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਮੈਦਾਨ ਵਿੱਚ ਜਾ ਕੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਪੂਰੀ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਖਿਡਾਰੀਆਂ ਦੇ ਜੋਸ਼ ਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਖੇਡ ਪ੍ਰੇਮੀਆਂ ਅਤੇ ਨੌਜਵਾਨਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਵਿਸ਼ੇਸ਼ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ।

ਸਰਕਾਰ ਵੱਲੋਂ ਜਿੱਥੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ, ਉੱਥੇ ਹੀ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤੇ ਸੂਬੇ ਭਰ ਵਿੱਚ ਖੇਡ ਮੈਦਾਨ ਬਣਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਅੱਜ ਦੇ ਦੌਰ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਣ ਲਈ ਅਜਿਹੇ ਖੇਡ ਟੂਰਨਾਮੈਂਟ ਕਰਾਉਣੇ ਸਮੇਂ ਦੀ ਮੁੱਖ ਲੋੜ ਹੈ।

ਪਿੰਡਾਂ ਅਤੇ ਕਸਬਿਆਂ ਦੀਆਂ ਅਜਿਹੀਆਂ ਖੇਡ ਸੰਸਥਾਵਾਂ ਸ਼ਲਾਘਾ ਦੀਆਂ ਪਾਤਰ ਹਨ, ਜੋ ਆਪਣੀ ਮਿਹਨਤ ਨਾਲ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰ ਰਹੀਆਂ ਹਨ।ਉਨ੍ਹਾਂ ਨੇ ਕਿਹਾ ਕਿ ਇਸ ਪਹਿਲੇ ਵਾਲੀਬਾਲ ਸਮੈਸ਼ਿੰਗ ਟੂਰਨਾਮੈਂਟ ਨੇ ਇਲਾਕੇ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕੀਤਾ ਹੈ।

## ਪੰਜਾਬ ਕਰਜ਼ੇ, ਗੈਂਗਸਟਰਵਾਦ ਤੇ ਬੇਰੁਜ਼ਗਾਰੀ ਦੀ ਗ੍ਰਿਫ਼ਤ 'ਚ : ਸਤਪਾਲ ਪੂਨੀਆ



ਸਨੌਰ/ਪਟਿਆਲਾ (ਬਿੰਦ)-ਸਨੌਰ ਤੋਂ ਬੀਜੇਪੀ ਦੇ ਆਗੂ ਸਤਪਾਲ ਪੂਨੀਆ ਨੇ ਬੀਜੇਪੀ ਦੇ ਸੀਨੀਅਰ ਆਗੂ ਤਰੁਣ ਚੁੱਘ ਨੂੰ ਗੁਜਰਾਤ ਦਾ ਮੁਖੀ ਬਣਨ 'ਤੇ ਵਧਾਈ ਦੇਣ ਸਮੇਂ ਉਨ੍ਹਾਂ ਨਾਲ ਮੁਲਾਕਾਤ ਕਰਨ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਖਿਆ ਕਿ ਅੱਜ ਪੰਜਾਬ ਅੰਦਰ ਨਸ਼ੇ, ਗੈਂਗਸਟਰਵਾਦ ਤੇ ਕਰਜ਼ੇ ਨੇ ਪੂਰੀ ਤਰ੍ਹਾਂ ਜੜ ਫੜਿਆ ਹੋਇਆ ਹੈ, ਪਰ ਮੌਜੂਦਾ ਸਰਕਾਰ ਸਿਰਫ ਹੱਥ 'ਤੇ ਹੱਥ ਧਰ ਕੇ ਬੈਠੀ ਹੈ।ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਮਾੜੇ ਕਾਰਜਕਾਲ ਦੌਰਾਨ ਪੰਜਾਬ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ ਹੈ।ਇਸ ਸਮੇਂ ਉਨ੍ਹਾਂ ਨਾਲ ਬਾਜਪਾ ਦੇ ਸੀਨੀਅਰ ਆਗੂ ਤੇ ਪੰਜਾਬ ਚੇਅਰਮੈਨ 'ਜੀ ਰਾਮ ਜੀ' ਤੇ ਰਣਜੀਤ ਸਿੰਘ ਕੰਡੂ ਸੀਨੀਅਰ ਆਗੂ ਬੀ ਜੇ ਪੀ ਹਾਜ਼ਰ ਸਨ। ਪੂਨੀਆ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਆਸ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਸਰਕਾਰ ਦੇ ਕਾਰਜਕਾਲ ਨੇ ਲੋਕਾਂ ਦੀਆਂ ਉਮੀਦਾਂ ਨੂੰ ਠੇਸ ਪਹੁੰਚਾਈ ਹੈ।ਸੂਬੇ 'ਚ ਕਾਨੂੰਨ-ਵਿਵਸਥਾ ਦੀ ਸਥਿਤੀ ਨੂੰ ਲੈ ਕੇ ਲੋਕਾਂ 'ਚ ਚਿੰਤਾ ਵਧ ਰਹੀ ਹੈ।ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਵੀ ਪੂਰੇ ਨਹੀਂ ਹੋਏ। ਕੇਂਦਰ ਤੇ ਸੂਬੇ 'ਚ ਭਾਜਪਾ ਦੀ ਡਬਲ ਇੰਜਣ ਸਰਕਾਰ ਬਣਨ ਨਾਲ ਪੰਜਾਬ ਦੇ ਵਿਕਾਸ ਨੂੰ ਨਵੀਂ ਗਤੀ ਮਿਲ ਸਕਦੀ ਹੈ।ਸਤਪਾਲ ਪੂਨੀਆ ਨੇ ਕਿਹਾ ਕਿ ਭਾਜਪਾ ਪੰਜਾਬ ਦੇ ਹਿੱਤਾਂ ਲਈ ਲਗਾਤਾਰ ਆਵਾਜ਼ ਬੁਲੰਦ ਕਰ ਰਹੀ ਹੈ।ਆਉਣ ਵਾਲੇ ਸਮੇਂ 'ਚ ਪਾਰਟੀ ਵੱਲੋਂ ਲੋਕਾਂ ਨੂੰ ਪੰਜਾਬ ਦੇ ਵਿਕਾਸ ਤੇ ਸੁਰੱਖਿਅਤ ਭਵਿੱਖ ਲਈ ਇੱਕ ਮਜ਼ਬੂਤ ਬਦਲ ਦਿੱਤਾ ਜਾਵੇਗਾ।

## 'ਆਪ' ਇਮਾਨਦਾਰੀ ਨਾਲ ਕੰਮ ਕਰਨ ਵਾਲੇ ਆਗੂਆਂ ਦੇ ਸਨਮਾਨ ਲਈ ਵਚਨਬੱਧ : ਚੇਅਰਮੈਨ ਮਾਨ



ਬਠਿੰਡਾ (ਰਾਜੀਵ ਗੋਇਲ)-ਆਮ ਆਦਮੀ ਪਾਰਟੀ ਵੱਲੋਂ ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਆਗੂ ਤੇ ਪਾਰਟੀ ਦੇ ਪੁਰਾਣੇ ਟਕਸਾਲੀ ਵਰਕਰ ਬੂਟਾ ਸਿੰਘ ਜਲਾਲ ਨੂੰ ਮਾਰਕਿਟ ਕਮੇਟੀ ਭਗਤਾ ਭਾਈਕਾ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਨਾਲ ਹਲਕੇ ਦੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਬੂਟਾ ਸਿੰਘ ਜਲਾਲ ਦੀ ਇਸ ਨਿਯੁਕਤੀ ਨੂੰ ਪਾਰਟੀ ਦੇ ਪੁਰਾਣੇ ਤੇ ਵਫ਼ਾਦਾਰ ਵਰਕਰਾਂ ਲਈ ਇੱਕ ਮਹੱਤਵਪੂਰਨ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਲੋਕ ਸਮੇਂ ਤੋਂ ਪਾਰਟੀ ਨਾਲ ਜੁੜੇ ਟਕਸਾਲੀ ਵਰਕਰਾਂ ਵਿੱਚ ਹੁਣ ਇਹ ਆਸ ਜਾਗੀ ਹੈ ਕਿ ਪਾਰਟੀ ਹਰ ਉਨ੍ਹਾਂ ਦੀ ਮਿਹਨਤ, ਸਮਰਪਣ ਤੇ ਲੰਮੇ ਸਮੇਂ ਦੀਆਂ ਸੇਵਾਵਾਂ ਨੂੰ ਮਾਣ-ਸਨਮਾਨ ਦਿੰਦਿਆਂ ਅੱਗੇ ਲਿਆਉਣ ਲਈ ਗੰਭੀਰਤਾ ਨਾਲ ਕਦਮ ਚੁੱਕ ਰਹੀ ਹੈ। ਇਸ ਮੌਕੇ ਹਲਕਾ ਰਾਮਪੁਰਾ ਫੂਲ ਵਿੱਚ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਬੂਟਾ ਸਿੰਘ ਜਲਾਲ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਉਹ ਮਾਰਕਿਟ ਕਮੇਟੀ ਭਗਤਾ ਭਾਈਕਾ ਦੀ ਜ਼ਿੰਮੇਵਾਰੀ ਨੂੰ ਇਮਾਨਦਾਰੀ, ਮਿਹਨਤ ਤੇ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰਾਂ ਦੀ ਭੂਮਿਕਾ ਬੇਹੱਦ ਅਹਿਮ ਹੈ। ਪੁਰਾਣੇ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਤੇ ਜ਼ਿੰਮੇਵਾਰੀਆਂ ਮਿਲਣ ਨਾਲ ਸੰਗਠਨ ਹੋਰ ਮਜ਼ਬੂਤ ਹੋਵੇਗਾ ਤੇ ਵਰਕਰਾਂ ਦਾ ਹੌਸਲਾ ਵੀ ਵਧੇਗਾ।

## ਸਟੇਟ ਬੈਂਕ ਨੇ ਸੀਰ ਸੰਸਥਾ ਦੇ ਸਹਿਯੋਗ ਨਾਲ ਲਾਏ ਪੌਦੇ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਸਟੇਟ ਬੈਂਕ ਆਫ ਇੰਡੀਆ ਸ਼ਾਖਾ ਫਰੀਦਕੋਟ ਵੱਲੋਂ ਵਾਤਾਵਰਨ ਦੀ ਸੰਭਾਲ ਲਈ ਯਤਨਸ਼ੀਲ ਸੰਸਥਾ 'ਸੀਰ' ਦੀ ਹਰਿਆਵਲ ਮੁਹਿੰਮ ਨਾਲ ਜੁੜਦਿਆਂ ਬੱਸ ਸਟੈਂਡ ਰੋਡ ਉੱਪਰ ਸ਼ਹਿਰ ਦੀ ਸੁੰਦਰਤਾ ਨੂੰ ਵਧਾਉਣ ਲਈ ਪਲਾਂਟੇਸ਼ਨ ਦੇ ਪੌਦੇ ਲਾਏ ਗਏ।ਇਨ੍ਹਾਂ ਪੌਦਿਆਂ ਦੀ ਸੁਰੱਖਿਆ ਲਈ ਸੰਸਥਾ ਵੱਲੋਂ ਟਰੀਗਾਰਡ ਵੀ ਫਿੱਟ ਕੀਤੇ ਗਏ।ਇਸ ਮੌਕੇ ਦੇ ਰਿਜਨਲ ਮੈਨੇਜਰ ਸ. ਹਰਪ੍ਰੀਤ ਸਿੰਘ ਨੇ ਕਿਹਾ ਕਿ ਰੁੱਖ ਲਾਉਣਾ ਤੇ ਪਾਲਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਸਟੇਟ ਬੈਂਕ ਆਫ ਇੰਡੀਆ ਅਦਾਰਾ ਇਸ ਨੇਕ ਕਾਰਜ ਲਈ ਹਮੇਸ਼ਾ ਯਤਨਸ਼ੀਲ ਰਿਹਾ ਹੈ।'ਸੀਰ' ਆਗੂ ਸੰਦੀਪ ਅਰੋੜਾ ਨੇ ਬੈਂਕ ਵੱਲੋਂ ਇਸ ਪਹਿਲਕਦਮੀ ਲਈ ਬੈਂਕ ਅਧਿਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਅਦਾਰਿਆਂ ਨੂੰ ਇਸ ਪ੍ਰੋਜੈਕਟ ਬਾਰੇ ਆਪਣੇ-ਆਪਣੇ ਖੇਤਰ 'ਚ ਯਤਨਸ਼ੀਲ ਹੋਣਾ ਚਾਹੀਦਾ ਹੈ।ਇਸ ਮੌਕੇ ਬੈਂਕ ਦੇ ਚੀਫ ਮੈਨੇਜਰ ਨਵੀਨ ਗਰਗ, ਡਿਪਟੀ ਮੈਨੇਜਰ ਰਾਹੁਲ ਕੀਰ, ਅਸਿਸਟੈਂਟ ਮੈਨੇਜਰ ਮਿਸ ਜਿਨੀਆ ਗਰਗ ਆਦਿ ਵੱਲੋਂ 25 ਹਜ਼ਾਰ ਰੁਪਏ ਦਾ ਇਸ ਮੁਹਿੰਮ ਨੂੰ ਸਫਲ ਕਰਨ ਲਈ ਸਹਿਯੋਗ ਕੀਤਾ ਗਿਆ।ਪੌਦੇ ਲਾਉਣ ਲਈ ਸੀਰ ਸੇਵਾਦਾਰਾਂ ਪ੍ਰਸ਼ੋਤਮ ਗਰਗ, ਸੁੱਚਾ ਸਿੰਘ, ਗੁਰਮੀਤ ਸਿੰਘ ਸੰਧੂ, ਪ੍ਰਦਮਨਪਾਲ ਸਿੰਘ, ਨਵਦੀਪ ਗਰਗ, ਕੁਲਵਿੰਦਰ ਸਿੰਘ, ਨਵਦੀਪ ਸਿੰਘ, ਮੋਹਿਤ ਕੁਮਾਰ, ਵਿੰਦਿਤ ਗੋਇਲ, ਰੇਸ਼ਮ ਸਿੰਘ ਆਦਿ ਸ਼ਾਮਲ ਸਨ।

## ਐਡਵੋਕੇਟ ਜੱਸ ਬੱਜੋਆਣਾ ਨੇ ਮਹਿਰਾਜ ਤੋਂ ਕੀਤਾ ਚੋਣ ਪ੍ਰਚਾਰ ਸ਼ੁਰੂ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਹਲਕਾ ਰਾਮਪੁਰਾ ਫੂਲ ਦੇ ਕਾਂਗਰਸੀ ਆਗੂ ਤੇ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਬੱਜੋਆਣਾ ਨੇ ਪਿੰਡਾਂ ਵਿੱਚ ਘਰ-ਘਰ ਜਾ ਕੇ ਚੋਣ ਪ੍ਰਚਾਰ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਬਾਬਾ ਸਿੱਧ ਤਿਲਕ ਰਾਏ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਹਰ ਪਿੰਡ ਹਰ ਗਲੀ ਵਿੱਚ ਲੋਕਾਂ ਨਾਲ ਗੱਲਬਾਤ ਕਰਨ ਦਾ ਪ੍ਰੋਗਰਾਮ ਸ਼ੁਰੂ ਕਰ ਦਿੱਤਾ ਹੈ। ਐਡਵੋਕੇਟ ਜੱਸ ਬੱਜੋਆਣਾ ਨੇ ਦੱਸਿਆ ਕਿ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ ਤੇ ਗਰਾਊਂਡ ਲੈਵਲ 'ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਦੀ ਕੋਸ਼ਿਸ਼ ਕਰ ਰਹੇ ਹਨ ਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕ ਬਹੁਤ ਪਿਆਰ ਤੇ ਸਤਿਕਾਰ ਦੇ ਰਹੇ ਹਨ।

## ਸੁਆਰਥੀ ਲੋਕਾਂ ਕਾਰਨ ਗੁੱਡੇ-ਗੁੱਡੀ ਦਾ ਖੇਡ ਬਣੀ ਸਿਆਸਤ : ਐਡਵੋਕੇਟ ਗੋਇਲ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪੰਜਾਬ ਦੀ ਮੌਜੂਦਾ ਰਾਜਨੀਤੀ ਅੱਜਕੱਲ੍ਹ ਲੋਕ ਮੁੱਦਿਆਂ ਤੋਂ ਭਟਕ ਕੇ ਮਹਿਜ ਇੱਕ ਖੇਡ ਤੇ ਤਮਾਸ਼ਾ ਬਣ ਕੇ ਰਹਿ ਗਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਇੱਕ ਪ੍ਰੈੱਸ ਵਾਰਤਾ ਦੌਰਾਨ ਕੀਤਾ। ਉਨ੍ਹਾਂ ਕਿਹਾ ਕੁੱਝ ਮੌਕਾਪ੍ਰਸਤ ਤੇ ਸੁਆਰਥੀ ਨੇਤਾਵਾਂ ਨੇ ਸੂਬੇ ਦੇ ਗੰਭੀਰ ਸਮਾਜਿਕ ਤੇ ਆਰਥਿਕ ਮੁੱਦਿਆਂ ਨੂੰ ਦਰਕਿਨਾਰ ਕਰਕੇ ਰਾਜਨੀਤੀ ਨੂੰ ਆਪਣੇ ਲਾਹੇ ਤੇ ਕੁਰਸੀ ਦੀ ਖਿੱਚੋਤਾਣ ਤੱਕ ਸੀਮਤ ਕਰ ਦਿੱਤਾ ਹੈ।ਸੂਬੇ ਦੇ ਅਸਲ ਮੁੱਦੇ ਜਿਵੇਂ ਕਿ ਨੌਜਵਾਨਾਂ ਦਾ ਵਿਦੇਸ਼ਾਂ ਵੱਲ ਪਲਾਇਨ, ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਨਸ਼ੇ ਦੀ ਸਮੱਸਿਆਂ ਤੇ ਕਿਸਾਨੀ ਸੰਕਟ ਪਿਛੋਕੜ ਵੱਲ ਧੱਕ ਗਏ ਹਨ।ਨੇਤਾਵਾਂ ਦਾ ਸਾਰਾ ਧਿਆਨ ਇੱਕ ਦੂਜੇ ਉੱਤੇ ਵਿਅਕਤੀਗਤ ਦੂਸ਼ਣਬਾਜ਼ੀ ਕਰਨ ਸੋਸ਼ਲ ਮੀਡੀਆ 'ਤੇ ਬਿਆਨਬਾਜ਼ੀ ਅਤੇ ਸਿਆਸੀ ਸਟੰਟ ਰਚਨ ਤੱਕ ਸੀਮਤ ਹੋ ਕੇ ਰਹਿ ਗਿਆ ਹੈ।ਆਮ ਲੋਕ ਇਸ ਸਿਆਸੀ ਰੱਸਾਕਸੀ ਤੋਂ ਅੱਕ ਚੁੱਕੇ ਹਨ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਜਦੋਂ ਤੱਕ ਨੇਤਾ ਆਪਣੇ ਸੁਆਰਥ ਤੋਂ ਉੱਪਰ ਉੱਠ ਕੇ ਪੰਜਾਬ ਦੇ ਭਵਿੱਖ ਬਾਰੇ ਨਹੀਂ ਸੋਚਦੇ, ਉਦੋਂ ਤੱਕ ਸੂਬੇ ਦਾ ਵਿਕਾਸ ਅਧੂਰਾ ਹੀ ਰਹੇਗਾ।ਲੋਕਾਂ ਨੂੰ ਵੀ ਅਜਿਹੇ ਨੇਤਾਵਾਂ 'ਤੇ ਜਵਾਬਦੇਹੀ ਮੜ੍ਹਨ ਦੀ ਲੋੜ ਹੈ ਤਾਂ ਜੋ ਪੰਜਾਬ ਦੀ ਸਿਆਸਤ ਵਿੱਚ ਗੰਭੀਰਤਾ ਵਾਪਸ ਆ ਸਕੇ।


**YES BANK** Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in, Email: comminications@yesbank.in, CIN: L65190MH2003PLC143249

### ਕਬਜ਼ਾ ਨੋਟਿਸ

(ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਤਹਿਤ ਕਰਜ਼ਾ # ਐੱਮ ਓ ਆਰ 005101195373 'ਚ ਅਚੱਲ ਜਾਇਦਾਦ ਲਈ)

ਜਦੋਂਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ, ਸਹਿ-ਕਰਜ਼ਦਾਰਾਂ, ਗਰੰਟਰਾਂ, ਰਹਿਣਕਾਰਾਂ ਅਤੇ ਮ੍ਰਿਤਕ ਖਾਤਾਧਾਰਕ ਦੇ ਕਾਨੂੰਨੀ ਵਾਰਸਾਂ (1) ਮੈਸਰਜ਼ 17 ਇੰਲੀਟ ਰਾਹੀਂ (ਕਰਜ਼ਦਾਰ) ਇਸ ਦੇ ਮਾਲਕ ਤੇਜਬੀਰ ਸਿੰਘ ਮਾਰਫਤ # 1-2 ਖਾਲਸਾ ਕਾਲਜ ਕੇ ਸੀ ਡਬਲਯੂ ਦੇ ਪਿਛਲੇ ਪਾਸੇ ਅੰਮ੍ਰਿਤਸਰ-143001 (2) ਸ੍ਰੀ ਤੇਜਬੀਰ ਸਿੰਘ ਪੁੱਤਰ ਜਗਜੀਤ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ # 1-2 ਖਾਲਸਾ ਕਾਲਜ ਕੇ ਸੀ ਡਬਲਯੂ ਦੇ ਪਿਛਲੇ ਪਾਸੇ ਅੰਮ੍ਰਿਤਸਰ-143001 (3) ਸ੍ਰੀਮਤੀ ਹਸਨਬੀਰ ਕੌਰ ਪਤਨੀ ਤੇਜਬੀਰ ਸਿੰਘ (ਸਹਿ-ਕਰਜ਼ਦਾਰ) ਵਾਸੀ ਮਕਾਨ # 1-2 ਖਾਲਸਾ ਕਾਲਜ ਕੇ ਸੀ ਡਬਲਯੂ ਦੇ ਪਿਛਲੇ ਪਾਸੇ ਅੰਮ੍ਰਿਤਸਰ-143001 ਨੂੰ 21.04.2026 ਨੂੰ ਉਕਤ ਨੋਟਿਸ 'ਚ ਦਰਸਾਈ ਰਕਮ ਰੁਪਏ 3,25,50,232.96 (ਤਿੰਨ ਕਰੋੜ ਪੰਝੀ ਲੱਖ ਪੰਜਾਹ ਹਜ਼ਾਰ ਦੋ ਸੌ ਬੱਤੀ ਰੁਪਏ ਅਤੇ ਛਿਆਨਵੇਂ ਪੈਸੇ ਕੇਵਲ) ਸਮੇਤ ਇਸ 'ਤੇ ਅਗਲਾ ਵਿਆਜ, ਲਾਗਤਾਂ, ਅਤੇ ਖਰਚੇ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਸੱਦਾ ਦਿੰਦਾ ਡਿਮਾਂਡ ਨੋਟਿਸ ਮਿਤੀ 21.04.2026 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ/ਕਾਨੂੰਨੀ ਵਾਰਸ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ/ਰਹਿਣਕਾਰਾਂ, ਕਾਨੂੰਨੀ ਵਾਰਸਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਤਿੰਨ ਜਾਇਦਾਦਾਂ ਦਾ ਸੰਕੇਤਕ ਕਬਜ਼ਾ 18 ਅਗਸਤ 2026 ਨੂੰ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ਰਹਿਣਕਾਰਾਂ/ਕਾਨੂੰਨੀ ਵਾਰਸਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦਾਂ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 21.04.2026 ਨੂੰ ਬਕਾਇਆ ਰਕਮ ਰੁਪਏ 3,25,50,232.96 (ਤਿੰਨ ਕਰੋੜ ਪੰਝੀ ਲੱਖ ਪੰਜਾਹ ਹਜ਼ਾਰ ਦੋ ਸੌ ਬੱਤੀ ਰੁਪਏ ਅਤੇ ਛਿਆਨਵੇਂ ਪੈਸੇ ਕੇਵਲ) ਅਤੇ ਇਸ 'ਤੇ ਵਿਆਜ, ਲਾਗਤਾਂ, ਖਰਚੇ ਅਤੇ ਇਕਰਾਰਨਾਮੇ ਦੀ ਦਰ 'ਤੇ ਚਾਰਜਿਜ਼ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਕਰਜ਼ਦਾਰਾਂ/ਰਹਿਣਕਾਰਾਂ/ਕਾਨੂੰਨੀ ਵਾਰਸਾਂ ਦਾ ਧਿਆਨ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸੇਟ ਦੇ ਪੁਨਰਗ੍ਰਹਿਣ ਵੱਲ ਦਿਵਾਇਆ ਜਾਂਦਾ ਹੈ।

| ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|
| ਜਾਇਦਾਦ ਜੋ ਕਿ ਪ੍ਰਾਈਵੇਟ ਪਲਾਟ ਨੰ. 1-ਏ ਅਤੇ 1-0, ਕੁੱਲ ਖੇਤਰ ਰਕਬਾ 434.5 ਵਰਗ ਗਜ਼, ਖਸਰਾ ਨੰ. 223 (12-15) ਮਿਨ, ਖੇਵਟ ਖਤੌਨੀ ਨੰ. 494/731, ਹੱਦਬਸਤ ਨੰ. 387, ਜਮ੍ਹਾਂਬੰਦੀ ਸਾਲ 2015-16, ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਸਰਕਲ 109 ਵਿਖੇ ਸਥਿਤ, ਗੁਰੂ ਨਾਨਕਪੁਰਾ, ਖਾਲਸਾ ਕਾਲਜ, ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। | ਪੂਰਬ : ਸੜਕ 30' ਚੌੜੀ<br>ਪੱਛਮ : ਖਾਲਸਾ ਕਾਲਜ<br>ਉੱਤਰ : ਪਲਾਟ ਨੰ. 2<br>ਦੱਖਣ : ਖਾਲਸਾ ਕਾਲਜ | ਸ੍ਰੀ ਤੇਜਬੀਰ ਸਿੰਘ ਪੁੱਤਰ ਜਗਜੀਤ ਸਿੰਘ |

ਮਿਤੀ : 25.08.2026
ਸਥਾਨ : ਅੰਮ੍ਰਿਤਸਰ
ਵਾਸਤੇ ਯੈੱਸ ਬੈਂਕ ਲਿਮਟਿਡ
ਅਧਿਕਾਰਤ ਅਫਸਰ


# ਅਜੀਤ ਪਾਲ ਕੋਹਲੀ ਸ਼ਹਿਰ ਵਾਸੀਆਂ ਦੀ ਪਹਿਲੀ ਪਸੰਦ ਬਣੇ

### ਸ਼ਹਿਰ ਵਾਸੀਆਂ ਦੀ ਸੇਵਾ ਕਰਨਾ ਮੇਰਾ ਪਹਿਲਾ ਫਰਜ਼ : ਕੋਹਲੀ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਵਿਧਾਨ ਸਭਾ ਹਲਕਾ ਪਟਿਆਲਾ ਸ਼ਹਿਰੀ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਮੌਜੂਦਾ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਪਟਿਆਲਾ ਅੰਦਰ ਨਿਭਾਈ ਜਾ ਰਹੀ ਸੇਵਾ ਕਾਰਨ ਸ਼ਹਿਰ ਵਾਸੀਆਂ ਦੀ ਪਹਿਲੀ ਪਸੰਦ ਬਣ ਗਏ ਹਨ। ਪੜ੍ਹੇ ਲਿਖੇ ਨੌਜਵਾਨ ਆਗੂ ਅਜੀਤ ਪਾਲ ਸਿੰਘ ਕੋਹਲੀ ਦਾ ਕਹਿਣਾ ਹੈ ਕਿ ਸ਼ਹਿਰ ਵਾਸੀਆਂ ਦੀ ਸੇਵਾ ਲਈ ਉਹ ਦਿਨ-ਰਾਤ ਹਾਜ਼ਰ ਹਨ। ਬਤੌਰ ਨਗਰ ਨਿਗਮ ਦੇ ਮੇਅਰ ਵਜੋਂ ਤੇ ਹੁਣ ਪਟਿਆਲਾ ਸ਼ਹਿਰੀ ਦੇ ਵਿਧਾਇਕ ਵਜੋਂ ਉਨ੍ਹਾਂ ਵੱਲੋਂ ਹਲਕੇ ਦੇ ਲੋਕਾਂ ਨਾਲ ਹੋਣਲੇ ਵੱਲੋਂ ਉਨ੍ਹਾਂ ਜੁੜ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਸਾਰਥਕ ਹੱਲ ਕਰਨ, ਹਲਕੇ ਦੇ ਵਿਕਾਸ ਕਾਰਜਾਂ ਵਿੱਚ ਲਿਆਂਦੀ ਤੇਜ਼ੀ ਤੇ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਹਲਕੇ ਦੇ ਲੋਕਾਂ ਤੱਕ ਪਹੁੰਚਾਉਣ ਕਾਰਨ ਜਿੱਥੇ ਪਾਰਟੀ ਦਾ ਅਕਸ ਲੋਕਾਂ ਵਿੱਚ ਨਿੱਖਰ ਕੇ ਸਾਹਮਣੇ ਆਇਆ ਹੈ, ਉੱਥੇ ਪਾਰਟੀ ਦਾ ਗ੍ਰਾਫ ਵੀ ਵਧਿਆ ਹੈ, ਜਿਸ ਦਾ ਫ਼ਾਇਦਾ ਆਮ ਆਦਮੀ ਪਾਰਟੀ ਨੂੰ 2027 ਦੀਆਂ ਅਗਾਮੀ ਚੋਣਾਂ ਵਿੱਚ ਪਹੁੰਚਣ ਦੀ ਪੂਰਨ ਉਮੀਦ ਹੈ। ਆਮ ਆਦਮੀ ਪਾਰਟੀ ਵੱਲੋਂ ਹਲਕਾ ਪਟਿਆਲਾ ਸ਼ਹਿਰੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖ ਕੇ ਹਲਕਾ ਪੱਧਰ ਅੰਦਰ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਆਮ ਆਦਮੀ ਪਾਰਟੀ ਵੱਲੋਂ ਹਲਕਾ ਪਟਿਆਲਾ ਸ਼ਹਿਰੀ ਤੋਂ ਸੰਭਾਵਿਤ ਉਮੀਦਵਾਰਾਂ ਨੂੰ ਲੈ ਕੇ ਚਰਚਾਵਾਂ ਦੇ ਦੌਰ ਵਿੱਚ ਮੌਜੂਦਾ ਹਲਕਾ ਵਿਧਾਇਕ ਇੱਕ ਮਜ਼ਬੂਤ ਦਾਅਵੇਦਾਰ ਵਜੋਂ ਉੱਭਰ ਕੇ ਸਾਹਮਣੇ ਨਜ਼ਰ ਆ ਰਹੇ ਹਨ। ਵਿਧਾਇਕ ਕੋਹਲੀ ਪਿਛਲੇ ਲੰਬੇ ਸਮੇਂ ਤੋਂ ਹਲਕੇ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ ਤੇ ਗਤੀਵਿਧੀਆਂ ਨੂੰ ਜ਼ਰਗਰਮੀ ਨਾਲ ਅੱਗੇ ਵਧਾ ਰਹੇ ਹਨ ਤੇ ਪਿੰਡ-ਪਿੰਡ ਪਾਰਟੀ ਵਰਕਰਾਂ ਤੇ ਆਮ ਲੋਕਾਂ ਨਾਲ ਲਗਾਤਾਰ ਸੰਪਰਕ ਬਣਾ ਰਹੇ ਹਨ। ਸਿਆਸੀ ਹਲਕਿਆਂ ਵਿੱਚ ਚਰਚਾ ਹੈ ਕਿ ਕੋਹਲੀ ਵੱਲੋਂ ਹਲਕੇ ਦੇ ਵੱਖ-ਵੱਖ ਵਾਰਡਾਂ ਵਿੱਚ ਕੀਤੀਆਂ ਮੀਟਿੰਗਾਂ, ਵਰਕਰਾਂ ਨਾਲ ਰਾਬਤਾ ਤੇ ਲੋਕਾਂ ਦੇ ਸਥਾਨਕ ਮੁੱਦਿਆਂ ਨੂੰ ਉਠਾਉਣ ਦੀ ਸਰਗਰਮੀ ਉਨ੍ਹਾਂ ਦੀ ਦਾਅਵੇਦਾਰੀ ਨੂੰ ਮਜ਼ਬੂਤ ਕਰ ਰਹੀ ਹੈ। ਉਹ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਸਥਾਨਕ ਵਿਕਾਸ 'ਤੇ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਲਈ ਜਿੱਥੇ ਯਤਨਸ਼ੀਲ ਨੂੰ ਹਨ, ਉੱਥੇ ਕੁਝ ਹੱਦ ਤੱਕ ਕਾਮਯਾਬ ਵੀ ਹੋਏ ਹਨ। ਹਲਕੇ ਅੰਦਰ ਇਹ ਵੀ ਚਰਚਾ ਹੈ ਕਿ ਆਮ ਆਦਮੀ ਪਾਰਟੀ ਜੇਕਰ 2027 ਦੀਆਂ ਚੋਣਾਂ ਲਈ ਅਜੀਤ ਪਾਲ ਕੋਹਲੀ ਵਰਗੇ ਚਿਹਰੇ 'ਤੇ ਦਾਅ ਖੇਡਦੀ ਹੈ ਤਾਂ ਪਾਰਟੀ ਨੂੰ ਪੂਰੀ ਕਾਮਯਾਬੀ ਮਿਲ ਸਕਦੀ ਹੈ ਤੇ ਵਿਧਾਇਕ ਕੋਹਲੀ ਦੂਸਰੀ ਵਾਰੀ ਪਟਿਆਲਾ ਦੇ ਵਿਧਾਇਕ ਬਣ ਸਕਦੇ ਹਨ। ਕੋਹਲੀ ਦੀ ਦਾਅਵੇਦਾਰੀ ਦਾ ਇੱਕ ਹੋਰ ਅਹਿਮ ਪੱਖ ਇਹ ਹੈ ਕਿ ਉਹ ਹਲਕੇ ਦੇ ਸੰਮਘਣ ਨਾਲ ਜੁੜੇ ਹਨ ਤੇ ਹਲਕੇ ਦੀ ਹਰੇਕ ਸਮੱਸਿਆ ਤੋਂ ਭਲੀ ਭਾਂਤ ਜਾਣੂ ਹਨ ਅਤੇ ਮੌਜੂਦਾ ਸਮੇਂ ਹਲਕਾ ਪਟਿਆਲਾ ਸ਼ਹਿਰੀ ਵਿੱਚ ਪਾਰਟੀ ਦੇ ਹਲਕਾ ਇੰਚਾਰਜ ਵਜੋਂ ਕੰਮ ਕਰ ਰਹੇ ਹਨ। ਇਸ ਕਾਰਨ ਉਨ੍ਹਾਂ ਨੂੰ ਹਲਕੇ ਦੀ ਜ਼ਮੀਨੀ ਸਿਆਸਤ, ਪਾਰਟੀ ਸੰਗਠਨ ਤੇ ਵਰਕਰਾਂ ਦੀ ਸਥਿਤੀ ਬਾਰੇ ਨਜ਼ਦੀਕੀ ਜਾਣਕਾਰੀ ਹੈ। 2027 ਦੀਆਂ ਚੋਣਾਂ ਨੂੰ ਲੈ ਕੇ ਜਿਵੇਂ ਪਾਰਟੀ ਵੱਲੋਂ ਉਮੀਦਵਾਰ ਸਬੰਧੀ ਕੋਈ ਅੰਤਿਮ ਐਲਾਨ ਨਹੀਂ ਕੀਤਾ ਗਿਆ, ਪਰ ਵਿਧਾਨ ਸਭਾ ਹਲਕਾ ਪਟਿਆਲਾ ਸ਼ਹਿਰੀ ਦੀ ਸਿਆਸਤ ਵਿੱਚ ਮੌਜੂਦਾ ਵਿਧਾਇਕ ਅਜੀਤ ਪਾਲ ਕੋਹਲੀ ਦਾ ਨਾਮ ਲਗਾਤਾਰ ਚਰਚਾ ਵਿੱਚ ਆ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਪਾਰਟੀ ਹਾਈਕਮਾਨ ਵੱਲੋਂ ਉਮੀਦਵਾਰ ਦੀ ਚੋਣ ਲਈ ਲਏ ਜਾਣ ਵਾਲੇ ਫੈਸਲੇ ਤੋਂ ਬਾਅਦ ਹੀ ਸਥਿਤੀ ਸਪੱਸ਼ਟ ਹੋਵੇਗੀ।

## ਮੀਰੀ ਪੀਰੀ ਖ਼ਾਲਸਾ ਮਾਰਚ ਦਾ ਸੰਗਤਾਂ ਵੱਲੋਂ ਨਿੱਘਾ ਸਵਾਗਤ



ਬੁਢਲਾਡਾ (ਅਸ਼ੋਕ ਲਾਕੜਾ)-ਮੀਰੀ ਪੀਰੀ ਖ਼ਾਲਸਾ ਮਾਰਚ ਦੇ ਦੂਜੇ ਪੜਾਅ ਦੀ ਆਰੰਭਤਾ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਸੱਚੇ ਪਾਤਸ਼ਾਹ ਦੇ ਸਨਮੁੱਖ ਅਰਦਾਸ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਛਤਰ ਛਾਇਆ ਤੇ ਗੁਰੂ ਸਾਹਿਬ ਦੇ ਸਾਜੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਰਵਾਨਾ ਹੋਇਆ।ਇਹ ਮਾਰਚ ਦਾ ਦੂਜਾ ਪੜਾਅ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਚੱਲ ਕੇ ਮੌੜ, ਮਾਨਸਾ, ਕੁਲੈਹਰੀ, ਅਹਿਮਦਪੁਰ ਹੁੰਦਾ ਹੋਇਆ ਬੁਢਲਾਡਾ ਵਿਖੇ ਆਈਟੀਆਈ ਚੌਕ ਵਿਖੇ ਨਗਰ ਕੀਰਤਨ ਦਾ ਵੱਖ ਵੱਖ ਧਾਰਮਿਕ ਸਭਾ ਸੁਸਾਇਟੀਆਂ ਤੇ ਸਮੂਹ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਕੱਤਰ ਸ੍ਰੀ ਦਰਬਾਰ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਬਾਬਾ ਬੂਟਾ ਸਿੰਘ ਗੁਰਥੜੀ, ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਪ੍ਰੀਤ ਸਿੰਘ ਝੱਬਰ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਜੀ ਧਨੌਲਾ ਹੋਰ ਦਲ ਪੰਥ ਹਿਤੈਸ਼ੀਆਂ ਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਹੜੇ ਕਹਿੰਦੇ ਹਨ ਗੋਲਕਾਂ ਚੁੱਕ ਦਿਓ ਤੇ ਨਾ ਗੋਲਕਾਂ 'ਚ ਪੈਸੇ ਪਾਓ।ਉਨ੍ਹਾਂ ਕਿਹਾ ਕਿ ਗੋਲਕ ਸਾਡੀ ਰਵਾਇਤ ਹੈ। ਉਨ੍ਹਾਂ ਕਿਹਾ ਕਿ ਕਈ ਲੋਕ ਸੋ ਦੇਖੀ ਭਰਮ ਪਾਲ ਕੇ ਬਹਿ ਗਏ ਕਿ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਦੇਣਗੇ।ਉਨ੍ਹਾਂ ਕਿਹਾ ਕਿ ਅਕਾਲ ਤਖ਼ਤ ਸਾਹਿਬ ਸਦੀਵੀ ਹੈ।ਇਸ ਮੌਕੇ ਉਨ੍ਹਾਂ ਕਿਹਾ ਕਿ ਹਰ ਇੱਕ ਸਿੱਖ ਨੂੰ ਘੱਟੋ ਘੱਟ ਤਿੰਨ ਬੱਚੇ ਪੈਦਾ ਕਰਨੇ ਚਾਹੀਦੇ ਹਨ।ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਡਾਕਟਰ ਨਿਸ਼ਾਨ ਸਿੰਘ ਹਾਕਮਵਾਲਾ, ਸੀਨੀਅਰ ਅਕਾਲੀ ਆਗੂ ਜਸਪਾਲ ਸਿੰਘ ਗੁੜੱਦੀ, ਗੁਰੂ ਨਾਨਕ ਕਾਲਜ ਬੁਢਲਾਡਾ ਦੇ ਪ੍ਰਿੰਸੀਪਲ ਡਾਕਟਰ ਨਰਿੰਦਰ ਸਿੰਘ ਕਲਸੀ, ਅਕਾਲੀ ਦਲ ਦੇ ਗੁਰਪਾਲ ਸਿੰਘ ਠੇਕੇਦਾਰ, ਬੁਢਲਾਡਾ ਨਗਰ ਕੌਂਸਲ ਦੇ ਪ੍ਰਧਾਨ ਸਤਨਾਮ ਸਿੰਘ ਖਨਾਲੀਆ ਤੇ ਹੋਰ ਸੰਗਤਾਂ ਵੱਲੋਂ ਗੁਰੂ ਸਾਹਿਬ ਦਾ ਨਤਮਸਤਕ ਹੋ ਕੇ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਗਿਆ।

## ਐਸੋਸੀਏਸ਼ਨ ਆਫ ਆਈਲਟਸ ਐਂਡ ਇਮੀਗ੍ਰੇਸ਼ਨ ਦੀ ਵਰ੍ਹੇਗੰਢ ਮੌਕੇ ਚੋਣ, ਓ ਪੀ ਗੋਇਲ ਬਣੇ ਪ੍ਰਧਾਨ



ਕੋਟਕਪੂਰਾ (ਰਛਪਾਲ ਭੁੱਲਰ)-ਐਸੋਸੀਏਸ਼ਨ ਆਫ ਆਈਲਟਸ ਐਂਡ ਇਮੀਗ੍ਰੇਸ਼ਨ ਕੋਟਕਪੂਰਾ ਦੀ ਪੰਜਵੀਂ ਵਰ੍ਹੇਗੰਢ ਮੌਕੇ ਐਸੋਸੀਏਸ਼ਨ ਵੱਲੋਂ ਵਿਉਫ਼ਰ ਬਰਾਇਟ ਇੰਸਟੀਚਿਊਟ ਕੋਟਕਪੂਰਾ ਵਿਖੇ ਇੱਕ ਮੀਟਿੰਗ ਕੀਤੀ ਗਈ ਅਤੇ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਸੁਖਵਿੰਦਰ ਸਿੰਘ ਰੋਮਾਣਾ ਨੇ ਦੱਸਿਆ ਕਿ ਐਸੋਸੀਏਸ਼ਨ ਦੀ ਪੰਜਵੀਂ ਵਰ੍ਹੇਗੰਢ ਦਾ ਜਸ਼ਨ ਮਨਾਇਆ ਗਿਆ ਤੇ ਐਸੋਸੀਏਸ਼ਨ ਦੀ ਨਵੀਂ ਚੋਣ ਕੀਤੀ ਗਈ।ਚੋਣ ਦੌਰਾਨ ਸਰਬਸੰਮਤੀ ਨਾਲ ਓ ਪੀ ਗੋਇਲ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।ਓ ਪੀ ਗੋਇਲ ਨੇ ਗੁਰਮੀਤ ਸਿੰਘ ਸਰਾਂ ਨੇ ਦੱਸਿਆ ਕਿ ਇਸ ਐਸੋਸੀਏਸ਼ਨ ਦੀ ਸ਼ੁਰੂਆਤ 5 ਸਾਲ ਪਹਿਲਾਂ ਚਾਰ ਫਾਊਂਡਰ ਮੈਂਬਰਾਂ ਅਮਨ ਵਿਲੀਅਮ, ਗੁਰਮੀਤ ਸਿੰਘ ਸਰਾਂ, ਓ ਪੀ ਗੋਇਲ, ਗੁਰਮੀਤ ਸਿੰਘ ਮਠਾੜੂ ਦੁਆਰਾ ਅੱਜ ਦੇ ਦਿਨ ਹੀ ਕੀਤੀ ਗਈ, ਪੰਤੂ ਅੱਜ ਇਸ ਐਸੋਸੀਏਸ਼ਨ ਵਿੱਚ 50 ਤੋਂ ਜ਼ਿਆਦਾ ਮੈਂਬਰ ਹਨ।ਗੁਰਵਿੰਦਰ ਸਿੰਘ, ਵਿਵੇਕ ਅਰੋੜਾ ਤੇ ਹਰਵਿੰਦਰ ਸਿੰਘ ਵੈਨਸੀ ਨੇ ਦੱਸਿਆ ਕਿ ਐਸੋਸੀਏਸ਼ਨ ਗਰੀਬ ਪਰਿਵਾਰਾਂ ਦੇ ਹੋਣਹਾਰ ਸਟੱਡੀ ਕਰਨ ਵਿੱਚ ਵਿੱਤੀ ਸਹਾਇਤਾ ਵੀ ਕਰਦੀ ਹੈ ਤੇ ਜ਼ਰੂਰਤਮੰਦ ਪਰਿਵਾਰਾਂ ਦਾ ਬਾਹਰ ਜਾਣ ਦਾ ਸੁਪਨਾ ਪੂਰਾ ਕਰਦੀ ਹੈ। ਐਸੋਸੀਏਸ਼ਨ ਦੇ ਫਾਊਂਡਰ ਮੈਂਬਰ ਅਮਨ ਵਿਲੀਅਮ, ਹੈਪੀ ਸਿੰਘ ਅਭਿਸ਼ੇਕ ਮਿੱਤਲ ਤੇ ਸੋਨੂੰ ਸ਼ਰਮਾ ਨੇ ਦੱਸਿਆ ਕਿ ਇਹ ਐਸੋਸੀਏਸ਼ਨ ਪੰਜਾਬ ਦੀ ਇੱਕਲੌਤੀ ਐਸੋਸੀਏਸ਼ਨ ਜੋ ਕਿ ਲੋਕਾਂ ਨੂੰ ਬਾਹਰ ਭੇਜਣ ਦੇ ਨਾਲ-ਨਾਲ ਲੋਕ ਭਲਾਈ ਦੇ ਕੰਮ ਵੀ ਕਰਦੀ ਹੈ।ਆਖਿਰ ਵਿੱਚ ਮੈਡਮ ਨੰਦਿਨੀ ਤੇ ਮੈਡਮ ਅਮਨ ਨੇ ਆਏ ਹੋਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਜਲਦ ਹੀ ਐਸੋਸੀਏਸ਼ਨ ਦੀ ਇੱਕ ਭਰਵੀਂ ਮੀਟਿੰਗ ਕੀਤੀ ਜਾਵੇਗੀ ਅਤੇ ਨਵੇਂ ਮੈਂਬਰ ਲਈ ਮੈਂਬਰਸ਼ਿਪ ਖੋਲ੍ਹੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਜੀਤ ਸ਼ਰਮਾ, ਮੈਡਮ ਰਿੰਕੂ ਕੌਰ, ਰਿਸ਼ਭ ਗੋਇਲ ਮੌਜੂਦ ਰਹੇ।

## ਸੰਗਤ ਦਰਸ਼ਨ ਲਈ ਤਿੰਨ ਬੱਸਾਂ ਰਵਾਨਾ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਜੰਡਵਾਲਾ ਮੀਰਾ ਸਾਂਗਲਾ ਤੋਂ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ 3 ਬੱਸਾਂ ਸੰਗਤਾਂ ਨੂੰ ਲੈ ਕੇ ਰਵਾਨਾ ਹੋਈਆਂ।ਇਹ ਬੱਸਾਂ ਹਲਕਾ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਦੀ ਧਰਮ ਪਤਨੀ ਮੈਡਮ ਖੁਸ਼ਬੂ ਸਵਨਾ ਤੇ ਵਿਧਾਇਕ ਦੇ ਪਿਤਾ ਖਜ਼ਾਨ ਸਿੰਘ ਪਟਵਾਰੀ ਵੱਲੋਂ ਪਾਰਟੀ ਵਰਕਰਾਂ ਦੇ ਸਹਿਯੋਗ ਨਾਲ 3 ਬੱਸਾਂ ਰਵਾਨਾ ਕੀਤੀਆਂ ਗਈਆਂ।ਮੈਡਮ ਖੁਸ਼ਬੂ ਸਵਨਾ ਨੇ ਕਿਹਾ ਕਿ ਤੀਰਥ ਯਾਤਰਾ 'ਤੇ ਜਾਣ ਦਾ ਸੁਭਾਗ ਬੜੇ ਚੰਗੇ ਕਰਮਾਂ ਤੇ ਭਾਗਾਂ ਨਾਲ ਪ੍ਰਾਪਤ ਹੁੰਦਾ ਹੈ।ਉਨ੍ਹਾਂ ਕਿਹਾ ਕਿ ਅੱਜ ਵੀ ਬਹੁਤ ਸਾਰੇ ਬਜ਼ੁਰਗ ਅਜਿਹੇ ਹਨ, ਜੋ ਆਰਥਿਕ ਤੰਗੀ ਜਾਂ ਹੋਰ ਕਾਰਨਾਂ ਕਰਕੇ ਆਪਣੀ ਸਾਰੀ ਉਮਰ ਵਿੱਚ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਨਹੀਂ ਕਰ ਸਕੇ।ਅਜਿਹੇ ਬਜ਼ੁਰਗਾਂ ਨੂੰ ਘਰੋਂ ਤੀਰਥਾਂ ਦੇ ਦਰਸ਼ਨ ਕਰਵਾਉਣਾ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇੱਕ ਬਹੁਤ ਹੀ ਸ਼ਲਾਘਾਯੋਗ ਤੇ ਇਤਿਹਾਸਕ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਰਾਹੀਂ ਸੰਗਤਾਂ ਨੂੰ ਆਪਣੇ ਪਵਿੱਤਰ ਗੁਰਧਾਮਾਂ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਇਹ ਯਾਤਰਾ ਸਿਰਫ਼ ਇੱਕ ਸਫ਼ਰ ਨਹੀਂ, ਸਗੋਂ ਆਤਮਿਕ ਸ਼ਾਂਤੀ, ਸ਼ਰਧਾ ਤੇ ਗੁਰੂ ਘਰ ਨਾਲ ਜੁੜਨ ਦਾ ਸੁਨਹਿਰੀ ਮੌਕਾ ਹੈ।

## ਬੰਦੀ ਸਿੰਘ ਸਾਡੀ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਮੁੱਦਾ : ਭਾਈ ਗਰੇਵਾਲ

### ਬੰਦੀ ਸਿੰਘਾਂ ਦੀ ਰਿਹਾਈ ਵਾਲੇ ਪ੍ਰੋਗਰਾਮਾਂ 'ਚ ਫੈਡਰੇਸ਼ਨ ਕਰੇਗੀ ਸ਼ਮੂਲੀਅਤ



ਜਗਰਾਉਂ (ਜੀਵਨ ਅਰੋੜਾ)-ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਪਿਛਲੇ ਲੰਮੇ ਸਮੇਂ ਤੋਂ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਕਈ ਬੰਦੀ ਸਿੰਘ ਆਪਣੀਆਂ ਅਦਾਲਤੀ ਸਜ਼ਾਵਾਂ ਤੋਂ ਵੀ ਕਈ ਗੁਣਾ ਵੱਧ ਸਮਾਂ ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ, ਪਰ ਇਸ ਦੇ ਬਾਵਜੂਦ ਉਨ੍ਹਾਂ ਦੀ ਰਿਹਾਈ ਦਾ ਮਾਮਲਾ ਲੰਬਿਤ ਹੈ। ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਇੱਕ ਪਾਸੇ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਲੰਬੇ ਸਮੇਂ ਤੋਂ ਲਟਕਾਇਆ ਜਾ ਰਿਹਾ ਹੈ, ਜਦਕਿ ਦੂਜੇ ਪਾਸੇ ਸੌਦਾ ਸਾਧ ਸਮੇਤ ਕਈ ਹੋਰ ਕੈਦੀਆਂ ਨੂੰ ਵਾਰ-ਵਾਰ ਪੈਰੋਲ ਤੇ ਹੋਰ ਕਾਨੂੰਨੀ ਰਾਹਤਾਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਕਾਨੂੰਨ ਸਾਰਿਆਂ ਲਈ ਬਰਾਬਰ ਹੈ ਤਾਂ ਫਿਰ ਬੰਦੀ ਸਿੰਘਾਂ ਨਾਲ ਇਹ ਵੱਖਰਾ ਵਤੀਰਾ ਕਿਉਂ ਕੀਤਾ ਜਾ ਰਿਹਾ ਹੈ। ਇਹ ਸਿੱਖ ਕੌਮ ਦੇ ਮਨਾਂ ਵਿੱਚ ਵੱਡਾ ਸਵਾਲ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਸਬੰਧੀ ਕੇਂਦਰ ਸਰਕਾਰ ਵੱਲੋਂ ਐਲਾਨ ਕੀਤੇ ਜਾਣ ਦੇ ਬਾਵਜੂਦ ਮਾਮਲਾ ਅਜੇ ਤੱਕ ਹੱਲ ਨਹੀਂ ਹੋਇਆ। ਇਸ ਲਈ ਸਰਕਾਰ ਨੂੰ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਠੋਸ ਫੈਸਲਾ ਲੈਣਾ ਚਾਹੀਦਾ ਹੈ। ਭਾਈ ਗਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 29 ਅਗਸਤ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਸਮਾਗਮ ਕਰਵਾਏ ਜਾ ਰਹੇ ਹਨ। ਇਨ੍ਹਾਂ ਸਮਾਗਮਾਂ ਵਿੱਚ ਸਿੱਖ ਸਟੂਡੈਂਟਸ ਫੈਡਰੇਸ਼ਨ ਗਰੇਵਾਲ ਵੱਲੋਂ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ ਤੇ ਫੈਡਰੇਸ਼ਨ ਦੇ ਵਰਕਰ ਪਿੰਡ-ਪਿੰਡ ਸੰਗਤਾਂ ਨੂੰ ਇਨ੍ਹਾਂ ਅਰਦਾਸ ਸਮਾਗਮਾਂ ਨਾਲ ਜੋੜਨਗੇ। ਉਨ੍ਹਾਂ ਸਮੁੱਚੀ ਗੁਰੂ ਨਾਨਕ ਨਾਮ ਲੇਵਾ ਸੰਗਤ ਤੇ ਮਨੁੱਖੀ ਅਧਿਕਾਰਾਂ ਲਈ ਆਵਾਜ਼ ਉਠਾਉਣ ਵਾਲੇ ਹਰ ਵਰਗ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਚਲਾਈ ਜਾ ਰਹੀ ਇਸ ਮੁਹਿੰਮ ਵਿੱਚ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇ।

## ਕੋਟਾਂ ਕਾਲਜ 'ਚ ਸਟਾਫ਼ ਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ



ਦੋਰਾਹਾ (ਹਰਮਿੰਦਰ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਵਿੱਦਿਆ ਸਕੱਤਰ ਸ. ਸੁਖਮਿੰਦਰ ਸਿੰਘ ਦੀ ਅਗਵਾਈ ਵਿੱਚ ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਵਿਖੇ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ, ਦੇ ਵਿਦਿਆਰਥੀਆਂ ਨੂੰ ਅੰਕ ਬਿਉਰਾ ਕਾਰਡ ਤੇ ਸਰਟੀਫਿਕੇਟ ਤਕਸੀਮ ਕੀਤੇ ਗਏ।ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸਾਲ ਦੂਜੇ ਨਾਲ ਸੰਬੰਧਤ ਪੁਸਤਕਾਂ ਤੇ ਪ੍ਰਸ਼ਨੋਤਰੀ ਦੀਆਂ ਕਾਪੀਆਂ ਵੀ ਦਿੱਤੀਆਂ ਗਈਆਂ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਰਘਬੀਰ ਸਿੰਘ ਸਹਾਰਨਮਾਜਰਾ ਨੇ ਆਖਿਆ ਕਿ ਅਜਿਹੇ ਉਦਮ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹਨ।ਇਨ੍ਹਾਂ ਪ੍ਰੀਖਿਆਵਾਂ ਤਾਂ ਮਨੋਰਥ ਵਿਦਿਆਰਥੀ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਗੁਰਮਤਿ ਜੀਵਨ ਦੇ ਪਾਂਧੀ ਵੀ ਬਣਾਉਣਾ ਹੈ।ਵਿਦਿਆਰਥੀਆਂ ਨੂੰ ਇਸ ਯੋਜਨਾ ਦਾ ਭਰਪੂਰ ਫਾਇਦਾ ਲੈਣਾ ਚਾਹੀਦਾ ਹੈ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਵਿੱਦਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ।ਜ਼ਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਤੇ ਧਾਰਮਿਕ ਪ੍ਰੀਖਿਆ 'ਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 5100, 4100, 3100 ਰੁਪਏ ਦਿੱਤੇ ਜਾਂਦੇ ਹਨ।80 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 1100/- ਰੁਪਏ ਸਨਮਾਨ ਵਜੋਂ ਦਿੱਤੇ ਜਾਂਦੇ ਹਨ।ਸਾਲਾਨਾ ਧਾਰਮਿਕ ਪ੍ਰੀਖਿਆ ਵਿੱਚੋਂ 70 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਦਰਜਾ ਪਹਿਲਾ ਨੂੰ 1100, ਦੂਜੇ ਨੂੰ 2100, ਤੀਜੇ ਨੂੰ 3100 ਤੇ ਦਰਜਾ ਚੌਥਾ ਨੂੰ 4100 ਰੁਪਏ ਪ੍ਰਤੀ ਵਿਦਿਆਰਥੀ ਸਨਮਾਨ ਰਾਸ਼ੀ ਦਿੱਤੀ ਜਾਂਦੀ ਹੈ।ਕਾਲਜ ਦੇ ਗਿਆਰਵੀਂ ਤੇ ਬਾਰਵੀਂ ਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ 5500 ਰੁਪਏ ਸਾਲਾਨਾ, ਗ੍ਰੈਜੂਏਟ ਵਿਦਿਆਰਥੀਆਂ ਲਈ 8500 ਰੁਪਏ, ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ 10,500 ਰੁਪਏ ਪ੍ਰਤੀ ਵਿਦਿਆਰਥੀ ਵਜ਼ੀਫਾ ਦਿੱਤਾ ਜਾਂਦਾ ਹੈ।ਅੰਮ੍ਰਿਤਧਾਰੀ ਵਜ਼ੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵੱਲੋਂ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਸਾਲਾਨਾ ਧਾਰਮਿਕ ਪ੍ਰੀਖਿਆ ਵਿੱਚ ਭਾਗ ਲੈਣਾ ਜ਼ਰੂਰੀ ਹੈ।

## ਬੀ ਕੇ ਯੂ ਏਕਤਾ ਅਜ਼ਾਦ ਦਿੜ੍ਹਬਾ ਬਲਾਕ ਦੀ ਮੀਟਿੰਗ

ਦਿੜ੍ਹਬਾ (ਜਸਵੀਰ ਲਾਡੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦਿੜ੍ਹਬਾ ਬਲਾਕ ਦੀ ਮੀਟਿੰਗ ਬਲਾਕ ਪ੍ਰਧਾਨ ਨਾਇਬ ਸਿੰਘ ਗੁੱਜਰਾਂ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਹੋਈ, ਜਿਸ ਵਿੱਚ ਪਿੰਡ ਇਕਾਈਆਂ ਦੇ ਪ੍ਰਧਾਨ/ਸਕੱਤਰ/ਖਜ਼ਾਨਚੀ ਤੋਂ ਇਲਾਵਾ ਪਿੰਡ ਇਕਾਈਆਂ ਦੇ ਕਿਸਾਨਾਂ ਨੇ ਵਧ ਚੜ੍ਹ ਕੇ ਭਾਗ ਲਿਆ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਕੈਪਰ ਨੇ ਸ਼ਿਰਕਤ ਕੀਤੀ। ਅੱਜ ਦੀ ਮੀਟਿੰਗ ਦੇ ਏਜੰਡੇ ਪਾਸ ਕੀਤੇ ਗਏ, ਜਿਸ 'ਚ 25 ਅਗਸਤ ਨੂੰ ਪਿੰਡ ਪਿੰਡ ਪੋਸਟਰ, ਬੈਨਰ, ਫਲੈਕਸਾਂ ਲਗਾਈਆਂ ਜਾਣਗੀਆਂ, 31 ਅਗਸਤ ਨੂੰ ਕਿਸਾਨੀ ਮੰਗਾਂ ਲਈ ਡਿਪਟੀ ਕਮਿਸ਼ਨਰ ਸੰਗਰੂਰ ਰਾਹੀਂ ਮੰਗ ਪੱਤਰ ਪੰਜਾਬ/ਕੇਂਦਰ ਸਰਕਾਰ ਨੂੰ ਭੇਜਿਆ ਜਾਵੇਗਾ, 5 ਸਤੰਬਰ ਨੂੰ ਕਿਸਾਨੀ ਅੰਦੋਲਨ ਦੇ ਸ਼ਹੀਦ ਪ੍ਰੀਤਮ ਸਿੰਘ ਮੰਡੇਰ ਕਲਾਂ ਦੀ ਸ਼ਹੀਦੀ ਬਰਸੀ ਮੰਡੇਰ ਕਲਾਂ ਦੀ ਦਾਣਾ ਮੰਡੀ ਵਿਖੇ ਮਨਾਈ ਜਾਵੇਗੀ। ਇਸ ਮੀਟਿੰਗ ਵਿੱਚ ਚਰਨਜੀਤ ਸਿੰਘ ਸੰਤਪੁਰਾ, ਬਲਦੇਵ ਸਿੰਘ ਉਭਿਆ, ਰਣਵੀਰ ਸਿੰਘ ਬਘਰੋਲ, ਚਮਕੌਰ ਸਿੰਘ ਸਾਦੀਹਰੀ, ਬੁੱਧ ਸਿੰਘ, ਮਹਿੰਦਰ ਸਿੰਘ, ਗੁਰਚਰਨ ਸਿੰਘ ਖੇਤਲਾ, ਦੀਦਾਰ ਸਿੰਘ ਦਾਰੀ, ਲੀਲਾ ਸਿੰਘ ਦਿੜ੍ਹਬਾ, ਜੀਵਨ ਸਿੰਘ, ਅਮਰਜੀਤ ਸਿੰਘ ਰਾਮਪੁਰ ਗੁੱਜਰਾਂ, ਸਤਿਪਾਲ ਸਿੰਘ, ਬਲਵਿੰਦਰ ਸਿੰਘ ਹਰੀਗੜ੍ਹ, ਵਰਿੰਦਰ ਸਿੰਘ, ਕਰਮਜੀਤ ਸਿੰਘ, ਦਿਲਜਿੰਦਰ ਸਿੰਘ, ਸ਼ਰਨਜੀਤ ਸਿੰਘ ਲਾਟਬੰਜਾਰਾ ਖ਼ੁਰਦ, ਦਰਸ਼ਨ ਸਿੰਘ, ਗੁਰਪਿਆਰ ਸਿੰਘ, ਦਰਸ਼ਨ ਸਿੰਘ ਬੂਟੀ, ਭਰਭੂਰ ਸਿੰਘ ਗੁੱਜਰਾਂ ਆਦਿ ਹਾਜ਼ਰ ਸਨ।


**AXIS BANK** ਰਿਟੇਲ ਐਸੱਟ ਸੈਂਟਰ : ਐਕਸਿਸ ਬੈਂਕ ਲਿਮਿਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਉਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001. ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

1. ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ: 1. ਸ੍ਰੀ ਪਰਮਜੀਤ ਸਿੰਘ ਪੁੱਤਰ ਸਰਦਾਰਾ ਸਿੰਘ (ਕਰਜ਼ਦਾਰ/ਰਹਿਣਕਾਰ), 2. ਸ੍ਰੀਮਤੀ ਤੇਜਿੰਦਰ ਕੌਰ ਪਤਨੀ ਪਰਮਜੀਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) ਅਤੇ 3. ਪ੍ਰਿਤਪਾਲ ਸਿੰਘ ਪੁੱਤਰ ਪਰਮਜੀਤ ਸਿੰਘ (ਸਹਿ-ਕਰਜ਼ਦਾਰ), ਰਹਿਣ ਕੀਤੀ ਜਾਇਦਾਦ ਦਾ ਵੇਰਵਾ: ਪਰਮਜੀਤ ਸਿੰਘ ਪੁੱਤਰ ਸਰਦਾਰਾ ਸਿੰਘ ਅਤੇ ਤਜਿੰਦਰ ਕੌਰ ਪਤਨੀ ਪਰਮਜੀਤ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ/ਅਪਾਰਟਮੈਂਟ/ਫਲੈਟ ਨੰ. ਟੀ 04-17/01, ਟਾਵਰ ਨੰ: ਟੀ 04, ਰਕਬਾ 1940 ਵਰਗ ਫੁੱਟ (ਨਿਰਮਤ ਖੇਤਰ 1591.60 ਵਰਗ ਫੁੱਟ) "106 ਗੌਲਫ ਐਵੇਨਿਊ" ਵਿਖੇ ਸਥਿਤ, ਸੈਕਟਰ-106, ਗੁੜਗਾਓਂ, ਹਰਿਆਣਾ ਨਾਲ ਸੰਬੰਧਿਤ ਸਭ ਕੁਝ।

| ਐਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 08 ਨਵੰਬਰ, 2025 | 19 ਦਸੰਬਰ, 2025 | 21 ਅਗਸਤ, 2026 |

ਡਿਮਾਂਡ ਨੋਟਿਸ 'ਚ ਰਕਮ (ਰੁਪਏ): ਰੁਪਏ 1747761/ (ਸਤਾਰਾਂ ਲੱਖ ਸੰਤਾਲੀ ਹਜ਼ਾਰ ਸੱਤ ਸੌ ਇਕਾਹਠ ਰੁਪਏ ਕੇਵਲ)

ਸਥਾਨ : ਲੁਧਿਆਣਾ, ਮਿਤੀ : 25.08.2026 ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**AXIS BANK LTD.** ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਅਤੇ ਤੀਸਰੀ ਮੰਜ਼ਲ, ਜਾਇਦਾਦ # 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਤੀਸਰੀ ਮੰਜ਼ਲ ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025,
ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਸ਼ਚਿਤ ਮਿਤੀ 'ਤੇ ਮੂਲ ਰਕਮ ਅਤੇ ਇਸ 'ਤੇ ਵਿਆਜ ਦੀ ਮੁੜ ਅਦਾਇਗੀ ਲਈ ਅਨੇਕਾਂ ਭੁੱਲਾਂ ਕੀਤੀਆਂ ਹਨ। ਸਿੱਟੇ ਵਜੋਂ ਰਿਜ਼ਰਵ ਬੈਂਕ ਆਫ਼ ਇੰਡੀਆ ਵੱਲੋਂ ਜਾਰੀ ਹਦਾਇਤਾਂ/ਦਿਸ਼ਾ ਨਿਰਦੇਸ਼ਾਂ ਮੁਤਾਬਿਕ ਅਜਿਹੇ ਖਾਤੇ ਨਾਨ-ਪਰਫਾਰਮਿੰਗ ਐਸਟ ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ।
ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਅਧੀਨ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਇਹ ਸੂਚਨਾ ਇਸ ਦੇ ਸੰਬੰਧ 'ਚ ਹੀ ਜਨਤਕ ਨੋਟਿਸ ਰਾਹੀਂ ਦਿੱਤੀ ਜਾ ਰਹੀ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ/ਕਾਨੂੰਨੀ ਵਾਰਸਾਂ ਦਾ ਨਾਂਅ | (1) ਐੱਨ ਪੀ ਏ ਦੀ ਮਿਤੀ, (2) ਡਿਮਾਂਡ ਨੋਟਿਸ ਦੀ ਮਿਤੀ (3) ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) (4) ਮਨਜ਼ੂਰ/ਡਿਸਵਰਸ ਕਰਜ਼ਾ ਰਕਮ |
|---|---|---|
| 1. | 1. ਸ੍ਰੀ ਅਵਿਨਾਸ਼ ਚੌਹਾਨ ਪੁੱਤਰ ਰਾਜੇਸ਼ ਕੁਮਾਰ (ਕਰਜ਼ਦਾਰ) ਅਤੇ (2) ਸ੍ਰੀਮਤੀ ਰੀਨਾ ਪਤਨੀ ਰਾਜੇਸ਼ ਕੁਮਾਰ (ਸਹਿ-ਕਰਜ਼ਦਾਰ, ਰਹਿਣਕਾਰ) | (1) 03.01.2025, (2) 01.07.2026 (3) ਰੁਪਏ 21,57,496/-(ਇੱਕੀ ਲੱਖ ਸਤਵੰਜਾ ਹਜ਼ਾਰ ਚਾਰ ਸੌ ਛਿਆਨਵੇਂ ਰੁਪਏ ਕੇਵਲ) (4) ਰੁਪਏ 2261773/-(ਬਾਈ ਲੱਖ ਇਕਾਹਠ ਹਜ਼ਾਰ ਸੱਤ ਸੌ ਤਿਹੱਤਰ ਰੁਪਏ ਕੇਵਲ) |
| | ਸਕਿਉਰਡ ਐੱਸਟ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਜਾਇਦਾਦ ਨੰ. ਬੀ006-2644, ਰਕਬਾ 0-3.1/3 ਮਰਲੇ (100 ਵਰਗ ਗਜ਼), ਕੁੱਲ ਜ਼ਮੀਨੀ ਖੇਤਰ ਦਾ 200/36840 ਹਿੱਸਾ, ਖਸਰਾ ਨੰ. 12//5 (8-0), 6 (8-0), 15/1 (0-18), 23//4/2 (6-4), 7/1 (6-4), 14/2 (1-8), ਖੇਵਟ ਖਤੌਨੀ ਨੰ. 875/813 ਤੋਂ 915, ਜਮ੍ਹਾਂਬੰਦੀ ਸਾਲ 2016-2017, ਗੁਰੂ ਤੇਗ ਬਹਾਦਰ ਨਗਰ ਵਿਖੇ ਸਥਿਤ, ਮਿਉਂਸਪਲ ਕਾਰਪੋਰੇਸ਼ਨ ਖਰੜ ਦੇ ਅੰਦਰਵਾਰ, ਪਿੰਡ ਖਰੜ, ਹੱਦਬਸਤ ਨੰ. 184, ਤਹਿਸੀਲ ਖਰੜ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀਮਤੀ ਰੀਨਾ ਪਤਨੀ ਸ੍ਰੀ ਰਾਜੇਸ਼ ਕੁਮਾਰ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2020-21/15/1/12769 ਮਿਤੀ 25 ਫਰਵਰੀ 2021 ਅਨੁਸਾਰ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਹੋਰ ਮਾਲਕ/ਖਾਲੀ ਪਲਾਟ, ਪੱਛਮ : ਲਾਂਘਾ, ਉੱਤਰ : ਮਕਾਨ ਜਾਇਦਾਦ ਨੰ. ਬੀ-006-2643 ਸ੍ਰੀਮਤੀ ਸੰਤੋਸ਼ ਕੁਮਾਰ, ਦੱਖਣ : ਮਕਾਨ ਜਾਇਦਾਦ ਨੰ. ਬੀ 006-02645 ਕੇਸਰ ਸਿੰਘ। | |
| 2. | 1. ਸ੍ਰੀ ਮਨੀਸ਼ ਸ਼ਰਮਾ ਪੁੱਤਰ ਭਗਵੰਤ ਸ਼ਰਮਾ (ਕਰਜ਼ਦਾਰ/ਰਹਿਣਕਾਰ) ਅਤੇ (2) ਸ੍ਰੀਮਤੀ ਮੇਘਾ ਸ਼ਰਮਾ ਪਤਨੀ ਮਨੀਸ਼ ਸ਼ਰਮਾ (ਸਹਿ-ਕਰਜ਼ਦਾਰ) | (1) 06.07.2026, (2) 08.07.2026 (3) ਰੁਪਏ 51,07,834/-(ਇਕਵੰਜਾ ਲੱਖ ਸੱਤ ਹਜ਼ਾਰ ਅੱਠ ਸੌ ਚੌਂਤੀ ਰੁਪਏ ਕੇਵਲ) (4) ਰੁਪਏ 55,22,807/-(ਪਜਵੰਜਾ ਲੱਖ ਬਾਈ ਹਜ਼ਾਰ ਅੱਠ ਸੌ ਸੱਤ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਨੰ. 160, ਰਕਬਾ 266.66 ਵਰਗ ਗਜ਼, ਖਸਰਾ ਨੰ. 24//13 ਮਿੰਨ, ਖੱਤਾ ਖਤੌਨੀ ਨੰ. 126/127, ਜਮ੍ਹਾਂਬੰਦੀ ਸਾਲ 2019-20, ਵਾਕਿਆ ਪਿੰਡ ਮੀਰਾਂ ਕੋਟ ਖੁਰਦ ਵਿਖੇ ਸਥਿਤ, ਕਾਲੋਨੀ ਇੰਪੀਰੀਅਲ ਸਿਟੀ ਵਿਖੇ ਨਿਰਮਤ, ਲੋਹਾਰਕਾ ਰੋਡ, ਤਹਿਸੀਲ ਅੰਮ੍ਰਿਤਸਰ-3, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀ ਮਨੀਸ਼ ਸ਼ਰਮਾ ਪੁੱਤਰ ਭਗਵੰਤ ਸ਼ਰਮਾ ਦੇ ਨਾਂਅ ਰਜਿਸਟਰਡ, ਬੈਨਾਮਾ ਨੰ. 2023-24/197/1/2236 ਮਿਤੀ 05 ਸਤੰਬਰ 2023 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਜਾਇਦਾਦ ਨੰ. 159, ਪੱਛਮ : ਜਾਇਦਾਦ ਨੰ. 161, ਉੱਤਰ : ਜਾਇਦਾਦ ਨੰ. 169, ਦੱਖਣ : ਸੜਕ 45' ਚੌੜੀ। | |
| 3. | 1. ਸ੍ਰੀ ਮਨਵਿੰਦਰ ਸਿੰਘ ਰਾਏ ਪੁੱਤਰ ਸ੍ਰੀ ਰਣਜੀਤ ਸਿੰਘ ਰਾਏ (ਕਰਜ਼ਦਾਰ/ਰਹਿਣਕਾਰ) ਅਤੇ (2) ਸ੍ਰੀਮਤੀ ਪਾਰੁਲ ਰਾਏ ਪਤਨੀ ਮਨਵਿੰਦਰ ਸਿੰਘ ਰਾਏ (ਸਹਿ-ਕਰਜ਼ਦਾਰ) | (1) 08.01.2024, (2) 10.07.2026 (3) ਰੁਪਏ 96,40,610/-(ਛਿਆਨਵੇਂ ਲੱਖ ਚਾਲੀ ਹਜ਼ਾਰ ਛੇ ਸੌ ਦਸ ਰੁਪਏ ਕੇਵਲ) (4) ਰੁਪਏ 1,00,00,000/-(ਇੱਕ ਕਰੋੜ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ ਰਕਬਾ 1 ਬਿਘਾ 4 ਬਿਸਵਾ 9-3/4 ਬਿਸਵਾਸੀ, ਖੇਵਟ/ਖਤੌਨੀ ਨੰ. 25/32, ਖਸਰਾ ਨੰ. 684/110/3/2 (2-10), ਕਿੱਤਾ 1, ਜ਼ਮੀਨ ਰਕਬਾ 2 ਬਿਘਾ 10 ਬਿਸਵਾ, 96/1000 ਹਿੱਸੇ ਦਾ ਹੱਦ ਹਿੱਸਾ, ਜੋ ਕਿ 4 ਬਿਸਵਾ 16 ਬਿਸਵਾਸੀ ਅਤੇ ਖੇਵਟ/ਖਤੌਨੀ ਨੰ. 26/33, ਖਸਰਾ ਨੰ. 119 (4-0), ਕਿੱਤਾ 1, ਜ਼ਮੀਨ ਰਕਬਾ 4 ਬਿਘਾ 0 ਬਿਸਵਾ, 72-3/4/1600 ਹਿੱਸੇ ਦਾ ਹੱਦ ਹਿੱਸਾ, ਜੋ ਕਿ 3 ਬਿਸਵਾ 12-3/4 ਬਿਸਵਾਸੀ ਅਤੇ ਖੇਵਟ/ਖਤੌਨੀ ਨੰ. 27/34, ਖਸਰਾ ਨੰ. 686/490/121 (3-11), 688/122 (3-15) ਕਿੱਤੇ 2, ਜ਼ਮੀਨ ਰਕਬਾ 7 ਬਿਘਾ, 6 ਬਿਸਵਾ, 321/2920 ਹਿੱਸੇ ਦਾ ਹੱਦ ਹਿੱਸਾ, ਜੋ ਕਿ 16 ਬਿਸਵਾ 1 ਬਿਸਵਾਸੀ, ਕੁੱਲ ਜ਼ਮੀਨ ਰਕਬਾ 1 ਬਿਘਾ 4 ਬਿਸਵਾ 9-3/4 ਬਿਸਵਾਸੀ, ਪਿੰਡ ਬਿਸ਼ਨਪੁਰਾ ਵਿਖੇ ਸਥਿਤ, ਹੱਦਬਸਤ ਨਾਲ 44, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀ ਮਨਵਿੰਦਰ ਸਿੰਘ ਰਾਏ ਪੁੱਤਰ ਰਣਜੀਤ ਸਿੰਘ ਰਾਏ ਦੇ ਨਾਂਅ ਰਜਿਸਟਰਡ ਤਬਾਦਲਾ ਬੈਨਾਮਾ ਵਸੀਕਾ ਨੰ. 2341 ਮਿਤੀ 02-03-2015 ਅਨੁਸਾਰ। | |
| 4. | 1. ਸ੍ਰੀ ਜਤਿੰਦਰ ਸਿੰਘ ਪੁੱਤਰ ਜਨਕੀ ਸਿੰਘ (ਕਰਜ਼ਦਾਰ) ਅਤੇ (2) ਸ੍ਰੀਮਤੀ ਮੰਜੂ ਪਤਨੀ ਜਤਿੰਦਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | (1) 09.07.2026, (2) 15.07.2025 (3) ਰੁਪਏ 8,08,704/-(ਅੱਠ ਲੱਖ ਅੱਠ ਹਜ਼ਾਰ ਸੱਤ ਸੌ ਚਾਰ ਰੁਪਏ ਕੇਵਲ) (4) ਰੁਪਏ 10,51,573/-(ਦੱਸ ਲੱਖ ਇਕਵੰਜਾ ਹਜ਼ਾਰ ਪੰਜ ਸੌ ਤਿਹੱਤਰ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 1 ਮਰਲਾ 101 ਵਰਗ ਫੁੱਟ, ਖੇਵਟ/ਖਤੌਨੀ ਨੰ. 1144/1382, 1145/1383-1384, ਖਸਰਾ ਨੰ. 32584/607/1, 32586/611/1, 32588/612/1, 619, 618, ਜਮ੍ਹਾਂਬੰਦੀ ਸਾਲ 2009-2010, ਹੱਦਬਸਤ ਨੰ. 307, ਵਾਕਿਆ ਅਬਾਦੀ ਰਾਮ ਨਗਰ, ਜਲੰਧਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀਮਤੀ ਮੰਜੂ ਪਤਨੀ ਜਤਿੰਦਰ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ ਨੰ. 2021-22/186/1/767 ਮਿਤੀ 19 ਅਪ੍ਰੈਲ 2021 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੜਕ, ਪੱਛਮ : ਪੰਕਜ ਪਾਂਡੇ ਦਾ ਮਕਾਨ, ਉੱਤਰ : ਗਲੀ, ਦੱਖਣ ਹੋਰਨਾਂ ਦਾ ਮਕਾਨ। | |
| 5. | 1. ਸ੍ਰੀ ਜਤਿੰਦਰ ਕੁਮਾਰ ਪੁੱਤਰ ਰਘੂਵੀਰ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ (2) ਸ੍ਰੀਮਤੀ ਅੰਜੂ ਪਤਨੀ ਜਤਿੰਦਰ ਕੁਮਾਰ (ਸਹਿ-ਕਰਜ਼ਦਾਰ) | (1) 09.07.2026, (2) 15.07.2025 (3) ਰੁਪਏ 19,13,638/-(ਉਨੀ ਲੱਖ ਤੇਰਾਂ ਹਜ਼ਾਰ ਛੇ ਸੌ ਅਠੱਤੀ ਰੁਪਏ ਕੇਵਲ) (4) ਰੁਪਏ 19,75,020/-(ਉਨੀ ਲੱਖ ਪਝੰਤਰ ਹਜ਼ਾਰ ਵੀਹ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. ਪੀ-125 'ਤੇ ਨਿਰਮਤ ਮਕਾਨ, ਰਕਬਾ 130 ਵਰਗ ਗਜ਼, ਖਸਰਾ ਨੰ. 49//6/1, 49//6/2, 49//7/2 ਮਿੰਨ, ਖੱਤਾ ਖਤੌਨੀ ਨੰ. 9/9, ਜਮ੍ਹਾਂਬੰਦੀ ਸਾਲ 2017-2018, ਫਤਹਿਪੁਰ ਵਿਖੇ ਸਥਿਤ ਅਬਾਦੀ ਸੰਤ ਵਿਹਾਰ, ਝਬਾਲ ਰੋਡ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀ ਜਤਿੰਦਰ ਕੁਮਾਰ ਪੁੱਤਰ ਰਘੁਬੀਰ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2022-23/93/1/2123 ਮਿਤੀ 20 ਮਈ 2022 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੜਕ, ਪੱਛਮ : ਪਲਾਟ ਪੀ-08, ਉੱਤਰ : ਪਲਾਟ 124, ਦੱਖਣ : ਪਲਾਟ ਬੀ-100 | |
| 6. | 1. ਸ੍ਰੀ ਜਗਤਾਰ ਸਿੰਘ ਪੁੱਤਰ ਬੰਤਾ ਸਿੰਘ (ਕਰਜ਼ਦਾਰ) ਅਤੇ (2) ਸ੍ਰੀਮਤੀ ਗੁਰਵਿੰਦਰ ਕੌਰ ਪਤਨੀ ਜਗਤਾਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | (1) 09.07.2026, (2) 21.07.2026 (3) ਰੁਪਏ 8, 55, 147/-(ਅੱਠ ਲੱਖ ਪਜਵੰਜਾ ਹਜ਼ਾਰ ਇੱਕ ਸੌ ਸੰਤਾਲੀ ਰੁਪਏ ਕੇਵਲ) (4) (1) ਪਾਵਰ ਹੋਮ ਲੋਨ ਸੁਵਿਧਾ ਰੁਪਏ 12,79,922/- ਅਤੇ (2) ਪਾਵਰ ਹੋਮ ਲੋਨ ਸੁਵਿਧਾ ਰੁਪਏ 5,00,000/- |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸੀ ਜਾਇਦਾਦ/ਮਕਾਨ ਨੰ. 41, ਰਕਬਾ ਕੁੱਲ ਖੇਤਰ 5 ਮਰਲੇ, ਕੁੱਲ ਜ਼ਮੀਨ ਖੇਤਰ 07 ਕਨਾਲ 12 ਮਰਲੇ ਦਾ 5/152 ਹਿੱਸਾ, ਖਸਰਾ ਨੰ. 71//18 (7-12), ਖੇਵਟ ਖਤੌਨੀ ਨੰ. 115/182, 104/133, ਜਮ੍ਹਾਂਬੰਦੀ ਸਾਲ 2008-2009, ਭਗਤ ਨਾਮਦੇਵ ਕਾਲੋਨੀ ਵਿਖੇ ਸਥਿਤ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀਮਤੀ ਗੁਰਵਿੰਦਰ ਕੌਰ ਪਤਨੀ ਜਗਤਾਰ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 2238 ਮਿਤੀ 27-07-2012 ਅਨੁਸਾਰ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਗਲੀ 18 ਫੁੱਟ, ਪੱਛਮ : ਕਰਨੈਲ ਸਿੰਘ ਦਾ ਮਕਾਨ, ਉੱਤਰ : ਰਣਜੀਤ ਸਿੰਘ ਦਾ ਮਕਾਨ, ਦੱਖਣ : ਪਲਾਟ। | |
| 7. | 1. ਸ੍ਰੀ ਜਸਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ (ਕਰਜ਼ਦਾਰ/ਰਹਿਣਕਾਰ) (2) ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ (ਸਹਿ-ਕਰਜ਼ਦਾਰ) (3) ਸ੍ਰੀਮਤੀ ਦਵਿੰਦਰ ਕੌਰ ਪਤਨੀ ਹਰਭਜਨ ਸਿੰਘ (ਸਹਿ-ਕਰਜ਼ਦਾਰ) | (1) 09.07.2026, (2) 22.07.2026 (3) ਰੁਪਏ 37,47,033/-(ਸੈਂਤੀ ਲੱਖ ਸੰਤਾਲੀ ਹਜ਼ਾਰ ਤੇਤੀ ਰੁਪਏ ਕੇਵਲ) (4) (1) ਪਾਵਰ ਹੋਮ ਲੋਨ ਸੁਵਿਧਾ ਰੁਪਏ 30,07,523/- (ਤੀਹ ਲੱਖ ਸੱਤ ਹਜ਼ਾਰ ਪੰਜ ਸੌ ਤੇਈ ਰੁਪਏ ਕੇਵਲ) ਅਤੇ (2) ਐੱਸਟ ਪਾਵਰ ਲੋਨ ਸੁਵਿਧਾ ਰੁਪਏ 15,00,000/- (ਪੰਦਰਾਂ ਲੱਖ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਜਾਇਦਾਦ ਰਕਬਾ 15 ਮਰਲੇ 07 ਸਰਸਾਈ, ਜਿਸ 'ਚ ਸ਼ਾਮਲ ਜ਼ਮੀਨ ਰਕਬਾ 01 ਮਰਲਾ 07 ਸਰਸਾਈ, ਜੋ ਕਿ ਜ਼ਮੀਨ ਰਕਬਾ 04 ਕਨਾਲ 16 ਮਰਲੇ ਦਾ 1/54 ਹਿੱਸਾ, ਖੇਵਟ/ਖਤੌਨੀ ਨੰ. 615/852, ਕਿੱਤੇ-1 (4-16) ਅਤੇ ਜ਼ਮੀਨ ਰਕਬਾ 04 ਮਰਲਾ 06 ਸਰਸਾਈ, ਜੋ ਕਿ ਜ਼ਮੀਨ ਰਕਬਾ 03 ਕਨਾਲ 04 ਮਰਲੇ ਦਾ 7/96 ਹਿੱਸਾ, ਖੇਵਟ ਨੰ. 617 ਕਿੱਤੇ 2 (3-4) ਅਤੇ ਜ਼ਮੀਨ ਰਕਬਾ 09 ਮਰਲਾ 03 ਸਰਸਾਈ, ਜੋ ਕਿ ਜ਼ਮੀਨ ਰਕਬਾ 00 ਕਨਾਲ 15 ਮਰਲੇ ਦਾ 28/45 ਹਿੱਸਾ, ਖਸਰਾ ਨੰ. 8//13/2 (0-15), ਖੇਵਟ/ਖਤੌਨੀ ਨੰ. 617/854, ਜਮ੍ਹਾਂਬੰਦੀ ਸਾਲ 2014-2015, ਗਿੱਦੜਬਾਹਾ ਦੀਆਂ ਮਾਲੀਆ ਹੱਦਾਂ ਦੇ ਅੰਦਰਵਾਰ, ਤਹਿਸੀਲ ਗਿੱਦੜਬਾਹਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀ ਜਸਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ ਦੇ ਨਾਂਅ ਰਜਿਸਟਰਡ, ਤਬਾਦਲਾ ਬੈਨਾਮਾ ਵਸੀਕਾ ਨੰ. 2146 ਮਿਤੀ 17/01/2017 ਅਨੁਸਾਰ। | |
| 8. | 1. ਸ੍ਰੀ ਅਸ਼ੋਕ ਸੋਨੀ ਪੁੱਤਰ ਸਾਧੂ ਰਾਮ ਸੋਨੀ (ਕਰਜ਼ਦਾਰ/ਰਹਿਣਕਾਰ) ਅਤੇ (2) ਸ੍ਰੀਮਤੀ ਮੀਨਾਕਸ਼ੀ ਸੋਨੀ ਪਤਨੀ ਅਸ਼ੋਕ ਸੋਨੀ (ਸਹਿ-ਕਰਜ਼ਦਾਰ) | (1) 18.06.2015, (2) 23.07.2026 (3) ਰੁਪਏ 7,33, 820/-(ਸੱਤ ਲੱਖ ਤੇਤੀ ਹਜ਼ਾਰ ਅੱਠ ਸੌ ਵੀਹ ਰੁਪਏ ਕੇਵਲ) (4) ਰੁਪਏ 4,80,000/- (ਚਾਰ ਲੱਖ ਅੱਸੀ ਹਜ਼ਾਰ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਨੰ. 93, ਵਾਰਡ ਨੰ. 9, ਰਕਬਾ 66.77 ਵਰਗ ਗਜ਼, ਮੁਹੱਲਾ ਗਿਲਜੀਆਂ ਵਿਖੇ ਸਥਿਤ, ਬੱਸੀ ਪਠਾਣਾਂ, ਤਹਿਸੀਲ ਬੱਸੀ ਪਠਾਣਾਂ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨਾਲ ਸੰਬੰਧਤ ਸਭ ਕੁਝ, ਜੋ ਕਿ ਸ੍ਰੀ ਅਸ਼ੋਕ ਸੋਨੀ ਪੁੱਤਰ ਸਾਧੂ ਰਾਮ ਸੋਨੀ ਦੇ ਨਾਂਅ ਰਜਿਸਟਰਡ ਤਬਾਦਲਾ ਬੈਨਾਮਾ ਵਸੀਕਾ ਨੰ. 306 ਮਿਤੀ 24/05/2007 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੇਵਾ ਸਿੰਘ ਦਾ ਮਕਾਨ, ਪੱਛਮ : ਗਲੀ, ਉੱਤਰ : ਗੋਧੂ ਰਾਮ ਦਾ ਮਕਾਨ, ਦੱਖਣ : ਸੇਵਾ ਸਿੰਘ ਦਾ ਮਕਾਨ। | |

ਇਸ ਲਈ, ਇਹ ਜਨਤਕ ਸੂਚਨਾ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤੀ ਜਾਂਦੀ ਹੈ।
ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਸਕਿਓਰਿਟੀ ਇੰਟਰੈਸਟ ਐਕਟ, 2002 ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਕਰਜ਼ਦਾਰਾਂ ਨੂੰ ਆਪਣੇ ਸਕਿਓਰਡ ਐਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।
ਕ੍ਰਿਪਾ ਕਰਕੇ ਨੋਟ ਕੀਤਾ ਜਾਵੇ ਕਿ ਉਕਤ ਦੱਸੇ ਐਕਟ ਸੈਕਸ਼ਨ 13(13) ਤਹਿਤ ਸਕਿਓਰਡ ਕ੍ਰੈਡਿਟਰ ਦੇ ਬਿਨਾਂ ਅਗਾਊਂ ਲਿਖਤੀ ਸਹਿਮਤੀ ਦੇ ਕਰਜ਼ਦਾਰ ਨੂੰ ਜਾਇਦਾਦ ਨੂੰ ਵਿੱਕਰੀ ਰਾਹੀਂ ਤਬਾਦਲਾ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਸਕਿਓਰਡ ਐਸਟਸ ਦੀ ਵਿੱਕਰੀ ਕਰਨ ਦਾ ਅਧਿਕਾਰ ਨਹੀਂ ਹੈ।

ਮਿਤੀ : 25.08.2026, ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## ਸਿਵਲ ਹਸਪਤਾਲ ਨੂੰ ਮਿਲੇ ਨਵੇਂ ਮੈਡੀਕਲ ਅਫ਼ਸਰ

ਧੂਰੀ, (ਮਹਿੰਦਰ ਕਕਕ, ਮਨੋਹਰ ਸੱਗੂ, ਬਿੰਨੀ ਗਰਗ) ਸਿਵਲ ਹਸਪਤਾਲ ਵਿੱਚ ਡਾਕਟਰਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਘਾਟ ਨੂੰ ਪੂਰਾ ਕਰਨ ਲਈ ਧੂਰੀ ਵਿਕਾਸ ਮੰਚ ਵੱਲੋਂ ਕੀਤੇ ਜਾ ਰਹੇ ਲਗਾਤਾਰ ਯਤਨਾਂ ਨੂੰ ਵੱਡੀ ਸਫਲਤਾ ਮਿਲੀ ਹੈ।ਮੰਚ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨਾਲ ਕੀਤੀਆਂ ਗਈਆਂ ਨਿਰੰਤਰ ਮੁਲਾਕਾਤਾਂ ਅਤੇ ਮੰਗਾਂ ਤੋਂ ਬਾਅਦ ਸਿਹਤ ਵਿਭਾਗ ਪੰਜਾਬ ਨੇ ਹਸਪਤਾਲ ਵਿੱਚ ਨਵੇਂ ਮੈਡੀਕਲ ਅਫ਼ਸਰਾਂ ਦੀ ਤੈਨਾਤੀ ਦੇ ਹੁਕਮ ਜਾਰੀ ਕਰ ਦਿੱਤੇ ਹਨ।ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਵੱਲੋਂ 21 ਅਗਸਤ ਨੂੰ ਜਾਰੀ ਪੱਤਰ ਅਨੁਸਾਰ ਡਾ. ਜੀਨਤ ਮਹਿਰੂ (ਮੈਡੀਸਨ) ਦੀ ਡਿਊਟੀ ਹਫ਼ਤੇ ਵਿੱਚ ਤਿੰਨ ਦਿਨ ਸੋਮਵਾਰ, ਬੁੱਧਵਾਰ ਤੇ ਸ਼ੁੱਕਰਵਾਰ ਲਈ ਸਿਵਲ ਹਸਪਤਾਲ ਧੂਰੀ ਵਿਖੇ ਲਾਈ ਗਈ ਹੈ। ਇਸ ਤੋਂ ਇਲਾਵਾ ਪ੍ਰਮੁੱਖ ਸਕੱਤਰ ਦੇ ਹੁਕਮਾਂ ਅਨੁਸਾਰ ਡਾ. ਅਸ਼ਵਿੰਦਰ ਕੌਰ, ਡਾ. ਜਸਬੀਰ ਕੌਰ, ਡਾ. ਖੁਸ਼ਬੂ, ਡਾ. ਨਵਜੋਤ ਕੌਰ, ਡਾ. ਲਵਕੇਸ਼ ਸ਼ਰਮਾ ਤੇ ਡਾ. ਪਲਕ ਬਾਂਗਾ ਸਮੇਤ ਨਵੇਂ ਡਾਕਟਰਾਂ ਨੂੰ ਵੀ ਸਿਵਲ ਹਸਪਤਾਲ ਵਿਖੇ ਤੈਨਾਤ ਕੀਤਾ ਗਿਆ ਹੈ।ਨਵੇਂ ਮੈਡੀਕਲ ਅਫ਼ਸਰਾਂ ਦੀ ਨਿਯੁਕਤੀ ਨਾਲ ਧੂਰੀ ਤੇ ਆਸ-ਪਾਸ ਦੇ ਇਲਾਕੇ ਦੇ ਮਰੀਜ਼ਾਂ ਨੂੰ ਹੁਣ ਬਿਹਤਰ ਅਤੇ ਨਿਰਵਿਘਨ ਸਿਹਤ ਸਹੂਲਤਾਂ ਮਿਲ ਸਕਣਗੀਆਂ।ਇਸ ਸ਼ਲਾਘਾਯੋਗ ਕਦਮ ਲਈ ਧੂਰੀ ਵਿਕਾਸ ਮੰਚ (ਰਜਿ:) ਦੇ ਨੁਮਾਇੰਦਿਆਂ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਹਲਕਾ ਵਿਧਾਇਕ ਭਗਵੰਤ ਮਾਨ ਸਮੇਤ ਓ.ਐੱਸ.ਡੀ. ਸੁਖਵੀਰ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ ਹੈ।

## ਭਾਰਤ ਵਿਕਾਸ ਪ੍ਰੀਸ਼ਦ ਦੀ ਅਹਿਮ ਮੀਟਿੰਗ ਹੋਈ



ਜਲਾਲਾਬਾਦ, (ਜੀਤ ਕੁਮਾਰ) ਭਾਰਤ ਵਿਕਾਸ ਪ੍ਰੀਸ਼ਦ ਦੀ ਮੀਟਿੰਗ ਐਡਵੋਕੇਟ ਰਜਨੀਸ਼ ਛਾਬੜਾ ਦੀ ਦੁਕਾਨ 'ਤੇ ਆਉਣ ਵਾਲੇ 'ਭਾਰਤ ਨੂੰ ਜਾਣੋ' ਮੁਕਾਬਲੇ ਤੇ 'ਗੁਰੂ ਵੰਦਨ-ਛਾਤਰ ਅਭਿਨੰਦਨ' (ਅਧਿਆਪਕ ਤੇ ਵਿਦਿਆਰਥੀ ਸਨਮਾਨ) ਪ੍ਰੋਗਰਾਮ ਦੀਆਂ ਤਿਆਰੀਆਂ 'ਤੇ ਚਰਚਾ ਕਰਨ ਲਈ ਇੱਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੀ ਸ਼ੁਰੂਆਤ ਸਕੱਤਰ ਸੰਜੇ ਸੰਦੀਪ ਚਲਾਨਾ ਦੇ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਆਉਣ ਵਾਲੀਆਂ ਦੋ ਮੁੱਲ-ਅਧਾਰਤ ਗਤੀਵਿਧੀਆਂ ਦੀ ਜਾਣ-ਪਛਾਣ ਕਰਾਈ ਅਤੇ ਮੈਂਬਰਾਂ ਨੂੰ ਉਨ੍ਹਾਂ ਦੇ ਉਦੇਸ਼ਾਂ, ਮਹੱਤਵ ਤੇ ਸੰਗਠਨਾਤਮਕ ਢਾਂਚੇ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਪ੍ਰਦੇਸ਼ ਧੰਨਾ ਸਟੇਟ ਮੈਂਬਰ, ਰਾਸ਼ਟਰੀ ਸਮੂਹ ਗੀਤ ਮੁਕਾਬਲੇ ਦੇ ਕਨਵੀਨਰ ਤੇ 'ਗੁਰੂ ਵੰਦਨ-ਛਾਤਰ ਅਭਿਨੰਦਨ' ਦੇ ਪ੍ਰੋਜੈਕਟ ਇੰਚਾਰਜ ਨੇ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਮਹੱਤਵ ਬਾਰੇ ਵਿਸਥਾਰ ਵਿੱਚ ਦੱਸਿਆ। ਉਨ੍ਹਾਂ ਦੱਸਿਆ ਕਿ ਇਸ ਪਹਿਲ ਦਾ ਉਦੇਸ਼ ਅਧਿਆਪਕਾਂ ਪ੍ਰਤੀ ਸਤਿਕਾਰ ਪੈਦਾ ਕਰਨਾ ਤੇ ਵਿਦਿਆਰਥੀਆਂ ਵਿੱਚ ਮੁੱਲ, ਅਨੁਸ਼ਾਸਨ ਤੇ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਹੈ। 'ਭਾਰਤ ਨੂੰ ਜਾਣੋ' ਮੁਕਾਬਲੇ ਦੇ ਪ੍ਰੋਜੈਕਟ ਇੰਚਾਰਜ ਨਰੇਸ਼ ਕੁੱਕੜ ਨੇ ਮੁਕਾਬਲੇ ਦੀਆਂ ਤਿਆਰੀਆਂ ਤੇ ਸਕੂਲਾਂ ਤੱਕ ਪਹੁੰਚ ਬਾਰੇ ਵੇਰਵੇ ਪ੍ਰਦਾਨ ਕੀਤੇ। ਉਨ੍ਹਾਂ ਮੁਕਾਬਲੇ ਦੇ ਵੱਖ-ਵੱਖ ਪੜਾਵਾਂ ਤੇ ਹੋਰ ਜ਼ਰੂਰੀ ਪ੍ਰਬੰਧਾਂ 'ਤੇ ਚਰਚਾ ਕੀਤੀ, ਮੈਂਬਰਾਂ ਨੂੰ ਖਾਸ ਜ਼ਿੰਮੇਵਾਰੀਆਂ ਸੌਂਪੀਆਂ ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ ਪ੍ਰੋਗਰਾਮ ਯੋਜਨਾਬੱਧ ਅਤੇ ਸਫਲਤਾਪੂਰਵਕ ਆਯੋਜਿਤ ਕੀਤਾ ਜਾਵੇ। ਕੌਂਸਲ ਦੇ ਪ੍ਰਧਾਨ ਤਰਸੇਮ ਵਿਖੋਨਾ ਨੇ ਦੋਵਾਂ ਗਤੀਵਿਧੀਆਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਹ ਦੱਸਦੇ ਹੋਏ ਕਿ ਬੱਚਿਆਂ ਵਿੱਚ ਭਾਰਤੀ ਸੱਭਿਆਚਾਰ, ਗਿਆਨ, ਕਦਰਾਂ-ਕੀਮਤਾਂ ਤੇ ਦੇਸ਼ ਭਗਤੀ ਨੂੰ ਉਤਸ਼ਾਹਤ ਕਰਨਾ ਅੱਜ ਦੇ ਸਮੇਂ ਵਿੱਚ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਸਾਰੇ ਮੈਂਬਰਾਂ ਨੂੰ ਦੋਵਾਂ ਪ੍ਰੋਜੈਕਟਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਤੇ ਸਮੂਹਿਕ ਤੌਰ 'ਤੇ ਸਹਿਯੋਗ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਟਿੱਪਣੀ ਕੀਤੀ ਕਿ ਚਰਿੱਤਰ ਕਦਰਾਂ-ਕੀਮਤਾਂ ਰਾਹੀਂ ਬਣਦਾ ਹੈ ਤੇ ਚੰਗੇ ਚਰਿੱਤਰ ਵਾਲੀ ਪੀੜ੍ਹੀ ਦੇਸ਼ ਦੀ ਇੱਕ ਮਜ਼ਬੂਤ ਬੁਨਿਆਦ ਬਣਾਉਂਦੀ ਹੈ। ਹਾਜ਼ਰੀਨ ਵਿੱਚ ਅਸੀਮ ਬਠਾਣੀ (ਕੈਸ਼ੀਅਰ), ਦਵਿੰਦਰ ਕੁੱਕੜ (ਸਟੇਟ ਮੈਂਬਰ), ਦੇਸ ਰਾਜ ਸ਼ਰਮਾ, ਅਸ਼ੋਕ ਛਾਬੜਾ (ਸਰਪ੍ਰਸਤ), ਪ੍ਰਕਾਸ਼ ਦੱਲੀ, ਸਤੀਸ਼ ਸਚਦੇਵਾ, ਖੇਤਰ ਲਾਲ ਗਗਨੇਜਾ, ਕਰਨ ਸ਼ੇਰੀ ਆਹੂਜਾ, ਵਿਨੋਦ ਕੁੱਕੜ, ਵਿਜੇ ਧੰਨਾ (ਸਰਪ੍ਰਸਤ), ਐਡਵੋਕੇਟ ਰਾਜੀਵ ਛਾਬੜਾ (ਸਰਪ੍ਰਸਤ), ਵਿਜੇ ਸਿੰਘ ਸ਼ਰਮਾ ਅਤੇ ਰਾਜਨ ਭੂਮਰਾ ਸ਼ਾਮਲ ਸਨ। ਮੀਟਿੰਗ ਦੌਰਾਨ, ਦੋਵਾਂ ਪ੍ਰੋਗਰਾਮਾਂ ਦੀਆਂ ਤਿਆਰੀਆਂ, ਸਕੂਲਾਂ ਨਾਲ ਤਾਲਮੇਲ, ਮੈਂਬਰਾਂ ਦੀਆਂ ਜ਼ਿੰਮੇਵਾਰੀਆਂ, ਪ੍ਰੋਗਰਾਮ ਦੀ ਰੂਪ-ਰੇਖਾ ਤੇ ਹੋਰ ਜ਼ਰੂਰੀ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 5 ਮੁਕੱਦਮੇ ਦਰਜ, 8 ਤਸਕਰ ਗ੍ਰਿਫ਼ਤਾਰ



ਧੂਰੀ, (ਮਹਿੰਦਰ ਕਕਕ, ਮਨੋਹਰ ਸੱਗੂ, ਬਿੰਨੀ ਗਰਗ) ਜ਼ਿਲ੍ਹਾ ਪੁਲਸ ਮੁਖੀ ਡਾ. ਸਰਤਾਜ ਸਿੰਘ ਚਾਹਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ.ਐਸ.ਪੀ. ਧੂਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਪਿੰਡਾਂ ਦੇ ਪਹਿਰੇਦਾਰ' ਅਭਿਆਨ ਤਹਿਤ 17 ਅਗਸਤ ਤੋਂ 23 ਅਗਸਤ ਤੱਕ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦੇ ਹੋਏ ਨਸ਼ਾ ਤਸਕਰਾਂ ਤੇ ਮਾੜੇ ਅਨਸਰਾਂ 'ਤੇ ਤਿੱਖਾ ਸ਼ਿਕੰਜਾ ਕੱਸਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਇੱਕ ਹਫ਼ਤੇ ਦੇ ਵਿਸ਼ੇਸ਼ ਆਪ੍ਰੇਸ਼ਨ ਦੌਰਾਨ ਪੁਲਸ ਨੇ 05 ਮੁਕੱਦਮੇ ਦਰਜ ਕਰਕੇ 08 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਕਾਰਵਾਈ ਦੌਰਾਨ ਪੁਲਸ ਟੀਮਾਂ ਵੱਲੋਂ ਦੋਸ਼ੀਆਂ ਪਾਸੋਂ 28 ਗ੍ਰਾਮ ਹੈਰੋਇਨ (ਚਿੱਟਾ), 60 ਨਸ਼ੀਲੀਆਂ ਗੋਲੀਆਂ, 90 ਪ੍ਰੈਗਾ ਕੈਪਸੂਲ, 60 ਬੋਤਲਾਂ ਦੇਸੀ ਠੇਕਾ ਸ਼ਰਾਬ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ।ਇਸ ਤੋਂ ਇਲਾਵਾ ਸਮਾਜਿਕ ਸੁਧਾਰ ਦੀ ਦਿਸ਼ਾ ਵਿੱਚ ਕਦਮ ਚੁੱਕਦਿਆਂ ਨਸ਼ੇ ਦੀ ਗ੍ਰਿਫ਼ਤ ਵਿੱਚ ਫਸੇ 08 ਵਿਅਕਤੀਆਂ ਨੂੰ ਓ.ਓ.ਏ.ਟੀ. ਸੈਂਟਰ ਤੇ ਮੁਫ਼ਤ ਦਵਾਈ ਦਿਵਾ ਕੇ ਉਨ੍ਹਾਂ ਦੇ ਮੁੜ-ਵਸੇਬੇ ਦੀ ਪਹਿਲ ਕੀਤੀ ਗਈ ਹੈ। ਕਾਨੂੰਨੀ ਪ੍ਰਕਿਰਿਆ ਨੂੰ ਤੇਜ਼ ਕਰਦਿਆਂ ਪੁਲਿਸ ਨੇ 11 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਹਨ ਤੇ ਪਬਲਿਕ ਦੀਆਂ 36 ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਗਿਆ ਹੈ। ਟ੍ਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਮੋਟਰ ਵਹੀਕਲ ਐਕਟ ਤਹਿਤ 235 ਵਾਹਨਾਂ ਦੇ ਚਲਾਨ ਕੀਤੇ ਗਏ, ਜਦਕਿ ਭੈੜੇ ਵਿਅਕਤੀਆਂ ਦੀ ਚੈਕਿੰਗ ਕਰਕੇ 133 ਵਿਅਕਤੀਆਂ ਵਿਰੁੱਧ 172 ਬੀਐਨਐਸਐਸ ਤਹਿਤ ਰੋਕਥਾਮ ਕਾਰਵਾਈ ਕੀਤੀ ਗਈ।ਧੂਰੀ ਸਬ ਡਵੀਜ਼ਨ ਦੇ ਥਾਣਿਆਂ ਅਤੇ ਚੌਂਕੀਆਂ ਦੀ ਪੁਲਿਸ ਨੇ 'ਸੰਪਰਕ ਪ੍ਰੋਜੈਕਟ' ਅਧੀਨ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰਾਂ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਜਾਗਰੂਕ ਕੀਤਾ।

# ਕਲਾਸੀਫਾਈਡ ਇਸ਼ਤਿਹਾਰ

### Change of Name

I Nancy Madan W/O Sahil Madan, House Number 366 A , Near Washing Point , Dera Road, Budha Theh, Baba Bakala, PO Beas Distt. Amritsar, Punjab,143201 Have change my name after Marriage Nancy Pahwa to Nancy Madan. Please concerned note.

I, Mandeep Singh Chatrath S/O Beant Singh R/O H.No.6, Opp. Central Jail, Ajnala Road, Amritsar,Punjab have changed my name from Mandeep Singh Chatrath to Mandeep Singh. Concerned note.

I, Sukhbir Kaur W/o Parminder Singh R/o H.No. 1011, Gobind Nagar, Bhullar Road, Batala, Distt. Gurdaspur. I declare that Sukhbir is my given name and Kaur is my surname. Please concerned note.

I, Harjinder Singh S/o Balkar Singh R/O Vill. Dulowal Po Khiranwali Teh. & Distt. Kapurthala, Punjab India, Do here by Change My name from Harjinder Singh to Harjinder Singh Sahi with immediate effect. All concerned note please.

I, Balraj Singh son of Sarbjit Singh resident of VPO Dolike Sunderpur, District Jalandhar, Punjab-144302, have declare that Singh is my Surname Balraj is my given name.

I, PREMKA Wife of Simran Singh, R/o Village Nizampur, Subhanpur, District Kapurthala, Punjab, declare that I have to change my name from PRIYANKA to PREMKA.

I, Harcharan Singh Makkar S/o Joginder Singh R/O H.No.351, Gali No.1, Dharampura, Chheharta Amritsar have changed my minor son Ekamjot Singh to Ekamjot Singh Makkar.

I, Harcharan Singh Makkar S/o Joginder Singh R/O H.No.351, Gali No.1, Dharampura, Chheharta Amritsar have changed my name from Harcharan Singh To Harcharan Singh Makkar.

I, Karnjot Singh S/o Ranjit Singh R/o VPO. Sarli Kalan, Distt Tarn Taran, have declared that Singh is my surname and Karnjot is my given name. Concerned Note.

I, hitherto known as Manpreet Kaur Boparai C/o Sarbjit Singh R/O House Number 35 Gali Number 8 C Block Guru Amardass Avenue Ajnala Road Punjab, have changed my name and shall hereafter be known as Manpreet Kaur.

I, Simranpreet Kaur D/o Jatinder Singh R/O Villag Balaggan, PO Ram Tirath Road, Tehsil Ajnala District Amritsar have changed my name from Simranpreet Kaur to Simran Preet Kaur.

I, Yuvraj Singh S/o Gurcharan Singh R/o H.No.3933, Ram Tirath Road, Village Nehal, PO Chheharta, Amritsar have changed my name from Yuraj Singh to Yuvraj Singh.

I, Manjit Kaur W/o Jagtar Singh R/o Kular Distt Ludhiana Punjab 142023 I have changed my name from Manjit Kaur to Manjeet Kaur.

I, Som Wati, wife of Kishori Lal, residing at House No. 62/2, Mohalla No. 31, Jalandhar Cantt, Jalandhar, Punjab hereby solemnly declare and confirm that I am known by both the names Som Wati and Sompati. Both names refer to one and the same person i.e. me.

I, Sat Pal S/o Ram Parkash R/o B-1/105, Ravi Dass Nagar (Maqsudan), Jalandhar, 144008, have changed the name of my Minor Daughter From Ankita To Ankita rani. All Concerned Please Note.

I, Sat Pal S/o Ram Parkash R/o B-1/105, Ravi Dass Nagar (Maqsudan), Jalandhar, 144008, have changed the name of my Minor Son From Sahil To Sahil Gadra. All Concerned Please Note.

I, Kamaljit W/o Sh. Amrik Chand R/o Village Chakmai Dass, PO. Sarhala Ranuam, Tehsil Banga, Distt. S.B.S Nagar, Punjab have changed my name from Kamaljit to Kamaljit Kaur. All concerned please note.

I, Gurveer Singh S/o Sh. Balwinder Singh R/o VPO Dhangerpur, Tehsil Nawanshahr, Distt. S.B.S nagar, Punjab have changed my name from Gurveer Singh to Gurveer as given name and Singh as Surname. All concerned please note.

I, Iqbaldeep Singh S/o Vishawdeep Singh R/O Manakrai, Jalandhar-144201, Punjab have changed my name from Iqbaldeep Singh to Given Name Iqbaldeep & Surname as Singh. All concerned please note.

I, Manga S/o Gurman Singh R/o Village Mirpur, Haller, PO: Hellor, District Jalandhar, Punjab declare that Manga and Manga Bhatti is one and the same person. All concerned please note.

I, hitherto known as SHIV CHARAN S/o JASPAL SINGH residing at House Number 431, Ward Number 27, Bukan Wala Road, Gurusar Basti, Moga, Punjab-142001 have changed my name and shall hereafter be known as SHIV CHARAN SINGH.

I, Manish Kumar S/o Jung Bahadur R/o H.No. N.M. 281, Mohalla Karar Khan, Jalandhar, Punjab-144001 have changed the name of my minor son from Saksham to Saksham Kumar. All concerned please note.

I, Ranjit Singh S/o Jagtar Singh R/o VPO. Masit Palkot. Teh. Tanda, Distt. Hoshiarpur, Punjab I Have Changed My Name From Ranjit Singh To Singh Ranjit. (Surname as Singh)

### Change of Name

I, Raja Kumar S/o Naresh Saini R/o VPO. Talwandi Madho, Jalandhar, (PB) have changed my name to Raja Kumar Saini.

I, Ajit Singh S/o Surjan Singh R/o 83, New Ugala Nagar, Basti Sheikh, Jalandhar-144002, Punjab have changed my name from Jit Singh to Ajit Singh. All concerned please note.

I, Ankita Dutta D/o Ajay Kumar R/o H.No. B1/417, Anand Nagar, Maqsudan, Jalandhar, Punjab-144008 have changed my name from Ankita Dutta to Ankita. All concerned please note.

I, Ravi Dutt, father of Nirvi, resident of H. No. 148, Mishra Mohalla, Alawalpur, Jalandhar, hereby declare that my minor daughter's name has been changed from "Nirvi" to "Nirvi Bhanot". Henceforth, she shall be known as "Nirvi Bhanot" for all purposes and in all records/documents.

I, Sunita W/o Sh. Sunil Kumar R/o H. No. 633, Phaggu Mohalla, Garha, Jalandhar-144022, Punjab, India. I have changed my given name Sunita to Sutina Kumari. Please all remitter, Relative concerned note.

I, Vickey s/o Chuni Lal r/o H.No. 2562, Bhargo Nagar, Distt. Jalandhar-144001, Punjab have changed my name from Vickey to Vicky. All Please Note. (R)

I, Manpreet Kour d/o Surinder Singh r/o 192, Guru Ram Dass Enclave, Sher Singh Colony, Po. Basti Guzan, Jalandhar, Punjab have remove my minor son surname from Karmit Singh Ghotra to Karmit Singh. All Please Note.

I, Anjali d/o Jagdish r/o Vill. Bambianwal, Po. Kukar Pind, Jalandhar have changed my name from Anjali to Anjali Nahar (Nahar as Surname) All Please Note.

I, Kamaldeep Singh s/o Mangal Singh r/o 185, St No.3, Vill.Baba Deep Singh Nagar, Rail Coach Factory, Kapurthala have changed my Given name as Kamaldeep & Surname as Singh. All Please Note.

I, Ajay Kumar s/o Surinder Gir r/o H.No. B-IX 942 1/2 Chak Husain, Lamba Pind, Jalandhar have changed my Given name as Ajay & Surname as Kumar. All Please Note.

I, Kiran Kumari w/o Pardeep Singh r/o VPO. Manak Rai, Distt. Jalandhar-144201, Punjab have changed my name to Kumari Kiran. All Please Note.

I, Raj Rani w/o Sat Pal r/o H.No. E.S-281, Gali No. 3, Abadpura, Jalandhar City, have changed my minor daughter name from Malka Rani to Malika Rani. All Please Note.

I, Billa Phull s/o Kartar Phull r/o VPO. Beas Pind, Distt. Jalandhar, Punjab have changed my name from Billa Phull to Kuldeep Singh. All Please Note.

I, Manjinder Singh son of Kashmeer Singh Village Toot Tehsil Patti District Tarn Taran have changed my name from Manjinder Singh to Surname as Singh and my given name is Manjinder Plz note it.

### ਬੇਦਖਲੀ ਨੋਟਿਸ

ਮੈਂ, ਅਮਰਜੀਤ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਰਿਆਲੀ ਕਲਾਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ, ਨਰਿੰਦਰ ਸਿੰਘ ਪੁੱਤਰ ਸ੍ਰੀ ਪ੍ਰਕਾਸ਼ ਸਿੰਘ ਅਤੇ ਇਕਬਾਲਜੀਤ ਕੌਰ ਪਤਨੀ ਸ੍ਰੀ ਨਰਿੰਦਰ ਸਿੰਘ ਵਾਸੀ ਪਿੰਡ ਸਾਲਾਪੁਰ, ਡਾਕ. ਰਾਜਪੁਰ ਗਹੋਤ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਦਿਲਪ੍ਰੀਤ ਸਿੰਘ ਅਤੇ ਇਸ ਦੀ ਪਤਨੀ ਨੇਹਾ ਸੈਣੀ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ/ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕਿਸੇ ਪ੍ਰਕਾਰ ਦੀ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਰਣਜੀਤ ਸਿੰਘ ਪੁੱਤਰ ਸ੍ਰੀ ਭਜਨ ਸਿੰਘ ਅਤੇ ਸਰਬਜੀਤ ਕੌਰ ਪਤਨੀ ਰਣਜੀਤ ਸਿੰਘ ਵਾਸੀ ਡਾਕਖਾਨਾ ਡਡਿਆਲਾ ਨਜਾਰਾ, ਤਹਿਸੀਲ ਬਟਾਲਾ, ਗੁਰਦਾਸਪੁਰ, ਹਾਲ ਵਾਸੀ ਨੇੜੇ ਬੋਰਡ ਫੈਕਟਰੀ, ਨਿਊ ਰਾਜ ਨਗਰ, ਬਸਤੀ ਬਾਵਾ ਖੇਲ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਛੋਟਾ ਲੜਕਾ ਜ਼ਸਪ੍ਰੀਤ ਸਿੰਘ ਉਰਫ ਜਸ ਸਾਡੇ ਕਹਿਣੇ ਤੋਂ ਬਾਹਰ ਹੈ । ਇਸ ਲਈ ਅਸੀਂ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਅਸੀਂ, ਸਲਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ ਅਤੇ ਰਾਜਵਿੰਦਰ ਕੌਰ ਪਤਨੀ ਸਲਵਿੰਦਰ ਸਿੰਘ ਵਾਸੀਆਨ ਪਿੰਡ ਠੱਠੀ, ਡਾਕਖਾਨਾ ਸੋਹਲ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਵਿਪਨਦੀਪ ਕੌਰ (ਕੁਆਰੀ), ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਰਾਮ ਪਿਆਰੀ ਪਤਨੀ ਬਾਦਲ ਪ੍ਰਕਾਸ਼ ਵਾਸੀ 25-ਏ, ਪ੍ਰੋਫੈਸਰ ਕਾਲੋਨੀ, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਵੀ ਅਤੇ ਉਸ ਦੀ ਪਤਨੀ ਸੁਬੀਨਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਸੁਜਿੰਦਰ ਸਿੰਘ ਪੁੱਤਰ ਗਿਆਨ ਸਿੰਘ ਅਤੇ ਸੁਖਵਿੰਦਰ ਕੌਰ ਪਤਨੀ ਸੁਜਿੰਦਰ ਸਿੰਘ ਵਾਸੀਆਨ ਮਕਾਨ ਨੰਬਰ 117, ਗਲੀ ਨੰ: 9, ਕੋਟ ਮਿੱਤ ਸਿੰਘ, ਤਰਨ ਤਾਰਨ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਪਰਮਿੰਦਰ ਕੌਰ ਅਤੇ ਉਸ ਦਾ ਪਤੀ ਨਰਿੰਦਰਪਾਲ ਸਿੰਘ ਦੋਨੋਂ ਸਾਡੇ ਕਹਿਣੇ ਤੋਂ ਬਾਹਰ ਹਨ, ਜੋ ਆਪਸ ਵਿਚ ਅਤੇ ਸਾਡੇ ਨਾਲ ਲੜਦੇ-ਝਗੜੇ ਹਨ। ਸਾਨੂੰ ਮਰਨ-ਮਾਰਨ ਅਤੇ ਮਾਰਨ ਦੀਆਂ ਧਮਕੀਆਂ ਦਿੰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

### ਬੇਦਖਲੀ ਨੋਟਿਸ

[illegible]

ਲੈਣ-ਦੇਣ ਕਰਨ ਵਾਲਾ ਖੁਦ ਹੀ ਜ਼ਿੰਮੇਵਾਰ ਹਵੇਗਾ।

ਮੈਂ, ਸੀਮਾ ਰਾਣੀ ਪਤਨੀ ਸ੍ਰੀ ਮੁਲਖ ਰਾਜ ਵਾਸੀ ਮਕਾਨ ਨੰਬਰ 392, ਪਿੰਡ ਬੁਲੰਦਪੁਰ, ਨੂਰਪੁਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੌਰਵ ਅਤੇ ਉਸ ਦੀ ਪਤਨੀ ਪੂਜਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਗੁਰਦੀਪ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਨੇੜੇ ਬਿਜਲੀ ਘਰ, ਬੱਧਨੀ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ ਉਰਫ ਮਾਨਾ ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ।

ਮੈਂ, ਜਸਵਿੰਦਰ ਸਿੰਘ ਪੁੱਤਰ ਸ੍ਰੀ ਜੀਤ ਸਿੰਘ ਵਾਸੀ ਵਾਰਡ ਨੰਬਰ 07 ਮਾਨਸਾ, ਤਹਿਸੀਲ ਮਾਨਸਾ, ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜਸਵੀਰ ਕੌਰ ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਬਲਵੀਰ ਸਿੰਘ ਪੁੱਤਰ ਜੀਤ ਸਿੰਘ, ਵਾਸੀ ਜਨਤਾ ਨਗਰ ਧੂਰੀ (ਸੰਗਰੂਰ) ਆਪਣੇ ਪੁੱਤਰ ਅਰਜਿੰਦਰ ਸਿੰਘ, ਨੂੰਹ ਸੁਮਨ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਅਸੀਂ ਸਰਦੂਲ ਸਿੰਘ ਪੁੱਤਰ ਕਰਮ ਸਿੰਘ ਅਤੇ ਜਗੀਰ ਕੌਰ ਪਤਨੀ ਸਰਦੂਲ ਸਿੰਘ ਵਾਸੀ ਮਕਾਨ ਨੰ : 41314, ਤਰਨ ਤਾਰਨ ਰੋਡ, ਨੇੜੇ ਪੈਰਾਗੋਨ ਸਕੂਲ, ਖਾਲਸਾ ਨਗਰ, ਡਾਕਖਾਨਾ ਕੋਟ ਮਿੱਤ ਸਿੰਘ, ਅੰਮ੍ਰਿਤਸਰ ਆਪਣੇ ਪੁੱਤਰ ਨਿਸ਼ਾਨ ਸਿੰਘ ਅਤੇ ਉਸਦੀ ਪਤਨੀ ਦਲਜੀਤ ਕੌਰ, ਜੋ ਸਾਡੇ ਕਹਿਣੇ ਵਿਚ ਨਹੀਂ, ਇਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੌਂ ਬੇਦਖ਼ਲ ਕਰਦੇ ਹਾਂ। ਅਸੀਂ ਇਹਨਾਂ ਦੇ ਕਿਸੇ ਵੀ ਕਾਰ-ਵਿਹਾਰ ਅਤੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀ ਹੋਵਾਂਗੇ।

ਮੈਂ, ਰਾਜਪਾਲ ਪੁੱਤਰ ਸਵਰਨਾ ਰਾਮ ਵਾਸੀ ਪਿੰਡ ਦਾਉਦਪੁਰ, ਜਿਲਾ ਜਲੰਧਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਹੁਲ ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੇ ਬੇਦਖਲ ਕਰਦਾ ਹਾਂ । ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸੰਬਧ ਨਹੀਂ ਰਿਹਾ ਹੈ । ਜੇਕਰ ਕੋਈ ਵਿਕਅਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ । ਇਹ ਆਪਣੇ ਚੰਗੇ ਮੰਦੇ ਕੰਮਾਂ ਲਈ ਖੁੱਦ ਜਿੰਮੇਵਾਰ ਹੋਵੇਗਾ। ਸਾਰੇ ਸਬੰਧਤ ਨੋਟ ਕਰਨ ।

ਮੈਂ, ਰਾਧਾ ਪਤਨੀ ਲੇਟ. ਰੋਸ਼ਨ ਲਾਲ ਵਾਸੀ ਮਕਾਨ ਨੰ. 232, ਠਾਕਰ ਸਿੰਘ ਕਲੋਨੀ, ਜਲੰਧਰ, ਪੰਜਾਬ - 144001, ਬਿਆਨ ਕਰਦੀ ਆਂ ਕਿ ਮੇਰਾ ਲੜਕਾ ਦੁਰਗਾ ਦਾਸ ਗਿੱਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਲੜਾਈ ਝਗੜਾ ਕਰਦਾ ਹੈ ਅਤੇ ਤੰਗ ਪਰੇਸ਼ਾਨ ਕਰਦਾ ਹੈ। ਇਸ ਲਈ ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ।

ਮੈਂ, ਤਰਸੇਮ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਪੱਤੀ ਰੌਲਾਂ ਵਾਲੀ, ਤਰਨ ਤਾਰਨ ਰੋਡ, ਵਰਪਾਲ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਨਵਦੀਪ ਕੌਰ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ।

### ਬੇਦਖਲੀ ਨੋਟਿਸ

[illegible]

### ਨਾਂਅ ਦੀ ਬਦਲੀ

[illegible]

ਫਰਦ ਅਤੇ ਜ਼ਮੀਨੀ ਜਾਇਦਾਦ ਵਿਚ ਸਰੀ ਨਾਮ ਕਾਲਾ ਸਿੰਘ ਦਰਜ ਹੈ। ਇਹ ਹੈ ਕਿ ਇਹ ਦੋਵੇਂ ਨਾਮ ਮੇਰੇ ਹੀ ਹਨ ਅਤੇ ਮੈਂ ਇਹਨਾਂ ਦੋਨੋਂ ਨਾਮਾਂ ਦਾ ਇੱਕੋ ਵਿਅਕਤੀ ਹਾਂ। ਮੈਨੂੰ ਇਹਨਾਂ ਦੋਵੇ ਨਾਮਾਂ ਨਾਲ ਜਾਣਿਆ ਜਾਂਦਾ ਹੈ। ਸਬੰਧਤ ਨੋਟ ਕਰਨ।

### ਆਮ ਸੂਚਨਾ

[illegible]

ਮੈਂ, ਬਲਵਿੰਦਰ ਸਿੰਘ ਪੁੱਤਰ ਜਸਮੇਰ ਸਿੰਘ ਵਾਸੀ ਮਕੋਰੜ ਸਾਹਿਬ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਗੁਰਦੀਪ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਮਿਤੀ 05.08.2026 ਨੂੰ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿਚ ਹੈ ਅਤੇ ਮੇਰੀ ਹਰ ਗੱਲ ਨਾਲ ਸਹਿਮਤ ਹੈ। ਹੁਣ ਮੈਂ ਆਪਣੇ ਲੜਕੇ ਗੁਰਦੀਪ ਸਿੰਘ ਵਿਰੁੱਧ ਦਿੱਤਾ ਬੇਦਖਲੀ ਨੋਟਿਸ ਵਾਪਸ ਲੈਂਦਾ ਹਾਂ। ਹੁਣ ਇਹ ਮੇਰੀ ਜਾਇਦਾਦ ਦਾ ਬਰਾਬਰ ਦਾ ਹੱਕਦਾਰ ਹੋਵੇਗਾ।

ਮੈਂ, ਕੁਲਦੀਪ ਸਿੰਘ ਪੁੱਤਰ ਲੱਖਾ ਸਿੰਘ ਵਾਸੀ ਪਿੰਡ ਕਾਲਾ ਘਨੂੰਪੁਰ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਸਕੇ ਭਰਾ ਹਰਦੀਪ ਸਿੰਘ ਨਾਲੋਂ ਆਪਣੇ ਸਾਰੇ ਸੰਬੰਧ ਤੋੜਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੇ ਬਾਕੀ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 03/523 ਬਲਕਾਰ ਸਿੰਘ ਪੁੱਤਰ ਪ੍ਰੀਤਮ ਸਿੰਘ ਉਰਫ ਪ੍ਰੀਤੂ ਪੁੱਤਰ ਹਾਕਮ ਸਿੰਘ ਵਾਸੀ ਪਿੰਡ ਭੀਲੋਵਾਲ ਦੇ ਨਾਂਅ ਤੋਂ ਗੁਰਪ੍ਰੀਤ ਕੌਰ ਪਤਨੀ ਗੁਰਮੀਤ ਸਿੰਘ ਪੁੱਤਰ ਬਲਦੇਵ ਸਿੰਘ ਦੇ ਨਾਂਅ ਉਪਰ ਤਬਦੀਲ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਪ ਮੰਡਲ ਅਫਸਰ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕੀਤਾ ਜਾਵੇ। ਮੋ: (96461-13078) ਐੱਸ ਡੀ ਓ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਏ ਪੀ - 02/1307 ਐੱਫ, 7.5 ਬੀ ਐੱਚ ਪੀ (ਸਾਢੇ ਸੱਤ ਹਾਰਸ ਪਾਵਰ), ਜੋ ਕਿ ਜਗੀਰ ਸਿੰਘ ਪੁੱਤਰ ਸਰਦਾਰਾ ਸਿੰਘ ਪਿੰਡ ਅਕਾਲਗੜ੍ਹ ਢਪੱਈਆਂ, ਤਹਿਸੀਲ/ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਤੋਂ ਉਨ੍ਹਾਂ ਦੀ ਪੁੱਤਰੀ ਸਤਿੰਦਰ ਕੌਰ ਪਤਨੀ ਸੁਖਦੇਵ ਸਿੰਘ ਦੇ ਨਾਂਅ ਉਪਰ ਤਬਦੀਲ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਪ ਮੰਡਲ ਅਫਸਰ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕੀਤਾ ਜਾਵੇ। ਮੋ: (96461-13078) ਐੱਸ ਡੀ ਓ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ- 02/383 ਐੱਫ, 5 ਬੀ ਐੱਚ ਪੀ (ਪੰਜ ਹਾਰਸ ਪਾਵਰ), ਜੋ ਕਿ ਜਗੀਰ ਸਿੰਘ ਪੁੱਤਰ ਸਰਦਾਰਾ ਸਿੰਘ ਪਿੰਡ ਅਕਾਲਗੜ੍ਹ ਢਪੱਈਆਂ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਤੋਂ ਉਨ੍ਹਾਂ ਦੀ ਬੇਟੀ ਸਤਿੰਦਰ ਕੌਰ ਪਤਨੀ ਸੁਖਦੇਵ ਸਿੰਘ ਦੇ ਨਾਂਅ ਉਪਰ ਤਬਦੀਲ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਪ ਮੰਡਲ ਅਫਸਰ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕੀਤਾ ਜਾਵੇ। ਮੋ: (96461-13078) ਐੱਸ ਡੀ ਓ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ- 31/422 ਐੱਫ, 7.5 ਬੀ ਐੱਚ ਪੀ (ਸਾਢੇ ਸੱਤ ਹਾਰਸ ਪਾਵਰ), ਜੋ ਕਿ ਅਵਤਾਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਨਿਬਰਵਿੰਡ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਤੋਂ ਉਨ੍ਹਾਂ ਦੇ ਪੁੱਤਰ ਸਤਪਾਲ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਚਰਨ ਸਿੰਘ ਦੇ ਨਾਂਅ ਉਪਰ ਤਬਦੀਲ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਪ ਮੰਡਲ ਅਫਸਰ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕੀਤਾ ਜਾਵੇ। ਮੋ: (96461-13078) ਐੱਸ ਡੀ ਓ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ- 31/891 ਐੱਫ, 7.5 ਬੀ ਐੱਚ ਪੀ (ਸਾਢੇ ਸੱਤ ਹਾਰਸ ਪਾਵਰ), ਜੋ ਕਿ ਅਵਤਾਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਨਿਬਰਵਿੰਡ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਤੋਂ ਉਨ੍ਹਾਂ ਦੇ ਪੁੱਤਰ ਸਤਪਾਲ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਚਰਨ ਸਿੰਘ ਦੇ ਨਾਂਅ ਉਪਰ ਤਬਦੀਲ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਪ ਮੰਡਲ ਅਫਸਰ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕੀਤਾ ਜਾਵੇ। ਮੋ: (96461-13078) ਐੱਸ ਡੀ ਓ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### COURT NOTICE

(U/o 5 Rule 20 CPC)
In the Court of Ms. Khushdeep Kaur
Civil Judge Junior Division - 4,
Rajpura
CNR No. PBPTA0-000103-2026
Next Date:- 24-09-2026
CS-69-2026
Dr. Manjit Singh
Vs.
Dr. Parvinder Pal Kaur
Suit For Permanent Injunction
Publication Issued To:
1. Dr. Parvinder Pal Kaur
Spouse: Dr. Manjit Singh
2. Surjit Kaur Widow of Parhlad Singh, Both Resident of H. No. A. 1304, Falcon View, JLPL Near Railway over Bridge, Aero City, Sector 66 A, SAS Nagar Mohali

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 24-09-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 4.
Rajpura
Dated, this day of 21-08-2026

### COURT NOTICE

(U/o 5 Rule 20 CPC)
In the Court of Ms. Poonam Bansal
Additional District and Sessions
Judge, Gurdaspur
CM-106-2026
CNR No. PBGD01-002562-2026
Next Date:- 16-09-2026
Dildar Singh Vs. Karam Singh
PUBLICATION ISSUED TO:
2. Santokh Singh son of Karam Singh son of Mangal Singh son of Natha Singh 4. Rajinder Singh son of Karam Singh son of Natha Singh
6. Bikramjit Singh son of Sher Singh @ Kashmir Singh son of Mangal Singh son of Natha Singh
7. Bachittar Singh son of Kashmir Singh @ Sher Singh son of Mangal Singh son of Natha Singh
R/o Village Aulakh, Batala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 16-09-2026 at 10:00 a.m.

For details logon to https://highcourtchd.gov.in/?mod=district notice&district=Gurdaspur

Additional District and Sessions
Judge Gurdaspur
Dated, this day of 20-08-2026

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ-ਸਹਾਇਕ ਦਰਜਾ ਪਹਿਲਾ/ ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਕਿਸ਼ਨ ਸਿੰਘ ਬਨਾਮ ਰਛਮਿੰਦਰ ਸਿੰਘ

ਖੇਵਟ ਨੰਬਰ 101, 192,352/1, 219, 303, 220 ਜਮ੍ਹਾਂਬੰਦੀ ਸਾਲ 2020-2021 ਵਾਕਿਆ ਰਕਬਾ ਪਿੰਡ ਬੁਰਜ ਦੁੱਨਾ ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 26-8-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਹਨਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ ।

1) ਰਛਮਿੰਦਰ ਸਿੰਘ ਗਿੱਲ (2) ਸੰਦੀਪ ਸਿੰਘ ਪੁੱਤਰਾਨ ਦਰਬਾਰਾ ਸਿੰਘ ਪੁੱਤਰ ਗੁਰਨਾਮ ਸਿੰਘ (3) ਸਰਦਾਰਾ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਖੁਸ਼ਹਾਲ ਸਿੰਘ (4) ਦਰਸ਼ਨ ਸਿੰਘ (5) ਹਾਕਮ ਸਿੰਘ ਪੁੱਤਰਾਨ ਕਪੂਰ ਸਿੰਘ ਪੁੱਤਰ ਖੁਸ਼ਹਾਲ ਸਿੰਘ ਸਾਰੇ ਵਾਸੀਆਨ ਪਿੰਡ ਬੁਰਜ ਦੁੱਨਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ,
ਨਿਹਾਲ ਸਿੰਘ ਵਾਲਾ (ਮੋਗਾ)

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਕੇਵਲ ਸਿੰਘ ਬਨਾਮ ਕੁਲਦੀਪ ਸਿੰਘ

ਖੇਵਟ ਨੰਬਰ 161, 162, 164 ਜਮ੍ਹਾਂਬੰਦੀ ਸਾਲ -2023-2024 ਵਾਕਿਆ ਰਕਬਾ ਪਿੰਡ ਹਿੰਮਤਪੁਰਾ ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 26-8-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਹਨਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ ।

1) ਕੁਲਦੀਪ ਸਿੰਘ ਪੁੱਤਰ ਹਰਚੰਦ ਸਿੰਘ ਪੁੱਤਰ ਤੋਤਾ ਸਿੰਘ (2) ਹਰਚੰਦ ਸਿੰਘ ਪੁੱਤਰ ਤੋਤਾ ਸਿੰਘ ਪੁੱਤਰ ਧਰਮ ਸਿੰਘ (3) ਗੁਰਮੀਤ ਸਿੰਘ (4) ਅਜੀਤ ਕੌਰ ਵਿਧਵਾ ਚਮਕੌਰ ਸਿੰਘ ਪੁੱਤਰ ਪ੍ਰੀਤਮ ਸਿੰਘ (5) ਖੁਸ਼ਵਿੰਦਰ ਕੌਰ ਵਿਧਵਾ ਕੁਲਦੀਪ ਸਿੰਘ ਪੁੱਤਰ ਚਮਕੌਰ ਸਿੰਘ (6) ਸਰਦਾਰਾ ਸਿੰਘ (7) ਦਰਬਾਰਾ ਸਿੰਘ ਪੁੱਤਰਾਨ ਬੱਗਾ ਸਿੰਘ ਪੁੱਤਰ ਗੁਰਦਿਤ ਸਿੰਘ ਸਾਰੇ ਵਾਸੀਆਨ ਪਿੰਡ ਹਿੰਮਤਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ,
ਨਿਹਾਲ ਸਿੰਘ ਵਾਲਾ (ਮੋਗਾ)

### ਬਾ ਅਦਾਲਤ ਸ੍ਰੀ ਮੱਖਣ ਸਿੰਘ ਮਹੇ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ (ਜਲੰਧਰ)

ਵਿਸ਼ਾ:- ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਲੜੋਈ ਹ:ਬ: 17, ਸਬ-ਤਹਿਸੀਲ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਮ ਨਵਪ੍ਰੀਤ ਕੌਰ ਪੁੱਤਰੀ ਹਰਭਜਨ ਸਿੰਘ ਪੁੱਤਰ ਮਹਿੰਦਰ ਸਿੰਘ ਦਰਜ ਹੈ, ਜਿਸ ਦੀ ਦਰੁਸਤੀ ਰਿਕਾਰਡ ਮਾਲ ਵਿੱਚ ਨਵਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ ਪੁੱਤਰ ਮਹਿੰਦਰ ਸਿੰਘ ਦੇ ਨਾਂਅ ਦਾ ਅੰਦਰਾਜ਼ ਕਰਨ ਸੰਬੰਧੀ। ਜਿਸ ਦੀ ਦਰੁਸਤੀ ਕਰਨ ਸੰਬੰਧੀ।

ਉਪਰੋਕਤ ਵਿਸ਼ੇ ਵਿੱਚ ਅੰਕਤ ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਲੜੋਈ ਸਬ ਤਹਿ. ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਂਅ ਵਾਕਿਆ ਪਿੰਡ ਲੜੋਈ ਵਿੱਚ ਨਵਪ੍ਰੀਤ ਕੌਰ ਪੁੱਤਰੀ ਹਰਭਜਨ ਸਿੰਘ ਪੁੱਤਰ ਮਹਿੰਦਰ ਸਿੰਘ ਦਰਜ ਹੈ, ਜੋ ਕਿ ਰਿਕਾਰਡ ਮਾਲ ਵਿੱਚ ਨਾਂਅ ਦਾ ਅੰਦਰਾਜ਼ ਗਲਤ ਹੈ। ਜਿਸ ਦੀ ਦਰੁਸਤੀ ਰਿਕਾਰਡ ਮਾਲ ਵਿੱਚ ਕਰਨ ਸੰਬੰਧੀ ਦਰਖਾਸਤ ਨਿਮਨ ਹਸਤਾਖਰ ਦੇ ਦਫ਼ਤਰ ਵਿੱਚ ਦਾਇਰ ਕੀਤੀ ਹੈ ਕਿ ਮਾਲ ਰਿਕਾਰਡ ਵਾਕਿਆ ਪਿੰਡ ਲੜੋਈ ਵਿੱਚ ਉਸ ਦਾ ਨਾਂਅ ਨਵਪ੍ਰੀਤ ਕੌਰ ਪੁੱਤਰੀ ਹਰਭਜਨ ਸਿੰਘ ਪੁੱਤਰ ਮਹਿੰਦਰ ਸਿੰਘ ਗਲਤ ਦਰਜ ਹੈ, ਜਦ ਕਿ ਉਸ ਨੇ ਆਪਣਾ ਜੈਂਡਰ ਬਦਲਣ ਉਪਰੰਤ ਮਾਲ ਰਿਕਾਰਡ ਵਿੱਚ ਆਪਣਾ ਨਾਂਅ ਦਰੁੱਸਤ ਕਰਨ ਸੰਬੰਧੀ ਐਪਲੀਕੇਸ਼ਨ ਦਾਇਰ ਕੀਤੀ ਹੈ ਅਤੇ ਜਿਸ ਦੀ ਦਰੁਸਤੀ ਰਿਕਾਰਡ ਮਾਲ ਵਿੱਚ ਕੀਤੀ ਜਾਵੇ।ਇਸ ਸੰਬੰਧੀ ਉਸ ਨੇ ਪਰੂਫ ਵਜੋਂ ਡਾ. ਪਾਰੁਲ ਪਰਸੈਦ, ਐਮ.ਡੀ. ਰਜਿਸਟਰੇਸ਼ਨ ਨੰਬਰ 78917 ਮਿਤੀ 8-03-2025 ਦਾ ਜੈਂਡਰ ਚੇਂਜ ਸਰਟੀਫਿਕੇਟ, ਭਾਰਤ ਦੇ ਗਜ਼ਟ ਦੀ ਫੋਟੋ ਕਾਪੀ, ਹਲਫੀਆ ਬਿਆਨ, ਅਖਬਾਰ ਪ੍ਰਕਾਸ਼ਨਾ ਅਤੇ ਮੈਟ੍ਰਿਕ ਦਾ ਸਰਟੀਫਿਕੇਟ, ਆਧਾਰ ਕਾਰਡ ਦੀ ਫੋਟੋ ਕਾਪੀ ਨਾਲ ਨੱਥੀ ਕੀਤੀ ਹੈ। ਇਸ ਸੰਬੰਧੀ ਅਖਬਾਰ ਵਿੱਚ ਪ੍ਰਕਾਸ਼ਨਾ ਕਰਵਾਈ ਗਈ ਕਿ ਉਕਤ ਨਾਂਅ ਦਰੁਸਤੀ ਸੰਬੰਧੀ ਪ੍ਰਕਾਸ਼ਨਾ ਉਪਰੰਤ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਮੁਕਾਮ ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਮਿਤੀ 28-09-2026 ਤੱਕ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਇਹ ਨੋਟਿਸ ਅੱਜ ਨੰ. 1-ਐੱਸ ਪੀ ਐੱਲ /ਰੀਡਰ ਮਿਤੀ 24.8.26 ਨੂੰ ਮੋਹਰ ਅਦਾਲਤ ਤੇ ਨਿਮਨ ਹਸਤਾਖਰ ਹੇਠ ਜਾਰੀ ਹੋਇਆ ਹੈ।

ਸਹੀ/-ਨਾਇਬ ਤਹਿਸੀਲਦਾਰ-ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜ਼ਿਲ੍ਹਾ ਜਲੰਧਰ

### AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਉਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

**ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।**

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | 1. ਐਨ ਪੀ ਏ ਮਿਤੀ 2. ਡਿਮਾਂਡ ਨੋਟਿਸ ਦੀ ਮਿਤੀ 3. ਕਬਜ਼ੇ ਦੀ ਮਿਤੀ 4. ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 1. | 1. ਸ੍ਰੀਮਤੀ ਜਿਓਤੀ ਪਤਨੀ ਪ੍ਰਦੀਪ ਕੁਮਾਰ (ਕਰਜ਼ਦਾਰ/ਰਹਿਣਕਾਰ) ਅਤੇ 2.ਓਮ ਪ੍ਰਕਾਸ਼ ਪੁੱਤਰ ਚੂਹੜ ਸਿੰਘ (ਸਹਿ-ਕਰਜ਼ਦਾਰ | (1) 18 ਅਕਤੂਬਰ, 2025, (2) 13 ਨਵੰਬਰ, 2025 (3) 21 ਅਗਸਤ, 2026 (4) ਰੁਪਏ 531984/- (ਪੰਜ ਲੱਖ ਇਕੱਤੀ ਹਜ਼ਾਰ ਨੌਂ ਸੌ ਚੁਰਾਸੀ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ:-** ਰਿਹਾਇਸ਼ੀ ਜਾਇਦਾਦ/ਮਕਾਨ ਨੰ: 5-ਜੇ/1, ਰਕਬਾ 127 ਵਰਗ ਗਜ਼, ਰਾਜਪੁਰਾ ਟਾਊਨਸ਼ਿਪ ਵਿਖੇ ਸਥਿਤ, ਟਾਊਨ ਨੰ.3, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਸ੍ਰੀਮਤੀ ਜਿਓਤੀ ਪਤਨੀ ਪ੍ਰਦੀਪ ਕੁਮਾਰ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ: 5150 ਮਿਤੀ: 28.11.2007 ਨਾਲ ਸੰਬੰਧਿਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) **ਪੂਰਬ**- ਸੜਕ ਬਾਹੀ 36'-6", **ਪੱਛਮ**- ਮਕਾਨ ਨੰ. 5 ਜੇ/1 ਬਾਹੀ 36'-6" ਦਾ ਬਾਕੀ ਹਿੱਸਾ, **ਉੱਤਰ**: ਮਕਾਨ ਨੰ: ਜੀ-1/6, ਬਾਹੀ 31-6", **ਦੱਖਣ**: ਸੜਕ ਬਾਹੀ 31'-6"

ਮਿਤੀ : 25.08.2026, ਸਥਾਨ : ਲੁਧਿਆਣਾ    ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## ਪੱਤਰਕਾਰੀ ਵਿਭਾਗ ਵੱਲੋਂ ਫ਼ੋਟੋਗ੍ਰਾਫ਼ੀ ਤੇ ਫ਼ੋਟੋ ਫੀਚਰ ਮੁਕਾਬਲੇ



ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਵੱਲੋਂ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਮੌਕੇ ਕਾਲਜ ਪੱਧਰ 'ਤੇ ਫ਼ੋਟੋਗ੍ਰਾਫ਼ੀ ਮੁਕਾਬਲਾ ਤੇ ਵਿਭਾਗ ਪੱਧਰ 'ਤੇ ਫੋਟੋ ਫੀਚਰ ਲੇਖਣ ਮੁਕਾਬਲਾ ਕਰਾਇਆ ਗਿਆ।ਫ਼ੋਟੋਗ੍ਰਾਫ਼ੀ ਮੁਕਾਬਲੇ ਦਾ ਵਿਸ਼ਾ 'ਕੁਦਰਤ' ਰੱਖਿਆ ਗਿਆ ਸੀ, ਜਿਸ ਤਹਿਤ ਵਿਦਿਆਰਥੀਆਂ ਨੂੰ ਆਪਣੀਆਂ ਖਿੱਚੀਆਂ ਤਸਵੀਰਾਂ ਭੇਜਣ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਗਿਆ ਸੀ।ਇਸੇ ਤਰ੍ਹਾਂ ਫੋਟੋ ਫੀਚਰ ਲੇਖਣ ਮੁਕਾਬਲੇ ਦੌਰਾਨ ਵਿਦਿਆਰਥੀਆਂ ਨੂੰ ਮੌਕੇ 'ਤੇ ਇੱਕ ਤਸਵੀਰ ਦਿਖਾਈ ਗਈ ਸੀ ਤੇ ਉਸ ਦੇ ਆਧਾਰ 'ਤੇ ਉਨ੍ਹਾਂ ਨੂੰ ਆਪਣੇ ਰਚਨਾਤਮਕ ਵਿਚਾਰਾਂ ਨੂੰ ਸ਼ਬਦਾਂ ਰਾਹੀਂ ਲਿਖ ਕੇ ਪ੍ਰਗਟ ਕਰਨ ਲਈ ਕਿਹਾ ਗਿਆ ਸੀ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਅਜਿਹੇ ਰਚਨਾਤਮਕ ਮੁਕਾਬਲੇ ਜਿੱਥੇ ਵਿਦਿਆਰਥੀਆਂ ਦੀਆਂ ਸਿਰਜਣਾਤਮਕ ਅਤੇ ਵਿਹਾਰਕ ਸਮਰੱਥਾਵਾਂ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ, ਉਥੇ ਨਾਲ ਹੀ ਵਿਦਿਆਰਥੀਆਂ ਨੂੰ ਫ਼ੋਟੋਗ੍ਰਾਫ਼ੀ ਦੇ ਵੱਖ-ਵੱਖ ਤਕਨੀਕੀ ਤੇ ਕਲਾਤਮਕ ਪਹਿਲੂਆਂ ਨੂੰ ਸਮਝਣ ਦਾ ਮੌਕਾ ਵੀ ਮਿਲਦਾ ਹੈ। ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਦੇ ਮੱਦੇਨਜ਼ਰ ਕਰਾਏ ਗਏ ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਫ਼ੋਟੋਗ੍ਰਾਫ਼ੀ ਤੇ ਰਚਨਾਤਮਕ ਲੇਖਣ ਰਾਹੀਂ ਆਪਣੀ ਵਿਹਾਰਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਮੰਚ ਪ੍ਰਦਾਨ ਕਰਨਾ ਸੀ। ਵਰਣਨਯੋਗ ਹੈ ਕਿ ਫ਼ੋਟੋਗ੍ਰਾਫ਼ੀ ਮੁਕਾਬਲੇ 'ਚ ਐਮ.ਏ.ਜੇ.ਐਮ.ਸੀ. ਭਾਗ ਦੂਜਾ ਦੇ ਤਨਵੀਰ ਸਿੰਘ, ਬੀ.ਏ.ਜੇ.ਐਮ.ਸੀ. ਭਾਗ ਪਹਿਲਾ ਦੇ ਹਰਪ੍ਰੀਤ ਸਿੰਘ ਤੇ ਬੀ.ਏ.ਜੇ.ਐਮ.ਸੀ. ਭਾਗ ਦੂਜਾ ਦੇ ਕ੍ਰਿਸ਼ਨਾ ਤੇ ਵੈਦੇਹੀ ਨੇ ਵਧੀਆ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ ਫੋਟੋ ਫੀਚਰ ਲੇਖਣ ਮੁਕਾਬਲੇ ਵਿੱਚ ਐਮ.ਏ.ਜੇ.ਐਮ.ਸੀ. ਭਾਗ ਦੂਜਾ ਦੀ ਰੱਜੀ, ਬੀ.ਏ.ਜੇ.ਐਮ.ਸੀ. ਭਾਗ ਪਹਿਲਾ ਦੀ ਤਰਨਜੀਤ ਕੌਰ ਅਤੇ ਬੀ.ਏ.ਜੇ.ਐਮ.ਸੀ. ਭਾਗ ਦੂਸਰਾ ਦੀਆਂ ਸਹਿਜਪ੍ਰੀਤ ਕੌਰ ਤੇ ਜਸਲੀਨ ਕੌਰ ਨੇ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ।

### ਦੀ ਜਲੰਧਰ ਸੈਂਟਰਲ ਕੋਆਪ੍ਰੇਟਿਵ ਬੈਂਕ ਲਿਮਟਿਡ, ਜਲੰਧਰ।

ਮੁੱਖ ਦਫਤਰ ਸਾਹਮਣੇ ਪੋਸਟ ਆਫਿਸ ਜੀ.ਟੀ. ਰੋਡ ਜਲੰਧਰ-144001

**ਨੋਟਿਸ ਅਜਲਾਸ ਆਮ**

ਇਸ ਨੋਟਿਸ ਰਾਹੀਂ ਬੈਂਕ ਦੇ ਯੋਗ ਮੈਂਬਰਾਂ ਦਾ ਸਲਾਨਾ ਆਮ ਅਜਲਾਸ ਮਿਤੀ 08-09-2026 ਦਿਨ ਮੰਗਲਵਾਰ ਨੂੰ ਠੀਕ 11-00 ਵਜੇ ਬੈਂਕ ਦੇ ਮੁੱਖ ਦਫਤਰ ਜੀ. ਟੀ. ਰੋਡ, ਸਾਹਮਣੇ ਜਨਰਲ ਪੋਸਟ ਆਫਿਸ, ਜਲੰਧਰ ਸ਼ਹਿਰ ਵਿਖੇ ਹੋਵੇਗਾ । ਸਹਿਕਾਰੀ ਸਭਾਵਾਂ ਦੇ ਪ੍ਰਤੀਨਿਧੀਆਂ ਲਈ ਜ਼ਰੂਰੀ ਹੈ ਕਿ ਉਹ ਆਪਣੀ ਸਭਾ ਦੇ ਆਮ ਅਜਲਾਸ ਜਾਂ ਅਜਲਾਸ ਪ੍ਰਬੰਧਕ ਕਮੇਟੀ (ਜਿਸ ਤਰ੍ਹਾਂ ਕਿ ਉਹਨਾਂ ਦੇ ਬਾਈਲਾਜ਼ ਦੇ ਅਨੁਕੂਲ ਹੋਵੇ) ਦੀ ਤਸਦੀਕ ਸ਼ੁਦਾ ਨਕਲ ਜਿਸ ਰਾਹੀਂ ਉਹਨਾਂ ਨੂੰ ਜਨਰਲ ਬਾਡੀ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਦਾ ਅਧਿਕਾਰ ਦਿੱਤੇ ਹੋਵੇ, ਨਾਲ ਲਿਆਉਣ। ਇਕ ਸਭਾ ਵਲੋਂ ਸਿਰਫ ਇਕ ਹੀ ਮੈਂਬਰ ਪ੍ਰਤੀਨਿਧੀ ਜਨਰਲ ਬਾਡੀ ਮੀਟਿੰਗ ਵਿੱਚ ਸ਼ਾਮਲ ਹੋ ਸਕਦਾ ਹੈ। ਜੇਕਰ 08-09-2026 ਨੂੰ ਕੋਈ ਸਰਕਾਰੀ ਛੁੱਟੀ ਹੋ ਜਾਂਦੀ ਹੈ ਤਾਂ ਆਮ ਅਜਲਾਸ ਅਗਲੇ ਦਿਨ ਮਿੱਥੇ ਸਮੇਂ ਅਤੇ ਸਥਾਨ ਤੇ ਹੋਵੇਗਾ। ਸਾਰੇ ਯੋਗ ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜਨਰਲ ਬਾਡੀ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨ ਜੀ।

ਮਿਤੀ - 20-08-2026    ਚੇਅਰਮੈਨ

### ਬਾ ਅਦਾਲਤ ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਬਲਜੀਤ ਸਿੰਘ ਬਨਾਮ ਜਗਦੀਸ਼ ਸਿੰਘ

ਖੇਵਟ ਨੰਬਰ 372,179,416,334,331,410,332, ਜਮ੍ਹਾਂਬੰਦੀ ਸਾਲ 2023-2024 ਵਾਕਿਆ ਰਕਬਾ ਪਿੰਡ ਰਣਸੀਂਹ ਖੁਰਦ ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 26-8-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਹਨਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ. ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

1) ਜਗਦੀਸ਼ ਸਿੰਘ ਪੁੱਤਰ ਹਰਨੇਕ ਸਿੰਘ ਪੁੱਤਰ ਲਾਲ ਸਿੰਘ (2) ਬਲਦੇਵ ਸਿੰਘ (3) ਗੁਰਮੇਲ ਸਿੰਘ ਪੁੱਤਰਾਨ ਅਮਰ ਸਿੰਘ ਪੁੱਤਰ ਮਿੱਤ ਸਿੰਘ (4) ਗੁਰਜੰਟ ਸਿੰਘ (5) ਜਗਜੀਤ ਸਿੰਘ ਪੁੱਤਰਾਨ ਗੱਜਣ ਸਿੰਘ ਪੁੱਤਰ ਕੇਹਰ ਸਿੰਘ (6) ਦਵਿੰਦਰਪਾਲ ਸਿੰਘ (7) ਮਨਜਿੰਦਰ ਸਿੰਘ ਪੁੱਤਰਾਨ (8) ਸਵਰਨਜੀਤ ਕੌਰ ਵਿਧਵਾ ਲਾਲ ਸਿੰਘ ਪੁੱਤਰ ਮੁਖਤਿਆਰ ਸਿੰਘ (9) ਜੰਗ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਰੂੜ ਸਿੰਘ (10) ਗੁਰਪਿੰਦਰ ਸਿੰਘ (11) ਹਰਜਿੰਦਰ ਸਿੰਘ ਪੁੱਤਰਾਨ ਨਾਇਬ ਸਿੰਘ ਪੁੱਤਰ ਮੁਖਤਿਆਰ ਸਿੰਘ (12) ਜਗਮੋਹਨ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਕੇਹਰ ਸਿੰਘ (13) ਗੁਰਬਾਜ ਸਿੰਘ (14) ਗੁਰਮੀਤ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਦਲੀਪ ਸਿੰਘ (15) ਮੇਜਰ ਸਿੰਘ ਪੁੱਤਰ ਕੇਹਰ ਸਿੰਘ ਪੁੱਤਰ ਈਸ਼ਰ ਸਿੰਘ (16) ਸੁਰਜੀਤ ਕੌਰ ਵਿਧਵਾ ਸਰਦਾਰਾ ਸਿੰਘ ਪੁੱਤਰ ਮੋਹਨ ਸਿੰਘ (17) ਬਲਦੇਵ ਕੌਰ ਪਤਨੀ ਬੱਸਣ ਸਿੰਘ ਪੁੱਤਰ ਗੁਰਦਿਆਲ ਸਿੰਘ (18) ਕੁਲਜਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਪੁੱਤਰ ਮੁਖਤਿਆਰ ਸਿੰਘ (19) ਸੁੱਚਾ ਸਿੰਘ ਪੁੱਤਰ ਉਜਾਗਰ ਸਿੰਘ ਪੁੱਤਰ ਚੰਨਣ ਸਿੰਘ (20) ਮਹਿੰਦਰ ਸਿੰਘ (21) ਬਚਨ ਸਿੰਘ ਪੁੱਤਰਾਨ ਚੰਨਣ ਸਿੰਘ ਪੁੱਤਰ ਮਹਾ ਕੌਰ (22) ਭੁਪਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਖੁਸ਼ਹਾਲ ਸਿੰਘ (23) ਗੁਰਨਾਮ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਬੂੜ ਸਿੰਘ (24) ਕੁਲਦੀਪ ਕੌਰ ਪਤਨੀ ਰੇਸ਼ਮ ਸਿੰਘ ਪੁੱਤਰ ਮਲਕੀਤ ਸਿੰਘ (25) ਗੁਰਯੋਧ ਸਿੰਘ ਪੁੱਤਰ ਮੰਦਰ ਸਿੰਘ ਉਰਫ ਸੁਖਮੰਦਰ ਸਿੰਘ ਪੁੱਤਰ ਮਲਕੀਤ ਸਿੰਘ (26) ਮੰਦਰ ਸਿੰਘ ਉਰਫ ਸੁਖਮੰਦਰ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਬੂੜ ਸਿੰਘ (27) ਹਰਪ੍ਰੀਤ ਸਿੰਘ ਪੁੱਤਰ ਬੱਸਣ ਸਿੰਘ ਪੁੱਤਰ ਗੁਰਦਿਆਲ ਸਿੰਘ (28) ਗੁਰਮੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸਰਦਾਰਾ ਸਿੰਘ (29) ਅਮਰਜੀਤ ਕੌਰ ਵਿਧਵਾ (30) ਕਰਮਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਮੁਤਬੰਨਾ ਪੁੱਤਰ ਕਰਤਾਰ ਸਿੰਘ (31) ਜਰਨੈਲ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਗੁਰਦਿਆਲ ਸਿੰਘ (32) ਪਾਲ ਸਿੰਘ ਪੁੱਤਰ ਦਲੀਪ ਸਿੰਘ ਪੁੱਤਰ ਬਖਸ਼ੀਸ਼ ਸਿੰਘ (33) ਗੁਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸਰਦਾਰਾ ਸਿੰਘ (34) ਗੁਰਮੀਤ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਦਲੀਪ ਸਿੰਘ (35) ਗੁਰਮੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਸਰਦਾਰਾ ਸਿੰਘ (36) ਜਗਮੋਹਨ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਕੇਹਰ ਸਿੰਘ (37) ਕਰਨੈਲ ਸਿੰਘ (38) ਕਰਨੈਲ ਸਿੰਘ (39) ਪਾਲ ਸਿੰਘ (40) ਅਮਰ ਕੌਰ (41) ਮੁਖਤਿਆਰ ਕੌਰ ਪੁੱਤਰੀਆਂ ਬਖਸੀਸ਼ ਸਿੰਘ (32) ਭਗਵਾਨ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਰੂੜ ਸਿੰਘ (42) ਜਗਦੇਵ ਸਿੰਘ (43) ਸੁਖਦੇਵ ਸਿੰਘ (44) ਹਰਜਿੰਦਰ ਸਿੰਘ ਪੁੱਤਰਾਨ ਰੂਪ ਸਿੰਘ ਪੁੱਤਰ ਬਚਿੰਤ ਸਿੰਘ (45) ਜੰਗ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਰੂੜ ਸਿੰਘ (46) ਹਰਜਿੰਦਰ ਸਿੰਘ (47) ਗੁਰਪਿੰਦਰ ਸਿੰਘ ਪੁੱਤਰਾਨ ਨਾਇਬ ਸਿੰਘ ਪੁੱਤਰ ਮੁਖਤਿਆਰ ਸਿੰਘ (48) ਦਵਿੰਦਰਪਾਲ ਸਿੰਘ (49) ਮਨਜਿੰਦਰ ਸਿੰਘ ਪੁੱਤਰਾਨ (50) ਸਵਰਨਜੀਤ ਕੌਰ ਵਿਧਵਾ ਲਾਲ ਸਿੰਘ ਪੁੱਤਰ ਮੁਖਤਿਆਰ ਸਿੰਘ (51) ਜਗਰਾਜ ਸਿੰਘ (52) ਜਗਜੀਤ ਸਿੰਘ ਪੁੱਤਰਾਨ ਕਰਤਾਰ ਸਿੰਘ ਪੁੱਤਰ ਜਗਤ ਸਿੰਘ (53) ਰਣਜੀਤ ਸਿੰਘ ਪੁੱਤਰ ਮਸਹੂਰ ਸਿੰਘ ਪੁੱਤਰ ਬਦਨ ਸਿੰਘ (53) ਗੁਰਦਿਆਲ ਸਿੰਘ ਪੁੱਤਰ ਬਦਨ ਸਿੰਘ ਪੁੱਤਰ ਰਤਨ ਸਿੰਘ (54) ਸ਼ੁਭਕਰਨ ਸਿੰਘ (55) ਰਵਿੰਦਰ ਸਿੰਘ (56) ਸਵਿੰਦਰ ਸਿੰਘ (57) ਸਵਰਨ ਸਿੰਘ ਪੁੱਤਰਾਨ ਅਮਰ ਸਿੰਘ ਪੁੱਤਰ ਬਦਨ ਸਿੰਘ (58) ਗੁਰਦੇਵ ਸਿੰਘ (59) ਅਮਰ ਸਿੰਘ ਪੁੱਤਰਾਨ ਮੋਹਨ ਸਿੰਘ ਪੁੱਤਰ ਮੰਗਲ ਸਿੰਘ ਵਾਸੀਆਨ ਪਿੰਡ ਰਣਸੀਂਹ ਖੁਰਦ ਤਹਿ. ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਿਹਾਲ ਸਿੰਘ ਵਾਲਾ (ਮੋਗਾ )

### ਬਾ ਅਦਾਲਤ ਸ੍ਰੀ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨੌਸ਼ਹਿਰਾ ਪੰਨੂਆਂ, ਤਰਨ ਤਾਰਨ

ਜਰਨੈਲ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨੱਥਾ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਨੌਸ਼ਹਿਰਾ ਪੰਨੂਆਂ, ਜ਼ਿਲ੍ਹਾ ਤਰਨ ਤਾਰਨ, ਮੋਬਾਈਲ ਨੰਬਰ 84274-99489. ਸਾਇਲ

ਬਨਾਮ

1. ਸੁਖਵਿੰਦਰ ਸਿੰਘ ਪੁੱਤਰ ਸਲਵੰਤ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 2. 2- ਮੱਖਣ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਮ੍ਰਿਤਕ ਰਾਹੀਂ ਵਾਰਿਸ : (1) ਚਰਨਜੀਤ ਸਿੰਘ ਪੁੱਤਰ ਮੱਖਣ ਸਿੰਘ ਪੁੱਤਰ ਕੁੰਦਨ ਸਿੰਘ , 3. 3 ਕਸ਼ਮੀਰ ਕੌਰ ਵਿਧਵਾ ਨਛੱਤਰ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 4. ਜਗਰੂਪ ਸਿੰਘ ਪੁੱਤਰ ਜਸਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 5. ਸੁਖਬੀਰ ਸਿੰਘ ਪੁੱਤਰ ਜਸਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 6. ਬਲਜੀਤ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 7. ਸਵਰਨ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 8. ਕਾਬਲ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 9. ਬਲਕਾਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ

ਮ੍ਰਿਤਕ ਰਾਹੀਂ : (1) ਪਰਮਜੀਤ ਸਿੰਘ ਪੁੱਤਰ ਬਲਕਾਰ ਸਿੰਘ ਪੁੱਤਰ ਜਗੀਰ ਸਿੰਘ, 10. 10 ਮੁਖਤਾਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 11. ਬੁੱਧ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 12.12.ਦਿਲਬਾਗ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 13. 13. ਗੁਲਜਾਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 14. ਲਖਬੀਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 15. 15.ਦਰਸ਼ਨ ਸਿੰਘ ਪੁੱਤਰ ਜਿੰਦ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 16.16. ਬਲਵਿੰਦਰ ਸਿੰਘ ਪੁੱਤਰ ਚੈਂਚਲ ਸਿੰਘ ਪੁੱਤਰ ਜਿੰਦਰ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 17. ਦਿਲਬਾਗ ਸਿੰਘ ਪੁੱਤਰ ਚੈਂਚਲ ਸਿੰਘ ਪੁੱਤਰ ਜਿੰਦਰ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 18. ਬਲਬੀਰ ਸਿੰਘ ਪੁੱਤਰ ਜਿੰਦ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 19. 19. ਗੁਰਭੇਜ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਜਿੰਦ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 20. ਗੁਰਲਾਲ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਜਿੰਦ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 21.21. ਰਣਜੀਤ ਸਿੰਘ ਪੁੱਤਰ ਨਛੱਤਰ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 22.22. ਗੁਰਵਿੰਦਰ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਚੈਂਚਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 23. ਬਲਦੇਵ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 24. 24. ਮੋਤਾ ਸਿੰਘ ਪੁੱਤਰ ਪਾਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 25. 25 ਸੁਖਚੈਨ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਜੱਲੇਵਾਲਾ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 26. 26. ਜਸਬੀਰ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਜੱਲੇਵਾਲਾ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 27. ਕੁਲਵਿੰਦਰ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਜੱਲੇਵਾਲਾ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 28. 28. ਮਨਦੀਪ ਸਿੰਘ ਪੁੱਤਰ ਰਘਬੀਰ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 29. ਉਂਕਾਰ ਸਿੰਘ ਪੁੱਤਰ ਰਘਬੀਰ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 30. 30. ਵੀਰ ਕੌਰ ਮਾਤਾ ਸੁਖਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 31. 31. ਹਰਦੀਪ ਕੌਰ ਵਿਧਵਾ ਗੁਰਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 32. ਰਮਨਦੀਪ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 33. 33. ਲਵਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 34. 34. ਜਸਵਿੰਦਰ ਸਿੰਘ ਪੁੱਤਰ ਸਰਮੁੱਖ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 35. 35. ਗੁਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 36. 36. ਬਚਨੋ ਪੁੱਤਰੀ ਗੱਜਣ ਸਿੰਘ ਪੁੱਤਰ ਬਿਸ਼ਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 37.37. ਮਹਿੰਦਰ ਕੌਰ ਵਿਧਵਾ ਹਰਭਜਨ ਸਿੰਘ ਪੁੱਤਰ ਅਰਜਨ ਸਿੰਘ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 38. ਲੱਖਾ ਸਿੰਘ ਪੁੱਤਰ ਪਾਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 39. 39 ਸਕੱਤਰ ਸਿੰਘ ਪੁੱਤਰ ਗੁਰਮੁੱਖ ਸਿੰਘ ਪੁੱਤਰ ਲੱਛਮਣ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 40. 40. ਇੰਦਰਪ੍ਰਤਾਪ ਸਿੰਘ ਪੁੱਤਰ ਬਲਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 41.41. ਕਰਨੈਲ ਸਿੰਘ ਪੁੱਤਰ ਕੁੰਦਨ ਸਿੰਘ ਪੁੱਤਰ ਫਤਿਹ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 42.42. ਬਲਜਿੰਦਰ ਕੌਰ ਪਤਨੀ ਸੀਤਲ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ

43. ਪਲਵਿੰਦਰ ਕੌਰ ਪੁੱਤਰੀ ਕਰਨੈਲ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 44.44. ਜਗਬੀਰ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 45. ਸੰਦੀਪ ਕੌਰ ਵਿਧਵਾ ਸੁਰਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 46.46. ਕਰਨਬੀਰ ਕੌਰ ਪੁੱਤਰੀ ਸੁਰਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 47. ਗੁਰਬਿੰਦਰ ਸਿੰਘ ਪੁੱਤਰ ਸਰਮੁੱਖ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 48. ਲਖਵਿੰਦਰ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 49.49. ਪੂਰੋ ਪੁੱਤਰੀ ਗਜਣ ਸਿੰਘ ਪੁੱਤਰ ਬਿਸ਼ਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 50. 50. ਸੁਰਜੀਤ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 51.51. ਜਲਵਿੰਦਰ ਸਿੰਘ ਪੁੱਤਰ ਸਰਮੁਖ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 52. 52. ਸ਼ਮਸ਼ੇਰ ਸਿੰਘ ਪੁੱਤਰ ਦਲੀਪ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 53. 53. ਗੁਰਪਾਲ ਸਿੰਘ ਪੁੱਤਰ ਦਲੀਪ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 54. ਦਲੀਪ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨੱਥਾ ਸਿੰਘ ਵਾਸੀ ਪਿੰਡ ਸਰਹਾਲੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 55. 55. ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਸਰਹਾਲੀ ਕਲਾਂ 56. 56. ਮੈਨੇਜਰ ਦੀ ਚੋਹਲਾ ਸਾਹਿਬ ਪ੍ਰਾਇਮਰੀ ਕੋਆਪਰੇਟਿਵ ਐਗਰੀਕਲਚਰਲ ਡਿਵੈੱਲਪਮੈਂਟ ਚੋਹਲਾ ਸਾਹਿਬ 57.57. ਮੈਨੇਜਰ ਪੰਜਾਬ ਨੈਸ਼ਨਲ ਬੈਂਕ ਬਰਾਂਚ ਨੌਸ਼ਹਿਰਾ ਪੰਨੂਆ ਜ਼ਿਲ੍ਹਾ ਤਰਨ ਤਾਰਨ। ਉੱਤਰਵਾਦੀਆਨ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਆਫ ਦਾ ਪੰਜਾਬ ਲੈਂਡ ਰੈਵੇਨਿਊ ਐਕਟ 1887

ਖੇਵਟ ਖਤੌਨੀ ਨੰਬਰ: 457/1167/7 ਤੋਂ 1167/14/1 ਤੱਕ ਖਸਰਾ ਨੰਬਰ 83//14/3(1-5)83//16 (8-0)83//17/1(7-14)83//24/3(6-16)83//25/1(7-10)118//3(8-0)118//4(8-0)118//5/1(2- 0)118//9/1(0-4)119//4(8-0)119//7/2/2(4-0)119//8/1(4-0)1//22/2/1 (0-18)1//22/2/2 (0-3)1//23(6-13)8//9 ਮਿਨ(8-0)8//11/1(2-14)8//3(8-0)83//19/2(1-0)84//16/2(5- 0)84//17/1(3-16)84//25/1(3-14)8//8(8-0)119//7/1(2-0)119//7/2/1(2-0)83//20(7- 0)8//2/2(1-8) ਕਿੱਤੇ 27 ਰਕਬਾ 125 ਕਨਾਲ ਮਰਲੇ ਵਾਕਿਆ ਰਕਬਾ ਸਰਹਾਲੀ ਕਲਾਂ (ੲ) ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਮੁਤਾਬਕ ਜਮ੍ਹਾਂਬੰਦੀ ਸਾਲ 2022-2023 ਹਦਬਸਤ ਨੰਬਰ 303

ਉਕਤ ਮੁਕੱਦਮੇ ਵਿੱਚ ਇਸ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਨੋਟਿਸ ਰਾਹੀਂ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਉਕਤ ਤਕਸੀਮ ਕੇਸ ਦਾ ਫੈਸਲਾ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਇਸ ਇਸ਼ਤਿਹਾਰ ਦੇ ਛਪਣ ਤੋਂ ਪੰਦਰਾਂ ਦਿਨ ਦੇ ਅੰਦਰ-ਅੰਦਰ ਕਿਸੇ ਕੰਮ ਵਾਲੇ ਦਿਨ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 19/8/2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰ: 596 ਮਿਤੀ : 19/8/2026    ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, ਨੌਸ਼ਹਿਰਾ ਪੰਨੂਆਂ

# ਰਾਜਾ ਵੜਿੰਗ ਨਾਲ ਐਡਵੋਕੇਟ ਨਰਵਾਲ ਨੇ ਕੀਤੀ ਅਹਿਮ ਮੁਲਾਕਾਤ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਟਾਂਡੇ ਤੋਂ ਨੌਜਵਾਨ ਯੂਥ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ, ਸਾਬਕਾ ਸਰਪੰਚ ਐਡਵੋਕੇਟ ਦਮਨਦੀਪ ਸਿੰਘ (ਬਿੱਲਾ ਨਰਵਾਲ) ਨੇ ਸਾਥੀਆਂ ਸਮੇਤ ਵਿਸ਼ੇਸ਼ ਮੁਲਾਕਾਤ ਕਰਦੇ ਪਾਰਟੀ ਦੀ ਬਿਹਤਰੀ ਦੇ ਨਾਲ-ਨਾਲ ਹਲਕਾ ਟਾਂਡਾ ਉੜਮੁੜ ਨਾਲ ਸੰਬੰਧਤ ਵੱਖ-ਵੱਖ ਅਹਿਮ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਸਰਪੰਚ ਬਿੱਲਾ ਦਰੀਆ ਨੇ ਹਲਕੇ ਦੇ ਮੌਜੂਦਾ ਸਿਆਸੀ ਹਾਲਾਤ, ਲੋਕਾਂ ਨਾਲ ਜੁੜੀਆਂ ਸਮੱਸਿਆਵਾਂ, ਹਲਕੇ ਦੇ ਵਿਕਾਸ ਅਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਸੰਬੰਧੀ ਵਿਚਾਰ ਸਾਂਝੇ ਕੀਤੇ। ਵਿਸ਼ੇਸ਼ ਮੁਲਾਕਾਤ ਦੇ ਦੌਰਾਨ ਐਡਵੋਕੇਟ ਨਰਵਾਲ ਨੇ ਕਿਹਾ ਕਿ ਹਲਕਾ ਟਾਂਡਾ ਉੜਮੁੜ ਦੇ ਲੋਕਾਂ ਨਾਲ ਜੁੜੇ ਮੁੱਦੇ ਹਮੇਸ਼ਾ ਉਨ੍ਹਾਂ ਦੀ ਪਹਿਲ ਰਹੇ ਹਨ ਅਤੇ ਉਹ ਲੋਕਾਂ ਦੀ ਆਵਾਜ਼ ਨੂੰ ਪਾਰਟੀ ਦੇ ਮੰਚ ਤੱਕ ਮਜ਼ਬੂਤੀ ਨਾਲ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਹੇਠ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ, ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਅਤੇ ਲੋਕ-ਹਿੱਤ ਦੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹਲਕਾ ਟਾਂਡਾ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਸੱਤਾਧਾਰੀ ਪਾਰਟੀ ਦੇ ਕਾਰਜਕਾਲ ਦੌਰਾਨ ਅੱਜ ਸੂਬਾ ਪੰਜਾਬ ਬੁਰੀ ਤਰ੍ਹਾਂ ਪਛੜਿਆ ਹੋਇਆ ਹੈ। ਇਸ ਮੌਕੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸਰਪੰਚ ਬਿੱਲਾ ਦਰਬਾਰ ਵੱਲੋਂ ਪਾਰਟੀ ਦੀ ਬੇਹਤਰੀ ਵਾਸਤੇ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਦੇ ਨਾਲ ਜੋੜਨ ਲਈ ਕਿਹਾ।

# ਮਨਿਸਟੀਰੀਅਲ ਕਾਮੇ 27 ਦੇ ਪੰਜਾਬ ਮਹਾਂਬੰਦ ਦੌਰਾਨ ਸਮੂਹਿਕ ਛੁੱਟੀ ਲੈ ਕੇ ਦਫਤਰ ਬੰਦ ਕਰਨਗੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੀ ਸੂਬਾ ਪੱਧਰੀ ਆਨ ਲਾਈਨ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਅਤੇ ਸੂਬਾ ਜਨਰਲ ਸਕੱਤਰ ਤਰਸੇਮ ਸਿੰਘ ਭੱਠਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਹਾਜ਼ਰ ਸੂਬਾ ਲੀਡਰਸ਼ਿਪ ਵਿਭਾਗੀ ਜਥੇਬੰਦੀਆਂ ਦੇ ਪ੍ਰਧਾਨ ਤੇ ਜਨਰਲ ਸਕੱਤਰ ਤੋਂ ਇਲਾਵਾ ਜਿਲਿਆਂ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਹਾਜ਼ਰ ਹੋਏ।ਇਸ ਮੀਟਿੰਗ ਵਿੱਚ ਮਿਤੀ 17 ਅਗਸਤ ਤੋਂ ਸ਼ੁਰੂ ਕੀਤੀ ਗਈ ਕਲਮ ਛੋੜ ਹੜਤਾਲ ਅਤੇ ਕੰਪਿਊਟਰ ਬੰਦ ਹੜਤਾਲ ਨੂੰ ਰਿਵਿਊ ਕੀਤਾ ਗਿਆ ਅਤੇ ਅਗਲੀ ਵਿਉਂਤਬੰਦੀ ਲਈ ਵਿਚਾਰ ਲਏ ਗਏ।ਸਮੁੱਚੀ ਲੀਡਰਸ਼ਿਪ ਵੱਲੋਂ ਇਸ ਕਲਮ ਛੋੜ ਹੜਤਾਲ ਅਤੇ ਕੰਪਿਊਟਰ ਬੰਦ ਹੜਤਾਲ ਨੂੰ 26 ਅਗਸਤ ਤੱਕ ਵਧਾਉਣ ਅਤੇ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਦਫਤਰਾਂ ਨੂੰ ਕੁੰਡੇ ਲਾਉਣ ਦਾ ਸੁਝਾ ਦਿੱਤਾ। ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਕਰੋਚ ਪਾਰਟੀ ਦੇ ਸੌਰਭ ਦਾਸ ਵੱਲੋਂ ਡੀ ਏ ਸਬੰਧੀ ਦਿੱਤੇ ਗਏ ਫੈਸਲੇ ਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਕਾਰਜ ਪ੍ਰਣਾਲੀ ਤੇ ਜੋ ਉਸ ਵੱਲੋਂ ਸਵਾਲ ਉਠਾਏ ਗਏ ਹਨ ਅਤੇ ਉਸ ਨੂੰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਵੱਲੋਂ ਟੈਗ ਕੀਤਾ ਗਿਆ ਹੈ। ਅਸੀਂ ਇਸ ਦੀ ਪੁਰਜ਼ੋਰ ਸ਼ਬਦਾਂ ਨਾਲ ਨਿੰਦਾ ਕਰਦੇ ਹਾਂ। ਇਸ ਸਬੰਧੀ ਪ੍ਰੈਸ ਨੋਟ ਰਾਹੀਂ ਗੁਰਪ੍ਰੀਤ ਸਿੰਘ ਖਟੜਾ ਸੂਬਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਹੜਤਾਲ ਦੌਰਾਨ 24 ਅਗਸਤ ਨੂੰ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਵੱਖ-ਵੱਖ ਵਿਭਾਗਾਂ ਵਿੱਚ ਜਾ ਕੇ 27 ਅਗਸਤ ਦੇ 'ਪੰਜਾਬ ਮਹਾਂਬੰਦ' ਦੇ ਐਕਸ਼ਨ ਨੂੰ ਕਾਮਯਾਬ ਕਰਨ ਲਈ ਸਾਥੀਆਂ ਨੂੰ ਮੋਟੀਵੇਟ ਕੀਤਾ ਜਾਵੇਗਾ। ਮਿਤੀ 26 ਅਗਸਤ ਨੂੰ ਕਲਮ ਛੋੜ ਹੜਤਾਲ ਕਰਕੇ ਦਫਤਰਾਂ ਦੇ ਕੰਮ ਦਾ ਬਾਈਕਾਟ ਕੀਤਾ ਜਾਵੇਗਾ ਅਤੇ ਆਪਣੀਆਂ ਆਪਣੀਆਂ ਸੀਟਾਂ ਛੱਡ ਕੇ ਧਰਨੇ ਪ੍ਰਦਰਸ਼ਨ ਕੀਤੇ ਜਾਣਗੇ। 27 ਅਗਸਤ ਨੂੰ ਸਮੁੱਚੇ ਪੰਜਾਬ ਦੇ ਸਰਕਾਰੀ/ਅਰਧ ਸਰਕਾਰੀ ਦਫਤਰਾਂ ਵਿੱਚ ਕੰਮ ਕਰਦੇ ਦਫਤਰੀ ਕਾਮੇ ਅਤੇ ਇਹਨਾਂ ਨਾਲ ਜੁੜੇ ਭਰਾਤਰੀ ਜਥੇਬੰਦੀਆਂ ਦੇ ਕਾਮੇ ਸਮੂਹਿਕ ਛੁੱਟੀ ਲੈ ਕੇ ਦਫਤਰਾਂ ਨੂੰ ਕੁੰਡੇ ਲਾ ਕੇ ਬੰਦ ਰੱਖਣਗੇ।

# ਡਾ ਲਖਵਿੰਦਰ ਕੌਰ ਵਿਰਕ ਦੀ ਕਹਾਣੀ 'ਸਕੂਨ' 'ਤੇ ਵਿਚਾਰ-ਚਰਚਾ



**ਚੰਡੀਗੜ੍ਹ (ਸੁਰਜੀਤ ਸੁਮਨ)**-ਕਹਾਣੀ ਸੰਗਤ ਚੰਡੀਗੜ੍ਹ ਵੱਲੋਂ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਕਰਵਾਏ ਪ੍ਰੋਗਰਾਮ ਵਿੱਚ ਜੰਗ ਬਹਾਦਰ ਗੋਇਲ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਪ੍ਰਧਾਨਗੀ ਅਕਾਦਮੀ ਦੇ ਸਕੱਤਰ ਸੁਭਾਸ਼ ਭਾਸਕਰ ਨੇ ਕੀਤੀ।ਇਸ ਪ੍ਰੋਗਰਾਮ ਵਿੱਚ ਡਾ. ਲਖਵਿੰਦਰ ਕੌਰ ਵਿਰਕ ਨੇ ਆਪਣੀ ਨਵੀਂ ਕਹਾਣੀ 'ਸਕੂਨ' ਪੜ੍ਹੀ, ਜਿਸ ਉਪਰ ਖੁੱਲ੍ਹ ਕੇ ਚਰਚਾ ਹੋਈ। ਕਹਾਣੀ ਸੰਗਤ ਦੀ ਚੇਅਰਪਰਸਨ ਦੀਪਤੀ ਬਬੂਟਾ ਨੇ ਕਹਾਣੀ ਬਾਰੇ ਗੱਲ ਕਰਦਿਆਂ ਲੇਖਿਕਾ ਨੂੰ ਵਧਾਈ ਦਿੱਤੀ। ਉਹਨਾਂ ਲੇਖਿਕਾ ਨੂੰ ਸੁਝਾਅ ਵੀ ਦਿੱਤਾ ਕਿ ਨਾਇਕ ਦੀ ਪਾਤਰ ਉਸਾਰੀ ਥੋੜ੍ਹਾ ਹੋਰ ਵਿਸਥਾਰ ਦੀ ਮੰਗ ਕਰਦੀ ਹੈ।

ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਕਹਾਣੀ ਵਿੱਚ ਮਾਂ ਦਾ ਪਾਤਰ ਪ੍ਰਕਿਰਤੀ ਦੇ ਰੂਪ ਵਰਗਾ ਦਿਖਾਇਆ ਗਿਆ ਹੈ, ਜੋ ਵਧੀਆ ਗੱਲ ਹੈ। ਲੇਖਿਕਾ ਨੂੰ ਕਹਾਣੀ ਦੇ ਨਾਮ ਬਾਰੇ ਵਿਚਾਰ ਕਰਨ ਦੀ ਲੋੜ ਹੈ। ਡਾ ਅਵਤਾਰ ਸਿੰਘ ਪਤੰਗ ਨੇ ਕਿਹਾ ਕਿ ਕਹਾਣੀ ਦੀ ਬਣਤਰ ਅਤੇ ਬੁਣਤਰ ਵੱਲ ਥੋੜ੍ਹਾ ਹੋਰ ਧਿਆਨ ਦੇਣ ਨਾਲ ਕਹਾਣੀ ਹੋਰ ਵੀ ਵਧੀਆ ਬਣ ਸਕਦੀ ਹੈ। ਪ੍ਰਿੰ. ਸਤਨਾਮ ਸਿੰਘ ਨੇ ਕਿਹਾ ਸਾਰੇ ਪਾਤਰ ਬਰਾਬਰ ਖੜ੍ਹੇ ਹਨ, ਕੋਈ ਇੱਕ ਪਾਤਰ ਨੂੰ ਕਹਾਣੀ ਦਾ ਪ੍ਰਮੁੱਖ ਧੁਰਾ ਬਣਾਉਣ ਵੱਲ ਧਿਆਨ ਦੇਣ ਦੀ ਲੋੜ ਹੈ। ਸਰੂਪ ਸਿਆਲਵੀ ਨੇ ਮਾਂ ਪਾਤਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਰਿਸ਼ਤਿਆਂ ਨੂੰ ਅਖੀਰ ਤੱਕ ਜੋੜ ਕੇ ਰੱਖਦੀ ਹੈ। ਸੰਤਵੀਰ ਨੇ ਕਿਹਾ ਸਮੇਂ ਦੇ ਬਦਲਣ ਨਾਲ ਰਿਸ਼ਤਿਆਂ ਵਿੱਚ ਵੀ ਬਹੁਤ ਬਦਲਾਅ ਆਇਆ ਹੈ। ਯਤਿੰਦਰ ਮਾਹਲ ਨੇ ਕਿਹਾ ਕਹਾਣੀ ਬਹੁਤ ਵਧੀਆ ਹੈ, ਕੁਝ ਪਾਤਰ ਹੋਰ ਵਿਸਥਾਰ ਦੀ ਮੰਗ ਕਰਦੇ ਹਨ। ਹਰਪ੍ਰੀਤ ਸਿੰਘ ਚੰਨੂੰ ਨੇ ਮਰਦ ਪਾਤਰ ਦੇ ਅੱਖੜ ਸੁਭਾਅ ਬਾਰੇ ਗੱਲ ਕੀਤੀ। ਜੰਗ ਬਹਾਦਰ ਗੋਇਲ ਨੇ ਕਈ ਅੰਗਰੇਜ਼ੀ ਲੇਖਕਾਂ ਦੀਆਂ ਰਚਨਾਵਾਂ ਦੇ ਹਵਾਲੇ ਨਾਲ ਗੱਲ ਕਰਦਿਆਂ ਰਚਨਾ ਵਿੱਚ ਸ਼ਬਦਾਂ ਦੀ ਮਹੱਤਤਾ ਬਾਰੇ ਗੱਲ ਕੀਤੀ ਤੇ ਲਖਵਿੰਦਰ ਵਿਰਕ ਨੂੰ ਸ਼ਾਬਾਸ਼ ਦਿੱਤੀ। ਸੁਭਾਸ਼ ਭਾਸਕਰ ਨੇ ਕਹਾਣੀ 'ਤੇ ਗੱਲ ਕਰਨ ਦੇ ਨਾਲ ਨਾਲ ਅਕਾਦਮੀ ਦੀਆਂ ਗਤੀਵਿਧੀਆਂ ਦੀ ਵੀ ਗੱਲ ਕੀਤੀ। ਨੌਜਵਾਨ ਸਕਾਲਰ ਦੀਪਕ ਨੇ ਪਾਤਰਾਂ ਦੇ ਨਿਭਾਅ ਅਤੇ ਸਿਰਲੇਖ ਬਾਰੇ ਵਿਚਾਰ ਪੇਸ਼ ਕੀਤੇ। ਇਸ ਵਿਚਾਰ ਚਰਚਾ ਵਿੱਚ ਪ੍ਰਤਾਪ ਪਾਰਸ, ਰਾਜੂ ਵੈਦ, ਅਵਤਾਰ ਨਾਗਲੀਆ, ਸੱਚਪ੍ਰੀਤ ਖੀਵਾ ਤੇ ਜੇ. ਐਸ. ਮਹਿਰਾ ਨੇ ਵੀ ਆਪਣੇ ਵਿਚਾਰ ਰੱਖੇ।

## 36,792 ਘਰਾਂ ਲਈ ਮਨਜ਼ੂਰ ਕੀਤੀ ਵਿੱਤੀ ਸਹਾਇਤਾ : ਸੌਂਦ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਰਿਹਾਇਸ਼ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਨਿਰੰਤਰ ਯਤਨ ਕਰ ਰਹੀ ਹੈ ਕਿ ਕੱਚੇ ਘਰਾਂ ਅਤੇ ਹੋਰ ਤੰਗੀਆਂ - ਤੁਰਸ਼ੀਆਂ ਵਿੱਚ ਰਹਿ ਰਹੇ ਪਰਿਵਾਰਾਂ ਨੂੰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਰਿਹਾਇਸ਼ੀ ਯੋਜਨਾਵਾਂ ਦਾ ਲਾਭ ਮਿਲੇ। ਸੌਂਦ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ ਤਹਿਤ ਉਨ੍ਹਾਂ ਦੀ ਸਰਕਾਰ ਨੇ ਸੂਬੇ ਵਿੱਚ ਮਿਸਾਲੀ ਵਿਕਾਸ ਕੀਤਾ ਹੈ। ਸਾਲ 2024-25 ਤੋਂ ਲੈ ਕੇ ਹੁਣ ਤੱਕ ਪੰਜਾਬ ਵਿੱਚ ਕੁੱਲ 36,792 ਘਰਾਂ ਨੂੰ ਸਿੱਧੀ ਵਿੱਤੀ ਸਹਾਇਤਾ ਦੀ ਮਨਜ਼ੂਰੀ ਦਿੱਤੀ ਗਈ ਹੈ। ਇਨ੍ਹਾਂ ਵਿੱਚੋਂ 17,000 ਘਰਾਂ ਦੀ ਉਸਾਰੀ 478.45 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਨਾਲ ਪੂਰੀ ਵੀ ਹੋ ਚੁੱਕੀ ਹੈ ਅਤੇ ਬਾਕੀ 19792 ਘਰਾਂ ਦੀ ਉਸਾਰੀ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ। ਮੰਤਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਦੇ ਬਹੁਤ ਪਰਵਾਰ ਢੁੱਕਵੀਆਂ ਰਿਹਾਇਸ਼ੀ ਸਹੂਲਤਾਂ ਤੋਂ ਵਾਂਝੇ ਹਨ ਅਤੇ ਇਹ ਅੰਕੜੇ ਅਜਿਹੇ ਪਰਿਵਾਰਾਂ ਨੂੰ ਪੱਕੇ ਘਰ ਪ੍ਰਦਾਨ ਕਰਨ ਦੀ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹਨ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸਿਰਫ਼ ਘਰ ਬਣਾਉਣਾ ਨਹੀਂ ਸਗੋਂ ਲਾਭਪਾਤਰੀਆਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਰਿਹਾਇਸ਼ੀ ਮਾਹੌਲ ਪ੍ਰਦਾਨ ਕਰਨਾ ਵੀ ਹੈ।ਸ੍ਰੀ ਸੌਂਦ ਨੇ ਅੱਗੇ ਦੱਸਿਆ ਕਿ ਨਿਯਮਤ ਰਿਹਾਇਸ਼ੀ ਸਹਾਇਤਾ ਤੋਂ ਇਲਾਵਾ ਪੰਜਾਬ ਵਿੱਚ ਹੜ੍ਹ ਪ੍ਰਭਾਵਿਤ ਪਰਿਵਾਰਾਂ ਲਈ 360 ਕਰੋੜ ਰੁਪਏ ਦਾ ਵਿਸ਼ੇਸ਼ ਪੈਕੇਜ ਵੀ ਮਨਜ਼ੂਰ ਕੀਤਾ ਗਿਆ ਹੈ। ਇਸ ਪੈਕੇਜ ਤਹਿਤ 30,000 ਨੁਕਸਾਨੇ ਗਏ ਘਰਾਂ ਦੀ ਮੁੜ -ਉਸਾਰੀ ਅਤੇ ਮੁਰੰਮਤ ਦਾ ਟੀਚਾ ਰੱਖਿਆ ਗਿਆ ਸੀ।

# ਢਾਡੀ ਦੀਦਾਰ ਸਿੰਘ ਰਟੈਂਡਾ ਦੀ ਰਚਨਾ ਬਾਰੇ ਕਿਤਾਬ 'ਪੀਰ ਮੁਰੀਦਾ ਪਿਰਹੜੀ' ਰਿਲੀਜ਼



**ਬੰਗਾ (ਅਵਤਾਰ ਕਲੇਰ)**-ਪ੍ਰਸਿੱਧ ਢਾਡੀ ਦੀਦਾਰ ਸਿੰਘ ਰਟੈਂਡਾ ਦੇ ਜੀਵਨ, ਰਚਨਾਵਾਂ ਅਤੇ ਢਾਡੀ ਪਰੰਪਰਾ ਨੂੰ ਸਮਰਪਿਤ 'ਪੀਰ ਮੁਰੀਦਾ ਪਿਰਹੜੀ' ਪਿੰਡ ਕਲੇਰਾਂ ਵਿਖੇ ਸਮਾਗਮ ਦੌਰਾਨ ਉਹਨਾਂ ਦੇ ਸ਼ਾਗਿਰਦ ਢਾਡੀ ਸਾਰੰਗੀ ਮਾਸਟਰ ਨਛੱਤਰ ਸਿੰਘ ਪਿੰਡ ਕਲੇਰਾਂ ਦੇ ਕਰ ਕਮਲਾਂ ਨਾਲ ਰਿਲੀਜ਼ ਕੀਤੀ । ਇਹ ਕਿਤਾਬ ਪੰਜਾਬੀ ਲੋਕ ਧਾਰਾ ਨਾਲ ਜੁੜੇ ਉੱਘੇ ਲੇਖਕ ਹਰਦਿਆਲ ਸਿੰਘ ਬੂਹੀ ਵੱਲੋਂ ਲਿਖੀ ਗਈ ਹੈ। ਕਿਤਾਬ ਵਿੱਚ ਢਾਡੀ ਦੀਦਾਰ ਸਿੰਘ ਰਟੈਂਡਾ ਦੇ ਜੀਵਨ, ਉਨ੍ਹਾਂ ਦੀਆਂ ਰਚਨਾਵਾਂ ਅਤੇ ਢਾਡੀ ਕਲਾ ਲਈ ਪਾਏ ਯੋਗਦਾਨ ਨੂੰ ਵਿਸਥਾਰ ਨਾਲ ਦਰਸਾਇਆ ਗਿਆ ਹੈ।ਇਸ ਦੇ ਨਾਲ ਉਨ੍ਹਾਂ ਦੇ ਸ਼ਾਗਿਰਦ ਢਾਡੀ ਸਾਰੰਗੀ ਮਾਸਟਰ ਨਛੱਤਰ ਸਿੰਘ ਦੇ ਜੀਵਨ ਅਤੇ ਕਲਾ-ਸਫ਼ਰ ਬਾਰੇ ਵੀ ਜਾਣਕਾਰੀ ਦਿੱਤੀ ਗਈ ਹੈ । ਹਰਦਿਆਲ ਸਿੰਘ ਬੂਹੀ ਨੇ ਦੱਸਿਆ ਕਿ ਕਿਤਾਬ ਵਿੱਚ ਪ੍ਰਸਿੱਧ ਢਾਡੀ ਦੀਦਾਰ ਸਿੰਘ ਰਟੈਂਡਾ ਅਤੇ ਸ਼ਾਗਿਰਦ ਢਾਡੀ ਨਛੱਤਰ ਸਿੰਘ ਦੇ ਜੀਵਨ ਅਤੇ ਉਹਨਾਂ ਵੱਲੋਂ ਕੀਤੀਆਂ ਢਾਡੀ ਪੇਸ਼ਕਾਰੀਆਂ ਦੀ ਮਹੱਤਵਪੂਰਨ ਜਾਣਕਾਰੀ ਇਕੱਤਰ ਕੀਤੀ ਗਈ ਹੈ । ਇਹ ਪੁਸਤਕ ਸ਼ਾਗਿਰਦ ਢਾਡੀ ਨਛੱਤਰ ਸਿੰਘ ਵੱਲੋਂ ਆਪਣੇ ਉਸਤਾਦ ਦੀ ਯਾਦ ਨੂੰ ਸਮਰਪਿਤ ਕੀਤੀ ਗਈ ਹੈ ਜਿਸ ਵਿਚ ਉਹਨਾਂ ਦੇ ਰਚੇ 8 ਧਾਰਮਿਕ ਪ੍ਰਸੰਗਾਂ ਤੋਂ ਇਲਾਵਾ ਉਨ੍ਹਾਂ ਦੀਆਂ ਸਮੁੱਚੀਆਂ ਰਿਕਾਰਡਿੰਗਾਂ ਸਬੰਧੀ ਵੇਰਵੇ ਵੀ ਸ਼ਾਮਲ ਕੀਤੇ ਗਏ ਹਨ । ਇਸ ਤੋਂ ਇਲਾਵਾ ਉਸ ਦੌਰ ਵਿੱਚ ਵਰਤੇ ਜਾਂਦੇ ਗ੍ਰਾਮੋਫੋਨ ਦੇ ਕਾਲੇ ਤਵਿਆਂ ਅਤੇ ਢਾਡੀ ਵਿਰਸੇ ਨਾਲ ਜੁੜੀ ਹੋਰ ਦੁਰਲੱਭ ਜਾਣਕਾਰੀ ਨੂੰ ਵੀ ਸੰਭਾਲਣ ਦਾ ਯਤਨ ਕੀਤਾ ਗਿਆ ਹੈ । ਇਸ ਮੌਕੇ ਸੁਲੱਖਣ ਸਿੰਘ ਗੋਸਲ ਸਰਪੰਚ ਰਟੈਂਡਾ ਨੇ ਕਿਹਾ ਕਿ 'ਪੀਰ ਮੁਰੀਦਾ ਪਿਰਹੜੀ' ਕਿਤਾਬ ਨਾ ਸਿਰਫ਼ ਢਾਡੀ ਦੀਦਾਰ ਸਿੰਘ ਰਟੈਂਡਾ ਅਤੇ ਉਹਨਾਂ ਦੇ ਸ਼ਾਗਿਰਦ ਦੀ ਢਾਡੀ ਸਾਰੰਗੀ ਮਾਸਟਰ ਨਛੱਤਰ ਸਿੰਘ ਪਿੰਡ ਕਲੇਰਾਂ ਦੇ ਜੀਵਨ ਅਤੇ ਉਹਨਾਂ ਦੀ ਢਾਡੀ ਕਲਾ ਨੂੰ ਪੇਸ਼ ਕਰਦੀ ਹੈ, ਸਗੋਂ ਪੰਜਾਬ ਦੀ ਪੁਰਾਤਨ ਢਾਡੀ ਪਰੰਪਰਾ, ਧਾਰਮਿਕ ਪ੍ਰਸੰਗਾਂ ਅਤੇ ਪੁਰਾਣੀਆਂ ਰਿਕਾਰਡਿੰਗਾਂ ਨਾਲ ਜੁੜੇ ਵਿਰਸੇ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦਾ ਵੀ ਮਹੱਤਵਪੂਰਨ ਯਤਨ ਹੈ । ਸਮਾਗਮ ਦੌਰਾਨ ਮੋਹਨ ਬੀਕਾ ਪ੍ਰਧਾਨ ਪੰਜਾਬੀ ਸਾਹਿਤ ਸਭਾ ਬੰਗਾ, ਲੇਖਕ ਦੀਪ ਕਲੇਰ ਅਤੇ ਮਾਸਟਰ ਜੋਗਾ ਸਿੰਘ ਦੁਸਾਂਝ ਚਾਹਲ ਕਲਾਂ ਨੇ ਇਸ ਢਾਡੀ ਕਲਾ ਦੀ ਇਸ ਨਿਵੇਕਲੀ ਪੁਸਤਕ ਦਾ ਸਵਾਗਤ ਕੀਤਾ ਅਤੇ ਇਸ ਨੂੰ ਪੰਜਾਬੀ ਢਾਡੀ ਵਿਰਸੇ ਦੀ ਸੰਭਾਲ ਵੱਲ ਇੱਕ ਅਹਿਮ ਕਦਮ ਦੱਸਿਆ। ਇਸ ਮੌਕੇ ਢਾਡੀ ਨਛੱਤਰ ਸਿੰਘ, ਗੁਰਜੰਟ ਸਿੰਘ ਬਿੰਦਰਾ, ਲੇਖਕ ਹਰਦਿਆਲ ਸਿੰਘ ਬੂਹੀ, ਮੋਹਨ ਬੀਕਾ ਪ੍ਰਧਾਨ, ਸਰਪੰਚ ਸੁਲੱਖਣ ਸਿੰਘ ਗੋਸਲ, ਦੀਪ ਕਲੇਰ, ਮਾਸਟਰ ਜੋਗਾ ਸਿੰਘ ਦੁਸਾਂਝ ਅਤੇ ਗੁਰਿੰਦਰ ਸਿੰਘ ਨਾਭਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਚੀਨੀ ਸਮੇਤ ਹੋਰ ਵਸਤਾਂ ਦੇ ਰੇਟਾਂ 'ਚ ਵਾਧੇ ਕਾਰਨ ਮਚੀ ਹਾਹਾਕਾਰ : ਰਾਣਾ

**ਪੋਜੇਵਾਲ (ਰਾਮ ਲਾਲ)**-ਕਾਰਪੋਰੇਟ ਪੂੰਜੀਵਾਦ ਦੇ ਵਿਕਾਸ ਦੇ ਮਾਡਲ ਜਿਸ ਨੂੰ ਕੇਂਦਰ ਸਰਕਾਰਾਂ ਤੇ ਸੂਬਾ ਸਰਕਾਰਾਂ ਲਾਗੂ ਕਰ ਰਹੀਆਂ ਹਨ, ਨੇ ਦੇਸ਼ ਦੀ ਅਰਥ ਵਿਵਸਥਾ ਦਾ ਭੱਠਾ ਬਿਠਾ ਦਿੱਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਪ੍ਰੈਸ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਮਹੀਨੇ ਦੌਰਾਨ ਚੀਨੀ 40 ਰੁਪਏ ਪ੍ਰਤੀ ਕਿਲੋ ਤੋਂ 72 ਰੁਪਏ ਪ੍ਰਤੀ ਕਿਲੋ ਨੂੰ ਟੱਪ ਗਈ ਹੈ, ਜਦਕਿ ਦਾਲਾਂ, ਤੇਲ, ਸਬਜ਼ੀਆਂ, ਮਸਾਲੇ, ਫੀਡ ਅਤੇ ਸੁੱਕੇ ਮੇਵਿਆਂ ਦੇ ਰੇਟਾਂ ਵਿੱਚ 15 ਪਰਸੈਂਟ ਤੋਂ 30 ਪਰਸੈਂਟ ਦਾ ਵਾਧਾ ਹੋ ਗਿਆ ਹੈ। ਇਸ ਤੇਜ਼ੀ ਨਾਲ ਵਧ ਰਹੀ ਮਹਿੰਗਾਈ ਕਾਰਨ ਆਮ ਲੋਕਾਂ ਵਿੱਚ ਹਾਹਾਕਾਰ ਮੱਚ ਗਈ ਹੈ।ਸਾਥੀ ਰਾਣਾ ਨੇ ਦੱਸਿਆ ਕਿ ਚੀਨੀ ਦੀ ਰੇਟਾਂ ਵਿੱਚ ਹੋ ਰਹੇ ਬੇਤਹਾਸ਼ਾ ਵਾਧੇ ਦਾ ਮੁੱਖ ਕਾਰਨ ਪੈਟਰੋਲ ਵਿੱਚ ਐਥਨੋਲ ਨੂੰ ਮਿਲਾਉਣਾ ਹੈ। ਚੀਨੀ ਅਤੇ ਹੋਰ ਖਾਣ ਪੀਣ ਦੀਆਂ ਵਸਤਾਂ ਦੇ ਰੇਟਾਂ ਵਿੱਚ ਹੋ ਰਹੇ ਵਾਧੇ ਦਾ ਦੂਜਾ ਕਾਰਨ ਬਹੁਕੌਮੀ ਕਾਰਪੋਰੇਸ਼ਨਾਂ ਵੱਲੋਂ ਜ਼ਖੀਰੇਬਾਜ਼ੀ ਹੈ ਜੋ ਅਕਸਰ ਸਰਕਾਰ ਨਾਲ ਮਿਲ ਕੇ ਹੀ ਕਰਦੇ ਹਨ। ਪਿਛਲੇ ਦਸ ਸਾਲਾਂ ਦੌਰਾਨ ਪਹਿਲੀ ਵਾਰ ਹੁਣ ਸਰਕਾਰ ਨੇ ਵਿਦੇਸ਼ਾਂ ਤੋਂ ਚੀਨੀ ਦੀ ਆਯਾਤ ਕਰਨ ਲਈ ਆਰਡਰ ਦਿੱਤਾ ਹੈ ਜਦ ਕਿ ਇਹ ਆਰਡਰ ਦੋ ਮਹੀਨੇ ਪਹਿਲਾਂ ਦੇਣਾ ਚਾਹੀਦਾ ਸੀ। ਹੁਣ ਇਹ ਚੀਨੀ ਦੇ ਰੇਟਾਂ ਵਿੱਚ ਹੋਰ ਵਾਧਾ ਹੋਣਾ ਜਾਵੇਗਾ ਕਿਉਂਕਿ ਆਯਾਤ ਕੀਤੀ ਚੀਨੀ 30 ਦਿਨ ਤੋਂ ਪਹਿਲਾਂ ਭਾਰਤ ਦੀਆਂ ਮੰਡੀਆਂ ਵਿੱਚ ਨਹੀਂ ਪੁੱਜ ਸਕਦੀ। ਸਾਥੀ ਰਾਣਾ ਨੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਤੋਂ ਮੰਗ ਕੀਤੀ ਹੈ ਕਿ ਚੀਨੀ ਅਤੇ ਹੋਰ ਖਾਣ ਪੀਣ ਦੀਆਂ ਵਸਤਾਂ ਦੀ ਬਲੈਕ ਕਰਨ ਵਾਲੇ ਵਪਾਰੀਆਂ ਤੇ ਤੁਰੰਤ ਨਕੇਲ ਕੱਸੀ ਜਾਵੇ। ਇਸ ਮੌਕੇ ਉਨ੍ਹਾਂ ਨਾਲ ਕਰਨੈਲ ਸਿੰਘ ਭੋਲਾ ਕਿਸਾਨ ਆਗੂ ਅਤੇ ਅਵਤਾਰ ਰਾਮ ਮਜ਼ਦੂਰ ਆਗੂ ਵੀ ਹਾਜ਼ਰ ਸਨ।

# ਐਨ ਆਰ ਆਈ ਮਿਲਣੀ ਭਲਕੇ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਪ੍ਰਵਾਸੀ ਪੰਜਾਬੀਆਂ ਦੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਵੱਖ-ਵੱਖ ਮੁੱਦਿਆਂ ਦੇ ਪ੍ਰਭਾਵਸ਼ਾਲੀ ਅਤੇ ਸਮੇਂ ਸਿਰ ਹੱਲ ਲਈ ਐਨ ਆਰ ਆਈ. ਮਿਲਣੀਆਂ ਦਾ ਸਿਲਸਿਲਾ ਜਾਰੀ ਰੱਖਦਿਆਂ 26 ਅਗਸਤ ਨੂੰ ਬਠਿੰਡਾ ਵਿਖੇ ਐਨ ਆਰ ਆਈ ਮਿਲਣੀ ਕਰਵਾਈ ਜਾ ਰਹੀ ਹੈ। ਪੰਜਾਬ ਦੇ ਐਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਿਲਣੀ ਮੌਕੇ ਪ੍ਰਵਾਸੀ ਪੰਜਾਬੀ ਆਪਣੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਸੁਝਾਅ ਸਿੱਧੇ ਤੌਰ 'ਤੇ ਸੂਬੇ ਦੇ ਸੀਨੀਅਰ ਸਿਵਲ ਅਤੇ ਪੁਲਸ ਅਧਿਕਾਰੀਆਂ ਸਾਹਮਣੇ ਰੱਖ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਪ੍ਰਵਾਸੀ ਪੰਜਾਬੀਆਂ ਨੂੰ ਦਰਪੇਸ਼ ਮਸਲਿਆਂ ਦੀ ਮੌਕੇ 'ਤੇ ਸੁਣਵਾਈ ਕਰਦਿਆਂ ਸਬੰਧਤ ਵਿਭਾਗਾਂ ਨਾਲ ਤਾਲਮੇਲ ਰਾਹੀਂ ਸਮਾਂ-ਬੱਧ ਹੱਲ ਯਕੀਨੀ ਬਣਾਉਣਾ ਹੈ। ਐਨ ਆਰ ਆਈ. ਮਿਲਣੀ ਦਾ ਵੇਰਵਾ ਦਿੰਦਿਆਂ ਐਨ ਆਰ ਆਈ ਮੰਤਰੀ ਨੇ ਦੱਸਿਆ ਕਿ ਇਹ ਮਿਲਣੀ 26 ਅਗਸਤ ਨੂੰ ਸਵੇਰੇ 11:00 ਵਜੇ, ਹੋਟਲ ਸੇਫਲ, ਜੀ.ਟੀ. ਰੋਡ, ਨੇੜੇ ਤਿੰਨਕੋਨੀ, ਬਠਿੰਡਾ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਐਨ.ਆਰ.ਆਈ. ਮਿਲਣੀ ਵਿੱਚ ਬਠਿੰਡਾ, ਮੋਗਾ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਅਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀ ਭਾਰਤੀ ਸ਼ਾਮਲ ਹੋ ਸਕਣਗੇ।

## 650ਵਾਂ ਪ੍ਰਕਾਸ਼ ਪੁਰਬ ਹਰਜੋਤ ਕੌਰ ਲੋਹਟੀਆ ਦੀ ਦੇਖ-ਰੇਖ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਫਿਲੌਰ (ਨਿਰਮਲ)**-ਆਮ ਆਦਮੀ ਪਾਰਟੀ ਦੇ ਸੰਗਠਨ ਇੰਚਾਰਜ ਡਾਕਟਰ ਵਰਿੰਦਰ ਸਿੰਘ ਸੈਣੀ, ਕਿਸਾਨ ਆਗੂ ਪਰਮਿੰਦਰ ਸਿੰਘ ਮਾਹਲ, ਸੀਨੀਅਰ ਆਗੂ ਅਤੇ ਸਮਾਜ ਸੇਵੀ ਮਨੀ ਧਾਲੀਵਾਲ ਮੀਡੀਆ ਕੋਆਰਡੀਨੇਟਰ ਹਲਕਾ ਫਿਲੌਰ ਮਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਫਿਲੌਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ ਦੀ ਦੇਖ ਰੇਖ ਹੇਠ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਹੈ। ਇਸ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ ।ਇਸ ਸਮਾਗਮ 'ਚ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਮੈਡਮ ਲੋਹਟੀਆ ਅਤੇ ਵਲੰਟੀਅਰਾਂ ਨੇ ਕੀਰਤਨ ਸਮਾਗਮ 'ਚ ਆਪਣੀਆਂ ਡਿਊਟੀਆਂ ਤਨਦੇਹੀ ਨਾਲ ਨਿਭਾਈਆਂ। ਹਲਕਾ ਵਾਸੀ ਵੱਡੀ ਗਿਣਤੀ 'ਚ ਮੈਡਮ ਹਰਜੋਤ ਕੌਰ ਲੋਹਟੀਆ ਦੀ ਹਮਾਇਤ ਕਰਦੇ ਨਜ਼ਰ ਆ ਰਹੇ ਹਨ।

## ਤਰੁਣ ਅਰੋੜਾ ਪੇਡਾ ਪੰਜਾਬ ਦੇ ਡਾਇਰੈਕਟਰ ਨਿਯੁਕਤ



**ਮੋਹਾਲੀ (ਜਗਤਾਰ ਸਿੰਘ ਭੁੱਗਰਨੀ)**-ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿੱਚ ਚੇਅਰਮੈਨ, ਵਾਈਸ ਚੇਅਰਮੈਨ, ਡਾਇਰੈਕਟਰ ਅਤੇ ਮੈਂਬਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ। ਇਸੇ ਤਹਿਤ ਤਰੁਣ ਅਰੋੜਾ ਨੂੰ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਪੇਡਾ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ 'ਤੇ ਤਰੁਣ ਅਰੋੜਾ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ।ਤਰੁਣ ਅਰੋੜਾ ਨੇ ਕਿਹਾ, ਆਮ ਆਦਮੀ ਪਾਰਟੀ ਨੇ ਬਿਨਾਂ ਮੰਗਿਆਂ ਵੀ ਆਮ ਵਰਕਰਾਂ ਨੂੰ ਇਨ੍ਹੀਆਂ ਵੱਡੀਆਂ -ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਜੋ ਮਾਣ-ਸਨਮਾਨ ਦਿੱਤਾ ਹੈ, ਇਹ ਸਿਰਫ਼ ਆਮ ਆਦਮੀ ਪਾਰਟੀ ਵਿੱਚ ਹੀ ਸੰਭਵ ਹੈ। ਪਾਰਟੀ ਵੱਲੋਂ ਮੇਰੇ 'ਤੇ ਜੋ ਭਰੋਸਾ ਪ੍ਰਗਟ ਕੀਤਾ ਗਿਆ ਹੈ, ਮੈਂ ਉਸ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਾਂਗਾ।ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ, ਨਵਿਆਉਣਯੋਗ ਊਰਜਾ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।

## ਕੈਬਨਿਟ ਮੰਤਰੀ ਨੇ ਭਗਵਾਨ ਵਾਲਮੀਕਿ ਭਵਨ ਦੇ ਨਵੀਨੀਕਰਨ ਕੰਮ ਦਾ ਰੱਖਿਆ ਨੀਂਹ ਪੱਥਰ



**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਸੋਮਵਾਰ 120 ਫੁੱਟੀ ਰੋਡ 'ਤੇ ਸਥਿਤ ਭਗਵਾਨ ਵਾਲਮੀਕਿ ਜੀ ਭਵਨ ਦਾ 96 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਨਵੀਨੀਕਰਨ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰੋਜੈਕਟ ਤਹਿਤ ਭਵਨ ਦੇ ਨਵੀਨੀਕਰਨ ਅਤੇ ਸੁੰਦਰੀਕਰਨ ਤੋਂ ਇਲਾਵਾ ਜ਼ਰੂਰੀ ਮੁਰੰਮਤ ਦੇ ਨਾਲ-ਨਾਲ ਨਵੇਂ ਕਮਿਊਨਿਟੀ ਹਾਲ, ਫਰਸ਼ ਅਤੇ ਰੰਗ-ਰੋਗਨ ਦੇ ਕੰਮ ਮੁਕੰਮਲ ਕੀਤੇ ਜਾਣਗੇ।ਸੂਬਾ ਸਰਕਾਰ ਦੀ ਹਰ ਵਰਗ ਦੀ ਭਲਾਈ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਭਗਤ ਨੇ ਕਿਹਾ ਕਿ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਵਿਕਾਸ ਕਾਰਜਾਂ ਨੂੰ ਯੋਜਨਾਬੱਧ ਤੇ ਸੁਚੱਜੇ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਖ਼ੁਸ਼ਹਾਲ ਤੇ ਵਿਕਸਿਤ ਸੂਬਾ ਬਣਾਉਣ ਲਈ ਲਗਾਤਾਰ ਸੰਜੀਦਾ ਉਪਰਾਲੇ ਜਾਰੀ ਹਨ। ਇਸ ਮੌਕੇ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਚੇਅਰਮੈਨ ਚੰਦਨ ਗਰੇਵਾਲ ਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦਾ ਸਨ।

# ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਗਾਇਆ



**ਅੱਡਾ ਸਰਾਂ (ਜਸਵੀਰ ਕਾਜਲ)**-ਡਾ. ਬੀ ਐਸ ਮਰਵਾਹਾ ਦੀ ਯਾਦ ਵਿਚ ਮਰਵਾਹਾ ਡੈਂਟਲ ਕਲੀਨਕ ਵੱਲੋਂ ਦੰਦਾਂ ਦੀਆਂ ਬਿਮਾਰੀਆਂ ਦੇ ਇਲਾਜ ਲਈ ਮੁਫ਼ਤ ਮੈਗਾ ਜਾਂਚ ਕੈਂਪ ਲਾਇਆ ਗਿਆ। ਡਾ. ਅਮੋਲਕ ਸਿੰਘ ਮਰਵਾਹਾ ਦੀ ਅਗਵਾਈ ਵਿਚ ਲਾਏ ਗਏ ਇਸ ਕੈਂਪ ਦਾ ਉਦਘਾਟਨ ਡਾ. ਦਿਲਬਾਗ ਕੌਰ ਮਰਵਾਹਾ ਨੇ ਸੇਵਾਮੁਕਤ ਡਿਪਟੀ ਡਾਇਰੈਕਟਰ ਡਾ. ਕੇਵਲ ਸਿੰਘ ਕਾਜਲ ਅਤੇ ਡਾ.ਲਵਪ੍ਰੀਤ ਸਿੰਘ ਪਾਬਲਾ ਦੀ ਮੌਜੂਦਗੀ ਵਿਚ ਕੀਤਾ।ਇਸ ਮੌਕੇ ਡਾ. ਕਾਜਲ, ਡਾ. ਪਾਬਲਾ ਨੇ ਮਰਵਾਹਾ ਪਰਿਵਾਰ ਵੱਲੋਂ ਮਾਨਵਤਾ ਦੀ ਭਲਾਈ ਲਈ ਲਗਾਏ ਗਏ ਇਸ ਕੈਂਪ ਦੀ ਸ਼ਲਾਘਾ ਕਰਦੇ ਹੋਏ ਆਖਿਆ ਕਿ ਸਮਾਜ ਸੇਵਕ ਡਾਕਟਰ ਮਰਵਾਹਾ ਦੀ ਯਾਦ ਕੈਂਪ ਲਗਾ ਕੇ ਮਨਾਉਣਾ ਬੇਹੱਦ ਵਧੀਆ ਉਪਰਾਲਾ ਹੈ।ਕੈਂਪ ਦੌਰਾਨ ਡਾ. ਅਮੋਲਕ ਮਰਵਾਹਾ, ਡਾ. ਨਵਨੀਤ ਕੌਰ ਮਰਵਾਹਾ ਦੀ ਟੀਮ ਨੇ ਸੇਵਾਵਾਂ ਦਿੰਦੇ ਹੋਏ 350 ਤੋਂ ਵੱਧ ਲੋਕਾਂ ਦੇ ਦੰਦਾਂ ਦੀ ਜਾਂਚ ਕਰਦੇ ਹੋਏ ਦਵਾਈਆਂ ਦਿੱਤੀਆਂ । ਇਸ ਮੌਕੇ ਬਾਬਾ ਹਰਪ੍ਰੀਤ ਸਿੰਘ, ਐਡਵੋਕੇਟ ਦਲਜੀਤ ਸਿੰਘ ਗਿਲਜੀਆਂ, ਕਮਲਜੀਤ ਸਿੰਘ ਕੁਲਾਰ, ਗੁਰਸੇਵਕ ਮਾਰਸ਼ਲ, ਆਸ਼ੂ ਵੈਦ, ਸੁਖਵਿੰਦਰ ਸਿੰਘ ਮੂਨਕ, ਰਜਿੰਦਰ ਸਿੰਘ ਮਾਰਸ਼ਲ, ਸੁਖਵਿੰਦਰ ਸਿੰਘ ਅਰੋੜਾ, ਮਨਦੀਪ ਸਿੰਘ ਦੀਪਾ, ਜੋਗਿੰਦਰ ਕੌਰ, ਭੁਪਿੰਦਰ ਰੋਕੀ ਪਰਮਜੀਤ ਪੰਮਾ, ਡਾ.ਸੰਦੀਪ ਪਾਸੀ, ਡਾ. ਖੁਸ਼ਵੰਤ ਸਿੰਘ, ਡਾ. ਬਿੱਲੂ, ਰਸ਼ਪਾਲ ਸਿੰਘ ਚਰੜ, ਆਸ਼ੂ ਵੈਦ, ਕੋਮਲ ਸ਼ਰਮਾ, ਬਿਮਲ ਅਰੋੜਾ, ਵਿਕਾਸ ਮਹਿੰਦਰੂ, ਹੀਰਾ ਲਾਲ ਭੱਟੀ, ਕਿਰਪਾਲ ਸਿੰਘ ਪੰਡੋਰੀ, ਜੋਗਿੰਦਰ ਸਿੰਘ, ਬਲਜੀਤ ਸਿੰਘ, ਡਾ. ਰਮਨ, ਸੋਨੀ ਸਕਰਾਲਾ, ਰੋਕੀ, ਪ੍ਰਗਟ ਸਿੰਘ, ਗੁਰਦੇਵ ਸਿੰਘ, ਪਿਆਰਾ ਸਿੰਘ, ਜੋਗਿੰਦਰ ਸਿੰਘ, ਅਵਤਾਰ ਸਿੰਘ, ਰਵੀ ਲਖਨਪਾਲ, ਕਮਲ ਧੁੱਗਾ, ਐਡਵੋਕੇਟ ਹਰਦੀਪ ਸਿੰਘ, ਗੁਰਮੀਤ ਸਿੰਘ ਅਰੋੜਾ, ਕਰਨੈਲ ਸਿੰਘ ਮਾਲਵਾ, ਰਜਿੰਦਰ ਸਿੰਘ ਜੋਹਲ, ਰਾਜਵਿੰਦਰ ਕੌਰ, ਬਾਬਾ ਵਿਸ਼ਵਕਰਮਾ ਕਮੇਟੀ, ਲਾਇਨਜ਼ ਕਲੱਬ ਟਾਂਡਾ ਫਤਿਹ, ਗੌਰੀ ਸ਼ੰਕਰ ਸੇਵਾ ਸੋਸਾਇਟੀ ਦੇ ਮੈਂਬਰ ਮੌਜੂਦ ਸਨ ।

## ਨੇਹਾ ਦੇ ਕਾਤਲਾਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ: ਇਸਤਰੀ ਜਾਗ੍ਰਿਤੀ ਮੰਚ



**ਕਰਤਾਰਪੁਰ (ਹਰਮੇਸ਼ ਦੱਤ)**- ਇਸਤਰੀ ਜਾਗ੍ਰਿਤੀ ਮੰਚ ਦੇ ਜ਼ਿਲ੍ਹਾ ਸਕੱਤਰ ਜਸਵੀਰ ਕੌਰ ਜੱਸੀ, ਜ਼ਿਲ੍ਹਾ ਆਗੂ ਬਲਵਿੰਦਰ ਕੌਰ ਅਤੇ ਦਲਜੀਤ ਕੌਰ ਨੇ ਘਰੇਲੂ ਹਿੰਸਾ ਦਾ ਸ਼ਿਕਾਰ ਹੋ ਕੇ ਮੌਤ ਦੇ ਮੂੰਹ ਵਿੱਚ ਗਈ ਨੇਹਾ ਦੇ ਕਤਲ ਮਾਮਲੇ ਵਿੱਚ ਕਰਤਾਰਪੁਰ ਪੁਲਿਸ ਵੱਲੋਂ ਕਾਤਲ ਉਸ ਦੇ ਪਤੀ ਅਤੇ ਸੱਸ ਨੂੰ ਗ੍ਰਿਫ਼ਤਾਰ ਨਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਸ਼ਹਿਰ ਧੂਰੀ ਦੀ ਰਹਿਣ ਵਾਲੀ ਨੇਹਾ ਜ਼ਿਲ੍ਹਾ ਜਲੰਧਰ ਦੇ ਕਰਤਾਰਪੁਰ ਵਿਖੇ ਵਿਆਹੀ ਹੋਈ ਸੀ। ਨੇਹਾ ਜੋ ਕਿ ਜ਼ਿੰਦਗੀ ਤੇ ਮੌਤ ਦੀ ਲੜਾਈ ਲੜਦਿਆਂ ਆਖ਼ਰ ਜ਼ਿੰਦਗੀ ਦੀ ਜੰਗ ਹਾਰ ਗਈ। ਮਰਨ ਤੋਂ ਪਹਿਲਾਂ ਜੇਰੇ ਇਲਾਜ਼ ਨੇਹਾ ਵੱਲੋਂ ਜੱਜ ਨੂੰ ਦਿੱਤੇ ਬਿਆਨਾਂ ਅਨੁਸਾਰ ਉਸ ਦੇ ਪਤੀ ਉਮੰਗ ਬੱਸੀ ਅਤੇ ਉਸ ਦੇ ਸਹੁਰੇ ਪਰਵਾਰ ਵਲੋਂ ਨਸ਼ੀਲੀ ਚੀਜ਼ ਪਿਲਾ ਕੇ ਉਸ ਨੂੰ ਮਰਨ ਲਈ ਮਜਬੂਰ ਕਰ ਦਿੱਤਾ ਗਿਆ। ਲੜਕੀ ਦੇ ਪਰਵਾਰ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਨੇਹਾ ਨੂੰ ਪਿਛਲੇ ਛੇ-ਸੱਤ ਸਾਲ ਸਹੁਰੇ ਪਰਿਵਾਰ ਤੋਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਪਰਵਾਰ ਦੇ ਕਹਿਣ ਅਨੁਸਾਰ ਕਰਤਾਰਪੁਰ ਪੁਲਸ ਦੁਆਰਾ ਇਸ ਕੇਸ ਵਿੱਚ ਕਾਰਵਾਈ ਕਰਨ ਤੋਂ ਟਾਲਮਟੋਲ ਕੀਤੀ ਜਾ ਰਹੀ।ਇਸ ਸਮੇਂ ਇਸਤਰੀ ਜਾਗ੍ਰਿਤੀ ਮੰਚ ਦੇ ਆਗੂਆਂ ਨੇ ਕਿਹਾ ਕਿ ਪੁਲਸ ਨੂੰ ਕਤਲ ਤੇ ਨਾਮਜ਼ਦ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾ ਦੇਣੀ ਚਾਹੀਦੀ ਹੈ।

## ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਬਹੂਆ ਦੇ ਪੁਰਾਤਨ ਮਹਾਂਮਾਈ ਦੇ ਮੰਦਰ ਵਿਖੇ ਹਰ ਸਾਲ ਦੀ ਤਰ੍ਹਾਂ ਸਾਵਣ ਮਹੀਨੇ ਦੇ ਅਸ਼ਟਮੀ ਦੇ ਪਵਿੱਤਰ ਤਿਉਹਾਰ ਤੇ ਮੇਲਾ ਪ੍ਰਬੰਧਕ ਅਮਰਜੀਤ ਸਿੰਘ ਪੰਚ ਪ੍ਰਧਾਨ ਦੁੱਧ ਉਤਪਾਦਕ ਸਭਾ ਬਹੂਆ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਹਾਂਮਾਈ ਦਾ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਕੰਜਕਾਂ ਦੀ ਪੂਜਾ ਕੀਤੀ ਗਈ। ਮੰਦਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਅਲੀਸ਼ਾ ਵਾਲੀਆਂ ਨੇ ਮਾਤਾ ਦੇ ਭਜਨਾਂ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਹੋਰ ਕਲਾਕਾਰਾਂ ਵਿੱਚ ਕੌਰ ਸਿਸਟਰਜ਼ ਚੱਕ ਰਾਮੂ, ਸਾਬਰੀ ਸਾਹਿਬ, ਰੇਖਾ ਬੰਗਾ ਨੇ ਵੀ ਮਹਾਂਮਾਈ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਮੇਲਾ ਪ੍ਰਬੰਧਕ ਅਮਰਜੀਤ ਸਿੰਘ ਪੰਚ ਨੇ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਸਾਨੂੰ ਮਹਾਂਪੁਰਸ਼ਾਂ, ਗੁਰੂਆਂ ਪੀਰਾਂ ਫ਼ਕੀਰਾਂ ਦੇ ਦੱਸੇ ਮਾਰਗ ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਅਮਰਜੀਤ ਸਿੰਘ ਪੰਚ, ਪਰਵਿੰਦਰ ਸਿੰਘ, ਰਘਬੀਰ ਸਿੰਘ, ਮੁਖਵਿੰਦਰ ਸਿੰਘ, ਰਾਜਵੀਰ ਸਿੰਘ, ਬਲਵਿੰਦਰ ਸਿੰਘ, ਇੰਦਰਜੀਤ ਸਿੰਘ, ਅਮਰੀਕ ਸਿੰਘ, ਬਿੱਟਾ ਸੰਧੂ, ਸੋਨੂੰ ਬਾਵਾ ਅਤੇ ਸਮੂਹ ਸੰਗਤਾਂ ਹਾਜ਼ਰ ਸਨ ਸਟੇਜ ਸਕੱਤਰ ਦੀ ਭੂਮਿਕਾ ਪ੍ਰਸ਼ੋਤਮ ਨੇ ਬਾਖੂਬੀ ਨਿਭਾਈ। ਦਰਬਾਰ ਤੇ ਚਾਹ ਪਕੌੜਿਆਂ ਅਤੇ ਮਹਾਂਮਾਈ ਦਾ ਲੰਗਰ ਅਟੁੱਟ ਵਰਤਾਇਆ ਗਿਆ।

## ਤਲਵੰਡੀ ਚੌਧਰੀਆਂ 'ਚ ਕਈ ਪਰਵਾਰ ਆਪ 'ਚ ਸ਼ਾਮਲ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਹਲਕਾ ਸੁਲਤਾਨਪੁਰ ਲੋਧੀ ਦੇ ਵੱਡੇ ਪਿੰਡ ਤਲਵੰਡੀ ਚੌਧਰੀਆਂ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਕਈ ਪਰਵਾਰਾਂ ਨੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸੋਚ ਤੋਂ ਪ੍ਰਭਾਵਿਤ ਹੋ ਕੇ 'ਆਪ' ਦਾ ਪੱਲਾ ਫੜ ਲਿਆ।ਇਸ ਮੌਕੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਲੋਕ ਹੁਣ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ, ਪਾਰਦਰਸ਼ਤਾ ਅਤੇ ਲੋਕ ਭਲਾਈ ਨੂੰ ਤਰਜੀਹ ਦੇ ਰਹੇ ਹਨ।ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦਾ ਪਿੰਡਾਂ ਵਿੱਚ ਵੀ ਹਾਂ-ਪੱਖੀ ਪ੍ਰਭਾਵ ਦਿਖਾਈ ਦੇ ਰਿਹਾ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਲੋਕ 'ਆਪ' ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਤਲਵੰਡੀ ਚੌਧਰੀਆਂ ਸਮੇਤ ਹਲਕੇ ਦੇ ਹਰ ਪਿੰਡ ਵਿੱਚ ਪਾਰਟੀ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ।ਤਲਵੰਡੀ ਚੌਧਰੀਆਂ ਵਰਗੇ ਵੱਡੇ ਪਿੰਡ ਵਿੱਚ ਕਈ ਪਰਵਾਰਾਂ ਦਾ ਆਮ ਆਦਮੀ ਪਾਰਟੀ ਨਾਲ ਜੁੜਨਾ ਸਥਾਨਕ ਸੰਗਠਨ ਲਈ ਅਹਿਮ ਮੰਨਿਆ ਜਾ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਇਸ ਸਿਆਸੀ ਰੁਝਾਨ ਦਾ ਹਲਕੇ ਦੀ ਸਿਆਸਤ 'ਤੇ ਕੀ ਅਸਰ ਪੈਂਦਾ ਹੈ, ਇਹ ਦੇਖਣਾ ਦਿਲਚਸਪ ਹੋਵੇਗਾ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਸਰਕਾਰੀ/ਨਿੱਜੀ ਇਮਾਰਤਾਂ ਤੇ ਇਨ੍ਹਾਂ ਦੇ ਆਲੇ ਦੁਆਲੇ ਧਰਨੇ/ਰੈਲੀਆਂ ਕਰਨ ਦੀ ਮਨਾਹੀ

**ਮੁਹਾਲੀ (ਗੁਰਜੀਤ ਬਿੱਲਾ)**-ਸ੍ਰੀਮਤੀ ਕੋਮਲ ਮਿੱਤਲ, ਜ਼ਿਲ੍ਹਾ ਮੈਜਿਸਟ੍ਰੇਟ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 (46 ਆਫ 2023) ਦੇ ਚੈਪਟਰ 11 (ਅਧੀਨ ਧਾਰਾ 163) ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਪੈਂਦੀਆਂ ਸਮੂਹ ਪਾਣੀ ਵਾਲੀਆਂ ਟੈਂਕੀਆਂ, ਟਿਊਬਵੈਲਾਂ, ਟੈਲੀਫੋਨ ਟਾਵਰਾਂ, ਸਰਕਾਰੀ/ਨਿੱਜੀ ਇਮਾਰਤਾਂ ਤੇ ਚੜ੍ਹਨ ਅਤੇ ਇਨ੍ਹਾਂ ਦੇ ਆਲੇ-ਦੁਆਲੇ ਧਰਨੇ/ਰੈਲੀਆਂ ਕਰਨ, ਸੜਕਾਂ ਆਦਿ ਜਾਮ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 19 ਅਗਸਤ 2026 ਤੋਂ 18 ਅਕਤੂਬਰ 2026 ਤੱਕ ਲਾਗੂ ਰਹਿਣਗੇ। ਇਥੇ ਇਹ ਵਰਨਣਯੋਗ ਹੈ ਕਿ ਸੀਨੀਅਰ ਕਪਤਾਨ ਪੁਲਿਸ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਜ਼ਿਲ੍ਹਾ ਮੈਜਿਸਟ੍ਰੇਟ ਐਸ.ਏ.ਐਸ ਨਗਰ ਦੇ ਇਹ ਧਿਆਨ ਵਿਚ ਲਿਆਂਦਾ ਗਿਆ ਕਿ ਵੱਖ-ਵੱਖ ਕਰਮਚਾਰੀ ਯੂਨੀਅਨਾਂ, ਬੇਰੁਜ਼ਗਾਰ ਆਦਿ ਯੂਨੀਅਨ/ਫੈਡਰੇਸ਼ਨਾਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਜ਼ਿਲ੍ਹੇ ਦੀਆਂ ਵੱਖ-ਵੱਖ ਪਾਣੀ ਵਾਲੀਆਂ ਟੈਂਕੀਆਂ, ਟੈਲੀਫ਼ੋਨ ਟਾਵਰਾਂ ਅਤੇ ਹੋਰ ਸਰਕਾਰੀ/ਨਿੱਜੀ ਇਮਾਰਤਾਂ ਉੱਤੇ ਚੜ੍ਹਕੇ ਅਤੇ ਸੜਕਾਂ ਆਦਿ ਤੇ ਜਾਮ ਲਗਾਕੇ ਧਰਨਾ ਪ੍ਰਦਰਸ਼ਨ ਕੀਤਾ ਜਾਂਦਾ ਹੈ। ਸੰਬੰਧਤ ਪ੍ਰਦਰਸ਼ਨਕਾਰੀ ਆਪਣੀ ਜ਼ਿੰਦਗੀ ਨੂੰ ਵੀ ਖਤਰੇ ਵਿੱਚ ਪਾਉਂਦੇ ਹਨ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਭੰਗ ਵੀ ਹੋ ਸਕਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ।

## ਕਾਮਰੇਡ ਹਰਦੇਵ ਸਿੰਘ ਮਹੈਣ ਵਿਛੋੜਾ ਦੇ ਗਏ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਬਹੁਤ ਹੀ ਸੂਝਵਾਨ ਤੇ ਮਾਰਕਸਵਾਦੀ ਫਲਸਫ਼ੇ ਨਾਲ ਲੈਸ ਪੁਰਾਣੇ ਕਮਿਊਨਿਸਟ ਕਾਮਰੇਡ ਹਰਦੇਵ ਸਿੰਘ ਮਹੈਣ ਬੀਤੀ ਰਾਤ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਉਹਨਾਂ ਮਾਰਕਸਵਾਦ ਸਬੰਧੀ ਬਹੁਤ ਗਿਆਨ ਸੀ ਅਤੇ ਲਗਾਤਾਰ ਕਿਤਾਬਾਂ ਪੜ੍ਹਦੇ ਰਹਿੰਦੇ ਸਨ। ਹਰਦੇਵ ਸਿੰਘ ਕਾਮਰੇਡ ਗੁਰਦੇਵ ਸਿੰਘ ਦੇ ਛੋਟੇ ਭਰਾ ਤੇ ਤਹਿਸੀਲ ਕਮੇਟੀ ਮੈਂਬਰ ਚਰਨ ਸਿੰਘ ਢੇਰ ਦੇ ਮਾਮਾ ਜੀ ਸਨ। ਆਪ ਜੀ 1982 ਤੋਂ ਲਗਾਤਾਰ ਸੀ ਪੀ ਆਈ ਐਮ ਦੇ ਮੈਂਬਰ ਅਤੇ ਪਿੰਡ ਮਹੈਣ ਦੀ ਬ੍ਰਾਂਚ ਦੇ ਸਕੱਤਰ ਚੱਲੇ ਆ ਰਹੇ ਸਨ। ਉਹਨਾ ਦਾ ਦਾਹ ਸੰਸਕਾਰ ਅੱਜ ਪਿੰਡ ਮਹੈਣ ਦੇ ਸਮਸਾਨ ਘਾਟ ਵਿਚ ਕਰ ਦਿਤਾ ਗਿਆ। ਇਹਨਾਂ ਦੀ ਮੌਤ ਦੇ ਨਾਲ ਜਿਥੇ ਪਰਵਾਰ ਨੂੰ ਘਾਟਾ ਪਿਆ ਉੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਨੂੰ ਵੀ ਵੱਡਾ ਘਾਟਾ ਪਿਆ।ਸੰਸਕਾਰ ਮੌਕੇ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਢੇਰ, ਤਹਿਸੀਲ ਕਮੇਟੀ ਮੈਂਬਰ ਡਾ.ਰਵਿੰਦਰ ਨਾਥ, ਕਾਮਰੇਡ ਚਰਨ ਸਿੰਘ ਢੇਰ, ਕਾਮਰੇਡ ਗੁਰਦਿਆਲ ਸਿੰਘ ਅਟਵਾਲ, ਕਾਮਰੇਡ ਸੁੰਦਰ ਸਿੰਘ ਢੇਰ ਨੇ ਮ੍ਰਿਤਕ ਦੇਹ ਤੇ ਪਾਰਟੀ ਦਾ ਝੰਡਾ ਪਾਇਆ। ਇਸ ਮੌਕੇ ਸਾਬਕਾ ਸਰਪੰਚ ਅਮਰਜੀਤ ਸਿੰਘ ਮਹੈਣ, ਹਰਮਿੰਦਰ ਸਿੰਘ ਖਟੜਾ, ਰਘਵੀਰ ਸਿੰਘ ਮਹੈਣ, ਭੁਪਿੰਦਰ ਸਿੰਘ ਜਿੰਦਵੜੀ, ਸੂਬੇਦਾਰ ਹਰਭਜਨ ਸਿੰਘ, ਸੇਵਾ ਮੁਕਤ ਇੰਸਪੈਕਟਰ ਭਗਵੰਤ ਸਿੰਘ, ਮਸਕੀਨ ਸਿੰਘ ਅਟਵਾਲ, ਹਰਜੀਤ ਸਿੰਘ ਖੱਟੜਾ, ਬਲਵਿੰਦਰ ਸਿੰਘ ਰਿੰਪੀ, ਹਰਜਾਪ ਸਿੰਘ ਨੰਗਲੀ ਆਦਿ ਹਾਜ਼ਰ ਸਨ।

## ਪੰਥਕ ਕਾਨਫਰੰਸ 'ਚ ਸ਼ਾਮਲ ਹੋਣ ਲਈ ਵਰਕਰਾਂ 'ਚ ਭਾਰੀ ਉਤਸ਼ਾਹ: ਚੌਹਾਨ




**ਅੱਡਾ ਸਰਾਂ (ਜਸਵੀਰ ਕਾਜਲ)**-28 ਅਗਸਤ ਨੂੰ ਪੰਥਕ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਸ ਪੰਜਾਬ ਦੇ ਜਸਵਿੰਦਰ ਸਿੰਘ ਚੌਹਾਨ ਸਰਕਲ ਪ੍ਰਧਾਨ ਅੱਡਾ ਸਰਾਂ (ਕੰਧਾਲਾ ਜੱਟਾ) ਨੇ ਸਥਾਨਕ ਪੱਤਰਕਾਰਾ ਨਾਲ ਕੀਤਾ। ਉਨ੍ਹਾਂ ਕਿਹਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 28 ਅਗਸਤ ਰੱਖੜ ਪੁਨਿਆ ਨੂੰ ਅਕਾਲੀ ਦਲ ਵਾਰਸ ਪੰਜਾਬ ਦੀ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਖਾਲਸਾ ਦੀ ਅਗਵਾਈ ਵਿਚ ਬਾਬਾ ਬਕਾਲਾ ਸਾਹਿਬ ਵਿਖੇ ਕਾਨਫਰੰਸ ਕੀਤੀ ਜਾ ਰਹੀ ਹੈ। ਚੋਹਾਨ ਨੇ ਕਿਹਾ ਕਿ ਪਿੰਡ ਪਿੰਡ ਜਾ ਕੇ ਨੁਕੜ ਮੀਟਿਗਾਂ ਦਾ ਸਿਲਸਿਲਾ ਸ਼ੁਰੂ ਹੈ ਅਤੇ ਲੋਕਾਂ ਨੂੰ ਅਕਾਲੀ ਦਲ ਵਾਰਸ ਪੰਜਾਬ ਦੀਆਂ ਨੀਤੀਆਂ ਅਤੇ ਪ੍ਰਾਪਤੀਆ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਅਰਮਾਨ ਪ੍ਰੀਤ ਸਿੰਘ ਚੋਹਾਨ, ਵਰਿੰਦਰ ਸਿੰਘ, ਸੁਖਜੀਤ ਸਿੰਘ, ਪਰਮਿੰਦਰ ਸਿੰਘ, ਸੋਨੂ ਪੰਡਤ, ਵਰਿਦਰ ਸਿੰਘ, ਤਨਵੀਰ ਸਿੰਘ, ਮਨਰਾਜ, ਸੁਖਪ੍ਰੀਤ ਸਿੰਘ ਆਦਿ ਹਾਜਰ ਸਨ।

## ਪਰਮਜੀਤ ਸਿੰਘ ਪੰਮਾ ਮੁਠੱਡਾ ਕਲਾਂ ਨੇ ਕੀਤੀ ਘਰ ਵਾਪਸੀ




**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ ਜਦੋਂ ਸਾਬਕਾ ਬਲਾਕ ਸੰਮਤੀ ਮੈਂਬਰ ਪਰਮਜੀਤ ਸਿੰਘ ਪੰਮਾ ਅਤੇ ਗੁਰਜੀਤ ਸਿੰਘ ਆਮ ਪਾਰਟੀ ਨੂੰ ਅਲਵਿਦਾ ਕਹਿ ਕੇ ਘਰ ਵਾਪਸੀ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ। ਇਸ ਸਮੇਂ ਹਲਕਾ ਇੰਚਾਰਜ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਨੇ ਪ੍ਰੈਸ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਨੂੰ ਚੇਤੇ ਕਰ ਰਹੇ ਹਨ। ਜੋ ਵਿਕਾਸ ਦੇ ਕਾਰਜ ਸ਼੍ਰੋਮਣੀ ਅਕਾਲੀ ਦਲ ਵਲੋਂ ਕੀਤੇ ਗਏ ਹਨ ਇਸ ਤਰ੍ਹਾਂ ਦਾ ਵਿਕਾਸ ਕੋਈ ਦੂਜੀ ਪਾਰਟੀ ਨਹੀਂ ਕਰ ਸਕੀ। ਪੰਮਾ ਦੇ ਸ਼ਾਮਲ ਹੋਣ ਨਾਲ਼ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਪਾਰਟੀ 'ਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਅਮਨਿੰਦਰ ਸਿੰਘ ਤੱਗੜ ਪ੍ਰਧਾਨ ਹਲਕਾ ਯੂਥ ਵਿੰਗ ਫਿਲੌਰ, ਦਲਜੀਤ ਸਿੰਘ ਜੀਤਾ ਸਰਕਲ ਪ੍ਰਧਾਨ ਰੁੜਕਾਂ ਕਲਾਂ, ਹਲਕਾ ਪ੍ਰਧਾਨ ਬੀ ਸੀ ਵਿੰਗ ਜਗਜੀਤ ਸਿੰਘ ਮੰਗਾ, ਜਸਵਿੰਦਰ ਕੁਮਾਰ ਕਾਲਾ ਹਲਕਾ ਪ੍ਰਧਾਨ ਐਸ ਸੀ ਵਿੰਗ, ਮਨਜੀਤ ਸਿੰਘ ਬਿੱਲਾ ਨੰਗਲ, ਭੁਪਿੰਦਰ ਸਿੰਘ ਜੌਹਲ ਗੰਨਾ ਪਿੰਡ, ਪ੍ਰਦੀਪ ਸਿੰਘ ਦੀਪਾ ਧੁਲੇਤਾ, ਹਰਦੇਵ ਸਿੰਘ ਮੁਠੱਡਾ ਕਲਾਂ, ਪੰਚ ਮਨਜੀਤ ਸਿੰਘ ਮੁਠੱਡਾ ਕਲਾਂ ਹਾਜ਼ਰ ਸਨ।

## ਦੁਕਾਨਦਾਰ ਤੋਂ ਮੋਬਾਇਲ ਖੋਹਣ ਦੀ ਕੋਸ਼ਿਸ਼, ਰੌਲਾ ਪਾਉਣ 'ਤੇ ਫਰਾਰ



**ਫਿਲੌਰ (ਨਿਰਮਲ)**-ਫਿਲੌਰ ਦੇ ਹਨੂੰਮਾਨ ਮੰਦਰ ਨੇੜੇ ਨਈਅਰ ਕਰਿਆਨਾ ਸਟੋਰ 'ਤੇ ਦੁਪਹਿਰ ਸਮੇਂ ਇੱਕ ਝਪਟਮਾਰ ਵੱਲੋਂ ਦੁਕਾਨ ਮਾਲਕ ਦਾ ਮੋਬਾਇਲ ਖੋਹਣ ਦੀ ਕਥਿਤ ਕੋਸ਼ਿਸ਼ ਕੀਤੀ ਗਈ। ਜਾਣਕਾਰੀ ਮੁਤਾਬਕ, ਸ਼ੱਕੀ ਵਿਅਕਤੀ ਬਿਸਕੁਟ ਲੈਣ ਦੇ ਬਹਾਨੇ ਦੁਕਾਨ 'ਤੇ ਆਇਆ ਅਤੇ ਮੌਕਾ ਦੇਖ ਕੇ ਮੋਬਾਇਲ ਝਪਟਣ ਦੀ ਕੋਸ਼ਿਸ਼ ਕੀਤੀ। ਦੁਕਾਨ ਮਾਲਕ ਸੁਰਿੰਦਰ ਕੁਮਾਰ ਨਈਅਰ ਵੱਲੋਂ ਰੌਲਾ ਪਾਉਣ 'ਤੇ ਸ਼ੱਕੀ ਝਪਟਮਾਰ ਮੌਕੇ ਤੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਫਰਾਰ ਹੋ ਗਿਆ। ਘਟਨਾ ਦੁਕਾਨ 'ਚ ਲੱਗੇ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ, ਜਿਸ ਵਿੱਚ ਸ਼ੱਕੀ ਵਿਅਕਤੀ ਦੀਆਂ ਗਤੀਵਿਧੀਆਂ ਰਿਕਾਰਡ ਹੋਣ ਦੀ ਗੱਲ ਸਾਹਮਣੇ ਆਈ ਹੈ।ਘਟਨਾ ਦੀ ਜਾਣਕਾਰੀ ਮਿਲਣ 'ਤੇ ਮੌਕੇ 'ਤੇ ਪਹੁੰਚੇ ਕੁਮਾਰ ਸਟੂਡੀਓ ਦੇ ਮਾਲਕ ਨੇ ਵੀ ਮਾਮਲੇ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਘਟਨਾ ਤੋਂ ਬਾਅਦ ਇਲਾਕੇ ਦੇ ਦੁਕਾਨਦਾਰਾਂ ਵਿੱਚ ਚਿੰਤਾ ਦਾ ਮਾਹੌਲ ਹੈ। ਸਥਾਨਕ ਲੋਕਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕੀ ਫਿਲੌਰ ਵਿੱਚ ਦਿਨ ਰਾਤ ਪੁਲਸ ਦੀ ਗਸ਼ਤ ਵਧਾਈ ਜਾਵੇ।

## ਨਿਵੇਸ਼ਕਾਂ ਨੇ ਹਰਿਆਣਾ ਨੂੰ ਉਦਯੋਗ ਤੇ ਨਿਵੇਸ਼ ਲਈ ਬਿਹਤਰੀਨ ਰਾਜ ਦੱਸਿਆ



**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਵਿੱਚ ਨਿਵੇਸ਼ ਦੀਆਂ ਨਵੀਆਂ ਸੰਭਾਵਨਾਵਾਂ ਨੂੰ ਗਤੀ ਦੇਣ ਤੇ ਸੂਬੇ ਨੂੰ ਦੇਸ਼ ਦੇ ਪ੍ਰਮੁੱਖ ਉਦਯੋਗਿਕ ਅਤੇ ਨਿਵੇਸ਼ ਕੇਂਦਰ ਵਜੋਂ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੁੰਬਈ ਵਿੱਚ ਚੱਲ ਰਹੇ 'ਹੈਪਨਿੰਗ ਹਰਿਆਣਾ 2.0' ਗਲੋਬਲ ਕੈਪੀਟਲ ਕੈਂਪੇਨ ਤਹਿਤ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਮੁੱਖ ਨਿਵੇਸ਼ਕਾਂ, ਗਲੋਬਲ ਇਨਵੈਸਟਮੈਂਟ ਫਰਮਾਂ ਅਤੇ ਉਦਯੋਗ ਜਗਤ ਦੇ ਪ੍ਰਤੀਨਿਧੀਆਂ ਨਾਲ ਰਾਊਂਡਟੇਬਲ ਕਾਨਫਰੰਸ ਕੀਤੀ। ਇਸ ਮੌਕੇ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਵੀ ਮੌਜੂਦ ਸਨ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਦੇਸ਼ ਦੀ ਆਰਥਿਕ ਗਤੀ ਨੂੰ ਤੇਜ਼ ਕਰਨ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਉਦਯੋਗ ਜਗਤ ਦੀ ਮਹੱਤਵਪੂਰਨ ਭੂਮਿਕਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮੀਟਿੰਗ ਦੌਰਾਨ ਨਿਵੇਸ਼ਕਾਂ ਨੇ ਆਪਣੇ ਤਜ਼ਰਬਿਆਂ ਦੇ ਆਧਾਰ 'ਤੇ ਕਈ ਮਹੱਤਵਪੂਰਨ ਅਤੇ ਵਿਹਾਰਕ ਸੁਝਾਅ ਦਿੱਤੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨਿਵੇਸ਼ਕਾਂ ਵੱਲੋਂ ਡਿਫੈਂਸ ਸੈਕਟਰ ਨੂੰ ਲੈ ਕੇ ਸਭ ਤੋਂ ਵੱਧ ਸੁਝਾਅ ਅਤੇ ਰੁਚੀ ਸਾਹਮਣੇ ਆਈ ਹੈ।

# ਸਿਹਤ ਜਾਂਚ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸੱਤੋਵਾਲੀ (ਆਦਮਪੁਰ) ਤੇ ਰੇਨਬੋ ਸਟਾਰਸ ਵਿੱਚ ਸਕੂਲ ਦੇ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੱਚਿਆਂ ਦੀ ਸਿਹਤ ਦੀ ਜਾਂਚ ਦੇ ਲਈ ਤਿੰਨ ਦਿਨਾਂ ਦੇ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੀ ਪ੍ਰਧਾਨਗੀ ਸਕੂਲ ਦੇ ਮੈਨੇਜਰ ਜੋਧ ਸਿੰਘ ਡੋਗਰਾ ਤੇ ਪ੍ਰਿੰਸੀਪਲ ਸੰਧਿਆ ਮਹਿਤਾ ਦੁਆਰਾ ਕੀਤੀ ਗਈ। ਇਸ ਸਿਹਤ ਜਾਂਚ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਹਤ ਦੇ ਪ੍ਰਤੀ ਜਾਗਰੂਕ ਕਰਨਾ ਤੇ ਸਮੇਂ ਉੱਤੇ ਬਿਮਾਰੀਆਂ ਦੀ ਪਹਿਚਾਣ ਕਰਨਾ ਸੀ । ਇਸ ਮੌਕੇ 'ਤੇ ਆਰ ਐੱਸ ਗਾਂਧੀ ਹਸਪਤਾਲ ਦੇ ਅਨੁਭਵੀ ਡਾਕਟਰ ਤੇ ਤੇ ਸਿਹਤ ਕਰਮਚਾਰੀਆਂ ਦਾ ਵਿਸ਼ੇਸ਼ ਸਮੂਹ ਹਾਜ਼ਰ ਰਿਹਾ। ਕੈਂਪ ਦੇ ਦੌਰਾਨ ਜਮਾਤ ਨਰਸਰੀ ਤੋਂ ਦਸਵੀਂ ਤੱਕ ਦੇ ਛੇ ਸੌ ਵਿਦਿਆਰਥੀਆਂ ਦੀ ਸਿਹਤ ਦੀ ਜਾਂਚ ਕੀਤੀ ਗਈ। ਡਾਕਟਰਾਂ ਦੇ ਸਮੂਹ ਨੇ ਵਿਦਿਆਰਥੀਆਂ ਦੇ ਅੱਖਾਂ ਦੀ ਰੌਸ਼ਨੀ, ਭਾਰ, ਲੰਬਾਈ ਤੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਜਾਂਚ ਤੋਂ ਬਾਅਦ ਡਾਕਟਰਾਂ ਨੇ ਵਿਦਿਆਰਥੀਆਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਣ ਲਈ ਤੇ ਵਿਅਕਤੀਗਤ ਸਿਹਤ ਸਬੰਧੀ ਜਾਣਕਾਰੀ ਦਿੱਤੀ ਗਈ। ਸਕੂਲ ਦੇ ਮੈਨੇਜਰ ਤੇ ਪ੍ਰਿੰਸੀਪਲ ਦੁਆਰਾ ਡਾਕਟਰਾਂ ਦੇ ਸਮੂਹ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਿਹਤਮੰਦ ਸਰੀਰ ਵਿੱਚ ਹੀ ਸਿਹਤਮੰਦ ਦਿਮਾਗ ਹੁੰਦਾ ਹੈ। ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਿਹਤ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ। ਇਸ ਕੈਂਪ ਨੂੰ ਸਫਲ ਬਣਾਉਣ ਲਈ ਸਕੂਲ ਦੇ ਅਧਿਆਪਕ ਤੇ ਸਾਰੇ ਕਰਮਚਾਰੀਆਂ ਨੇ ਵਿਸ਼ੇਸ਼ ਯੋਗਦਾਨ ਪਾਇਆ। ਮਾਪਿਆਂ ਨੇ ਵੀ ਸਕੂਲ ਦੇ ਇਸ ਪ੍ਰਬੰਧ ਦੀ ਬਹੁਤ ਸ਼ਲਾਂਘਾ ਕੀਤੀ।

## ਅਰੁਣ ਜੇਤਲੀ ਨੂੰ ਦਿੱਤੀ ਨਿੱਘੀ ਸ਼ਰਧਾਂਜਲੀ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਫਗਵਾੜਾ ਦੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੇ ਨਾਲ ਦਿੱਲੀ ਵਿਖੇ ਭਾਜਪਾ ਦੇ ਦਿੱਗਜ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸਵ. ਅਰੁਣ ਜੇਤਲੀ ਦੀ ਬਰਸੀ ਮੌਕੇ ਉਹਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਉਨ੍ਹਾਂ ਨੇ ਸਵ. ਜੇਤਲੀ ਦੀ ਪ੍ਰਤਿਮਾ 'ਤੇ ਪੁਸ਼ਪਾਂਜਲੀ ਅਰਪਿਤ ਕਰਕੇ ਉਨ੍ਹਾਂ ਨੂੰ ਯਾਦ ਕੀਤਾ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਜੇਤਲੀ ਪਰਵਾਰ ਦੇ ਵੱਡਿਆਂ ਦਾ ਆਸ਼ੀਰਵਾਦ ਵੀ ਪ੍ਰਾਪਤ ਕੀਤਾ। ਅਰੁਣ ਖੋਸਲਾ ਨੇ ਦੱਸਿਆ ਕਿ ਅਰੁਣ ਜੇਤਲੀ ਉਨ੍ਹਾਂ ਦੇ ਸਿਆਸੀ ਗੁਰੂ ਰਹੇ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਰਾਜਨੀਤੀ ਦੀਆਂ ਬਾਰੀਕੀਆਂ ਸਮਝਣ ਅਤੇ ਸਿਆਸੀ ਜੀਵਨ ਵਿੱਚ ਅੱਗੇ ਵਧਣ ਦੀ ਦਿਸ਼ਾ ਦਿੱਤੀ। ਉਨ੍ਹਾਂ ਕਿਹਾ ਕਿ ਜੇਤਲੀ ਦੀ ਸ਼ਖਸੀਅਤ, ਉਨ੍ਹਾਂ ਦੀ ਦੂਰਅੰਦੇਸ਼ੀ ਸੋਚ, ਸੰਵਿਧਾਨਕ ਮਾਮਲਿਆਂ ਦੀ ਡੂੰਘੀ ਸਮਝ ਅਤੇ ਵਿਰੋਧੀ ਵਿਚਾਰਾਂ ਦਾ ਵੀ ਸਨਮਾਨ ਕਰਨ ਵਾਲੀ ਸਿਆਸੀ ਸ਼ੈਲੀ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ। ਅਰੁਣ ਖੋਸਲਾ ਨੇ ਕਿਹਾ ਕਿ ਅਰੁਣ ਜੇਤਲੀ ਸਿਰਫ਼ ਇੱਕ ਸਿਆਸੀ ਆਗੂ ਹੀ ਨਹੀਂ ਸਨ, ਸਗੋਂ ਉਹ ਇੱਕ ਉੱਚ ਕੋਟੀ ਦੇ ਕਾਨੂੰਨ ਦੇ ਜਾਣਕਾਰ, ਪ੍ਰਭਾਵਸ਼ਾਲੀ ਬੁਲਾਰੇ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਵਾਲੇ ਰਣਨੀਤੀਕਾਰ ਵੀ ਸਨ। ਭਾਰਤੀ ਰਾਜਨੀਤੀ ਵਿੱਚ ਜੇਤਲੀ ਵੱਲੋਂ ਨਿਭਾਈ ਗਈ ਭੂਮਿਕਾ ਅਤੇ ਦੇਸ਼ ਲਈ ਉਨ੍ਹਾਂ ਦਾ ਯੋਗਦਾਨ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਇਸ ਦੌਰਾਨ ਅਰੁਣ ਖੋਸਲਾ ਅਤੇ ਸੋਮ ਪ੍ਰਕਾਸ਼ ਨੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ, ਸੰਸਦ ਮੈਂਬਰ ਅਨੁਰਾਗ ਠਾਕੁਰ, ਸੰਸਦ ਮੈਂਬਰ ਬਾਂਸੁਰੀ ਸਵਰਾਜ ਸਮੇਤ ਹੋਰ ਭਾਜਪਾ ਆਗੂਆਂ ਨਾਲ ਵੀ ਮੁਲਾਕਾਤ ਕੀਤੀ। ਇਸ ਮੌਕੇ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ, ਸੂਬੇ ਵਿੱਚ ਭਾਜਪਾ ਦੀ ਸਥਿਤੀ ਅਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਭਾਜਪਾ ਲੀਡਰਸ਼ਿਪ ਨਾਲ ਮੁਲਾਕਾਤ ਦੌਰਾਨ ਪੰਜਾਬ ਵਿੱਚ ਤੇਜ਼ੀ ਨਾਲ ਬਦਲ ਰਹੇ ਸਿਆਸੀ ਸਮੀਕਰਨਾਂ, ਵੱਖ-ਵੱਖ ਸਿਆਸੀ ਪਾਰਟੀਆਂ ਦੀਆਂ ਸਰਗਰਮੀਆਂ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਰਣਨੀਤੀ ਨੂੰ ਲੈ ਕੇ ਵੀ ਚਰਚਾ ਹੋਈ। ਆਗੂਆਂ ਨੇ ਪੰਜਾਬ ਵਿੱਚ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਵਧਾਉਣ ਅਤੇ ਸੂਬੇ ਦੇ ਸਿਆਸੀ ਮਾਹੌਲ ਨੂੰ ਨੇੜਿਓਂ ਸਮਝਣ ਦੀ ਲੋੜ 'ਤੇ ਵਿਚਾਰ ਸਾਂਝੇ ਕੀਤੇ।

## ਡੇਰਾ ਪੰਡਵਾਂ ਵਿਖੇ ਧਾਰਮਿਕ ਸਮਾਗਮ ਕਰਵਾਇਆ



**ਬੰਗਾ (ਅਵਤਾਰ ਕਲੇਰ)**-ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ, ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ 108 ਸੰਤ ਬਾਬਾ ਹੰਸਰਾਜ ਮਹਾਰਾਜ ਦੇ 57ਵੇਂ ਬਰਸੀ ਸਮਾਗਮ ਅਤੇ 23ਵੇਂ ਸਥਾਪਨਾ ਦਿਵਸ ਸਰੋਵਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਅਤੇ ਸੰਤਾਂ ਦੇ ਪਿਤਾ ਪ੍ਰੀਤਮ ਦਾਸ ਅਤੇ ਮਾਤਾ ਦਲੀਪ ਕੌਰ ਦੇ ਬਰਸੀ ਸਮਾਗਮ ਨੂੰ ਸਮਰਪਤ ਧਾਰਮਿਕ ਸਮਾਗਮ ਗੱਦੀਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਬੀਬੀ ਬਿਮਲਾ ਰਾਣੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਏ ਗਏ। ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਜਰਨੈਲ ਨੰਗਲ ਚੇਅਰਮੈਨ ਇੰਪਰੂਮੈਂਟ ਟਰੱਸਟ, ਜੱਸੀ ਤੱਲ੍ਹਣ, ਜਥੇਦਾਰ ਸਰੂਪ ਸਿੰਘ ਖਲਵਾੜਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਵੱਖ ਵੱਖ ਦਰਬਾਰਾਂ ਤੋਂ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਜਸਵਿੰਦਰ ਸਿੰਘ ਡਾਂਡੀਆ, ਸੰਤ ਸਤਨਾਮ ਦਾਸ ਗੱਜਰ ਮਹਿਦੂਦ, ਸੰਤ ਬੀਬੀ ਮੀਨਾ ਦੇਵੀ ਡੇਰਾ ਰਤਨਪੁਰੀ ਜੇਜੋਂ ਦੋਆਬਾ, ਸੰਤ ਹਾਕਮ ਦਾਸ ਸੰਧਵਾਂ, ਸੰਤ ਆਤਮਾ ਦਾਸ ਅੱਪਰਾ, ਸੰਤ ਬਲਵੀਰ ਦਾਸ ਸਾਹਰੀ, ਸੰਤ ਗੁਰਮੀਤ ਰਾਮ ਹਾਜੀਪੁਰ, ਸੰਤ ਸਤਨਾਮ ਸਿੰਘ ਨਰੂੜ, ਸੰਤ ਟਹਿਲ ਨਾਥ ਨੰਗਲ ਖੇੜਾ, ਸੰਤ ਗੰਗੋਤਰੀ ਦਾਸ ਫਗਵਾੜਾ, ਸੰਤ ਸਰੂਪ ਗਿਰ ਰਾਹੋਂ, ਸੰਤ ਮੋਹਣ ਦਾਸ ਲਖਨਪਾਲ, ਸੰਤ ਸੁਖਦੇਵ ਦਾਸ ਚੱਕਕਲਾਲ, ਸੰਤ ਸ਼ਾਮ ਦਾਸ ਝੰਡੇਰਾਂ, ਸੰਤ ਗੁਰਮੀਤ ਦਾਸ, ਸੰਤ ਹਰਵਿੰਦਰ ਲੱਲੀਆਂ, ਸੰਤ ਮਹਿੰਦਰਪਾਲ ਬੀਰਮਪੁਰ, ਸੰਤ ਕਪੂਰ ਦਾਸ ਜਲੰਧਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਮਹਿੰਦਰ ਪਾਲ, ਸੰਤ ਬੀਬੀ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ, ਸੰਤ ਮੋਹਣ ਪਾਲ ਵਲੋਂ ਪਹੁੰਚੇ ਹੋਏ ਮਹਿਮਾਨਾਂ, ਸੰਤ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ 'ਚ ਪਰਮਜੀਤ ਸਿੰਘ ਬੁੱਟਰ ਕੈਨੇਡਾ, ਮਾਸਟਰ ਗੁਰਨਾਮ ਚੰਦ, ਸੁਖਦੇਵ ਸਿੰਘ ਅਮਰੀਕਾ, ਪ੍ਰਗਟ ਸਿੰਘ, ਬਾਲ ਕ੍ਰਿਸ਼ਨ, ਸਰਬਜੀਤ ਕੁਮਾਰ, ਬਲਵੰਤ ਰਾਮ, ਹਰਦੇਵ ਲਾਲ, ਬਲਵੀਰ ਸਿੰਘ ਅਮਰੀਕਾ, ਕੁਲਵਿੰਦਰ ਸਿੰਘ ਕੈਨੇਡਾ, ਭੁਪਿੰਦਰ ਸਿੰਘ ਇੰਗਲੈਂਡ ਦਾ ਖਾਸ ਸਹਿਯੋਗ ਰਿਹਾ।

# 7 ਲੱਖ ਤੋਂ ਵੱਧ ਮਹਿਲਾਵਾਂ ਨੂੰ ਮਿਲ ਰਹੀ ਮਹੀਨਾਵਾਰ ਵਿੱਤੀ ਸਹਾਇਤਾ : ਡਾ. ਬਲਜੀਤ ਕੌਰ



**ਚੰਡੀਗੜ੍ਹ (ਗੁਰਜੀਤ ਬਿੱਲਾ)** ਕਮਜ਼ੋਰ ਅਤੇ ਲੋੜਵੰਦ ਮਹਿਲਾਵਾਂ ਨੂੰ ਮਜ਼ਬੂਤ ਸਮਾਜਿਕ ਸੁਰੱਖਿਆ ਢਾਂਚੇ ਰਾਹੀਂ ਸਹਾਰਾ ਦੇਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਨਿਆਸ਼ਰਿਤ ਮਹਿਲਾ ਵਿੱਤੀ ਸਹਾਇਤਾ ਸਕੀਮ ਰਾਹੀਂ ਸੂਬੇ ਦੀਆਂ 7 ਲੱਖ ਤੋਂ ਵੱਧ ਵਿਧਵਾ ਅਤੇ ਨਿਆਸ਼ਰਿਤ ਮਹਿਲਾਵਾਂ ਨੂੰ ਵਿੱਤੀ ਸੁਰੱਖਿਆ, ਸਨਮਾਨ ਅਤੇ ਸਮਾਜਿਕ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਪੱਕਾ ਇਰਾਦਾ ਹੈ ਕਿ ਕੋਈ ਵੀ ਯੋਗ ਮਹਿਲਾ ਆਰਥਿਕ ਤੰਗੀ ਕਾਰਨ ਸਨਮਾਨਜਨਕ ਜੀਵਨ ਜਿਉਣ ਦੇ ਅਧਿਕਾਰ ਤੋਂ ਵਾਂਝੀ ਨਾ ਰਹੇ। ਉਨ੍ਹਾਂ ਕਿਹਾ ਕਿ ਸਮਾਜਿਕ ਸੁਰੱਖਿਆ ਸਰਕਾਰ ਦੇ ਸਮਾਵੇਸ਼ੀ ਅਤੇ ਲੋਕ-ਕੇਂਦਰਿਤ ਭਲਾਈ ਏਜੰਡੇ ਦਾ ਅਹਿਮ ਹਿੱਸਾ ਹੈ। ਸਕੀਮ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਨਿਆਸ਼ਰਿਤ ਮਹਿਲਾ ਵਿੱਤੀ ਸਹਾਇਤਾ ਸਕੀਮ ਤਹਿਤ ਮੌਜੂਦਾ ਵਿੱਤੀ ਸਾਲ ਦੌਰਾਨ ਜੁਲਾਈ ਮਹੀਨੇ ਤੱਕ 518.81 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 7 ਲੱਖ ਤੋਂ ਵੱਧ ਮਹਿਲਾਵਾਂ ਇਸ ਸਕੀਮ ਦਾ ਲਾਭ ਪ੍ਰਾਪਤ ਕਰ ਰਹੀਆਂ ਹਨ, ਜਿਸ ਨਾਲ ਉਹ ਆਪਣੀਆਂ ਜ਼ਰੂਰੀ ਲੋੜਾਂ ਪੂਰੀਆਂ ਕਰਨ ਦੇ ਨਾਲ-ਨਾਲ ਵਧੇਰੇ ਵਿੱਤੀ ਸਥਿਰਤਾ ਅਤੇ ਆਤਮ-ਵਿਸ਼ਵਾਸ ਨਾਲ ਜੀਵਨ ਬਤੀਤ ਕਰ ਰਹੀਆਂ ਹਨ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਹਰ ਯੋਗ ਵਿਧਵਾ ਅਤੇ ਨਿਆਸ਼ਰਿਤ ਮਹਿਲਾ ਨੂੰ 1,500/- ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ, ਜੋ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਅਤੇ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਸਹਾਇਕ ਬਣ ਰਹੀ ਹੈ।

# ਕੌਂਸਲਰ ਅਨੁਰਾਗ ਮਨਖੰਡ ਫਗਵਾੜਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਣੇ



**ਫਗਵਾੜਾ (ਡਾ. ਰਮਨ )**-ਫਗਵਾੜਾ ਦੀ ਰਾਜਨੀਤੀ ਵਿੱਚ ਆਮ ਆਦਮੀ ਪਾਰਟੀ ਵੱਲੋਂ ਇੱਕ ਅਹਿਮ ਸਿਆਸੀ ਨਿਯੁਕਤੀ ਕਰਦਿਆਂ ਵਾਰਡ ਨੰਬਰ 22 ਦੇ ਕੌਂਸਲਰ, ਤੇਜ਼ਤਰਾਰ ਨੌਜਵਾਨ ਆਗੂ ਅਤੇ ਹਿੰਦੂਤਵ ਦੇ ਪ੍ਰਮੁੱਖ ਚਿਹਰੇ ਰਹੇ ਅਨੁਰਾਗ ਕੁਮਾਰ ਮਨਖੰਡ ਨੂੰ ਫਗਵਾੜਾ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਕੌਂਸਲਰ ਅਨੁਰਾਗ ਕੁਮਾਰ ਮਨਖੰਡ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਆਪ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਅਤੇ ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਸਮੇਤ ਪਾਰਟੀ ਦੀ ਸਮੁੱਚੀ ਹਾਈਕਮਾਂਡ ਲੀਡਰਸ਼ਿਪ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਨੇ ਜਿਸ ਭਰੋਸੇ ਨਾਲ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਵਪਾਰੀਆਂ ਅਤੇ ਮਾਰਕੀਟ ਕਮੇਟੀ ਨਾਲ ਜੁੜੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਇਸ ਦੇ ਨਾਲ ਹੀ ਫਗਵਾੜਾ ਖੇਤਰ ਵਿੱਚ ਖੇਤੀਬਾੜੀ ਅਤੇ ਵਪਾਰਕ ਗਤੀਵਿਧੀਆਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਵਾਰਡ ਨੰਬਰ 22 ਤੋਂ ਕੌਂਸਲਰ ਬਣਨ ਤੋਂ ਬਾਅਦ ਉਨ੍ਹਾਂ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਪ੍ਰਮੁੱਖਤਾ ਨਾਲ ਉਠਾਇਆ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਹ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਂਦੇ ਰਹੇ ਹਨ।

# ਸੀਕਰੀ ਦੇ 4 ਦਿਨਾ ਕਬੱਡੀ ਕੱਪ ਦਾ ਪੋਸਟਰ ਜਾਰੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਇਸ ਸੰਬੰਧ ਵਿੱਚ ਪਿੰਡ ਸੀਕਰੀ ਵਿਖੇ ਹੋਣ ਵਾਲੇ 4 ਦਿਨਾ ਕਬੱਡੀ ਕੱਪ ਦਾ ਪ੍ਰਬੰਧਕਾਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਪੋਸਟਰ ਜਾਰੀ ਕਰਨ ਸਮੇਂ ਮੁੱਖ ਪ੍ਰਬੰਧਕ ਸਰਪੰਚ ਸੇਵਾ ਸਿੰਘ




ਸੀਕਰੀ ਤੇ ਹੋਰਨਾਂ ਸਹਿਯੋਗੀਆਂ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ, ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 3 ਸਤੰਬਰ ਤੋਂ 6 ਸਤੰਬਰ ਤੱਕ ਕਰਵਾਏ ਜਾ ਰਹੇ ਇਸ ਵੱਡੀ ਕੱਪ ਦੌਰਾਨ ਨਾਮੀ ਕਬੱਡੀ ਅਕੈਡਮੀਆਂ ਤੋਂ ਇਲਾਵਾ ਤੋਂ ਇਲਾਵਾ ਪੰਜਾਬ ਦੀਆਂ ਨਾਮੀ ਟੀਮਾਂ ਭਾਗ ਲੈਂਦੇ ਹੋਏ ਮਾਂ ਖੇਡ ਕਬੱਡੀ ਦਾ ਸ਼ਾਨਦਾਰ ਪ੍ਰਦਰਸ਼ਨ ਕਰਨਗੀਆਂ। ਪ੍ਰਬੰਧਕਾਂ ਦੱਸਿਆ ਕਿ ਕਬੱਡੀ ਕੱਪ ਵਿੱਚ ਜੇਤੂ ਰਹੀ ਅਕੈਡਮੀ ਦੀ ਟੀਮ ਨੂੰ 51 ਹਜ਼ਾਰ ਰੁਪਏ ਪਹਿਲਾ ਇਨਾਮ ਅਤੇ ਦੂਸਰੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 21 ਹਜ਼ਾਰ ਰੁਪਏ ਦਿੱਤੇ ਜਾਣਗੇ ਇਸ ਤੋਂ ਇਲਾਵਾ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ 65 ਕਿਲੋ, 58 ਕਿਲੋ, ਉਮਰ ਤੇ 50 ਕਿਲੋ ਉਮਰ ਵਰਗ ਦੀਆਂ ਜੇਤੂ ਟੀਮਾਂ ਨੂੰ ਟੀਮਾਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ। ਇਸ ਮੌਕੇ ਸਰਪੰਚ ਸੇਵਾ ਸਿੰਘ ਸੀਕਰੀ ਨੇ ਦੱਸਿਆ ਕਿ ਸਮੁੱਚੇ ਟੂਰਨਾਮੈਂਟ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ ਅਤੇ ਅਤੇ ਸਮੁੱਚੇ ਪ੍ਰਬੰਧਕ ਤਿਆਰੀਆਂ ਵਿੱਚ ਰੁਝੇ ਹੋਏ ਹਨ ਤਾਂ ਜੋ ਇਸ ਟੂਰਨਾਮੈਂਟ ਵਿੱਚ ਪਹੁੰਚਣ ਵਾਲੇ ਖੇਡ ਪ੍ਰੇਮੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਸਰਪੰਚ ਸੇਵਾ ਸਿੰਘ ਤੋਂ ਇਲਾਵਾ ਦਲਜੀਤ ਸਿੰਘ, ਅਵਤਾਰ ਸਿੰਘ, ਸੂਬੇਦਾਰ ਦਰਸ਼ਨ ਸਿੰਘ, ਰਜਿੰਦਰ ਸਿੰਘ, ਡਾ. ਅਮਰਜੀਤ ਸਿੰਘ, ਮਹਿੰਦਰ ਸਿੰਘ ਨਰਿੰਦਰ ਕੌਰ, ਸੁੱਖਪ੍ਰੀਤ ਕੌਰ (ਸਾਰੇ ਹੀ ਪੰਚਾਇਤ ਮੈਂਬਰ ਪਿੰਡ ਸੀਕਰੀ) ਤੋਂ ਇਲਾਵਾ ਮਹੰਤ ਬਲਰਾਮ ਵਸ਼ਿਸ਼ਟ, ਹਰਵਿੰਦਰ ਸਿੰਘ, ਪ੍ਰੈਸ ਸਕੱਤਰ ਓਂਕਾਰ ਸਿੰਘ , ਫੌਜੀ ਰਾਮਣ ਸਿੰਘ, ਰਾਣਾ ਆੜ੍ਹਤੀਆ, ਮਨੋਜ ਕੁਮਾਰ, ਦੀਦਾਰ ਸਿੰਘ ਸ਼ੇਰ ਗਿੱਲ, ਰਣਜੀਤ ਸਿੰਘ ਥਿਆੜਾ, ਜੱਸਾ ਸਿੰਘ ਥਿਆੜਾ, ਕਰਨਲ ਮਹਿੰਦਰ ਸਿੰਘ, ਨੰਬਰਦਾਰ ਰੇਸ਼ਮ ਸਿੰਘ, ਸੁੱਖੀ ਰਾਜਾ, ਲਾਡਾ ਥਿਆੜਾ, ਪਰਮਿੰਦਰ ਸਿੰਘ, ਰਿੰਕੂ ਨੰਬਰਦਾਰ, ਲੱਕੀ ਸੀਕਰੀ ਵੀ ਮੌਜੂਦ ਸਨ।

# ਜਨਰਲ ਕੌਂਸਲਾਂ ਲਈ ਯੋਗਤਾਵਾਂ 'ਚ ਬਦਲਾਅ ਨੂੰ ਚੁਣੌਤੀ ਦੇਣ ਲਈ ਹਾਈ ਕੋਰਟ 'ਚ ਪਟੀਸ਼ਨ ਦਾਇਰ, ਨੋਟਿਸ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੰਮ ਕਰਨ ਵਾਲੇ ਜਨਰਲ ਕੌਂਸਲਾਂ ਲਈ ਯੋਗਤਾ ਮਾਪਦੰਡਾਂ ਵਿੱਚ ਅਚਾਨਕ ਬਦਲਾਅ ਨੂੰ ਚੁਣੌਤੀ ਦਿੰਦੇ ਹੋਏ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਗਈ ਹੈ। ਅਪੂਰਵਾ ਬਚਟਾ ਅਤੇ ਹੋਰਾਂ ਦੁਆਰਾ ਵਕੀਲ ਜੀਪੀਐਸ ਬਾਲ ਰਾਹੀਂ ਦਾਇਰ ਪਟੀਸ਼ਨ, 4 ਅਗਸਤ, 2026 ਨੂੰ ਜਾਰੀ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਮੰਗ ਕਰਦੀ ਹੈ, ਜਿਸ ਵਿੱਚ ਕੌਂਸਲਰ ਦੇ ਅਹੁਦੇ ਲਈ ਮਨੋਵਿਗਿਆਨ ਵਿੱਚ ਐੱਮ ਏ ਅਤੇ ਕਾਨੂੰਨ ਦੀ ਬੈਚਲਰ (ਐਲ.ਐਲ.ਬੀ.) ਡਿਗਰੀ ਲਾਜ਼ਮੀ ਸੀ। ਪਟੀਸ਼ਨਰਾਂ ਦਾ ਤਰਕ ਹੈ ਕਿ ਉਹ 1 ਮਾਰਚ, 2024 ਤੋਂ ਹਾਈ ਕੋਰਟ ਕਾਨੂੰਨੀ ਸੇਵਾਵਾਂ ਕਮੇਟੀ ਨਾਲ ਇਕਰਾਰਨਾਮੇ ਦੇ ਆਧਾਰ 'ਤੇ ਜਨਰਲ ਕੌਂਸਲ ਵਜੋਂ ਸੇਵਾ ਨਿਭਾ ਰਹੇ ਹਨ। ਉਸ ਸਮੇਂ 12 ਜਨਵਰੀ, 2024 ਨੂੰ ਜਾਰੀ ਨੋਟੀਫਿਕੇਸ਼ਨ ਦੇ ਅਨੁਸਾਰ, ਇਸ ਅਹੁਦੇ ਲਈ ਮੁੱਖ ਯੋਗਤਾ ਮਨੋਵਿਗਿਆਨ, ਸਮਾਜ ਸ਼ਾਸਤਰ ਜਾਂ ਸਮਾਜਿਕ ਕਾਰਜ ਵਿੱਚ ਪੋਸਟ ਗ੍ਰੈਜੂਏਟ ਡਿਗਰੀ ਸੀ। ਪਟੀਸ਼ਨਕਰਤਾਵਾਂ ਦਾ ਕਹਿਣਾ ਹੈ ਕਿ ਸਲਾਹਕਾਰਾਂ ਦੀ ਮੁੱਖ ਭੂਮਿਕਾ ਵਿਆਹੁਤਾ ਝਗੜਿਆਂ, ਔਰਤਾਂ, ਬੱਚਿਆਂ ਅਤੇ ਬਜ਼ੁਰਗ ਨਾਗਰਿਕਾਂ ਨਾਲ ਸਬੰਧਤ ਪਰਿਵਾਰਕ ਮਾਮਲਿਆਂ ਵਿੱਚ ਵਿਚੋਲਗੀ ਕਰਨਾ ਅਤੇ ਵਿਵਹਾਰਕ ਪੈਟਰਨ ਮੁਲਾਂਕਣ ਕਰਨਾ ਹੈ, ਜਿਸ ਲਈ ਮਨੋਵਿਗਿਆਨ ਦੀ ਪੂਰੀ ਸਮਝ ਦੀ ਲੋੜ ਹੁੰਦੀ ਹੈ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਨੌਕਰੀ ਪ੍ਰੋਫਾਈਲ ਵਿੱਚ ਬਿਨਾਂ ਕਿਸੇ ਬਦਲਾਅ ਦੇ ਭਰਤੀ ਨਿਯਮਾਂ ਵਿੱਚ ਅਚਾਨਕ ਐਲਐਲਬੀ ਦੀ ਜ਼ਰੂਰਤ ਨੂੰ ਜੋੜਨਾ ਪੂਰੀ ਤਰ੍ਹਾਂ ਤਰਕਹੀਣ ਅਤੇ ਮਨਮਾਨੀ ਹੈ। ਇਸ ਨਾਲ ਪਹਿਲਾਂ ਹੀ ਨੌਕਰੀ ਕਰ ਰਹੇ ਤਜਰਬੇਕਾਰ ਸਲਾਹਕਾਰਾਂ ਦਾ ਭਵਿੱਖ ਖ਼ਤਰੇ ਵਿੱਚ ਪੈ ਗਿਆ ਹੈ ਜਿਨ੍ਹਾਂ ਕੋਲ ਕਾਨੂੰਨ ਦੀ ਡਿਗਰੀ ਨਹੀਂ ਹੈ। ਇਹ ਨਵਾਂ ਨਿਯਮ ਉਨ੍ਹਾਂ ਨੂੰ ਚੱਲ ਰਹੀ ਚੋਣ ਪ੍ਰਕਿਰਿਆ ਤੋਂ ਬਾਹਰ ਕਰ ਦੇਵੇਗਾ, ਜੋ ਭਾਰਤੀ ਸੰਵਿਧਾਨ ਦੇ ਅਨੁਛੇਦ 14 ਅਤੇ 16 ਦੇ ਤਹਿਤ ਗਾਰੰਟੀਸ਼ੁਦਾ ਉਨ੍ਹਾਂ ਦੇ ਬੁਨਿਆਦੀ ਅਧਿਕਾਰਾਂ ਦੀ ਉਲੰਘਣਾ ਕਰਦਾ ਹੈ।ਪਟੀਸ਼ਨਕਰਤਾਵਾਂ ਨੇ ਬੈਂਚ ਨੂੰ 4 ਅਗਸਤ, 2026 ਦੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਅਪੀਲ ਕੀਤੀ ਹੈ, ਅਤੇ ਨਿਰਦੇਸ਼ ਦਿੱਤਾ ਹੈ ਕਿ ਉਨ੍ਹਾਂ ਦੀਆਂ ਅਰਜ਼ੀਆਂ 'ਤੇ ਨਵੀਂ ਚੋਣ ਪ੍ਰਕਿਰਿਆ ਵਿੱਚ ਸਿਰਫ਼ ਐਮ.ਏ. (ਮਨੋਵਿਗਿਆਨ) ਯੋਗਤਾ ਦੇ ਆਧਾਰ 'ਤੇ ਵਿਚਾਰ ਕੀਤਾ ਜਾਵੇ।ਇਸ ਮਾਮਲੇ ਦੀ ਸੁਣਵਾਈ ਸ਼ੁੱਕਰਵਾਰ ਨੂੰ ਜਸਟਿਸ ਸੁਦੀਪਤੀ ਸ਼ਰਮਾ ਦੀ ਅਗਵਾਈ ਵਾਲੇ ਬੈਂਚ ਦੇ ਸਾਹਮਣੇ ਹੋਈ। ਦਲੀਲਾਂ ਤੋਂ ਬਾਅਦ, ਬੈਂਚ ਨੇ ਇੱਕ ਨੋਟਿਸ ਜਾਰੀ ਕੀਤਾ ਅਤੇ ਜਵਾਬ ਮੰਗਿਆ।

# ਗੁਰਦੀਪ ਸਿੰਘ ਮੁੜ ਸੰਭਾਲਣਗੇ ਈ ਓ ਦਾ ਅਹੁਦਾ


**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਸੇਵਾ ਲਈ ਗੁਰਦੀਪ ਸਿੰਘ ਮੁੜ ਨਗਰ ਕੌਂਸਲ ਵਿਖੇ ਕਾਰਜ ਸਾਧਕ ਅਫਸਰ (ਈ ਓ) ਵਜੋਂ ਆਪਣਾ ਅਹੁਦਾ ਸੰਭਾਲਣ ਜਾ ਰਹੇ ਹਨ। ਉਨ੍ਹਾਂ ਦੀ ਵਾਪਸੀ ਨੂੰ ਲੈ ਕੇ ਇਲਾਕੇ ਦੇ ਲੋਕਾਂ ਅਤੇ ਨਗਰ ਕੌਂਸਲ ਨਾਲ ਜੁੜੇ ਵਰਗਾਂ ਵਿੱਚ ਖੁਸ਼ੀ ਦੀ ਲਹਿਰ ਹੈ। ਗੁਰਦੀਪ ਸਿੰਘ ਪਹਿਲਾਂ ਵੀ ਸ੍ਰੀ ਅਨੰਦਪੁਰ ਸਾਹਿਬ ਨਗਰ ਕੌਂਸਲ ਵਿੱਚ ਬਤੌਰ ਈ ਓ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਜ਼ਿਕਰਯੋਗ ਹੈ ਕਿ ਗੁਰਦੀਪ ਸਿੰਘ ਨੂੰ ਇਸ ਤੋਂ ਪਹਿਲਾਂ ਮੋਰਿੰਡਾ ਨਗਰ ਕੌਂਸਲ ਦਾ ਵਾਧੂ ਚਾਰਜ ਵੀ ਦਿੱਤਾ ਗਿਆ ਸੀ। ਉਹ ਆਪਣੀ ਮਿਹਨਤ, ਇਮਾਨਦਾਰੀ, ਲਗਨ ਅਤੇ ਲੋਕਾਂ ਨਾਲ ਸਹਿਯੋਗੀ ਵਿਵਹਾਰ ਲਈ ਜਾਣੇ ਜਾਂਦੇ ਹਨ। ਆਪਣੇ ਪਿਛਲੇ ਕਾਰਜਕਾਲ ਦੌਰਾਨ ਉਨ੍ਹਾਂ ਵੱਲੋਂ ਗੁਰੂ ਨਗਰੀ ਦੀਆਂ ਜ਼ਰੂਰਤਾਂ ਅਤੇ ਨਗਰ ਕੌਂਸਲ ਨਾਲ ਸੰਬੰਧਤ ਕੰਮਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਯਤਨ ਕੀਤੇ ਗਏ ਸਨ।



# ਤੀਜ ਦਾ ਤਿਉਹਾਰ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਹਰੀ ਪ੍ਰਕਾਸ਼ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਕਾਲਜ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸਮਰਪਿਤ ਤੀਜ ਫੈਸਟੀਵਲ ਬੜੇ ਹੀ ਉਤਸ਼ਾਹ, ਖੁਸ਼ੀ ਅਤੇ ਰਵਾਇਤੀ ਰੰਗਾਂ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਕੈਂਪਸ ਨੂੰ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕਰਦੀਆਂ ਸੁੰਦਰ ਸਜਾਵਟਾਂ ਨਾਲ ਸਜਾਇਆ ਗਿਆ। ਤੀਜ ਫੈਸਟੀਵਲ ਦੌਰਾਨ ਵਿਦਿਆਰਥਣਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ, ਗਹਿਣਿਆਂ, ਮਹਿੰਦੀ ਅਤੇ ਪੰਜਾਬੀ ਸੱਭਿਆਚਾਰਕ ਰੰਗ-ਰੂਪ ਰਾਹੀਂ ਪੰਜਾਬ ਦੇ ਅਮੀਰ ਵਿਰਸੇ ਦੀ ਖੂਬਸੂਰਤ ਪੇਸ਼ਕਾਰੀ ਕੀਤੀ। ਸਮਾਗਮ ਦੀ ਵਿਸ਼ੇਸ਼ ਖਿੱਚ 'ਤੀਜ ਦੀ ਰਾਣੀ', 'ਸੋਹਣੀ ਪੰਜਾਬਣ' ਅਤੇ 'ਸੋਹਣਾ ਪਹਿਰਾਵਾ' ਦੇ ਮੁਕਾਬਲੇ ਰਹੇ। ਤੀਜ ਦੀ ਰਾਣੀ ਦਾ ਖਿਤਾਬ ਹਰਪ੍ਰੀਤ ਕੌਰ, ਸੋਹਣੀ ਪੰਜਾਬਣ ਦਾ ਖਿਤਾਬ ਤਰੁਣ ਅਤੇ ਸੋਹਣਾ ਪਹਿਰਾਵਾ ਦਾ ਖਿਤਾਬ ਕਾਜਲ ਨੇ ਹਾਸਲ ਕੀਤਾ। ਜੇਤੂਆਂ ਨੂੰ ਖਿਤਾਬ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹਿੰਦੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥਣਾਂ ਨੇ ਆਪਣੀ ਰਚਨਾਤਮਕਤਾ ਅਤੇ ਕਲਾਤਮਕ ਹੁਨਰ ਦਾ ਪ੍ਰਦਰਸ਼ਨ ਕਰਦਿਆਂ ਸੁੰਦਰ ਮਹਿੰਦੀ ਡਿਜ਼ਾਈਨ ਤਿਆਰ ਕੀਤੇ। ਮਹਿੰਦੀ ਮੁਕਾਬਲੇ ਵਿੱਚ ਨੀਤੂ, ਪੂਨਮ ਅਤੇ ਨਵਜੋਤ ਨੇ ਬਹੁਤ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਨ੍ਹਾਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮਾਧਵੀ ਟੰਡਨ, ਈਸ਼ਾ ਟੰਡਨ, ਨਰਿੰਦਰ ਅਰੋੜਾ ਤੇ ਭਾਰਤ ਰਤਨ ਟੰਡਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਦੇ ਚੇਅਰਮੈਨ ਸ੍ਰੀ ਰੋਹਿਤ ਟੰਡਨ ਜੀ ਨੇ ਵੀ ਵਿਦਿਆਰਥਣਾਂ ਨੂੰ ਤੀਜ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਸੁੰਦਰ ਪੰਜਾਬੀ ਪਹਿਰਾਵੇ, ਮਹਿੰਦੀ, ਰਵਾਇਤੀ ਵਿਦਿਆਰਥਣਾਂ ਨੇ ਆਪਸੀ ਸਾਂਝ ਅਤੇ ਖੁਸ਼ੀ ਨਾਲ ਤੀਜ ਦੇ ਇਸ ਖੂਬਸੂਰਤ ਤਿਉਹਾਰ ਦਾ ਆਨੰਦ ਮਾਣਿਆ।ਅੰਤ ਵਿੱਚ ਕਾਲਜ ਪ੍ਰਬੰਧਨ ਵੱਲੋਂ ਮੁੱਖ ਮਹਿਮਾਨਾਂ, ਜੇਤੂ ਵਿਦਿਆਰਥਣਾਂ, ਭਾਗ ਲੈਣ ਵਾਲੀਆਂ ਸਾਰੀਆਂ ਵਿਦਿਆਰਥਣਾਂ ਅਤੇ ਸਮਾਗਮ ਨੂੰ ਸਫਲ ਬਣਾਉਣ ਵਾਲੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਗਿਆ।





# ਯੂ ਕੇ ਦੇ ਸੰਸਦ ਮੈਂਬਰ ਵੱਲੋਂ ਰਵਜੋਤ ਸਿੰਘ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ ਰਵਜੋਤ ਸਿੰਘ ਤੇ ਯੂ ਕੇ ਦੇ ਸੰਸਦ ਮੈਂਬਰ ਤੇ ਬਰਤਾਨਵੀ ਸੰਸਦ ਦੀ ਰੱਖਿਆ ਕਮੇਟੀ ਦੇ ਚੇਅਰਮੈਨ ਤਨਮਨਜੀਤ ਸਿੰਘ ਢੇਸੀ ਨੇ ਬੀਤੇ ਦਿਨ ਚੰਡੀਗੜ੍ਹ ਵਿਖੇ ਮੁਲਾਕਾਤ ਕਰਕੇ ਪ੍ਰਵਾਸੀ ਪੰਜਾਬੀਆਂ ਨਾਲ ਸਬੰਧਤ ਅਹਿਮ ਮੁੱਦਿਆਂ, ਪੰਜਾਬ ਨਾਲ ਹਵਾਈ ਸੰਪਰਕ, ਨਿਵੇਸ਼ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਦੀ ਸੁਰੱਖਿਆ ਸਮੇਤ ਕਈ ਮਾਮਲਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ ਰਾਏਪੁਰ ਵੀ ਮੌਜੂਦ ਸਨ। ਮੀਟਿੰਗ ਦੌਰਾਨ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਅਤੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡਾ, ਚੰਡੀਗੜ੍ਹ ਤੋਂ ਹੋਰ ਕੌਮਾਂਤਰੀ ਉਡਾਣਾਂ ਸ਼ੁਰੂ ਕਰਨ ਅਤੇ ਮੌਜੂਦਾ ਸਿੱਧੀਆਂ ਹਵਾਈ ਸੇਵਾਵਾਂ ਵਿੱਚ ਵਾਧਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਲੰਡਨ, ਬਰਮਿੰਘਮ ਅਤੇ ਯੂਰਪ ਦੇ ਹੋਰ ਪ੍ਰਮੁੱਖ ਸ਼ਹਿਰਾਂ ਨਾਲ ਪੰਜਾਬ ਦਾ ਸਿੱਧਾ ਹਵਾਈ ਸੰਪਰਕ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਦੋਵਾਂ ਹਵਾਈ ਅੱਡਿਆਂ 'ਤੇ ਹਵਾਈ ਮਾਲ ਦੀ ਢੋਆ-ਢੁਆਈ ਲਈ ਬਿਹਤਰ ਕਾਰਗੋ ਬੁਨਿਆਦੀ ਢਾਂਚਾ ਵਿਕਸਤ ਕਰਨ ਬਾਰੇ ਵੀ ਵਿਚਾਰ ਕੀਤਾ ਗਿਆ। ਮੀਟਿੰਗ ਦੌਰਾਨ ਪ੍ਰਵਾਸੀ ਪੰਜਾਬੀਆਂ ਨਾਲ ਸਬੰਧਤ ਜ਼ਮੀਨ ਅਤੇ ਜਾਇਦਾਦ ਦੇ ਵਿਵਾਦਾਂ ਦਾ ਮੁੱਦਾ ਵੀ ਵਿਸ਼ੇਸ਼ ਤੌਰ 'ਤੇ ਉਠਾਇਆ ਗਿਆ। ਸ੍ਰੀ ਢੇਸੀ ਨੇ ਅਜਿਹੇ ਮਾਮਲਿਆਂ ਦਾ ਮਿਥੇ ਸਮੇਂ ਅੰਦਰ ਨਿਪਟਾਰਾ ਕਰਨ ਅਤੇ ਐਨ.ਆਰ.ਆਈਜ਼ ਨੂੰ ਵਾਰ-ਵਾਰ ਪੰਜਾਬ ਆਉਣ ਜਾਂ ਲੰਬੇ ਸਮੇਂ ਤੱਕ ਅਦਾਲਤੀ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਵਿੱਚ ਉਲਝਣ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



# ਸਰਕਾਰੀ ਜ਼ਮੀਨ ਤੋਂ ਦਰੱਖਤ ਵੱਢਣ 'ਤੇ 6 ਖ਼ਿਲਾਫ਼ ਮਾਮਲਾ ਦਰਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹਾਜੀਪੁਰ ਪੁਲੀਸ ਨੇ ਸ਼ਾਹ ਨਹਿਰ ਦੀ ਜ਼ਮੀਨ ਤੋਂ ਚੋਰੀ ਦਰੱਖਤ ਵੱਢਣ ਦੇ ਦੋਸ਼ ਹੇਠਾਂ 6 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਕਾਰਵਾਈ ਸ਼ਾਹ ਨਹਿਰ ਹੈਡ ਵਰਕਸ ਤਲਵਾੜਾ ਦੇ ਐੱਸ ਡੀ ਓ ਅਮਰਿੰਦਰ ਸਿੰਘ ਦੇ ਬਿਆਨਾਂ 'ਤੇ ਕੀਤੀ ਹੈ। ਐੱਸ ਡੀ ਓ ਅਮਰਿੰਦਰ ਸਿੰਘ ਨੇ ਪੁਲਸ ਨੂੰ ਲਿਖਤੀ ਸ਼ਿਕਾਇਤ ਕੀਤੀ ਕਿ ਪਿੰਡ ਬੇਲਾ ਸਰਿਆਣਾ 'ਚ ਜਲ ਸੰਸਾਧਨ ਵਿਭਾਗ ਦੀ ਪੁਰਾਣੀ ਸ਼ਾਹ ਨਹਿਰ ਦੀ ਜ਼ਮੀਨ ਤੋਂ ਗੈਰ ਕਾਨੂੰਨੀ ਦਰੱਖਤ ਵੱਢਣ ਦੀ ਸੂਚਨਾ ਮਿਲੀ ਸੀ, ਮੌਕੇ 'ਤੇ ਪਿੰਡ ਦੀ ਪੰਚਾਇਤ ਨੇ ਦਰੱਖਤ ਵੱਢਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਾ ਮੰਨੇ। ਪੰਚਾਇਤ ਮੈਂਬਰਾਂ ਦੀ ਸ਼ਿਕਾਇਤ 'ਤੇ ਪੁਲਸ ਨੇ ਲੱਕੜ ਨਾਲ ਭਰੀ ਟਰੈਕਟਰ ਟਰਾਲੀ ਪਿੰਡ ਦੀ ਹਦੂਦ ਅੰਦਰ ਹੀ ਜ਼ਬਤ ਕਰ ਲਈ। ਮਾਲ ਵਿਭਾਗ ਵੱਲੋਂ ਕੀਤੀ ਨਿਸ਼ਾਨਦੇਹੀ 'ਚ ਉਕਤ ਵੱਢੇ ਗਏ ਦਰੱਖਤਾਂ ਵਾਲੀ ਜ਼ਮੀਨ ਸ਼ਾਹ ਨਹਿਰ ਪ੍ਰਸ਼ਾਸਨ ਦੀ ਨਿਕਲੀ। ਉਪਰੰਤ ਐਸਡੀਓ ਅਮਰਿੰਦਰ ਸਿੰਘ ਦੇ ਬਿਆਨਾਂ 'ਤੇ ਪੁਲੀਸ ਨੇ ਨਰਿੰਦਰ ਪਾਲ ਸਿੰਘ ਪੁੱਤਰ ਭੁੰਮਣ ਸਿੰਘ ਵਾਸੀ ਅਟਲਗੜ੍ਹ ਥਾਣਾ ਮੁਕੇਰੀਆਂ, ਪਵਨ ਕੁਮਾਰ, ਪੂਜਾ ਰਾਣੀ, ਸ਼ੁਭਮ ਕੁਮਾਰ, ਰਾਹੁਲ ਕੁਮਾਰ ਵਾਸੀਆਨ ਪਿੰਡ ਸਰਿਆਣਾ ਤੇ ਹਰਵਿੰਦਰ ਸਿੰਘ ਪਾਇਲਟ ਵਾਸੀ ਖੁੰਡਾ ਤੋਂ ਇਲਾਵਾ ਕੁੱਝ ਅਣਪਛਾਤੇ ਵਿਅਕਤੀਆਂ ਵਿਰੁੱਧ ਸਰਕਾਰੀ ਸੰਪਤੀ ਨੂੰ ਨੁਕਸਾਨ ਪਹੁੰਚਾਉਣ ਅਤੇ ਚੋਰੀ ਦੇ ਦੋਸ਼ ਹੇਠਾਂ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।


# ਪੂਨੀਆ ਦੀ ਅਗਵਾਈ ਹੇਠ ਭਾਜਪਾ ਪੰਜਾਬ 'ਚ ਹੋਰ ਮਜ਼ਬੂਤ ਹੋਵੇਗੀ : ਮਿਨਹਾਸ



**ਦਸੂਹਾ (ਕਰਨੈਲ ਮਾਂਗਟ)**- ਭਾਜਪਾ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਨੇ ਰਾਸ਼ਟਰੀ ਜਨਰਲ ਸਕੱਤਰ ਡਾ. ਸਤੀਸ਼ ਪੂਨੀਆ ਨੂੰ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਸੂਬਾ ਇੰਚਾਰਜ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੇ ਜਾਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਰਾਜਨੀਤਿਕ ਮੁੱਦਿਆਂ 'ਤੇ ਚਰਚਾ ਕੀਤੀ। ਇਸ ਮੌਕੇ ਮਿਨਹਾਸ ਨੇ ਕਿਹਾ, 'ਸਾਨੂੰ ਵਿਸ਼ਵਾਸ ਹੈ ਕਿ ਸੂਬਾ ਇੰਚਾਰਜ ਡਾ. ਸਤੀਸ਼ ਪੂਨੀਆ ਦੀ ਯੋਗ ਸੰਗਠਨਾਤਮਕ ਅਗਵਾਈ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਕਰੇਗੀ ਅਤੇ ਬੂਥ ਪੱਧਰ ਤੱਕ ਪਾਰਟੀ ਦੀ ਵਿਚਾਰਧਾਰਾ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਇੱਕ ਮਜ਼ਬੂਤ ਸਰਕਾਰ ਬਣਾਏਗੀ।'

# ਕੈਂਟਰ 'ਤੇ ਡਿੱਗਿਆ ਖੰਭਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬਸੀ ਦੇ ਪਿੰਡ ਗੁਲਾਬਗੜ੍ਹ ਦੀ ਫਿਰਨੀ 'ਤੇ ਉਸ ਸਮੇਂ ਹਫੜਾ-ਦਫੜੀ ਮਚ ਗਈ, ਜਦੋਂ ਸਮਾਨ ਲੈ ਕੇ ਜਾ ਰਿਹਾ ਇੱਕ ਕੈਂਟਰ ਸੜਕ ਦੇ ਉੱਪਰੋਂ ਲੰਘ ਰਹੀਆਂ ਬੱਲੇ ਲਟਕਦੀਆਂ ਬਿਜਲੀ ਦੀਆਂ ਤਾਰਾਂ ਦੀ ਲਪੇਟ ਵਿੱਚ ਆ ਗਿਆ। ਤਾਰਾਂ ਖਿੱਚੇ ਜਾਣ ਕਾਰਨ ਬਿਜਲੀ ਦਾ ਖੰਭਾ ਵੀ ਨੁਕਸਾਨਿਆ ਗਿਆ ਅਤੇ ਤਾਰਾਂ ਕੈਂਟਰ ਉੱਪਰ ਡਿੱਗ ਪਈਆਂ। ਘਟਨਾ ਸਮੇਂ ਬਿਜਲੀ ਦੀਆਂ ਤਾਰਾਂ ਵਿੱਚ ਕਰੰਟ ਚੱਲ ਰਿਹਾ ਸੀ। ਇਸ ਦੇ ਬਾਵਜੂਦ ਕੈਂਟਰ ਚਾਲਕ ਦਾ ਬਚਾਅ ਹੋ ਗਿਆ। ਦੱਸਿਆ ਗਿਆ ਹੈ ਕਿ ਕੁਝ ਸਮੇਂ ਲਈ ਤਾਰਾਂ ਵਿੱਚੋਂ ਚੰਗਿਆੜੀਆਂ ਨਿਕਲੀਆਂ, ਜਿਸ ਤੋਂ ਬਾਅਦ ਸਥਾਨਕ ਲੋਕਾਂ ਨੇ ਸਾਵਧਾਨੀ ਵਰਤਦਿਆਂ ਬਿਜਲੀ ਦੀ ਸਪਲਾਈ ਬੰਦ ਕਰਵਾਈ।ਕੈਂਟਰ ਚਾਲਕ ਮੁਤਾਬਕ ਉਹ ਪਿੰਡ ਵਿੱਚੋਂ ਹੁੰਦਾ ਹੋਇਆ ਇੱਕ ਫੈਕਟਰੀ ਵੱਲ ਮਾਲ ਲੈ ਕੇ ਜਾ ਰਿਹਾ ਸੀ। ਫਿਰਨੀ ਵਿੱਚ ਪਹੁੰਚਣ 'ਤੇ ਉਸ ਨੂੰ ਅਚਾਨਕ ਤਾਰਾਂ ਕੈਂਟਰ ਨਾਲ ਟਕਰਾਉਣ ਦਾ ਅਹਿਸਾਸ ਹੋਇਆ। ਕੁਝ ਹੀ ਪਲਾਂ ਵਿੱਚ ਖੰਭਾ ਅਤੇ ਤਾਰਾਂ ਹੇਠਾਂ ਆ ਡਿੱਗੀਆਂ। ਹਾਦਸੇ ਤੋਂ ਬਾਅਦ ਪਿੰਡ ਵਾਸੀਆਂ ਨੇ ਸੜਕ 'ਤੇ ਪਈਆਂ ਤਾਰਾਂ ਦੇ ਨੇੜੇ ਲੋਕਾਂ ਨੂੰ ਜਾਣ ਤੋਂ ਰੋਕਿਆ ਅਤੇ ਸੰਬੰਧਤ ਵਿਭਾਗ ਨੂੰ ਸੂਚਨਾ ਦਿੱਤੀ। ਬਿਜਲੀ ਦੀਆਂ ਤਾਰਾਂ ਅਤੇ ਖੰਭੇ ਨੂੰ ਨੁਕਸਾਨ ਪਹੁੰਚਣ ਕਾਰਨ ਪਿੰਡ ਦੇ ਕੁਝ ਹਿੱਸਿਆਂ ਵਿੱਚ ਬਿਜਲੀ ਸਪਲਾਈ ਪ੍ਰਭਾਵਿਤ ਹੋਈ ਹੈ।ਪਿੰਡ ਵਾਸੀਆਂ ਨੇ ਦੱਸਿਆ ਕਿ ਫਿਰਨੀ ਵਿੱਚ ਬਿਜਲੀ ਦੀਆਂ ਤਾਰਾਂ ਲੰਮੇ ਸਮੇਂ ਤੋਂ ਨੀਵੀਆਂ ਹੋਣ ਕਾਰਨ ਸਮੱਸਿਆ ਬਣੀ ਹੋਈ ਸੀ। ਉਨ੍ਹਾਂ ਮੰਗ ਕੀਤੀ ਕਿ ਤਾਰਾਂ ਨੂੰ ਉੱਚਾ ਕਰਕੇ ਢੁਕਵੇਂ ਢੰਗ ਨਾਲ ਲਗਾਇਆ ਜਾਵੇ ਅਤੇ ਨੁਕਸਾਨੇ ਖੰਭੇ ਨੂੰ ਜਲਦ ਬਦਲ ਕੇ ਬਿਜਲੀ ਸਪਲਾਈ ਬਹਾਲ ਕੀਤੀ ਜਾਵੇ।



# ਸਰਕਾਰ ਦੀਆਂ ਨਾਕਾਮੀਆਂ ਕਾਰਨ ਮਹਿੰਗਾਈ ਚਰਮ 'ਤੇ : ਗਿਲਜੀਆਂ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕਲਿਆਣਪੁਰ ਵਿਖੇ ਕਾਂਗਰਸ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਸਾਬਕਾ ਸਰਪੰਚ ਹਰਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ। ਮੀਟਿੰਗ ਵਿਚ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਕਾਰਜਕਾਰੀ ਪ੍ਰਧਾਨ ਪੰਜਾਬ ਕਾਂਗਰਸ ਸੰਗਤ ਸਿੰਘ ਗਿਲਜੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਾਂਗਰਸ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸਮੁਖੀ ਸੋਚ ਬਾਰੇ ਜਾਣੂ ਕਰਵਾਇਆ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਵਰਕਰਾਂ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ। ਆਪਣੇ ਸੰਬੋਧਨ ਦੌਰਾਨ ਗਿਲਜੀਆਂ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ 'ਤੇ ਤਿੱਖੇ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਸਰਕਾਰਾਂ ਦੀਆਂ ਨਾਕਾਮੀਆਂ ਅਤੇ ਗਲਤ ਆਰਥਿਕ ਨੀਤੀਆਂ ਕਾਰਨ ਅੱਜ ਮਹਿੰਗਾਈ ਨੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਉਨ੍ਹਾਂ ਕਿਹਾ ਕਿ ਰੋਜ਼ਾਨਾ ਵਰਤੋਂ ਦੀਆਂ ਵਸਤਾਂ, ਖਾਣ-ਪੀਣ ਦਾ ਸਮਾਨ, ਰਸੋਈ ਗੈਸ ਅਤੇ ਹੋਰ ਜ਼ਰੂਰੀ ਸੇਵਾਵਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਕਾਰਨ ਆਮ ਅਤੇ ਮੱਧ ਵਰਗ ਦੇ ਪਰਿਵਾਰਾਂ ਦਾ ਘਰੇਲੂ ਬਜਟ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਦੇ ਸਮੇਂ ਲੋਕਾਂ ਨੂੰ ਰਾਹਤ ਦੇਣ ਵਾਲੀਆਂ ਨੀਤੀਆਂ ਨੂੰ ਤਰਜੀਹ ਦਿੱਤੀ ਜਾਂਦੀ ਸੀ ਅਤੇ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਕਾਬੂ ਵਿਚ ਰਹਿੰਦੀਆਂ ਸਨ। ਇਸ ਮੌਕੇ ਸਾਬਕਾ ਸਰਪੰਚ ਹਰਜਿੰਦਰ ਸਿੰਘ, ਜਗਤਾਰ ਸਿੰਘ, ਸੁਖਦੇਵ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ, ਕੁਲਦੀਪ ਸਿੰਘ, ਗੁਰਮੁਖ ਸਿੰਘ, ਗੁਰਮੀਤ ਸਿੰਘ, ਤਰਸੇਮ ਸਿੰਘ, ਦਿਲਬਾਗ ਸਿੰਘ, ਜੀਤ ਸਿੰਘ, ਅਮਰਿਕ ਸਿੰਘ, ਪ੍ਰਕਾਸ਼ ਰਾਮ, ਬਲਕਾਰ ਮਸੀਹ, ਬਿਕਰਮਜੀਤ ਸਿੰਘ, ਮਨਪ੍ਰੀਤ, ਗੌਰਵ, ਸੁਖਵਿੰਦਰ ਗੋਪੀ, ਬਿਕਰਮ, ਗੋਲਡੀ ਕਲਿਆਣਪੁਰ, ਮੱਖਣ ਸਿੰਘ, ਗਿਆਨ ਸਿੰਘ, ਅਮਰਜੀਤ ਕੌਰ, ਬਲਜੀਤ ਕੌਰ, ਰਾਜਵਿੰਦਰ ਕੌਰ, ਰਮਨਦੀਪ ਕੌਰ, ਮਨਜੀਤ ਕੌਰ, ਸੁਰਜੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਕਾਂਗਰਸੀ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਪੰਜਾਬ ਸਰਕਾਰ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ : ਡਿਪਟੀ ਕਮਿਸ਼ਨਰ

**ਕਪੂਰਥਲਾ (ਮਨਜੀਤ ਮਾਨ)**- ਸ਼ਹਿਰੀ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦਿੰਦਿਆਂ, ਨਗਰ ਨਿਗਮ ਕਪੂਰਥਲਾ ਨੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸੜਕਾਂ ਅਤੇ ਗਲੀਆਂ ਦੇ ਨਿਰਮਾਣ ਅਤੇ ਸੁਧਾਰ ਲਈ 8.62 ਕਰੋੜ ਰੁਪਏ ਦੇ ਪ੍ਰੋਜੈਕਟ ਦਾ ਵਰਕ ਆਰਡਰ ਜਾਰੀ ਕੀਤਾ ਹੈ। ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਕਮ ਨਗਰ ਨਿਗਮ ਦੇ ਪ੍ਰਸ਼ਾਸਕ ਅਕਾਸ਼ ਬਾਂਸਲ ਨੇ ਦੱਸਿਆ ਕਿ ਕਪੂਰਥਲਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ ਅਤੇ ਗਲੀਆਂ ਦੇ ਨਿਰਮਾਣ ਕਾਰਜਾਂ ਲਈ 'ਸਪੈਸ਼ਲ ਅਸਿਸਟੈਂਸ ਟੂ ਸਟੇਟਸ ਫਾਰ ਕੈਪੀਟਲ ਇਨਵੈਸਟਮੈਂਟ' ਸਕੀਮ ਤਹਿਤ 8.78 ਕਰੋੜ ਰੁਪਏ ਦਾ ਅਸਟੀਮੇਟ ਤਿਆਰ ਕੀਤਾ ਗਿਆ ਸੀ।ਟੈਂਡਰ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ, ਇਹ ਪ੍ਰੋਜੈਕਟ ਸਫਲ ਬੋਲੀਕਾਰ ਨੂੰ 8.62 ਕਰੋੜ ਰੁਪਏ ਵਿੱਚ ਅਲਾਟ ਕਰ ਦਿੱਤਾ ਗਿਆ ਹੈ ਅਤੇ ਅਗਲੇ ਹਫ਼ਤੇ ਕੰਮ ਸ਼ੁਰੂ ਹੋਣ ਦੀ ਉਮੀਦ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਵਾਰਡ ਨੰਬਰ 6, 8, 9, 11, 12, 13, 17, 18, 22, 23, 24, 25, 32 ਅਤੇ 34 ਵਿੱਚ ਸੜਕਾਂ ਅਤੇ ਗਲੀਆਂ ਦੇ ਨਿਰਮਾਣ ਕਾਰਜ ਕੀਤੇ ਜਾਣਗੇ, ਜਿਸ ਨਾਲ ਇਨ੍ਹਾਂ ਖੇਤਰਾਂ ਦੇ ਨਿਵਾਸੀਆਂ ਨੂੰ ਬਿਹਤਰ ਸੜਕੀ ਸੰਪਰਕ, ਸੁਚਾਰੂ ਆਵਾਜਾਈ ਅਤੇ ਬਿਹਤਰ ਸ਼ਹਿਰੀ ਬੁਨਿਆਦੀ ਢਾਂਚੇ ਦਾ ਲਾਭ ਮਿਲੇਗਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪ੍ਰੋਜੈਕਟ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨਿਵਾਸੀਆਂ ਨੂੰ ਬਿਹਤਰ ਨਾਗਰਿਕ ਸੁਵਿਧਾਵਾਂ ਮੁਹੱਈਆ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਕਮਿਸ਼ਨਰ ਨਗਰ ਨਿਗਮ ਅਨੁਪਮ ਕਲੇਰ ਨੇ ਦੱਸਿਆ ਕਿ ਨਗਰ ਨਿਗਮ ਬੁਨਿਆਦੀ ਨਾਗਰਿਕ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਅਤੇ ਕਪੂਰਥਲਾ ਸ਼ਹਿਰ ਦੇ ਸਮੁੱਚੇ ਬੁਨਿਆਦੀ ਢਾਂਚੇ ਨੂੰ ਸੁਧਾਰਨ 'ਤੇ ਵਿਸ਼ੇਸ਼ ਧਿਆਨ ਦਿੰਦੇ ਹੋਏ ਯੋਜਨਾਬੱਧ ਅਤੇ ਸਮਾਂਬੱਧ ਢੰਗ ਨਾਲ ਵਿਕਾਸ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹੇਗਾ। ਉਨ੍ਹਾਂ ਕਿਹਾ ਕਿ ਨਿਗਮ ਵਿਕਾਸ ਕਾਰਜਾਂ ਦੀ ਸੁਚੱਜੀ ਨਿਗਰਾਨੀ ਨੂੰ ਯਕੀਨੀ ਬਣਾਏਗਾ।



# ਟਿੱਬਾ ਬਸਤੀ ਭਰੋਵਾਲ ਦੇ ਕਈ ਪਰਵਾਰ 'ਆਪ' 'ਚ ਸ਼ਾਮਲ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਪਿੰਡ ਟਿੱਬਾ ਬਸਤੀ ਭਰੋਵਾਲ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਵੱਡੀ ਗਿਣਤੀ ਵਿੱਚ ਪਰਿਵਾਰ 'ਆਪ' ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।ਸਮਾਗਮ ਦੌਰਾਨ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਲੋਕਾਂ ਦਾ ਆਮ ਆਦਮੀ ਪਾਰਟੀ ਨਾਲ ਲਗਾਤਾਰ ਜੁੜਨਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਪ੍ਰਤੀ ਭਰੋਸੇ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਜੁੜਨ ਨਾਲ ਪਿੰਡ ਵਿੱਚ 'ਆਪ' ਦਾ ਜਥੇਬੰਦਕ ਆਧਾਰ ਹੋਰ ਮਜ਼ਬੂਤ ਹੋਇਆ ਹੈ।

# ਐੱਸ ਐੱਮ ਓ ਨੇ ਪੌਦਾ ਲਗਾ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਸੰਦੇਸ਼

**ਦਸੂਹਾ (ਕਰਨੈਲ ਮਾਂਗਟ)**- ਐੱਸ ਐੱਮ ਓ ਡਾ. ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਦਸੂਹਾ ਵਿਖੇ ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੌਦਾ ਲਗਾਇਆ ਗਿਆ। ਇਸ ਮੌਕੇ ਡਾ. ਮਨਮੋਹਨ ਸਿੰਘ ਨੇ ਕਿਹਾ ਕਿ ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਲਈ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਪੂਰੀ ਦੇਖ ਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੌਦੇ ਸਾਨੂੰ ਸ਼ੁੱਧ ਹਵਾ ਪ੍ਰਦਾਨ ਕਰਨ ਦੇ ਨਾਲ-ਨਾਲ ਵਾਤਾਵਰਣ ਦਾ ਸੰਤੁਲਨ ਬਣਾਈ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਹਸਪਤਾਲ ਦੇ ਸਟਾਫ, ਨਰਸਿੰਗ ਕਾਲਜ ਦੇ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣ ਅਤੇ ਹਰ ਖਾਸ ਮੌਕੇ 'ਤੇ ਪੌਦਾ ਲਗਾਉਣ ਦੀ ਆਦਤ ਪਾਉਣ। ਇਸ ਮੌਕੇ ਡਾ. ਕਰਨਜੀਤ ਸਿੰਘ, ਡਾ. ਗੁਰਪ੍ਰੀਤ ਸਿੰਘ, ਸੀਨੀਅਰ ਮੈਡੀਕਲ ਲੈਬ ਟੈਕਨੀਸ਼ੀਅਨ ਰੰਜੀਤ ਸਿੰਘ, ਨਰਸਿੰਗ ਸਿਸਟਰ ਜਸਵਿੰਦਰ ਕੌਰ, ਸਟਾਫ ਨਰਸ ਸੀਮਾ ਭਾਰਦਵਾਜ, ਐੱਲ ਐੱਚ ਵੀ ਕੁਲਵਿੰਦਰ ਕੌਰ, ਸਿਹਤ ਕਰਮਚਾਰੀ ਗੁਰਨਾਮ ਸਿੰਘ, ਏ ਐੱਨ ਐੱਮ ਰਾਜ ਰਾਣੀ, ਰਸ਼ਪਾਲ ਸਿੰਘ, ਐੱਸ ਪੀ ਐੱਨ ਨਰਸਿੰਗ ਕਾਲਜ ਦੇ ਟੀਚਰ ਅਤੇ ਵਿਦਿਆਰਥੀਆਂ ਹਾਜ਼ਰ ਹੋਏ।




# ਚੱਬੇਵਾਲ ਤੋਂ ਹਰਿਦਵਾਰ, ਰਿਸ਼ੀਕੇਸ਼ ਤੇ ਖਾਟੂ ਸ਼ਿਆਮ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚੱਬੇਵਾਲ ਤੋਂ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਧਾਰਮਿਕ ਅਸਥਾਨਾਂ ਹਰਿਦਵਾਰ, ਰਿਸ਼ੀਕੇਸ਼ ਅਤੇ ਖਾਟੂ ਸ਼ਿਆਮ ਲਈ ਰਵਾਨਾ ਕੀਤਾ। ਇਸ ਮੌਕੇ ਬਜ਼ੁਰਗਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ। ਯਾਤਰਾ 'ਤੇ ਰਵਾਨਾ ਹੋ ਰਹੇ ਲੋਕਾਂ ਨੇ ਵਿਧਾਇਕ ਡਾ. ਈਸ਼ਾਂਕ ਕੁਮਾਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਦਿਲੋਂ ਅਸੀਸਾਂ ਦਿੱਤੀਆਂ।ਸਾਡੇ ਲਈ ਇਹ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਇੱਕ ਸੁਪਨਾ ਪੂਰਾ ਹੋਣ ਵਰਗਾ ਹੈ।ਇਹ ਭਾਵਨਾਵਾਂ ਸ਼ਰਧਾਲੂਆਂ ਦੇ ਸਿਰਫ਼ ਸ਼ਬਦਾਂ ਰਹੀ ਨਹੀਂ ਚਿਹਰਿਆਂ ਤੋਂ ਵੀ ਜ਼ਾਹਿਰ ਹੋ ਰਹੀਆਂ ਸਨ। ਇਸ ਮੌਕੇ ਇੱਕ ਬਜ਼ੁਰਗ ਸ਼ਰਧਾਲੂ ਨੇ ਭਾਵੁਕ ਹੁੰਦਿਆਂ ਕਿਹਾ, ਸਾਡੇ ਵਰਗੇ ਬਜ਼ੁਰਗਾਂ ਲਈ ਇੰਨੀ ਦੂਰ ਤੀਰਥ ਯਾਤਰਾ 'ਤੇ ਜਾਣਾ ਆਸਾਨ ਨਹੀਂ ਹੁੰਦਾ। ਸਰਕਾਰ ਦੀ ਇਸ ਸਹੂਲਤ ਨਾਲ ਸਾਡੀ ਇੱਕ ਵੱਡੀ ਇੱਛਾ ਪੂਰੀ ਹੋ ਰਹੀ ਹੈ।

# ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਧਰਨਾ 30 ਅਕਤੂਬਰ ਨੂੰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 30 ਅਕਤੂਬਰ ਨੂੰ ਸੈਕਟਰ 17 ਵਿਖੇ ਪੁੱਲ ਦੇ ਹੇਠਾਂ ਇੱਕ ਵਿਸ਼ਾਲ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸੇ ਸਬੰਧ ਵਿੱਚ ਇੱਕ ਮੀਟਿੰਗ ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਅਤੇ ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਦੀ ਅਗਵਾਈ ਹੇਠ ਹੋਈ ਹੋਈ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਮੰਚ ਦੇ ਆਗੂਆਂ ਨੇ ਦੱਸਿਆ ਕਿ ਮੰਚ ਵੱਲੋਂ ਹਰ ਸਾਲ 1 ਨਵੰਬਰ ਨੂੰ ਕਾਲੇ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਇਸ ਵਾਰ ਵੀ 30 ਅਕਤੂਬਰ ਨੂੰ ਪੁਲ ਦੇ ਹੇਠਾਂ ਧਰਨਾ ਦੇ ਕੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਖਿਲਾਫ ਰੋਸ ਦਾ ਪ੍ਰਗਟਾਵਾ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਨਿਕ ਭਾਸ਼ਾ ਦਾ ਦਰਜਾ ਦੇਣ ਵਿੱਚ ਬਿਲਕੁਲ ਚੁੱਪ ਵੱਟੀ ਬੈਠਾ ਹੈ। ਮੰਚ ਵੱਲੋਂ ਕੀਤੇ ਜਾ ਰਹੇ ਲਗਾਤਾਰ ਸੰਘਰਸ਼ਾਂ ਦੇ ਬਾਵਜੂਦ ਕੋਈ ਅਸਰ ਨਹੀਂ ਹੋ ਰਿਹਾ।ਉਹਨਾਂ ਕਿਹਾ ਕਿ 30 ਅਕਤੂਬਰ ਨੂੰ ਦਿੱਤੇ ਜਾਣ ਵਾਲੇ ਧਰਨੇ ਵਿੱਚ ਸ਼ਾਮਿਲ ਹੋਣ ਲਈ ਚੰਡੀਗੜ੍ਹ ਦੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਵੀ ਸੱਦਾ ਦਿੱਤਾ ਜਾਵੇਗਾ ਤਾਂ ਜੋ ਉਹ ਧਰਨੇ ਵਿੱਚ ਆ ਕੇ ਪੰਜਾਬੀ ਮਾਂ ਬੋਲੀ ਪ੍ਰਤੀ ਆਪਣਾ ਸਟੈਂਡ ਸਪੱਸ਼ਟ ਕਰਨ।ਇਸ ਮੌਕੇ ਮੰਚ ਦੇ ਸਕੱਤਰ ਗੁਰਪ੍ਰੀਤ ਸਿੰਘ ਸੋਮਲ, ਪੇਂਡੂ ਸੰਘਰਸ਼ ਕਮੇਟੀ ਦੇ ਸਰਪ੍ਰਸਤ ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਕੈਸ਼ੀਅਰ ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਗੁਰਦੁਆਰਾ ਸਾਹਿਬ ਸੈਕਟਰ 7 ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ ਜੱਸਲ ਸਮੇਤ ਭੁਪਿੰਦਰ ਸਿੰਘ, ਚਰਨਜੀਤ ਸਿੰਘ ਬੈਦਵਾਨ, ਗੁਰਮੁਖ ਸਿੰਘ ਸਕੇਤੜੀ, ਬਲਜਿੰਦਰ ਸਿੰਘ ਧਾਲੀਵਾਲ ਅਤੇ ਮਾਸਟਰ ਮੋਹਨ ਸਿੰਘ ਵੀ ਹਾਜ਼ਰ ਸਨ।




# ਖੋਜ ਕਾਰਜਾਂ ਲਈ ਸਰੀਰ ਦਾਨ ਕਰਨ ਦੀ ਕੀਤੀ ਵਸੀਅਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਤਰਕਸ਼ੀਲ ਸੁਸਾਇਟੀ ਜ਼ੋਨ ਚੰਡੀਗੜ੍ਹ ਮੁਖੀ ਅਜੀਤ ਪ੍ਰਦੇਸੀ ਤੇ ਰੋਪੜ ਇਕਾਈ ਮੁਖੀ ਅਸ਼ੋਕ ਕੁਮਾਰ ਦੀ ਪ੍ਰੇਰਨਾ ਸਦਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਰੂਪਨਗਰ ਦੇ ਦਫ਼ਤਰ ਤੋਂ ਸੇਵਾਮੁਕਤ ਹੋਏ ਸੁਪਰਡੈਂਟ ਸਰਵਣ ਕੁਮਾਰ ਅਤੇ ਉਨ੍ਹਾਂ ਦੀ ਸਪਤਨੀ ਕ੍ਰਿਸ਼ਨਾ ਦੇਵੀ ਨੇ ਆਪਣੇ ਪਰਵਾਰ ਦੀ ਸਹਿਮਤੀ ਨਾਲ ਮੌਤ ਤੋਂ ਬਾਅਦ ਆਪਣੀਆਂ ਮ੍ਰਿਤਕ ਦੇਹਾਂ ਪੀ ਜੀ ਆਈ ਚੰਡੀਗੜ੍ਹ ਨੂੰ ਮੈਡੀਕਲ ਖ਼ੋਜ ਕਾਰਜਾਂ ਲਈ ਦਾਨ ਕਰਨ ਦਾ ਫ਼ੈਸਲਾ ਕਰਦਿਆਂ ਪੀ ਜੀ ਆਈ ਚੰਡੀਗੜ੍ਹ ਦੇ ਨਾਂਅ ਤੇ ਵਸੀਅਤਾਂ ਕਰਵਾ ਦਿੱਤੀਆਂ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਰਵਣ ਕੁਮਾਰ ਨੇ ਕਿਹਾ ਕਿ ਮ੍ਰਿਤਕ ਸਰੀਰ ਨੂੰ ਸਾੜਨ ਨਾਲੋਂ ਚੰਗਾ ਹੈ ਕਿ ਖ਼ੋਜ ਕਾਰਜਾਂ ਲਈ ਸਰੀਰ ਦਾਨ ਕਰਕੇ ਮਰਨ ਤੋਂ ਬਾਅਦ ਵੀ ਲੋਕਾਂ ਦੇ ਕੰਮ ਆਇਆ ਜਾਵੇ।ਜ਼ੋਨ ਦੇ ਮੀਡੀਆ ਮੁਖੀ ਸੇਵਾ ਮੁਕਤ ਪ੍ਰਿੰਸੀਪਲ ਗੁਰਮੀਤ ਖਰੜ ਨੇ ਬੋਲਦਿਆਂ ਕਿਹਾ ਕਿ ਅੱਜ ਕੱਲ੍ਹ ਮਨੁੱਖ ਦੇ ਬਹੁਤ ਸਾਰੇ ਅੰਗ ਕਿਸੇ ਦੂਜੇ ਲੋੜਵੰਦ ਮਰੀਜ਼ਾਂ ਦੇ ਕੰਮ ਆ ਰਹੇ ਹਨ ਜਿਨ੍ਹਾਂ ਨਾਲ ਉਨ੍ਹਾਂ ਨੂੰ ਨਵਾਂ ਜੀਵਨ ਮਿਲਦਾ ਹੈ।



# ਸਤੌਜ ਮਹਾਂ-ਰੈਲੀ ਲਈ ਐੱਨ ਪੀ ਐੱਸ ਮੁਲਾਜ਼ਮ ਹੋਏ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਸੀ ਪੀ ਐਫ ਕਰਮਚਾਰੀ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਵਲੋਂ ਸੰਯੁਕਤ ਰੂਪ ਵਿੱਚ ਬਣਾਏ ਪੁਰਾਣੀ ਪੈਨਸ਼ਨ ਬਹਾਲੀ ਮੰਚ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਪਿੰਡ ਸਤੌਜ (ਸੰਗਰੂਰ) ਵਿਖੇ ਵਿਸ਼ਾਲ ਮਹਾਂਰੈਲੀ ਦਾ ਐਲਾਨ ਕੀਤਾ ਗਿਆ ਸੀ।ਇਸ ਮਹਾਂਰੈਲੀ ਵਿੱਚ ਕੋਟ ਫਤੂਹੀ ਬਲਾਕ ਤੋਂ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਹਰਮਨੋਜ ਕੁਮਾਰ ਅਤੇ ਅਜੇ ਕੁਮਾਰ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਐੱਨ ਪੀ ਐੱਸ ਮੁਲਾਜ਼ਮ ਰਵਾਨਾ ਹੋਏ।ਆਗੂਆਂ ਨੇ ਰਵਾਨਾ ਹੋਣ ਮੌਕੇ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦੇ ਨੋਟੀਫਿਕੇਸ਼ਨ ਨੂੰ ਲੱਗਭਗ ਚਾਰ ਸਾਲ ਬੀਤ ਜਾਣ ਤੇ ਵੀ ਜਮੀਨੀ ਪੱਧਰ ਤੇ ਲਾਗੂ ਨਹੀਂ ਕੀਤਾ ਜਾ ਰਿਹਾ ਜਿਸ ਨੂੰ ਲੈ ਕੇ ਪੰਜਾਬ ਦੇ ਦੋ ਲੱਖ ਕਰਮਚਾਰੀਆਂ ਵਿੱਚ ਸਰਕਾਰ ਖਿਲਾਫ਼ ਰੋਸ ਹੈ।ਆਗੂਆਂ ਨੇ ਕਿਹਾ ਕਿ ਜਦੋਂ ਤੱਕ ਪੁਰਾਣੀ ਪੈਨਸ਼ਨ ਬਹਾਲ ਨਹੀਂ ਹੋ ਜਾਂਦੀ ਤਦ ਤੱਕ ਸੰਘਰਸ਼ ਜਾਰੀ ਰਹੇਗਾ।ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਕੱਚੇ ਮੁਲਾਜਮ ਪੱਕੇ ਕਰੇ, ਪਰਖ ਕਾਲ ਪੱਤਰ ਤੇ ਕੇਂਦਰੀ ਸਕੇਲ ਪੱਤਰ ਰੱਦ ਕਰੇ, ਪੁਰਾਣੇ ਸਕੇਲ, ਕੱਟੇ 37 ਭੱਤੇ ਅਤੇ ਏ.ਸੀ.ਪੀ ਸਕੀਮ ਬਹਾਲ ਕਰੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰੇ, ਪੈਨਸ਼ਨਰਾਂ ਲਈ 2.59 ਗੁਣਾਂਕ ਲਾਗੂ ਕਰੇ।ਇਸ ਮੌਕੇ ਮੁਲਾਜਮਾਂ ਨੇ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ।ਇਸ ਮੌਕੇ ਹਰਮਨੋਜ ਕੁਮਾਰ, ਕਰਮਵੀਰ ਸਿੰਘ, ਬਲਜੀਤ ਸਿੰਘ, ਦਵਿੰਦਰ ਕੁਮਾਰ, ਰਵਿੰਦਰ ਕੁਮਾਰ,ਰਕੇਸ਼ ਕੁਮਾਰ, ਹਰਭਜਨ ਸਿੰਘ ਅਜਨੋਹਾ, ਜਸਵਿੰਦਰ ਸਿੰਘ, ਲਹਿੰਬਰ ਸਿੰਘ, ਸਗਲੀ ਰਾਮ, ਸ਼ਿੰਗਾਰਾ ਸਿੰਘ, ਸੰਦੀਪ ਸਿੰਘ, ਸੁਖਵੀਰ ਸਿੰਘ, ਭੂਸ਼ਣ ਕੁਮਾਰ, ਬਲਵੀਰ ਸਿੰਘ, ਹਰਪਾਲ ਸਿੰਘ, ਅਮਰਜੀਤ ਕੁਮਾਰ, ਸਿਮਰਨ ਸਿੰਘ, ਗੁਰਪ੍ਰੀਤ ਸਿੰਘ, ਸੇਠੀ ਰਾਮ, ਸਤਗੁਰ ਸਿੰਘ, ਬਲਜਿੰਦਰ ਸਿੰਘ, ਕੁਲਜੀਤ ਸਿੰਘ, ਕੁਲਵੰਤ ਸਿੰਘ, ਗੁਰਵਿੰਦਰ ਸਿੰਘ, ਗੁਰਮੁੱਖ ਸਿੰਘ, ਮੱਖਣ ਸਿੰਘ, ਜੋਗਿੰਦਰ ਸਿੰਘ, ਜਤਿੰਦਰ ਕੁਮਾਰ, ਭੁਪਿੰਦਰ ਸਿੰਘ, ਮਨਜੀਤ ਕੁਮਾਰ, ਲਖਵੀਰ ਸਿੰਘ, ਹਰਮਿੰਦਰ ਸਿੰਘ, ਸੰਦੀਪ ਕੌਰ, ਲਵਦੀਪ ਕੌਰ, ਰਮਨਦੀਪ ਕੌਰ, ਅਬਿਨਾਸ਼ ਕੌਰ, ਅਨੁਰੀਤ, ਲਕਸ਼ਮੀ, ਸੁਨੀਤਾ, ਕਲਪਨਾਆਦਿ ਵੱਡੀ ਗਿਣਤੀ ਵਿੱਚ ਐੱਨ ਪੀ ਐੱਸ ਮੁਲਾਜ਼ਮ ਹਾਜ਼ਰ ਸਨ।

# ਬਾਬਾ ਬੁੱਢਾ ਜੀ ਹੈਲਮੈਂਟਨ ਗੁਰਦੁਆਰਾ ਸਾਹਿਬ ਵਿਖੇ ਧਰਮ ਪ੍ਰਚਾਰ ਜ਼ੋਰਾਂ 'ਤੇ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਬਲਬੀਰ ਸਿੰਘ ਸਰਨੀ, ਤਬਲਾ ਵਾਦਕ ਭਾਈ ਕਰਮਜੀਤ ਸਿੰਘ ਪਟਿਆਲਾ ਵਾਲੇ ਅਤੇ ਅਸਿਸਟੈਂਟ ਰਾਗੀ ਭਾਈ ਹਰਵਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਛੇ ਮਹੀਨਿਆਂ ਲਈ ਕੈਨੇਡਾ ਦੀ ਧਰਮ ਪ੍ਰਚਾਰ ਫੇਰੀ 'ਤੇ ਗਏ ਹੋਏ ਹਨ। ਉਹ ਬਾਬਾ ਬੁੱਢਾ ਜੀ ਹੈਲਮੈਂਟਨ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਨੂੰ ਗੁਰਬਾਣੀ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਨਾਲ ਜੋੜਨ ਲਈ ਧਰਮ ਪ੍ਰਚਾਰ ਦੀ ਸੇਵਾ ਨਿਭਾ ਰਹੇ ਹਨ।ਬਾਬਾ ਬੁੱਢਾ ਜੀ ਹੈਲਮੈਂਟਨ ਗੁਰਦੁਆਰਾ ਸਾਹਿਬ ਵਿਖੇ ਪ੍ਰਧਾਨ ਸੰਤ ਸਿੰਘ ਦੀ ਅਗਵਾਈ ਹੇਠ ਜਿੱਥੇ ਵੱਡੇ ਪੱਧਰ 'ਤੇ ਧਰਮ ਪ੍ਰਚਾਰ ਕੀਤਾ ਜਾ ਰਿਹਾ ਹੈ, ਉੱਥੇ ਮਾਨਵਤਾ ਦੀ ਸੇਵਾ ਲਈ ਵੀ ਵੱਖ-ਵੱਖ ਕਾਰਜ ਕੀਤੇ ਜਾ ਰਹੇ ਹਨ। ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਚਲਾਉਂਦਿਆਂ ਸੰਗਤਾਂ ਦੀ ਸੇਵਾ ਅਤੇ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਧਰਮ ਪ੍ਰਚਾਰ ਫੇਰੀ ਦੌਰਾਨ ਭਾਈ ਬਲਬੀਰ ਸਿੰਘ ਸਰਨੀ, ਭਾਈ ਕਰਮਜੀਤ ਸਿੰਘ ਅਤੇ ਭਾਈ ਹਰਵਿੰਦਰ ਸਿੰਘ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ, ਗੁਰਮਤਿ ਵਿਚਾਰਾਂ ਅਤੇ ਸਿੱਖ ਧਰਮ ਦੇ ਮੂਲ ਸਿਧਾਂਤਾਂ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ, ਨਾਮ ਸਿਮਰਨ, ਸੇਵਾ ਅਤੇ ਸਦਾਚਾਰ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਪ੍ਰਬੰਧ ਵਿੱਚ ਮੈਨੇਜਰ ਜਗਦੀਪ ਸਿੰਘ ਅਤੇ ਗ੍ਰੰਥੀ ਭਾਈ ਗੁਰਪ੍ਰੀਤ ਸਿੰਘ ਗੋਪੀ ਵੱਲੋਂ ਵੀ ਆਪਣੀ ਸੇਵਾ ਬਾਖੂਬੀ ਨਿਭਾਈ ਜਾ ਰਹੀ ਹੈ। ਗੁਰਦੁਆਰਾ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੀ ਸੇਵਾ, ਧਾਰਮਿਕ ਸਮਾਗਮਾਂ ਦੇ ਪ੍ਰਬੰਧ ਅਤੇ ਗੁਰਮਤਿ ਪ੍ਰਚਾਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਮੁੱਚੀ ਪ੍ਰਬੰਧਕ ਟੀਮ ਵੱਲੋਂ ਯਤਨ ਕੀਤੇ ਜਾ ਰਹੇ ਹਨ।ਕੈਨੇਡਾ ਦੀ ਇਸ ਛੇ ਮਹੀਨਿਆਂ ਦੀ ਫੇਰੀ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਇਹ ਰਾਗੀ ਅਤੇ ਸੇਵਾਦਾਰ ਗੁਰਬਾਣੀ ਦਾ ਸੰਦੇਸ਼ ਸੰਗਤਾਂ ਤੱਕ ਪਹੁੰਚਾਉਣ ਦੇ ਨਾਲ ਸਿੱਖੀ ਦੀਆਂ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।



# ਮਹਿੰਗਾਈ ਨਾਲ ਗਰੀਬ ਲੋਕਾਂ ਨੂੰ ਚੁੱਲ੍ਹਾ ਬਾਲਣਾ ਹੋਇਆ ਔਖਾ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਹਿੰਗਾਈ ਦੀ ਮਾਰ ਹੇਠ ਪਹਿਲਾਂ ਹੀ ਦੁਖੀ ਗਰੀਬ ਅਤੇ ਮਜ਼ਦੂਰ ਵਰਗ ਲਈ ਰੋਜ਼ਾਨਾ ਵਰਤੋਂ ਦੀਆਂ ਖਾਣ-ਪੀਣ ਦੀਆਂ ਵਸਤੂਆਂ ਦੇ ਅਸਮਾਨੀ ਚੜ੍ਹੇ ਭਾਅ ਨੇ ਉਨ੍ਹਾਂ ਦੀਆਂ ਮੁਸ਼ਕਿਲਾਂ ਵਿੱਚ ਹੋਰ ਭਾਰੀ ਵਾਧਾ ਕਰ ਦਿੱਤਾ ਹੈ। ਹੁਣ ਤਾਂ ਗਰੀਬਾਂ ਦੀ ਚਾਹ 'ਤੇ ਵੀ ਮਹਿੰਗਾਈ ਦੀ ਨਜ਼ਰ ਲੱਗ ਗਈ ਹੈ। ਦੁੱਧ ਅਤੇ ਚਾਹ ਪੱਤੀ ਦੇ ਭਾਅ ਜਿਸ ਕਦਰ ਵਧੇ ਹਨ, ਉਸ ਨਾਲ ਆਮ ਪਰਵਾਰਾਂ ਦਾ ਬਜਟ ਪੂਰੀ ਤਰ੍ਹਾਂ ਵਿਗੜ ਕੇ ਰਹਿ ਗਿਆ ਹੈ। ਇੱਕ ਪਾਸੇ ਦਿਨ-ਰਾਤ ਮਿਹਨਤ-ਮਜ਼ਦੂਰੀ ਕਰਕੇ ਵੀ ਪੂਰੀ ਕਮਾਈ ਨਹੀਂ ਹੋ ਰਹੀ ਅਤੇ ਦੂਜੇ ਪਾਸੇ ਰਸੋਈ ਦਾ ਖਰਚਾ ਆਮਦਨ ਤੋਂ ਕਈ ਗੁਣਾ ਜ਼ਿਆਦਾ ਹੋ ਗਿਆ ਹੈ। ਇਸ ਗੰਭੀਰ ਸਥਿਤੀ ਸੰਬੰਧੀ ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੋਆਬਾ ਪ੍ਰਧਾਨ ਨੇਕੂ ਅਜਨੋਹਾ ਅਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਮਹਿੰਗਾਈ ਦੇ ਇਸ ਕਾਲੇ ਦੌਰ ਵਿੱਚ ਗਰੀਬ ਪਰਿਵਾਰਾਂ ਲਈ ਦੋ ਵੇਲੇ ਦੀ ਰੋਟੀ ਦਾ ਜੁਗਾੜ ਕਰਨਾ ਵੀ ਮੁਸ਼ਕਿਲ ਹੋ ਗਿਆ ਹੈ। ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਜਿੱਥੇ ਪਹਿਲਾਂ ਘਰ ਦਾ ਖਰਚਾ ਸੀਮਤ ਸਾਧਨਾਂ ਨਾਲ ਚੱਲ ਜਾਂਦਾ ਸੀ, ਉੱਥੇ ਹੁਣ ਸਿਰਫ਼ ਖਾਣ-ਪੀਣ ਦੀਆਂ ਚੀਜ਼ਾਂ ਦੇ ਵਧੇ ਭਾਅ ਹੀ ਆਮ ਆਦਮੀ ਦੀ ਕਮਰ ਤੋੜਨ ਲਈ ਕਾਫੀ ਹਨ।



# 28 ਨੂੰ ਬਾਬਾ ਬਕਾਲਾ ਸਾਹਿਬ ਮੀਰੀ ਪੀਰੀ ਪੰਥਕ ਇਕੱਠ 'ਚ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ : ਸਿੰਗੜੀਵਾਲਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਪਿਛਲੇ 42 ਸਾਲਾਂ ਤੋਂ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਲਗਾਤਾਰ ਸੰਘਰਸ਼ਸ਼ੀਲ ਹੈ। ਇਸ ਸੰਘਰਸ਼ ਨੂੰ ਹੋਰ ਅੱਗੇ ਤੋਰਨ ਲਈ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਵਾਲੇ ਪੰਥਕ ਇਕੱਠ ਵਿੱਚ ਹੁਸ਼ਿਆਰਪੁਰ ਤੋਂ ਸੰਗਤ ਵੱਡੀ ਪੱਧਰ 'ਤੇ ਸ਼ਮੂਲੀਅਤ ਕਰੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੱਕ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਉਹਨਾਂ ਕਿਹਾ ਕਿ ਪੰਜਾਬ ਭਰ ਦੀਆਂ ਸੰਗਤਾਂ, ਨੌਜਵਾਨਾਂ ਅਤੇ ਪਾਰਟੀ ਵਰਕਰਾਂ ਨੂੰ ਵੱਡੀ ਗਿਣਤੀ ਵਿੱਚ ਕਾਨਫਰੰਸ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਸਮੇਂ ਪਾਰਟੀ ਦੇ ਯੂਥ ਵਿੰਗ ਪ੍ਰਧਾਨ ਕੁਲਵੀਰ ਸਿੰਘ ਮੌਜੀਪੁਰ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਨੌਜਵਾਨ ਮੀਰੀ ਪੀਰੀ ਪੰਥਕ ਇਕੱਠ 'ਚ ਸ਼ਮੂਲੀਅਤ ਕਰਨਗੇ ਅਤੇ ਸਿਮਰਨਜੀਤ ਸਿੰਘ ਮਾਨ ਵਲੋਂ ਪੰਜਾਬ ਅਤੇ ਪੰਥ ਨਾਲ ਸੰਬੰਧਤ ਮਸਲਿਆਂ ਪ੍ਰਤੀ ਦਿਖਾਈ ਗਈ ਦ੍ਰਿੜ੍ਹਤਾ ਦੇ ਨੌਜਵਾਨ ਬਹੁਤ ਕਾਇਲ ਹਨ ਅਤੇ ਉਹਨਾਂ ਨਾਲ ਪਾਰਟੀ ਵਿੱਚ ਕੰਮ ਕਰਕੇ ਫਖਰ ਮਹਿਸੂਸ ਕਰ ਰਹੇ ਹਨ। ਉਹਨਾਂ ਇਸ ਸਮੇਂ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਪੰਜਾਬ ਅਤੇ ਪੰਥ ਨਾਲ ਸੰਬੰਧਤ ਮਸਲਿਆਂ ਲਈ ਜਮਹੂਰੀ ਅਤੇ ਸ਼ਾਂਤਮਈ ਢੰਗ ਨਾਲ ਸੰਘਰਸ਼ ਜਾਰੀ ਰੱਖਣ ਦਾ ਅਹਿਦ ਦੁਹਰਾਇਆ ਗਿਆ। ਇਸ ਸਮੇਂ ਬਹਾਦਰ ਸਿੰਘ ਖਾਨਪੁਰ, ਹਰਵਿੰਦਰ ਸਿੰਘ ਹੀਰਾ, ਕੁਲਦੀਪ ਸਿੰਘ ਬੰਟੀ, ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।



# ਵਿਕਸਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ 'ਚ ਅਹਿਮ ਭੂਮਿਕਾ ਨਿਭਾ ਰਿਹਾ ਹਰਿਆਣਾ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਨਾਂਗਲ ਚੌਧਰੀ ਖੇਤਰ ਵਿੱਚ ਇੰਟੀਗ੍ਰੇਟੇਡ ਮਲਟੀ ਮਾਡਲ ਲੌਜਿਸਟਿਕ ਹਬ ਦੇ ਰੇਲ ਸੰਪਰਕ ਸ਼ੁਭ ਆਰੰਭ ਸਮਾਰੋਹ ਦੇ ਬਾਅਦ ਉਦਯੋਗਪਤੀਆਂ ਅਤੇ ਨਿਵੇਸ਼ਕਾਂ ਨਾਲ ਹੋਈ ਮੀਟਿੰਗ ਵਿੱਚ ਕਿਹਾ ਕਿ ਅੱਜ ਸਿਰਫ ਇੱਕ ਰੇਲਗੱਡੀ ਨੂੰ ਰਵਾਨਾ ਨਹੀਂ ਕੀਤਾ ਗਿਆ ਹੈ, ਸਗੋਂ ਇਹ ਹਰਿਆਣਾ ਦੀ ਨਵੀਂ ਆਰਥਿਕ ਰਫਤਾਰ ਨੂੰ ਹਰੀ ਝੰਡੀ ਦਿਖਾਈ ਗਈ ਹੈ। ਇਸ ਮੌਕੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਨਾਰਨੌਲ ਦੇ ਵਿਧਾਇਕ ਓਮ ਪ੍ਰਕਾਸ਼ ਯਾਦਵ, ਮਹਿੰਦਰਗੜ੍ਹ ਦੇ ਵਿਧਾਇਕ ਕੰਵਰ ਸਿੰਘ ਯਾਦਵ ਮੌਜੂਦ ਰਹੇ।ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਹੁਣ ਸਿਰਫ ਵਸਤੂਆਂ ਦਾ ਉਤਪਾਦਕ ਹੀ ਨਹੀਂ ਰਹੇਗਾ, ਸਗੋਂ ਆਪਣੇ ਉਤਪਾਦਾਂ ਨੂੰ ਗਲੋਬਲ ਅਤੇ ਘਰੇਲੂ ਬਾਜ਼ਾਰ ਤੱਕ ਤੇਜ਼ੀ ਨਾਲ ਪਹੁੰਚਾਉਣ ਦਾ ਇੱਕ ਪ੍ਰਮੁੱਖ ਕੇਂਦਰ ਬਣ ਕੇ ਉਭਰੇਗਾ। ਉਨ੍ਹਾਂ ਇਸ ਦੂਰਗਾਮੀ ਪ੍ਰੋਜੈਕਟ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਪ੍ਰਗਟਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੇ ਲਗਾਤਾਰ ਮਾਰਗਦਰਸ਼ਨ ਅਤੇ ਨਿਗਰਾਨੀ ਵਿੱਚ ਇਹ ਏਕੀਕ੍ਰਿਤ ਬਹੁ-ਪ੍ਰਣਾਲੀ ਮਾਲ ਢੁਆਈ ਕੇਂਦਰ ਸੂਬੇ ਦੇ ਸਮੁੱਚੇ ਵਿਕਾਸ ਦਾ ਇਤਿਹਾਸਕ ਮੀਲ ਦਾ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਨੇ ਇਸ ਮਹੱਤਵਪੂਰਨ ਯੋਜਨਾ ਦੀ ਮਜ਼ਬੂਤ ਨੀਂਹ ਰੱਖੀ ਸੀ। ਹੁਣ ਇਹ ਪ੍ਰੋਜੈਕਟ ਪ੍ਰਧਾਨ ਮੰਤਰੀ ਦੇ ਸਾਲ 2047 ਦੇ 'ਵਿਕਸਤ ਭਾਰਤ' ਦੇ ਰਾਸ਼ਟਰੀ ਸੰਕਲਪ ਨੂੰ ਸਾਕਾਰ ਕਰਨ ਵਿੱਚ ਨੀਂਹ ਪੱਥਰ ਦੀ ਭੂਮਿਕਾ ਨਿਭਾਏਗਾ।ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦਾ ਨਵਾਂ ਵਿਕਾਸ ਮਾਡਲ ਜ਼ਮੀਨੀ ਪੱਧਰ 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

# ਡੀ ਸੀ ਨੇ ਨੀਟ ਪੀ ਜੀ ਪ੍ਰੀਖਿਆ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ 30 ਅਗਸਤ ਨੂੰ ਹੋਣ ਵਾਲੀ ਆਗਾਮੀ ਨੀਟ ਪੀ ਜੀ ਪ੍ਰੀਖਿਆ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਸੰਬੰਧਤ ਅਧਿਕਾਰੀਆਂ ਨੂੰ ਪ੍ਰੀਖਿਆ ਦੇ ਸੁਚੱਜੇ ਅਤੇ ਬਿਨਾਂ ਕਿਸੇ ਦਿੱਕਤ ਤੋਂ ਸੰਚਾਲਨ ਲਈ ਵਿਆਪਕ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਸਮੀਖਿਆ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਰਣਦੀਪ ਸਿੰਘ ਹੀਰ, ਐੱਸ ਡੀ ਐੱਮ ਨਵਜੋਤ ਸ਼ਰਮਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਨੇ ਇੱਕ ਨਿੱਜੀ ਯੂਨੀਵਰਸਿਟੀ ਵਿੱਚ ਬਣਾਏ ਗਏ ਪ੍ਰੀਖਿਆ ਕੇਂਦਰਾਂ ਦਾ ਦੌਰਾ ਕੀਤਾ ਅਤੇ ਉਮੀਦਵਾਰਾਂ ਅਤੇ ਪ੍ਰੀਖਿਆ ਸਟਾਫ਼ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਇਹ ਯਕੀਨੀ ਬਣਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਕਿ ਸਾਰੇ ਪ੍ਰਬੰਧ ਸਮੇਂ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣ।30 ਅਗਸਤ ਨੂੰ ਹੋਣ ਵਾਲੀ ਨੀਟ ਪੀਜੀ ਪ੍ਰੀਖਿਆ ਵਿੱਚ ਲਗਭਗ 1,070 ਉਮੀਦਵਾਰਾਂ ਦੇ ਬੈਠਣ ਦੀ ਸੰਭਾਵਨਾ ਹੈ। ਪ੍ਰੀਖਿਆ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਕਰਵਾਈ ਜਾਵੇਗੀ, ਜਦੋਂ ਕਿ ਉਮੀਦਵਾਰਾਂ ਨੂੰ ਸਵੇਰੇ 7 ਵਜੇ ਤੱਕ ਪ੍ਰੀਖਿਆ ਕੇਂਦਰਾਂ 'ਤੇ ਰਿਪੋਰਟ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਪ੍ਰੀਖਿਆ ਕੇਂਦਰਾਂ 'ਤੇ ਐਂਟਰੀ ਅਤੇ ਐਗਜ਼ਿਟ ਪ੍ਰਬੰਧਾਂ, ਸੁਰੱਖਿਆ, ਟ੍ਰੈਫਿਕ ਮੈਨੇਜਮੈਂਟ, ਬੈਠਣ ਦੇ ਪ੍ਰਬੰਧ, ਪੀਣ ਵਾਲੇ ਪਾਣੀ, ਸਫ਼ਾਈ, ਬਿਜਲੀ ਦੀ ਸਪਲਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪ੍ਰੀਖਿਆ ਡਿਊਟੀ ਲਈ ਤਾਇਨਾਤ ਸਾਰੇ ਵਿਭਾਗਾਂ ਵਿਚਕਾਰ ਸੁਚੱਜੇ ਤਾਲਮੇਲ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਤਾਂ ਜੋ ਉਮੀਦਵਾਰਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਮਹਿਲ ਕਲਾਂ ਸੋਢਾਂ ਵਿਖੇ ਧੀਆਂ ਦਾ ਤਿਉਹਾਰ ਮਨਾਇਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੰਜਾਬੀ ਸੱਭਿਆਚਾਰ, ਰਵਾਇਤਾਂ ਤੇ ਧੀਆਂ-ਭੈਣਾਂ ਨੂੰ ਸਮਰਪਤ 'ਧੀਆਂ ਦਾ ਤਿਉਹਾਰ' ਮਹਿਲ ਕਲਾਂ ਸੋਢਾਂ ਵਿਖੇ ਸਰਪੰਚ ਸਰਬਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਬੜੇ ਉਤਸ਼ਾਹ ਤੇ ਪਿਆਰ ਭਰੇ ਮਾਹੌਲ ਵਿੱਚ ਮਨਾਇਆ ਗਿਆ।ਸਮਾਗਮ ਵਿੱਚ ਪੇਕੇ ਪਿੰਡ ਤੋਂ ਆਈਆਂ ਧੀਆਂ-ਭੈਣਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਤਿਉਹਾਰ ਦੀ ਰੌਣਕ ਵਧਾਈ।ਇਸ ਮੌਕੇ ਮੈਡਮ ਜਸਵਿੰਦਰ ਕੌਰ ਪੰਡੋਰੀ ਤੇ ਉੱਘੇ ਸਮਾਜ ਸੇਵੀ ਮਹੰਤ ਕਿਰਨਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਧੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਿਆਰ ਅਤੇ ਸਨਮਾਨ ਦੀ ਨਿਸ਼ਾਨੀ ਵਜੋਂ ਸੰਧਾਰੇ ਦਿੱਤੇ ਗਏ।ਇਸ ਮੌਕੇ ਪੰਜਾਬੀ ਲੋਕ-ਰਵਾਇਤਾਂ ਤੇ ਸੱਭਿਆਚਾਰਕ ਰੰਗਾਂ ਨਾਲ ਸਮਾਗਮ ਦਾ ਮਾਹੌਲ ਖੁਸ਼ੀਆਂ ਨਾਲ ਭਰਿਆ ਰਿਹਾ।ਇਸ ਮੌਕੇ ਪੰਜਾਬੀ ਲੋਕ ਪ੍ਰਿੰਸ ਮੈਂਬਰ ਮੈਡਮ ਕੁਲਦੀਪ ਕੌਰ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸਮੂਹ ਸ਼ਖ਼ਸੀਅਤਾਂ, ਧੀਆਂ-ਭੈਣਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਰਪੰਚ ਅਮਨਦੀਪ ਕੌਰ ਧਨੇਰ, ਪੰਚ ਪਰਮਜੀਤ ਕੌਰ, ਸੁਰਿੰਦਰ ਪਾਲ ਕੌਰ, ਪੰਚ ਭੂਪ ਰਾਮ ਵੱਡ ਕਿਸ਼ੋਰ, ਕੁਲਦੀਪ ਸਿੰਘ ਮਾਣਕ, ਸੁਖਵੰਤ ਸਿੰਘ, ਸੁੱਖਾ ਸਿੰਘ, ਰਮਨਦੀਪ ਕੌਰ, ਗੁਰਪ੍ਰੀਤ ਕੌਰ ਮਹਿਲ ਕਲਾਂ, ਅਮਨਦੀਪ ਕੌਰ, ਭੋਲੀ ਕੌਰ, ਵੀਰਪਾਲ ਕੌਰ, ਖੁਸ਼ਬੂ ਗਰਗ, ਮਨਜਿੰਦਰ ਕੌਰ, ਰਵਿੰਦਰ ਕੌਰ, ਸਰਬਜੀਤ ਕੌਰ ਸਮੇਤ ਹੋਰ ਪਤਵੰਤੇ ਤੇ ਇਲਾਕਾ ਵਾਸੀ ਹਾਜ਼ਰ ਸਨ।ਸਮਾਗਮ ਦੌਰਾਨ ਧੀਆਂ-ਭੈਣਾਂ ਦੀ ਭਰਵੀਂ ਸ਼ਮੂਲੀਅਤ ਨੇ ਪੰਜਾਬੀ ਸੱਭਿਆਚਾਰ ਤੇ ਭਾਈਚਾਰਕ ਸਾਂਝ ਦੀ ਖੂਬਸੂਰਤ ਤਸਵੀਰ ਪੇਸ਼ ਕੀਤੀ।

## ਨੰਦ ਸਿੰਘ ਸੇਖੋਂ ਯਾਦਗਾਰੀ ਟਰਾਫੀ ਨਾਲ ਵਿਦਿਆਰਥੀਆਂ ਦਾ ਸਨਮਾਨ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਨਗਰ ਪੰਚਾਇਤ ਘੱਗਾ ਦੇ ਸਾਬਕਾ ਪ੍ਰਧਾਨ ਤੇ ਪ੍ਰਸਿੱਧ ਸਮਾਜ ਸੇਵੀ ਆਗੂ ਮੰਗਤ ਸਿੰਘ ਸੇਖੋਂ ਵੱਲੋਂ ਜੱਦੀ ਪਿੰਡ ਭੁਤਗੜ੍ਹ ਦੇ ਸਰਕਾਰੀ ਹਾਈ ਸਕੂਲ ਵਿੱਚ ਪੜ੍ਹਦੇ ਬੱਚਿਆਂ ਨੂੰ ਆਪਣੇ ਦਾਦਾ ਜੀ ਦੀ ਯਾਦ ਵਿੱਚ ਹਰ ਸਾਲ ਦਿੱਤੀ ਜਾਂਦੀ ਨੰਦ ਸਿੰਘ ਸੇਖੋਂ ਯਾਦਗਾਰੀ ਟਰਾਫੀ ਵੰਡ ਸਮਾਰੋਹ ਦੌਰਾਨ ਦਸਵੀਂ ਕਲਾਸ ਵਿੱਚ ਪਹਿਲੀ ਤੇ ਅੱਠਵੀਂ ਕਲਾਸ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਸਮਾਜ ਸੇਵੀ ਆਗੂ ਮੰਗਤ ਸਿੰਘ ਸੇਖੋਂ ਨੇ ਦੱਸਿਆ ਕਿ ਪਿੰਡ ਭੁਤਗੜ੍ਹ ਦੇ ਸਰਕਾਰੀ ਹਾਈ ਸਕੂਲ ਵਿੱਚ ਪਹੁੰਚ ਕੇ ਸ. ਨੰਦ ਸਿੰਘ ਸੇਖੋਂ ਯਾਦਗਾਰੀ ਟਰਾਫੀ ਸਾਲ 2023-24 ਤੋਂ 2024-25 ਲਈ ਤਕਸੀਮ ਕੀਤੀ।ਇਹ ਟਰਾਫੀ ਦਸਵੀਂ ਜਮਾਤ ਦੀ ਪੜ੍ਹਾਈ ਵਿੱਚੋਂ ਫਸਟ ਪੁਜ਼ੀਸ਼ਨ ਤੇ ਅੱਠਵੀਂ ਜਮਾਤ ਦੀ ਪੜ੍ਹਾਈ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਪ੍ਰਾਪਤ ਕਰਦੇ ਹਨ।ਉਨ੍ਹਾਂ ਦੱਸਿਆ ਕਿ ਸਨਮਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚੋਂ ਦਸਵੀਂ 'ਚ ਪਹਿਲੀ ਪੁਜ਼ੀਸ਼ਨ ਲੈਣ ਵਾਲੇ ਵਿਦਿਆਰਥੀ ਨੂੰ ਟਰਾਫੀ ਦੇ ਨਾਲ ਨਾਲ ਪੰਜ ਹਜ਼ਾਰ ਰੁਪਏ ਨਕਦ ਤੇ ਅੱਠਵੀਂ ਕਲਾਸ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ ਪੰਜ, ਤਿੰਨ ਤੇ ਦੋ ਹਜ਼ਾਰ ਰੁਪਏ ਨਕਦ, ਪ੍ਰੋਗਰੈਸਿਵ ਯੂਥ ਕਲੱਬ ਘੱਗਾ ਵੱਲੋਂ ਜਾਰੀ ਕੀਤਾ ਜਾਂਦਾ ਯਾਦਗਾਰੀ ਸਰਟੀਫਿਕੇਟ ਤੇ ਸਿਲਕਸ ਯਾਦਗਾਰੀ ਮੋਮੈਂਟੋ ਪ੍ਰਦਾਨ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਹ ਟਰਾਫੀ ਪਿਛਲੇ ਵੀਹ ਸਾਲਾਂ ਤੋਂ ਪਹਿਲਾਂ ਘੱਗਾ ਵਿਖੇ ਤੇ 2011 ਤੋਂ ਲਗਾਤਾਰ ਭੁਤਗੜ੍ਹ ਵਿਖੇ ਦਿੱਤੀ ਜਾ ਰਹੀ ਹੈ।ਇਸ ਉਪਰਾਲੇ ਰਾਹੀਂ ਸੇਖੋਂ ਪਰਿਵਾਰ ਆਪਣੇ ਦਾਦਾ ਨੰਦ ਸਿੰਘ ਜੀ ਨੂੰ ਹਰ ਵਰ੍ਹੇ ਸ਼ਰਧਾ ਅਰਪਿਤ ਕਰਦਾ ਹੈ।

## ਜੁਨੇਜਾ ਮਾਰਕੀਟ ਕਮੇਟੀ ਸੁਨਾਮ ਦੇ ਮੁੜ ਤੋਂ ਚੇਅਰਮੈਨ ਨਾਮਜ਼ਦ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਸਰਕਾਰ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ (ਮੰਡੀ ਸ਼ਾਖਾ) ਵੱਲੋਂ ਪੰਜਾਬ ਐਗਰੀਕਲਚਰਲ ਪ੍ਰੋਡਿਊਸ ਮਾਰਕੀਟਸ ਐਕਟ 1961 ਤਹਿਤ ਜਾਰੀ ਕੀਤੇ ਗਏ ਆਦੇਸ਼ ਅਨੁਸਾਰ ਮੁਕੇਸ਼ ਜੁਨੇਜਾ ਪੁੱਤਰ ਸ੍ਰੀ ਕਿਸ਼ੋਰ ਕੁਮਾਰ ਜੁਨੇਜਾ ਨੂੰ ਮਾਰਕੀਟ ਕਮੇਟੀ ਸੁਨਾਮ ਦਾ ਮੈਂਬਰ ਤੇ ਚੇਅਰਮੈਨ ਨਾਮਜ਼ਦ ਕੀਤਾ ਗਿਆ ਹੈ।ਵਿਭਾਗ ਵੱਲੋਂ ਜਾਰੀ ਆਦੇਸ਼ ਵਿੱਚ ਦੱਸਿਆ ਗਿਆ ਹੈ ਕਿ ਮੁਕੇਸ਼ ਜੁਨੇਜਾ ਨੂੰ ਐਕਟ ਦੀਆਂ ਸੰਬੰਧਤ ਧਾਰਾਵਾਂ ਤਹਿਤ ਅਗਲੀ ਕਾਰਵਾਈ ਵਿੱਚ ਮਾਰਕੀਟ ਕਮੇਟੀ ਸੁਨਾਮ ਦਾ ਮੈਂਬਰ ਤੇ ਚੇਅਰਮੈਨ ਮੁੜ ਤੋਂ ਨਿਯੁਕਤ ਕੀਤਾ ਗਿਆ ਹੈ।ਆਦੇਸ਼ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਬਾਕੀ ਮੈਂਬਰਾਂ ਦੀ ਨਿਯੁਕਤੀ ਹੋਣ ਤੱਕ ਨਵੇਂ ਨਾਮਜ਼ਦ ਮੈਂਬਰ ਤੇ ਚੇਅਰਮੈਨ ਨੂੰ ਐਕਟ ਦੀ ਧਾਰਾ 12(3) ਤਹਿਤ ਮਾਰਕੀਟ ਕਮੇਟੀ ਦਾ ਕੰਮਕਾਜ ਚਲਾਉਣ ਲਈ ਲੋੜੀਂਦੀਆਂ ਸ਼ਕਤੀਆਂ ਪ੍ਰਦਾਨ ਕੀਤੀਆਂ ਗਈਆਂ ਹਨ।ਸ੍ਰੀ ਜੁਨੇਜਾ ਨੇ ਮੁੜ ਤੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਦੀ ਨਿਯੁਕਤੀ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਵਿਸ਼ੇਸ਼ ਰੂਪ ਵਿੱਚ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦੇ ਕਾਰਜ ਨੂੰ ਸੁਚਾਰੂ ਰੂਪ ਵਿਚ ਕਰਨ 'ਚ ਉਹ ਕੋਈ ਕਮੀ ਨਹੀਂ ਛੱਡਣਗੇ। ਇਸ ਮੌਕੇ ਬਹੁਤ ਸਾਰੇ ਆਗੂਆਂ ਨੇ ਸ੍ਰੀ ਜੁਨੇਜਾ ਨੂੰ ਫਿਰ ਤੋਂ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ 'ਤੇ ਵਧਾਈ ਦਿੱਤੀ।ਇਸ ਮੌਕੇ ਨਗਰ ਕੌਂਸਲ ਸੁਨਾਮ ਦੇ ਸੀਨੀਅਰ ਵਾਈਸ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ ਤੇ ਵਾਈਸ ਪ੍ਰਧਾਨ ਮੀਨਾ ਰਾਣੀ ਦੇ ਪਤੀ ਭਾਨੂੰ ਪ੍ਰਤਾਪ ਨੇ ਸ੍ਰੀ ਜੁਨੇਜਾ ਦੇ ਦਫਤਰ ਪਹੁੰਚ ਕੇ ਉਨ੍ਹਾਂ ਨੂੰ ਵਧਾਈ ਦਿੱਤੀ।

## ਕੋਆਪ੍ਰੇਟਿਵ ਸੁਸਾਇਟੀ ਰੱਤੀਆਂ ਦੀ ਸਰਬ-ਸੰਮਤੀ ਨਾਲ ਚੋਣ, ਗੁਰਦੀਪ ਸਿੰਘ ਬਣੇ ਪ੍ਰਧਾਨ

### ਵਿਧਾਇਕ ਡਾ. ਅਰੋੜਾ ਨੇ ਨਵੀਂ ਚੁਣੀ ਕਮੇਟੀ ਨੂੰ ਕੀਤਾ ਸਨਮਾਨਤ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਰੱਤੀਆਂ ਦੀ ਕੋਆਪ੍ਰੇਟਿਵ ਸੋਸਾਇਟੀ ਦੀ ਨਵੀਂ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਸ਼ਾਂਤੀਪੂਰਵਕ ਢੰਗ ਨਾਲ ਹੋਈ।ਚੋਣ ਦੌਰਾਨ ਮੈਂਬਰਾਂ ਨੇ ਆਪਸੀ ਸਹਿਮਤੀ ਤੇ ਏਕਤਾ ਦਾ ਪ੍ਰਗਟਾਵਾ ਕਰਦਿਆਂ ਗੁਰਦੀਪ ਸਿੰਘ ਨੂੰ ਸੋਸਾਇਟੀ ਦਾ ਪ੍ਰਧਾਨ ਤੇ ਹਰਜੀਤ ਸਿੰਘ ਨੂੰ ਵਾਈਸ ਪ੍ਰਧਾਨ ਚੁਣਿਆ।ਨਵੀਂ ਕਮੇਟੀ ਦੇ ਗਠਨ ਨਾਲ ਪਿੰਡ ਦੇ ਕਿਸਾਨਾਂ ਤੇ ਸੋਸਾਇਟੀ ਨਾਲ ਜੁੜੇ ਮੈਂਬਰਾਂ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ।ਇਸ ਮੌਕੇ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨੇ ਨਵ-ਨਿਯੁਕਤ ਪ੍ਰਧਾਨ, ਵਾਈਸ ਪ੍ਰਧਾਨ ਸਮੇਤ ਸਮੁੱਚੀ ਕਮੇਟੀ ਦੇ ਮੈਂਬਰਾਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਤੇ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸਾਰਿਆਂ ਨੂੰ ਵਧਾਈ ਦਿੱਤੀ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸਹਿਕਾਰੀ ਸੋਸਾਇਟੀਆਂ ਪੇਂਡੂ ਅਰਥਵਿਵਸਥਾ ਤੇ ਕਿਸਾਨਾਂ ਲਈ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਨ੍ਹਾਂ ਸੰਸਥਾਵਾਂ ਰਾਹੀਂ ਕਿਸਾਨਾਂ ਨੂੰ ਵੱਖ-ਵੱਖ ਸਹੂਲਤਾਂ ਤੇ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਮਦਦ ਮਿਲਦੀ ਹੈ।ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਚੱਲਣ ਤੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨਸ਼ੀਲ ਰਹਿਣ।ਨਵ-ਨਿਯੁਕਤ ਪ੍ਰਧਾਨ ਗੁਰਦੀਪ ਸਿੰਘ ਤੇ ਵਾਈਸ ਪ੍ਰਧਾਨ ਹਰਜੀਤ ਸਿੰਘ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸੋਸਾਇਟੀ ਦੇ ਸਾਰੇ ਮੈਂਬਰਾਂ ਤੇ ਕਿਸਾਨਾਂ ਨੂੰ ਨਾਲ ਲੈ ਕੇ ਕੰਮ ਕੀਤਾ ਜਾਵੇਗਾ ਤੇ ਉਨ੍ਹਾਂ ਦੀਆਂ ਲੋੜਾਂ ਤੇ ਸਮੱਸਿਆਵਾਂ ਨੂੰ ਪਹਿਲ ਦਿੱਤੀ ਜਾਵੇਗੀ।ਇਸ ਮੌਕੇ ਪਿੰਡ ਦੇ ਸਰਪੰਚ ਨਿਰਮਲ ਸਿੰਘ ਸੰਧੂ, ਨੰਬਰਦਾਰ ਸੋਮ ਸਿੰਘ ਰਠੌੜ ਸਮੇਤ ਹੋਰ ਪਤਵੰਤੇ ਤੇ ਸਾਥੀ ਹਾਜ਼ਰ ਸਨ। ਹਾਜ਼ਰ ਵਿਅਕਤੀਆਂ ਨੇ ਨਵੀਂ ਚੁਣੀ ਕਮੇਟੀ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸਫਲ ਤੇ ਉੱਜਵਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਸਾਹਿਤ ਸਭਾ ਦੀ ਮੀਟਿੰਗ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬੀ ਸਾਹਿਤ ਸਭਾ ਪਾਤੜਾਂ ਰਜਿ ਪੰਜਾਬ ਦੀ ਮੀਟਿੰਗ ਬੱਤਰਾ ਅਕੈਡਮੀ ਵਿੱਚ ਪ੍ਰਸਿੱਧ ਬਾਲ ਸਾਹਿਤਕਾਰ ਬਾਜ਼ ਸਿੰਘ ਮਹਿਲੀਆ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸਭਾ ਦੀ ਕਾਰਜਕਾਰਨੀ ਭੰਗ ਕਰਕੇ ਸਭਾ ਨੂੰ ਚਲਾਉਣ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਤੇ ਮਤਾ ਪਾਸ ਕੀਤਾ ਕਿ ਸਭਾ ਦੀ ਮਹੀਨਾਵਾਰ ਇਕੱਤਰਤਾ ਹਰ ਮਹੀਨੇ ਦੇ ਪਹਿਲੇ ਐਤਵਾਰ ਦੀ ਬਜਾਏ ਦੂਜੇ ਐਤਵਾਰ ਨੂੰ ਹੋਇਆ ਕਰੇਗੀ।ਸਭਾ ਦੀ ਕਾਰਜਕਾਰਨੀ ਭੰਗ ਕਰਨ ਉਪਰੰਤ ਨਵੀਂ ਚੋਣ ਤੋਂ ਪਹਿਲਾਂ ਪੰਜ ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਬਾਜ ਸਿੰਘ ਮਹਿਲੀਆ, ਗੁਰਨਾਮ ਸਿੰਘ ਚੌਹਾਨ, ਅਨੀਤਾ ਅਰੋੜਾ, ਗੁਰਨਾਮ ਸਿੰਘ ਜੱਜ ਤੇ ਕੁਲਵੰਤ ਰਿਖੀ ਸਭਾ ਦੀ ਅਗਵਾਈ ਸੌਂਪੀ ਗਈ, ਜਦੋਂ ਤੱਕ ਚੋਣ ਮੁਕੰਮਲ ਨਹੀਂ ਹੁੰਦੀ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਮੀਟਿੰਗ 'ਚ ਆਏ ਸਮੂਹ ਮੈਂਬਰਾਂ ਵੱਲੋਂ ਬਾਲ ਸਾਹਿਤਕਾਰ ਬਾਜ ਸਿੰਘ ਮਹਿਲੀਆ ਸਟੇਟ ਐਵਾਰਡੀ ਪ੍ਰਦਾਨ ਕੀਤੇ ਜਾਣ ਉਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

## ਭਾਜਪਾ 'ਚ ਵੱਡਾ ਸਿਆਸੀ ਉਥਲ-ਪੁਥਲ, ਸੰਗਠਨ ਮੰਤਰੀ 'ਤੇ ਮਨਮਾਨੀ ਤੇ ਲੰਮੇ ਸਮੇਂ ਤੋਂ ਕੰਮ ਕਰ ਰਹੇ ਵਰਕਰਾਂ ਦੀ ਅਣਦੇਖੀ ਦਾ ਦੋਸ਼



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਭਾਰਤੀ ਜਨਤਾ ਪਾਰਟੀ ਦੀ ਜ਼ਿਲ੍ਹਾ ਇਕਾਈ ਦੇ ਅੰਦਰ ਅੰਦਰੂਨੀ ਕਲੇਸ਼ ਤੇ ਅਸੰਤੁਸ਼ਟੀ ਹੋਰ ਵੀ ਡੂੰਘੀ ਹੋ ਗਈ ਹੈ।ਪਾਰਟੀ ਦੇ ਸੰਗਠਨ ਮੰਤਰੀ ਸ਼੍ਰੀਨਿਵਾਸੂਲੂ ਦੀ ਕਾਰਜਸ਼ੈਲੀ, ਫੈਸਲਿਆਂ ਤੇ ਕਥਿਤ ਤਾਨਾਸ਼ਾਹੀ ਰਵੱਈਏ ਤੋਂ ਅਸੰਤੁਸ਼ਟ, ਕਈ ਸੀਨੀਅਰ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਨੇ ਆਪਣੇ ਅਸਤੀਫ਼ਿਆਂ ਦਾ ਐਲਾਨ ਕੀਤਾ ਹੈ।ਸਮੂਹਿਕ ਅਸਤੀਫ਼ਿਆਂ ਦੀ ਇਸ ਲਹਿਰ ਵਿੱਚ ਜ਼ਿਲ੍ਹਾ ਸਕੱਤਰ ਅਰਵਿੰਦ ਸਚਦੇਵਾ, ਜ਼ਿਲ੍ਹਾ ਜਨਰਲ ਸਕੱਤਰ/ਸਕੱਤਰ ਅਜੇ ਵੀਰ, ਜ਼ਿਲ੍ਹਾ ਉਪ-ਪ੍ਰਧਾਨ ਅਮਿਤ ਮਿਸ਼ਰਾ, ਜਨਰਲ ਸਕੱਤਰ ਅਬੀ ਮਿੱਤਲ ਤੇ ਆਈਟੀ ਸੈੱਲ ਇੰਚਾਰਜ ਪਵਨ ਕੁਮਾਰ (ਜੈਤੋ) ਸ਼ਾਮਲ ਹਨ।ਸੰਗਠਨ ਮੰਤਰੀ 'ਤੇ ਲੰਮੇ ਸਮੇਂ ਤੋਂ ਪਾਰਟੀ ਲਈ ਸਮਰਪਤ ਹੋ ਕੇ ਕੰਮ ਕਰਨ ਵਾਲੇ ਵਫ਼ਾਦਾਰ ਵਰਕਰਾਂ ਨੂੰ ਪਾਸੇ ਕਰਨ ਦਾ ਦੋਸ਼ ਲਾਇਆ ਗਿਆ ਹੈ।ਅਧਿਕਾਰੀਆਂ ਨੇ ਦੋਸ਼ ਲਗਾਇਆ ਕਿ ਸੰਗਠਨ ਦੇ ਅੰਦਰ ਅਹੁਦੇ ਅਤੇ ਜ਼ਿੰਮੇਵਾਰੀਆਂ ਇੱਕ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਕਰਨ ਦੀ ਬਜਾਏ ਹੋਟਲਾਂ ਵਿੱਚ ਵੰਡੀਆਂ ਜਾ ਰਹੀਆਂ ਹਨ।ਦੂਜੀਆਂ ਪਾਰਟੀਆਂ ਤੋਂ ਨਵੇਂ ਆਏ ਲੋਕਾਂ ਨੂੰ ਤੁਰੰਤ ਉੱਚ ਅਹੁਦੇ ਦਿੱਤੇ ਜਾ ਰਹੇ ਹਨ।ਸਾਬਕਾ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਨੂੰ ਅਚਾਨਕ ਅਹੁਦੇ ਤੋਂ ਹਟਾਏ ਜਾਣ ਨੂੰ ਨਿੱਜੀ ਰੰਜਿਸ਼ ਅਤੇ ਗੈਰ-ਪਾਰਦਰਸ਼ੀ ਕਦਮ ਦੱਸਿਆ ਗਿਆ ਹੈ।ਅਸਤੀਫ਼ਿਆਂ 'ਚ ਕਿਹਾ ਗਿਆ ਹੈ ਕਿ ਸੰਗਠਨ ਮੰਤਰੀ ਦੀਆਂ ਕਾਰਵਾਈਆਂ ਸਾਲਾਂ ਤੋਂ ਸਖ਼ਤ ਮਿਹਨਤ ਕਰਨ ਵਾਲੇ ਵਰਕਰਾਂ ਦੇ ਰਾਜਨੀਤਿਕ ਭਵਿੱਖ ਤੇ ਸਵੈ-ਮਾਣ ਨੂੰ ਨੁਕਸਾਨ ਪੁਚਾ ਰਹੀਆਂ ਹਨ।

## 'ਮੇਲਾ ਤੀਆਂ ਦਾ' 30 ਨੂੰ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)- ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸਮਰਪਤ 'ਮੇਲਾ ਤੀਆਂ ਦਾ' 30 ਅਗਸਤ ਨੂੰ ਸ਼ਗਨ ਪੈਲੇਸ ਮਹਿਲ ਕਲਾਂ ਵਿਖੇ ਕਰਵਾਇਆ ਜਾ ਰਿਹਾ ਹੈ।ਇਹ ਜਾਣਕਾਰੀ ਉੱਘੇ ਸਮਾਜ ਸੇਵੀ ਮਹੰਤ ਕਿਰਨ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਡਾ. ਗੁਰਵੀਨ ਕੌਰ, ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਧਰਮ ਪਤਨੀ ਜਸਵਿੰਦਰ ਕੌਰ ਪੰਡੋਰੀ ਤੇ ਮੈਡਮ ਮਨਜੀਤ ਕੌਰ ਧਾਲੀਵਾਲ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।

ਸਮਾਗਮ ਦੌਰਾਨ ਪ੍ਰਸਿੱਧ ਗਾਇਕ ਦੀਪਕ ਢਿੱਲੋਂ, ਮਨਜਿੰਦਰ ਗੁਲਸ਼ਨ, ਸੁਲਤਾਨਾ ਨੂਰਾਂ ਤੇ ਜਸਵਿੰਦਰ ਬਰਾੜ ਆਪਣੀਆਂ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਕਰਨਗੇ।ਮੇਲੇ ਦੌਰਾਨ ਮਹਿਲ ਕਲਾਂ ਦੀਆਂ ਉਨ੍ਹਾਂ ਮੁਟਿਆਰਾਂ ਨੂੰ ਵੀ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਜਾਵੇਗਾ, ਜਿਨ੍ਹਾਂ 'ਮਿਸ ਪੰਜਾਬਣ' ਵਰਗੇ ਮੁਕਾਬਲਿਆਂ 'ਚ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਸਮੂਹ ਇਲਾਕਾ ਵਾਸੀਆਂ ਨੂੰ ਪਰਵਾਰਾਂ ਸਮੇਤ ਮੇਲੇ 'ਚ ਸ਼ਾਮਲ ਹੋ ਕੇ ਪੰਜਾਬੀ ਵਿਰਸੇ ਦੇ ਇਸ ਰੰਗਾਰੰਗ ਸਮਾਗਮ ਦੀ ਰੌਣਕ ਵਧਾਉਣ ਦੀ ਅਪੀਲ ਕੀਤੀ।

## ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਬਾਣੀ 'ਤੇ ਅੱਠਵਾਂ ਅਕਾਦਮਿਕ ਸੈਮੀਨਾਰ



ਮੋਗਾ (ਇਕਬਾਲ ਸਿੰਘ ਖਹਿਰਾ)- ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਨਾਲ ਸਬੰਧਤ ਅੱਠਵਾਂ ਅਕਾਦਮਿਕ ਸੈਮੀਨਾਰ ਪਿੰਡ ਬੁੱਘੀਪੁਰਾ ਦੇ ਗੁਰਦੁਆਰਾ ਬੇਗਮਪੁਰ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਲੈਫ. ਕਰਨਲ ਰਿਟਾ. ਬਾਬੂ ਸਿੰਘ ਦੀ ਅਗਵਾਈ ਵਿੱਚ ਪਟਿਆਲਾ ਤੋਂ ਐਡੀਸ਼ਨਲ ਡਾਇਰੈਕਟਰ ਰਿਟਾ. ਸਤਨਾਮ ਸਿੰਘ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ।ਇਸ ਸੈਮੀਨਾਰ ਵਿੱਚ ਪਟਿਆਲਾ ਤੋਂ ਵਿਸ਼ੇਸ਼ ਤੌਰ 'ਤੇ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਗੁਰਨਾਮ ਸਿੰਘ ਅਕੀਦਾ, ਪ੍ਰਬੁੱਧ ਵਿਦਵਾਨ ਡਾ. ਗੁਰਮੀਤ ਕੱਲਰਮਾਜਰੀ ਤੇ ਖੋਜ ਅਫ਼ਸਰ ਡਾ. ਸੰਤੋਖ ਸੁੱਖੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਸੈਮੀਨਾਰ ਵਿੱਚ ਮੁੱਖ ਵਕਤਾ ਸ੍ਰੀ ਗੁਰੂ ਰਵਿਦਾਸ ਸਬੰਧੀ ਖੋਜਕਾਰ ਡਾ. ਸੁਰਜੀਤ ਸਿੰਘ ਦੌਧਰ ਨੇ ਪੇਪਰ ਪੜ੍ਹਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸਾਰੇ ਬਾਣੀਕਾਰਾਂ ਦੀ ਬਾਣੀ ਵਿੱਚ ਮਨੁੱਖਤਾ ਨੂੰ ਪ੍ਰਮੁੱਖਤਾ ਦਿੱਤੀ ਗਈ ਹੈ।ਬਾਣੀ ਵਿੱਚ ਉਨ੍ਹਾਂ ਨੂੰ ਭੰਡਿਆ ਗਿਆ ਹੈ, ਜਿਨ੍ਹਾਂ ਨੇ ਮਨੁੱਖ ਨੂੰ ਮਨੁੱਖ ਤੋਂ ਦੂਰ ਕਰਨ ਦੀ ਕੋਸ਼ਿਸ਼ ਕੀਤੀ ਤੇ ਮਨੁੱਖਤਾ ਨਾਲ ਕਰੂਰਤਾ ਕੀਤੀ।ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਮਾਨਤਾ ਤੇ ਸਮਾਜਵਾਦ ਦੀ ਗੱਲ ਕਰਦੀ ਹੈ, ਉਨ੍ਹਾਂ ਦੇ ਜੀਵਨ ਤੋਂ ਪ੍ਰਭਾਵਿਤ ਹੋ ਕੇ ਸਮੇਂ ਦੇ ਰਾਜੇ ਤੇ ਰਾਣੀਆਂ ਉਨ੍ਹਾਂ ਦੇ ਸਨਮੁੱਖ ਝੁਕੀਆਂ ਤੇ ਉਨ੍ਹਾਂ ਦੇ ਵਿਚਾਰਾਂ ਨੂੰ ਦੁਨੀਆ ਵਿੱਚ ਫੈਲਾਇਆ।ਇਸ ਵੇਲੇ ਸੈਮੀਨਾਰ ਦੀ ਅਗਵਾਈ ਕਰ ਰਹੇ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਇਹ ਸੈਮੀਨਾਰ ਲੜੀ ਕਰਵਾਈ ਜਾ ਰਹੀ ਹੈ, ਉਸ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਾਣੀਕਾਰਾਂ ਬਾਰੇ ਵੀ ਅਕਾਦਮਿਕ ਸੈਮੀਨਾਰ ਕਰਵਾਏ ਜਾਣਗੇ।ਇਸ ਵੇਲੇ ਸੈਮੀਨਾਰ ਦੀ ਪ੍ਰਧਾਨਗੀ ਕਰ ਰਹੇ ਡਾ. ਗੁਰਮੀਤ ਕੱਲਰਮਾਜਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਪੰਜਾਬ ਵਿੱਚ ਵੱਖ ਵੱਖ ਥਾਵਾਂ 'ਤੇ ਯਾਤਰਾਵਾਂ ਕਰਕੇ ਮਨੁੱਖਤਾ ਦਾ ਸੰਦੇਸ਼ ਦਿੱਤਾ।

ਪੰਜਾਬ ਵਿੱਚ ਗੁਰੂ ਰਵਿਦਾਸ ਜੀ ਦਾ ਜਸ ਇਸ ਕਰਕੇ ਜ਼ਿਆਦਾ ਫੈਲਿਆ, ਕਿਉਂਕਿ ਉਨ੍ਹਾਂ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਾਣੀਕਾਰਾਂ ਨਾਲ ਸਬੰਧਤ ਅਕਾਦਮਿਕ ਸੈਮੀਨਾਰ ਕਰਵਾਉਣੇ ਚਾਹੀਦੇ ਹਨ।ਇਸ ਵੇਲੇ ਸੈਮੀਨਾਰ ਦੀ ਪ੍ਰਧਾਨਗੀ ਕਰ ਰਹੇ ਸਤਨਾਮ ਸਿੰਘ ਐਡੀਸ਼ਨਲ ਡਾਇਰੈਕਟਰ ਭਾਸ਼ਾ ਵਿਭਾਗ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਫ਼ਲਸਫ਼ੇ ਦੀ ਮਿਸਾਲ ਸਾਰੇ ਪੰਜਾਬ ਵਿੱਚ ਸੈਮੀਨਾਰਾਂ ਦੇ ਰੂਪ ਵਿੱਚ ਫੈਲ ਰਹੀ ਹੈ, ਇਸ ਦਾ ਸਵਾਗਤ ਕਰਨਾ ਸਾਡਾ ਸਭਾ ਦਾ ਫਰਜ਼ ਹੈ। ਇਸ ਵੇਲੇ ਭਾਸ਼ਾ ਵਿਭਾਗ ਦੇ ਖੋਜ ਅਫਸਰ ਡਾ. ਸੰਤੋਖ ਸਿੰਘ ਨੇ ਗੁਰੂ ਰਵਿਦਾਸ ਨਾਲ ਸਬੰਧਤ ਕਵਿਤਾ ਪੜ੍ਹੀ।ਇਸ ਮੌਕੇ ਜ਼ਿਲ੍ਹਾ ਮੋਗਾ ਵਿੱਚੋਂ ਮੈਟ੍ਰਿਕ ਵਿੱਚ ਟਾਪ 'ਤੇ ਆਈ ਬੇਟੀ ਹਰਜਸਪ੍ਰੀਤ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਕਿਸਾਨੀ ਮੰਗਾਂ ਲਈ 30 ਤੋਂ ਡੀ ਸੀ ਦਫ਼ਤਰਾਂ ਅੱਗੇ ਦਿਨ-ਰਾਤ ਦੇ ਪੱਕੇ ਧਰਨੇ



ਫੱਲੇਵਾਲ ਦੇ ਗੁਰਦੁਆਰਾ ਸਾਹਿਬ ਵਿੱਚ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਇਹ ਫ਼ੈਸਲੇ ਕੀਤੇ ਗਏ ਹਨ।

ਰਾਏਕੋਟ (ਸੰਤੋਖ ਗਿੱਲ)-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਕਿਸਾਨਾਂ ਤੇ ਮਜ਼ਦੂਰਾਂ ਨਾਲ ਸਬੰਧਤ ਵੱਖ-ਵੱਖ ਭਖਦੇ ਮੁੱਦਿਆਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦੀ ਰਣਨੀਤੀ ਤਿਆਰ ਕੀਤੀ ਗਈ ਹੈ।ਜਥੇਬੰਦੀ ਦੇ ਆਗੂ ਸੁਦਾਗਰ ਸਿੰਘ ਘੁਡਾਣੀ ਅਨੁਸਾਰ 30 ਅਗਸਤ ਤੋਂ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਦਿਨ-ਰਾਤ ਦੇ ਪੱਕੇ ਧਰਨੇ ਦੇਣ ਦੀ ਤਿਆਰੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤਾ, ਲੈਂਡ ਪੂਲਿੰਗ ਨੀਤੀ, ਕਿਸਾਨਾਂ-ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਜ਼ਮੀਨਾਂ ਦੇ ਮਾਲਕੀ ਹੱਕ, ਹੜ੍ਹ ਪੀੜਤਾਂ ਨੂੰ ਮੁਆਵਜ਼ਾ, ਪੁਲਸ ਜਬਰ ਤੇ ਹੋਰ ਭਖਦੇ ਮਸਲਿਆਂ ਨੂੰ ਲੈ ਕੇ ਇਹ ਸੰਘਰਸ਼ ਵਿੱਢਣ ਦੀ ਪੂਰੀ ਵਿਉਂਤਬੰਦੀ ਕਰ ਲਈ ਗਈ ਹੈ।ਪਿੰਡ ਫੱਲੇਵਾਲ ਦੇ ਗੁਰਦੁਆਰਾ ਸਾਹਿਬ ਵਿੱਚ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਇਹ ਫ਼ੈਸਲੇ ਕੀਤੇ ਗਏ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਧਰਨਿਆਂ ਨੂੰ ਸਫਲ ਬਣਾਉਣ ਲਈ ਪਿੰਡ ਪੱਧਰ 'ਤੇ ਨੁੱਕੜ ਮੀਟਿੰਗਾਂ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ ਮੋਟਰਸਾਈਕਲ ਮਾਰਚ, ਜਾਗੋ ਤੇ ਢੋਲ ਮਾਰਚ ਰਾਹੀਂ ਲੋਕਾਂ ਨੂੰ ਸੰਘਰਸ਼ ਨਾਲ ਜੋੜਨ ਲਈ ਮੁਹਿੰਮ ਚਲਾਈ ਜਾਵੇਗੀ।ਮੀਟਿੰਗ ਵਿੱਚ ਪੱਤਰਕਾਰ ਮਨਜਿੰਦਰਜੀਤ ਸਿੰਘ ਸਿੱਧੂ ਖ਼ਿਲਾਫ਼ ਦਰਜ ਕੇਸ ਨੂੰ ਤੁਰੰਤ ਰੱਦ ਕਰਨ ਦੀ ਮੰਗ ਵੀ ਕੀਤੀ ਗਈ।

ਮੀਟਿੰਗ ਵਿੱਚ ਮਨੋਹਰ ਸਿੰਘ ਕਲਾਹੜ, ਚਰਨਜੀਤ ਸਿੰਘ, ਬਲਵੰਤ ਸਿੰਘ ਘੁਡਾਣੀ, ਜਗਮੀਤ ਸਿੰਘ ਕਲਾਹੜ, ਯੁਵਰਾਜ ਸਿੰਘ ਘੁਡਾਣੀ, ਨਾਜ਼ਰ ਸਿੰਘ ਸਿਆੜ, ਦਰਸ਼ਨ ਸਿੰਘ ਫੱਲੇਵਾਲ, ਤੀਰਥ ਸਿੰਘ ਤਲਵੰਡੀ ਤੇ ਸੁਰਜੀਤ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦਸਤਾਵੇਜ਼ੀ ਫ਼ਿਲਮ ਦਿਖਾਈ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮਾਂ ਦੀ ਲੜੀ ਤਹਿਤ ਹਲਕਾ ਮਲੋਟ ਦੇ ਪਿੰਡ ਸੰਮੇਵਾਲੀ, ਨੰਦਗੜ੍ਹ ਤੇ ਗੰਧੜ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਤੇ ਉਨ੍ਹਾਂ ਵੱਲੋਂ ਦਿੱਤੇ ਗਏ ਸਮਾਜਿਕ ਸਮਾਨਤਾ, ਭਾਈਚਾਰਕ ਸਾਂਝ ਤੇ ਮਨੁੱਖਤਾ ਦੇ ਸੰਦੇਸ਼ ਨੂੰ ਉਜਾਗਰ ਕਰਦੀ ਦਸਤਾਵੇਜ਼ੀ ਫ਼ਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫ਼ਿਲਮ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ ਤੇ ਸਮਾਜ ਨੂੰ ਦਿੱਤੇ ਗਏ ਸਮਾਨਤਾ, ਆਪਸੀ ਭਾਈਚਾਰੇ, ਸਦਭਾਵਨਾ ਤੇ ਮਨੁੱਖਤਾ ਦੇ ਸੰਦੇਸ਼ ਤੋਂ ਜਾਣੂ ਕਰਵਾਇਆ ਗਿਆ।ਫ਼ਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਮੌਜੂਦਾ ਸਮੇਂ ਵਿੱਚ ਅਪਣਾਉਣ ਦੀ ਲੋੜ 'ਤੇ ਵੀ ਵਿਸ਼ੇਸ਼ ਚਾਨਣਾ ਪਾਇਆ ਗਿਆ।

## 27 ਨੂੰ ਸੰਘਰਸ਼ 'ਚ ਸ਼ਾਮਲ ਹੋਣਗੇ ਵੱਡੀ ਗਿਣਤੀ ਮੁਲਾਜ਼ਮ : ਡੀ ਟੀ ਐੱਫ

ਲੁਧਿਆਣਾ (ਸਤੀਸ਼ ਸਚਦੇਵਾ)-ਡੈਮੋਕ੍ਰੇਟਿਕ ਟੀਚਰਜ਼ ਫਰੰਟ ਜ਼ਿਲ੍ਹਾ ਲੁਧਿਆਣਾ ਦੀ ਆਨਲਾਈਨ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸੰਧੂ ਦੀ ਪ੍ਰਧਾਨਗੀ ਵਿੱਚ ਹੋਈ।ਇਸ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ, ਮੀਤ ਪ੍ਰਧਾਨ ਬਲਵੀਰ ਸਿੰਘ ਬਾਸੀਆਂ, ਜੰਗਪਾਲ ਸਿੰਘ ਰਾਏਕੋਟ, ਜਥੇਬੰਦਕ ਸਕੱਤਰ ਰਾਜਿੰਦਰ ਜੰਡਿਆਲੀ, ਮੁੱਲਾਂਪੁਰ ਇਕਾਈ ਦੇ ਪ੍ਰਧਾਨ ਜਗਦੀਪ ਸਿੰਘ ਜੌਨੀ, ਸੂਬਾ ਵਿੱਤ ਸਕੱਤਰ 4161 ਮਾਸਟਰ ਕੇਡਰ ਯੂਨੀਅਨ ਪੰਜਾਬ ਜਸਵਿੰਦਰ ਸਿੰਘ ਐਤੀਆਣਾ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਲੀਲ ਤੇ ਜਤਿੰਦਰ ਕੁਮਾਰ ਸ਼ਾਮਲ ਹੋਏ।ਇਸ ਮੌਕੇ ਮੁਲਾਜ਼ਮਾਂ ਦੇ 18% ਡੀ ਏ ਦੇ ਬਕਾਏ, ਪੁਰਾਣੀ ਪੈਨਸ਼ਨ ਬਹਾਲ, ਕੱਚੇ ਤੇ ਮਾਣਭੱਤਾ ਮੁਲਾਜ਼ਮਾਂ ਨੂੰ ਪੱਕੇ ਕਰਨ ਸਮੇਤ ਸਾਂਝੇ ਫਰੰਟ ਦੀਆਂ ਸਮੂਹ ਮੰਗਾਂ ਉੱਪਰ ਚਰਚਾ ਹੋਈ।27 ਅਗਸਤ ਦੇ ਤਾਲਮੇਲ ਕਮੇਟੀ ਵੱਲੋਂ ਕਰਮਚਾਰੀਆਂ ਵੱਲੋਂ ਸਮੂਹਕ ਛੁੱਟੀ ਲੈਣ ਦੇ ਪ੍ਰੋਗਰਾਮ ਨੂੰ ਲਾਗੂ ਕਰਵਾਉਣ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ 24 ਅਗਸਤ ਤੋਂ 27 ਅਗਸਤ ਤੱਕ ਦੌਰੇ ਕੀਤੇ ਜਾਣਗੇ। ਆਗੂਆਂ ਨੇ ਦੱਸਿਆ ਕਿ 27 ਅਗਸਤ ਦੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਤਾਲਮੇਲ ਕਮੇਟੀ ਵਿੱਚ ਸ਼ਾਮਲ ਅਧਿਆਪਕ ਜਥੇਬੰਦੀਆਂ ਨਾਲ ਬਲਾਕ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ।30 ਅਗਸਤ 2026 ਨੂੰ ਜਾਇੰਟ ਟੀਚਰ ਫਰੰਟ ਵੱਲੋਂ ਦਿੱਲੀ ਵਿਖੇ ਜੰਤਰ ਮੰਤਰ ਵਿੱਚ ਟੀ. ਈ. ਟੀ. ਦੇ ਵਿਰੋਧ ਵਿੱਚ ਕੀਤੀ ਜਾ ਰਹੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

## ਧੂਰੀ ਵਿਕਾਸ ਮੰਚ ਨੇ 300 ਬੂਟੇ ਵੰਡ ਕੇ ਦਿੱਤਾ ਹਰਿਆਵਲ ਦਾ ਸੰਦੇਸ਼



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਸ਼ਹਿਰ ਦੇ ਵਾਤਾਵਰਨ ਨੂੰ ਸ਼ੁੱਧ ਤੇ ਹਰਾ-ਭਰਾ ਬਣਾਉਣ ਦੇ ਨਾਲ-ਨਾਲ ਸਥਾਨਕ ਡਿਵਾਇਡਰ ਰੋਡ ਦੇ ਸੁੰਦਰੀਕਰਨ ਲਈ ਗੈਰ-ਸਿਆਸੀ ਜਥੇਬੰਦੀ ਧੂਰੀ ਵਿਕਾਸ ਮੰਚ (ਰਜਿ.) ਵੱਲੋਂ ਏ. ਪੀ. ਇਨਕਲੇਵ ਰੋਡ 'ਤੇ ਬੂਟਿਆਂ ਦਾ ਲੰਗਰ ਲਗਾਇਆ ਗਿਆ, ਜਿਸ ਦੌਰਾਨ ਰਾਹਗੀਰਾਂ ਤੇ ਸਥਾਨਕ ਨਿਵਾਸੀਆਂ ਨੂੰ ਕਰੀਬ 300 ਛਾਂਦਾਰ ਤੇ ਫਲਦਾਰ ਬੂਟੇ ਮੁਫ਼ਤ ਵੰਡੇ ਗਏ।ਇਸ ਮੌਕੇ ਮੰਚ ਦੇ ਆਗੂਆਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਸੰਭਾਲ ਲਈ ਅੱਗੇ ਆਉਣ ਤੇ ਇਨ੍ਹਾਂ ਪੌਦਿਆਂ ਦੀ ਆਪਣੇ ਬੱਚਿਆਂ ਵਾਂਗ ਦੇਖਭਾਲ ਕਰਨ।ਇਸ ਮੌਕੇ ਮੰਚ ਦੇ ਨੁਮਾਇੰਦਿਆਂ ਨੇ ਨਗਰ ਕੌਂਸਲ ਧੂਰੀ ਤੋਂ ਮੰਗ ਕੀਤੀ ਕਿ ਡਿਵਾਇਡਰ ਰੋਡ 'ਤੇ ਲਗਾਏ ਗਏ ਇਨ੍ਹਾਂ ਪੌਦਿਆਂ ਨੂੰ ਸੁੱਕਣ ਤੋਂ ਬਚਾਉਣ ਲਈ ਹਫ਼ਤਾਵਾਰੀ ਪਾਣੀ ਦੇਣ ਦਾ ਪ੍ਰਬੰਧ ਕੀਤਾ ਜਾਵੇ, ਇਹ ਪੌਦੇ ਵੱਡੇ ਹੋ ਕੇ ਸ਼ਹਿਰ ਦੀ ਹਰਿਆਵਲ 'ਚ ਵਾਧਾ ਕਰ ਸਕਣ।ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ-ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕਿਹਾ ਕਿ ਹਰ ਸਾਲ ਲੱਖਾਂ ਦੀ ਤਾਦਾਦ 'ਚ ਪੌਦੇ ਲਗਾਏ ਤਾਂ ਜਾਂਦੇ ਹਨ, ਪਰ ਸਹੀ ਪਾਲਣ-ਪੋਸ਼ਣ ਤੇ ਪਾਣੀ ਨਾ ਮਿਲਣ ਕਾਰਨ ਉਹ ਦਮ ਤੋੜ ਜਾਂਦੇ ਹਨ।ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਪੌਦੇ ਵੀ ਮਨੁੱਖਾਂ ਵਾਂਗ ਸੂਖਮ ਹੁੰਦੇ ਹਨ ਤੇ ਗੱਲਾਂ ਕਰਦੇ ਹਨ, ਬੱਸ ਉਨ੍ਹਾਂ ਦੀ ਭਾਸ਼ਾ ਸਮਝਣ ਤੇ ਉਨ੍ਹਾਂ ਨਾਲ ਲਗਾਅ ਰੱਖਣ ਦਾ ਜਜ਼ਬਾ ਹੋਣਾ ਚਾਹੀਦਾ ਹੈ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸੋਨੀ ਮੰਡੇਰ, ਸੀਨੀਅਰ ਮੀਤ ਪ੍ਰਧਾਨ ਕੌਂਸਲਰ ਸੰਦੀਪ ਬਾਂਸਲ, ਮੋਹਿਤ ਜਿੰਦਲ, ਅਮਨ ਗਰਗ ਡਿੰਪੀ ਤੇ ਮਨੋਹਰ ਸਿੰਘ ਸੱਗੂ ਸਮੇਤ ਵੱਡੀ ਗਿਣਤੀ 'ਚ ਮੰਚ ਦੇ ਮੈਂਬਰ ਤੇ ਸਥਾਨਕ ਨਿਵਾਸੀ ਹਾਜ਼ਰ ਸਨ।


## ਮਿੱਡ ਡੇ ਮੀਲ ਤੇ ਆਸ਼ਾ ਵਰਕਰਾਂ ਦੇ ਸਾਂਝੇ ਫਰੰਟ ਵੱਲੋਂ 8 ਨੂੰ ਰੈਲੀ

### ਸਰਕਾਰ ਨੂੰ ਤਨਖਾਹ ਦੁੱਗਣੀ ਕਰਨ ਦਾ ਵਾਅਦਾ ਕਰਵਾਇਆ ਯਾਦ



ਲੁਧਿਆਣਾ (ਸਤੀਸ਼ ਸਚਦੇਵਾ)-ਮਿੱਡ ਡੇ ਮੀਲ ਵਰਕਰ ਯੂਨੀਅਨ ਲੁਧਿਆਣਾ ਵੱਲੋਂ ਸੂਬਾਈ ਆਗੂ ਪ੍ਰਵੀਨ ਕੁਮਾਰੀ ਦੀ ਅਗਵਾਈ ਹੇਠ ਜਲੰਧਰ ਬਾਈਪਾਸ ਇਲਾਕੇ ਦੀ ਮੀਟਿੰਗ ਕੀਤੀ ਗਈ।ਇਸ ਮੌਕੇ ਮਿੱਡ ਡੇ ਮੀਲ ਵਰਕਰਾਂ ਤੇ ਆਸ਼ਾ ਵਰਕਰਾਂ ਦੇ ਸਾਂਝੇ ਫਰੰਟ ਵੱਲੋਂ 8 ਸਤੰਬਰ ਮੁਹਾਲੀ ਚੰਡੀਗੜ੍ਹ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਨ ਦੀ ਤਿਆਰੀ ਸਬੰਧੀ ਗੱਲਬਾਤ ਹੋਈ।ਇਸ ਮੌਕੇ ਇੰਦਰਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਹਾਲੇ ਤੱਕ ਆਪਣੇ ਚੋਣ ਵਾਅਦੇ ਪੂਰੇ ਨਹੀਂ ਕੀਤੇ, ਜਿਸ ਕਾਰਨ ਵਰਕਰਾਂ ਅੰਦਰ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਆਖਿਆ ਕਿ ਆਏ ਦਿਨ ਵੱਧ ਰਹੀ ਮਹਿੰਗਾਈ ਕਾਰਨ ਵਰਕਰਾਂ ਨੂੰ ਸਿਰਫ ਤਿੰਨ ਹਜ਼ਾਰ ਮਹੀਨਾ ਤਨਖਾਹ ਨਾਲ ਗੁਜ਼ਾਰਾ ਕਰਨਾ ਮੁਸ਼ਕਲ ਹੋਇਆ ਪਿਆ ਹੈ।ਉਨ੍ਹਾ ਮੰਗ ਕੀਤੀ ਕਿ ਵਰਕਰਾਂ ਉੱਪਰ ਪੰਜਾਬ ਸਰਕਾਰ ਦੇ ਪੱਕੇ ਮੁਲਾਜ਼ਮਾਂ ਵਾਂਗ ਪੇ ਸਕੇਲ ਲਾਗੂ ਕੀਤੇ ਜਾਣ, ਕਿਸੇ ਵਰਕਰ ਦੀ ਮੌਤ ਹੋਣ ਉਪਰੰਤ ਉਸ ਦੇ ਪਰਵਾਰ ਦੇ ਮੈਂਬਰ ਨੂੰ ਖਾਲੀ ਹੋਣ ਵਾਲੇ ਥਾਂ ਉੱਪਰ ਕੰਮ 'ਤੇ ਰੱਖਿਆ ਜਾਵੇ ਤੇ ਪੰਜਾਬ ਸਰਕਾਰ ਦੀ ਗਾਰੰਟੀ ਮੁਤਾਬਿਕ ਮਿੱਡ ਡੇ ਮੀਲ ਵਰਕਰਾਂ ਤੇ ਸਫਾਈ ਵਰਕਰਾਂ ਦਾ ਮਾਣ ਭੱਤਾ ਤੁਰੰਤ ਦੁੱਗਣਾ ਕੀਤਾ ਜਾਵੇ ਅਤੇ ਹਰੇਕ ਵਰਕਰ ਦਾ 5 ਲੱਖ ਰੁਪਏ ਦਾ ਮੁਫ਼ਤ ਬੀਮਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇ।ਇਸੇ ਤਰ੍ਹਾਂ 100 ਤੋਂ ਘੱਟ ਬੱਚਿਆਂ ਵਾਲੇ ਸਕੂਲਾਂ 'ਚੋਂ ਛਾਂਟੀ ਕੀਤੇ ਗਏ ਸਫਾਈ ਵਰਕਰਾਂ ਨੂੰ ਮੁੜ ਬਹਾਲ ਕੀਤਾ ਜਾਵੇ।ਇਸ ਮੌਕੇ ਰਾਜ ਰਾਣੀ, ਵਿੱਦਿਆਵਤੀ, ਅੰਜੂ ਰਾਣੀ, ਗੀਤਾ, ਕਰਮਜੀਤ ਕੌਰ, ਲਕਛਮੀ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## 12 ਗ੍ਰਾਮ ਹੈਰੋਇਨ ਤੇ 150 ਅਲਪ੍ਰਾਜ਼ੋਲਾਮ ਗੋਲੀਆਂ ਬਰਾਮਦ



ਭਵਾਨੀਗੜ੍ਹ (ਰਾਜ ਖੁਰਮੀ)-ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੁਲਸ ਨੇ ਨਸ਼ਾ ਤਸਕਰੀ ਨਾਲ ਜੁੜੇ ਇੱਕ ਮਾਮਲੇ ਦੀ ਅੱਗੇ ਕੀਤੀ ਤਫ਼ਤੀਸ਼ ਦੌਰਾਨ 12 ਗ੍ਰਾਮ ਹੈਰੋਇਨ (ਚਿੱਟਾ), 150 ਅਲਪ੍ਰਾਜ਼ੋਲਾਮ ਗੋਲੀਆਂ ਤੇ ਬਿਨਾਂ ਨੰਬਰ ਸਪਲੈਂਡਰ ਮੋਟਰਸਾਈਕਲ ਬਰਾਮਦ ਕਰਕੇ ਪੰਜ ਵਿਅਕਤੀਆਂ ਨੂੰ ਮਾਮਲਾ ਦਰਜ ਕੀਤਾ ਗਿਆ।ਪੁਲਸ ਨੇ ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਹੈ।ਥਾਣਾ ਮੁਖੀ ਯਸਪਾਲ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ ਇਸ ਕਾਰਵਾਈ ਸਬੰਧੀ ਪੁਲਸ ਨੇ ਦੱਸਿਆ ਕਿ ਚੌਕੀ ਘਰਾਚੋਂ ਦੇ ਇੰਚਾਰਜ ਏ.ਐਸ.ਆਈ. ਵਰਿੰਦਰ ਸਿੰਘ ਝਿੰਜਰ ਦੀ ਅਗਵਾਈ ਹੇਠ ਏ.ਐਸ.ਆਈ. ਮਨਿੰਦਰ ਸਿੰਘ, ਏ.ਐਸ.ਆਈ. ਜ਼ੈਬਰਾ ਨੰਦ, ਹੈੱਡ ਕਾਂਸਟੇਬਲ ਅਵਤਾਰ ਸਿੰਘ, ਪੀ.ਐਚ.ਜੀ. ਗੁਰਪ੍ਰੀਤ ਸਿੰਘ ਅਤੇ ਪਰਗਟ ਸਿੰਘ ਸਮੇਤ ਪੁਲਿਸ ਪਾਰਟੀ ਵੱਲੋਂ ਪਹਿਲਾਂ 150 ਅਲਪ੍ਰਾਜ਼ੋਲਾਮ ਗੋਲੀਆਂ ਬਰਾਮਦ ਕੀਤੀਆਂ ਗਈਆਂ ਸਨ।ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਨੂੰ ਅੱਗੇ ਵਧਾਉਂਦਿਆਂ ਜਦੋਂ ਦੋ ਹੋਰ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਤਾਂ ਉਨ੍ਹਾਂ ਦੇ ਕਬਜ਼ੇ ਵਿੱਚੋਂ 12 ਗ੍ਰਾਮ ਹੈਰੋਇਨ (ਚਿੱਟਾ) ਤੇ ਬਿਨਾਂ ਨੰਬਰ ਸਪਲੈਂਡਰ ਮੋਟਰਸਾਈਕਲ ਬਰਾਮਦ ਹੋਇਆ।ਪੁਲਸ ਅਨੁਸਾਰ ਇਹ ਬਰਾਮਦਗੀ ਨੀਚੇ ਭਾਰਤ ਮਾਲਾ ਪੁਲ, ਬਾ-ਹੱਦ ਕਪਿਆਲ ਤੋਂ ਕੀਤੀ ਗਈ ਹੈ।ਮਾਮਲੇ ਵਿੱਚ ਨਾਮਜ਼ਦ ਅਤੇ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਹਰਜਿੰਦਰ ਸਿੰਘ, ਗੋਬਿੰਦ ਸਿੰਘ ਅਤੇ ਰਮਨਦੀਪ ਸਿੰਘ ਵਾਸੀ ਖਾਨਪੁਰ ਫ਼ਕੀਰਾਂ, ਥਾਣਾ ਦਿੜਬਾ ਅਤੇ ਦੀਪ ਬਾਵਾ ਤੇ ਬਿਕਰਜੀਤ ਸਿੰਘ ਵਾਸੀ ਬਿਗੜਵਾਲ, ਥਾਣਾ ਸੁਨਾਮ ਵਜੋਂ ਹੋਈ ਹੈ।

## ਬਦੇਸ਼ਾ ਦੀ ਨਿਯੁਕਤੀ 'ਤੇ ਆਗੂਆਂ ਤੇ ਵਰਕਰਾਂ 'ਚ ਖੁਸ਼ੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਦਵਿੰਦਰ ਸਿੰਘ ਬਦੇਸ਼ਾ ਨੂੰ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਲਿਮ. ਦਾ ਡਾਇਰੈਕਟਰ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਆਗੂਆਂ ਤੇ ਵਰਕਰਾਂ ਨੇ ਉਨ੍ਹਾਂ ਨੂੰ ਮੁਬਾਰਕਬਾਦ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।ਆਗੂਆਂ ਨੇ ਕਿਹਾ ਕਿ ਦਵਿੰਦਰ ਸਿੰਘ ਬਦੇਸ਼ਾ ਲੰਬੇ ਸਮੇਂ ਤੋਂ ਪਾਰਟੀ ਨਾਲ ਜੁੜ ਕੇ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਕੰਮ ਕਰ ਰਹੇ ਹਨ।

ਪਾਰਟੀ ਪ੍ਰਤੀ ਉਨ੍ਹਾਂ ਦੀ ਵਫ਼ਾਦਾਰੀ ਤੇ ਲਗਾਤਾਰ ਕੀਤੀ ਮਿਹਨਤ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਮਿਲਣਾ ਮਾਣ ਵਾਲੀ ਗੱਲ ਹੈ।ਬਦੇਸ਼ਾ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ 'ਤੇ ਪ੍ਰਗਟਾਏ ਭਰੋਸੇ 'ਤੇ ਖਰਾ ਉਤਰਨ ਲਈ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਮਿਲੀ ਇਸ ਜ਼ਿੰਮੇਵਾਰੀ ਨੂੰ ਉਹ ਲੋਕਾਂ ਦੀ ਸੇਵਾ ਲਈ ਸਮਰਪਤ ਕਰਦੇ ਹੋਏ ਹਰ ਸੰਭਵ ਯਤਨ ਕਰਨਗੇ।

## ਪੌਦੇ ਲਗਾਉਣਾ ਤੇ ਸੰਭਾਲ ਕਰਨਾ ਵਾਤਾਵਰਨ ਦੀ ਸ਼ੁੱਧਤਾ ਲਈ ਅਤਿ ਜ਼ਰੂਰੀ : ਡਾ. ਸਿੰਗਲਾ

■ ਜੈ ਸ੍ਰੀ ਕ੍ਰਿਸ਼ਨਾ ਪਲਾਂਟੇਸ਼ਨ ਗਰੁੱਪ ਨੇ ਜਵਾਹਰਕੇ ਵਾਟਰ ਵਰਕਸ 'ਤੇ ਲਗਾਏ ਪੌਦੇ



ਮਾਨਸਾ (ਆਤਮਾ ਸਿੰਘ ਪਮਾਰ)-ਵਾਤਾਵਰਣ ਦੀ ਸ਼ੁੱਧਤਾ ਤੇ ਹਰਿਆਵਲੀ ਵਧਾਉਣ ਦੇ ਉਦੇਸ਼ ਨਾਲ ਜੈ ਸ੍ਰੀ ਕ੍ਰਿਸ਼ਨਾ ਪਲਾਂਟੇਸ਼ਨ ਗਰੁੱਪ ਵੱਲੋਂ ਮਾਨਸਾ ਨੇੜਲੇ ਪਿੰਡ ਜਵਾਹਰਕੇ ਦੇ ਵਾਟਰ ਵਰਕਸ ਵਿਖੇ ਵਿਸ਼ੇਸ਼ ਪੌਦਾਰੋਪਣ ਮੁਹਿੰਮ ਚਲਾਈ ਗਈ।ਇਸ ਮੌਕੇ ਫੁੱਲਦਾਰ ਤੇ ਫਲਦਾਰ ਪੌਦੇ ਲਗਾਏ ਗਏ।ਇਸ ਮੌਕੇ ਵਾਤਾਵਰਣ ਦੀ ਸੰਭਾਲ, ਰੁੱਖਾਂ ਦੀ ਮਹੱਤਤਾ ਤੇ ਭਵਿੱਖੀ ਪੀੜ੍ਹੀਆਂ ਲਈ ਸਾਫ਼-ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ।ਜੈ ਸ੍ਰੀ ਕ੍ਰਿਸ਼ਨਾ ਪਲਾਂਟੇਸ਼ਨ ਗਰੁੱਪ ਦੇ ਪ੍ਰਧਾਨ ਮਨੀਸ਼ ਚੌਧਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗਰੁੱਪ ਵੱਲੋਂ ਹਰ ਮੌਨਸੂਨ ਦੌਰਾਨ ਜਨਤਕ ਥਾਵਾਂ 'ਤੇ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਜਾਂਦਾ ਹੈ।ਸਿਰਫ਼ ਪੌਦੇ ਲਗਾਏ ਹੀ ਨਹੀਂ ਜਾਂਦੇ, ਸਗੋਂ ਇਨ੍ਹਾਂ ਦੀ ਸਾਂਭ-ਸੰਭਾਲ ਵੀ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇੰਨਾਂ ਪੌਦਿਆਂ ਦੀ ਸੇਵਾ ਲਈ ਸੇਵਾ ਮੁਕਤ ਪੀ.ਸੀ.ਐੱਸ. ਅਧਿਕਾਰੀ ਧੰਨਾ ਸਿੰਘ ਅਕਲੀਆ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਜਵਾਹਰਕੇ ਵਾਸੀ ਸੀਪਾ, ਯਾਦਵ, ਸੰਧੂ ਤੇ ਕਰਨੈਲ ਸਿੰਘ ਵੱਲੋਂ ਵੀ ਪੌਦਿਆਂ ਦੀ ਨਿਰੰਤਰ ਦੇਖ-ਰੇਖ ਕਰਨ ਦੀ ਜ਼ਿੰਮੇਵਾਰੀ ਲਈ ਗਈ ਹੈ।ਪੌਦੇ ਲਗਾਉਣ ਤੋਂ ਪਹਿਲਾਂ ਬਲਵੀਰ ਸਿੰਘ ਅਗਰੋਈਆ ਵੱਲੋਂ ਵਾਹਿਗੁਰੂ ਅੱਗੇ ਅਰਦਾਸ ਤੇ ਵੰਦਨਾ ਕੀਤੀ ਗਈ।ਉਪਰੰਤ ਸਮੂਹ ਮੈਂਬਰਾਂ ਨੇ ਮਿਲ ਕੇ ਪੌਦੇ ਲਗਾਏ ਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਅਹਿਦ ਵੀ ਲਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ. ਜਨਕ ਰਾਜ ਸਿੰਗਲਾ ਪ੍ਰਧਾਨ ਆਈ ਏ ਐੱਮ ਨੇ ਕਿਹਾ ਕਿ ਪੌਦੇ ਲਗਾਉਣਾ ਸਿਰਫ਼ ਇੱਕ ਸਮਾਜਿਕ ਰਸਮ ਹੀ ਨਹੀ, ਸਗੋਂ ਸਾਡੀ ਵੱਡੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਵਾਤਾਵਰਣ 'ਚ ਲਗਾਤਾਰ ਆ ਰਹੀਆਂ ਤਬਦੀਲੀਆਂ, ਵਧਦਾ ਪ੍ਰਦੂਸ਼ਣ, ਪਾਣੀ ਦੀ ਘਾਟ ਤੇ ਵਧ ਰਹੀ ਗਰਮੀ ਨੂੰ ਦੇਖਦਿਆਂ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ ਹੈ।ਉਨ੍ਹਾਂ ਇਸ ਮੌਕੇ ਸਮੁੱਚੇ ਤੌਰ 'ਤੇ ਅਪੀਲ ਕੀਤੀ ਕਿ ਸਿਰਫ਼ ਸਰਕਾਰਾਂ ਜਾਂ ਸਮਾਜਿਕ ਸੰਸਥਾਵਾਂ 'ਤੇ ਨਿਰਭਰ ਰਹਿਣ ਦੀ ਬਜਾਏ ਹਰ ਵਿਅਕਤੀ ਆਪਣੇ ਪੱਧਰ 'ਤੇ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਵੇ ਤੇ ਉਸ ਦੀ ਪੂਰੀ ਤਰ੍ਹਾਂ ਸੰਭਾਲ ਵੀ ਕਰੇ।ਇਸ ਮੌਕੇ ਰਮੇਸ਼ ਜੈਨ, ਵਿੱਕੀ, ਮਨੋਜ, ਹਰੀ ਓਮ, ਕੇ. ਕੇ. ਸ਼ਰਮਾ, ਰੋਹਿਤ, ਕਟੋਦੀਆਂ, ਬਿਪਨ ਸਮੇਤ ਗਰੁੱਪ ਦੇ ਹੋਰ ਮੈਂਬਰਾਂ ਤੇ ਪਿੰਡ ਵਾਸੀਆਂ ਨੇ ਵੀ ਸ਼ਮੂਲੀਅਤ ਕੀਤੀ।

## ਲੋੜਵੰਦ ਔਰਤ ਨੂੰ ਵੀਲ੍ਹਚੇਅਰ ਤੇ ਬਜ਼ੁਰਗਾਂ ਨੂੰ ਦਿੱਤਾ ਲੋੜੀਂਦਾ ਸਾਮਾਨ



ਨਾਭਾ (ਅਮਨ ਗਰਗ)-ਮਾਨਵ ਸੇਵਾ ਉੱਤਮ ਸੇਵਾ ਸੰਸਥਾ (ਸਟੇਟ ਅਵਾਰਡੀ) ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਵਧ-ਚੜ੍ਹ ਕੇ ਕੀਤੇ ਜਾਂਦੇ ਹਨ, ਉੱਥੇ ਸੰਸਥਾ ਵੱਲੋਂ ਸਿਵਲ ਹਸਪਤਾਲ ਵਿਖੇ ਜ਼ਰੂਰਤਮੰਦ ਮਰੀਜ਼ਾਂ ਦਾ ਇਲਾਜ ਕਰਵਾਇਆ ਜਾਂਦਾ ਹੈ ਤੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਂਦੀਆਂ ਹਨ।ਇਸ ਦੇ ਨਾਲ ਹੀ ਸੰਸਥਾ ਵੱਲੋਂ ਮੈਡੀਕਲ ਚੈੱਕਅਪ ਕੈਂਪ ਤੇ ਖੂਨਦਾਨ ਕੈਂਪ ਲਾਏ ਜਾਂਦੇ ਹਨ।ਪਿੰਡ ਕਕਰਾਲੀ ਦੀ ਲੋੜਵੰਦ ਮਹਿਲਾ ਹਰਵਿੰਦਰ ਕੌਰ ਪਤਨੀ ਗੁਰਤੇਜ ਸਿੰਘ ਨੂੰ ਸੰਸਥਾ ਵੱਲੋਂ ਵੀਲ੍ਹ ਚੇਅਰ ਭੇਟ ਕੀਤੀ ਗਈ।ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਦੱਸਿਆ ਕਿ ਇਹ ਪਰਵਾਰ ਦਾ ਘਰ ਦਾ ਗੁਜ਼ਾਰਾ ਬਹੁਤ ਮੁਸ਼ਕਲ ਨਾਲ ਚੱਲਦਾ ਸੀ ਤੇ ਇਸ ਨਾਲ ਉਨ੍ਹਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ।ਲੋੜਵੰਦ ਪਰਵਾਰ ਦੀ ਮਦਦ ਕੀਤੀ ਗਈ ਹੈ।ਇਸ ਨਾਲ ਹੀ ਪਟਿਆਲਾ ਦੇ ਪਿੰਡ ਰੌਂਗਲਾ ਦੇ ਆਸ਼ਰਮ ਵਿਖੇ ਖਾਣ-ਪੀਣ ਦਾ ਸਾਮਾਨ ਤੇ ਬਜ਼ੁਰਗਾਂ ਲਈ ਡਾਇਪਰ ਦਿੱਤੇ ਗਏ ਹਨ।ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਸੰਸਥਾ ਵੱਲੋਂ ਲੋੜੀਂਦਾ ਸਾਮਾਨ ਬਜ਼ੁਰਗਾਂ ਨੂੰ ਦੇਣ ਲਈ ਸਮਾਜ ਸੇਵੀ ਕਰਮ ਸਿੰਗਲਾ ਤੇ ਸਹਿਯੋਗੀ ਲੋਕਾਂ ਵੱਲੋਂ ਸਹਿਯੋਗ ਦੇਣ ਤੇ ਤਹਿ ਦਿਲੋਂ ਧੰਨਵਾਦ ਕੀਤਾ ਤੇ ਇਹ ਉਮੀਦ ਕੀਤੀ ਕਿ ਇਸ ਤਰ੍ਹਾਂ ਹੀ ਇਸ ਸੰਸਥਾ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਰਹੇ ਅਤੇ ਇਨ੍ਹਾਂ ਘੱਟ ਸਮੇਂ ਵਿਚ ਸਮਾਜ ਸੇਵੀ ਲੋਕ ਮਦਦ ਲਈ ਅੱਗੇ ਆਉਂਦੇ ਰਹਿਣ।ਵੀਲ੍ਹਚੇਅਰ ਲੈਣ ਉਪਰੰਤ ਲੋੜਵੰਦ ਮਹਿਲਾ ਹਰਵਿੰਦਰ ਕੌਰ ਪਤਨੀ ਗੁਰਤੇਜ ਸਿੰਘ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਸੁਨੀਲ ਗੁਪਤਾ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਸਾਹਿਲ ਗੁਪਤਾ, ਕਰਨ ਸਿੰਗਲਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦਿਆਂ ਹੋਇਆ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਵੀਲ੍ਹਚੇਅਰ ਲੈ ਕੇ ਦਿੱਤੀ ਹੈ।

## 30 ਤੋਂ ਸ਼ੁਰੂ ਹੋਣ ਵਾਲੇ ਮੋਰਚੇ ਦੀ ਤਿਆਰੀ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ



ਮਾਨਸਾ (ਆਤਮਾ ਸਿੰਘ ਪਮਾਰ)-ਕਿਸਾਨ ਜਥੇਬੰਦੀਆਂ ਵੱਲੋਂ 30 ਅਗਸਤ ਤੋਂ ਸ਼ੁਰੂ ਹੋਣ ਵਾਲੇ ਮੋਰਚੇ ਦੀ ਤਿਆਰੀ ਸਬੰਧੀ ਪਿੰਡ-ਪਿੰਡ ਤਿਆਰੀ ਮੁਹਿੰਮ ਚਲਾਉਣ ਸਬੰਧੀ ਦਾ ਫੈਸਲਾ ਕੀਤਾ ਗਿਆ ਹੈ।ਜਥੇਬੰਦੀ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਰਾਮ ਸਿੰਘ ਭੈਣੀ ਬਾਘਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਵੱਖ-ਵੱਖ ਆਗੂਆਂ ਤੇ ਵਰਕਰਾਂ ਨੇ ਵੱਲੋਂ ਸ਼ਮੂਲੀਅਤ ਕੀਤੀ ਗਈ।ਭੈਣੀ ਬਾਘਾ ਨੇ ਦੱਸਿਆ ਕਿ 30 ਅਗਸਤ ਤੋਂ ਸ਼ੁਰੂ ਹੋਣ ਵਾਲੇ ਮੋਰਚੇ ਦੌਰਾਨ ਕਿਸਾਨਾਂ ਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਮੰਗਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਪਿੰਡ-ਪਿੰਡ ਤਿਆਰੀ ਮੁਹਿੰਮ ਤੇ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਜਾ ਰਿਹਾ ਹੈ।ਕਿਸਾਨ ਆਗੂ ਨੇ ਕਿਹਾ ਕਿ ਭਾਰਤ ਅਤੇ ਅਮਰੀਕਾ ਦਰਮਿਆਨ ਕੋਈ ਮੁਕਤ ਵਪਾਰ ਸਮਝੌਤਾ ਨਾ ਕੀਤਾ ਜਾਵੇ, ਕਿਉਂਕਿ ਇਸ ਨਾਲ ਕਿਸਾਨਾਂ ਤੇ ਹੋਰ ਕਾਰੋਬਾਰੀਆਂ ਦਾ ਕਿੱਤਾ ਪ੍ਰਭਾਵਤ ਹੋਣ ਦਾ ਖਦਸ਼ਾ ਹੈ। ਇਸ ਤੋਂ ਇਲਾਵਾ ਪੰਜਾਬ 'ਚ ਜ਼ਮੀਨਾਂ ਦੀ ਜਬਰੀ ਐਕਵਾਇਰ ਕਰਨ ਵਾਲੀ ਨੀਤੀ ਨੂੰ ਰੱਦ ਕਰਨ ਦੀ ਮੰਗ ਵੀ ਰੱਖੀ ਜਾਵੇਗੀ।ਕਿਸਾਨਾਂ ਤੇ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਖ਼ਤਮ ਕਰਨ, ਕਰਜ਼ਿਆਂ ਤੇ ਆਰਥਿਕ ਤੰਗੀਆਂ ਕਾਰਨ ਖੁਦਕੁਸ਼ੀਆਂ ਕਰ ਚੁੱਕੇ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਅਤੇ ਸਰਕਾਰੀ ਨੌਕਰੀਆਂ ਦੇਣ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਉਭਾਰੀ ਜਾਵੇਗੀ।ਇਸ ਦੇ ਨਾਲ ਸਮੱਸਿਆਵਾਂ ਦਾ ਹੱਲ ਕਰਕੇ ਖੁਦਕੁਸ਼ੀਆਂ ਰੋਕਣ ਤੇ ਸੰਘਰਸ਼ ਦੌਰਾਨ ਦਰਜ ਕੀਤੇ ਝੂਠੇ ਪਰਚੇ ਰੱਦ ਕਰਨ ਸਮੇਤ ਹੋਰ ਮੰਗਾਂ ਵੀ ਮੋਰਚੇ 'ਚ ਰੱਖੀਆਂ ਜਾਣਗੀਆਂ।ਕਿਸਾਨ ਆਗੂਆਂ ਨੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ 30 ਅਗਸਤ ਤੋਂ ਡੀ.ਸੀ. ਦਫ਼ਤਰ ਮਾਨਸਾ ਅੱਗੇ ਲੱਗਣ ਵਾਲੇ ਮੋਰਚੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।

## ਜਲੰਧਰ ਸਿਟੀ ਰੇਲਵੇ ਸਟੇਸ਼ਨ 'ਤੇ 'ਫੋਰਟਰੈਸ ਚੈੱਕ' ਤਹਿਤ ਵਿਸ਼ੇਸ਼ ਟਿਕਟ ਚੈਕਿੰਗ ਮੁਹਿੰਮ




ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਮੰਡਲ ਵੱਲੋਂ 22 ਅਗਸਤ 2026 ਨੂੰ ਜਲੰਧਰ ਸਿਟੀ ਰੇਲਵੇ ਸਟੇਸ਼ਨ 'ਤੇ ਬਿਨਾਂ ਟਿਕਟ ਤੇ ਅਨਿਯਮਿਤ ਯਾਤਰਾ ਕਰਨ ਵਾਲਿਆਂ 'ਤੇ ਠੱਲ੍ਹ ਪਾਉਣ ਦੇ ਮਕਸਦ ਨਾਲ 'ਫੋਰਟਰੈਸ ਚੈੱਕ' ਅਧੀਨ ਵਿਸ਼ੇਸ਼ ਟਿਕਟ ਚੈਕਿੰਗ ਮੁਹਿੰਮ ਚਲਾਈ ਗਈ। ਫੋਰਟਰੈਸ ਚੈੱਕ ਮੁਹਿੰਮ ਦੀ ਅਗਵਾਈ ਸਹਾਇਕ ਵਪਾਰਕ ਪ੍ਰਬੰਧਕ ਰਾਜ ਕੁਮਾਰ ਨੇ ਕੀਤੀ, ਜਿਸ ਵਿਚ ਟਿਕਟ ਚੈਕਿੰਗ ਸਟਾਫ਼ ਤੇ ਰੇਲਵੇ ਸੁਰੱਖਿਆ ਬਲ ਦੀ ਸਾਂਝੀ ਟੀਮ ਨੇ ਵਿਆਪਕ ਚੈਕਿੰਗ ਕੀਤੀ। ਮੁਹਿੰਮ ਦੌਰਾਨ ਕੁੱਲ 494 ਬਿਨ੍ਹਾ ਟਿਕਟ ਅਤੇ ਅਨਿਯਮਿਤ ਯਾਤਰੀਆਂ ਨੂੰ ਫੜਿਆ ਗਿਆ, ਜਿਨ੍ਹਾਂ ਤੋਂ ਲਗਭਗ 4.17 ਲੱਖ ਦਾ ਮਾਲੀਆ ਇਕੱਠਾ ਕੀਤਾ ਗਿਆ। ਟਿਕਟ ਚੈਕਿੰਗ ਦੇ ਨਾਲ-ਨਾਲ ਸਹਾਇਕ ਵਪਾਰਕ ਪ੍ਰਬੰਧਕ ਨੇ ਸਟੇਸ਼ਨ 'ਤੇ ਉਪਲਬੱਧ ਯਾਤਰੀ ਸਹੂਲਤਾਂ ਤੇ ਖਾਣ-ਪੀਣ ਦੀਆਂ ਵਿਵਸਥਾਵਾਂ ਦਾ ਵੀ ਜਾਇਜ਼ਾ ਲਿਆ। ਰੇਲਵੇ ਵੱਲੋਂ ਚਲਾਇਆ ਜਾਣ ਵਾਲਾ 'ਫੋਰਟਰੈਸ ਚੈੱਕ' ਇਕ ਵਿਸ਼ੇਸ਼ ਸਘਨ ਚੈਕਿੰਗ ਮੁਹਿੰਮ ਹੁੰਦੀ ਹੈ, ਜਿਸ ਦੇ ਤਹਿਤ ਕਿਸੇ ਸਟੇਸ਼ਨ, ਰੇਲਗੱਡੀ ਜਾਂ ਰੇਲ ਖੰਡ ਵਿਚ ਬਿਨਾਂ ਕਿਸੇ ਪੂਰਵ ਸੂਚਨਾ ਦੇ ਵਿਆਪਕ ਟਿਕਟ ਚੈਕਿੰਗ ਕੀਤੀ ਜਾਂਦੀ ਹੈ। ਇਸ ਦੌਰਾਨ ਯਾਤਰੀਆਂ ਦੇ ਟਿਕਟ, ਪਛਾਣ ਪੱਤਰ ਤੇ ਰੇਲਵੇ ਨਿਯਮਾਂ ਦੀ ਪਾਲਣਾ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਂਦੀ ਹੈ। ਇਸ ਦਾ ਮੁੱਖ ਉਦੇਸ਼ ਬਿਨਾਂ ਟਿਕਟ ਯਾਤਰਾ ਕਰਨ 'ਤੇ ਰੋਕ ਲਗਾਉਣਾ ਹੈ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਹਮੇਸ਼ਾ ਯੋਗ/ਲਾਗੂ ਟਿਕਟ ਲੈ ਕੇ ਹੀ ਯਾਤਰਾ ਕਰਨ ਤੇ ਰੇਲਵੇ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਇਸ ਤਰ੍ਹਾਂ ਦੀਆਂ ਵਿਸ਼ੇਸ਼ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ।

## 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਨੂੰ ਹਲਕੇ 'ਚ ਮਿਲ ਰਿਹੈ ਭਰਵਾਂ ਹੁੰਗਾਰਾ : ਘਮਰੋਦਾ, ਬਾਜਵਾ



ਨਾਭਾ (ਅਮਨ ਗਰਗ)-ਕਾਂਗਰਸ ਹਾਈ ਕਮਾਂਡ ਦੇ ਨਿਰਦੇਸ਼ਾਂ ਤਹਿਤ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਯੂਥ ਕਾਂਗਰਸ ਪੰਜਾਬ ਦੇ ਸਾਬਕਾ ਪ੍ਰਧਾਨ ਤੇ ਇੰਚਾਰਜ ਹਲਕਾ ਦਿਹਾਤੀ ਪਟਿਆਲਾ ਸ੍ਰੀ ਮੋਹਿਤ ਮੋਹਿੰਦਰਾ ਵੱਲੋਂ ਹਲਕੇ 'ਚ ਚਲਾਈ 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਨੂੰ ਜਨਤਾ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਹਲਕਾ ਦਿਹਾਤੀ ਪਟਿਆਲਾ ਤੋਂ ਮਿਹਨਤੀ ਤੇ ਪਾਰਟੀ ਦੇ ਜੁਝਾਰੂ ਆਗੂ ਮੰਡਲ ਪ੍ਰਧਾਨ ਮੰਡੋਰ ਜਗਦੀਪ ਸਿੰਘ ਜੱਗੀ ਘਮਰੋਦਾ ਤੇ ਰੋਹਟਾ ਮੰਡਲ ਪ੍ਰਧਾਨ ਮੇਹਰਵਾਨ ਸਿੰਘ ਬਾਜਵਾ ਨੇ ਚੋਣਵੇਂ ਪੱਤਰਕਾਰਾਂ ਨਾਲ ਪੰਜਾਬ ਦੀ ਮੌਜੂਦਾ ਸਥਿਤੀ ਦੇ ਸੰਦਰਭ 'ਚ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਸ੍ਰੀ ਮੋਹਿਤ ਮੋਹਿੰਦਰਾ ਵੱਲੋਂ ਪਾਰਟੀ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨ ਲਈ ਦਿਨ-ਰਾਤ ਹਲਕੇ ਦੇ ਹਰ ਵਾਰਡ ਤੇ ਪਿੰਡ ਪਿੰਡ ਮੀਟਿੰਗਾਂ ਕੀਤੀਆਂ ਜਾ ਰਹੀਆਂ, ਜਿਸ ਦੇ ਨਤੀਜੇ ਵਜੋਂ ਵੱਡੀ ਗਿਣਤੀ ਲੋਕ ਕਾਂਗਰਸ ਨਾਲ ਜੁੜ ਰਹੇ ਹਨ। ਜੱਗੀ ਘਮਰੌਦਾ ਤੇ ਬਾਜਵਾ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਸਰਕਾਰਾਂ ਵੱਲੋਂ ਕੀਤੇ ਕੰਮਾਂ ਨੂੰ ਯਾਦ ਕਰਦਿਆਂ 2027 'ਚ ਇੱਕ ਵਾਰ ਫਿਰ ਕਾਂਗਰਸ ਸਰਕਾਰ ਬਣੀ ਦੇਖਣਾ ਚਾਹੁੰਦੇ ਹਨ।

## 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਕਰਨ 'ਚ ਹਲਕਾ ਸਨੌਰ ਮੋਹਰੀ : ਹਡਾਣਾ



ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਮਾਜਿਕ ਤੇ ਆਰਥਿਕ ਸਸ਼ਕਤੀਕਰਨ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਹਲਕਾ ਸਨੌਰ ਮੋਹਰੀ ਭੂਮਿਕਾ ਨਿਭਾਅ ਰਿਹਾ ਹੈ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕੀਤਾ।ਹਲਕਾ ਇੰਚਾਰਜ ਹਡਾਣਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਯੋਜਨਾ ਤਹਿਤ ਸੂਬੇ ਭਰ ਦੀਆਂ 75 ਲੱਖ ਤੋਂ ਵੱਧ ਯੋਗ ਔਰਤਾਂ ਨੂੰ ਹਰ ਮਹੀਨੇ 1,000 ਤੋਂ 1,500 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮੁਹੱਈਆ ਕਰਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਪਿੰਡ-ਪਿੰਡ ਅਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਔਰਤਾਂ ਤੱਕ ਇਸ ਸਕੀਮ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਪੁਚਾਇਆ ਜਾ ਰਿਹਾ ਹੈ, ਜਿਸ ਸਦਕਾ ਹਲਕਾ ਸਨੌਰ ਇਸ ਯੋਜਨਾ ਦੇ ਲਾਭਪਾਤਰੀਆਂ ਨੂੰ ਲਾਭ ਪਹੁੰਚਾਉਣ ਵਿੱਚ ਪੰਜਾਬ ਵਿੱਚ ਦੂਜੇ ਨੰਬਰ 'ਤੇ ਹੈ।ਹਡਾਣਾ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਤੇ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜਾ ਕੀਤਾ ਗਿਆ ਹੈ।ਉਨ੍ਹਾਂ ਆਖਿਆ ਕਿ ਮਾਨ ਸਰਕਾਰ ਦਾ ਮੁੱਖ ਮਨੋਰਥ ਔਰਤਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾ ਕੇ ਸਮਾਜ ਵਿੱਚ ਉਨ੍ਹਾਂ ਦਾ ਮਾਣ-ਸਨਮਾਨ ਹੋਰ ਵਧਾਉਣਾ ਹੈ ਤੇ ਇਸ ਨੇਕ ਕਾਰਜ ਲਈ ਪੰਜਾਬ ਸਰਕਾਰ ਵਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ।

## ਸੈਣੀ ਮਹਾਂ ਸਭਾ ਦੀ ਲੇਡੀਜ਼ ਵਿੰਗ ਨੇ ਤੀਆਂ ਦਾ ਤਿਉਹਾਰ ਮਨਾਇਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸੈਣੀ ਮਹਾਂ ਸਭਾ ਜ਼ਿਲ੍ਹਾ ਪਟਿਆਲਾ (ਸੰਬੰਧਤ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ) ਦੀ ਪਟਿਆਲਾ ਯੂਨਿਟ ਦੇ ਲੇਡੀਜ਼ ਵਿੰਗ ਵੱਲੋਂ ਤੀਆਂ ਦਾ ਤਿਉਹਾਰ ਬਹੁਤ ਹੀ ਧੂਮ-ਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਵੱਡੀ ਸੰਖਿਆ ਵਿੱਚ ਮਹਿਲਾਵਾਂ ਨੇ ਭਾਗ ਲਿਆ ਤੇ ਪੰਜਾਬੀ ਸੱਭਿਆਚਾਰ ਦੇ ਇਸ ਰਵਾਇਤੀ ਤਿਉਹਾਰ ਨੂੰ ਪੂਰੇ ਜੋਸ਼ੋ-ਖਰੋਸ਼ ਨਾਲ ਮਨਾਇਆ।ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ ਦੇ ਪ੍ਰਧਾਨ ਸ੍ਰੀ ਲਵਲੀਨ ਸਿੰਘ ਸੈਣੀ ਨੇ ਸੈਣੀ ਮਹਾਂ ਸਭਾ ਜ਼ਿਲ੍ਹਾ ਪਟਿਆਲਾ ਦੀ ਲੇਡੀਜ਼ ਵਿੰਗ ਦੇ ਚੇਅਰਮੈਨ ਸ੍ਰੀਮਤੀ ਹਰਿੰਦਰ ਕੌਰ ਤੇ ਪ੍ਰਧਾਨ ਸ੍ਰੀਮਤੀ ਕੁਲਵਿੰਦਰਜੀਤ ਕੌਰ, ਪਟਿਆਲਾ ਰੂਰਲ ਪ੍ਰਧਾਨ ਜਸਵਿੰਦਰ ਕੌਰ, ਵਾਇਸ ਪ੍ਰਧਾਨ ਕਮਲੇਸ਼ ਸੈਣੀ ਵੱਲੋਂ ਕੀਤੇ ਸਫ਼ਲ ਪ੍ਰਬੰਧਾਂ ਲਈ ਧੰਨਵਾਦ ਕੀਤਾ ਤੇ ਸਾਰਿਆਂ ਦੀ ਭਰਵੀਂ ਸ਼ਲਾਘਾ ਕੀਤੀ ਗਈ।ਉਨ੍ਹਾਂ ਇਸ ਸਫ਼ਲ ਸਮਾਗਮ ਦੇ ਪ੍ਰਬੰਧਾਂ ਲਈ ਚੇਅਰਮੈਨ ਹਰਿੰਦਰ ਕੌਰ ਤੇ ਪ੍ਰਧਾਨ ਕੁਲਵਿੰਦਰਜੀਤ ਕੌਰ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਪੰਜਾਬੀ ਵਿਰਸੇ ਨੂੰ ਉੱਚਾ ਚੁੱਕਣ ਲਈ ਕੋਸ਼ਿਸ਼ ਕਰਨ ਲਈ ਕਿਹਾ।

# 9 ਪਿਸਤੌਲ 6 ਕਿੱਲੋ ਹੈਰੋਇਨ ਬਰਾਮਦ; ਨਾਬਾਲਗ ਸਮੇਤ ਪੰਜ ਕਾਬੂ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇਕ ਨਾਬਾਲਗ ਸਮੇਤ ਪੰਜ ਵਿਅਕਤੀਆਂ ਨੂੰ 9 ਗੈਰ-ਕਾਨੂੰਨੀ ਪਿਸਤੌਲਾਂ ਤੇ 6.311 ਕਿਲੋਗ੍ਰਾਮ ਹੈਰੋਇਨ ਸਮੇਤ ਨਾਲ ਗ੍ਰਿਫ਼ਤਾਰ ਕਰ ਕੇ ਗੈਰ-ਕਾਨੂੰਨੀ ਹਥਿਆਰਾਂ ਤੇ ਨਸ਼ਾ ਤਸਕਰੀ ਦੇ ਤਿੰਨ ਨੈੱਟਵਰਕਾਂ ਨੂੰ ਤਬਾਹ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੰਦੇ ਹੋਏ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਰਮਾਨਦੀਪ ਸਿੰਘ (20) ਤੇ ਤੀਰਥ ਸਿੰਘ (20), ਦੋਵੇਂ ਵਾਸੀ ਪਿੰਡ ਥੇਹਮੱਗਾ, ਸੁਲਤਾਨਪੁਰ ਲੋਧੀ, ਕਪੂਰਥਲਾ; ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ (21) ਵਾਸੀ ਪਿੰਡ ਹੇਤਮਪੁਰਾ, ਅੰਮ੍ਰਿਤਸਰ (ਦਿਹਾਤੀ); ਕਮਲੇਸ਼ ਰਾਣੀ (65) ਵਾਸੀ ਇੰਦਰਾ ਕਲੋਨੀ, ਅੰਮ੍ਰਿਤਸਰ ਤੇ ਇਕ ਨਾਬਾਲਗ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਬਰਾਮਦ ਪਿਸਤੌਲਾਂ ਵਿਚ ਤਿੰਨ .30 ਬੋਰ ਜ਼ਿਗਾਨਾ ਤੇ ਇਕ 9 ਐੱਮਐੱਮ ਜ਼ਿਗਾਨਾ (ਤੁਰਕੀ ਦਾ ਬਣਿਆ), ਤਿੰਨ .30 ਬੋਰ (ਚੀਨ ਦੇ ਬਣੇ) ਪਿਸਤੌਲ, ਇਕ 9 ਐੱਮਐੱਮ ਗਲੌਕ (ਆਸਟਰੀਆ ਦਾ ਬਣਿਆ) ਤੇ ਇਕ 9 ਐੱਮਐੱਮ ਬੇਰੇਟਾ (ਇਟਲੀ ਵਿਚ ਬਣਿਆ) ਸ਼ਾਮਲ ਹਨ। ਨਸ਼ੀਲੇ ਪਦਾਰਥ ਤੇ ਪਿਸਤੌਲ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਨੇ ਤਸਕਰੀ ਲਈ ਵਰਤੇ ਜਾ ਰਹੇ ਤਿੰਨ ਮੋਟਰਸਾਈਕਲ ਵੀ ਜ਼ਬਤ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿਚ ਸਨ ਅਤੇ ਉਨ੍ਹਾਂ ਦੇ ਇਸ਼ਾਰੇ 'ਤੇ ਹੀ ਗੈਰ-ਕਾਨੂੰਨੀ ਹਥਿਆਰਾਂ ਤੇ ਨਸ਼ਿਆਂ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ। ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਪੁਲਿਸ ਟੀਮਾਂ ਨੇ ਅਰਮਾਨਦੀਪ ਸਿੰਘ ਤੇ ਤੀਰਥ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਅਤੇ ਤਫ਼ਤੀਸ਼ ਦੌਰਾਨ ਉਨ੍ਹਾਂ ਦੇ ਕਬਜ਼ੇ ਵਿਚੋਂ ਛੇ ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ ਗਏ। ਪੁਲਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਦੂਜੀ ਕਾਰਵਾਈ ਵਿੱਚ ਪੁਲਿਸ ਟੀਮਾਂ ਨੇ 6.090 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਦੇ ਸਬੰਧ ਵਿਚ ਇਕ ਨਾਬਾਲਗ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਇਕ ਹੋਰ ਮੁਲਜ਼ਮ ਕਮਲੇਸ਼ ਰਾਣੀ ਨੂੰ 211 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਸੀਪੀ ਹਰਮਨਬੀਰ ਗਿੱਲ ਨੇ ਦੱਸਿਆ ਕਿ ਇਕ ਹੋਰ ਕਾਰਵਾਈ ਵਿੱਚ ਪੁਲਸ ਨੇ ਸ਼ਮਸ਼ੇਰ ਉਰਫ਼ ਸ਼ੇਰਾ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿਚੋਂ ਤਿੰਨ ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ ਹਨ।

# ਪ੍ਰਿੰ. ਹਰਪਿੰਦਰਪਾਲ ਸਿੰਘ ਸੰਧੂ ਅਲੀਵਾਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੈਂਬਰ ਨਿਯੁਕਤ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਬੋਰਡਾਂ ਤੇ ਕਮੇਟੀਆਂ 'ਚ ਜੋ ਨਿਯੁਕਤੀਆਂ ਕੀਤੀਆਂ ਗਈਆਂ ਨੇ ਇਸੇ ਤਹਿਤ ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਦੇ ਬੜੇ ਹੀ ਮਿਹਨਤੀ ਤੇ ਇਮਾਨਦਾਰ ਆਗੂ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਸੰਧੂ ਅਲੀਵਾਲ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਆਪਣੀ ਇਸ ਨਿਯੁਕਤੀ ਤੇ ਪ੍ਰਿੰਸੀਪਲ ਸ. ਸੰਧੂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਹਿਲਾਂ ਵੀ ਆਮ ਆਦਮੀ ਪਾਰਟੀ ਵੱਲੋਂ ਸਿੱਖਿਆ ਵਿੰਗ ਮਾਝਾ ਜ਼ੋਨ ਦਾ ਪ੍ਰਧਾਨ ਬਣਾਇਆ ਗਿਆ ਸੀ। ਇਸ ਅਹੁਦੇ 'ਤੇ ਹੁੰਦਿਆਂ ਉਨ੍ਹਾਂ ਵੱਲੋਂ ਆਪਣੀ ਜ਼ਿੰਮੇਵਾਰੀ ਬੜੀ ਮਿਹਨਤ ਤੇ ਤਨਦੇਹੀ ਨਾਲ ਨਿਭਾਈ ਗਈ ਜਿਸਨੂੰ ਵੇਖਦਿਆਂ ਹੋਇਆਂ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਮੈਂਬਰ ਬਣਾਇਆ ਗਿਆ ਹੈ। ਆਪਣੀ ਇਸ ਨਿਯੁਕਤੀ ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਪ੍ਰਿੰਸੀਪਲ ਸੰਧੂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ, ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ, ਹਲਕਾ ਇੰਚਾਰਜ ਜੋਬਨ ਰੰਧਾਵਾ ਸਮੇਤ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਜੋ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਇਸਨੂੰ ਪੂਰੀ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹਰਜੀਤ ਸਿੰਘ ਬਾਜਵਾ ਕਿਲਾ ਦੇਸਾ ਸਿੰਘ, ਜਸਪਾਲ ਸਿੰਘ ਸਰਪੰਚ ਮਾਨ ਸੈਂਡਵਾਲ, ਜਸਬੀਰ ਸਿੰਘ ਸਰਪੰਚ ਭਾਲੋਵਾਲੀ, ਸੁਖਜਿੰਦਰ ਸਿੰਘ ਸੰਧੂ, ਸੁਖਵਿੰਦਰ ਸਿੰਘ ਮੈਂਬਰ ਨੇ ਪ੍ਰਿੰਸੀਪਲ ਸੰਧੂ ਦੀ ਨਿਯੁਕਤੀ 'ਤੇ ਮੁਬਾਰਕਬਾਦ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ।

# 'ਖੇਡਾਂ ਵਤਨ ਪੰਜਾਬ ਦੀਆਂ' ਮਸ਼ਾਲ ਮਾਰਚ ਦਾ ਪਠਾਨਕੋਟ 'ਚ ਜੋਸ਼ੋ-ਖਰੋਸ਼ ਨਾਲ ਸਵਾਗਤ



ਰਹਿਨੁਮਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆਂ' ਦਾ ਲਗਾਤਾਰ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਲ 2022 ਤੋਂ ਸ਼ੁਰੂ ਹੋਇਆ ਇਹ ਖੇਡ ਮਹਾਂਕੁੰਭ ਹੁਣ ਨਵੀਆਂ ਉਚਾਈਆਂ ਛੂਹ ਰਿਹਾ ਹੈ ਅਤੇ ਇਸ ਵਾਰ ਵੀ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ-ਸੀਜ਼ਨ 4' ਤਹਿਤ ਬਲਾਕ ਪੱਧਰ ਤੋਂ ਲੈ ਕੇ ਜ਼ਿਲ੍ਹਾ ਅਤੇ ਸੂਬਾ ਪੱਧਰ ਤੱਕ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾਣਗੇ। ਬਲਾਕ ਪੱਧਰ ਤੇ 6, ਜ਼ਿਲ੍ਹਾ ਪੱਧਰ ਤੇ 22 ਅਤੇ ਸੂਬਾ ਪੱਧਰ 'ਤੇ 36 ਤਰ੍ਹਾਂ ਦੀਆਂ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਲਾਲ ਚੰਦ ਕਟਾਰੂਚੱਕ ਨੇ ਪਠਾਨਕੋਟ ਸਮੇਤ ਪੂਰੇ ਪੰਜਾਬ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲੈਣ ਅਤੇ ਪੂਰੀ ਮਿਹਨਤ ਤੇ ਲਗਨ ਨਾਲ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ। ਜ਼ਿਲ੍ਹਾ ਖੇਡ ਅਫਸਰ ਜਗਜੀਤ ਸਿੰਘ ਨੇ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਬੰਧੀ ਮਸ਼ਾਲ ਮਾਰਚ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੁੰਦਾ ਹੋਇਆ ਅੱਜ ਪਠਾਨਕੋਟ ਪਹੁੰਚਿਆ ਹੈ। ਪਠਾਨਕੋਟ ਵਿੱਚ ਮਸ਼ਾਲ ਮਾਰਚ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਇਹ ਮਸ਼ਾਲ ਮਾਰਚ 26 ਅਗਸਤ ਨੂੰ ਜ਼ਿਲ੍ਹਾ ਗੁਰਦਾਸਪੁਰ ਲਈ ਰਵਾਨਾ ਹੋਵੇਗਾ। ਇਸ ਮੌਕੇ ਖੇਡਾਂ ਨੂੰ ਪੰਜਾਬ ਦੇ ਨੌਜਵਾਨਾਂ ਦੀ ਤਰੱਕੀ ਅਤੇ ਸੂਬੇ ਦੀ ਖੁਸ਼ਹਾਲੀ ਦਾ ਮਜ਼ਬੂਤ ਆਧਾਰ ਬਣਾਉਣ ਦਾ ਸੰਦੇਸ਼ ਦਿੱਤਾ ਗਿਆ।

ਪਠਾਨਕੋਟ, (ਦਵਿੰਦਰ ਸਿੰਘ)'ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4, 2026' ਦੇ ਸਬੰਧ ਵਿੱਚ ਕੱਢਿਆ ਜਾ ਰਿਹਾ ਮਸ਼ਾਲ ਮਾਰਚ ਸੋਮਵਾਰ ਨੂੰ ਜ਼ਿਲ੍ਹਾ ਪਠਾਨਕੋਟ ਪਹੁੰਚਿਆ, ਜਿੱਥੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਮਸ਼ਾਲ ਮਾਰਚ ਦਾ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਖਿਡਾਰੀਆਂ, ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਹਲਕਾ ਇੰਚਾਰਜ ਪਠਾਨਕੋਟ ਰੋਹਿਤ ਸਿਆਲ, ਚੇਅਰਮੈਨ ਇਮਪਰੂਵਮੈਂਟ ਟਰੱਸਟ ਪਠਾਨਕੋਟ ਸੰਦੀਪ ਬਹਿਲ, ਮੈਂਬਰ ਮਹਿਲਾ ਕਮਿਸ਼ਨ ਪੰਜਾਬ ਰੇਖਾ ਮਣੀ ਸ਼ਰਮਾ, ਚੇਅਰਮੈਨ ਮਾਰਕਿਟ ਕਮੇਟੀ ਪਠਾਨਕੋਟ ਸਮੀਰ ਸ਼ਾਰਦਾ, ਮੈਂਬਰ ਜ਼ਿਲ੍ਹਾ ਪਰਿਸ਼ਦ ਭੁਪਿੰਦਰ ਸਿੰਘ ਮੁੰਨਾ, ਜ਼ਿਲ੍ਹਾ ਖੇਡ ਅਫਸਰ ਜਗਜੀਤ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਖਿਡਾਰੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ

# ਸੈਂਕੜੇ ਮਜ਼ਦੂਰਾਂ ਤੇ ਕਿਸਾਨਾਂ ਨੇ ਵੱਲਾ ਮੰਡੀ 'ਚ ਦਿੱਤਾ ਰੋਸ ਧਰਨਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਵੱਲੋਂ ਵੱਲਾ ਥਾਣੇ ਸਾਹਮਣੇ ਸੈਂਕੜੇ ਮਜ਼ਦੂਰਾਂ ਤੇ ਕਿਸਾਨਾਂ ਨੇ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ ਦੀ ਅਗਵਾਈ ਹੇਠ 12 ਵਜੇ ਤੋਂ 3 ਵਜੇ ਤੱਕ ਧਰਨਾ ਦਿੱਤਾ ਜਿਸ ਨੂੰ ਸੰਬੋਧਨ ਕਰਦਿਆਂ ਕਿਸਾਨ ਸਭਾ ਦੇ ਸੂਬਾ ਆਗੂ ਲੱਖਬੀਰ ਸਿੰਘ ਨਿਜ਼ਾਮਪੁਰ ਨੇ ਪੁਲਸ ਅਧਿਕਾਰੀਆਂ 'ਤੇ ਦੋਸ਼ ਲਾਇਆ ਕਿ ਇੱਕ ਸਾਲ ਪਹਿਲਾਂ ਖੇਤੀਬਾੜੀ ਮੰਤਰ ਵਰਤੇ ਯੋਗ ਧੂਕੀਆਂ ਵਾਲ ਦੀ ਗੰਡ ਖੇਤੀ ਕੀਆਂ ਲਾਲੇ ਕਰਵਾਏ ਸਬੰਧੀ ਇੱਕ ਟਰੱਕ ਜੋ ਕੀ 600 ਬੋਰੀਆਂ ਨਾਲ ਲੱਦਿਆ ਹੋਇਆ ਸੀ ਉਨ੍ਹਾਂ ਨੂੰ ਫੜ ਕੇ ਵੱਲਾ ਥਾਣਾ ਵਿਖੇ ਲਿਆਂਦਾ ਗਿਆ ਜੀ ਕਿਸੇ ਮਹਿਕਮਾ ਐਗਰੀਕਲਚਰ ਅਧਿਕਾਰੀਆਂ ਦੇ ਬਿਆਨਾਂ 'ਤੇ ਐਫ, ਆਈ, ਆਰ ਨੰਬਰ 181 ਮਿਤੀ 21/8/ 2025 ਨੂੰ ਦਰਜ ਕੀਤਾ ਗਿਆ। ਇਸ ਕੇਸ ਸਬੰਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਅਤੇ ਪੰਜਾਬ ਦੇ ਮੁੱਖ ਮੰਤਰੀ ਅਤੇ ਖੇਤੀਬਾੜੀ ਮੰਤਰੀ ਤੱਕ ਜਥੇਬੰਦੀ ਵੱਲੋਂ ਪੱਤਰ ਵਿਹਾਰ ਕੀਤਾ ਜਾਂਦਾ ਰਿਹਾ ਹੈ। ਉਥੇ ਸਬੰਧਤ ਪੁਲਸ ਅਧਿਕਾਰੀਆਂ ਕੋਲ ਦੋਸ਼ੀਆਂ ਖਿਲਾਫ ਲੋੜੀਂਦੀ ਕਾਰਵਾਈ ਅਤੇ ਇਸ ਕੇਸ ਦੀ ਸਹੀ ਪੜਤਾਲ ਦੀ ਮੰਗ ਕੀਤੀ ਜਾਂਦੀ ਰਹੀ ਹੈ। ਜਥੇਬੰਦੀ ਦੇ ਆਗੂਆਂ ਨਾਲ ਮੀਟਿੰਗ ਕਰਕੇ ਪੁਲਸ ਅਧਿਕਾਰੀਆਂ ਏਸੀਪੀ ਹਰਪਾਲ ਸਿੰਘ ਰੰਧਾਵਾ, ਐੱਸਐੱਚਓ, ਵੱਲਾ ਗੁਰਿੰਦਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਦੋਸ਼ੀਆਂ ਖਿਲਾਫ ਲੋੜੀਂਦੀ ਕਾਰਵਾਈ ਕਰਕੇ ਚਲਾਨ ਪੇਸ਼ ਕਰ ਦਿੱਤਾ ਜਾਵੇਗਾ। ਇਕੱਠ ਨੂੰ ਜਥੇਬੰਦੀ ਦੇ ਆਗੂਆਂ ਜਸਪਾਲ ਸਿੰਘ ਨਬੀਪੁਰ, ਜੋਗਿੰਦਰ ਸਿੰਘ ਗੋਪਾਲਪੁਰ, ਮੰਗਲ ਸਿੰਘ ਖਜਾਲਾ ਅਤੇ ਮਹਿੰਦਰ ਸਿੰਘ ਮੱਖਣਵਿੰਡੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ, ਕਰਨੈਲ ਸਿੰਘ ਨਵਾਂ ਪਿੰਡ, ਗੁਰਮੇਜ ਸਿੰਘ, ਮਲਕੀਤ ਸਿੰਘ ਮੱਖਣਵਿੰਡੀ, ਜੱਸਵਿੰਦਰ ਸਿੰਘ ਨਬੀਪੁਰ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜਾਮਪੁਰ, ਧਰਮਿੰਦਰ ਸਿੰਘ, ਗੁਰਜੀਤ ਸਿੰਘ ਕਿਲਾ, ਮਹਿਲ ਸਿੰਘ ਛਾਪਾ, ਅਵਤਾਰ ਸਿੰਘ, ਭੁਪਿੰਦਰ ਸਿੰਘ ਵਡਾਲਾ ਜੌਹਲ, ਤਰਸੇਮ ਸਿੰਘ ਨੰਗਲ ਆਦਿ ਵੀ ਆਪਣੇ ਸਾਥੀਆਂ ਸਮੇਤ ਹਾਜ਼ਰ ਸਨ।

# ਅਨਮੈਪਡ ਵੋਟਰਾਂ ਸੰਬੰਧੀ ਨੋਟਿਸ ਪੜਾਅ ਤੇ ਸੁਣਵਾਈ ਦੀ ਪ੍ਰਕਿਰਿਆ ਜਾਰੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਮਾਣਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਚੋਣ ਸੂਚੀਆਂ ਦੀ ਸੁਧਾਈ, ਪਾਰਦਰਸ਼ੀ ਅਤੇ ਸਹੀ ਤਰੀਕੇ ਨਾਲ ਤਸਦੀਕ ਕਰਨ ਲਈ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਤਹਿਤ 007-ਬਟਾਲਾ ਵਿਧਾਨ ਸਭਾ ਹਲਕੇ ਵਿੱਚ ਅਨਮੈਪਡ ਵੋਟਰਾਂ ਸਬੰਧੀ ਨੋਟਿਸ ਪੜਾਅ ਅਤੇ ਸੁਣਵਾਈ ਦੀ ਪ੍ਰਕਿਰਿਆ ਚੱਲ ਰਹੀ ਹੈ। ਸ. ਗੁਰਸਿਮਰਨ ਸਿੰਘ ਢਿੱਲੋਂ, ਕਮਿਸ਼ਨਰ ਨਗਰ ਨਿਗਮ ਬਟਾਲਾ-ਕਮ-ਵਧੀਕ ਡਿਪਟੀ ਕਮਿਸ਼ਨਰ, ਗੁਰਦਾਸਪੁਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ 007-ਬਟਾਲਾ ਵਿਧਾਨ ਸਭਾ ਹਲਕਾ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਅੰਦਰ ਅਨਮੈਪਡ ਵੋਟਰਾਂ ਨੂੰ ਜਾਰੀ ਕੀਤੇ ਗਏ ਨੋਟਿਸਾਂ ਸਬੰਧੀ ਸੁਣਵਾਈ ਕੀਤੀ ਜਾ ਰਹੀ ਹੈ। ਇਸ ਦੌਰਾਨ ਸਬੰਧਤ ਵੋਟਰਾਂ ਵੱਲੋਂ ਪੇਸ਼ ਕੀਤੇ ਜਾ ਰਹੇ ਦਸਤਾਵੇਜ਼ਾਂ ਅਤੇ ਜਾਣਕਾਰੀ ਦੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਸੁਣਵਾਈ ਦੀ ਪ੍ਰਕਿਰਿਆ ਦੌਰਾਨ ਹਰੇਕ ਸਬੰਧਤ ਵੋਟਰ ਨੂੰ ਆਪਣਾ ਪੱਖ ਰੱਖਣ ਦਾ ਉਚਿਤ ਮੌਕਾ ਦਿੱਤਾ ਜਾਵੇ ਅਤੇ ਪੇਸ਼ ਕੀਤੇ ਗਏ ਦਸਤਾਵੇਜ਼ਾਂ ਦੀ ਨਿਰਪੱਖਤਾ ਨਾਲ ਜਾਂਚ ਕੀਤੀ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ ਐੱਸ ਆਈ ਆਰ-2026 ਤਹਿਤ ਡਰਾਫਟ ਇਲੈਕਟੋਰਲ ਰੋਲ ਦੀ ਪ੍ਰਕਾਸ਼ਨਾ 13 ਅਗਸਤ 2026 ਨੂੰ ਕੀਤੀ ਗਈ ਹੈ। ਇਸ ਤੋਂ ਬਾਅਦ ਦਾਅਵੇ ਅਤੇ ਇਤਰਾਜ ਦਾਖਲ ਕਰਨ ਦੀ ਮਿਆਦ 13 ਅਗਸਤ ਤੋਂ 12 ਸਤੰਬਰ ਤੱਕ ਹੈ। ਇਸ ਦੇ ਨਾਲ ਹੀ ਨੋਟਿਸ ਫੇਜ਼/ਦਾਅਵੇ ਅਤੇ ਇਤਰਾਜ਼ ਡਿਸਪੋਜ਼ਲ ਦੀ ਪ੍ਰਕਿਰਿਆ 13 ਅਗਸਤ 2026 ਤੋਂ 8 ਅਕਤੂਬਰ 2026 ਤੱਕ ਚੱਲੇਗੀ। ਇਸ ਉਪਰੰਤ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਣੀ ਨਿਰਧਾਰਤ ਹੈ। ਇਸ ਮੌਕੇ ਨੋਡਲ ਅਫਸਰ ਜਸਬੀਰ ਸਿੰਘ ਅਤੇ ਚੋਣ ਟੀਮ ਦੇ ਮੈਂਬਰ ਮੌਜੂਦ ਸਨ।

# ਵਿਧਾਇਕਾ ਜੀਵਨਜੋਤ ਕੌਰ ਵੱਲੋਂ ਸਿੰਗਲ ਕੇਬਲ ਵਾਇਰਿੰਗ ਪ੍ਰੋਜੈਕਟ ਦਾ ਉਦਘਾਟਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੀ ਵਿਧਾਇਕਾ ਜੀਵਨਜੋਤ ਕੌਰ ਨੇ ਵਾਰਡ ਨੰਬਰ 33 ਵਿੱਚ ਹਾਈ ਵੋਲਟੇਜ ਤਾਰਾਂ ਨੂੰ ਹਟਾ ਕੇ ਸਿੰਗਲ ਕੇਬਲ ਵਾਇਰਿੰਗ ਕਰਨ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਇਹ ਪ੍ਰੋਜੈਕਟ ਪੰਜਾਬ ਸਰਕਾਰ ਦੀ 'ਰੰਗਲਾ ਪੰਜਾਬ ਯੋਜਨਾ' ਤਹਿਤ 2.5 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਜਾਵੇਗਾ। ਇਸ ਮੌਕੇ ਜੀਵਨਜੋਤ ਕੌਰ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਨੂੰ ਬਿਹਤਰ ਤੇ ਸੁਰੱਖਿਅਤ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ 'ਰੰਗਲਾ ਪੰਜਾਬ ਯੋਜਨਾ' ਤਹਿਤ ਹਲਕੇ ਦੇ ਵੱਖ-ਵੱਖ ਇਲਾਕਿਆਂ ਵਿੱਚ ਹਾਈ-ਵੋਲਟੇਜ ਤਾਰਾਂ ਨੂੰ ਹਟਾ ਕੇ ਸਿੰਗਲ ਕੇਬਲ ਵਾਇਰਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਇਹ ਲੰਮੇ ਸਮੇਂ ਤੋਂ ਮੰਗ ਸੀ ਕਿ ਉਨ੍ਹਾਂ ਦੇ ਘਰਾਂ ਅੱਗਿਓਂ ਲੰਘਦੀਆਂ ਹਾਈ-ਵੋਲਟੇਜ ਤਾਰਾਂ ਨੂੰ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਲੋਕਾਂ ਦੀ ਇਸ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਹਾਈ-ਵੋਲਟੇਜ ਤਾਰਾਂ ਨੂੰ ਹਟਾਉਣ ਅਤੇ ਸਿੰਗਲ ਕੇਬਲ ਵਾਇਰਿੰਗ ਦਾ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ ਜਿਸ ਨਾਲ ਹਾਦਸਿਆਂ ਦੇ ਖ਼ਤਰੇ ਨੂੰ ਘਟਾਉਣ ਵਿੱਚ ਮਦਦ ਮਿਲੇਗੀ। ਇਸ ਨਾਲ ਲੋਕਾਂ ਨੂੰ ਸੁਰੱਖਿਅਤ ਅਤੇ ਸੁਚੱਜਾ ਬਿਜਲੀ ਢਾਂਚਾ ਮੁਹੱਈਆ ਕਰਵਾਉਣ ਵਿੱਚ ਵੀ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕੇ ਦੇ ਹਰੇਕ ਵਾਰਡ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰ ਵਾਰਡ ਦੇ ਵਸਨੀਕਾਂ ਨੂੰ ਬਿਹਤਰ ਸਹੂਲਤਾਂ ਦੇਣਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਸਮੇਂ ਸਿਰ ਨਿਪਟਾਰਾ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ।


ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕਾ ਜੀਵਨਜੋਤ ਕੌਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਧੰਨਵਾਦ ਪ੍ਰਗਟ ਕੀਤਾ।

# ਗਾਂਧੀਆ ਵਿਖੇ ਭੀਮ ਆਰਮੀ ਤੇ ਆਜ਼ਾਦ ਸਮਾਜ ਪਾਰਟੀ ਦਾ ਵਰਕਰ ਸੰਮੇਲਨ



ਗੁਰਦਾਸਪੁਰ (ਦਿਨੇਸ਼ ਕੁਮਾਰ)-ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਗਾਂਧੀਆ ਵਿਖੇ ਭੀਮ ਆਰਮੀ ਅਤੇ ਆਜ਼ਾਦ ਸਮਾਜ ਪਾਰਟੀ ਕਾਂਸ਼ੀਰਾਮ ਵੱਲੋਂ ਵਿਸ਼ਾਲ ਵਰਕਰ ਸੰਮੇਲਨ ਕਰਵਾਇਆ ਗਿਆ। ਇਸ ਸੰਮੇਲਨ ਵਿੱਚ ਮੁੱਖ ਮਹਿਮਾਨ ਵਜੋਂ ਭੀਮ ਆਰਮੀ ਪੰਜਾਬ ਦੇ ਸੂਬਾ ਪ੍ਰਧਾਨ ਸੰਨੀ ਜੱਸਲ ਆਜ਼ਾਦ ਪਹੁੰਚੇ, ਜਦਕਿ ਵਿਸ਼ੇਸ਼ ਤੌਰ 'ਤੇ ਭੀਮ ਆਰਮੀ ਪੰਜਾਬ ਦੇ ਸਕੱਤਰ ਪ੍ਰਦੀਪ ਨਾਹਰ ਨੇ ਸ਼ਿਰਕਤ ਕੀਤੀ। ਸੰਮੇਲਨ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ, ਬਜ਼ੁਰਗਾਂ, ਬੀਬੀਆਂ-ਭੈਣਾਂ ਅਤੇ ਬੱਚਿਆਂ ਸਮੇਤ ਅਨੇਕਾਂ ਸਾਥੀਆਂ ਨੇ ਭੀਮ ਆਰਮੀ ਨਾਲ ਜੁੜਨ ਦਾ ਐਲਾਨ ਕੀਤਾ। ਨਵੇਂ ਜੁੜੇ ਸਾਥੀਆਂ ਨੇ ਪੰਜਾਬ ਪ੍ਰਧਾਨ ਸੰਨੀ ਜੱਸਲ ਆਜ਼ਾਦ ਜੀ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਦਿਨ-ਰਾਤ ਇੱਕ ਕਰਨਗੇ। ਇਹ ਸਮੁੱਚਾ ਪ੍ਰੋਗਰਾਮ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਾਜਨ ਕੁਮਾਰ ਜੀ ਦੀ ਪ੍ਰਧਾਨਗੀ ਹੇਠ ਸਫਲਤਾਪੂਰਵਕ ਸੰਪੰਨ ਹੋਇਆ। ਸੰਮੇਲਨ ਦੌਰਾਨ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਸੰਮੇਲਨ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀ ਸਮੁੱਚੀ ਟੀਮ ਨੇ ਸ਼ਮੂਲੀਅਤ ਕੀਤੀ, ਜਿਸ ਵਿੱਚ ਬਲਜੀਤ ਸਿੰਘ ਵਾਈਸ ਪ੍ਰਧਾਨ, ਆਕਾਸ਼ ਜਨਰਲ ਸਕੱਤਰ, ਅਨਮੋਲ ਕੁਮਾਰ ਸੈਰੀ ਪ੍ਰਧਾਨ, ਵਰਿੰਦਰ ਅੱਤਰੀ ਲੀਗਲ ਐਡਵਾਈਜ਼ਰ, ਸਾਮ ਲਾਲ ਸੀਨੀਅਰ ਸਲਾਹਕਾਰ, ਕੁਲਜੀਤ ਸਿੰਘ ਯੂਥ ਪ੍ਰਧਾਨ, ਜੋਬਨਦੀਪ ਸਿੰਘ, ਰੋਹਿਤ ਕੁਮਾਰ ਸਟੇਜ ਸਕੱਤਰ, ਰਾਜਕੁਮਾਰ ਪਾਲੀ ਹਲਕਾ ਇੰਚਾਰਜ ਦੀਨਾਨਗਰ, ਸੋਨੂੰ ਦੀਨਾਨਗਰ ਬਲਾਕ, ਆਕਾਸ਼, ਮਨੂੰ, ਪ੍ਰੇਮ ਕੁਮਾਰ, ਡਾ. ਜੰਗ ਬਹਾਦਰ, ਗੁਰਪ੍ਰੀਤ ਲਾਲ, ਮਨਦੀਪ ਲਾਲ, ਮਨੀਸ਼ ਅੱਤਰੀ, ਹੇਮਰਾਜ, ਸੋਨੂ, ਜ਼ਿਲ੍ਹਾ ਪ੍ਰਧਾਨ ਪਠਾਨਕੋਟ, ਦੀਪੂ ਜਨਰਲ ਸਕੱਤਰ, ਕਾਂਸ਼ੀ ਵਾਈਸ ਪ੍ਰਧਾਨ ਸਮੇਤ ਹੋਰ ਅਨੇਕਾਂ ਸਾਥੀ ਹਾਜ਼ਰ ਰਹੇ। ਵਰਕਰ ਸੰਮੇਲਨ ਦੌਰਾਨ ਸਾਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਾਰਿਆਂ ਨੇ ਸੰਗਠਨ ਨੂੰ ਮਜ਼ਬੂਤ ਕਰਨ, ਸਮਾਜਿਕ ਬਰਾਬਰੀ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਦੀ ਵਿਚਾਰਧਾਰਾ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ।

# ਆਂਗਣਵਾੜੀ-ਕਮ-ਕਰੈਚ ਵਰਕਰਾਂ ਤੇ ਹੈਲਪਰਾਂ ਨੇ ਮਾਹਲ ਨੂੰ ਸੌਂਪਿਆ ਮੰਗ ਪੱਤਰ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਰਵ ਆਂਗਣਵਾੜੀ-ਕਮ-ਕਰੈਚ ਵਰਕਰ ਹੈਲਪਰ ਯੂਨੀਅਨ ਪੰਜਾਬ ਵੱਲੋਂ ਸੂਬੇ ਵਿੱਚ ਚੱਲ ਰਹੇ ਕਰੀਬ 144 ਕਰੈਚ ਸੈਂਟਰਾਂ ਦੇ ਵਰਕਰਾਂ ਅਤੇ ਹੈਲਪਰਾਂ ਦੀਆਂ ਵੱਖ-ਵੱਖ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੂੰ ਮੰਗ ਪੱਤਰ ਸੌਂਪਿਆ ਗਿਆ। ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਮੁੱਖ ਮੰਤਰੀ ਤੱਕ ਪਹੁੰਚਾ ਕੇ ਜਲਦ ਹੱਲ ਕਰਵਾਇਆ ਜਾਵੇ। ਯੂਨੀਅਨ ਦੀਆਂ ਮੁੱਖ ਮੰਗਾਂ ਜਿਵੇਂ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਦੀ ਅਗਵਾਈ ਹੇਠ ਮੁੱਖ ਮੰਤਰੀ ਨਾਲ ਜਲਦ ਮੀਟਿੰਗ ਦਾ ਸਮਾਂ ਦੇਣਾ, ਪਿਛਲੇ ਲੰਬੇ ਸਮੇਂ ਤੋਂ ਰੁਕਿਆ 17 ਮਹੀਨਿਆਂ ਦਾ ਬਕਾਇਆ ਮਾਣ-ਭੱਤਾ ਜਾਰੀ ਕਰਨਾ ਅਤੇ ਵਰਕਰਾਂ ਤੇ ਹੈਲਪਰਾਂ ਦੇ ਮਾਣ-ਭੱਤੇ ਵਿੱਚ ਵਾਧਾ ਕਰਨਾ ਸ਼ਾਮਲ ਹੈ। ਯੂਨੀਅਨ ਆਗੂਆਂ ਦੱਸਿਆ ਕਿ ਇਸ ਸਮੇਂ ਕਰੈਚ ਵਰਕਰ ਨੂੰ 5,500 ਰੁਪਏ ਅਤੇ ਹੈਲਪਰ ਨੂੰ 3,000 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਮਿਲ ਰਿਹਾ ਹੈ, ਨੂੰ ਮਹਿੰਗਾਈ ਦੇ ਮੱਦੇਨਜ਼ਰ ਵਧਾਉਣ ਦੀ ਮੰਗ ਕੀਤੀ ਹੈ। ਇਸ ਤੋਂ ਇਲਾਵਾ ਕਰੈਚ ਸੈਂਟਰਾਂ ਵਿੱਚ ਖਾਲੀ ਪਈਆਂ ਵਰਕਰਾਂ ਅਤੇ ਹੈਲਪਰਾਂ ਦੀਆਂ ਅਸਾਮੀਆਂ ਭਰਨ, ਕਰੈਚ ਸੈਂਟਰਾਂ ਲਈ ਲੋੜੀਂਦਾ ਸਮਾਨ ਅਤੇ ਬੱਚਿਆਂ ਦੀ ਫੀਡ ਆਂਗਣਵਾੜੀ ਤੋਂ ਵੱਖਰੇ ਤੌਰ 'ਤੇ ਮੁਹੱਈਆ ਕਰਵਾਉਣ, ਸੈਂਟਰਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਵੱਖਰੇ ਅਤੇ ਢੁਕਵੇਂ ਕਮਰੇ ਮੁਹੱਈਆ ਕਰਵਾਉਣ ਅਤੇ ਬੱਚਿਆਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਰੈਚ ਸੈਂਟਰਾਂ ਦੇ ਸਮੇਂ ਵਿੱਚ ਤਬਦੀਲੀ ਕਰਨ ਦੀ ਮੰਗ ਵੀ ਕੀਤੀ ਗਈ। ਯੂਨੀਅਨ ਆਗੂਆਂ ਦੱਸਿਆ ਕਿ ਆਨਲਾਈਨ ਹਾਜ਼ਰੀ ਲਗਾਉਣ ਲਈ ਮੋਬਾਈਲ ਫੋਨ ਅਤੇ ਇੰਟਰਨੈੱਟ ਦੀ ਲੋੜ ਪੈਂਦੀ ਹੈ, ਜਿਸ ਕਾਰਨ ਕਰੈਚ ਵਰਕਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਵਰਕਰਾਂ ਨੂੰ ਮੋਬਾਈਲ ਡਾਟਾ ਭੱਤਾ ਦਿੱਤਾ ਜਾਵੇ। ਇਸ ਮੌਕੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਮੰਗ ਪੱਤਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਦੱਸਿਆ ਮੁੱਖ ਮੰਤਰੀ ਦਾ 26 ਅਗਸਤ ਨੂੰ ਚਵਿੰਡਾ ਦੇਵੀ ਆ ਰਹੇ ਹਨ ਅਤੇ ਇਸ ਮੌਕੇ ਉਨ੍ਹਾਂ ਦੀਆਂ ਮੰਗਾਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ। ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ, ਕਰੈਚ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਕੌਰ, ਕੈਸ਼ੀਅਰ ਤਨਜੋਤ ਕੌਰ, ਸ਼ਰਨਜੀਤ ਕੌਰ, ਸਕੱਤਰ ਪਰਮਪ੍ਰੀਤ ਕੌਰ, ਹਰਜਿੰਦਰ ਕੌਰ ਅਤੇ ਅਮਨਦੀਪ ਕੌਰ ਕਰੈਚ ਵਰਕਰ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀਆਂ ਨੇ ਸੋਨ ਤਮਗੇ ਜਿੱਤੇ



ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਸਕੂਲ ਖੇਡ ਕਮੇਟੀ, ਗੁਰਦਾਸਪੁਰ ਦੀ ਨਿਗਰਾਨੀ ਹੇਠ ਆਯੋਜਿਤ ਜ਼ਿਲ੍ਹਾ ਪੱਧਰੀ ਯੋਗਾ ਮੁਕਾਬਲੇ ਵਿੱਚ ਬਟਾਲਾ ਜ਼ੋਨ ਦੀ ਨੁਮਾਇੰਦਗੀ ਕੀਤੀ।

ਸਕੂਲ ਦੇ ਅੱਠ ਵਿਦਿਆਰਥੀਆਂ ਨੇ ਮੁਕਾਬਲੇ ਦੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦੇ ਤਮਗੇ ਜਿੱਤੇ ਅਤੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਇਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਰਾਜ ਪੱਧਰੀ ਯੋਗਾ ਮੁਕਾਬਲੇ ਲਈ ਗੁਰਦਾਸਪੁਰ ਜ਼ਿਲ੍ਹਾ ਟੀਮ ਲਈ ਚੁਣਿਆ ਗਿਆ ਹੈ।

ਇਸ ਮੁਕਾਬਲੇ ਵਿੱਚ,ਅੰਡਰ-17 ਲੜਕੇ ਵਰਗ ਸਕਸ਼ਮ ਮਹਾਜਨ ਨੇ ਪਰੰਪਰਾਗਤ ਯੋਗਾ ਵਿੱਚ ਪਹਿਲਾ ਸਥਾਨ (ਸੋਨਾ ਤਗਮਾ) ਜਿੱਤਿਆ। ਕਲਾਤਮਕ ਜੋੜਾ ਵਿੱਚ ਪਹਿਲਾ ਸਥਾਨ (ਸੋਨਾ ਤਗਮਾ)। ਰਿਦਮਿਕ ਜੋੜਾ ਅੰਡਰ-19 ਲੜਕੇ ਵਰਗ ਚਿਰਾਗ ਸ਼ਰਮਾ ਅਤੇ ਭਾਵਿਸ਼ ਸ਼ਰਮਾ ਨੇ ਕਲਾਤਮਕ ਜੋੜਾ ਵਿੱਚ ਪਹਿਲਾ ਸਥਾਨਪ੍ਰਾਪਤ ਕੀਤਾ। ਭਾਵਿਸ਼ ਸ਼ਰਮਾ ਨੇ ਪਰੰਪਰਾਗਤ ਯੋਗਾ ਵਿੱਚ ਪਹਿਲਾ ਸਥਾਨ (ਸੋਨਾ ਤਗਮਾ) ਜਿੱਤਿਆ। ਚਿਰਾਗ ਸ਼ਰਮਾ ਨੇ ਆਰਟਿਸਟਿਕ ਸੋਲੋ ਵਿੱਚ ਪਹਿਲਾ ਸਥਾਨ (ਸੋਨਾ ਤਮਗਾ) ਜਿੱਤਿਆ। ਇਸ ਇਤਿਹਾਸਕ ਪ੍ਰਾਪਤੀ ਤੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮੁੱਖ ਯੋਗਾ ਇੰਸਟ੍ਰਕਟਰ, ਯੋਗਾਚਾਰੀਆ ਵਿਨੈ ਪੁਸ਼ਕਰਨਾ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਮੁੱਖਦੇਵ ਸਿੰਘ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਨਿਯੁਕਤ




ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸਰਕਾਰ (ਮੁੱਖ ਮੰਤਰੀ ਭਗਵੰਤ ਸਿੰਘ ਮਾਨ) ਵੱਲੋਂ ਜਾਰੀ ਕੀਤੀ ਮਾਰਕੀਟ ਕਮੇਟੀਆਂ ਦੇ ਚੇਅਰਮੈਨਾਂ ਦੀ ਸੂਚੀ ਵਿੱਚ ਸ਼ਹਿਰ ਧਾਰੀਵਾਲ ਤੋਂ ਨੇੜਲੇ ਪਿੰਡ ਆਲੋਵਾਲ ਦੇ ਵਸਨੀਕ ਅਤੇ ਆਮ ਆਦਮੀ ਪਾਰਟੀ ਜ਼ਿਲ੍ਹਾ ਗੁਰਦਾਸਪੁਰ ਦੇ ਸ਼ੋਸ਼ਲ ਮੀਡੀਆ ਇੰਚਾਰਜ ਮੁੱਖਦੇਵ ਸਿੰਘ ਨੂੰ ਮਾਰਕੀਟ ਕਮੇਟੀ ਧਾਰੀਵਾਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਮੁੱਖਦੇਵ ਸਿੰਘ ਆਲੋਵਾਲ ਨੂੰ ਮਾਰਕੀਟ ਕਮੇਟੀ ਧਾਰੀਵਾਲ ਦਾ ਚੇਅਰਮੈਨ ਨਿਯੁਕਤ ਕਰਨ 'ਤੇ ਇਲਾਕੇ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਸਮੱਰਥਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਮਾਰਕੀਟ ਕਮੇਟੀ ਧਾਰੀਵਾਲ ਦੇ ਨਵ ਨਿਯੁਕਤ ਚੇਅਰਮੈਨ ਮੁੱਖਦੇਵ ਸਿੰਘ ਆਲੋਵਾਲ ਨੇ ਆਪ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮੁਨੀਸ਼ ਸਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਜ਼ੋਬਨ ਰੰਧਾਵਾ ਅਤੇ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਸਮੇਤ ਸਮੁੱਚੀ ਪਾਰਟੀ ਹਾਈ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਉਹ ਮਿਲੀ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਕੰਮਾਂ ਨੂੰ ਪੂਰੀ ਪਾਰਦਰਸਤਾ ਨਾਲ ਕਰਨ ਨੂੰ ਤਰਜੀਹ ਦੇਣਗੇ।

# ਫਾਜ਼ਲਪੁਰ ਦੀ ਸਮੁੱਚੀ ਪੰਚਾਇਤ ਨੇ ਟੌਂਗ ਦੀ ਅਗਵਾਈ 'ਚ 'ਆਪ' ਦਾ ਪੱਲਾ ਫੜਿਆ



ਬਾਬਾ ਬਕਾਲਾ, (ਡੀ. ਕੇ. ਰੈੱਡੀ)-ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪਿੰਡ ਫਾਜ਼ਲਪੁਰ ਦੇ ਮੌਜੂਦਾ ਸਰਪੰਚ ਹਰਪ੍ਰੀਤ ਸਿੰਘ ਹੈਪੀ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਦੀ ਅਗਵਾਈ ਵਿੱਚ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਦੇ ਨਾਲ ਪੰਚਾਇਤ ਮੈਂਬਰ ਲਖਬੀਰ ਸਿੰਘ, ਲਵਪ੍ਰੀਤ ਸਿੰਘ, ਕਰਨਬੀਰ ਸਿੰਘ, ਨਿਰਵੈਲ ਸਿੰਘ ਅਤੇ ਗੁਰਪ੍ਰੀਤ ਸਿੰਘ ਤੋਂ ਇਲਾਵਾ ਹਰਪਿੰਦਰ ਸਿੰਘ ਅਤੇ ਅਮਰੀਕ ਸਿੰਘ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਟੌਂਗ ਨੇ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਵਰਕਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਆਗੂ ਅਤੇ ਵਰਕਰ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਕਰਮਜੀਤ ਸਿੰਘ ਪੀ. ਏ., ਸਰਪੰਚ ਰਣਧੀਰ ਸਿੰਘ ਫਤਿਹਪੁਰ ਬੰਦੇਸ਼ਾ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਬਲਾਕ ਪ੍ਰਧਾਨ ਮਨੋਹਰ ਸਿੰਘ, ਵਾਈਸ ਚੇਅਰਮੈਨ ਜੋਗਬੀਰ ਸਿੰਘ ਜੋਗੀ ਅਤੇ ਕੌਂਸਲਰ ਵਿਸ਼ਾਲ ਮੰਨਣ, ਚੇਅਰਮੈਨ ਬ੍ਰਾਹਮਣ ਵੈੱਲਫੇਅਰ ਬੋਰਡ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਵੀ ਹਾਜ਼ਰ ਸਨ। ਨਵੇਂ ਸ਼ਾਮਲ ਹੋਏ ਸਰਪੰਚ ਹਰਪ੍ਰੀਤ ਸਿੰਘ ਹੈਪੀ ਅਤੇ ਸਾਥੀਆਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ ਅਤੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

# ਰੋਟਰੀ ਕਲੱਬ ਨਾਰਥ ਦੇ ਦੇਸ਼ ਤੇ ਸਮਾਜ ਭਲਾਈ ਕਾਰਜਾਂ ਦਾ ਨਾਰਥ ਸਟਾਰ ਬੁਲੇਟਿਨ ਜਾਰੀ



ਅੰਮ੍ਰਿਤਸਰ (ਅਰੋੜਾ):-ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਅਨੁਸਾਰ ਹਰੇਕ ਰੋਟਰੀ ਕਲੱਬ ਦੇ ਪ੍ਰਧਾਨ ਨੂੰ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਦੇਸ਼ ਤੇ ਸਮਾਜ ਭਲਾਈ ਕਾਰਜਾਂ ਦਾ ਬੁਲੇਟਿਨ ਜਾਰੀ ਕੀਤੇ ਜਾਣ ਦੀ ਪ੍ਰਥਾ ਚੱਲਦੀ ਆ ਰਹੀ ਹੈ। ਇਸੇ ਪ੍ਰਥਾ ਦੇ ਚਲਦਿਆਂ ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਦੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ, ਮਹਿਲਾ ਸਕੱਤਰ ਸ਼੍ਰੀਮਤੀ ਮਨਿੰਦਰ ਕੌਰ ਵੱਲੋਂ ਸਾਲ 2026-27 ਦੇ ਕਾਰਜਕਾਲ ਵਿੱਚ ਕੀਤੇ ਗਏ ਪ੍ਰਾਜੈਕਟਾਂ, ਮੀਟਿੰਗਾਂ, ਦੇਸ਼ ਤੇ ਸਮਾਜ ਭਲਾਈ ਕਾਰਜਾਂ ਦਾ ਬੁਲੇਟਿਨ ਜਾਰੀ ਕੀਤਾ ਗਿਆ। ਬੁਲੇਟਿਨ ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਚੀਫ਼ ਐਡੀਟਰ ਰਸਜੀਤ ਸਿੰਘ ਖੇੜਾ ਵੱਲੋਂ ਤਿਆਰ ਕੀਤਾ ਗਿਆ। ਬੁਲੇਟਿਨ ਜਾਰੀ ਕਰਦੇ ਸਮੇਂ ਇੱਕ ਸਮਾਗਮ ਦਾ ਆਯੋਜਨ ਵੀ ਕੀਤਾ ਗਿਆ। ਸਮਾਗਮ ਵਿੱਚ ਰੋਟਰੀ 3070 ਦੇ ਗਵਰਨਰ ਅਨਿਲ ਸਿੰਗਲ ਮੁੱਖ ਮਹਿਮਾਨ ਅਤੇ ਰੋਟਰੀ ਦੇ ਜ਼ਿਲ੍ਹਾ ਸਕੱਤਰ ਵਿਜੇ ਭਸੀਨ, ਰੋਟਰੀ ਦੇ ਸਹਾਇਕ ਗਵਰਨਰ ਕੇ. ਐੱਸ. ਚੱਠਾ, ਸਾਬਕਾ ਸਹਾਇਕ ਗਵਰਨਰ ਐੱਮ. ਓ. ਸੀ. ਆਰ. ਐੱਸ. ਚੱਠਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਰੋਟਰੀ ਨਾਰਥ ਦੇ 26-27 ਵਿੱਚ ਕੀਤੇ ਜਾਣ ਵਾਲੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਨਾਰਥ ਗੁਰੂ ਦੀ ਨਗਰੀ ਦੀ ਇੱਕ ਸ਼ਲਾਘਾਯੋਗ ਕੰਮ ਕਰਨ ਵਾਲੀ ਕਲੱਬ ਹੈ, ਜਿਸ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ ਉਹ ਘੱਟ ਹੈ। ਰੋਟਰੀ ਵੱਲੋਂ ਮੁੱਖ ਮਹਿਮਾਨ ਅਨਿਲ ਸਿੰਗਲ, ਸਹਾਇਕ ਗਵਰਨਰ ਕੇ. ਐੱਸ. ਚੱਠਾ ਨੂੰ ਫੁੱਲਾਂ ਦੇ ਗੁਲਦਸਤੇ ਅਤੇ ਦੋਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਲ 25-26 ਦੇ ਪ੍ਰਧਾਨ ਵਰੁਣ ਕੱਕੜ, ਰੋਟਰੀ ਦੇ ਮੇਜਰ ਡੋਨਰ ਡਾ. ਜੀ.ਐੱਸ. ਮਦਾਨ, ਸਾਬਕਾ ਸਹਾਇਕ ਗਵਰਨਰ ਮਨਜੀਤਪਾਲ ਕੌਰ, ਯਸ਼ਪਾਲ ਅਰੋੜਾ, ਡਾ. ਜਸਪ੍ਰੀਤ ਗ੍ਰੋਵਰ, ਰਮੇਸ਼ ਕੱਕੜ, ਗੁਰਮੀਤ ਸਿੰਘ ਹੀਰਾ, ਇੰਜੀ. ਅਸ਼ੋਕ ਸ਼ਰਮਾ, ਅਤੁਲ ਮਹਿਰਾ, ਨਿਰਮਲ ਸਿੰਘ, ਐਡਵੋਕੇਟ ਅਨੀਤਾ ਸ਼ਰਮਾ, ਟੀ.ਪੀ.ਐੱਸ. ਚਾਵਲਾ, ਹਰਮੀਤ ਅਰੋੜਾ, ਸੁਰਿੰਦਰ ਸਿੰਘ, ਰਮਨੀਤ ਭੰਡਾਰੀ, ਅਮਨਦੀਪ ਕੌਰ, ਮਨਪ੍ਰੀਤ ਕੌਰ, ਸ਼ਿਵ ਗੁਪਤਾ, ਗੁਰਿੰਦਰ ਸਿੰਘ ਸਮੇਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਮੌਜੂਦ ਸਨ।


# ਖਾਨਵਾਲ ਦੇ ਕਈ ਪਰਵਾਰ 'ਆਪ' ਨੂੰ ਛੱਡ ਕੇ ਕਾਂਗਰਸ 'ਚ ਸ਼ਾਮਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਿੰਡ ਖਾਨਵਾਲ ਤੋਂ ਤਾਰਾ ਸਿੰਘ ਖਾਨਵਾਲ ਦੀ ਅਗਵਾਈ ਵਿੱਚ ਕਈ ਪਰਿਵਾਰਾਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖਦਿਆਂ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਹਲਕਾ ਅਜਨਾਲਾ ਤੋਂ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਦੀ ਅਗਵਾਈ ਵਿੱਚ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰਨ ਤੇ ਸਵਾਗਤ ਕੀਤਾ ਗਿਆ। ਸੁਖਜਿੰਦਰ ਸਿੰਘ ਔਜਲਾ ਨੇ ਕਿਹਾ ਕਿ ਕਾਂਗਰਸ ਦੀਆਂ ਲੋਕ ਪੱਖੀ ਨੀਤੀਆਂ ਅਤੇ ਪਾਰਟੀ ਦੀ ਮਜ਼ਬੂਤ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਕਾਂਗਰਸ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡ ਖਾਨਵਾਲ ਦੇ ਤਾਰਾ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣਾ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਦਾ ਸੰਕੇਤ ਹੈ।


ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਹਰ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਔਜਲਾ ਨੇ ਇਸ ਮੌਕੇ ਪਿੰਡ ਵਾਸੀਆਂ ਵੱਲੋਂ ਦਿੱਤੇ ਪਿਆਰ, ਸਤਿਕਾਰ ਅਤੇ ਮਾਣ-ਸਨਮਾਨ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਭਰੋਸਾ ਕਾਂਗਰਸ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਲੋਕਾਂ ਨਾਲ ਮਿਲ ਕੇ ਇਲਾਕੇ ਦੇ ਵਿਕਾਸ ਅਤੇ ਲੋਕ ਹਿੱਤ ਦੇ ਮੁੱਦਿਆਂ ਲਈ ਲਗਾਤਾਰ ਆਵਾਜ਼ ਬੁਲੰਦ ਕੀਤੀ ਜਾਵੇਗੀ। ਇਸ ਮੌਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਭਾਗ ਸਿੰਘ ਪ੍ਰਧਾਨ, ਮੰਗਾ ਸਿੰਘ, ਕੰਵਲ ਸਿੰਘ, ਰਾਜੂ ਸਿੰਘ, ਲੱਭਾ ਸਿੰਘ, ਛਿੰਦਰ ਸਿੰਘ, ਜੱਸਾ ਸਿੰਘ, ਬੱਗਾ ਸਿੰਘ, ਮਹਿੰਦਰ ਸਿੰਘ, ਸੁਖਵਾਜ ਸਿੰਘ, ਨਿਸ਼ਾਨ ਸਿੰਘ, ਸੁਖਦੇਵ ਸਿੰਘ, ਕੁਲਵੰਤ ਸਿੰਘ, ਜੱਸਾ ਸਿੰਘ, ਰੂਪ ਸਿੰਘ, ਬਿੱਲਾ, ਫੁੰਮਣ ਸਿੰਘ, ਮਹਿੰਗਾ ਸਿੰਘ ਅਤੇ ਹੋਰ ਮੌਜੂਦ ਸਨ।

# ਪਲਾਸਟਿਕ ਦੇ ਲਿਫਾਫਿਆਂ ਦੀ ਵਧਦੀ ਵਰਤੋਂ ਬਣੀ ਵਾਤਾਵਰਣ ਲਈ ਵੱਡਾ ਖਤਰਾ



ਗੁਰਦਾਸਪੁਰ (ਦਿਨੇਸ਼ ਕੁਮਾਰ)-ਪਲਾਸਟਿਕ ਲਿਫਾਫਿਆਂ ਦੀ ਦਿਨੋਂ-ਦਿਨ ਵਧ ਰਹੀ ਵਰਤੋਂ ਵਾਤਾਵਰਣ ਅਤੇ ਮਨੁੱਖੀ ਸਿਹਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਹੈ। ਇਹ ਗੱਲ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਯੂਨੀਵਰਸਲ ਡਿਵੈਲਪਮੈਂਟ ਐਂਡ ਅਵੇਅਰਨੈੱਸ ਆਫ ਨੇਸ਼ਨ (ਉਡਾਨ) ਐੱਨ. ਜੀ. ਓ ਦੇ ਸੰਚਾਲਕ ਡਾ. ਬਲਜੀਤ ਸਿੰਘ ਉਪੱਲ ਨੇ ਕਹੀ। ਉਨ੍ਹਾਂ ਕਿਹਾ ਕਿ ਅਕਸਰ ਹੀ ਵੇਖਣ ਵਿਚ ਆਉਂਦਾ ਹੈ ਕਿ ਬਾਜ਼ਾਰਾਂ ਵਿੱਚ ਸਾਮਾਨ ਖਰੀਦਣ ਸਮੇਂ ਲੋਕ ਅਕਸਰ ਇੱਕ-ਵਾਰ ਵਰਤੇ ਜਾਣ ਵਾਲੇ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਕਰਦੇ ਹਨ ਅਤੇ ਬਾਅਦ ਵਿੱਚ ਇਨ੍ਹਾਂ ਨੂੰ ਸੜਕਾਂ, ਨਾਲੀਆਂ, ਖਾਲੀ ਪਲਾਟਾਂ ਅਤੇ ਹੋਰ ਥਾਵਾਂ 'ਤੇ ਸੁੱਟ ਦਿੱਤਾ ਜਾਂਦਾ ਹੈ। ਉਨ੍ਹਾ ਕਿਹਾ ਕਿ ਪਲਾਸਟਿਕ ਲਿਫਾਫੇ ਆਸਾਨੀ ਨਾਲ ਨਸ਼ਟ ਨਹੀਂ ਹੁੰਦੇ ਅਤੇ ਲੰਬੇ ਸਮੇਂ ਤੱਕ ਵਾਤਾਵਰਣ ਵਿੱਚ ਮੌਜੂਦ ਰਹਿੰਦੇ ਹਨ। ਇਹ ਨਾਲੀਆਂ ਅਤੇ ਸੀਵਰੇਜ ਪ੍ਰਣਾਲੀ ਨੂੰ ਜਾਮ ਕਰਨ ਦੇ ਨਾਲ-ਨਾਲ ਬਰਸਾਤ ਦੇ ਸਮੇਂ ਪਾਣੀ ਦੀ ਨਿਕਾਸੀ ਵਿੱਚ ਵੀ ਰੁਕਾਵਟ ਪੈਦਾ ਕਰ ਸਕਦੇ ਹਨ। ਖੁੱਲ੍ਹੇ ਵਿੱਚ ਪਏ ਪਲਾਸਟਿਕ ਦੇ ਲਿਫਾਫੇ ਪਸ਼ੂਆਂ ਵੱਲੋਂ ਖਾ ਲਏ ਜਾਣ ਕਾਰਨ ਉਨ੍ਹਾਂ ਲਈ ਵੀ ਖਤਰਾ ਬਣ ਸਕਦੇ ਹਨ। ਪਲਾਸਟਿਕ ਨੂੰ ਖੁੱਲ੍ਹੇ ਵਿੱਚ ਸਾੜਨ ਨਾਲ ਹਾਨੀਕਾਰਕ ਧੂੰਆਂ ਅਤੇ ਪ੍ਰਦੂਸ਼ਕ ਪੈਦਾ ਹੋ ਸਕਦੇ ਹਨ, ਜੋ ਹਵਾ ਦੀ ਗੁਣਵੱਤਾ ਅਤੇ ਮਨੁੱਖੀ ਸਿਹਤ 'ਤੇ ਮਾੜਾ ਪ੍ਰਭਾਵ ਪਾ ਸਕਦੇ ਹਨ। ਇਸ ਤੋਂ ਇਲਾਵਾ ਪਲਾਸਟਿਕ ਕੂੜਾ ਧਰਤੀ ਅਤੇ ਪਾਣੀ ਦੇ ਸਰੋਤਾਂ ਨੂੰ ਵੀ ਪ੍ਰਦੂਸ਼ਿਤ ਕਰਦਾ ਹੈ। ਡਾ. ਬਲਜੀਤ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਖਰੀਦਦਾਰੀ ਲਈ ਕੱਪੜੇ ਜਾਂ ਜੂਟ ਦੇ ਮੁੜ ਵਰਤੇ ਜਾ ਸਕਣ ਵਾਲੇ ਥੈਲੇ ਵਰਤਣ ਅਤੇ ਇੱਕ-ਵਾਰ ਵਰਤੇ ਜਾਣ ਵਾਲੇ ਪਲਾਸਟਿਕ ਲਿਫਾਫਿਆਂ ਤੋਂ ਵੱਧ ਤੋਂ ਵੱਧ ਪਰਹੇਜ਼ ਕਰਨ। ਦੁਕਾਨਦਾਰ ਵੀ ਗਾਹਕਾਂ ਨੂੰ ਪਲਾਸਟਿਕ ਦੀ ਥਾਂ ਵਾਤਾਵਰਣ-ਅਨੁਕੂਲ ਵਿਕਲਪ ਮੁਹੱਈਆ ਕਰਵਾਉਣ। ਮਵਾਤਾਵਰਣ ਦੀ ਸੁਰੱਖਿਆ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਜੇਕਰ ਹਰ ਵਿਅਕਤੀ ਰੋਜ਼ਾਨਾ ਜੀਵਨ ਵਿੱਚ ਪਲਾਸਟਿਕ ਦੀ ਵਰਤੋਂ ਘਟਾਉਣ ਦਾ ਸੰਕਲਪ ਲਵੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਇਆ ਜਾ ਸਕਦਾ ਹੈ।

# ਸੇਵਾ ਕੇਂਦਰ ਦੇ ਜਨਰੇਟਰ 'ਚੋਂ ਹਜ਼ਾਰਾਂ ਦਾ ਸਾਮਾਨ ਚੋਰੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬੀਤੀ ਰਾਤ ਇਲਾਕਾ ਝਬਾਲ ਵਿਖੇ ਚੋਰਾਂ ਨੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦਿਆਂ ਜਿੱਥੇ ਕਰਿਆਨਾ ਸਟੋਰ ਨੂੰ ਨਿਸ਼ਾਨਾ ਬਣਾਇਆ, ਉੱਥੇ ਸਰਕਾਰੀ ਸੇਵਾ ਕੇਂਦਰ ਵਿੱਚੋਂ ਵੀ ਹਜ਼ਾਰਾਂ ਰੁਪਏ ਮੁੱਲ ਦਾ ਬਿਜਲੀ ਦਾ ਸਾਮਾਨ ਚੋਰੀ ਕਰਕੇ ਸੇਵਾ ਕੇਂਦਰ ਦਾ ਕੰਮ ਠੱਪ ਕਰ ਦਿੱਤਾ। ਇਸ ਸਬੰਧੀ ਥਾਣਾ ਝਬਾਲ ਵਿਖੇ ਦਿੱਤੀ ਦਰਖਾਸਤ ਵਿੱਚ ਸੇਵਾ ਕੇਂਦਰ ਦੇ ਇੰਚਾਰਜ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਘਟਨਾ ਦਾ ਪਤਾ ਸਵੇਰੇ ਲੱਗਾ ਜਦੋਂ ਸਟਾਫ਼ ਸੇਵਾ ਕੇਂਦਰ ਪਹੁੰਚਿਆ। ਚੋਰ ਸੇਵਾ ਕੇਂਦਰ ਵਿੱਚ ਲੱਗੇ ਵੱਡੇ ਜਨਰੇਟਰ ਵਿੱਚੋਂ ਸਾਰਾ ਸਾਮਾਨ, ਬਿਜਲੀ ਸਪਲਾਈ ਦੀਆਂ ਤਾਰਾਂ, ਸਟਾਰਟਰ, ਪੱਖੇ ਅਤੇ ਹੋਰ ਕੀਮਤੀ ਸਾਮਾਨ ਚੋਰੀ ਕਰਕੇ ਲੈ ਗਏ। ਚੋਰੀ ਕਾਰਨ ਸੇਵਾ ਕੇਂਦਰ ਦੀ ਬਿਜਲੀ ਪੂਰੀ ਤਰ੍ਹਾਂ ਬੰਦ ਹੋ ਗਈ ਹੈ, ਜਿਸ ਕਾਰਨ ਸੇਵਾ ਕੇਂਦਰ ਦਾ ਕੰਮਕਾਜ ਠੱਪ ਹੋ ਗਿਆ ਹੈ ਤੇ ਲੋਕ ਖੱਜਲ-ਖੁਆਰ ਹੋ ਰਹੇ ਹਨ। ਇਸ ਸਬੰਧੀ ਥਾਣਾ ਝਬਾਲ ਵਿਖੇ ਦਰਖਾਸਤ ਦੇ ਦਿੱਤੀ ਗਈ ਹੈ।

# ਐੱਮ ਟੀ ਬੀ ਸਾਈਕਲਿੰਗ ਮੁਕਾਬਲੇ ਪੰਜਾਬ ਭਰ 'ਚ 26 ਤੇ 29 ਨੂੰ


ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਨੂੰ ਕਵਰ ਕਰਦਿਆਂ ਸੀਨੀਅਰ, ਜੂਨੀਅਰ, ਸਬ-ਜੂਨੀਅਰ ਅਤੇ ਯੂਥ ਵਰਗ (ਲੜਕੇ ਤੇ ਲੜਕੀਆਂ) ਦੇ ਜ਼ਿਲ੍ਹਾ ਪੱਧਰੀ ਮਾਊਂਟੇਨ ਟੈਰਿਨ ਬਾਈਕ ਸਾਈਕਲਿੰਗ ਮੁਕਾਬਲੇ ਸੂਬੇ ਵਿੱਚ ਛੇ ਨਿਰਧਾਰਤ ਸਥਾਨਾਂ 'ਤੇ ਕਰਵਾਏ ਜਾਣਗੇ। ਇਸ ਸਬੰਧੀ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਤੋਂ ਮਾਨਤਾ ਪ੍ਰਾਪਤ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨਜ਼ ਦੀ ਆਨਲਾਈਨ ਮੀਟਿੰਗ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਦੀ ਅਗਵਾਈ ਵਿੱਚ ਹੋਈ। ਜਾਣਕਾਰੀ ਸਾਂਝੀ ਕਰਦਿਆਂ ਜਨਰਲ ਸਕੱਤਰ ਜਗਦੀਪ ਸਿੰਘ ਨੇ ਦੱਸਿਆ ਕਿ ਪਟਿਆਲਾ ਵਿਖੇ ਏਸ਼ੀਅਨ ਗਰੁੱਪ ਆਫ ਕਾਲਜਿਜ਼ ਨੇੜੇ ਜਾਗੋ ਅਕਾਲ ਅਕੈਡਮੀ ਰੋਡ ਵਿਖੇ 29 ਅਗਸਤ ਨੂੰ ਪਟਿਆਲਾ, ਰੂਪਨਗਰ (ਰੋਪੜ), ਐੱਸ.ਏ.ਐੱਸ. ਨਗਰ (ਮੋਹਾਲੀ) ਅਤੇ ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਦੇ ਸਾਈਕਲਿਸਟਾਂ ਲਈ ਮੁਕਾਬਲੇ ਕਰਵਾਏ ਜਾਣਗੇ, ਜਿਸ ਸਬੰਧੀ ਹੋਰ ਜਾਣਕਾਰੀ ਲਈ ਉਹਨਾਂ (ਕੋਆਰਡੀਨੇਟਰ ਜਗਦੀਪ ਸਿੰਘ) ਇਸੇ ਤਰ੍ਹਾਂ ਅੰਮ੍ਰਿਤਸਰ ਵਿਖੇ 29 ਅਗਸਤ ਨੂੰ ਅੰਮ੍ਰਿਤਸਰ ਅਟਾਰੀ ਰੋਡ 'ਤੇ ਖ਼ਾਸਾ ਵਿਖੇ ਡੀ ਮਾਰਟ ਨੇੜੇ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਜ਼ਿਲ੍ਹਿਆਂ ਦੇ ਸਾਈਕਲਿਸਟਾਂ ਲਈ ਮੁਕਾਬਲੇ ਕਰਵਾਏ ਜਾਣਗੇ। ਮੁਕਾਬਲਿਆਂ ਵਿੱਚ ਭਾਗ ਲੈਣ ਦੇ ਇੱਛੁਕ ਸਾਰੇ ਸਾਈਕਲਿਸਟਾਂ ਲਈ ਰਜਿਸਟ੍ਰੇਸ਼ਨ ਲਾਜ਼ਮੀ ਹੈ, ਜਿਹੜੀ ਕਿ ਮੌਕੇ ਤੇ ਕੀਤੀ ਜਾਵੇਗੀ। ਰਜਿਸਟ੍ਰੇਸ਼ਨ ਫਾਰਮ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਅਧਿਕਾਰਤ ਫੇਸਬੁੱਕ ਪੇਜ ਤੋਂ ਵੀ ਡਾਊਨਲੋਡ ਕੀਤਾ ਜਾ ਸਕਦਾ ਹੈ। ਸਾਈਕਲਿਸਟਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਫਾਰਮ ਡਾਊਨਲੋਡ ਕਰਕੇ ਉਸ ਵਿੱਚ ਮੰਗੀ ਗਈ ਸਾਰੀ ਜਾਣਕਾਰੀ ਭਰਨ ਅਤੇ ਲੋੜੀਂਦੇ ਵੇਰਵਿਆਂ ਸਮੇਤ ਮੌਕੇ 'ਤੇ ਜਮ੍ਹਾਂ ਕਰਵਾਉਣ। ਮੁਕਾਬਲਿਆਂ ਦੇ ਸੁਚਾਰੂ, ਪਾਰਦਰਸ਼ੀ ਅਤੇ ਨਿਰਪੱਖ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਸਥਾਨਾਂ 'ਤੇ ਤਜਰਬੇਕਾਰ ਤਕਨੀਕੀ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ।

# ਆਲ ਇੰਡੀਆ ਕਿਸਾਨ ਮਹਾਂ ਸਭਾ ਦੀ ਪੰਜਵੀਂ ਕੌਮੀ ਕਾਨਫਰੰਸ 'ਚ ਗੁਰਦਾਸਪੁਰੋਂ ਵੱਡਾ ਜਥਾ ਹੋਵੇਗਾ ਸ਼ਾਮਲ




ਧਾਰੀਵਾਲ (ਮਨਦੀਪ ਵਿੱਕੀ)-ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 20 ਤੇ 21 ਸਤੰਬਰ ਨੂੰ ਹੋ ਰਹੀ ਆਲ ਇੰਡੀਆ ਕਿਸਾਨ ਮਹਾਂ ਸਭਾ ਦੀ ਪੰਜਵੀਂ ਕੌਮੀ ਕਾਨਫਰੰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਤੋਂ ਪੰਜਾਬ ਕਿਸਾਨ ਯੂਨੀਅਨ ਦਾ ਵੱਡਾ ਜਥਾ ਸ਼ਾਮਲ ਹੋਵੇਗਾ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ ਨੇ ਦੱਸਿਆ ਕਿ 23 ਤਰੀਕ ਨੂੰ ਕਲਾਨੌਰ ਅਤੇ ਡੇਰਾ ਬਾਬਾ ਨਾਨਕ ਬਲਾਕਾਂ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਜਿਨ੍ਹਾਂ ਵਿੱਚ ਪਿੰਡ ਖੱਦਰ, ਸਿੰਘਪੁਰਾ, ਖੰਨਾ ਚਮਾਰਾਂ ਆਦਿ ਸ਼ਾਮਲ ਸਨ। ਲੋਕਾਂ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਜਿਨ੍ਹਾਂ ਵਿੱਚ ਗੁਰਮੀਤ ਸਿੰਘ ਬਖਤਪੁਰ, ਅਸ਼ਵਨੀ ਕੁਮਾਰ ਲੱਖਣ ਕਲਾਂ, ਅਸ਼ਵਨੀ ਕੁਮਾਰ ਲੱਖਣ ਕਲਾਂ, ਹਰਵਿੰਦਰ ਸਿੰਘ ਮੱਲੀ, ਗੁਰਿੰਦਰ ਸਿੰਘ ਖੱਦਰ, ਜਰਨੈਲ ਸਿੰਘ ਸਪਰਾਵਾਂ ਅਤੇ ਗੁਰਦੀਪ ਸਿੰਘ ਕਾਮਲ ਪੁਰ ਆਦਿ ਨੇ ਕਿਹਾ ਕਿ ਇਸ ਕਾਨਫਰੰਸ ਦੀ ਖਾਸੀਅਤ ਇਹ ਹੈ ਕਿ ਪੰਜਾਬ ਦੀਆਂ ਦੋ ਸਿਰਮੌਰ ਜਥੇਬੰਦੀਆਂ ਪੰਜਾਬ ਕਿਸਾਨ ਯੂਨੀਅਨ ਅਤੇ ਜਮਹੂਰੀ ਕਿਸਾਨ ਸਭਾ ਦਾ ਰਲੇਵਾਂ ਹੋਣ ਜਾ ਰਿਹਾ ਹੈ। ਜਿਸ ਦਾ ਐਲਾਨ 21 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤਾ ਜਾਵੇਗਾ। ਇਹ ਦੋਵੇਂ ਜਥੇਬੰਦੀਆਂ ਅੱਗੇ ਤੋਂ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਝੰਡੇ ਹੇਠ ਕੰਮ ਕਰਨਗੀਆਂ। ਬੁਲਾਰਿਆਂ ਨੇ ਮੀਟਿੰਗਾਂ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਅਤੇ ਰਾਜ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਰਕਾਰਾਂ ਕਿਸਾਨਾਂ, ਮਜ਼ਦੂਰਾਂ ਮੁਲਾਜ਼ਮਾਂ ਅਤੇ ਬੇਰੁਜ਼ਗਾਰਾਂ ਪ੍ਰਤੀ ਕਿਸ ਤਰ੍ਹਾਂ ਦਾ ਸੋਚ ਰੱਖਦੀਆਂ ਹਨ। ਅੱਜ ਦੀਆਂ ਮੀਟਿੰਗਾਂ ਵਿੱਚ ਬੁਲਾਰਿਆਂ ਤੋਂ ਇਲਾਵਾ ਹਰਭਜਨ ਸਿੰਘ ਨੜਾਂਵਾਲੀ, ਸੁਰਜੀਤ ਸਿੰਘ, ਰਣਜੀਤ ਸਿੰਘ ਲਾਲੀ, ਬਲਵਿੰਦਰ ਸਿੰਘ, ਸਤਨਾਮ ਸਿੰਘ ਸੁਖਦੇਵ ਸਿੰਘ ਬਾਜਵਾ ਸਿੰਘਪੁਰਾ, ਖੰਨਾ ਚਮਾਰਾਂ ਤੋਂ ਕਰਮਜੀਤ ਸਿੰਘ ਐਡਵੋਕੇਟ, ਪ੍ਰਗਟ ਸਿੰਘ, ਬਲਜੀਤ ਸਿੰਘ ਜਸਬੀਰ ਸਿੰਘ, ਮਨਿੰਦਰ ਸਿੰਘ ਬਰੀਲਾ, ਦਲਬੀਰ ਸਿੰਘ, ਵਿਕਰਮਜੀਤ ਸਿੰਘ ਸ਼ਰਨਜੀਤ ਸਿੰਘ ਖੱਦਰ ਅਤੇ ਸੋਨੂੰ ਗੁਰਾਇਆ ਇਲਾਵਾ ਵੀ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸ਼ਾਮਲ ਸਨ।

# ਮਰਗ ਦੇ ਭੋਗ 'ਤੇ ਆਏ ਨੌਜਵਾਨ ਨੂੰ ਗੋਲੀ ਮਾਰ ਕੇ ਮੋਟਰਸਾਈਕਲ ਲੁੱਟਿਆ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ): ਪਿੰਡ ਸੁਗੇ ਵਿੱਚ ਰਿਸ਼ਤੇਦਾਰੀ ਵਿੱਚ ਹੋ ਰਹੇ ਮਰਗ ਦੇ ਭੋਗ ਸਮਾਗਮ ਵਿੱਚ ਸ਼ਾਮਲ ਹੋਣ ਲਈ ਆਏ ਦੋ ਨੌਜਵਾਨਾਂ ਨੂੰ ਪਿਸਤੌਲ ਦੀ ਨੋਕ 'ਤੇ ਬੰਦੀ ਬਣਾ ਕੇ ਮੋਟਰਸਾਈਕਲ ਖੋਹਣ ਦੀ ਕੋਸ਼ਿਸ਼ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਦੌਰਾਨ ਲੁਟੇਰਿਆਂ ਦਾ ਵਿਰੋਧ ਕਰਨ 'ਤੇ ਇੱਕ ਨੌਜਵਾਨ ਦੇ ਪੱਟ ਵਿੱਚ ਗੋਲੀ ਮਾਰ ਕੇ ਉਸ ਨੂੰ ਗੰਭੀਰ ਰੂਪ ਵਿੱਚ ਜ਼ਖਮੀ ਕਰ ਦਿੱਤਾ ਗਿਆ। ਵਾਰਦਾਤ ਤੋਂ ਬਾਅਦ ਦੋਵੇਂ ਲੁਟੇਰੇ ਨੌਜਵਾਨ ਦਾ ਮੋਟਰਸਾਈਕਲ ਖੋਹ ਕੇ ਮੌਕੇ ਤੋਂ ਫਰਾਰ ਹੋ ਗਏ। ਗੋਲੀ ਲੱਗਣ ਕਾਰਨ ਜ਼ਖਮੀ ਹੋਏ ਅਰਜਨ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਮੁੱਲਾ ਮਹਿਰਾਮ ਨੇ ਦੱਸਿਆ ਕਿ ਉਹ ਆਪਣੇ ਸਾਥੀ ਗੁਪਿੰਦਰ ਸਿੰਘ ਨਾਲ ਸੋਮਵਾਰ ਦੀ ਦੁਪਹਿਰ ਕਰੀਬ 3 ਵਜੇ ਪਿੰਡ ਸੁੱਗੇ ਵਿਖੇ ਆਪਣੀ ਰਿਸ਼ਤੇਦਾਰੀ ਵਿੱਚ ਹੋ ਰਹੇ ਮਰਗ ਦੇ ਭੋਗ ਸਮਾਗਮ ਵਿੱਚ ਸ਼ਾਮਲ ਹੋਣ ਲਈ ਆਇਆ ਸੀ। ਸਮਾਗਮ ਵਿੱਚ ਜਾਣ ਤੋਂ ਪਹਿਲਾਂ ਦੋਵੇਂ ਨੌਜਵਾਨ ਪਿੰਡ ਦੇ ਛੱਪੜ ਨੇੜੇ ਖੜ੍ਹੇ ਸਨ। ਇਸੇ ਦੌਰਾਨ ਪਿੱਛੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਨੌਜਵਾਨਾਂ ਨੇ ਉਨ੍ਹਾਂ ਨੂੰ ਪਿਸਤੌਲਾਂ ਦੀ ਨੋਕ 'ਤੇ ਰੋਕ ਲਿਆ ਅਤੇ ਮੋਟਰਸਾਈਕਲ ਖੋਹਣ ਦੀ ਕੋਸ਼ਿਸ਼ ਕੀਤੀ। ਅਰਜਨ ਸਿੰਘ ਅਨੁਸਾਰ ਜਦੋਂ ਉਸ ਨੇ ਲੁਟੇਰਿਆਂ ਵੱਲੋਂ ਕੀਤੀ ਜਾ ਰਹੀ ਕਾਰਵਾਈ ਦਾ ਵਿਰੋਧ ਕੀਤਾ ਤਾਂ ਇੱਕ ਲੁਟੇਰਾ ਤੈਸ਼ ਵਿੱਚ ਆ ਗਿਆ ਅਤੇ ਉਸ ਨੇ ਪਿਸਤੌਲ ਨਾਲ ਉਸ ਦੇ ਪੱਟ ਵਿੱਚ ਗੋਲੀ ਮਾਰ ਦਿੱਤੀ। ਗੋਲੀ ਲੱਗਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਇਸ ਤੋਂ ਬਾਅਦ ਲੁਟੇਰੇ ਉਸ ਦਾ ਮੋਟਰਸਾਈਕਲ, ਜਿਸ ਦਾ ਨੰਬਰ ਪੀਬੀ-46-ਏਕਿਊ-1636 ਦੱਸਿਆ ਗਿਆ ਹੈ, ਖੋਹ ਕੇ ਫਰਾਰ ਹੋ ਗਏ। ਪਰਿਵਾਰਕ ਮੈਂਬਰਾਂ ਵੱਲੋਂ ਜ਼ਖਮੀ ਅਰਜਨ ਸਿੰਘ ਨੂੰ ਤੁਰੰਤ ਇਲਾਜ ਲਈ ਭਿੱਖੀਵਿੰਡ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਪੁਲੀਸ ਵੀ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ। ਇਸ ਸਬੰਧੀ ਥਾਣਾ ਭਿੱਖੀਵਿੰਡ ਦੇ ਸਬ-ਇੰਸਪੈਕਟਰ ਪਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਲੁਟੇਰਿਆਂ ਦੀ ਪਛਾਣ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਘਟਨਾ ਦਾ ਸ਼ਿਕਾਰ ਹੋਏ ਨੌਜਵਾਨਾਂ ਦੇ ਬਿਆਨ ਕਲਮਬੱਧ ਕਰਕੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਪੁਲਸ ਅਧਿਕਾਰੀ ਨੇ ਕਿਹਾ ਕਿ ਲੁਟੇਰਿਆਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।

# ਬਜਾਜ ਕਰਿਆਨਾ ਸਟੋਰ ਦੇ ਗੁਦਾਮ 'ਚ 10 ਲੱਖ ਦੀ ਚੋਰੀ




ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸਥਾਨਕ ਅੱਡਾ ਝਬਾਲ ਦੇ ਬਾਹਰ ਅਟਾਰੀ ਰੋਡ 'ਤੇ ਬਣੇ ਇੱਕ ਕਰਿਆਨਾ ਸਟੋਰ ਨੂੰ ਬੀਤੀ ਰਾਤ ਚੋਰਾਂ ਨੇ ਆਪਣਾ ਨਿਸ਼ਾਨਾ ਬਣਾਉਂਦੇ ਹੋਏ ਲੱਖਾਂ ਰੁਪਏ ਮੁੱਲ ਦਾ ਕਰਿਆਨੇ ਦਾ ਸਾਮਾਨ ਚੋਰੀ ਕਰਕੇ ਗੁਦਾਮ ਖਾਲੀ ਕਰ ਦਿੱਤਾ। ਮੌਕੇ ਤੇ ਬਜਾਜ ਕਰਿਆਨਾ ਸਟੋਰ ਦੇ ਮਾਲਕ ਮਹਿੰਦਰ ਸਿੰਘ ਨੇ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਚੋਰਾਂ ਵੱਲੋਂ ਤੋੜੇ ਗਏ ਗੁਦਾਮ ਨੂੰ ਵਿਖਾਉਂਦਿਆਂ ਦੱਸਿਆ ਕਿ ਅਟਾਰੀ ਰੋਡ ਤੇ ਬਣੇ ਇਸ ਗੁਦਾਮ ਵਿੱਚ ਉਹ ਕਰਿਆਨੇ ਦਾ ਥੋਕ ਦਾ ਸਾਮਾਨ ਰੱਖਦੇ ਸਨ। ਬੀਤੀ ਰਾਤ ਚੋਰਾਂ ਵੱਲੋਂ ਸਟੋਰ ਦਾ ਸ਼ਟਰ ਹੇਠੋਂ ਤੋੜ ਕੇ ਅੰਦਰੋਂ 100 ਟੀਨ ਘਿਓ, 100 ਬੋਰੇ ਖੰਡ ਅਤੇ ਹੋਰ ਕਰਿਆਨੇ ਦਾ ਸਾਮਾਨ ਚੋਰੀ ਕਰ ਲਿਆ ਗਿਆ, ਜਿਸ ਦੀ ਕੀਮਤ ਲਗਭਗ 10 ਲੱਖ ਰੁਪਏ ਬਣਦੀ ਹੈ। ਉਨ੍ਹਾਂ ਦੱਸਿਆ ਕਿ ਸੀ ਸੀ ਟੀ ਵੀ ਫੁਟੇਜ ਅਨੁਸਾਰ ਚੋਰ ਵੱਡੀਆਂ ਗੱਡੀਆਂ ਤੇ ਆਏ ਸਨ ਅਤੇ ਚੋਰੀ ਕੀਤਾ ਸਾਮਾਨ ਗੱਡੀਆਂ ਵਿੱਚ ਲੱਦ ਕੇ ਫਰਾਰ ਹੋ ਗਏ। ਇਸ ਸਬੰਧੀ ਥਾਣਾ ਝਬਾਲ ਵਿਖੇ ਦਰਖਾਸਤ ਦੇ ਦਿੱਤੀ ਗਈ ਹੈ। ਸੂਚਨਾ ਮਿਲਦਿਆਂ ਹੀ ਥਾਣਾ ਝਬਾਲ ਦੀ ਪੁਲਸ ਨੇ ਮੌਕੇ ਤੇ ਪਹੁੰਚ ਕੇ ਮੌਕਾ ਵੇਖਿਆ ਅਤੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਅੱਡਾ ਝਬਾਲ ਵਿਖੇ ਹੋਈ ਇਸ ਵੱਡੀ ਚੋਰੀ ਦੀ ਘਟਨਾ ਨਾਲ ਅੱਡੇ ਦੇ ਦੁਕਾਨਦਾਰਾਂ ਵਿੱਚ ਇੱਕ ਵਾਰ ਫਿਰ ਤੋਂ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਹੈ।

**ਜਨਮ ਦਿਨ ਮੁਬਾਰਕ**



ਗੁਰਫ਼ਤਿਹ ਸਿੰਘ
ਪਿੰਡ: ਚੰਬਾ ਕਲਾਂ, ਤਰਨ ਤਾਰਨ



ਅਗਮਨੂਰ ਸਿੰਘ ਚੰਦੀ

# ਖਾਲਸਾ ਏਡ ਵੱਲੋਂ ਅਸਾਮ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਵੱਡੇ ਪੱਧਰ 'ਤੇ ਰਾਹਤ ਕਾਰਜ ਜਾਰੀ

**ਗੁਹਾਟੀ (ਨ ਜ਼ ਸ)**-ਅਸਾਮ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਖਾਲਸਾ ਏਡ ਵੱਲੋਂ ਰਾਹਤ ਅਤੇ ਮਨੁੱਖਤਾ ਦੀ ਸੇਵਾ ਲਈ ਚਲਾਈ ਜਾ ਰਹੀ ਮੁਹਿੰਮ ਲਗਾਤਾਰ ਜਾਰੀ ਹੈ। ਪਿਛਲੇ ਕਾਫ਼ੀ ਲੰਮੇ ਸਮੇਂ ਤੋਂ ਖਾਲਸਾ ਏਡ ਦੀਆਂ ਟੀਮਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਹੁੰਚ ਕੇ ਲੋੜਵੰਦ ਪਰਵਾਰਾਂ ਨੂੰ ਜ਼ਰੂਰੀ ਸਹਾਇਤਾ ਮੁਹੱਈਆ ਕਰਵਾ ਰਹੀਆਂ ਹਨ। ਹੜ੍ਹ ਦਾ ਪਾਣੀ ਘਟਣ ਦੇ ਬਾਵਜੂਦ ਕਈ ਇਲਾਕਿਆਂ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਅਜੇ ਵੀ ਖ਼ਤਮ ਨਹੀਂ ਹੋਈਆਂ ਤੇ ਕਈ ਘਰਾਂ ਦੇ ਅੰਦਰ 4 ਤੋਂ 5 ਫੁੱਟ ਤੱਕ ਗਾਰਾ ਜਮ੍ਹਾਂ ਹੋਇਆ ਹੋਇਆ ਹੈ।ਖਾਲਸਾ ਏਡ ਦੇ ਪ੍ਰੋਜੈਕਟ ਮੈਨੇਜਰ ਪਵਿੱਤਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਨਾਲ ਮਨੋਹਰ, ਮਾਨਪ੍ਰੀਤ ਅਤੇ ਕਈ ਸਮਰਪਿਤ ਵਲੰਟੀਅਰਜ਼ ਲਗਾਤਾਰ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਨਿਭਾ ਰਹੇ ਹਨ। ਟੀਮਾਂ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਹਰ ਸੰਭਵ ਮਦਦ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪਵਿੱਤਰ ਸਿੰਘ ਨੇ ਦੱਸਿਆ ਕਿ ਸ਼ਿਵਸਾਗਰ ਇਲਾਕੇ ਦੇ ਡੀ ਸੀ ਅਤੇ ਏ ਡੀ ਸੀ ਨਾਲ ਵੀ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ






ਰਾਹਤ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਖਾਲਸਾ ਏਡ ਦੀਆਂ ਟੀਮਾਂ ਸਥਾਨਕ ਪ੍ਰਸ਼ਾਸਨ ਤੇ ਲੋਕਾਂ ਨਾਲ ਮਿਲ ਕੇ ਜ਼ਮੀਨੀ ਪੱਧਰ 'ਤੇ ਲੋੜ ਅਨੁਸਾਰ ਕੰਮ ਕਰ ਰਹੀਆਂ ਹਨ।ਪ੍ਰਭਾਵਿਤ ਪਰਵਾਰਾਂ ਨੂੰ ਰਾਸ਼ਨ, ਸੁੱਕਾ ਰਾਸ਼ਨ, ਦਵਾਈਆਂ, ਬਰਤਨ, ਤਰਪਾਲਾਂ ਅਤੇ ਚਟਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਪਵਿੱਤਰ ਸਿੰਘ ਨੇ ਦੱਸਿਆ ਕਿ ਸਭ ਤੋਂ ਵੱਡੀ ਸਮੱਸਿਆ ਇਸ ਸਮੇਂ ਲੋਕਾਂ ਦੇ ਘਰਾਂ ਵਿੱਚ ਜਮ੍ਹਾਂ ਹੋਇਆ ਗਾਰਾ ਹੈ। ਇਸ ਗਾਰੇ ਨੂੰ ਬਾਹਰ ਕੱਢਣ ਲਈ ਜੇਸੀਬੀ ਮਸ਼ੀਨਾਂ ਅਤੇ ਟਰੈਕਟਰ-ਟਰਾਲੀਆਂ ਦੀ ਮਦਦ ਲਈ ਜਾ ਰਹੀ ਹੈ। ਟੀਮਾਂ ਵੱਲੋਂ ਘਰਾਂ ਵਿੱਚੋਂ ਗਾਰਾ ਕੱਢ ਕੇ ਬਾਹਰ ਲਿਜਾਇਆ ਜਾ ਰਿਹਾ ਹੈ, ਤਾਂ ਜੋ ਲੋਕ ਆਪਣੇ ਘਰਾਂ ਨੂੰ ਦੁਬਾਰਾ ਰਹਿਣ ਯੋਗ ਬਣਾ ਸਕਣ। ਕਈ ਥਾਵਾਂ 'ਤੇ ਗਾਰੇ ਦੀ ਮੋਟੀ ਪਰਤ ਹੋਣ ਕਾਰਨ ਲੋਕ ਆਪਣੇ ਪੱਧਰ 'ਤੇ ਇਸ ਨੂੰ ਹਟਾਉਣ ਦੇ ਸਮਰੱਥ ਨਹੀਂ ਹਨ, ਇਸ ਲਈ ਮਸ਼ੀਨਰੀ ਦੀ ਮਦਦ ਨਾਲ ਇਹ ਕੰਮ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ।ਖਾਲਸਾ ਏਡ ਵੱਲੋਂ ਲੋਕਾਂ ਤੱਕ ਖਾਣ-ਪੀਣ ਦੀਆਂ ਵਸਤਾਂ, ਦਵਾਈਆਂ ਅਤੇ ਹੋਰ ਲੋੜੀਂਦਾ ਸਮਾਨ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਦੇ ਘਰਾਂ ਨੂੰ ਮੁੜ ਰਹਿਣ ਯੋਗ ਬਣਾਉਣ ਲਈ ਵੀ ਸਹਾਇਤਾ ਕੀਤੀ ਜਾ ਰਹੀ ਹੈ।ਪਵਿੱਤਰ ਸਿੰਘ ਨੇ ਕਿਹਾ ਕਿ ਖਾਲਸਾ ਏਡ ਦਾ ਮਕਸਦ ਸਿਰਫ਼ ਤੁਰੰਤ ਰਾਹਤ ਪਹੁੰਚਾਉਣਾ ਨਹੀਂ, ਸਗੋਂ ਪ੍ਰਭਾਵਿਤ ਪਰਿਵਾਰਾਂ ਨੂੰ ਇਸ ਔਖੀ ਘੜੀ ਵਿੱਚ ਆਪਣੇ ਪੈਰਾਂ 'ਤੇ ਮੁੜ ਖੜ੍ਹਾ ਕਰਨ ਲਈ ਹਰ ਸੰਭਵ ਸਹਿਯੋਗ ਦੇਣਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਲੋਕਾਂ ਦਾ ਰਹਿਣ-ਸਹਿਣ ਮੁੜ ਠੀਕ ਨਹੀਂ ਹੋ ਜਾਂਦਾ ਅਤੇ ਉਹ ਆਪਣੇ ਘਰਾਂ ਵਿੱਚ ਸੁਰੱਖਿਅਤ ਢੰਗ ਨਾਲ ਵਾਪਸ ਰਹਿਣ ਦੇ ਯੋਗ ਨਹੀਂ ਹੋ ਜਾਂਦੇ, ਖਾਲਸਾ ਏਡ ਵੱਲੋਂ ਸੇਵਾ ਕਾਰਜ ਜਾਰੀ ਰੱਖਣ ਦੀ ਪੂਰੀ ਕੋਸ਼ਿਸ਼ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਕਿਸੇ ਇੱਕ ਖੇਤਰ ਜਾਂ ਵਰਗ ਤੱਕ ਸੀਮਤ ਨਹੀਂ ਹੈ ਅਤੇ ਖਾਲਸਾ ਏਡ ਦੀਆਂ ਟੀਮਾਂ ਹਰ ਔਖੀ ਘੜੀ ਵਿੱਚ ਲੋੜਵੰਦ ਲੋਕਾਂ ਦੇ ਨਾਲ ਖੜ੍ਹਨ ਲਈ ਵਚਨਬੱਧ ਹਨ।

# 12 ਦਸੰਬਰ ਦੀ ਦੇਸ਼ ਪੱਧਰੀ ਦਿੱਲੀ ਰੈਲੀ ਇਤਿਹਾਸਕ ਹੋਵੇਗੀ : ਲਾਂਬਾ

**ਜਲੰਧਰ (ਰਾਜੇਸ਼ ਥਾਪਾ)**-ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ ਸ ਸ ਫ) ਦੀ ਇੱਕ ਸੂਬਾ ਪੱਧਰੀ ਮੀਟਿੰਗ ਜੱਥੇਬੰਦੀ ਦੇ ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਡਰਲ ਕੌਂਸਲ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਸਾਥੀ ਸੁਭਾਸ਼ ਲਾਂਬਾ ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਅਤੇ ਆਲ ਇੰਡੀਆ ਦੇ ਕੌਮੀਂ ਵਾਇਸ ਪ੍ਰਧਾਨ ਸਾਥੀ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਆਲ ਇੰਡੀਆ ਵਲੋਂ ਐਲਾਨੇ ਗਏ ਸੰਘਰਸ਼ਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਸੂਬਿਆਂ ਦੀਆਂ ਮੀਟਿੰਗਾਂ ਦਾ ਪ੍ਰੋਗਰਾਮ ਐਲਾਨਿਆ ਗਿਆ ਸੀ ਜਿਸਦੇ ਤਹਿਤ ਪ ਸ ਸ ਫ ਦੀ ਮੀਟਿੰਗ ਕੀਤੀ ਗਈ ਹੈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਲਾਂਬਾ ਨੇ ਅਗਲੇ ਸੰਘਰਸ਼ਾਂ ਦੀ ਜਾਣਕਾਰੀ ਦੰਦਿਆਂ ਦੱਸਿਆ ਕਿ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਕੇਂਦਰ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਵੱਲੋਂ 12 ਦਸੰਬਰ ਨੂੰ ਦਿੱਲੀ ਵਿਖੇ ਇੱਕ ਵਿਸ਼ਾਲ ਦੇਸ਼ ਪੱਧਰੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਅਗਲੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਸੂਬਿਆਂ ਦੀਆਂ ਸਰਕਾਰਾਂ ਵਲੋਂ ਮੁਲਾਜ਼ਮ ਅਤੇ ਪੈਨਸ਼ਨਰ ਵਿਰਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਸਰਕਾਰੀ ਅਦਾਰਿਆਂ ਨੂੰ ਖਤਮ ਕਰਕੇ ਕਾਰਪੋਰੇਟਾਂ ਨੂੰ ਦੇਸ਼ ਲੁੱਟਣ ਦੀ ਖੁੱਲ ਦਿੱਤੀ ਜਾ ਰਹੀ ਹੈ। ਉਹਨਾਂ ਆਖਿਆ ਕਿ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਵੱਲੋਂ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਸਰਕਾਰੀ ਵਿਭਾਗਾਂ ਦੀ ਅਕਾਰ-ਘਟਾਈ ਬੰਦ ਕੀਤੀ ਜਾਵੇ, ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮੰਹਿਗਾਈ ਦੇ ਅਨੁਪਾਤ ਨਾਲ ਮਕਾਨ ਕਿਰਾਏ ਭੱਤੇ ਵਿੱਚ ਵਾਧਾ ਕੀਤਾ ਜਾਵੇ। ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਨੇ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਪਿਛਲੇ ਸੰਘਰਸ਼ਾਂ ਦੀ ਤਰ੍ਹਾਂ ਹੀ 12 ਦਸੰਬਰ ਨੂੰ ਪ ਸ ਸ ਫ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਉਹਨਾਂ ਸੂਬੇ ਦੇ ਮੁਲਾਜ਼ਮ ਵਰਗ ਨੂੰ ਆਲ ਇੰਡੀਆ ਦੇ ਪ੍ਰੋਗਰਾਮਾਂ ਤਹਿਤ ਸਤੰਬਰ ਮਹੀਨੇ ਵਿੱਚ ਬਲਾਕ ਪੱਧਰੀ ਅਤੇ ਅਕਤੂਬਰ ਅਤੇ ਨਵੰਬਰ ਵਿੱਚ ਜ਼ਿਲ੍ਹਾ ਪੱਧਰੀ ਕਨਵੈਂਨਸ਼ਨਾ ਕਰਕੇ 12 ਦਸੰਬਰ ਦੀ ਤਿਆਰੀ ਕੀਤੀ ਜਾਵੇਗੀ। ਉਹਨਾਂ ਨੇ 27 ਅਗਸਤ ਨੂੰ ਸਮੂਹਕ ਛੁੱਟੀ ਲੈ ਕੇ ਐਕਸ਼ਨਾਂ ਵਿੱਚ ਸ਼ਮੂਲੀਆ ਦੀ ਅਪੀਲ ਵੀ ਕੀਤੀ। ਇਸ ਮੀਟਿੰਗ ਵਿੱਚ ਸਾਥੀ ਕਰਮਜੀਤ ਸਿੰਘ ਬੀਹਲਾ, ਗੁਰਬਿੰਦਰ ਸਿੰਘ ਸਸਕੌਰ, ਇੰਦਰਜੀਤ ਵਿਰਦੀ, ਕੁਲਦੀਪ ਪੂਰੋਵਾਲ, ਗੁਰਦੇਵ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਮਕੀਮਪੁਰ, ਅਨਿਲ ਕੁਮਾਰ, ਸਰਸ਼ਣ ਚੀਮਾ, ਬਿਮਲਾ ਰਾਣੀ, ਕੁਲਦੀਪ ਦੌੜਕਾ, ਗੁਰਬਿੰਦਰ ਸਿੰਘ ਖਮਾਣੋਂ, ਸੁਰਕੀਤ ਮੁਹਾਲੀ, ਪੁਸ਼ਪਿੰਦਰ ਪਿੰਕੀ, ਮਨਜੀਤ ਬਾਜਵਾ, ਗੁਰਪ੍ਰੀਤ ਸਿੰਘ ਚੋਹਕਾ, ਹਜ਼ਾਰਾ ਸਿੰਘ ਚੀਮਾ ਆਦਿ ਆਗੂ ਹਾਜ਼ਰ ਸਨ।




# ਸੰਤ ਸੰਮੇਲਨ ਦੇ ਸੰਬੰਧ 'ਚ ਮੀਟਿੰਗ

**ਆਦਮਪੁਰ (ਪਰਮਜੀਤ ਸਿੰਘ)**-ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਰਜਿਸਟਰ ਪੰਜਾਬ ਬਲਾਕ ਆਦਮਪੁਰ ਤੇ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਰਜਿਸਟਰ ਪੰਜਾਬ ਬਲਾਕ ਆਦਮਪੁਰ ਦੇ ਪ੍ਰਧਾਨ ਸੁਰਿੰਦਰ ਕੁਮਾਰ ਅਤੇ ਹੰਸ ਰਾਜ (ਐੱਮ ਈ ਐੱਸ) ਦੀ ਅਗਵਾਈ ਹੇਠ ਪਿੰਡ ਰਾਮ ਨਗਰ ਸ੍ਰੀ ਗੁਰੂ ਰਵਿਦਾਸ ਮੰਦਰ ਵਿਖੇ 16ਵਾਂ ਮਹਾਨ ਸੰਤ ਸੰਮੇਲਨ ਜੋ ਕੀ ਦਾਣਾ ਮੰਡੀ ਆਦਮਪੁਰ ਵਿਖੇ ਹੋਣ 21 ਨਵੰਬਰ 2026 ਦਿਨ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ, ਦੇ ਸਬੰਧੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸੇਵਾਦਾਰ ਅਤੇ ਕਮੇਟੀ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤੇ ਇਸ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਕੀਤੀਆਂ ਗਈਆਂ ਹਨ । ਇਸ ਮੀਟਿੰਗ ਵਿੱਚ ਪ੍ਰਧਾਨ ਸੁਰਿੰਦਰ ਕੁਮਾਰ, ਸੈਕਟਰੀ ਸੁਰਿੰਦਰ ਬੱਧਣ, ਕੈਸ਼ੀਅਰ ਸੁਰੇਸ਼ ਕੁਮਾਰ, ਸੋਹਨਜੀਤ ਹਰੀਪੁਰ, ਮੋਹਨ ਲਾਲ ਪੱਪਾ ਆਦਮਪੁਰ, ਹੰਸ ਰਾਜ ਐੱਮ ਈ ਐੱਸ ਖੁਰਦਪੁਰ, ਬਲਵੀਰ ਸਿੰਘ ਚੁੰਬਰ ਰਾਮ ਨਗਰ, ਮਨਜੀਤ ਸਿੰਘ ਨੈਸ਼ਨਲ ਆਦਮਪੁਰ, ਵੀ ਕੇ ਭਾਟੀਆ ਤੇ ਹੋਰ ਸੇਵਦਾਰ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਸਿੱਖਿਆਵਾਂ ਤੋਂ ਲੋਕਾਂ ਨੂੰ ਕਰਵਾਇਆ ਜਾ ਰਿਹਾ ਜਾਣੂ : ਰੰਧਾਵਾ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਡੇਰਾਬਸੀ ਬਲਾਕ ਦੇ ਪਿੰਡ ਸਿਤਾਬਗੜ੍ਹ, ਸਾਧਨਗਰ ਕਲੋਨੀ ਅਤੇ ਤ੍ਰਿਵੈਦੀ ਕੈਂਪ ਵਿਖੇ ਐੱਲ ਈ ਡੀ ਸਕਰੀਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਪਦੇਸ਼ਾਂ ਅਤੇ ਮਹਾਨ ਫਲਸਫੇ 'ਤੇ ਆਧਾਰਿਤ ਲਗਭਗ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਗਈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹਲਕਾ ਵਿਧਾਇਕ ਡੇਰਾਬੱਸੀ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦਾ ਮੁੱਖ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਵੱਲੋਂ ਦਿੱਤੇ ਗਏ ਸਮਾਨਤਾ, ਭਾਈਚਾਰਕ ਸਾਂਝ, ਮਨੁੱਖਤਾ ਅਤੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਦਸਤਾਵੇਜ਼ੀ ਫਿਲਮ ਰਾਹੀਂ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜ ਸੁਧਾਰ ਲਈ ਦਿੱਤੇ ਗਏ ਅਮੁੱਲ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਸਮਾਜ ਨੂੰ ਜਾਤ-ਪਾਤ ਅਤੇ ਉਚ-ਨੀਚ ਤੋਂ ਉੱਪਰ ਉੱਠ ਕੇ ਆਪਸੀ ਪਿਆਰ, ਸਾਂਝ ਅਤੇ ਬਰਾਬਰੀ ਨਾਲ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਸ੍ਰੀ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡਾਂ ਅਤੇ ਵੱਖ-ਵੱਖ ਖੇਤਰਾਂ ਵਿੱਚ ਐੱਲ ਈ ਡੀ ਸਕਰੀਨਾਂ ਰਾਹੀਂ ਦਿਖਾਈ ਜਾ ਰਹੀ ਹੈ, ਤਾਂ ਜੋ ਨੌਜਵਾਨ ਪੀੜ੍ਹੀ ਸਮੇਤ ਸਮਾਜ ਦਾ ਹਰ ਵਰਗ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਾਨ ਵਿਚਾਰਧਾਰਾ ਅਤੇ ਜੀਵਨ ਤੋਂ ਪ੍ਰੇਰਨਾ ਲੈ ਸਕੇ।ਪਿੰਡ ਸਿਤਾਬਗੜ੍ਹ, ਸਾਧਨਗਰ ਕਲੋਨੀ ਅਤੇ ਤ੍ਰਿਵੈਦੀ ਕੈਂਪ ਦੇ ਵਸਨੀਕਾਂ ਨੇ ਵੀ ਵੱਡੀ ਗਿਣਤੀ ਵਿੱਚ ਇਸ ਦਸਤਾਵੇਜ਼ੀ ਫਿਲਮ ਨੂੰ ਦੇਖਿਆ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।



# ਵਿੱਤ ਮੰਤਰੀ ਨੇ ਅਧਿਆਪਕਾਂ, ਸਿੱਖਿਆ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੀ ਗੱਲਬਾਤ

## ਵਿਭਾਗ ਨੂੰ ਮੰਗਾਂ ਦੇ ਹੱਲ ਦੇ ਦਿੱਤੇ ਨਿਰਦੇਸ਼



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਅੱਜ ਇਥੇ ਵੱਖ-ਵੱਖ ਅਧਿਆਪਕਾਂ ਅਤੇ ਸਿੱਖਿਆ ਮੁਲਾਜ਼ਮਾਂ ਦੀਆਂ ਯੂਨੀਅਨਾਂ ਦੇ ਨਾਲ-ਨਾਲ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਸ਼ਿਕਾਇਤਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਲੜੀਵਾਰ ਮੀਟਿੰਗਾਂ ਕੀਤੀਆਂ।ਗੱਲਬਾਤ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਨੂੰ ਵਿਭਾਗੀ ਪੱਧਰ 'ਤੇ ਹੱਲ ਹੋਣ ਵਾਲੇ ਮਸਲਿਆਂ ਦਾ ਤੁਰੰਤ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਵਿੱਤੀ ਦੇਣਦਾਰੀਆਂ ਨਾਲ ਸਬੰਧਤ ਮੰਗਾਂ ਦੇ ਤੁਰੰਤ ਤੇ ਢੁਕਵੇਂ ਹੱਲ ਲਈ ਉਨ੍ਹਾਂ ਅਧਿਕਾਰੀਆਂ ਨੂੰ ਵਿੱਤ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਨੁਮਾਇੰਦਿਆਂ ਦੀ ਸਾਂਝੀ ਮੀਟਿੰਗ ਬੁਲਾਉਣ ਦੀ ਹਦਾਇਤ ਕੀਤੀ।ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨਾਲ ਹੋਈ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਮੰਗ ਪੱਤਰ ਵਿੱਚ ਦਰਜ ਮੁੱਦੇ ਪਹਿਲਾਂ ਹੀ ਵਿਚਾਰ ਅਧੀਨ ਹਨ ਅਤੇ ਇਨ੍ਹਾਂ ਦਾ ਢੁਕਵਾਂ ਹੱਲ ਕੱਢਿਆ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ।

# ਸਾਧਵੀ ਨਿਰੰਜਨ ਜੋਤੀ ਨੂੰ ਮਿਲੇ ਓ ਬੀ ਸੀ ਮੋਰਚਾ ਦੇ ਆਗੂ, ਮੁੱਦਿਆਂ 'ਤੇ ਚਰਚਾ

**ਬਲਾਚੌਰ ( ਜਸਵਿੰਦਰ ਬੈਂਸ)**-ਓ.ਬੀ.ਸੀ. ਮੋਰਚਾ ਪੰਜਾਬ ਦੇ ਇੱਕ ਉੱਚ ਪੱਧਰੀ ਪ੍ਰਤੀਨਿਧ ਮੰਡਲ (ਵਫ਼ਦ) ਨੇ ਨਵੀਂ ਦਿੱਲੀ ਵਿਖੇ ਰਾਸ਼ਟਰੀ ਪਿਛੜਾ ਵਰਗ ਕਮਿਸ਼ਨ ਦੀ ਚੇਅਰਪਰਸਨ ਸਾਧਵੀ ਨਿਰੰਜਨ ਜੋਤੀ ਨਾਲ ਇੱਕ ਵਿਸ਼ੇਸ਼ ਬੈਠਕ ਕੀਤੀ। ਮੁਲਾਕਾਤ ਦੌਰਾਨ ਪੰਜਾਬ ਦੇ ਪਿਛੜੇ ਵਰਗ ਓ. ਬੀ. ਸੀ. ਨਾਲ ਸੰਬੰਧਤ ਅਹਿਮ ਮੁੱਦਿਆਂ, ਸਮੱਸਿਆਵਾਂ ਅਤੇ ਉਨ੍ਹਾਂ ਦੇ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਲੈ ਕੇ ਚਰਚਾ ਕੀਤੀ ਗਈ। ?ਵਫ਼ਦ ਨੇ ਉਚੇਚੇ ਤੌਰ 'ਤੇ ਬਲਾਚੌਰ ਖੇਤਰ ਦੇ ਨਾਲ-ਨਾਲ ਰੋਪੜ, ਨਵਾਂਸ਼ਹਿਰ ਅਤੇ ਗੜ੍ਹਸ਼ੰਕਰ ਦੇ ਪਿਛੜੇ ਤੇ ਪੇਂਡੂ ਇਲਾਕਿਆਂ ਦੀਆਂ ਸਮੱਸਿਆਵਾਂ ਵੱਲ ਚੇਅਰਪਰਸਨ ਦਾ ਧਿਆਨ ਦਿਵਾਇਆ। ਇਨ੍ਹਾਂ ਇਲਾਕਿਆਂ ਵਿੱਚ ਬੁਨਿਆਦੀ ਢਾਂਚਾ ਤੇ ਵਿਕਾਸ ਪੇਂਡੂ ਤੇ ਪਿਛੜੇ ਖੇਤਰਾਂ ਵਿੱਚ ਸੜਕਾਂ, ਸਿਹਤ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਅਵਸਰ ਪੈਦਾ ਕਰਨ ਅਤੇ ਉੱਚ ਗੁਣਵੱਤਾ ਵਾਲੀ ਸਿੱਖਿਆ ਦੀ ਪ੍ਰਾਪਤੀ ਸੁਨਿਸਚਿਤ ਕਰਨ ਦੀ ਮੰਗ ਕੀਤੀ ਗਈ।ਓ. ਬੀ.ਸੀ. ਸਮਾਜ ਦੇ ਅਧਿਕਾਰਾਂ ਦੀ ਰਾਖੀ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣਾ। ?ਕਮਿਸ਼ਨ ਦੀ ਚੇਅਰਪਰਸਨ ਸਾਧਵੀ ਨਿਰੰਜਨ ਜੋਤੀ ਨੇ ਵਫ਼ਦ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਢੁਕਵੇਂ ਪੱਧਰ 'ਤੇ ਯੋਗ ਕਦਮ ਚੁੱਕੇ ਜਾਣਗੇ। ?ਇਸ ਵਫ਼ਦ ਵਿੱਚ ਓ.ਬੀ.ਸੀ. ਮੋਰਚਾ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਰਜਿੰਦਰ ਬਿੱਟਾ, ਮੌਜੂਦਾ ਸੂਬਾ ਪ੍ਰਧਾਨ ਸ਼ਿਵਰਾਜ ਚੌਧਰੀ, ਮੀਤ ਪ੍ਰਧਾਨ ਤਰਨ ਜੱਸੀ, ਵਿਜੇ ਭਾਟੀਆ, ਸੰਡ੍ਰੇਵਾਲ (ਬਲਾਚੌਰ), ਚੰਦੀ, ਸਦੀਰ ਸੋਨੂ (ਖੰਨਾ), ਸੀਤਾਰਾਮ, ਅਬੋਰ ਅਤੇ ਹੋਰ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



# ਫੂਡ ਸੇਫਟੀ ਵਿੰਗ ਵੱਲੋਂ ਚੈਕਿੰਗ ਮੁਹਿੰਮ, ਮਠਿਆਈਆਂ ਦੇ 8 ਸੈਂਪਲ ਲਏ

**ਕਪੂਰਥਲਾ (ਮਨਜੀਤ ਮਾਨ)**-ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੱਦੇਨਜ਼ਰ ਕਮਲਪ੍ਰੀਤ ਬ੍ਰਾਰ, ਕਮਿਸ਼ਨਰ, ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ, ਪੰਜਾਬ ਅਤੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹੇ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਸਮੂਹ ਫੂਡ ਕਾਰੋਬਾਰੀਆਂ ਨੂੰ ਅਪੀਲ ਕੀਤੀ ਕਿ ਉਹ ਉੱਚ ਗੁਣਵੱਤਾ ਵਾਲਾ ਕੱਚਾ ਮਾਲ ਹੀ ਵਰਤਣ, ਖਾਧ ਪਦਾਰਥ ਸਾਫ਼-ਸੁਥਰੇ ਵਾਤਾਵਰਣ ਵਿੱਚ ਤਿਆਰ ਕਰਨ ਅਤੇ ਤਿਆਰ ਖਾਧ ਸਮੱਗਰੀ ਨੂੰ ਹਰ ਸਮੇਂ ਢੱਕ ਕੇ ਰੱਖਣ ਤਾਂ ਜੋ ਆਮ ਲੋਕਾਂ ਨੂੰ ਸੁਰੱਖਿਅਤ, ਸ਼ੁੱਧ ਅਤੇ ਮਿਆਰੀ ਖਾਧ ਪਦਾਰਥ ਉਪਲਬਧ ਕਰਵਾਏ ਜਾ ਸਕਣ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਦੀ ਯੋਗ ਨਿਗਰਾਨੀ ਹੇਠ ਫੂਡ ਸੇਫਟੀ ਵਿੰਗ ਕਪੂਰਥਲਾ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਚੈਕਿੰਗ ਅਭਿਆਨ ਚਲਾਇਆ ਗਿਆ। ਇਸ ਅਭਿਆਨ ਦੀ ਅਗਵਾਈ ਡਾ. ਹਰਜੋਤ ਪਾਲ ਸਿੰਘ, ਸਹਾਇਕ ਕਮਿਸ਼ਨਰ (ਫੂਡ) ਵੱਲੋਂ ਕੀਤੀ ਗਈ, ਜਦਕਿ ਟੀਮ ਵਿੱਚ ਰਮਨ ਵਿਰਦੀ, ਫੂਡ ਸੇਫਟੀ ਅਫ਼ਸਰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਚੈਕਿੰਗ ਮੁਹਿੰਮ ਦੌਰਾਨ ਟੀਮ ਵੱਲੋਂ ਨਡਾਲਾ, ਬੇਗੋਵਾਲ ਅਤੇ ਕਲੱਸ ਖੇਤਰ ਦੀਆਂ ਵੱਖ-ਵੱਖ [illegible] ਕੁੱਲ 8 ਸੈਂਪਲ ਲਏ ਗਏ, [illegible] ਗੁਲਾਬ ਜਾਮੁਨ, [illegible] ਲੈਬਾਰਟਰੀ ਭੇਜੇ ਗਏ ਹਨ [illegible]




# ਜਿੰਪਾ ਨੇ ਲੋਕ ਮਿਲਣੀ ਦੌਰਾਨ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਹੁਸ਼ਿਆਰਪੁਰ (ਓ ਪੀ ਰਾਣਾ)**-ਵਿਧਾਇਕ ਬ੍ਰਮ ਸ਼ੰਕਰ ਜਿੰਪਾ [illegible] ਜਿੰਪਾ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਅਤੇ ਇਲਾਕੇ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਸਮਾਗਮ ਦਾ ਉਦੇਸ਼ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਨਾ ਅਤੇ ਸਬੰਧਤ ਵਿਭਾਗਾਂ ਰਾਹੀਂ ਉਨ੍ਹਾਂ ਦਾ ਸਮਾਂਬੱਧ ਹੱਲ [illegible] ਜਨਸੇਵਾ ਲਈ ਹੋਰ ਵੀ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਸਰਪੰਚ ਅਵਨੀਤਾ, ਅਸ਼ੋਕ ਕੁਮਾਰ ਸ਼ੌਂਕੀ, ਸਾਬਕਾ ਸਰਪੰਚ ਗੁਰਜੀਤ ਰਾਮ ਲੋਂਗੜੀ, ਭਜਨ ਸਿੰਘ ਮੱਟੀ, ਬਲਾਕ ਪ੍ਰਧਾਨ ਬਖ਼ਤਾਵਰ ਸਿੰਘ, ਸਤੀਸ਼ ਕੁਮਾਰ ਅਤੇ ਰਾਜਨ ਸੈਨੀ ਸਮੇਤ ਇਲਾਕੇ ਦੇ ਪਤਵੰਤੇ ਵੀ ਹਾਜ਼ਰ ਸਨ।

# ਡੱਲਾ ਤੇ ਰਾਮ ਰਾਏ ਸਕੂਲ ਦੇ ਵਿਦਿਆਰਥੀ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**-ਪਰਮ ਸੇਵਾ ਵੈੱਲਫੇਅਰ ਸੋਸਾਇਟੀ (ਰਜਿ.), ਪੰਜਾਬ ਪਿਛਲੇ ਗਿਆਰਾਂ ਸਾਲਾਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਆਪਣੇ ਸੁਹਿਰਦ ਮੈਂਬਰਾਂ ਦੇ ਸਹਿਯੋਗ ਨਾਲ ਲੋੜਵੰਦ ਮਰੀਜ਼ਾਂ ਦੇ ਇਲਾਜ ਲਈ ਤੇ [illegible] ਹਰਬੰਸ ਸਿੰਘ, ਸਮਰੱਥ ਸਿੰਘ, ਸੁਰਜੀਤ ਸੁਮਨ, ਸੁਰਿੰਦਰ ਸਿੰਘ (ਐੱਲ ਆਈ ਸੀ), ਮਾਸਟਰ ਰਵਿੰਦਰ ਸਿੰਘ ਅਤੇ ਮਾਸਟਰ ਲਛਮਣ ਸਿੰਘ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਡੱਲਾ ਸਕੂਲ ਦੇ ਹੀ ਵਿਦਿਆਰਥੀ ਰਹੇ, ਹਾਜ਼ਰ ਸਨ। ਮੈਂਬਰਾਂ ਵੱਲੋਂ ਆਪਣੀ ਜ਼ਿੰਦਗੀ ਦੇ ਤਲਖ਼ ਤੇ ਕੌੜੇ-ਮਿੱਠੇ ਤਜਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਅਗਾਂਹਵਧੂ ਵਿਚਾਰਾਂ ਦੇ ਧਾਰਨੀ ਹੋਣ ਲਈ ਪ੍ਰੇਰਿਆ। ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਅਤੇ ਜਨਰਲ ਸਕੱਤਰ ਸੁਰਜੀਤ ਸੁਮਨ ਨੇ ਦੱਸਿਆ ਕਿ ਡੱਲਾ ਸਕੂਲ ਦੇ ਅੱਠਵੀ, ਦਸਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਜਸ਼ਨਪ੍ਰੀਤ ਕੌਰ, ਜਸਲੀਨ ਕੌਰ, ਐਂਜਲ ਕੁਮਾਰੀ, ਸੁਖਮਨਜੀਤ ਕੌਰ, ਪ੍ਰਭਜੀਤ ਕੌਰ, ਹਰਮਨ ਸਿੰਘ, [illegible] ਸਿੰਘ, ਗੁਰਸ਼ਾਂਤ ਸਿੰਘ, ਗੁਰਨੀਤ ਕੌਰ, ਜਸਕਰਨ ਸਿੰਘ, ਹਰਸ਼ਦੀਪ ਕੌਰ ਅਤੇ ਕੋਮਲਪ੍ਰੀਤ ਕੌਰ ਨੂੰ ਪੜ੍ਹਾਈ ਪ੍ਰਤੀ ਉਤਸ਼ਾਹਿਤ ਕਰਨ ਦੇ ਉਪਰਾਲੇ ਵਜੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਡੱਲਾ ਅਤੇ ਰਾਮਰਾਏ ਪਬਲਿਕ ਸਕੂਲ ਦੇ ਪ੍ਰਿੰਸੀਪਲ ਜਗਮੋਹਨ ਸਿੰਘ, ਇੰਚਾਰਜ ਲੈਕਚਰਾਰ ਕਰਮਜੀਤ ਕੌਰ, ਪਰਵਿੰਦਰ ਸਿੰਘ, ਬਲਵਿੰਦਰ ਸਿੰਘ, ਦਲਜੀਤ ਕੌਰ ਹੋਰ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



# ਛੋਟਾ ਹਾਥੀ ਤੇ ਕਾਰ 'ਚ ਟੱਕਰ, 5 ਜ਼ਖ਼ਮੀ



**ਫਿਲੌਰ (ਨਿਰਮਲ)**-[illegible] ਉਸ ਦੀ ਟੱਕਰ ਹੋ ਗਈ। ਟੱਕਰ ਏਨੀ ਜਬਰਦਸਤ ਸੀ ਕੀ ਕਾਰ ਦੀ ਇਕ ਸਾਈਡ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਈ, ਪਰ ਜਾਨੀ ਨੁਕਸਾਨ ਨਹੀਂ ਹੋਇਆ। ਕਾਰ ਦੇ ਵਿੱਚ ਚਾਰ ਵਿਅਕਤੀ ਸਵਾਰ ਸਨ ਜਿਨਾਂ ਵਿੱਚੋਂ ਦੋ ਵਿਅਕਤੀ ਅਤੇ ਦੋ ਔਰਤਾਂ ਸਨ ਜਿਨਾਂ ਦੇ ਕੁਝ ਮਾਮੂਲੀ ਸੱਟਾਂ ਲੱਗੀਆਂ ਅਤੇ ਛੋਟਾ ਹਾਥੀ ਚਾਲਕ ਦੇ ਵੀ ਕੁਝ ਮਾਮੂਲੀ ਸੱਟਾਂ ਲੱਗੀਆਂ। ਇਸ ਦੀ ਘਟਨਾ ਦੀ ਸੂਚਨਾ ਫਿਲੌਰ ਥਾਣੇ ਦੇ ਮੁਨਸ਼ੀ ਨੂੰ ਦੇ ਦਿੱਤੀ ਗਈ ਹੈ।

# ਤੀਆਂ ਦਾ ਤਿਉਹਾਰ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**-[illegible] ਮੁਟਿਆਰਾਂ ਨੇ ਲੋਕ ਗੀਤਾਂ, ਗਿੱਧੇ ਅਤੇ ਰਵਾਇਤੀ ਰਸਮਾਂ ਰਾਹੀਂ ਪੰਜਾਬੀ ਸੱਭਿਆਚਾਰ ਦੀ ਖੂਬਸੂਰਤ ਝਲਕ ਪੇਸ਼ ਕੀਤੀ। ਸਮਾਗਮ ਵਿੱਚ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਸਮੂਹ ਪਿੰਡ ਵਾਸੀਆਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਤੀਆਂ ਵਰਗੇ ਸੱਭਿਆਚਾਰਕ ਸਮਾਗਮ ਸਾਡੀ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਵਿਰਸੇ ਨਾਲ ਜੋੜਨ ਦਾ ਮਹੱਤਵਪੂਰਨ ਸਾਧਨ ਹਨ। ਉਨ੍ਹਾਂ ਕਿਹਾ ਕਿ ਅਜਿਹੇ ਤਿਉਹਾਰ ਸਾਡੀਆਂ ਪੁਰਾਤਨ ਰਵਾਇਤਾਂ, ਲੋਕ ਗੀਤਾਂ ਅਤੇ ਸਾਂਝੀ ਭਾਈਚਾਰਕ ਸਾਂਝ ਨੂੰ ਜਿਉਂਦਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਪਿੰਡ ਦੀ ਪੰਚਾਇਤ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਮਾਗਮ ਦੌਰਾਨ ਮਾਹੌਲ ਉਸ ਸਮੇਂ ਹੋਰ ਵੀ ਰੰਗੀਨ ਹੋ ਗਿਆ ਜਦੋਂ ਪਿੰਡ ਦੀਆਂ ਮੁਟਿਆਰਾਂ ਅਤੇ ਔਰਤਾਂ ਨੇ ਪੰਜਾਬੀ ਲੋਕ ਗੀਤਾਂ ਅਤੇ ਗਿੱਧੇ ਦੀਆਂ ਪੇਸ਼ਕਾਰੀਆਂ ਰਾਹੀਂ ਖੂਬ ਰੌਣਕਾਂ ਲਾਈਆਂ। ਪਿੰਡ ਵਾਸੀਆਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਤੀਆਂ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸ ਮੌਕੇ ਸਰਪੰਚ ਨਰਿੰਦਰਜੀਤ ਕੌਰ ਸੂਰੀ, ਜਗਤਾਰ ਸਿੰਘ ਪੰਚ, ਗੁਰਮੁਖ ਸਿੰਘ ਪੰਚ, ਜੀਤਾ, ਸਤਵਿੰਦਰ ਕੌਰ ਪੰਚ ਅਤੇ ਸਮੂਹ ਪੰਚਾਇਤ ਮੈਂਬਰ, ਡਾ. ਭੁਪਿੰਦਰ ਜੀਤ ਸਿੰਘ ਸੂਰੀ, ਪ੍ਰਸਿੱਧ ਪੰਜਾਬੀ ਫਿਲਮ ਅਦਾਕਾਰ ਸਿਮਰਨ ਸਹਿਜਪਾਲ ਅਤੇ ਹਲਕਾ ਬਲਾਚੌਰ ਤੋਂ ਸੈਨੀ ਵੈਲਫੇਅਰ ਬੋਰਡ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਸੈਨੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਅਜੇ ਮੰਗੂਪੁਰ ਦੀ ਅਗਵਾਈ ਹੇਠ ਵੱਖ ਵੱਖ ਪਾਰਟੀਆਂ ਛੱਡ ਕੇ ਕਾਂਗਰਸ 'ਚ ਸ਼ਾਮਲ ਹੋਏ

**ਬਲਾਚੌਰ (ਜਸਵਿੰਦਰ ਬੈਂਸ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸ ਪਾਰਟੀ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜ਼ਬੂਤ ਇਹ ਕਹਿਣਾ ਹੈ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ। ਬੀਤੇ ਦਿਨੀ ਬਲਾਚੌਰ ਸ਼ਹਿਰ ਦੇ ਵਾਰਡ ਨੰ-2 ਵਿਖੇ ਹਰਪ੍ਰੀਤ ਹੈਰੀ ਯੂਥ ਪ੍ਰਧਾਨ ਸ਼ਹਿਰੀ ਦੇ ਘਰ ਵਿਖੇ ਕਾਂਗਰਸ ਪਾਰਟੀ ਦੀ ਵਰਕਰ ਮਿਲਣੀ ਕੀਤੀ, ਜਿਸ ਵਿੱਚ ਲੋਕਾਂ ਨੂੰ ਕਾਂਗਰਸ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ ਅਤੇ ਨਿਵਾਸੀਆਂ ਵੱਲੋਂ ਕਾਂਗਰਸ ਪਾਰਟੀ ਲਈ ਭਰਵਾਂ ਹੁੰਗਾਰਾ ਮਿਲਿਆ।ਇਸ ਮੌਕੇ ਕ੍ਰਿਸ਼ਨਾ ਦੇਵੀ, ਰਜਨੀ, ਜੈ, ਅਜੇ, ਸੰਨੀ, ਅੱਲਾ ਰੱਖਾ, ਗੋਬਿੰਦ, ਤਾਰੀ ਵੱਖ-ਵੱਖ ਪਾਰਟੀਆਂ ਨੂੰ ਛੱਡ ਪਰਵਾਰਾਂ ਸਮੇਤ ਕਾਂਗਰਸ ਪਰਿਵਾਰ ਵਿੱਚ ਵਾਧਾ ਕਰਦੇ ਹੋਏ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ। ਅਜੇ ਮੰਗੂਪੁਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕਾਂ ਦਾ ਕਾਂਗਰਸ ਪਾਰਟੀ ਵੱਲ ਵੱਧ ਰਿਹਾ ਵਿਸ਼ਵਾਸ ਕਾਂਗਰਸ ਪਾਰਟੀ ਦੀ ਜਿੱਤ ਤੇ ਪੱਕੀ ਮੋਹਰ ਲਗਾ ਰਿਹੈ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸਕੱਤਰ, ਚਮਨ ਲਾਲ ਭੁੰਬਲਾ ਸੀਨੀਅਰ ਆਗੂ, ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ, ਮੋਹਿੰਦਰ ਪਾਲ ਚੇਅਰਮੈਨ, ਸੋਮਨਾਥ ਤਕਲਾ ਮੀਤ ਪ੍ਰਧਾਨ, ਹਰਪ੍ਰੀਤ ਹੈਰੀ ਯੂਥ ਪ੍ਰਧਾਨ ਸ਼ਹਿਰੀ, ਪਰਮਜੀਤ ਕੌਰ ਪੰਮੀ ਮਹਿਲਾ ਪ੍ਰਧਾਨ ਸ਼ਹਿਰੀ, ਰਾਣੀ ਵਿਜੇ ਜਨਰਲ ਸਕੱਤਰ ਡੀ ਸੀ ਸੀ, ਮਨਦੀਪ ਕੌਰ ਮੀਨਾ ਮਹਿਲਾ ਆਗੂ, ਲਕਸ਼ਮੀ ਦੇਵੀ ਜਨਰਲ ਸਕੱਤਰ ਮਹਿਲਾ ਵਿੰਗ, ਗੀਤਾ ਦੇਵੀ ਪ੍ਰਧਾਨ, ਸੀਮਾ ਦੇਵੀ, ਹਰਮਨਜੀਤ ਸਿੰਘ, ਆਤਮਾ ਰਾਮ ਸੀਨੀਅਰ ਆਗੂ, ਨਰੇਸ਼ ਚੌਧਰੀ ਕੌਂਸਲਰ, ਦਲੇਲ ਸੈਨੀ ਸੀਨੀਅਰ ਆਗੂ, ਗੁਰਜਿੰਦਰ ਸਿੰਘ ਪੱਪੂ ਸੀਨੀਅਰ ਆਗੂ, ਪਰਮਿੰਦਰ ਮੇਨਕਾ ਪ੍ਰਧਾਨ ਬੀਸੀ ਸੈੱਲ, ਬਲਵੀਰ ਢੌਸਾ, ਦਿਨੇਸ਼ ਬੈਂਸ ਐਸ ਸੀ ਸੈੱਲ ਪ੍ਰਧਾਨ ਸ਼ਹਿਰੀ, ਦਿਨੇਸ਼ ਕੁਮਾਰ ਆਗੂ, ਮਹਿੰਦਰ ਪਾਲ ਸੈਨੀ, ਰਾਮਪਾਲ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।



# ਰਾਜ ਸੂਚਨਾ ਕਮਿਸ਼ਨਰ ਨੇ ਪੱਛਮੀ ਕਮਾਂਡ ਦੇ ਜੀ ਓ ਸੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਨੇ ਚੰਡੀਮੰਦਰ ਵਿਖੇ ਪੱਛਮੀ ਕਮਾਂਡ ਦੇ ਜਨਰਲ ਅਫਸਰ ਕਮਾਂਡਿੰਗ (ਜੀ ਓ ਸੀ), ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ, ਏ ਵੀ ਐੱਸ ਐੱਮ, ਐੱਸ ਐੱਮ ਨਾਲ ਮੁਲਾਕਾਤ ਕੀਤੀ ਅਤੇ ਭਾਰਤ ਦੀ ਅਮੀਰ ਫੌਜੀ ਵਿਰਾਸਤ ਅਤੇ ਸ਼ਾਨਾਮੱਤੇ ਇਤਿਹਾਸ ਬਾਰੇ ਸਾਰਥਕ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੌਰਾਨ, ਹਰਪ੍ਰੀਤ ਸੰਧੂ ਨੂੰ ਆਪਣੀ ਕਲਾਕਿਰਤ, 'ਪੀਕੌਕ-ਦ ਗਲੋਰੀ ਆਫ਼ ਇੰਡੀਆ', ਜੋ ਕਿ ਦੇਸ਼ ਦੇ ਸੱਭਿਆਚਾਰ ਦੇ ਮਾਣ ਦਾ ਪ੍ਰਤੀਕ ਹੈ, ਦੇ ਨਾਲ-ਨਾਲ ਆਪਣੀ ਕੌਫੀ ਟੇਬਲ ਕਿਤਾਬ 'ਸੁਖਨਾ ਝੀਲ ਐਟ ਡਾਨ' ਪੇਸ਼ ਕੀਤੀ, ਜੋ ਕਿ ਚੰਡੀਗੜ੍ਹ ਦੇ ਨਿਰਮਾਣ ਦੇ 75ਵੇਂ ਸਾਲ ਅਤੇ ਸ਼ਹਿਰ ਦੀ ਆਰਕੀਟੈਕਚਰਲ, ਸੱਭਿਆਚਾਰਕ ਅਤੇ ਕੁਦਰਤੀ ਵਿਰਾਸਤ ਦੇ ਜਸ਼ਨਾਂ ਨੂੰ ਸਮਰਪਿਤ ਹੈ। ਉਨ੍ਹਾਂ ਨੇ ਆਪਣੇ ਖੋਜ ਪ੍ਰਕਾਸ਼ਨ, 'ਵੀਟ ਫੀਲਡਜ਼ ਆਫ਼ ਪੰਜਾਬ-ਦਸਪਿਰਿਟ ਆਫ਼ ਵਿਸਾਖੀ' ਵੀ ਪੇਸ਼ ਕੀਤੀ, ਜੋ ਕਿ ਪੰਜਾਬ ਦੀ ਖੇਤੀਬਾੜੀ ਵਿਰਾਸਤ ਦੇ ਦਸਤਾਵੇਜ਼ੀਕਰਨ ਅਤੇ ਇਸ ਧਰਤੀ ਅਤੇ ਇੱਥੋਂ ਦੇ ਲੋਕਾਂ ਨਾਲ ਭਾਰਤੀ ਫੌਜ ਦੇ ਅਟੁੱਟ ਰਿਸ਼ਤੇ ਨੂੰ ਮਾਨਤਾ ਦੇਣ ਲਈ ਇੱਕ ਅਹਿਮ ਯੋਗਦਾਨ ਦਾ ਪ੍ਰਤੀਕ ਹੈ।ਪੱਛਮੀ ਕਮਾਂਡ ਦੇ ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼, ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ, ਏਵੀਐਸਐਮ, ਐਸਐਮ, ਨੇ ਰਾਜ ਸੂਚਨਾ ਕਮਿਸ਼ਨਰ, ਪੰਜਾਬ, ਹਰਪ੍ਰੀਤ ਸੰਧੂ ਨੂੰ ਪੱਛਮੀ ਕਮਾਂਡ ਦਾ ਇਨਸਿਗਨੀਆ ਭੇਟ ਕਰਕੇ ਸਨਮਾਨਿਤ ਕੀਤਾ ਜੋ ਕਿ ਭਾਰਤੀ ਫੌਜ ਦੀ ਬਹਾਦਰੀ, ਸੇਵਾ ਅਤੇ ਸਥਾਈ ਵਿਰਾਸਤ ਦਾ ਮਾਣਮੱਤਾ ਪ੍ਰਤੀਕ ਹੈ।



# ਨੰਬਰਦਾਰ ਮੰਗਲ ਸਿੰਘ ਭੱਲੜੀ ਦਾ ਅੰਤਿਮ ਸੰਸਕਾਰ



**ਭਲਾਣ (ਹਰਭਜਨ ਢਿੱਲੋ)**-ਬੀ ਐੱਸ ਐੱਨ ਐੱਲ ਵਿਭਾਗ ਦੇ ਐਕਸੀਅਨ ਗੁਰਨੈਬ ਸਿੰਘ ਗਰੇਵਾਲ ਦੇ ਪਿਤਾ ਮੰਗਲ ਸਿੰਘ ਗਰੇਵਾਲ (85) ਪਿੰਡ ਭੱਲੜੀ ਦਾ ਅੰਤਿਮ ਸੰਸਕਾਰ ਹੋਇਆ। ਉਹ ਆਪਣੇ ਪਿੱਛੇ ਹਰਿਆ ਭਰਿਆ ਪਰਵਾਰ ਛੱਡ ਕੇ ਇਸ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਗਏ। ਇਸ ਦੁੱਖ ਦੀ ਘੜੀ ਵਿੱਚ ਪ੍ਰਧਾਨ ਸਰਵਣ ਸਿੰਘ ਭੱਠਲ, ਜਥੇਦਾਰ ਮੋਹਨ ਸਿੰਘ ਢਾਹੇ, ਏ ਐੱਸ ਆਈ ਹਰਜਾਪ ਸਿੰਘ ਭਾਲੜ੍ਹ, ਉਪ ਪ੍ਰਧਾਨ ਸੁਰਜੀਤ ਸਿੰਘ, ਨੰਬਰਦਾਰ ਹਰਜਿੰਦਰ ਸਿੰਘ, ਮਹਿੰਦਰ ਸਿੰਘ ਦਿਆਲ, ਸੁਖਦੇਵ ਸਿੰਘ ਗਰੇਵਾਲ, ਕਾਮਰੇਡ ਤਰਸੇਮ ਸਿੰਘ ਭੱਲੜੀ, ਕਾਮਰੇਡ ਸੁਰਜੀਤ ਸਿੰਘ ਢੇਰ, ਗੁਰਚਰਨ ਸਿੰਘ ਸੋਢੀ ਸਰਪੰਚ ਮਜਾਰੀ, ਸਰਕਲ ਪ੍ਰਧਾਨ ਰਾਕੇਸ਼ ਵਰਮਾ, ਅਮਰਜੀਤ ਸਿੰਘ ਫੌਜੀ, ਸੋਹਣ ਸਿੰਘ ਗਰੇਵਾਲ, ਕੁਲਵੰਤ ਸਿੰਘ ਗਰੇਵਾਲ, ਸਾਬਕਾ ਪ੍ਰਧਾਨ ਜਰਨੈਲ ਸਿੰਘ ਗਰੇਵਾਲ, ਜੇ ਈ ਅਜਮੇਰ ਸਿੰਘ, ਮਾਸਟਰ ਰਣਜੀਤ ਸਿੰਘ ਭੱਲੜੀ, ਪਟਵਾਰੀ ਸਤਨਾਮ ਸਿੰਘ ਅਤੇ ਸਮੂਹ ਸਤਲੁਜ ਪ੍ਰੈਸ ਕਲੱਬ ਸੁਖਸਾਲ ਦੇ ਮੈਂਬਰ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਅੰਤਿਮ ਸੰਸਕਾਰ ਵਿੱਚ ਸ਼ਾਮਿਲ ਹੋਏ।

# ਨੌਜਵਾਨ ਵੋਟਰ ਸੂਚੀ 'ਚ ਆਪਣਾ ਨਾਂਅ ਦਰਜ ਕਰਵਾਉਣ: ਕਰਮਜੀਤ ਕੌਰ

**ਹੁਸ਼ਿਆਰਪੁਰ (ਓ ਪੀ ਰਾਣਾ)**-ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਲਗਾਏ ਗਏ ਵੋਟਰ ਰਜਿਸਟ੍ਰੇਸ਼ਨ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਕੈਂਪ ਦਾ ਦੌਰਾ ਕਰਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੋਟ ਪਾਉਣ ਦੇ ਅਧਿਕਾਰ ਅਤੇ ਲੋਕਤੰਤਰ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਬਾਰੇ ਜਾਗਰੂਕ ਕੀਤਾ।ਇਸ ਮੌਕੇ ਕਰਮਜੀਤ ਕੌਰ ਨੇ ਕਿਹਾ ਕਿ ਨੌਜਵਾਨ ਦੇਸ਼ ਦੇ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ। ਲੋਕਤੰਤਰੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰੇਕ ਯੋਗ ਨੌਜਵਾਨ ਦਾ ਵੋਟਰ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਵਾਉਣਾ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਜਿਹੜੇ ਨੌਜਵਾਨ ਵੋਟ ਪਾਉਣ ਦੀ ਨਿਰਧਾਰਤ ਉਮਰ ਪੂਰੀ ਕਰ ਚੁੱਕੇ ਹਨ, ਉਹ ਆਪਣਾ ਨਾਂਅ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਜ਼ਿੰਮੇਵਾਰੀ ਤੇ ਸਮਝਦਾਰੀ ਨਾਲ ਵਰਤੋਂ ਕਰਨ।ਉਨ੍ਹਾਂ ਕਿਹਾ ਕਿ ਵੋਟ ਪਾਉਣਾ ਸਿਰਫ਼ ਅਧਿਕਾਰ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦਾ ਮਹੱਤਵਪੂਰਨ ਫਰਜ਼ ਵੀ ਹੈ। ਨੌਜਵਾਨਾਂ ਦੀ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਦੇਸ਼ ਦੇ ਭਵਿੱਖ ਨੂੰ ਬਿਹਤਰ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਖੁਦ ਜਾਗਰੂਕ ਹੋਣ ਦੇ ਨਾਲ-ਨਾਲ ਆਪਣੇ ਪਰਿਵਾਰ ਅਤੇ ਆਸ-ਪਾਸ ਦੇ ਲੋਕਾਂ ਨੂੰ ਵੀ ਵੋਟਰ ਰਜਿਸਟ੍ਰੇਸ਼ਨ ਅਤੇ ਵੋਟ ਪਾਉਣ ਪ੍ਰਤੀ ਜਾਗਰੂਕ ਕਰਨ।ਇਸ ਦੌਰਾਨ ਉਨ੍ਹਾਂ 'ਮੇਰੀ ਵੋਟ, ਮੇਰਾ ਅਧਿਕਾਰ-ਮੇਰਾ ਫਰਜ਼' ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।ਇਸ ਮੌਕੇ ਸਰਕਾਰੀ ਕਾਲਜ ਦੀ ਪ੍ਰਿੰਸੀਪਲ ਡਾ. ਸਵਿਤਾ ਗੁਪਤਾ, ਅਸਿਸਟੈਂਟ ਪ੍ਰੋਫੈਸਰ ਅਤੇ ਐੱਸ ਆਈ ਆਰ ਨੋਡਲ ਅਫ਼ਸਰ ਤਜਿੰਦਰ ਸਿੰਘ ਅਤੇ ਈ ਐੱਲ ਸੀ ਤੇ ਸਵੀਪ ਕਮੇਟੀ ਦੇ ਮੈਂਬਰ ਹਾਜ਼ਰ ਸਨ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਤੀਜ ਕਮ ਫਰੈਸ਼ਰ ਪਾਰਟੀ

**ਕਪੂਰਥਲਾ (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਤੀਜ ਕਮ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਡਾਇਰੈਕਟਰ ਇੰਜੀ. ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਦਕਿ ਤੀਜ ਕੁਈਨ ਅਤੇ ਮਿਸਟਰ ਫਰੈਸ਼ਰ ਮੁਕਾਬਲਾ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ। ਵੱਖ-ਵੱਖ ਰਾਊਂਡ 'ਚੋਂ ਗੁਜ਼ਰਦਿਆਂ ਦਿਵਜੋਤ ਕੌਰ ਮਿਸ ਤੀਜ ਦੇ ਖ਼ਿਤਾਬ 'ਤੇ ਕਬਜ਼ਾ ਕਰਨ 'ਚ ਸਫ਼ਲ ਰਹੀ। ਰਵਨੀਤ ਕੌਰ ਫਸਟ ਅਤੇ ਹਰਗੁਣ ਕੌਰ ਸੈਕਿੰਡ ਰਨਰਅੱਪ ਰਹੀ, ਜਦਕਿ ਗੁਰਸਿਮਰਤ ਕੌਰ ਮਿਸ ਸਮਾਈਲ ਅਤੇ ਅੰਸ਼ਦੀਪ ਕੌਰ ਮਿਸ ਗ੍ਰੇਸਫੁਲ ਦਾ ਖਿਤਾਬ ਹਾਸਲ ਕਰਨ ਵਿੱਚ ਸਫਲ ਰਹੀ। ਲੜਕਿਆਂ ਦੇ ਮੁਕਾਬਲੇ 'ਚ ਤਰ੍ਹਾਂ ਮਨਰਾਜ ਸਿੰਘ ਮਿਸਟਰ ਫਰੈਸ਼ਰ, ਅਦਿਤਿਆ ਫਸਟ ਅਤੇ ਅਨੁਰਾਜ ਪਟੇਲ ਸੈਕਿੰਡ ਰਨਰ ਅਪ ਰਹੇ। ਇਸ਼ਪ੍ਰੀਤ ਮਿਸਟਰ ਹੈਂਡਸਮ ਤੇ ਮਹਿਤਾਬ ਸਿੰਘ ਬੈਸਟ ਟਰਬਨ ਦਾ ਖਿਤਾਬ ਹਾਸਲ ਕਰਨ ਵਿੱਚ ਸਫਲ ਰਹੇ। ਜੱਜਾਂ ਦੀ ਭੂਮਿਕਾ ਮੈਡਮ ਅਰਚਨਾ ਸ਼ਰਮਾ ਤੇ ਮੈਡਮ ਹਰਪ੍ਰੀਤ ਕੌਰ ਨੇ ਨਿਭਾਈ। ਪਹੁੰਚੇ ਮਹਿਮਾਨਾਂ ਅਤੇ ਸਟਾਫ ਮੈਂਬਰਾਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।



# ਡੇਰਾਬੱਸੀ ਵਿਖੇ ਮੈਗਾ ਜੌਬ ਫੇਅਰ ਅੱਜ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਮਾਡਲ ਕਰੀਅਰ ਸੈਂਟਰ ਐੱਸ ਏ ਐੱਸ ਨਗਰ ਵੱਲੋਂ 25 ਅਗਸਤ ਨੂੰ ਮੈਗਾ ਜੋਬ ਫੇਅਰ ਦਾ ਆਯੋਜਨ ਕਮਿਊਨਿਟੀ ਸੈਂਟਰ ਡੇਰਾਬੱਸੀ ਉਪ ਤਹਿਸੀਲ ਦਫਤਰ ਡੇਰਾ ਬੱਸੀ ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਇਸ ਜੋਬ ਫੇਅਰ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 02.00 ਵਜੇ ਤੱਕ ਹੋਵੇਗਾ।ਐੱਮ ਸੀ ਸੀ, ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਲਈ ਜੋਬ ਫੇਅਰ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੀ ਐੱਸ ਸੀ ਸੈਂਟਰ, ਐੱਨ ਆਈ ਆਈ ਟੀ ਲਿਮਿਟੇਡ, ਆਈ ਸੀ ਆਈ ਸੀ ਆਈ ਬੈਂਕ, 360 ਬਾਈਟਸ, ਡੈਨੋਨ ਨਿਊਟ੍ਰੀਸ਼ੀਆ ਇੰਟਰਨੈਸ਼ਨਲ ਪ੍ਰਾਈਵੇਟ ਲਿਮਿਟੇਡ, ਏਅਰਟੈੱਲ ਐਕਸਸਟ੍ਰੀਮ ਫਾਈਬਰ, ਟੀ ਸੀ ਐੱਸ ਆਈਆਨ ਥਰਡ ਪਾਰਟੀ, ਕੁਐਸ, ਕਾਵੇਰੀ ਸਰਵਿਸਿਜ਼, ਰਾਈਜ਼ਅੱਪ ਐੱਚ ਆਰ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਗੇਟਸ ਇੰਡੀਆ ਪ੍ਰਾਈਵੇਟ ਲਿਮਿਟੇਡ, ਬਲਿੰਕਿਟ, ਲਿੱਪਕਾਰਟ, ਜੀ.ਆਈ. ਗਰੁੱਪ, ਕਿਊਰੇਜਰਜ਼ ਹੈਲਥਕੇਅਰ, ਅਪੋਲੋ ਫਾਰਮੇਸੀਜ਼ ਲਿਮਿਟੇਡ, ਸਰਕਲ ਆਫ਼ ਕਰਸਟ,ਅਡੇਕੋ (ਏਅਰਟੈੱਲ), ਸਟਾਫਿੰਗ ਟਾਈਟਨਸ ਪ੍ਰਾਈਵੇਟ ਲਿਮਿਟੇਡ ਆਦਿ ਦੀਆਂ ਵੱਖ ਵੱਖ ਅਸਾਮੀਆਂ ਲਈ 10ਵੀ, 12ਵੀਂ ਅਤੇ ਗ੍ਰੈਜੂਏਟ ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਨੋਰਮਜ਼ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ। ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਜੋਬ ਫੇਅਰ ਵਿਚ ਭਾਗ ਲੈਣ ਲਈ ਆਪਦੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ, ਉਨ੍ਹਾਂ ਦੀਆ ਫੋਟੋ ਕਾਪੀਆਂ, ਰੀਜ਼ਿਊਮ ਦੀ 8-10 ਕਾਪੀਆਂ ਸਮੇਤ ਫਾਰਮਲ ਡਰੈੱਸ ਵਿੱਚ ਸਮੇਂ ਸਿਰ ਆਉਣ ਦੀ ਖੇਚਲ ਕਰਨ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਉਤਸਵ 6 ਨੂੰ

**ਲੋਹੀਆਂ ਖਾਸ (ਰੀਨਾ ਸ਼ਰਮਾ)**: ਸ੍ਰੀ ਨਰਮਦੇਸ਼ਵਰ ਮਹਾਦੇਵ ਮੰਦਰ ਤੇ ਸ੍ਰੀ ਗੀਤਾ ਭਵਨ, ਲੋਹੀਆਂ ਖਾਸ ਦੇ ਪਰਿਸਰ ਵਿੱਚ 6 ਸਤੰਬਰ, ਐਤਵਾਰ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਉਤਸਵ ਸ਼ਰਧਾ ਅਤੇ ਭਗਤੀ ਭਾਵ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪਹਿਲੀ ਮੂਰਤੀ ਸਥਾਪਨਾ ਅਤੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਵੀ ਕਰਵਾਇਆ ਜਾਵੇਗਾ।ਸਮਾਗਮ ਤਹਿਤ 4 ਸਤੰਬਰ, ਸ਼ੁੱਕਰਵਾਰ ਨੂੰ ਸਵੇਰੇ 7 ਵਜੇ ਹਵਨ ਅਤੇ ਸਵੇਰੇ 10 ਵਜੇ ਲੰਗਰ ਪ੍ਰਸਾਦ ਕਰਵਾਇਆ ਜਾਵੇਗਾ। 6 ਸਤੰਬਰ ਨੂੰ ਸ਼ਾਮ 7 ਵਜੇ ਤੋਂ ਰਾਤ 10 ਵਜੇ ਤੱਕ ਕੀਰਤਨ ਅਤੇ ਕਥਾ-ਵਿਚਾਰ ਹੋਣਗੇ। ਸਮਾਗਮ ਉਪਰੰਤ ਸ਼ਰਧਾਲੂਆਂ ਨੂੰ ਪ੍ਰਸਾਦ ਵਰਤਾਇਆ ਜਾਵੇਗਾ।ਜਨਮ ਅਸ਼ਟਮੀ ਮਹਾਉਤਸਵ ਦੌਰਾਨ ਠਾਕੁਰ ਜੀ ਦੀ ਮਟਕੀ ਤੋੜਨ ਦੀ ਲੀਲਾ ਅਤੇ ਛੱਪਣ ਭੋਗ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ। ਪ੍ਰਬੰਧਕਾਂ ਵੱਲੋਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਛੋਟੇ ਬੱਚਿਆਂ ਨੂੰ ਠਾਕੁਰ ਜੀ ਦੇ ਬਾਲ ਸਰੂਪ ਵਿੱਚ ਤਿਆਰ ਕਰਕੇ ਸਮਾਗਮ ਵਿੱਚ ਲੈ ਕੇ ਆਉਣ।ਇਸ ਮੌਕੇ ਵਰਿੰਦਾਵਨ ਤੋਂ ਪਹੁੰਚੇ ਕਥਾ ਵਾਚਕ ਯੋਗੇਸ਼ ਜੀ ਮਹਾਰਾਜ ਸ਼ਰਧਾਲੂਆਂ ਨੂੰ ਸ੍ਰੀ ਕ੍ਰਿਸ਼ਨ ਦੀ ਕਥਾ ਸਰਵਣ ਕਰਵਾਉਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਹਰ ਐਤਵਾਰ ਸ਼ਾਮ 5 ਵਜੇ ਤੋਂ 7 ਵਜੇ ਤੱਕ ਸ੍ਰੀ ਹਰਿ ਨਾਮ ਸੰਕੀਰਤਨ ਵੀ ਕਰਵਾਇਆ ਜਾਂਦਾ ਹੈ।ਸ੍ਰੀ ਹਰਿਨਾਮ ਸੰਕੀਰਤਨ ਮੰਡਲ ਅਤੇ ਸ੍ਰੀ ਗੀਤਾ ਭਵਨ ਸੇਵਾ ਕਮੇਟੀ, ਲੋਹੀਆਂ ਖਾਸ ਵੱਲੋਂ ਇਲਾਕਾ ਵਾਸੀਆਂ ਨੂੰ ਪਰਵਾਰ ਸਮੇਤ ਜਨਮ ਅਸ਼ਟਮੀ ਮਹਾਉਤਸਵ ਵਿੱਚ ਪਹੁੰਚ ਕੇ ਭਗਵਾਨ ਸ੍ਰੀ ਕ੍ਰਿਸ਼ਨ ਦਾ ਆਸ਼ੀਰਵਾਦ ਪ੍ਰਾਪਤ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਦੇ ਨਾਲ ਹੀ ਸ੍ਰੀ ਗੀਤਾ ਭਵਨ ਦੇ ਨਿਰਮਾਣ ਕਾਰਜ ਵਿੱਚ ਆਪਣੀ ਸਮਰੱਥਾ ਅਨੁਸਾਰ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ ਹੈ।

# ਸੀਵਰੇਜ ਤੇ ਵਾਟਰ ਸਪਲਾਈ ਦੇ ਕੰਮ ਦੀ ਸ਼ੁਰੂਆਤ

## 18 ਮਹੀਨਿਆਂ 'ਚ ਮੁਕੰਮਲ ਹੋਵੇਗਾ ਪ੍ਰੋਜੈਕਟ

**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**-ਲੋਹੀਆਂ ਖਾਸ ਸ਼ਹਿਰ ਵਿੱਚ ਸੀਵਰੇਜ ਅਤੇ ਵਾਟਰ ਸਪਲਾਈ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਪੰਜਾਬ ਸਰਕਾਰ ਵੱਲੋਂ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਇਸੇ ਤਹਿਤ ਨਵੇਂ ਸਰਕਾਰੀ ਆਈ ਟੀ ਆਈ ਲੋਹੀਆਂ ਖਾਸ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਦੌਰਾਨ ਸੀਵਰੇਜ ਤੇ ਵਾਟਰ ਸਪਲਾਈ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ।ਇਸ ਵਿਸ਼ੇਸ਼ ਪ੍ਰੋਗਰਾਮ ਵਿੱਚ ਹਲਕਾ ਸ਼ਾਹਕੋਟ ਦੇ ਇੰਚਾਰਜ ਪਰਮਿੰਦਰ ਸਿੰਘ ਪਿੰਡਰ ਪੰਡੋਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਵੱਲੋਂ ਸੀਵਰੇਜ ਅਤੇ ਵਾਟਰ ਸਪਲਾਈ ਨਾਲ ਸਬੰਧਤ ਕਾਰਜਾਂ ਦੀ ਸ਼ੁਰੂਆਤ ਟੱਕ ਲਗਾ ਕੇ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਜਲੰਧਰ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਅਤੇ ਬਾਬਾ ਸੁਰਜੀਤ ਸਿੰਘ ਸ਼ੰਟੀ ਸੀਚੇਵਾਲ, ਹਰਜਿੰਦਰ ਸਿੰਘ ਸੀਚੇਵਾਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ।ਪ੍ਰੋਜੈਕਟ ਤਹਿਤ ਲੋਹੀਆਂ ਖਾਸ ਸ਼ਹਿਰ ਵਿੱਚ ਸੀਵਰੇਜ ਪ੍ਰਬੰਧ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਵਾਟਰ ਸਪਲਾਈ ਦੇ ਢਾਂਚੇ ਵਿੱਚ ਵੀ ਸੁਧਾਰ ਕੀਤਾ ਜਾਵੇਗਾ। ਇਸ ਪੂਰੇ ਪ੍ਰੋਜੈਕਟ 'ਤੇ 27.58 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਨੂੰ 18 ਮਹੀਨਿਆਂ ਦੇ ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ।ਪ੍ਰੋਜੈਕਟ ਅਧੀਨ 3 ਐਮ.ਐਲ.ਡੀ. ਸਮਰੱਥਾ ਵਾਲਾ ਸੀਵਰੇਜ ਟ੍ਰੀਟਮੈਂਟ ਪਲਾਂਟ ਤਿਆਰ ਕੀਤਾ ਜਾਵੇਗਾ। ਇਸ ਦੇ ਨਾਲ 4.66 ਕਿਲੋਮੀਟਰ ਮੁੱਖ ਸੀਵਰੇਜ ਲਾਈਨ ਅਤੇ 6.20 ਕਿਲੋਮੀਟਰ ਲੰਬੀ ਰਾਈਜ਼ਿੰਗ ਮੇਨ ਲਾਈਨ ਵਿਛਾਈ ਜਾਵੇਗੀ। ਪ੍ਰੋਜੈਕਟ ਦੇ ਪੂਰਾ ਹੋਣ ਨਾਲ ਸ਼ਹਿਰ ਵਾਸੀਆਂ ਨੂੰ ਸੀਵਰੇਜ ਦੀ ਨਿਕਾਸੀ ਅਤੇ ਪਾਣੀ ਦੀ ਸਪਲਾਈ ਨਾਲ ਸਬੰਧਤ ਸਮੱਸਿਆਵਾਂ ਤੋਂ ਵੱਡੀ ਰਾਹਤ ਮਿਲਣ ਦੀ ਉਮੀਦ ਹੈ।ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸਾਫ਼ ਪਾਣੀ ਅਤੇ ਸੁਚੱਜੀ ਸੀਵਰੇਜ ਵਿਵਸਥਾ ਮੁਹੱਈਆ ਕਰਵਾਉਣਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਇਸ ਮੌਕੇ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰਧਾਨ ਸੋਮ ਨਾਥ, ਮੀਤ ਪ੍ਰਧਾਨ ਬਲਵਿੰਦਰ ਸਿੰਘ, ਸਰਬਜੀਤ ਸਿੰਘ ਸਾਬ ਚਤਰੱਥ, ਸਾਹਿਬ ਸਿੰਘ ਕੰਗ, ਮੱਖਣ ਸਿੰਘ ਠੇਕੇਦਾਰ, ਸਮੇਤ ਹੋਰ ਨਗਰ ਪੰਚਾਇਤ ਮੈਂਬਰ ਅਤੇ ਪਤਵੰਤੇ ਮੌਜੂਦ ਸਨ। ਇਸ ਮੌਕੇ ਨਗਰ ਪੰਚਾਇਤ ਦੇ ਨੁਮਾਇੰਦਿਆਂ ਵੱਲੋਂ ਮੁੱਖ ਮਹਿਮਾਨ ਪਰਮਿੰਦਰ ਸਿੰਘ ਪਿੰਡਰ, ਵਿਸ਼ੇਸ਼ ਮਹਿਮਾਨ ਅੰਮ੍ਰਿਤਪਾਲ ਸਿੰਘ ਅਤੇ ਬਾਬਾ ਸੁਰਜੀਤ ਸਿੰਘ ਸ਼ੰਟੀ, ਹਰਜਿੰਦਰ ਸਿੰਘ ਸੀਚੇਵਾਲ ਸਮੇਤ ਸਮਾਗਮ ਵਿੱਚ ਪਹੁੰਚੇ ਸਾਰੇ ਪਤਵੰਤਿਆਂ ਅਤੇ ਇਲਾਕਾ ਵਾਸੀਆਂ ਦਾ ਧੰਨਵਾਦ ਕੀਤਾ ਗਿਆ।



# ਸੇਵਾਮੁਕਤ ਮੁਲਾਜ਼ਮ ਦੇ ਨਾਂਅ ਅਲਾਟ ਕੁਆਰਟਰ 'ਚ ਰਹਿ ਰਿਹਾ ਪੁੱਤਰ, ਵਿਭਾਗ ਬੇਖ਼ਬਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮੋਰਿੰਡਾ ਨੇੜੇ ਵਾਟਰ ਵਰਕਸ ਕਜੌਲੀ ਜਿੱਥੋਂ ਮੇਨ ਭਾਖੜਾ ਬਿਆਸ ਨਹਿਰ 'ਚੋਂ ਪਾਣੀ ਚੰਡੀਗੜ੍ਹ ਨੂੰ ਜਾਂਦਾ ਹੈ, ਉੱਥੇ ਇਕ ਆਊਟਸੋਰਸ ਮੁਲਾਜ਼ਮ ਵੱਲੋਂ ਪਿਛਲੇ ਕਈ ਸਾਲਾਂ ਤੋਂ ਫੇਸ 1-2 ਦੇ ਮੁਲਾਜ਼ਮਾਂ ਦੇ ਕੁਆਰਟਰ 'ਚ ਰਹਿ ਕੇ ਤੇ ਮੱਝਾਂ ਰੱਖ ਕੇ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਜਦਕਿ ਸਬੰਧਿਤ ਵਿਭਾਗ ਦੇ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਪਏ ਹਨ। ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਇਸ ਮਸਲੇ ਦੀ ਘੋਖ ਲਈ ਕੁਆਰਟਰਾਂ ਦਾ ਦੌਰਾ ਕੀਤਾ ਗਿਆ ਤਾਂ ਦੇਖਿਆ ਕਿ ਉੱਥੇ ਆਊਟਸੋਰਸ 'ਚ ਕੰਮ ਕਰ ਰਿਹਾ ਸਰਬਜੀਤ ਸਿੰਘ ਰਹਿ ਰਿਹਾ ਹੈ, ਜਿਸ ਦੇ ਪਿਤਾ ਨੂੰ ਇਸ ਮਹਿਕਮੇ ਤੋਂ ਰਿਟਾਇਰਡ ਹੋਏ ਨੂੰ ਲਗਭਗ 10 ਸਾਲ ਹੋ ਚੁੱਕੇ ਹਨ ਪਰ ਉਸ ਦਾ ਪੁੱਤਰ ਅਜੇ ਵੀ ਉਸ ਕੁਆਰਟਰ ਵਿੱਚ ਹੀ ਰਹਿ ਰਿਹਾ ਹੈ। ਇਸ ਸੰਬੰਧੀ ਜਦੋਂ ਸਰਬਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸਬੰਧਿਤ ਵਿਭਾਗ ਵੱਲੋਂ ਇਹ ਕੁਆਰਟਰ ਅਲਾਟ ਕੀਤਾ ਗਿਆ ਹੈ ਕਿਉਂਕਿ ਮੇਰੇ ਤੋਂ 24 ਘੰਟੇ 'ਚ ਕਦੇ ਵੀ ਕੰਮ ਲਿਆ ਜਾ ਸਕਦਾ ਹੈ। ਜਦੋਂ ਵੀ ਦਿਨ ਜਾਂ ਰਾਤ ਦੇ ਸਮੇਂ ਮੈਨੂੰ ਬੁਲਾਇਆ ਜਾਂਦਾ ਹੈ ਤਾਂ ਮੈਨੂੰ ਜਾਣਾ ਪੈਂਦਾ ਹੈ। ਇੱਥੇ ਦੱਸਣ ਯੋਗ ਹੈ ਕਿ ਉਪਰੋਕਤ ਨੇ ਮੱਝਾਂ ਦੇ ਨਾਲ ਨਾਲ ਇੱਕ ਪਾਸੇ ਸ਼ੈਡ ਪਾ ਕੇ ਤੂੜੀ ਭਰੀ ਹੋਈ ਹੈ ਅਤੇ ਕਾਫੀ ਜਗ੍ਹਾ ਤੇ ਮੱਝਾਂ ਲਈ ਚਾਰਾ ਵੀ ਬੀਜਿਆ ਹੋਇਆ ਹੈ।ਇਸ ਸਬੰਧੀ ਜਦੋਂ ਜੇ ਈ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਜੋ ਵੀ ਕਮਰੇ ਅਲਾਟ ਕੀਤੇ ਗਏ ਹਨ, ਉਹ ਐੱਸ ਡੀ ਓ ਅਵੀ ਤੂਤੇਜਾ ਦੀ ਅਗਵਾਈ ਹੇਠ ਹੋਏ ਹੋਣਗੇ, ਸਾਡਾ ਕੰਮ ਸਿਰਫ਼ ਮੁਲਾਜ਼ਮਾਂ ਤੋਂ ਕੰਮ ਲੈਣਾ ਹੈ। ਹਰ ਮੁਲਾਜ਼ਮ ਤੋਂ ਅਸੀਂ ਸ਼ਿਫਟਾਂ ਵਿੱਚ ਅੱਠ ਘੰਟੇ ਹੀ ਕੰਮ ਲੈਂਦੇ ਹਾਂ।ਇਸ ਸਬੰਧੀ ਐੱਸ ਡੀ ਓ ਅਵੀ ਤੂਤੇਜਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਇਹ ਕਹਿ ਕੇ ਪੱਲਾ ਝਾੜ ਦਿੱਤਾ ਕਿ ਇਹ ਮਸਲਾ ਮੇਰੇ ਅਧਿਕਾਰ ਖੇਤਰ 'ਚ ਨਹੀਂ ਹੈ ਜਦਕਿ ਜੇ ਈ ਦੇ ਦੱਸਣ ਮੁਤਾਬਿਕ ਇਹ ਮਸਲਾ ਐੱਸ ਡੀ ਓ ਦੇ ਅਧੀਨ ਹੀ ਆਉਂਦਾ ਹੈ।ਇਸ ਉਪਰੰਤ ਐਕਸੀਅਨ ਇਮਾਨਵੀਰ ਸਿੰਘ ਮਾਨ ਨਾਲ ਪੱਤਰਕਾਰਾਂ ਵੱਲੋਂ ਫੋਨ ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਸਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕਰ ਕੇ ਨਜਿੱਠਿਆ ਜਾਵੇਗਾ ਤੇ ਜੋ ਵੀ ਗ਼ਲਤ ਹੋਵੇਗਾ, ਉਸ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ।